ਵੀਰਵਾਰ, 12 ਨਵੰਬਰ, 2026

27 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 162

ਰੋਜ਼ਾਨਾ

ਨਵਾਂ ਜ਼ਮਾਨਾ

DAILY NAWAN ZAMANA • THURSDAY, 12 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਕੁਲਗਾਮ 'ਚ ਸੀ ਆਰ ਪੀ ਐੱਫ ਕੈਂਪ 'ਤੇ ਗੋਲੀਬਾਰੀ, 3 ਜਵਾਨ ਜ਼ਖ਼ਮੀ



ਸ੍ਰੀਨਗਰ : ਜੰਮੂ-ਕਸ਼ਮੀਰ ਦੇ ਕੁਲਗਾਮ ਜ਼ਿਲ੍ਹੇ ਵਿੱਚ ਬੁੱਧਵਾਰ ਇੱਕ ਸੀ ਆਰ ਪੀ ਐੱਫ ਕੈਂਪ 'ਤੇ ਹੋਏ ਅੱਤਵਾਦੀ ਹਮਲੇ ਵਿੱਚ ਤਿੰਨ ਜਵਾਨ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿਚੋਂ ਇਕ ਦੀ ਹਾਲਤ ਗੰਭੀਰ ਹੈ। ਉਪਰੰਤ ਖੇਤਰ ਵਿਚ ਸੁਰੱਖਿਆ ਵਧਾ ਦਿੱਤੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਮਲਾ ਦੁਪਹਿਰ 2.15 ਵਜੇ ਮੀਰ ਬਾਜ਼ਾਰ ਨੇੜੇ ਅਖਰਾਨ ਵਿੱਚ ਹੋਇਆ। ਦੋ ਅੱਤਵਾਦੀ, ਜੋ ਮੋਟਰਸਾਈਕਲ 'ਤੇ ਸਵਾਰ ਸਨ, ਗੋਲੀਬਾਰੀ ਉਪਰੰਤ ਮੌਕੇ ਤੋਂ ਫਰਾਰ ਹੋ ਗਏ। ਸੁਰੱਖਿਆ ਜਵਾਨਾਂ ਨੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਗੋਲੀਬਾਰੀ ਤੋਂ ਬਾਅਦ ਭੱਜਣ ਵਿੱਚ ਕਾਮਯਾਬ ਰਹੇ ਹਮਲਾਵਰਾਂ ਦੀ ਵੱਡੇ ਪੱਧਰ 'ਤੇ ਭਾਲ ਕੀਤੀ ਜਾ ਰਹੀ ਹੈ। ਜ਼ਖ਼ਮੀਆਂ ਨੂੰ ਅਨੰਤਨਾਗ ਜ਼ਿਲ੍ਹੇ ਦੇ ਇੱਕ ਹਸਪਤਾਲ ਲਿਜਾਇਆ ਗਿਆ ਹੈ। ਉਨ੍ਹਾਂ ਵਿੱਚੋਂ ਇੱਕ ਦੇ ਪੇਟ ਵਿੱਚ ਗੋਲੀ ਵੱਜੀ ਹੈ, ਜਿਸ ਦੀ ਹਾਲਤ ਗੰਭੀਰ ਹੈ, ਜਦ ਕਿ ਬਾਕੀ ਦੋ ਵਿਚੋਂ ਇੱਕ ਦੇ ਬਾਂਹ 'ਤੇ ਅਤੇ ਦੂਜੇ ਦੇ ਪੈਰ 'ਤੇ ਗੋਲੀ ਲੱਗੀ ਹੈ, ਉਨ੍ਹਾ ਨੂੰ ਹੈਲੀਕਾਪਟਰ ਰਾਹੀਂ ਹਸਪਤਾਲ ਪਹੁੰਚਾਇਆ ਗਿਆ ਹੈ। ਹਮਲੇ ਤੋਂ ਥੋੜ੍ਹੀ ਦੇਰ ਬਾਅਦ ਵਾਧੂ ਬੈਰੀਕੇਡ ਲਗਾਏ ਗਏ ਅਤੇ ਬਖਤਰਬੰਦ ਵਾਹਨਾਂ ਵਿੱਚ ਸੁਰੱਖਿਆ ਜਵਾਨ ਘਟਨਾ ਸਥਾਨ ਦੇ ਨੇੜੇ ਤਾਇਨਾਤ ਕੀਤੇ ਗਏ। ਸਥਾਨਕ ਲੋਕਾਂ ਨੂੰ ਘਰਾਂ ਦੇ ਅੰਦਰ ਰਹਿਣ ਲਈ ਕਿਹਾ ਗਿਆ ਹੈ। ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਵੀ ਇੱਕ ਸਮਾਗਮ ਲਈ ਕੁਲਗਾਮ ਵਿੱਚ ਸਨ, ਪਰ ਹਮਲੇ ਵਾਲੀ ਥਾਂ ਦੇ ਨੇੜੇ ਨਹੀਂ ਸਨ। ਇੰਸਪੈਕਟਰ ਜਨਰਲ (ਆਈ ਜੀ) ਕਸ਼ਮੀਰ ਸੁਜੀਤ ਕੁਮਾਰ ਨੇ ਹਾਲ ਹੀ ਵਿੱਚ ਕਿਹਾ ਸੀ ਕਿ ਸਥਾਨਕ ਅੱਤਵਾਦੀ ਦੱਖਣੀ ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਸਰਗਰਮ ਹਨ।

ਇਕ ਹਜ਼ਾਰ ਪੇਂਡੂ ਖੇਡ ਮੈਦਾਨ ਲੋਕਾਂ ਨੂੰ ਸਮਰਪਤ

ਪੰਜਾਬ ਅੰਤਰਰਾਸ਼ਟਰੀ ਖਿਡਾਰੀਆਂ ਦਾ ਹੱਬ ਬਣੇਗਾ : ਮਾਨ



ਫ਼ਤਹਿਗੜ੍ਹ ਸਾਹਿਬ/ਸੰਗਰੂਰ (ਪ੍ਰਮੋਦ ਭਾਰਦਵਾਜ/ਪ੍ਰਵੀਨ ਸਿੰਘ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਪੰਜਾਬ ਭਰ ਦੇ 1,000 ਹੋਰ 'ਪੇਂਡੂ ਖੇਡ ਮੈਦਾਨ' ਲੋਕਾਂ ਨੂੰ ਸਮਰਪਤ ਕੀਤੇ, ਜਿਸ ਨਾਲ ਕੁੱਲ ਟੀਚੇ 3100 ਵਿੱਚੋਂ ਹੁਣ ਤੱਕ ਉਦਘਾਟਨ ਕੀਤੇ ਗਏ ਕੁੱਲ ਮੈਦਾਨਾਂ ਦੀ ਗਿਣਤੀ 1,764 ਹੋ ਗਈ ਹੈ। ਪੰਜਾਬ ਸਰਕਾਰ ਨੌਜਵਾਨਾਂ ਦੀ ਊਰਜਾ ਨੂੰ ਖੇਡਾਂ ਵੱਲ ਲਾਉਣ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਆਪਣੀ ਮੁਹਿੰਮ ਨੂੰ ਤੇਜ਼ ਕਰ ਰਹੀ ਹੈ। ਫਤਹਿਗੜ੍ਹ ਸਾਹਿਬ ਦੇ ਹਲਕਾ ਅਮਲੋਹ ਦੇ ਪਿੰਡ ਸ਼ਾਹਪੁਰ ਵਿਖੇ ਉਦਘਾਟਨੀ ਸਮਾਰੋਹ ਵਿੱਚ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਅੰਤਰਰਾਸ਼ਟਰੀ ਖੇਡ ਪ੍ਰਤਿਭਾ ਦੇ ਹੱਬ ਵਜੋਂ ਉਭਰਨ ਦੀ ਨੀਂਹ ਰੱਖ ਰਿਹਾ ਹੈ, ਜਿਸ ਵਿੱਚ ਹਰ ਖੇਡ ਮੈਦਾਨ ਨੂੰ ਫੁੱਟਬਾਲ, ਹਾਕੀ, ਵਾਲੀਬਾਲ ਅਤੇ ਕ੍ਰਿਕਟ ਕਿੱਟਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਪਿਛਲੀਆਂ ਸਰਕਾਰਾਂ 'ਤੇ ਤਨਜ਼ ਕੱਸਦਿਆਂ ਉਨ੍ਹਾ ਕਿਹਾ ਕਿ ਉਨ੍ਹਾ ਨਾ ਤਾਂ ਪਿੰਡਾਂ ਨੂੰ ਗ੍ਰਾਂਟਾਂ ਦਿੱਤੀਆਂ ਅਤੇ ਨਾ ਹੀ ਵਿਕਾਸ ਕਾਰਜ ਕੀਤੇ, ਜਦੋਂ ਕਿ ਸਾਡੀ ਸਰਕਾਰ ਪੇਂਡੂ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਅਥਲੀਟ ਬਣਨ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ ਦੇ ਮੌਕੇ ਦੇਣ ਲਈ ਖੇਡ ਬੁਨਿਆਦੀ ਢਾਂਚੇ ਨੂੰ ਪਹਿਲ ਦੇ ਰਹੀ ਹੈ।

ਇਸ ਮੌਕੇ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਮੈਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਅਮਲੋਹ ਹਲਕੇ ਅਧੀਨ ਪੈਂਦੇ ਪਿੰਡ ਸ਼ਾਹਪੁਰ ਵਿਖੇ ਖੇਡ ਮੈਦਾਨ ਦੇ ਉਦਘਾਟਨੀ ਸਮਾਰੋਹ ਵਿੱਚ ਸ਼ਾਮਲ ਹੋਇਆ। ਇਹ ਬਹੁਤ ਖ਼ੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਅੱਜ ਸੂਬੇ ਭਰ ਵਿੱਚ 1,000 ਨਵੇਂ ਖੇਡ ਮੈਦਾਨਾਂ ਦਾ ਉਦਘਾਟਨ ਕੀਤਾ ਹੈ। ਇਹ ਸਾਡੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵੱਲ ਵੱਡਾ ਕਦਮ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਇਨ੍ਹਾਂ ਖੇਡ ਮੈਦਾਨਾਂ ਵਿੱਚ ਮੁੜ੍ਹਕਾ ਡੋਲ ਕੇ ਸਾਡੇ ਨੌਜਵਾਨ ਆਉਣ ਵਾਲੇ ਸਾਲਾਂ ਵਿੱਚ ਪੂਰੀ ਦੁਨੀਆ ਵਿੱਚ ਪੰਜਾਬ ਦਾ ਨਾਮ ਰੌਸ਼ਨ ਕਰਨਗੇ। ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦੀ ਊਰਜਾ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਅਤੇ ਉਨ੍ਹਾਂ ਨੂੰ ਉਸਾਰੂ ਦਿਸ਼ਾ ਦੇਣ ਲਈ ਖੇਡਾਂ ਵੱਲ ਮੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾ ਸੂਬੇ ਦੇ ਵੱਖ-ਵੱਖ ਹਿੱਸਿਆਂ ਤੋਂ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਆਏ ਲੋਕਾਂ ਅਤੇ ਸਿਆਸੀ ਆਗੂਆਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇੱਕ ਸਿਹਤਮੰਦ, ਅਨੁਸ਼ਾਸਿਤ ਅਤੇ ਤਰੱਕੀਪਸੰਦ ਸਮਾਜ ਦੀ ਸਿਰਜਣਾ ਵਿੱਚ ਖੇਡਾਂ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪਹਿਲੇ ਪੜਾਅ ਦੌਰਾਨ 4 ਮਈ ਨੂੰ 255 ਖੇਡ ਮੈਦਾਨ ਲੋਕਾਂ ਨੂੰ ਸਮਰਪਿਤ ਕੀਤੇ ਗਏ ਸਨ, ਜਦੋਂ ਕਿ ਦੂਜੇ ਪੜਾਅ ਦੌਰਾਨ 24 ਅਗਸਤ ਨੂੰ 509 ਹੋਰ ਮੈਦਾਨ ਸਮਰਪਤ ਕੀਤੇ ਗਏ ਸਨ। ਤੀਜੇ ਪੜਾਅ ਵਿੱਚ 1,000 ਮੈਦਾਨਾਂ ਦੇ ਸਮਰਪਣ ਨਾਲ ਇਹ ਮੁਹਿੰਮ ਇੱਕ ਹੋਰ ਮਹੱਤਵਪੂਰਨ ਪੜਾਅ ਵਿੱਚ ਦਾਖ਼ਲ ਹੋ ਗਈ ਹੈ। ਇਨ੍ਹਾਂ ਵਿੱਚ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 93 ਖੇਡ ਮੈਦਾਨ ਵੀ ਸ਼ਾਮਲ ਹਨ।ਉਨ੍ਹਾ ਕਿਹਾ ਕਿ ਖੇਡ ਮੈਦਾਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਵਿਕਸਤ ਕੀਤਾ ਜਾ ਰਿਹਾ ਹੈ ਤਾਂ ਜੋ ਪਿੰਡ ਵਾਸੀ ਇਨ੍ਹਾਂ ਨੂੰ ਤੰਦਰੁਸਤੀ ਦੀਆਂ ਗਤੀਵਿਧੀਆਂ ਲਈ ਵਰਤ ਸਕਣ। ਉਨ੍ਹਾ ਕਿਹਾ ਕਿ ਇਨ੍ਹਾਂ ਵਿੱਚ ਛੇ ਫੁੱਟ ਉਚੀ ਚੇਨ-ਲਿੰਕ ਬਾਊਂਡਰੀ ਫੈਂਸਿੰਗ, ਹਰਿਆਲੀ ਵਧਾਉਣ ਲਈ ਪੌਦੇ ਲਗਾਉਣਾ, ਫੁੱਟ-ਲਾਈਟਾਂ ਵਾਲੇ ਛੇ ਫੁੱਟ ਚੌੜੇ ਵਾਕਿੰਗ ਟਰੈਕ, ਮਰਦਾਂ ਅਤੇ ਔਰਤਾਂ ਲਈ ਵੱਖਰੇ ਪਖਾਨੇ ਅਤੇ ਖੇਡ ਕਿੱਟਾਂ ਤੇ ਉਪਕਰਣਾਂ ਲਈ ਸਟੋਰ ਰੂਮ ਸ਼ਾਮਲ ਹਨ। ਮੈਦਾਨਾਂ ਦੀ ਸਹੀ ਦੇਖਭਾਲ ਯਕੀਨੀ ਬਣਾਉਣ ਲਈ ਘਾਹ ਅਤੇ ਪੌਦਿਆਂ ਨੂੰ ਪਾਣੀ ਦੇਣ ਲਈ ਸਬਮਰਸੀਬਲ ਪੰਪ ਅਤੇ ਹਾਈਡ੍ਰੈਂਟ ਵੀ ਲਾਏ ਗਏ ਹਨ।ਮੁੱਖ ਮੰਤਰੀ ਨੇ ਕਿਹਾ ਕਿ ਖੇਡ ਮੈਦਾਨ ਦੇ ਬੁਨਿਆਦੀ ਢਾਂਚੇ ਤੋਂ ਇਲਾਵਾ ਸਰਕਾਰ ਨੇ 1,744 ਕਰੋੜ ਰੁਪਏ ਦਾ ਰਿਕਾਰਡ ਖੇਡ ਬਜਟ ਅਲਾਟ ਕੀਤਾ ਹੈ ਅਤੇ 600 ਪੇਂਡੂ ਜਿੰਮ ਤਿਆਰ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 500 ਪਹਿਲਾਂ ਹੀ ਮੁਕੰਮਲ ਕੀਤੇ ਜਾ ਚੁੱਕੇ ਹਨ। 2023 ਵਿੱਚ ਜਾਰੀ ਕੀਤੀ ਗਈ ਨਵੀਂ ਖੇਡ ਨੀਤੀ ਤਹਿਤ 2022 ਤੋਂ ਲੈ ਕੇ ਹੁਣ ਤੱਕ 40,415 ਖਿਡਾਰੀਆਂ ਨੂੰ 135 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਜਾ ਚੁੱਕੀ ਹੈ। ਉਲੰਪਿਕ ਦੀ ਤਿਆਰੀ ਲਈ 15 ਲੱਖ ਰੁਪਏ ਅਤੇ ਏਸ਼ੀਆਈ ਤੇ ਰਾਸ਼ਟਰ ਮੰਡਲ ਖੇਡਾਂ ਦੀ ਤਿਆਰੀ ਲਈ ਅੱਠ ਲੱਖ ਰੁਪਏ ਦੀ ਵਿੱਤੀ ਸਹਾਇਤਾ ਵੀ ਦਿੱਤੀ ਜਾ ਰਹੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਾਲ 2027 ਵਿੱਚ 'ਆਪ' ਦੀ ਸਰਕਾਰ ਬਣਨ 'ਤੇ ਪੰਜਾਬ ਦੇ ਵਿਕਾਸ ਦਾ ਸਫ਼ਰ ਜਾਰੀ ਰਹੇਗਾ। ਉਨ੍ਹਾ ਆਪਣੀ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ, ਮੁਫ਼ਤ ਬਿਜਲੀ, ਸਿਹਤ ਸੰਭਾਲ, ਔਰਤਾਂ ਦੇ ਵਿੱਤੀ ਸਸ਼ਕਤੀਕਰਨ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਕੇਂਦਰਤ ਨੀਤੀਆਂ ਦੀ ਤੁਲਨਾ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਦੇ ਦਹਾਕਿਆਂ ਦੇ ਅਣਗੌਲੇਪਣ ਨਾਲ ਕੀਤੀ।ਅਕਾਲੀ ਲੀਡਰਸ਼ਿਪ 'ਤੇ ਵਰ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿਹੜੇ ਅਕਾਲੀ ਨੇਤਾ ਕਦੇ ਤਖ਼ਤ ਸ੍ਰੀ ਹਜ਼ੂਰ ਸਾਹਿਬ, ਤਖ਼ਤ ਸ੍ਰੀ ਪਟਨਾ ਸਾਹਿਬ, ਦਿੱਲੀ ਅਤੇ ਹਰਿਆਣਾ ਵਿੱਚ ਸਿੱਖ ਮਾਮਲਿਆਂ ਵਿੱਚ ਦਖਲਅੰਦਾਜ਼ੀ ਲਈ ਭਾਜਪਾ ਨੂੰ ਦੋਸ਼ੀ ਠਹਿਰਾਉਂਦੇ ਸਨ, ਉਹ ਅੱਜ ਉਸੇ ਭਾਜਪਾ ਨਾਲ ਗਠਜੋੜ ਕਰਨ ਲਈ ਤਰਲੋਮੱਛੀ ਹਨ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਪ੍ਰਸਤਾਵਿਤ ਸਾਈਕਲ ਯਾਤਰਾ 'ਤੇ ਚੋਟ ਕਰਦਿਆਂ ਮਾਨ ਨੇ ਕਿਹਾ ਕਿ ਚੰਨੀ ਦੀ ਪ੍ਰਸਤਾਵਿਤ ਸਾਈਕਲ ਯਾਤਰਾ ਪੰਜਾਬ ਲਈ ਕਿਸੇ ਸਾਰਥਕ ਏਜੰਡੇ ਤੋਂ ਬਿਨਾਂ ਮਹਿਜ਼ ਇੱਕ ਸਿਆਸੀ ਡਰਾਮਾ ਹੈ। ਕਾਂਗਰਸੀ ਨੇਤਾ ਵੀ ਇਸ ਯਾਤਰਾ ਦਾ ਸਮਰਥਨ ਨਹੀਂ ਕਰ ਰਹੇ, ਕਿਉਂਕਿ ਉਹ ਜਾਣਦੇ ਹਨ ਕਿ ਇਸ ਨਾਲ ਸੂਬੇ ਜਾਂ ਇਸ ਦੇ ਲੋਕਾਂ ਦੀ ਭਲਾਈ ਵਿੱਚ ਕੋਈ ਯੋਗਦਾਨ ਨਹੀਂ ਪਵੇਗਾ। ਉਨ੍ਹਾ ਕਿਹਾ ਕਿ ਪੰਜਾਬ ਵਿੱਚ 90 ਫੀਸਦੀ ਤੋਂ ਵੱਧ ਪਰਵਾਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ, ਜਦਕਿ ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਦਿੱਤੀ ਜਾ ਰਹੀ ਹੈ। ਹਰ ਸਾਲ ਪ੍ਰਤੀ ਪਰਵਾਰ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕੀਤਾ ਜਾਂਦਾ ਹੈ। ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਜ਼ਿਕਰ ਕਰਦਿਆਂ ਮਾਨ ਨੇ ਕਿਹਾ ਕਿ ਇਸ ਯੋਜਨਾ ਤਹਿਤ 18 ਸਾਲ ਤੋਂ ਵੱਧ ਉਮਰ ਦੀਆਂ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਅਤੇ ਬਾਕੀ ਵਰਗਾਂ ਦੀਆਂ ਔਰਤਾਂ ਨੂੰ 1,000 ਰੁਪਏ ਦੀ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ।

ਬੱਸ ਫਲਾਈਓਵਰ ਨਾਲ ਟਕਰਾਈ : 3 ਦੀ ਮੌਤ, 26 ਜ਼ਖ਼ਮੀ



ਸੰਗਰੂਰ (ਨਵਾਂ ਜ਼ਮਾਨਾ ਸਰਵਿਸ) : ਧੂਰੀ ਤੋਂ ਚੰਡੀਗੜ੍ਹ ਜਾ ਰਹੀ ਪੀ ਆਰ ਟੀ ਸੀ ਦੀ ਬੱਸ ਬੁੱਧਵਾਰ ਤੜਕੇ ਸੰਗਰੂਰ ਵਿਖੇ ਕੌਮੀ ਹਾਈਵੇ ਦੇ ਬਾਈਪਾਸ ਨੇੜੇ ਬੇਕਾਬੂ ਹੁੰਦਿਆਂ ਪੁਲ ਨਾਲ ਟਕਰਾ ਕੇ ਪਲਟ ਗਈ। ਇਸ ਭਿਆਨਕ ਸੜਕ ਹਾਦਸੇ 'ਚ ਦੋ ਔਰਤਾਂ ਸਣੇ 3 ਸਵਾਰੀਆਂ ਦੀ ਮੌਤ ਹੋ ਗਈ, ਜਦ ਕਿ 26 ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਥਾਨਕ ਸਿਵਲ ਹਸਪਤਾਲ ਦਾਖ਼ਲ ਕਰਵਾਇਆ ਗਿਆ। ਜ਼ਖ਼ਮੀਆਂ 'ਚੋਂ 10 ਦੀ ਹਾਲਤ ਨੂੰ ਵੇਖਦਿਆਂ ਡਾਕਟਰਾਂ ਨੇ ਪਟਿਆਲਾ ਰੈਫਰ ਕਰ ਦਿੱਤਾ ਹੈ।

ਸਿਵਲ ਹਸਪਤਾਲ 'ਚ ਹਾਦਸੇ ਬਾਰੇ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਦਲਵੀਰ ਸਿੰਘ ਨੇ ਦੱਸਿਆ ਕਿ ਤੜਕੇ ਕਰੀਬ ਪੌਣੇ ਪੰਜ ਵਜੇ ਪੀ ਆਰ ਟੀ ਸੀ ਦੀ ਬੱਸ ਧੂਰੀ ਤੋਂ ਚੰਡੀਗੜ੍ਹ ਲਈ ਰਵਾਨਾ ਹੋਈ, ਜੋ ਕਿ ਸੰਗਰੂਰ ਬੱਸ ਸਟੈਂਡ ਹੁੰਦਿਆਂ ਜਿਉਂ ਹੀ ਬਠਿੰਡਾ ਚੰਡੀਗੜ੍ਹ ਕੌਮੀ ਹਾਈਵੇ ਦੇ ਸਥਾਨਕ ਪਟਿਆਲਾ ਬਾਈਪਾਸ ਦੇ ਓਵਰਬ੍ਰਿਜ ਨੇੜੇ ਪੁੱਜੀ ਤਾਂ ਬੇਕਾਬੂ ਹੋ ਕੇ ਪੁਲ ਦੀ ਕੰਧ ਨਾਲ ਟਕਰਾ ਕੇ ਪਲਟ ਗਈ। ਡਰਾਈਵਰ ਲਾਪਰਵਾਹੀ ਨਾਲ ਬੱਸ ਚਲਾ ਰਿਹਾ ਸੀ, ਕਿਉਂਕਿ ਧੂਰੀ ਤੋਂ ਹੀ ਬੱਸ ਲੇਟ ਚੱਲੀ ਸੀ, ਜਿਸ ਕਾਰਨ ਡਰਾਈਵਰ ਕਾਹਲੀ ਵਿਚ ਸੀ। ਹਾਦਸੇ 'ਚ ਰਾਜਵਿੰਦਰ ਕੌਰ ਵਾਸੀ ਪਿੰਡ ਫਤਹਿਗੜ੍ਹ ਛੰਨਾਂ, ਨਰਿੰਦਰ ਕੌਰ ਵਾਸੀ ਧੂਰੀ ਅਤੇ ਮਨਜੀਤ ਸਿੰਘ ਪਿੰਡ ਥਲੇਸਾਂ ਦੀ ਮੌਤ ਹੋ ਗਈ।

ਸਾਬਕਾ ਐੱਸ ਐੱਸ ਪੀ ਗੁਰਮੀਤ ਸਿੰਘ ਰੰਧਾਵਾ ਦੋਸ਼ੀ ਕਰਾਰ, ਸਜ਼ਾ ਅੱਜ

ਚੰਡੀਗੜ੍ਹ : 1992 ਵਿੱਚ ਬਹੁ-ਚਰਚਿਤ ਟਰਾਂਸਪੋਰਟਰ ਅਮਰੀਕ ਸਿੰਘ ਦੇ ਲਾਪਤਾ ਹੋਣ ਦੇ ਕਰੀਬ 34 ਸਾਲ ਪੁਰਾਣੇ ਮਾਮਲੇ ਵਿੱਚ ਮੁਹਾਲੀ ਸਥਿਤ ਸੀ ਬੀ ਆਈ ਦੀ ਵਿਸ਼ੇਸ਼ ਅਦਾਲਤ ਨੇ ਫੈਸਲਾ ਸੁਣਾ ਦਿੱਤਾ ਹੈ। ਅਦਾਲਤ ਨੇ ਸਾਬਕਾ ਐੱਸ ਐੱਸ ਪੀ ਗੁਰਮੀਤ ਸਿੰਘ ਨੂੰ ਦੋਸ਼ੀ ਕਰਾਰ ਦਿੱਤਾ ਹੈ, ਜਦ ਕਿ ਤਤਕਾਲੀ ਕਾਂਸਟੇਬਲ ਪਰਮਿੰਦਰਜੀਤ ਸਿੰਘ ਨੂੰ ਸ਼ੱਕ ਦਾ ਲਾਭ ਦਿੰਦਿਆਂ ਬਰੀ ਕਰ ਦਿੱਤਾ ਹੈ। ਦੋਸ਼ੀ ਕਰਾਰ ਦਿੱਤੇ ਗਏ ਸਾਬਕਾ ਪੁਲਸ ਅਧਿਕਾਰੀ ਨੂੰ ਸਜ਼ਾ ਵੀਰਵਾਰ 12 ਨਵੰਬਰ ਨੂੰ ਸੁਣਾਈ ਜਾਵੇਗੀ। ਸੀ ਬੀ ਆਈ ਦੀ ਜਾਂਚ ਮੁਤਾਬਕ 25 ਨਵੰਬਰ 1992 ਨੂੰ ਤਰਨ ਤਾਰਨ ਪੁਲਸ ਦੀ ਟੀਮ ਨੇ ਅਮਰੀਕ ਸਿੰਘ ਨੂੰ ਲੁਧਿਆਣਾ ਦੇ ਹੋਟਲ ਅਮਲਤਾਸ ਵਿੱਚੋਂ ਚੁੱਕਿਆ ਸੀ। ਮੁਕੱਦਮੇ ਦੀ ਲੰਮੀ ਸੁਣਵਾਈ ਦੌਰਾਨ ਤਿੰਨ ਮੁਲਜ਼ਮ ਪੁਲਸ ਅਧਿਕਾਰੀਆਂ ਦੀ ਵੀ ਮੌਤ ਹੋ ਗਈ ਅਤੇ ਉਨ੍ਹਾਂ ਵਿਰੁੱਧ ਕਾਰਵਾਈ ਖ਼ਤਮ ਹੋ ਗਈ।

ਨਗਰ ਨਿਗਮਾਂ ਦੇ ਸੇਵਾ-ਮੁਕਤ ਮੁਲਾਜ਼ਮਾਂ ਦੇ ਬਕਾਏ ਨਾ ਦੇਣ 'ਤੇ ਹਾਈ ਕੋਰਟ ਸਖ਼ਤ

ਚੰਡੀਗੜ੍ਹ : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਦੋ ਪਟੀਸ਼ਨਾਂ 'ਤੇ ਸੁਣਵਾਈ ਕਰਦਿਆਂ ਪੰਜਾਬ ਦੇ ਨਗਰ ਨਿਗਮਾਂ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਅਤੇ ਨਗਰ ਸੁਧਾਰ ਟਰੱਸਟਾਂ ਦੇ ਮੁਲਾਜ਼ਮਾਂ ਦੇ ਬਕਾਇਆ ਸੇਵਾ-ਮੁਕਤੀ ਲਾਭਾਂ ਅਤੇ ਜਨਰਲ ਪ੍ਰਾਵੀਡੈਂਟ ਫੰਡ (ਜੀ ਪੀ ਐੱਫ) ਦੀਆਂ ਜਮ੍ਹਾਂ ਨਾ ਹੋਈਆਂ ਰਕਮਾਂ ਬਾਰੇ ਸਰਕਾਰ ਤੋਂ ਵਿਸਥਾਰਤ ਰਿਪੋਰਟ ਮੰਗੀ ਹੈ। ਜਸਟਿਸ ਨਮਿਤ ਕੁਮਾਰ ਨੇ ਸਰਕਾਰ ਨੂੰ ਕੁੱਲ ਬਕਾਇਆ ਰਕਮ, ਇਸ ਦੀ ਅਦਾਇਗੀ ਲਈ ਲੋੜੀਂਦੇ ਫੰਡਾਂ ਅਤੇ ਬਜਟ ਦਾ ਵੇਰਵਾ ਦੇਣ ਦੇ ਨਾਲ-ਨਾਲ ਅਦਾਇਗੀ ਦੀ ਸਮਾਂ-ਸੀਮਾ ਵੀ ਦੱਸਣ ਦੇ ਨਿਰਦੇਸ਼ ਦਿੱਤੇ ਹਨ।

ਈ ਡੀ ਵੱਲੋਂ ਅਮਨਦੀਪ ਕੌਰ ਅਰੋੜਾ ਤਲਬ

ਚੰਡੀਗੜ੍ਹ : ਈ ਡੀ ਨੇ ਮੋਗਾ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਜ਼ਮੀਨੀ ਘੁਟਾਲੇ ਨਾਲ ਸੰਬੰਧਤ ਮਾਮਲੇ ਵਿੱਚ ਪੁੱਛਗਿੱਛ ਲਈ ਸੰਮਨ ਜਾਰੀ ਕੀਤੇ ਹਨ। ਵਿਧਾਇਕਾ ਨੂੰ 25 ਨਵੰਬਰ ਨੂੰ ਚੰਡੀਗੜ੍ਹ ਸਥਿਤ ਏਜੰਸੀ ਦੇ ਜ਼ੋਨਲ ਦਫ਼ਤਰ ਵਿੱਚ ਪੇਸ਼ ਹੋਣ ਲਈ ਕਿਹਾ ਗਿਆ ਹੈ।

ਧਨਖੜ ਸੈਰ ਦੌਰਾਨ ਬੇਹੋਸ਼



ਨਵੀਂ ਦਿੱਲੀ : ਸਾਬਕਾ ਉਪ ਰਾਸ਼ਟਰਪਤੀ ਜਗਦੀਪ ਧਨਖੜ ਬੁੱਧਵਾਰ ਸਵੇਰ ਦੀ ਸੈਰ ਦੌਰਾਨ ਬੇਹੋਸ਼ ਹੋ ਗਏ, ਜਿਸ ਤੋਂ ਬਾਅਦ ਉਨ੍ਹਾ ਨੂੰ ਇੱਥੇ ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏਮਜ਼) ਵਿੱਚ ਭਰਤੀ ਕਰਵਾਇਆ ਗਿਆ। ਸੂਤਰਾਂ ਨੇ ਦੱਸਿਆ ਕਿ ਸਵੇਰ ਦੀ ਸੈਰ ਦੌਰਾਨ ਡਿੱਗਣ ਅਤੇ ਕੁਝ ਮਿੰਟਾਂ ਤੱਕ ਬੇਹੋਸ਼ ਰਹਿਣ ਤੋਂ ਬਾਅਦ ਧਨਖੜ ਦੇ ਨਾਲ ਮੌਜੂਦ ਸੁਰੱਖਿਆ ਕਰਮੀ ਉਨ੍ਹਾ ਨੂੰ ਪੀ ਸੀ ਆਰ ਗੱਡੀ ਰਾਹੀਂ ਘਰ ਲੈ ਗਏ ਸਨ। 75 ਸਾਲਾ ਧਨਖੜ ਨੂੰ ਏਮਜ਼ ਦੇ 'ਕਾਰਡੀਓ-ਨਿਊਰੋ ਸੈਂਟਰ' ਵਿੱਚ ਭਰਤੀ ਕਰਵਾਇਆ ਗਿਆ ਹੈ। ਫਿਲਹਾਲ ਦਿਲ ਦੀਆਂ ਬਿਮਾਰੀਆਂ ਵਾਲੇ ਵਿਭਾਗ (ਕਾਰਡੀਓਲੋਜੀ) ਦੇ ਡਾਕਟਰ ਉਨ੍ਹਾ ਦੀ ਜਾਂਚ ਅਤੇ ਇਲਾਜ ਕਰ ਰਹੇ ਹਨ।

ਹੁਣ ਵਰਕਰਾਂ ਦੀ ਤਨਖ਼ਾਹ ਸਿੱਧੀ ਬੈਂਕ ਖਾਤੇ 'ਚ ਜਾਵੇਗੀ

ਚੰਡੀਗੜ੍ਹ (ਨ ਜ਼ ਸ) : ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਅਦਾਰਿਆਂ ਅਤੇ ਫੈਕਟਰੀਆਂ ਵਿੱਚ ਮੁਲਾਜ਼ਮਾਂ ਨੂੰ ਤਨਖਾਹ ਦੇਣ ਸੰਬੰਧੀ ਨਵਾਂ ਫੈਸਲਾ ਲਿਆ ਹੈ। ਹੁਣ ਕਿਸੇ ਵੀ ਅਦਾਰੇ ਜਾਂ ਫੈਕਟਰੀ ਵਿੱਚ ਮੁਲਾਜ਼ਮਾਂ ਨੂੰ ਨਕਦ ਤਨਖਾਹ ਨਹੀਂ ਦਿੱਤੀ ਜਾ ਸਕੇਗੀ। ਤਨਖਾਹ ਦਾ ਭੁਗਤਾਨ ਸਿਰਫ ਚੈੱਕ, ਮੁਲਾਜ਼ਮ ਦੇ ਬੈਂਕ ਖਾਤੇ ਵਿੱਚ ਸਿੱਧਾ ਰਕਮ ਜਮ੍ਹਾਂ ਕਰਵਾ ਕੇ ਜਾਂ ਇਲੈਕਟ੍ਰਾਨਿਕ ਮਾਧਿਅਮ ਰਾਹੀਂ ਹੀ ਕਰਨਾ ਲਾਜ਼ਮੀ ਹੋਵੇਗਾ। ਇਸ ਸੰਬੰਧੀ ਕਿਰਤ ਵਿਭਾਗ ਨੇ ਕੋਡ ਆਨ ਵੇਜਿਜ਼, 2019 ਦੀ ਧਾਰਾ 15 ਤਹਿਤ ਨੋਟੀਫਿਕੇਸ਼ਨ ਜਾਰੀ ਕੀਤਾ ਹੈ।

ਕੋਡ ਆਨ ਵੇਜਿਜ਼ ਦੀ ਧਾਰਾ 15 ਤਹਿਤ ਮਾਲਕਾਂ ਨੂੰ ਨਕਦੀ, ਚੈੱਕ, ਬੈਂਕ ਖਾਤੇ ਵਿੱਚ ਸਿੱਧੀ ਅਦਾਇਗੀ ਜਾਂ ਇਲੈਕਟ੍ਰਾਨਿਕ ਮਾਧਿਅਮ ਰਾਹੀਂ ਤਨਖਾਹ ਦੇਣ ਦੀ ਇਜਾਜ਼ਤ ਹੈ। ਹਾਲਾਂਕਿ ਇਸ ਧਾਰਾ ਤਹਿਤ ਸੂਬਾ ਸਰਕਾਰ ਕਿਸੇ ਵੀ ਅਦਾਰੇ ਲਈ ਚੈੱਕ ਜਾਂ ਬੈਂਕ ਖਾਤੇ ਰਾਹੀਂ ਤਨਖਾਹ ਦੇਣੀ ਲਾਜ਼ਮੀ ਕਰ ਸਕਦੀ ਹੈ। ਪੰਜਾਬ ਸਰਕਾਰ ਨੇ ਇਸੇ ਅਧਿਕਾਰ ਦੀ ਵਰਤੋਂ ਕਰਦਿਆਂ ਇਹ ਨਿਯਮ ਸੂਬੇ ਦੇ ਸਾਰੇ ਅਦਾਰਿਆਂ ਅਤੇ ਫੈਕਟਰੀਆਂ 'ਤੇ ਲਾਗੂ ਕਰ ਦਿੱਤਾ ਹੈ। ਨਕਦ ਭੁਗਤਾਨ ਬੰਦ ਹੋਣ ਨਾਲ ਮੁਲਾਜ਼ਮਾਂ ਨੂੰ ਦਿੱਤੀ ਗਈ ਤਨਖਾਹ ਅਤੇ ਅਦਾਇਗੀ ਦੀ ਤਰੀਕ ਦਾ ਰਿਕਾਰਡ ਰਹੇਗਾ। ਇਸ ਨਾਲ ਮਾਲਕਾਂ ਵੱਲੋਂ ਘੱਟ ਤਨਖਾਹ ਦੇਣ ਜਾਂ ਭੁਗਤਾਨ ਤੋਂ ਇਨਕਾਰ ਕਰਨ ਦੀਆਂ ਸੰਭਾਵਨਾਵਾਂ ਘਟਣਗੀਆਂ। ਨਾਲ ਹੀ ਕਿਰਤ ਵਿਭਾਗ ਦੇ ਅਧਿਕਾਰੀਆਂ ਲਈ ਜਾਂਚ ਕਰਨੀ ਵੀ ਆਸਾਨ ਹੋਵੇਗੀ। • ਬਾਕੀ ਸਫਾ 2 'ਤੇ

ਕਾਂਗਰਸ ਨੇ ਸ਼ੁਰੂ ਕੀਤਾ 'ਪੰਜਾਬ ਮੰਗਦਾ ਇਨਸਾਫ਼' ਅਭਿਆਨ



ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ, ਸੁਰਜੀਤ ਸੁਮਨ) : ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਕਾਂਗਰਸ ਨੇ ਬੁੱਧਵਾਰ 'ਪੰਜਾਬ ਮੰਗਦਾ ਇਨਸਾਫ਼' ਅਭਿਆਨ ਦੀ ਸ਼ੁਰੂਆਤ ਕੀਤੀ, ਜਿਸ ਦੇ ਤਹਿਤ ਸਮਾਜ ਦੇ ਹਰ ਵਰਗ ਤੱਕ ਪਹੁੰਚਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਚਿੰਤਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦਾ ਯਤਨ ਕੀਤਾ ਜਾਵੇਗਾ। ਕਾਂਗਰਸ ਦੀ ਪੰਜਾਬ ਇਕਾਈ ਦੇ ਪ੍ਰਧਾਨ ਪਰਗਟ ਸਿੰਘ ਅਤੇ ਰਾਜ ਵਿਧਾਨ ਸਭਾ ਵਿੱਚ ਨੇਤਾ ਵਿਰੋਧੀ ਧਿਰ ਪ੍ਰਤਾਪ ਸਿੰਘ ਬਾਜਵਾ ਨੇ ਇੱਥੇ ਪਾਰਟੀ ਹੈੱਡਕੁਆਰਟਰ ਵਿੱਚ ਇਸ ਅਭਿਆਨ ਦੀ ਸ਼ੁਰੂਆਤ ਕੀਤੀ। ਪਾਰਟੀ ਅਨੁਸਾਰ 'ਪੰਜਾਬ ਮੰਗਦਾ ਇਨਸਾਫ਼' ਅਭਿਆਨ ਦਾ ਉਦੇਸ਼ ਰਾਜ ਦੇ ਲੋਕਾਂ ਨਾਲ ਜੁੜਨਾ ਅਤੇ ਕਿਸਾਨਾਂ, ਨੌਜਵਾਨਾਂ, ਨਸ਼ੇ ਦੀ ਸਮੱਸਿਆ, ਕਾਨੂੰਨ-ਵਿਵਸਥਾ ਅਤੇ ਜਨਹਿਤ ਨਾਲ ਜੁੜੇ ਹੋਰ ਮੁੱਦਿਆਂ ਨੂੰ ਉਠਾਉਣਾ ਹੈ। ਬਾਜਵਾ ਨੇ ਕਿਹਾ ਕਿ ਇਸ ਅਭਿਆਨ ਦੇ ਤਹਿਤ ਕਾਂਗਰਸ ਦੀ ਪ੍ਰਦੇਸ਼ ਇਕਾਈ ਦੇ ਨੇਤਾ ਪੰਜਾਬ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ • ਬਾਕੀ ਸਫਾ 2 'ਤੇ

ਸ੍ਰੀ ਅਨੰਦਪੁਰ ਸਾਹਿਬ ਨੂੰ ਸੂਬੇ ਦੇ ਪਹਿਲੇ ਸਵੱਛ ਸ਼ਹਿਰ ਦਾ ਐਵਾਰਡ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) : ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਸ਼ਹਿਰ ਨੇ ਸਵੱਛਤਾ ਦੇ ਖੇਤਰ ਵਿੱਚ ਵੱਡੀ ਪ੍ਰਾਪਤੀ ਕਰਦਿਆਂ ਪੰਜਾਬ ਦੇ ਪਹਿਲੇ ਸਵੱਛ ਸ਼ਹਿਰ ਦਾ ਐਵਾਰਡ ਹਾਸਲ ਕੀਤਾ ਹੈ। ਇਸ ਵੱਕਾਰੀ ਐਵਾਰਡ ਨੂੰ ਰਾਸ਼ਟਰਪਤੀ ਤੋਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਹਰਜੀਤ ਸਿੰਘ ਜੀਤਾ ਨੇ ਪ੍ਰਾਪਤ ਕੀਤਾ।

ਪਾਵਨ ਸਰੂਪ ਛਾਪਣ ਦੇ ਮਾਮਲੇ 'ਚ ਜਤਿੰਦਰ ਸਚਦੇਵਾ ਤਲਬ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) : ਅਮਰੀਕਾ ਵਿੱਚ ਅਣਅਧਿਕਾਰਤ ਪ੍ਰੈੱਸ ਸਥਾਪਤ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਦੀ ਛਪਾਈ ਕਰਨ ਅਤੇ ਸਰੂਪ ਸੰਗਤ ਨੂੰ ਵੰਡਣ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਨਿਊ ਯਾਰਕ ਨਿਵਾਸੀ ਜਤਿੰਦਰ ਸਿੰਘ ਸਚਦੇਵਾ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ 10 ਦਸੰਬਰ ਤੱਕ ਨਿੱਜੀ ਰੂਪ ਵਿੱਚ ਪੇਸ਼ ਹੋਣ ਦਾ ਆਦੇਸ਼ ਦਿੱਤਾ ਹੈ। ਇਹ ਫ਼ੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਲਿਆ ਗਿਆ। ਉਨ੍ਹਾ ਦੱਸਿਆ ਕਿ ਵਿਦੇਸ਼ ਦੀ ਸੰਗਤ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲਿਖਤੀ ਸ਼ਿਕਾਇਤਾਂ ਕੀਤੀਆਂ ਗਈਆਂ ਸਨ, ਜਿਸ ਤੋਂ ਬਾਅਦ ਇਸ ਸੰਬੰਧੀ ਫ਼ੈਸਲਾ ਲਿਆ ਗਿਆ। ਇਸ ਸੰਬੰਧ ਵਿੱਚ ਸ਼ਿਕਾਇਤ ਪੁੱਜੀ ਸੀ ਕਿ ਜਤਿੰਦਰ ਸਿੰਘ ਸਚਦੇਵਾ ਵੱਲੋਂ ਘਰ ਅੰਦਰ ਧਰਮਸ਼ਾਲ ਸੰਸਥਾ ਦੇ ਨਾਂਅ ਹੇਠ ਅਣਅਧਿਕਾਰਤ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਛਾਪੇ ਅਤੇ ਸੰਗਤ ਨੂੰ ਵੰਡੇ ਜਾ ਰਹੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਜਾਰੀ ਹੋਏ ਆਦੇਸ਼ ਵਿੱਚ ਕਿਹਾ ਗਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੋਏ ਹੁਕਮਨਾਮੇ ਮਿਤੀ 9 ਮਈ 1998 ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪਾਂ ਦੀ ਛਪਾਈ ਕਰਨ ਦਾ ਅਧਿਕਾਰ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਹੈ।

ਜਥੇਦਾਰ ਨੇ 2 ਕੀਰਤਨੀਆਂ ਦੇ ਕੀਰਤਨ ਕਰਨ 'ਤੇ ਲਾਈ ਰੋਕ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) : ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਜਗਜੀਤ ਸਿੰਘ ਬਬੀਹਾ ਅਤੇ ਭਾਈ ਕੁਲਵਿੰਦਰ ਸਿੰਘ ਖਰੜ ਦੇ ਕੀਰਤਨੀ ਜਥਿਆਂ ਉਤੇ ਸੰਗਤ ਵਿੱਚ ਕੀਰਤਨ ਕਰਨ 'ਤੇ 13 ਨਵੰਬਰ ਤੋਂ ਲੈ ਕੇ 12 ਦਸੰਬਰ ਤੱਕ ਇੱਕ ਮਹੀਨੇ ਦੀ ਰੋਕ ਲਗਾਈ ਗਈ ਹੈ। ਇਹ ਕਾਰਵਾਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋ ਕੀਤੀ ਗਈ ਹੈ। ਜਾਰੀ ਆਦੇਸ਼ ਵਿਚ ਦੱਸਿਆ ਗਿਆ ਹੈ ਕਿ ਬੀਤੇ ਦਿਨਾਂ ਤੋਂ ਦੋਵਾਂ ਜਥਿਆਂ ਵਿਚਕਾਰ ਚੱਲ ਰਹੇ ਆਪਸੀ ਵਿਵਾਦ ਅਤੇ ਸੰਗਤ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲਗਾਤਾਰ ਪੁੱਜ ਰਹੀਆਂ ਸ਼ਿਕਾਇਤਾਂ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ ਹੈ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੋਏ ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਸਿੱਖ ਰਹਿਤ ਮਰਿਯਾਦਾ, ਸੰਗਤ ਵਿਚ ਵਿਚਰਨ ਅਤੇ ਗੁਰਮਤਿ ਸੰਗੀਤ ਦੀ ਸੋਝੀ ਪ੍ਰਾਪਤ ਕਰਨ ਲਈ ਭਾਈ ਜਗਜੀਤ ਸਿੰਘ ਬਬੀਹਾ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਭਾਈ ਕੁਲਵਿੰਦਰ ਸਿੰਘ ਖਰੜ ਗੁਰਮਤਿ ਸੰਗੀਤ ਅਕੈਡਮੀ ਅਨੰਦਪੁਰ ਸਾਹਿਬ ਵਿਖੇ ਇੱਕ ਮਹੀਨੇ ਲਈ ਗੁਰਮਤਿ ਦੀ ਜਾਣਕਾਰੀ ਪ੍ਰਾਪਤ ਕਰਨਗੇ। ਮਨ ਵਿਚ ਨਿਮਰਤਾ ਲਿਆਉਣ ਲਈ ਲੰਗਰ ਹਾਲ ਵਿਚ ਸਵੇਰੇ-ਸ਼ਾਮ ਸੇਵਾ ਕਰਨ ਉਪਰੰਤ ਇੱਕ ਮਹੀਨੇ ਬਾਅਦ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸੰਬੰਧਤ ਸੰਸਥਾਵਾਂ ਤੋਂ ਪ੍ਰਮਾਣ ਪੱਤਰ ਲੈ ਕੇ ਨਿੱਜੀ ਰੂਪ ਵਿਚ ਪੇਸ਼ ਹੋਣਗੇ।

ਅੱਜ-ਨਾਮਾ

ਲੀਡਰ ਜਦੋਂ ਕੋਈ ਅੱਜ ਕੱਲ੍ਹ ਕਿਤੇ ਜਾਵੇ,
ਇੱਕੋ ਈ ਰੱਖੇ ਉਹ ਬੱਸ ਖਿਆਲ ਬੇਲੀ।
ਜਿਹੜੀ ਮੁਸ਼ਕਲ ਵੀ ਕਿਸੇ ਨੇ ਆ ਦੱਸੀ,
ਹਮਦਰਦੀ ਦੱਸਣੀ ਝੱਟ ਆ ਨਾਲ ਬੇਲੀ।
ਗੰਭੀਰਤਾ ਨਾਲ ਵਿਚਾਰ ਦੀ ਲੋੜ ਨਾਹੀਂ,
ਬਣਨਾ ਦੁਖੀ ਨਾਲ ਆਪ ਭਿਆਲ ਬੇਲੀ।
ਲਾਗਿਉਂ ਹੱਲ ਜੇ ਕੋਈ ਕੁਝ ਕਹਿ ਦੇਵੇ,
ਕਰਨਾ ਅੱਗੋਂ ਨਹੀਂ ਕੋਈ ਸਵਾਲ ਬੇਲੀ।
ਕਹਿਣਾ ਇਹੀ ਕਿ ਮਿਲੀ ਜੇ ਰਾਜ ਸੱਤਾ,
ਮੁਸ਼ਕਲ ਕਰਾਂਗੇ ਓਸੇ ਦਿਨ ਹੱਲ ਬੇਲੀ।
ਪੁੱਛਦਾ ਕਦੀ ਨਾ ਕਿਤੇ ਕੋਈ ਫਾਰਮੂਲਾ,
ਏਨੀ ਗੱਲ ਨਾਲ ਕੰਮ ਜਾਏ ਚੱਲ ਬੇਲੀ।

-ਤੀਸ ਮਾਰ ਖਾਂ

ਮੋਦੀ ਸਰਕਾਰ ਦੇ ਪੈਰਾਂ ਹੇਠੋਂ ਜ਼ਮੀਨ ਖਿਸਕੀ : ਸੋਨੀਆ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ) : ਕਾਂਗਰਸ ਸੰਸਦੀ ਪਾਰਟੀ ਦੀ ਚੇਅਰਪਰਸਨ ਸੋਨੀਆ ਗਾਂਧੀ ਨੇ ਆਪਣੀ ਕਿਤਾਬ ਵਿਚ ਕਿਹਾ ਹੈ ਕਿ ਮੋਦੀ ਸਰਕਾਰ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ ਹੈ, ਇਸ ਦਾ ਜਾਣਾ ਤੈਅ ਹੈ, ਕਿਉਂਕਿ ਸਰਕਾਰ ਦੀਆਂ ਕਾਰਵਾਈਆਂ ਇਸ ਦੀ ਅਸੁਰੱਖਿਆ ਨੂੰ ਦਰਸਾਉਂਦੀਆਂ ਹਨ। ਆਪਣੀ ਯਾਦਾਂ, ਬਲੌਂਗਿੰਗ: ਏ ਜਰਨੀ ਆਫ਼ ਲਵ ਵਿੱਚ' ਗਾਂਧੀ ਕਹਿੰਦੀ ਹੈ, 'ਉਹ ਅਗਲੀ ਪੀੜ੍ਹੀ ਦੀ ਨਿਰਪੱਖਤਾ, ਦਮਨਕਾਰੀ ਪ੍ਰਣਾਲੀਆਂ ਅਤੇ ਬੇਇਨਸਾਫ਼ੀ ਦੇ ਅੰਤ ਲਈ ਤਾਂਘ ਨੂੰ ਮਹਿਸੂਸ ਕਰਦੀ ਹੈ। ਇਸ ਵਿੱਚ ਸਮਾਂ ਲੱਗੇਗਾ, ਪਰ ਮੈਨੂੰ ਪਤਾ ਹੈ ਕਿ ਪਹੀਆ ਘੁੰਮ ਜਾਵੇਗਾ ਅਤੇ ਉਹ ਸਫਲ ਹੋਣਗੇ। ਉਹ ਸਾਡੇ ਦੇਸ਼ ਦੀ ਆਤਮਾ ਨੂੰ ਪ੍ਰਾਪਤ ਕਰਨਗੇ ਅਤੇ ਇਸ ਦੇ ਜ਼ਖ਼ਮਾਂ ਨੂੰ ਭਰਨਗੇ।' ਕਿਤਾਬ ਜੋ ਮੰਗਲਵਾਰ ਨੂੰ ਰਿਲੀਜ਼ ਹੋਈ, ਵਿਚ ਉਹ ਲਿਖਦੀ ਹੈ, 'ਦੇਸ਼ ਦੇ ਨੌਜਵਾਨ, ਆਦਮੀ ਅਤੇ ਔਰਤਾਂ ਮਿਹਨਤ ਨਾਲ ਜਿੱਤੀਆਂ ਆਜ਼ਾਦੀਆਂ ਅਤੇ ਸਦਭਾਵਨਾ ਦੀ ਰੱਖਿਆ ਕਰਨਗੇ।' 526 ਪੰਨਿਆਂ ਦੀ ਕਿਤਾਬ ਵਿੱਚ ਉਹ ਕਹਿੰਦੀ ਹੈ ਕਿ ਮੁੱਖ ਧਾਰਾ ਮੀਡੀਆ ਪਹਿਲਾਂ ਵਾਂਗ ਹੀ ਪੱਖਪਾਤੀ ਬਣਿਆ ਹੋਇਆ ਹੈ, ਪਰ ਸਰਕਾਰ ਦਾ ਰਵੱਈਆ ਇਸ ਦੀ ਅਸੁਰੱਖਿਆ ਨੂੰ ਦਰਸਾਉਂਦਾ ਹੈ। ਵਿਰੋਧੀ ਧਿਰ ਦੇ 'ਵੋਟ ਚੋਰੀ' ਦੋਸ਼ਾਂ ਦਾ ਹਵਾਲਾ ਦਿੰਦੇ ਹੋਏ ਉਹ ਕਹਿੰਦੀ ਹੈ ਕਿ ਹਾਲ ਹੀ ਦੇ ਮਹੀਨਿਆਂ ਵਿੱਚ ਹੋਈਆਂ ਰਾਜ ਵਿਧਾਨ ਸਭਾਵਾਂ ਦੀਆਂ ਚੋਣਾਂ ਵੋਟਰ ਸੂਚੀਆਂ ਨਾਲ ਵੱਡੇ ਪੱਧਰ 'ਤੇ ਛੇੜਛਾੜ ਵੱਲ ਜ਼ੋਰਦਾਰ ਇਸ਼ਾਰਾ ਕਰਦੀਆਂ ਹਨ, ਸੰਸਦ ਵਿੱਚ ਸੱਤਾਧਾਰੀ ਪਾਰਟੀ ਬਹੁਤ ਮਹੱਤਵਪੂਰਨ ਮਾਮਲਿਆਂ ਤੋਂ ਬਚਦੀ ਹੈ, ਚੀਨ ਦਾ ਸਰਹੱਦ ਦੇ ਨਾਲ ਸਾਡੇ ਖੇਤਰ ਦੇ ਕੁਝ ਹਿੱਸਿਆਂ 'ਤੇ ਕਬਜ਼ਾ, ਸੰਘੀ ਸਿਧਾਂਤਾਂ 'ਤੇ ਕਬਜ਼ਾ ਕਰਨ ਵਾਲਾ ਕਾਨੂੰਨ, ਘੱਟ ਗਿਣਤੀ ਅਧਿਕਾਰ, ਨਾਗਰਿਕਾਂ ਦੀ ਨਿੱਜਤਾ ਅਤੇ ਇੱਕ ਰਾਸ਼ਟਰ ਦੇ ਰੂਪ ਵਿੱਚ ਸਾਡੀ ਅਖੰਡਤਾ ਲਈ ਬੁਨਿਆਦੀ ਕਈ ਹੋਰ ਮਹੱਤਵਪੂਰਨ ਮੁੱਦੇ ਹਨ, ਪਰ ਸਰਕਾਰੀ ਕਲਪਨਾਵਾਂ ਭਰੋਸੇਯੋਗ ਨਹੀਂ ਰਹੀਆਂ ਹਨ, ਵਧਦੀਆਂ ਕੀਮਤਾਂ, ਬੇਰੁਜ਼ਗਾਰੀ ਅਤੇ ਵਿਆਪਕ ਭ੍ਰਿਸ਼ਟਾਚਾਰ 'ਤੇ ਪ੍ਰਤੀਕਿਰਿਆ ਦੇਣ ਵਾਲੇ ਲੋਕ ਬੋਲਣ ਤੋਂ ਡਰਦੇ ਨਹੀਂ ਹਨ।' 'ਭਾਜਪਾ ਦੇ ਵੰਡਣ ਵਾਲੇ ਸ਼ਾਸਨ' ਦੇ ਲੰਮੇ ਸਮੇਂ ਦੇ ਨਤੀਜਿਆਂ 'ਤੇ ਗਾਂਧੀ ਕਹਿੰਦੇ ਹਨ ਕਿ ਤਾਨਾਸ਼ਾਹੀ ਸ਼ਾਸਨ ਵਧੇ ਹੋਏ ਦਮਨ ਨਾਲ ਜਨਤਕ ਵਿਰੋਧ ਦਾ ਜਵਾਬ ਦਿੰਦੇ ਹਨ, ਜਿਸ ਵਿੱਚੋਂ ਭਾਰਤ ਵੀ ਗੁਜ਼ਰ ਰਿਹਾ ਹੈ, ਪਰ ਇਹ ਸ਼ਾਸਨ ਇੱਥੇ ਰਹਿਣ ਲਈ ਨਹੀਂ ਹੈ। ਸੱਤਾ ਦੀ ਦੁਰਵਰਤੋਂ ਇਸ ਦੇ ਅਟੱਲ ਨਤੀਜੇ ਲਿਆਉਂਦੀ ਹੈ, ਜਿਸ ਨਾਲ ਇਸ ਦਾ ਪਤਨ ਹੁੰਦਾ ਹੈ। ਇੱਕ ਸਦੀ ਤੋਂ ਵੀ ਘੱਟ ਸਮਾਂ ਪਹਿਲਾਂ, ਕੋਈ ਵੀ ਵਿਸ਼ਵਾਸ ਨਹੀਂ ਕਰ ਸਕਦਾ ਸੀ ਕਿ ਦੁਨੀਆ ਭਰ ਵਿੱਚ ਫੈਲਿਆ ਸ਼ਕਤੀਸ਼ਾਲੀ ਬ੍ਰਿਟਿਸ਼ ਸਾਮਰਾਜ ਇੱਕ ਦੂਰ ਦੀ ਨਿਸ਼ਾਨੀ ਬਣ ਜਾਵੇਗਾ, ਕੋਈ ਵੀ ਕਲਪਨਾ ਨਹੀਂ ਕਰ ਸਕਦਾ ਸੀ ਕਿ ਸਿਰਫ਼ ਧੋਤੀ ਪਹਿਨਣ ਵਾਲਾ ਇੱਕ ਕਮਜ਼ੋਰ ਆਦਮੀ ਲੱਖਾਂ ਭਾਰਤੀਆਂ ਨੂੰ ਇੱਕਜੁੱਟ ਕਰੇਗਾ ਅਤੇ ਉਸ ਵਿਸ਼ਾਲ ਸ਼ਕਤੀ ਨੂੰ ਹਰਾ ਦੇਵੇਗਾ। ਸੱਤਰ ਸਾਲ ਪਹਿਲਾਂ ਕੋਈ ਵੀ ਇਹ ਨਹੀਂ ਸੋਚ ਸਕਦਾ ਸੀ ਕਿ ਲੋਕਤੰਤਰ ਨਵੇਂ ਆਜ਼ਾਦ ਭਾਰਤ ਵਿੱਚ ਜੜ੍ਹ ਫੜੇਗਾ, ਇੱਕ ਬਹੁਤ ਹੀ ਗਰੀਬ ਦੇਸ਼, ਜਿਸ ਵਿੱਚ 12 ਪ੍ਰਤੀਸ਼ਤ ਸਾਖਰਤਾ ਹੈ। ਯੂਨੀਵਰਸਲ ਮਤ ਅਧਿਕਾਰ, ਹਰ ਬਾਲਗ ਨੂੰ ਵੋਟ ਦੇਣਾ, ਇਸ ਲੋਕਤੰਤਰੀ ਵਾਅਦੇ ਨੂੰ ਆਸਾਨੀ ਨਾਲ ਰੱਦ ਨਹੀਂ ਕੀਤਾ ਜਾ ਸਕਦਾ ਅਤੇ ਲੰਮੇ ਸਮੇਂ ਵਿੱਚ ਇਹ ਇਸ ਰਾਸ਼ਟਰ ਦੀ ਰੱਖਿਆ ਕਰੇਗਾ। ਉਹ ਆਪਣੀ ਯਾਦ ਵਿੱਚ ਦਾਅਵਾ ਕਰਦੀ ਹੈ। ਗਾਂਧੀ ਕਹਿੰਦੀ ਹੈ ਕਿ ਉਹ ਦ੍ਰਿੜ੍ਹਤਾ ਨਾਲ ਮੰਨਦੀ ਹੈ ਕਿ ਸੱਤਾਧਾਰੀ ਸਥਾਪਨਾ ਦੁਆਰਾ ਲੋਕਾਂ ਨੂੰ ਕੰਟਰੋਲ ਕਰਨ ਅਤੇ ਧਰੁਵੀਕਰਨ ਕਰਨ ਦੀਆਂ ਕੋਸ਼ਿਸ਼ਾਂ ਦੇ ਬਾਵਜੂਦ ਇਕਸਾਰਤਾ ਦਾ ਇਸ ਦਾ ਪ੍ਰੋਜੈਕਟ ਲਾਜ਼ਮੀ ਤੌਰ 'ਤੇ ਭਾਰਤ ਦੀ ਅੰਦਰੂਨੀ ਬਹੁਲਤਾ ਵਿੱਚ ਸ਼ਾਮਲ ਹੋਵੇਗਾ। ਉਹ ਲਿਖਦੀ ਹੈ, 'ਮੈਨੂੰ ਕੋਈ ਸ਼ੱਕ ਨਹੀਂ ਕਿ ਆਰ ਐੱਸ ਐੱਸ ਦੇ ਦਬਦਬੇ ਦੇ ਲੰਮੇ ਸਮੇਂ ਦੇ ਡਿਜ਼ਾਈਨ, ਇੱਕ ਧਰਮ ਅਤੇ ਇੱਕ ਭਾਸ਼ਾ ਨੂੰ ਸਾਡੀ ਬਹੁਲਤਾ 'ਤੇ ਥੋਪਣ ਦਾ ਸਖ਼ਤ ਵਿਰੋਧ ਕੀਤਾ ਜਾਵੇਗਾ।'

ਲੂੰਬਾ ਦੀ ਗ੍ਰਿਫ਼ਤਾਰੀ ਵਿਰੁੱਧ ਸੰਘਰਸ਼ ਦਾ ਸੀ ਪੀ ਆਈ ਵੱਲੋਂ ਸਮਰਥਨ



ਮੋਗਾ: ਬੁੱਧਵਾਰ ਮੋਗਾ ਵਿਖੇ ਸਿਵਲ ਸੁਸਾਇਟੀ ਮੋਗਾ ਅਤੇ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੇ ਨੁਮਾਇੰਦਿਆਂ ਦੀ ਅਹਿਮ ਮੀਟਿੰਗ ਹੋਈ। ਇਸ ਮੌਕੇ ਸੀ ਪੀ ਆਈ ਵੱਲੋਂ ਡਾ. ਇੰਦਰਵੀਰ ਸਿੰਘ ਗਿੱਲ, ਇੰਜੀਨੀਅਰ ਸਵਰਨ ਸਿੰਘ ਖੋਸਾ, ਮਹਿੰਦਰ ਸਿੰਘ ਧੂਰਕੋਟ ਅਤੇ ਕੁਲਦੀਪ ਭੋਲਾ ਜ਼ਿਲ੍ਹਾ ਸਕੱਤਰ ਸੀ ਪੀ ਆਈ ਸਮੇਤ ਹੋਰ ਆਗੂ ਹਾਜ਼ਰ ਹੋਏ। ਮੀਟਿੰਗ ਦੌਰਾਨ ਸੀ ਪੀ ਆਈ ਆਗੂਆਂ ਨੇ ਮਹਿੰਦਰਪਾਲ ਲੂੰਬਾ ਦੀ ਕਥਿਤ ਸਿਆਸੀ ਬਦਲਾਖੋਰੀ ਤਹਿਤ ਕੀਤੀ ਗਈ ਗ੍ਰਿਫ਼ਤਾਰੀ ਦੇ ਵਿਰੋਧ ਵਿੱਚ ਸਿਵਲ ਸੁਸਾਇਟੀ ਮੋਗਾ ਵੱਲੋਂ ਚਲਾਏ ਜਾ ਰਹੇ ਸੰਘਰਸ਼ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਅਤੇ ਭਵਿੱਖ ਦੇ ਸੰਘਰਸ਼ ਵਿੱਚ ਹਰ ਪੱਧਰ 'ਤੇ ਸਾਥ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸੰਬੰਧੀ ਪਾਰਟੀ ਦੀ ਸੂਬਾਈ ਅਤੇ ਕੌਮੀ ਲੀਡਰਸ਼ਿਪ ਤੱਕ ਵੀ ਪੱਖ ਪਹੁੰਚਾਇਆ • ਬਾਕੀ ਸਫਾ 2 'ਤੇ

ਹਰਜੀਤ ਸਿੰਘ ਸਹਿਜੜਾ ਜ਼ਿਲ੍ਹਾ ਪ੍ਰਧਾਨ ਨਿਯੁਕਤ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)- ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਰਜੀਤ ਸਿੰਘ ਸਹਿਜੜਾ ਨੂੰ ਜ਼ਿਲ੍ਹਾ ਬਰਨਾਲਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।



ਪਾਰਟੀ ਵੱਲੋਂ ਜਾਰੀ ਕੀਤੀ ਜ਼ਿਲ੍ਹਾ ਪ੍ਰਧਾਨਾਂ ਦੀ ਸੂਚੀ 'ਚ ਹਰਜੀਤ ਸਿੰਘ ਸਹਿਜੜਾ ਦਾ ਨਾਂ ਆਉਣ 'ਤੇ ਹਲਕੇ ਅੰਦਰ ਖੁਸ਼ੀ ਦੀ ਲਹਿਰ ਫੈਲ ਗਈ। ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਬਾਪੂ ਤਰਸੇਮ ਸਿੰਘ ਵੱਲੋਂ ਭਾਈ ਹਰਜੀਤ ਸਿੰਘ ਸਹਿਜੜਾ ਨੂੰ ਜ਼ਿਲ੍ਹਾ ਪ੍ਰਧਾਨ ਨਿਯੁਕਤ ਹੋਣ 'ਤੇ ਸਿਰਪਾਓ ਦੀ ਬਖਸ਼ਿਸ਼ ਕਰਕੇ ਵਧਾਈ ਦਿੱਤੀ। ਇਸ ਮੌਕੇ ਹਰਜੀਤ ਸਿੰਘ ਸਹਿਜੜਾ ਨੇ ਇਸ ਨਿਯੁਕਤੀ ਲਈ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸਰਪ੍ਰਸਤ ਤਰਸੇਮ ਸਿੰਘ ਤੇ ਸਮੁੱਚੀ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਬਾਪੂ ਤਰਸੇਮ ਸਿੰਘ ਤੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਾਰਟੀ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕਰਨ ਲਈ ਸਖ਼ਤ ਮਿਹਨਤ ਕਰਨਗੇ।

ਭਗਵਾਨ ਵਿਸ਼ਵਕਰਮਾ ਮੰਦਰ ਧੂਰੀ ਦੀ ਨਵੀਂ ਕਮੇਟੀ ਦਾ ਗਠਨ



ਧੂਰੀ , (ਸੁਖਦੇਵ ਧੂਰੀ) - ਧੂਰੀ ਵਿਖੇ ਸ੍ਰੀ ਭਗਵਾਨ ਵਿਸ਼ਵਕਰਮਾ ਜੀ ਦਾ ਦਿਵਸ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਭਗਵਾਨ ਵਿਸ਼ਵਕਰਮਾ ਮੰਦਿਰ/ਧਰਮਸ਼ਾਲਾ ਸਭਾ (ਰਜਿ.) ਧੂਰੀ ਦੀ ਨਵੀਂ ਕਮੇਟੀ ਦੀ ਚੋਣ ਵੀ ਕੀਤੀ ਗਈ।ਇਸ ਚੋਣ ਦੌਰਾਨ ਛੱਜੂ ਸਿੰਘ ਬਿਰਦੀ ਨੂੰ ਸਰਪ੍ਰਸਤ ਅਤੇ ਸ. ਮਲਕੀਤ ਸਿੰਘ ਮਾਧੋ ਨੂੰ ਚੇਅਰਮੈਨ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਸ. ਜਸਵੀਰ ਸਿੰਘ ਜਗਦਿਓ ਨੂੰ ਪ੍ਰਧਾਨ, ਕੁਲਵਿੰਦਰ ਸਿੰਘ ਠੇਕੇਦਾਰ ਨੂੰ ਮੀਤ ਪ੍ਰਧਾਨ, ਰੂਪ ਸਿੰਘ (ਰੂਪਾ) ਨੂੰ ਸਕੱਤਰ, ਸੁਖਵਿੰਦਰ ਸਿੰਘ ਬਿਰਦੀ ਨੂੰ ਖ਼ਜ਼ਾਨਚੀ ਅਤੇ ਅਵਤਾਰ ਸਿੰਘ ਨੂੰ ਮੀਤ ਖ਼ਜ਼ਾਨਚੀ ਚੁਣਿਆ ਗਿਆ। ਇਸੇ ਤਰ੍ਹਾਂ ਜਸਵੀਰ ਸਿੰਘ ਪੱਪੀ, ਮਹਿੰਦਰ ਸਿੰਘ ਛਾਪੇ ਵਾਲੇ, ਅਮਰਜੀਤ ਸਿੰਘ ਟੋਨੀ, ਮਨਦੀਪ ਸਿੰਘ, ਬਲਜੀਤ ਸਿੰਘ ਬਾਂਸਲ ਅਤੇ ਗੁਰਵਿੰਦਰ ਸਿੰਘ ਵਿੱਕੀ ਨੂੰ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ।

ਹਲਕਾ ਪਟਿਆਲਾ (ਦਿਹਾਤੀ) ਤੋਂ ਸੰਜੀਵ ਕਾਲੂ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਵਿਧਾਨ ਸਭਾ ਹਲਕਾ ਪਟਿਆਲਾ ਦਿਹਾਤੀ ਤੋਂ ਕਾਂਗਰਸ ਦੇ ਸੰਭਾਵੀ ਉਮੀਦਵਾਰ ਸੰਜੀਵ ਸ਼ਰਮਾ ਕਾਲੂ ਨੂੰ ਹਲਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ! ਜਿਸ ਕਾਰਨ ਕਾਂਗਰਸ ਦੀ ਸਥਿਤੀ ਮਜ਼ਬੂਤ ਹੁੰਦੀ ਜਾ ਰਹੀ ਹੈ! ਭਗਵਾਨ ਵਿਸ਼ਵਕਰਮਾ ਜੀ ਦੇ ਪਾਵਨ ਦਿਹਾੜੇ ਮੌਕੇ ਹਲਕਾ ਪਟਿਆਲਾ ਦਿਹਾਤੀ ਵਿੱਚ ਵੱਖ-ਵੱਖ ਥਾਵਾਂ 'ਤੇ ਧਾਰਮਿਕ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਏ ਗਏ। ਇਸ ਮੌਕੇ ਸੰਜੀਵ ਸ਼ਰਮਾ ਕਾਲੂ ਨੇ ਹਲਕੇ ਦੇ ਵੱਖ-ਵੱਖ ਧਾਰਮਿਕ ਸਮਾਗਮਾਂ ਵਿੱਚ ਸ਼ਿਰਕਤ ਕਰਕੇ ਭਗਵਾਨ ਵਿਸ਼ਵਕਰਮਾ ਜੀ ਅੱਗੇ ਸਰਬੱਤ ਦੇ ਭਲੇ, ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਸਮਾਗਮਾਂ ਦੌਰਾਨ ਵੱਖ-ਵੱਖ ਥਾਵਾਂ 'ਤੇ ਪਹੁੰਚਣ 'ਤੇ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਵੱਲੋਂ ਉਨ੍ਹਾਂ ਦਾ ਫੁੱਲਾਂ ਅਤੇ ਸਿਰੋਪਾਓ ਨਾਲ ਨਿੱਘਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਗਿਆ।ਇਸ ਮੌਕੇ ਸੰਜੀਵ ਸ਼ਰਮਾ ਕਾਲੂ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਦਾ ਪਾਵਨ ਦਿਹਾੜਾ ਸਾਨੂੰ ਮਿਹਨਤ, ਕਿਰਤ, ਲਗਨ ਅਤੇ ਇਮਾਨਦਾਰੀ ਨਾਲ ਆਪਣੇ ਫਰਜ਼ ਨਿਭਾਉਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਵਿਸ਼ਵਕਰਮਾ ਦਿਵਸ ਖਾਸ ਤੌਰ 'ਤੇ ਮਿਹਨਤਕਸ਼ ਲੋਕਾਂ, ਕਾਰੀਗਰਾਂ ਅਤੇ ਕਿਰਤੀ ਵਰਗ ਦੀ ਮਿਹਨਤ ਨੂੰ ਸਲਾਮ ਕਰਨ ਦਾ ਦਿਹਾੜਾ ਹੈ । ਇਸ ਮੌਕੇ ਸੇਵਕ ਸਿੰਘ ਝਿੱਲ , ਭੁਵੇਸ਼ ਤਿਵਾੜੀ, ਅਮਰਪ੍ਰੀਤ ਸਿੰਘ ਬੋਬੀ ਸਾਬਕਾ ਕੌਂਸਲਰ, ਜਸਵੰਤ ਸਿੰਘ ਬੰਤ ,ਸੁਖਵਿੰਦਰ ਕੌਰ ਚੈਲੇਲਾ , ਜਿੰਦਰ ਸਿੰਘ , ਬਲਵੰਤ ਸਿੰਘ ,ਰਿਧਮ ਸ਼ਰਮਾ ਪ੍ਰਧਾਨ ਯੂਥ ਕਾਂਗਰਸ,ਮੰਨੂ ਧਾਲੀਵਾਲ , ਅਰਸ਼ਦੀਪ ਸਿੰਘ ,ਗੁਰਮੁਖ ਸਿੰਘ , ਸੈਂਟੀ ਸਿੰਘ , ਕਾਲਾ ਸਿੰਘ , ਅਮਰ ਸਿੰਘ, ਗੌਰਵ ਸੂਦ ,ਨਿਖਿਲ ਬਹਿਲ , ਸਾਹਿਲ ਸ਼ਰਮਾ ਅਤੇ ਹੋਰ ਹਾਜ਼ਰ ਰਹੇ

ਬਲਜੀਤ ਕੌਰ ਹੋਣਗੇ ਮਲੋਟ ਦੇ ਨਵੇਂ ਐੱਸ ਡੀ ਐਮ



ਮਲੋਟ (ਰਜਿੰਦਰ ਜੁਨੇਜਾ) : ਪੰਜਾਬ ਸਰਕਾਰ ਵੱਲੋਂ ਪ੍ਰਸ਼ਾਸਨਿਕ ਫੇਰਬਦਲ ਤਹਿਤ ਪੀ.ਸੀ.ਐੱਸ. ਅਧਿਕਾਰੀਆਂ ਦੇ ਕੀਤੇ ਗਏ ਤਬਾਦਲਿਆਂ ਦੌਰਾਨ ਮਲੋਟ ਦੇ ਉਪ ਮੰਡਲ ਮੈਜਿਸਟ੍ਰੇਟ (ਐੱਸ.ਡੀ.ਐੱਮ.) ਪੰਕਜ ਕੁਮਾਰ ਦਾ ਤਬਾਦਲਾ ਰਾਮਪੁਰਾ ਫੂਲ ਵਿਖੇ ਕਰ ਦਿੱਤਾ ਗਿਆ ਹੈ। ਉਨ੍ਹਾਂ ਦੀ ਥਾਂ 'ਤੇ ਬਲਜੀਤ ਕੌਰ (ਪੀ.ਸੀ.ਐੱਸ.) ਮਲੋਟ ਦੇ ਨਵੇਂ ਐੱਸ.ਡੀ.ਐੱਮ. ਵਜੋਂ ਆਪਣਾ ਅਹੁਦਾ ਸੰਭਾਲਣਗੇ।

ਅਗਲੀ ਸਰਕਾਰ ਵੀ 'ਆਪ' ਦੀ ਬਣੇਗੀ- ਦਲਬੀਰ ਯੂ ਕੇ



ਪਟਿਆਲਾ /ਘਨੌਰ (ਰਾਜਿੰਦਰ ਸਿੰਘ ਥਿੰਦ)- ਵਿਧਾਨ ਸਭਾ ਹਲਕਾ ਘਨੌਰ ਤੋਂ ਆਮ ਆਦਮੀ ਪਾਰਟੀ ਦੇ ਸੰਭਾਵੀ ਉਮੀਦਵਾਰ ਦਲਬੀਰ ਸਿੰਘ ਯੂ ਕੇ ਨੂੰ ਹਲਕੇ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ! ਹਲਕਾ ਘਨੌਰ ਦੇ ਪਿੰਡ ਸੁਹਰੋਂ ਵਿਖੇ ਮਾਨ ਦੇ ਮੁਨਾਫ਼ੇ ਤਹਿਤ ਜਗਤਾਰ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ ਲੋਕ ਮਿਲਣੀ ਦਲਬੀਰ ਯੂ ਕੇ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਪੰਜਾਬ ਅੰਦਰ ਮੁੜ ਸਰਕਾਰ ਬਣਨ ਜਾ ਰਹੀ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਬਜ਼ੁਰਗ, ਨੌਜਵਾਨ ਅਤੇ ਮਾਵਾਂ-ਭੈਣਾਂ ਮੌਜੂਦ ਸਨ।ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਤੇ ਗਰੰਟੀਆਂ ਬਾਰੇ ਵਿਚਾਰ ਚਰਚਾ ਕੀਤੀ । ਯੂ ਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਲੋਕਾਂ ਦੇ ਘਰ-ਘਰ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਸਰਕਾਰ ਦਾ ਮਕਸਦ ਸਿਰਫ਼ ਵਾਅਦੇ ਕਰਨਾ ਨਹੀਂ, ਸਗੋਂ ਲੋਕਾਂ ਨੂੰ ਹਰ ਸਹੂਲਤ ਦੇ ਕੇ ਉਨ੍ਹਾਂ ਨੂੰ ਰਾਹਤ ਦੇਣਾ ਹੈ।ਇਸ ਸਮੇਂ ਉਹਨਾਂ ਐਲਾਨ ਕੀਤਾ ਕਿ ਪੰਜਾਬ ਭਰ ਦੇ ਵਿਦਿਆਰਥੀਆਂ ਲਈ ਸਿਵਲ ਸੇਵਾਵਾਂ ਦੀ ਤਿਆਰੀ ਨੂੰ ਪਹੁੰਚਯੋਗ ਬਣਾਉਣ ਦੇ ਮੰਤਵ ਨਾਲ ਭਗਵੰਤ ਮਾਨ ਸਰਕਾਰ ਵਲੋਂ ਸੂਬੇ ਦੇ 1,000 ਕਾਲਜ ਵਿਦਿਆਰਥੀਆਂ ਨੂੰ ਕੇਂਦਰੀ ਲੋਕ ਸੇਵਾ ਕਮਿਸ਼ਨ (ਯੂ.ਪੀ.ਐਸ.ਸੀ.) ਸਿਵਲ ਸੇਵਾਵਾਂ ਪ੍ਰੀਖਿਆ ਅਤੇ ਪੰਜਾਬ ਸਿਵਲ ਸੇਵਾਵਾਂ (ਪੀ.ਸੀ.ਐਸ.) ਪ੍ਰੀਖਿਆਵਾਂ ਲਈ ਪੂਰੀ ਤਰ੍ਹਾਂ ਮੁਫ਼ਤ ਆਨਲਾਈਨ ਕੋਚਿੰਗ ਮੁਹਈਆ ਕਰਵਾਈ ਜਾਵੇਗੀ।

ਦਵਾਈਆਂ ਦੀ ਖ਼ਰੀਦ ਸਬੰਧੀ ਬੇਲੋੜੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ : ਡਾ. ਬਲਬੀਰ ਸਿੰਘ

ਮਲੋਟ (ਰਜਿੰਦਰ ਜੁਨੇਜਾ) -ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਇਕ ਵਫ਼ਦ ਵੱਲੋਂ ਪੰਜਾਬ ਸਕੱਤਰੇਤ, ਚੰਡੀਗੜ੍ਹ ਵਿਖੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨਾਲ ਅਹਿਮ ਮੁਲਾਕਾਤ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਰਾਜਿੰਦਰ ਕੁਮਾਰ ਮਲੋਟ ਨੇ ਦੱਸਿਆ ਕਿ ਮੀਟਿੰਗ ਦੌਰਾਨ ਆਰਗੇਨਾਈਜ਼ਿੰਗ ਸਕੱਤਰ ਰਾਕੇਸ਼ ਕੁਮਾਰ ਭੀਖੀ ਸਮੇਤ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ। ਵਫ਼ਦ ਨੇ ਕੈਮਿਸਟ ਭਾਈਚਾਰੇ ਪ੍ਰਤੀ ਹਾਂ-ਪੱਖੀ ਰਵੱਈਆ ਅਤੇ ਸਹਿਯੋਗ ਦਿਖਾਉਣ ਲਈ ਸਿਹਤ ਮੰਤਰੀ ਦਾ ਧੰਨਵਾਦ ਕੀਤਾ। ?ਮੀਟਿੰਗ ਦੌਰਾਨ ਮਾਨਸਾ ਵਿਖੇ ਵਾਪਰੀ ਘਟਨਾ ਤੋਂ ਬਾਅਦ ਮੈਡੀਕਲ ਸਟੋਰਾਂ ਅਤੇ ਕੈਮਿਸਟਾਂ ਸੰਬੰਧੀ ਆਮ ਲੋਕਾਂ ਵਿੱਚ ਪੈਦਾ ਹੋਏ ਭੁਲੇਖਿਆਂ ਤੇ ਗ਼ਲਤ ਧਾਰਨਾਵਾਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਹੋਇਆ। ਇਸ ਮੌਕੇ ਸਿਹਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਆਮ ਲੋਕਾਂ ਨੂੰ ਦਵਾਈਆਂ ਖ਼ਰੀਦਣ ਸਮੇਂ ਕਿਸੇ ਵੀ ਕਿਸਮ ਦੀ ਬੇਲੋੜੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਅਤੇ ਡਾਕਟਰਾਂ ਵੱਲੋਂ ਜਾਰੀ ਕੀਤੀ ਪਰਚੀ ਅਨੁਸਾਰ ਦਵਾਈਆਂ ਨਿਰਵਿਘਨ ਦਿੱਤੀਆਂ ਜਾਂਦੀਆਂ ਰਹਿਣਗੀਆਂ। ?ਇਹ ਬੈਠਕ ਪੂਰਨ ਆਪਸੀ ਸਹਿਮਤੀ ਅਤੇ ਸੁਖਾਵੇਂ ਮਾਹੌਲ ਵਿੱਚ ਸਮਾਪਤ ਹੋਈ। ਇਸ ਮੌਕੇ ਪ੍ਰਮੁੱਖ ਸਕੱਤਰ ਸਿਹਤ ਕੁਮਾਰ ਰਾਹੁਲ, ਜੁਆਇੰਟ ਕਮਿਸ਼ਨਰ ਸੰਜੀਵ ਗਰਗ, ਪੰਜਾਬ ਕੈਮਿਸਟ ਐਸੋਸੀਏਸ਼ਨ ਦੇ ਖ਼ਜ਼ਾਨਚੀ ਮਹੇਸ਼ਇੰਦਰ ਸਿੰਘ, ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਪ੍ਰਧਾਨ ਹਰਚੰਦ ਸਿੰਘ ਚੰਨੀ, ਪਟਿਆਲਾ ਦੇ ਪ੍ਰਧਾਨ ਗੁਰਸ਼ਰਨ ਸਿੰਘ ਢਿੱਲੋਂ ਅਤੇ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਪ੍ਰੇਮ ਚੰਦ ਗਰਗ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਹਿਊਮਨ ਵੈੱਲਫੇਅਰ ਐਸੋਸੀਏਸ਼ਨ ਤੇ ਮਹਾਕਾਲ ਬਲੱਡ ਸੇਵਾ ਵੱਲੋਂ ਖੂਨਦਾਨ ਕੈਂਪ

ਦੋਰਾਹਾ, (ਹਰਮਿੰਦਰ ਸੇਠ)-ਭਗਵਾਨ ਵਿਸ਼ਵਕਰਮਾ ਦਿਵਸ ਦੇ ਪਾਵਨ ਮੌਕੇ 'ਤੇ ਹਿਊਮਨ ਵੈੱਲਫੇਅਰ ਬਲੱਡ ਡੋਨਰਜ਼ ਐਸੋਸੀਏਸ਼ਨ ਅਤੇ ਮਹਾਕਾਲ ਬਲੱਡ ਸੇਵਾ ਵੱਲੋਂ ਸਾਂਝੇ ਤੌਰ 'ਤੇ



ਖੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਤੇ ਵਿਧਾਨ ਸਭਾ ਹਲਕਾ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਕੈਂਪ ਵਿੱਚ ਸ਼ਿਰਕਤ ਕੀਤੀ ਅਤੇ ਖੂਨਦਾਨ ਕਰਨ ਵਾਲੇ ਮੈਂਬਰਾਂ ਤੇ ਪ੍ਰਬੰਧਕਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਕੈਂਪ ਵਿੱਚ ਦੋਵਾਂ ਸੰਸਥਾਵਾਂ ਦੇ ਮੈਂਬਰਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।ਇਸ ਦੌਰਾਨ ਸਿਵਲ ਹਸਪਤਾਲ ਦੀ ਟੀਮ ਵੱਲੋਂ 30 ਯੂਨਿਟ ਖੂਨ ਇਕੱਠਾ ਕੀਤਾ ਗਿਆ।ਇਸ ਦੇ ਨਾਲ ਹੀ ਲਵਾਸਾ ਹਸਪਤਾਲ ਵੱਲੋਂ ਮੈਡੀਕਲ ਚੈੱਕਅਪ ਕੈਂਪ ਵੀ ਲਗਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ ਗਈ।ਇਸ ਮੌਕੇ ਡਾ. ਕਰਨਪ੍ਰੀਤ ਕੌਰ, ਟੈਕਨੀਸ਼ੀਅਨ ਨਵਦੀਪ ਕੌਰ, ਟੈਕਨੀਸ਼ੀਅਨ ਰਵਿਸ ਮਾਨ, ਟੈਕਨੀਸ਼ੀਅਨ ਗੁਰਪ੍ਰੀਤ ਕੌਰ ਤੇ ਅਮਨ ਸਮੇਤ ਮੈਡੀਕਲ ਟੀਮ ਦੇ ਮੈਂਬਰ ਮੌਜੂਦ ਰਹੇ।ਪ੍ਰਬੰਧਕਾਂ ਨੇ ਕਿਹਾ ਕਿ ਖੂਨਦਾਨ ਮਹਾਦਾਨ ਹੈ ਤੇ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮੁਹੱਈਆ ਕਰਵਾਉਣਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ।ਅਜਿਹੇ ਉਪਰਾਲੇ ਸਮਾਜ ਵਿੱਚ ਸੇਵਾ, ਸਹਿਯੋਗ ਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਪ੍ਰਾਪਤੀਆਂ ਦਾ ਖੁਲਾਸਾ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)- ਦੇਸ਼ ਭਗਤ ਯੂਨੀਵਰਸਿਟੀ (ਡੀ ਬੀ ਯੂ) ਵੱਲੋਂ ਇਕ ਪ੍ਰੈੱਸ ਕਾਨਫਰੰਸ ਦੌਰਾਨ ਆਪਣੀ ਸ਼ਾਨਦਾਰ ਅਕਾਦਮਿਕ ਤਰੱਕੀ, ਖੋਜ ਕਾਰਜਾਂ ਵਿੱਚ ਪ੍ਰਾਪਤੀਆਂ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਲਗਾਤਾਰ ਵਧ ਰਹੇ ਪਾਸਾਰ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਆਜ਼ਾਦੀ ਘੁਲਾਟੀਏ ਸ ਲਾਲ ਸਿੰਘ ਦੇ ਆਦਰਸ਼ਾਂ 'ਤੇ ਆਧਾਰਿਤ ਯੂਨੀਵਰਸਿਟੀ ਦੀ ਸ਼ਾਨਾਮੱਤੀ ਵਿਰਾਸਤ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਡੀ ਬੀ ਯੂ ਅੱਜ ਇੱਕ ਮੋਹਰੀ ਤੇ ਬਹੁ-ਪੱਖੀ ਵਿੱਦਿਅਕ ਸੰਸਥਾ ਵਜੋਂ ਉੱਭਰ ਕੇ ਸਾਹਮਣੇ ਆਈ ਹੈ। ਯੂਨੀਵਰਸਿਟੀ ਨੂੰ ਨੈਕ ਵੱਲੋਂ ਏ-ਪਲੱਸ ਦਰਜਾ ਪ੍ਰਾਪਤ ਹੈ ਅਤੇ ਇੱਥੇ ਭਾਰਤ ਦੇ ਵੱਖ-ਵੱਖ ਸੂਬਿਆਂ ਦੇ ਨਾਲ-ਨਾਲ 20 ਤੋਂ ਵੱਧ ਦੇਸ਼ਾਂ ਦੇ ਵਿਦਿਆਰਥੀ ਸਿੱਖਿਆ ਹਾਸਲ ਕਰ ਰਹੇ ਹਨ।ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਸਰਬਪੱਖੀ ਸਿੱਖਿਆ, ਮਹਿਲਾ ਸਸ਼ਕਤੀਕਰਨ



ਅਤੇ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਡੀ ਬੀ ਯੂ ਸ਼ਕਤੀ ਵਜ਼ੀਫ਼ਾ ਯੋਜਨਾ ਵਰਗੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਰਾਹੀਂ ਲੋੜਵੰਦ ਅਤੇ ਹੋਣਹਾਰ ਵਿਦਿਆਰਥਣਾਂ ਨੂੰ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਕਿੱਤਾਮੁਖੀ ਖੇਤਰ ਵਿੱਚ ਪ੍ਰਾਪਤੀਆਂ ਵਿੱਚ ਬਦਲ ਸਕਣ। ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਖੋਜ, ਨਵੀਨਤਾ, ਪੇਟੈਂਟ, ਸਨਅਤੀ ਸਹਿਯੋਗ, ਨਕਲੀ ਬੁੱਧੀ ਦੇ ਸਮਾਵੇਸ਼ ਅਤੇ ਹੁਨਰ-ਆਧਾਰਿਤ ਸਿੱਖਿਆ ਦੇ ਖੇਤਰ ਵਿੱਚ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਯੂਨੀਵਰਸਿਟੀ ਦੇ ਨਿਯਮਤ ਪਾਠਕ੍ਰਮਾਂ ਦੇ ਨਾਲ-ਨਾਲ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂ ਜੀ ਸੀ) ਤੋਂ ਮਾਨਤਾ ਪ੍ਰਾਪਤ ਆਨਲਾਈਨ ਪਾਠਕ੍ਰਮਾਂ ਅਤੇ ਮਾਨਤਾ ਪ੍ਰਾਪਤ ਮੁਕਤ ਤੇ ਦੂਰਵਰਤੀ ਸਿੱਖਿਆ (ਓ ਡੀ ਐੱਲ) ਪ੍ਰੋਗਰਾਮਾਂ ਦੇ ਵਧ ਰਹੇ ਦਾਇਰੇ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਵਿਸ਼ੇਸ਼ ਖਿੱਚ ਦਾ ਕੇਂਦਰ ਦੇਸ਼ ਭਗਤ ਯੂਨੀਵਰਸਿਟੀ ਅਮੈਰਿਕਾਜ਼ (ਡੀ ਬੀ ਯੂ ਏ) ਦਾ ਸਕੂਲ ਆਫ਼ ਮੈਡੀਸਨ ਰਿਹਾ, ਜੋ ਕੈਰੇਬੀਅਨ ਖੇਤਰ ਦੇ ਸੇਂਟ ਵਿਨਸੈਂਟ ਐਂਡ ਗ੍ਰੇਨਾਡਾਈਨਜ਼ ਵਿੱਚ ਸਥਿਤ ਹੈ। ਇਸ ਮੈਡੀਕਲ ਸੰਸਥਾ ਨੂੰ ਨੈਸ਼ਨਲ ਐਕਰੀਡੇਸ਼ਨ ਬੋਰਡ (ਐਨ ਏ ਬੀ) ਵੱਲੋਂ ਚਾਰ ਵਿੱਚੋਂ 3.11 ਦੀ ਸ਼ਾਨਦਾਰ ਮੁਲਾਂਕਣ ਰੇਟਿੰਗ ਪ੍ਰਾਪਤ ਹੋਈ ਹੈ, ਜੋ ਅਕਤੂਬਰ 2028 ਤੱਕ ਮਾਨਤਾ ਪ੍ਰਾਪਤ ਹੈ।

ਝੋਨੇ ਦੀ ਸਰਕਾਰੀ ਖਰੀਦ 20 ਤੱਕ ਜਾਰੀ ਰੱਖੀ ਜਾਵੇ : ਕੁਲਵਿੰਦਰ ਮਾਝਾ

ਬੀ ਕੇ ਯੂ ਵੱਲੋਂ ਮਾਰਕੀਟ ਕਮੇਟੀ ਦਫ਼ਤਰ ਅੱਗੇ ਨਾਅਰੇਬਾਜ਼ੀ

ਭਵਾਨੀਗੜ੍ਹ, (ਰਾਜ ਖੁਰਮੀ) : ਝੋਨੇ ਦੀ ਸਰਕਾਰੀ ਖਰੀਦ ਬੰਦ ਕਰਨ ਦੇ ਸਰਕਾਰ ਦੇ ਕਥਿਤ ਫ਼ੈਸਲੇ ਨੂੰ ਲੈ ਕੇ ਕਿਸਾਨਾਂ ਵਿੱਚ ਰੋਸ ਵਧਦਾ ਜਾ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਬਲਾਕ ਭਵਾਨੀਗੜ੍ਹ ਦੀ ਮੀਟਿੰਗ ਦੌਰਾਨ ਕਿਸਾਨ ਆਗੂਆਂ ਨੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੇ ਵਿਰੁੱਧ ਨਾਰੇਬਾਜ਼ੀ ਕਰਦਿਆਂ ਅਤੇ ਸਖ਼ਤ ਵਿਰੋਧ ਕਰਦਿਆਂ ਸਪੱਸ਼ਟ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਕਿਸਾਨਾਂ ਦਾ ਝੋਨਾ ਨਹੀਂ ਖਰੀਦਿਆ ਜਾਂਦਾ, ਉਦੋਂ ਤੱਕ ਸਰਕਾਰੀ ਖਰੀਦ ਬੰਦ



ਨਹੀਂ ਹੋਣੀ ਚਾਹੀਦੀ। ਆਗੂਆਂ ਨੇ ਮੰਗ ਕੀਤੀ ਕਿ ਝੋਨੇ ਦੀ ਸਰਕਾਰੀ ਖਰੀਦ 20 ਨਵੰਬਰ ਤੱਕ ਜਾਰੀ ਰੱਖੀ ਜਾਵੇ ਤਾਂ ਜੋ ਮੰਡੀਆਂ ਵਿੱਚ ਪਏ ਤੇ ਖੇਤਾਂ ਵਿੱਚ ਖੜ੍ਹੇ ਝੋਨੇ ਦੀ ਪੂਰੀ ਖਰੀਦ ਯਕੀਨੀ ਬਣਾਈ ਜਾ ਸਕੇ।ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਵੱਖ-ਵੱਖ ਪਿੰਡਾਂ ਦੇ ਕਿਸਾਨ ਆਗੂਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਸੰਘਰੇੜੀ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਪਾਲ ਸਿੰਘ ਘਰਾਚੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਮੀਟਿੰਗ ਉਪਰੰਤ ਬਲਾਕ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਕਪਿਆਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੰਗਰੂਰ ਜ਼ਿਲ੍ਹੇ ਦੀਆਂ ਤਕਰੀਬਨ 24 ਮੰਡੀਆਂ ਵਿੱਚੋਂ ਝੋਨੇ ਦੀ ਸਰਕਾਰੀ ਖਰੀਦ ਬੰਦ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ, ਜੋ ਕਿਸਾਨਾਂ ਨਾਲ ਸਰਾਸਰ ਬੇਇਨਸਾਫ਼ੀ ਹੈ।ਇਸ ਦੇ ਵਿਰੋਧ ਵਿੱਚ ਕਿਸਾਨ ਆਗੂਆਂ ਵੱਲੋਂ ਮਾਰਕੀਟ ਕਮੇਟੀ ਦਫ਼ਤਰ ਵਿਖੇ ਸਰਕਾਰ ਦੇ ਇਸ ਫ਼ੈਸਲੇ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਕਿਸਾਨ ਆਗੂਆਂ ਨੇ ਕਿਹਾ ਕਿ ਅਜੇ ਵੀ ਵੱਡੀ ਗਿਣਤੀ ਵਿੱਚ ਕਿਸਾਨਾਂ ਦਾ ਝੋਨਾ ਮੰਡੀਆਂ ਵਿੱਚ ਪਿਆ ਹੈ ਤੇ ਕਈ ਕਿਸਾਨਾਂ ਦੀ ਫ਼ਸਲ ਖੇਤਾਂ ਵਿੱਚ ਖੜ੍ਹੀ ਹੈ।ਅਜਿਹੇ ਵਿੱਚ ਸਰਕਾਰੀ ਖਰੀਦ ਬੰਦ ਕਰਨ ਦਾ ਫ਼ੈਸਲਾ ਕਿਸਾਨਾਂ ਨੂੰ ਆਰਥਿਕ ਸੰਕਟ ਵੱਲ ਧੱਕਣ ਵਾਲਾ ਸਾਬਿਤ ਹੋ ਸਕਦਾ ਹੈ। ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਸਰਕਾਰੀ ਖਰੀਦ ਰਾਹੀਂ ਖਰੀਦਿਆ ਜਾਵੇ।ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰੀ ਖਰੀਦ ਬੰਦ ਕਰਨ ਦੇ ਅਜਿਹੇ ਫ਼ੈਸਲਿਆਂ ਨਾਲ ਵੱਡੇ ਵਪਾਰਕ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਦਾ ਰਾਹ ਖੁੱਲ੍ਹਦਾ ਹੈ, ਜਦਕਿ ਆਪਣੀ ਫ਼ਸਲ ਵੇਚਣ ਲਈ ਮੰਡੀਆਂ ਵਿੱਚ ਬੈਠੇ ਕਿਸਾਨਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਕਿਸਾਨ ਵਿਰੋਧੀ ਫ਼ੈਸਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ ਤੇ ਕਿਸਾਨਾਂ ਦੇ ਹੱਕਾਂ ਦੀ ਲੜਾਈ ਵਿੱਚ ਹਮੇਸ਼ਾ ਉਨ੍ਹਾਂ ਨਾਲ ਖੜ੍ਹੀ ਰਹੇਗੀ। ਦੂਜੇ ਪਾਸੇ ਜਦੋਂ ਇਸ ਸਬੰਧੀ ਮਾਰਕੀਟ ਕਮੇਟੀ ਦੇ ਸਕੱਤਰ ਹਰਪ੍ਰੀਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਮਾਮਲੇ ਸਬੰਧੀ ਅੱਜ ਦੁਪਹਿਰ 2 ਵਜੇ ਮੀਟਿੰਗ ਕੀਤੀ ਜਾਵੇਗੀ।ਕਿਸਾਨਾਂ ਵੱਲੋਂ ਉਠਾਏ ਗਏ ਮਸਲਿਆਂ ਨੂੰ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਤੇ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਣਗੇ।

ਲੱਖਾ ਪਾਇਲ ਤੇ ਗਿੱਲ ਬੇਰ ਕਲਾਂ ਦਾ ਦੁੱਗਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ



ਦੋਰਾਹਾ (ਹਰਮਿੰਦਰ ਸੇਠ)-ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਤੇ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਦਾ ਪਿੰਡ ਬੇਰਕਲਾਂ ਵਿਖੇ ਦੁੱਗਾ ਦੇ ਅਸਥਾਨ 'ਤੇ ਨਤਮਸਤਕ ਹੋਣ ਲਈ ਪੁੱਜਣ 'ਤੇ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ। ਪ੍ਰਬੰਧਕ ਕਮੇਟੀ ਨੇ ਕਿਹਾ ਕਿ ਵੱਡੇ ਵੱਡੇਰਿਆਂ ਦੇ ਅਸਥਾਨ ਨੂੰ ਜਾਣ ਵਾਲੀ ਸੜਕ 'ਤੇ ਖੇਤਾਂ ਵਿੱਚ ਦੀ ਜਾਣ ਵਾਲਾ ਰਸਤਾ ਵੀ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਮਿਲਿਆ, ਜਿਸ ਲਈ ਰਵਿਦਾਸੀਆ ਭਾਈਚਾਰਾ ਕਦੇ ਵੀ ਉਨ੍ਹਾਂ ਨੂੰ ਭੁਲਾ ਨਹੀਂ ਸਕਦਾ। ਇਸ ਮੌਕੇ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਰਹੀ ਹੈ ਕਿ ਉਹ ਆਪਣੇ ਪਿੰਡ ਦੇ ਵੱਧ ਕੇ ਵਿਕਾਸ ਕਾਰਜ ਕਰਵਾਉਣ। ਉਨ੍ਹਾਂ ਕਿਹਾ ਕਿ ਜਿੰਨਾਂ ਕੰਮ ਕਾਂਗਰਸ ਪਾਰਟੀ ਦੀ ਸਰਕਾਰ ਵੇਲੇ ਉਸ ਸਮੇਂ ਦੇ ਵਿਧਾਇਕ ਲੱਖਾ ਪਾਇਲ ਨੇ ਪਿੰਡ ਦਾ ਕਰਵਾਇਆ, ਉਹ ਆਪਣੇ ਆਪ ਵਿੱਚ ਮਿਸਾਲ ਹੈ। ਇਸ ਮੌਕੇ ਮੇਘ ਸਿੰਘ, ਪ੍ਰਧਾਨ ਲਾਭ ਸਿੰਘ, ਮਾੜੂ ਸਿੰਘ, ਬੇਅੰਤ ਸਿੰਘ ਪੰਚ, ਹਰਬੰਸ ਸਿੰਘ ਹੈਬੋਵਾਲ, ਮੋਠੂ ਸਿੰਘ ਤਾਂ ਇਲਾਵਾ ਹੋਰ ਵੀ ਹਾਜ਼ਰ ਸਨ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



ਮੱਖੂ (ਰਛਪਾਲ ਸਿੰਘ ਸੰਧੂ) : ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਜ਼ਿਲ੍ਹਾ ਫ਼ਿਰੋਜ਼ਪੁਰ ਬਲਾਕ ਮੱਖੂ ਦੀ ਸ਼ਹਿਰੀ ਮਹੀਨਾਵਾਰ ਮੀਟਿੰਗ ਪ੍ਰਧਾਨ ਡਾ. ਲਵਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਰਿਸ਼ੀ ਫਾਸਟਫੂਡ ਮੱਖੂ ਵਿਖੇ ਜੈਨੇਸਿਸ ਅਮਨਦੀਪ ਹਸਪਤਾਲ ਨਾਲ ਹੋਈ, ਜਿਸ ਵਿੱਚ ਉਨ੍ਹਾਂ ਦੇ ਡਾਕਟਰ ਸਾਥੀਆਂ ਨੇ ਆਪਣੇ ਹਸਪਤਾਲ ਵਿੱਚ ਚੱਲ ਰਹੇ ਇਲਾਜਾਂ ਬਾਰੇ ਦੱਸਿਆ ਤੇ ਹਸਪਤਾਲ ਵਿੱਚ ਕਿਵੇਂ ਮਰੀਜ਼ਾਂ ਨਾਲ ਭਾਈਚਾਰਿਕ ਸਾਂਝ ਨਾਲ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਮਰੀਜ਼ ਆਪਣੇ ਇਲਾਜ ਲਈ ਸਾਡੇ ਨਾਲ ਈ.ਐੱਮ.ਆਈ. ਕਿਸ਼ਤਾਂ 'ਤੇ ਵੀ ਇਲਾਜ ਕਰਵਾ ਸਕਦਾ ਹੈ।ਇਸ ਤੋਂ ਬਾਅਦ ਬਲਾਕ ਮੱਖੂ ਦੇ ਪ੍ਰਧਾਨ ਡਾ. ਲਵਪ੍ਰੀਤ ਸਿੰਘ ਨੇ ਹਸਪਤਾਲ ਵੱਲੋਂ ਆਏ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਆਪਣੇ ਮੈਡੀਕਲ ਪ੍ਰੈਕਟੀਸਨਰਜ਼ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਸਾਨੂੰ ਇਕ ਜੁੱਟ ਹੋ ਕੇ ਰਹਿਣਾ ਚਾਹੀਦਾ ਹੈ ਤੇ ਆਪਣੇ ਕੰਮ ਪ੍ਰਤੀ ਵਫ਼ਾਦਾਰ ਹੋਣਾ ਚਾਹੀਦਾ ਹੈ।ਡਾਕਟਰ ਗਿੱਲ ਨੇ ਕਿਹਾ ਕਿ ਸਰਕਾਰ ਜਲਦ ਤੋ ਜਲਦ ਆਪਣੇ ਕੀਤੇ ਵਾਅਦੇ ਪੂਰੇ ਕਰੇ।ਇਸ ਮੀਟਿੰਗ ਵਿੱਚ ਆਸ-ਪਾਸ ਦੇ ਪਿੰਡਾਂ ਵਿੱਚ ਪ੍ਰੈਕਟਿਸ ਕਰਦੇ ਡਾਕਟਰ ਹਾਜ਼ਰ ਸਨ।ਇਸ ਮੀਟਿੰਗ ਵਿੱਚ ਡਾ. ਵਿਕਾਸ ਮਹਿਰਾ ਜਰਨਲ ਸਕੱਤਰ, ਡਾ. ਜਸਕਰਨ ਮਹਿਰਾ ਖਜ਼ਾਨਚੀ, ਡਾ. ਗੁਲਾਬ ਚੇਅਰਮੈਨ, ਡਾ. ਗੌਰਵ ਆਹੂਜਾ ਸੀਨੀਅਰ ਵਾਈਸ ਪ੍ਰਧਾਨ, ਡਾ. ਸੁਖਚੈਨ ਵਾਈਸ ਜਰਨਲ ਸਕੱਤਰ, ਡਾ. ਜਗਸੀਰ ਜ਼ਿਲ੍ਹਾ ਕਮੇਟੀ ਮੈਂਬਰ, ਡਾ. ਦਲਜੀਤ ਪ੍ਰੈੱਸ ਸਕੱਤਰ, ਡਾ. ਸਾਗਰ ਸਟੇਜ ਸਕੱਤਰ, ਡਾ. ਥੋਮਸ ਵਾਈਸ ਖਜ਼ਾਨਚੀ, ਡਾ. ਥੋਮਸ, ਡਾਕਟਰ ਰਾਜ ਸਿੰਘ, ਡਾ. ਸਾਹਿਲ, ਡਾ. ਗੁਰਜੀਤ ਸਿੰਘ, ਡਾਕਟਰ ਚਮਕੌਰ ਸਿੰਘ, ਮੈਡਮ ਸੁਪਰੀਤ ਕੌਰ, ਮੈਡਮ ਜੋਤੀ ਬਾਲਾ, ਡਾਕਟਰ ਗੁਰਸੇਵਕ ਸਿੰਘ ਪਬਲਿਕ ਰਿਲੇਸ਼ਨ ਅਫਸਰ, ਗਗਨਦੀਪ ਸ਼ਰਮਾ, ਸਤਪਾਲ ਸਿੰਘ ਰਾਜਵੀਰ ਸਿੰਘ, ਪਵਨਦੀਪ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

ਕੈਬਨਿਟ ਮੰਤਰੀ ਨੇ ਹਾਦਸਾਗ੍ਰਸਤ ਬੱਸ ਦੇ ਜ਼ਖ਼ਮੀਆਂ ਦਾ ਰਾਜਿੰਦਰਾ ਹਸਪਤਾਲ ਵਿਖੇ ਹਾਲ-ਚਾਲ ਜਾਣਿਆ

ਪਟਿਆਲਾ, (ਰਾਜਿੰਦਰ ਸਿੰਘ ਥਿੰਦ)- ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਪਾਣੀ ਦੀ ਸੰਭਾਲ ਮੰਤਰੀ ਸ੍ਰੀ ਬਰਿੰਦਰ ਗੋਇਲ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਸੰਗਰੂਰ ਨੇੜੇ ਵਾਪਰੇ ਪੀਆਰਟੀਸੀ ਬੱਸ ਹਾਦਸੇ ਦੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਣ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਜ਼ਖ਼ਮੀਆਂ ਦੇ ਇਲਾਜ ਸਬੰਧੀ ਡਾਕਟਰਾਂ ਤੋਂ ਜਾਣਕਾਰੀ ਹਾਸਲ ਕੀਤੀ ਤੇ ਉਨ੍ਹਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਉਨ੍ਹਾ ਨਾਲ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ, ਵਾਈਸ ਚੇਅਰਮੈਨ ਸ੍ਰੀ ਗੁਰਵਿੰਦਰ ਸਿੰਘ ਤੇ ਪੀਆਰਟੀਸੀ ਦੇ ਐਡੀਸ਼ਨਲ ਮੈਨੇਜਿੰਗ ਡਾਇਰੈਕਟਰ ਸ਼੍ਰੀ ਨਵਦੀਪ ਕੁਮਾਰ, ਐੱਸ.ਡੀ.ਐੱਮ. ਗੁਰਦੇਵ ਸਿੰਘ ਮੌਜੂਦ ਸਨ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਧੂਰੀ ਤੋਂ ਪਟਿਆਲਾ ਹੁੰਦੇ ਹੋਏ ਚੰਡੀਗੜ੍ਹ ਜਾ ਰਹੀ ਪੀਆਰਟੀਸੀ ਦੀ ਬੱਸ ਸੰਗਰੂਰ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਦੋ ਔਰਤਾਂ ਤੇ ਇੱਕ ਪੁਰਸ਼ ਸ਼ਾਮਲ ਹਨ, ਜਦਕਿ ਕਰੀਬ 25 ਵਿਅਕਤੀ ਜ਼ਖ਼ਮੀ ਹੋਏ ਹਨ।ਹਾਦਸੇ ਤੋਂ ਬਾਅਦ 14 ਜ਼ਖ਼ਮੀਆਂ ਨੂੰ ਸੰਗਰੂਰ ਦੇ ਹਸਪਤਾਲ ਤੇ 11 ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਸੀ।ਸੰਗਰੂਰ ਵਿਖੇ ਦਾਖ਼ਲ 14 ਜ਼ਖ਼ਮੀਆਂ ਵਿੱਚੋਂ 13 ਨੂੰ ਛੁੱਟੀ ਦੇ ਦਿੱਤੀ ਗਈ ਹੈ, ਜਦਕਿ ਰਾਜਿੰਦਰਾ ਹਸਪਤਾਲ ਵਿਖੇ ਦਾਖ਼ਲ 11 ਮਰੀਜ਼ਾਂ ਵਿੱਚੋਂ 6 ਨੂੰ ਛੁੱਟੀ ਮਿਲ ਚੁੱਕੀ ਹੈ ਤੇ ਬਾਕੀ 5 ਮਰੀਜ਼ਾਂ ਦਾ ਇਲਾਜ ਜਾਰੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਹਾਦਸੇ ਵਿੱਚ ਜਾਨ ਗੁਆਉਣ ਵਾਲੇ ਵਿਅਕਤੀਆਂ ਨੂੰ ਵਾਪਸ ਤਾਂ ਨਹੀਂ ਲਿਆਂਦਾ ਜਾ ਸਕਦਾ, ਪਰ ਪੰਜਾਬ ਸਰਕਾਰ ਤੇ ਪੀਆਰਟੀਸੀ ਦੇ ਨਿਯਮਾਂ ਅਨੁਸਾਰ ਪੀੜਤ ਪਰਵਾਰਾਂ ਨੂੰ ਹਰ ਸੰਭਵ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ।ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਸਾਰੇ ਪੀੜਤ ਪਰਵਾਰਾਂ ਦੇ ਨਾਲ ਖੜ੍ਹੀ ਹੈ ਤੇ ਜ਼ਖ਼ਮੀਆਂ ਦੇ ਇਲਾਜ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਮੈਡੀਕਲ ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਆਰ .ਪੀ.ਐੱਸ. ਸਿਬੀਆ ਤੇ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਹਾਜ਼ਰ ਸਨ।

ਪੰਜਾਬ ਸਰਕਾਰ ਪੀੜਤ ਪਰਵਾਰਾਂ ਨੂੰ ਹਰ ਸੰਭਵ ਵਿੱਤੀ ਸਹਾਇਤਾ ਦੇਵੇਗੀ- ਬਰਿੰਦਰ ਗੋਇਲ

ਕਿਸਾਨੀ ਮੰਗਾਂ ਅਣਗੌਲਿਆ ਕਰਨ ਦਾ ਖਮਿਆਜ਼ਾ ਸਰਕਾਰ ਨੂੰ ਚੋਣਾਂ 'ਚ ਭੁਗਤਣਾ ਪਵੇਗਾ : ਮਹੇਸਰੀ

ਮੋਗਾ, (ਇਕਬਾਲ ਸਿੰਘ ਖਹਿਰਾ)- ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਮੀਤ ਪ੍ਰਧਾਨ ਸ. ਭੁਪਿੰਦਰ ਸਿੰਘ



ਮਹੇਸ਼ਰੀ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੋਵਾਂ ਨੇ ਕਿਸਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੋਈ ਠੋਸ ਉਪਰਾਲਾ ਜਾਂ ਸੁਹਿਰਦਤਾ ਨਹੀਂ ਦਿਖਾਈ।ਕਿਸਾਨ ਲੰਮੇ ਸਮੇਂ ਤੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ, ਪਰ ਸਰਕਾਰਾਂ ਵੱਲੋਂ ਕਿਸਾਨਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਚੰਡੀਗੜ੍ਹ ਵਿਖੇ ਕਿਸਾਨ ਜਥੇਬੰਦੀਆਂ ਵੱਲੋਂ ਲਗਾਏ ਗਏ ਸੱਤ ਦਿਨਾਂ ਦੇ ਮੋਰਚੇ ਦੌਰਾਨ ਕਿਸਾਨਾਂ ਦੀਆਂ ਜਿਹੜੀਆਂ ਮੰਗਾਂ ਮੰਨੀਆਂ ਸਨ ਤੇ ਉਨ੍ਹਾਂ ਨੂੰ ਵਿਧਾਨ ਸਭਾ ਵਿੱਚ ਮਤੇ ਪਾਸ ਕਰਕੇ ਲਾਗੂ ਕਰਨ ਦਾ ਭਰੋਸਾ ਦਿੱਤਾ ਸੀ, ਪਰ ਹੁਣ ਸਰਕਾਰ ਉਨ੍ਹਾਂ ਮੰਗਾਂ ਸਬੰਧੀ ਵਿਧਾਨ ਸਭਾ ਵਿੱਚ ਮਤੇ ਪਾਉਣ ਤੋਂ ਵੀ ਮੁੱਕਰ ਰਹੀ ਹੈ।ਸਰਕਾਰ ਦਾ ਇਹ ਰਵੱਈਆ ਕਿਸਾਨਾਂ ਨਾਲ ਕੀਤੇ ਵਾਅਦਿਆਂ ਤੋਂ ਪਿੱਛੇ ਹਟਣ ਵਾਲਾ ਹੈ, ਜਿਸ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਤੇ ਨਿਰਾਸ਼ਾ ਪਾਈ ਜਾ ਰਹੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰਨ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚੇ ਵੱਲੋਂ ਜਿਹੜੀਆਂ ਰੈਲੀਆਂ ਦਾ ਸੱਦਾ ਦਿੱਤਾ ਗਿਆ ਹੈ, ਉਨ੍ਹਾਂ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਤੇ ਵਰਕਰ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨਗੇ।ਕਿਸਾਨ ਜਥੇਬੰਦੀਆਂ ਸਰਕਾਰ ਨੂੰ ਆਪਣੇ ਵਾਅਦੇ ਪੂਰੇ ਕਰਨ ਲਈ ਮਜਬੂਰ ਕਰਨ ਵਾਸਤੇ ਜਥੇਬੰਦਕ ਤੌਰ 'ਤੇ ਸੰਘਰਸ਼ ਜਾਰੀ ਰੱਖਣਗੀਆਂ।ਸ੍ਰ. ਮਹੇਸ਼ਰੀ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਿਸਾਨੀ ਮੁੱਦਿਆਂ ਨੂੰ ਕੇਂਦਰ ਵਿੱਚ ਰੱਖਦਿਆਂ ਅਹਿਮ ਭੂਮਿਕਾ ਨਿਭਾਏਗੀ।ਜਿਹੜੀਆਂ ਸਰਕਾਰਾਂ ਕਿਸਾਨਾਂ ਦੀਆਂ ਮੰਗਾਂ ਤੇ ਸਮੱਸਿਆਵਾਂ ਦਾ ਹੱਲ ਨਹੀਂ ਕਰਦੀਆਂ, ਉਨ੍ਹਾਂ ਨੂੰ ਕਿਸਾਨਾਂ ਦੇ ਰੋਸ ਤੇ ਸਵਾਲਾਂ ਦਾ ਸਾਹਮਣਾ ਕਰਨਾ ਪਵੇਗਾ।ਕਿਸਾਨਾਂ ਦੇ ਮਸਲਿਆਂ ਨੂੰ ਅਣਗੌਲਿਆ ਕਰਨਾ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮਹਿੰਗਾ ਪੈ ਸਕਦਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ. ਭੁਪਿੰਦਰ ਸਿੰਘ ਦੌਲਤਪੁਰਾ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਹਰਚਰਨ ਸਿੰਘ ਮਹਿਰੋਂ ਕਿਸਾਨ ਆਗੂ ਹਾਜ਼ਰ ਸਨ।

ਸਫਾ 1 ਦੇ ਬਾਕੀ...

ਲੂੰਬਾ ਦੀ ਗ੍ਰਿਫ਼ਤਾਰੀ ਵਿਰੁੱਧ ਸੰਘਰਸ਼ ਦਾ ਸੀ ਪੀ ਆਈ ...

ਜਾਵੇਗਾ। ਸੀ ਪੀ ਆਈ ਆਗੂਆਂ ਨੇ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਨੌਜਵਾਨਾਂ ਅਤੇ ਸਮਾਜਕ ਕਾਰਕੁਨਾਂ ਨੂੰ ਕਥਿਤ ਸਿਆਸੀ ਰੰਜਿਸ਼ ਤਹਿਤ ਪੁਲਸ ਕੇਸਾਂ ਵਿੱਚ ਉਲਝਾਉਣਾ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਸੰਵਿਧਾਨਕ ਅਧਿਕਾਰਾਂ ਦੇ ਅਨੁਕੂਲ ਨਹੀਂ। ਕਾਨੂੰਨ ਦੀ ਵਰਤੋਂ ਨਿਰਪੱਖਤਾ ਨਾਲ ਹੋਣੀ ਚਾਹੀਦੀ ਹੈ, ਨਾ ਕਿ ਅਸਹਿਮਤੀ ਦੀ ਆਵਾਜ਼ ਨੂੰ ਦਬਾਉਣ ਲਈ। ਸਿਵਲ ਸੁਸਾਇਟੀ ਮੋਗਾ ਨੇ ਸੀ ਪੀ ਆਈ ਵੱਲੋਂ ਦਿੱਤੇ ਗਏ ਸਮਰਥਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਲੋਕਤੰਤਰੀ ਅਧਿਕਾਰਾਂ, ਨਿਆਂ ਅਤੇ ਪ੍ਰਗਟਾਵੇ ਦੀ ਆਜ਼ਾਦੀ ਦੀ ਰੱਖਿਆ ਲਈ ਸਾਂਝਾ ਸੰਘਰਸ਼ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਸੰਬੰਧੀ ਅਗਲੇ ਸੰਘਰਸ਼ੀ ਪ੍ਰੋਗਰਾਮਾਂ ਅਤੇ ਕਾਰਜ ਯੋਜਨਾ ਦਾ ਐਲਾਨ ਜਲਦੀ ਹੀ ਕੀਤਾ ਜਾਵੇਗਾ। ਮੀਟਿੰਗ ਵਿੱਚ ਸਿਵਲ ਸੁਸਾਇਟੀ ਮੋਗਾ ਵੱਲੋਂ ਅਜੈ ਸੂਦ, ਮਨਿੰਦਰ ਸਿੰਘ ਬੇਦੀ, ਦਲਜੀਤ ਸਿੰਘ ਭੁੱਲਰ, ਪ੍ਰਿਤਪਾਲ ਸਿੰਘ (ਲੱਕੀ) ਗਿੱਲ, ਅਮਰਦੀਪ ਅਨੇਜਾ, ਚਮਕੌਰ ਸਿੰਘ ਕੋਰੀ, ਜਸਵੰਤ ਸਿੰਘ, ਕਮਲ ਬਾਂਸਲ, ਸ਼ਵਿੰਦਰ ਸਿੰਘ (ਸ਼ਿਵਾ) ਅਤੇ ਕੇਵਲ ਸਿੰਘ ਢਿੱਲੋਂ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਕਾਂਗਰਸ ਨੇ ਸ਼ੁਰੂ ਕੀਤਾ 'ਪੰਜਾਬ ਮੰਗਦਾ ਇਨਸਾਫ਼'...

ਕਰਨਗੇ ਅਤੇ ਸਮਾਜ ਦੇ ਸਾਰੇ ਵਰਗਾਂ ਨਾਲ ਜੁੜੇ ਮੁੱਦੇ ਉਠਾਉਣਗੇ। ਉਨ੍ਹਾ ਕਿਹਾ, 'ਅਸੀਂ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਨਾਲ ਕੀਤੇ ਗਏ ਧੋਖੇ, ਪੁਰਾਣੀ ਪੈਨਸ਼ਨ ਯੋਜਨਾ ਲਾਗੂ ਨਾ ਕੀਤੇ ਜਾਣ, ਕਾਨੂੰਨ-ਵਿਵਸਥਾ ਦੀ ਸਥਿਤੀ ਅਤੇ ਰਾਜ ਦੀ ਖਰਾਬ ਵਿੱਤੀ ਹਾਲਤ ਵਰਗੇ ਮੁੱਦਿਆਂ 'ਤੇ ਗੱਲ ਕਰਾਂਗੇ।' ਬਾਜਵਾ ਨੇ ਦਾਅਵਾ ਕੀਤਾ ਕਿ 'ਆਪ' ਸਰਕਾਰ ਹਰ ਮੋਰਚੇ 'ਤੇ ਅਸਫ਼ਲ ਰਹੀ ਹੈ। ਉਨ੍ਹਾ ਕਿਹਾ ਕਿ ਆਪ ਨੇਤਾ ਅਰਵਿੰਦ ਕੇਜਰੀਵਾਲ ਨੇ ਕਾਲਜ, ਮੈਡੀਕਲ ਕਾਲਜ ਅਤੇ ਸੜਕਾਂ ਤੇ ਪੁਲਾਂ ਸਮੇਤ ਨਵੇਂ ਬੁਨਿਆਦੀ ਢਾਂਚੇ ਦੇ ਨਿਰਮਾਣ ਲਈ ਹਰ ਸਾਲ 54,000 ਕਰੋੜ ਰੁਪਏ ਦੇਣ ਦਾ ਵਾਅਦਾ ਕੀਤਾ ਸੀ, ਪਰ ਇੱਕ ਵੀ ਪੈਸਾ ਨਹੀਂ ਦਿੱਤਾ ਗਿਆ। ਅਸੀਂ ਕੇਜਰੀਵਾਲ ਤੋਂ ਪੁੱਛਾਂਗੇ ਕਿ ਉਹ ਪੈਸਾ ਕਿੱਥੇ ਗਿਆ।' ਉਨ੍ਹਾ ਦੋਸ਼ ਲਾਇਆ ਕਿ ਸਰਕਾਰ ਨੇ ਕਿਸਾਨਾਂ, ਔਰਤਾਂ ਅਤੇ ਵਪਾਰੀਆਂ ਲਈ ਵੀ ਕੁਝ ਨਹੀਂ ਕੀਤਾ। ਕਾਂਗਰਸ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਦੀ 12 ਨਵੰਬਰ ਤੋਂ ਸ਼ੁਰੂ ਹੋਣ ਵਾਲੀ ਸਾਈਕਲ ਯਾਤਰਾ ਬਾਰੇ ਪੁੱਛੇ ਜਾਣ 'ਤੇ ਬਾਜਵਾ ਨੇ ਕਿਹਾ ਕਿ ਇਹ ਵੀ ਪਾਰਟੀ ਦੇ ਪ੍ਰੋਗਰਾਮ ਦਾ ਹਿੱਸਾ ਹੈ। ਉਨ੍ਹਾ ਕਿਹਾ, 'ਚੰਨੀ ਸਾਹਿਬ ਸਾਡੇ ਭਰਾ ਹਨ। ਉਨ੍ਹਾ ਦੇ ਪ੍ਰੋਗਰਾਮ ਨਾਲ ਕਾਂਗਰਸ ਦਾ ਸੁਨੇਹਾ ਪੂਰੇ ਪੰਜਾਬ ਵਿੱਚ ਪਹੁੰਚੇਗਾ। ਅਸੀਂ ਸਭ ਮਿਲ ਕੇ ਇਹ ਅਭਿਆਨ ਚਲਾਵਾਂਗੇ। ਕੱਲ੍ਹ ਅਸੀਂ ਸਾਰੇ ਉਨ੍ਹਾ ਦੀ ਸਾਈਕਲ ਯਾਤਰਾ ਵਿੱਚ ਵੀ ਸ਼ਾਮਲ ਹੋਵਾਂਗੇ।' ਨੇਤਾ ਵਿਰੋਧੀ ਧਿਰ ਨੇ ਕਿਹਾ ਕਿ ਮਾਝਾ, ਮਾਲਵਾ ਅਤੇ ਦੋਆਬਾ ਖੇਤਰਾਂ ਵਿੱਚ ਵੱਖ-ਵੱਖ ਪ੍ਰੋਗਰਾਮ ਉਲੀਕੇ ਜਾਣਗੇ। ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਣਾ ਇਸ ਅਭਿਆਨ ਦਾ ਉਦੇਸ਼ ਹੈ। ਕਾਂਗਰਸ ਦੀ ਪ੍ਰਚਾਰ ਕਮੇਟੀ ਦੇ ਪ੍ਰਧਾਨ ਚੰਨੀ ਨੇ 'ਜਵਾਨੀ ਸੰਭਾਲ ਜੱਟਾ' ਨਾਂਅ 'ਤੇ ਸਾਈਕਲ ਯਾਤਰਾ ਦੀ ਯੋਜਨਾ ਬਣਾਈ ਹੈ। ਇਸ ਯਾਤਰਾ ਦੌਰਾਨ ਉਹ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਲੋਕਾਂ ਨਾਲ ਸੰਪਰਕ ਕਰਨਗੇ।

ਹੁਣ ਵਰਕਰਾਂ ਦੀ ਤਨਖਾਹ ਸਿੱਧੀ ਬੈਂਕ ਖਾਤੇ 'ਚ ਜਾਵੇਗੀ

ਪੰਜਾਬ ਸਰਕਾਰ ਨੇ ਜੁਲਾਈ 2015 ਵਿੱਚ ਵੀ ਫੈਕਟਰੀਆਂ ਅਤੇ ਵਪਾਰਕ ਅਦਾਰਿਆਂ ਨੂੰ ਚੈੱਕ ਜਾਂ ਬੈਂਕ ਖਾਤਿਆਂ ਰਾਹੀਂ ਤਨਖਾਹ ਦੇਣ ਦੇ ਨਿਰਦੇਸ਼ ਦਿੱਤੇ ਸਨ। ਉਦੋਂ ਚੈਂਬਰ ਆਫ ਇੰਡਸਟਰੀਅਲ ਐਂਡ ਕਮਰਸ਼ੀਅਲ ਅੰਡਰਟੇਕਿੰਗ ਨੇ ਇਹ ਨੋਟੀਫਿਕੇਸ਼ਨ ਵਾਪਸ ਲੈਣ ਦੀ ਮੰਗ ਕੀਤੀ ਸੀ। ਉਦਯੋਗਿਕ ਜਥੇਬੰਦੀ ਦਾ ਕਹਿਣਾ ਸੀ ਕਿ ਕਈ ਕਾਮਿਆਂ ਦੇ ਬੈਂਕ ਖਾਤੇ ਨਹੀਂ ਹਨ ਅਤੇ ਉਦਯੋਗ ਪਹਿਲਾਂ ਹੀ ਆਰਥਕ ਮੁਸ਼ਕਲਾਂ ਵਿੱਚੋਂ ਲੰਘ ਰਿਹਾ ਹੈ। ਤਾਜ਼ਾ ਨੋਟੀਫਿਕੇਸ਼ਨ ਵਿੱਚ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਨਿਯਮ ਕਦੋਂ ਤੋਂ ਲਾਗੂ ਹੋਵੇਗਾ ਅਤੇ ਇਸ ਨੂੰ ਕਿਵੇਂ ਲਾਗੂ ਕਰਵਾਇਆ ਜਾਵੇਗਾ। ਛੋਟੀਆਂ ਇਕਾਈਆਂ, ਦੁਕਾਨਾਂ, ਖੇਤੀਬਾੜੀ ਨਾਲ ਜੁੜੇ ਅਦਾਰਿਆਂ ਅਤੇ ਠੇਕਾ ਮੁਲਾਜ਼ਮਾਂ ਨੂੰ ਤਬਦੀਲੀ ਲਈ ਕੋਈ ਸਮਾਂ ਮਿਲੇਗਾ ਜਾਂ ਨਹੀਂ, ਇਸ ਬਾਰੇ ਵੀ ਸਥਿਤੀ ਸਪੱਸ਼ਟ ਨਹੀਂ ਹੈ।

ਪੰਜਾਬ 'ਚ ਅੱਜ ਤੋਂ ਹੋਵੇਗੀ ਵੋਟਿੰਗ ਮਸ਼ੀਨਾਂ ਦੀ ਚੈਕਿੰਗ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ ਵੀ ਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀ ਵੀ ਪੀ ਏ ਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫ ਐਲ ਸੀ) 12 ਨਵੰਬਰ ਤੋਂ ਸ਼ੁਰੂ ਹੋਵੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ.ਨੇ ਦੱਸਿਆ ਕਿ ਈ ਵੀ ਐਮਜ਼ ਅਤੇ ਵੀ ਵੀ ਪੀ ਏ ਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ।

ਸਰਕਾਰੀ ਸਹਾਇਤਾ ਤੋਂ ਸੱਖਣਾ ਇਤਿਹਾਸਕ ਪਿੰਡ ਅੱਚਰਵਾਲ



ਹਠੂਰ (ਨਛੱਤਰ ਸੰਧੂ) - ਰਾਏਕੋਟ ਵਿਧਾਨ ਸਭਾ ਹਲਕੇ ਦਾ ਇਤਿਹਾਸਕ ਪਿੰਡ ਅੱਚਰਵਾਲ ਸਰਕਾਰੀ ਦਇਆ ਤੋਂ ਸੱਖਣਾ ਚੱਲਿਆ ਆ ਰਿਹਾ ਹੈ। ਆਮ ਆਦਮੀ ਪਾਰਟੀ ਸਰਕਾਰ ਦੇ ਪੰਜ ਸਾਲ ਲੰਘ ਚੱਲੇ ਹਨ ਪਰ ਹਲਕਾ ਵਿਧਾਇਕ ਲਈ ਇਸ ਚਰਚਿਤ ਪਿੰਡ ਦਾ ਕੋਈ ਅਰਥ ਨਹੀਂ ਹੈ। ਜਿਸ ਪਿੰਡ ਵਿੱਚ ਛੇ ਗ਼ਦਰੀ ਯੋਧੇ, ਦੋ ਕੂਕਾ ਲਹਿਰ ਦੇ ਸੰਗਰਾਮੀਏ ਜਨਮੇ ਅਤੇ ਅੰਗਰੇਜ਼ੀ ਸਾਮਰਾਜ ਨਾਲ ਟੱਕਰ ਲੈਂਦਿਆਂ ਕੁਰਬਾਨੀਆਂ ਦਿੱਤੀਆਂ ਉਸ ਪਿੰਡ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੇ ਮਾਸੂਮਾਂ ਨੂੰ ਸਕੂਲ ਦੀ ਅਧੂਰੀ ਇਮਾਰਤ ਕਾਰਨ ਆਂਗਣਵਾੜੀ ਸੈਂਟਰ ਦੇ ਕਮਰਿਆਂ ਵਿੱਚ ਪੜ੍ਹਨ ਲਈ ਮਜਬੂਰ ਹੋਣਾ ਪੈ ਰਿਹਾ ਹੈ। ਬੱਚਿਆਂ ਦੇ ਖੇਡ ਮੈਦਾਨ 'ਚ ਗੰਦਗੀ ਅਤੇ ਮਲਬੇ ਨੇ ਕਬਜ਼ਾ ਜਮਾਇਆ ਹੋਇਆ ਹੈ। ਫਿਰਕੂਵਾਦ ਖਿਲਾਫ ਜਾਨ ਕੁਰਬਾਨ ਕਰਨ ਵਾਲੇ ਪਿੰਡ ਦੇ ਸਰਪੰਚ ਅਮਰ ਸਿੰਘ ਅੱਚਰਵਾਲ ਵੇਲੇ ਇਹ ਪਿੰਡ ਇਲਾਕੇ ਦਾ ਇਕ ਬੇਹਤਰੀਨ ਪਿੰਡ ਗਿਣਿਆਂ ਜਾਂਦਾ ਸੀ । ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਿਲਾ ਸਹਾਇਕ ਸੱਕਤਰ ਤਾਰਾ ਸਿੰਘ ਅੱਚਰਵਾਲ ਅਤੇ ਸਮੂਹ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਤੋਂ ਪਿੰਡ ਦੇ ਵਿਕਾਸ ਲਈ ਯੋਗ ਸਹਾਇਤਾ ਰਾਸ਼ੀ ਜਾਰੀ ਕਰਨ ਦੀ ਜ਼ੋਰਦਾਰ ਮੰਗ ਕੀਤੀ ਹੈ।

ਕਾਂਗਰਸੀ ਕੌਂਸਲਰ ਪੂਨੀਆ ਸੈਂਕੜੇ ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਿਲ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਤਿੰਨ ਵਾਰ ਦੇ ਕਾਂਗਰਸੀ ਕੌਂਸਲਰ ਅਤੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਦੇ ਵਿਦਿਆਰਥੀ ਸਮੇਂ ਦੇ ਮਿੱਤਰ ਗੁਰਦੇਵ ਸਿੰਘ ਪੂਨੀਆਂ ਨੇ 11ਨਵੰਬਰ ਨੂੰ ਵੱਡੇ ਸਮਾਗਮ ਦਾ ਆਯੋਜਨ ਕਰਕੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਦੀ ਅਗਵਾਈ ਹੇਠ ਆਪਣੇ ਸੈਂਕਡੇ ਸਾਥੀਆਂ ਸਮੇਤ ਕਾਂਗਰਸ ਛੱਡ ਕੇ ਅਕਾਲੀ ਦਲ ਵਿਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ । ਇਸ



ਮੌਕੇ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਗੁਰਦੇਵ ਸਿੰਘ ਪੂਨੀਆਂ ਦੇ ਅਕਾਲੀ ਦਲ ਵਿਚ ਸ਼ਾਮਲ ਹੋਣ ਨਾਲ ਅਕਾਲੀ ਦਲ ਅਤੇ ਉਹ ਦੋਨੋ ਹੀ ਤਾਕਤਵਰ ਹੋ ਗਏ ਹਨ, ਕਿਉਂਕਿ ਉਨ੍ਹਾਂ ਦੇ ਆਉਣ ਨਾਲ ਪਾਰਟੀ ਨੂੰ ਵਰਕਰਾਂ ਅਤੇ ਆਗੂਆਂ ਦੀ ਮਜਬੂਤੀ ਅਤੇ ਉਨ੍ਹਾਂ ਨੂੰ ਮਾਨਸਿਕ ਮਜਬੂਤੀ ਮਿਲੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪੂਨੀਆ ਨਾਲ ਉਨ੍ਹਾਂ ਦੇ ਰਾਜਸੀ ਵਖਰੇਵੇਂ ਸਨ ਪਰ ਸਮਾਜਿਕ ਤੋਰ 'ਤੇ ਇਕੱਠੇ ਹੀ ਵਿਚਰਦੇ ਸਨ। ਪਾਰਟੀ ਦੇ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰਾਜੂਖੰਨਾ ਨੇ ਕਿਹਾ ਗੁਰਦੇਵ ਸਿੰਘ ਪੂਨੀਆਂ ਵਰਗੇ ਸੰਘਰਸ਼ੀਲ ਆਗੂਆਂ ਦੇ ਅਕਾਲੀ ਦਲ ਵਿਚ ਸ਼ਾਮਲ ਹੋਣ ਨਾਲ ਪਾਰਟੀ ਹੋਰ ਮਜਬੂਤ ਹੋ ਗਈ ਹੈ ਅਤੇ ਸਾਨੂੰ ਵੀ ਉਨ੍ਹਾਂ ਤੋਂ ਕਾਫੀ ਕੁਝ ਸਿੱਖਣ ਨੂੰ ਮਿਲੇਗਾ। ਪਟਿਆਲਾ ਦਿਹਾਤੀ ਦੇ ਹਲਕਾ ਇੰਚਾਰਜ਼ ਜਸਪਾਲ ਸਿੰਘ ਬਿੱਟੂ ਚੱਠਾ ਨੇ ਕਿਹਾ ਕਿ ਗੁਰਦੇਵ ਪੂਨੀਆਂ ਨੇ ਇੱਕ ਵੱਡੇ ਭਰਾ ਦੀ ਤਰਾਂ ਉਨ੍ਹਾਂ ਨੇ ਗਾਈਡ ਤਾਂ ਹਮੇਸ਼ਾਂ ਹੀ ਕੀਤਾ ਹੈ ਪਰ ਅੱਜ ਅਕਾਲੀ ਦਲ ਵਿਚ ਸ਼ਾਮਲ ਹੋ ਕੇ ਉਨ੍ਹਾਂ ਨੇ ਅੱਗੇ ਲੱਗ ਕੇ ਮਾਰਗ ਦਿਖਾਉਣ ਦੀ ਜਿੰਮੇਵਾਰੀ ਵੀ ਸੰਭਾਲ ਲਈ ਹੈ। ਜਿਲਾ ਪ੍ਰਧਾਨ ਅਮਿਤ ਸਿੰਘ ਰਾਠੀ ਨੇ ਕਿਹਾ ਕਿ ਪੰਜਾਬ ਨਾਲ ਦਰਦ ਰੱਖਣ ਵਾਲੇ ਗੁਰਦੇਵ ਸਿੰਘ ਪੂਨੀਆ ਵਰਗੇ ਆਗੂਆਂ ਦਾ ਅਕਾਲੀ ਦਲ ਨਾਲ ਜੁੜਨਾ ਸ਼ੁਭ ਸੰਕੇਤ ਹੈ । ਇਸ ਮੌਕੇ ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸਮੁੱਚੀ ਲੀਡਰਸ਼ਿਪ ਨੇ ਗੁਰਦੇਵ ਸਿੰਘ ਪੂਨੀਆ ਨੂੰ ਸਨਮਾਨਤ ਕੀਤਾ। ਗੁਰਦੇਵ ਸਿੰਘ ਪੂਨੀਆ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਇਹ ਫੈਸਲਾ ਆਪਣੇ ਸਾਰੇ ਸਮਰਥਕਾਂ ਨਾਲ ਮਿਲ ਕੇ ਲਿਆ ਤੇ ਕਾਫੀ ਜਿਆਦਾ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਲਿਆ ਹੈ।

ਸਨੌਰ ਹਲਕੇ ਤੋਂ ਗੌਰਵ ਸੰਧੂ ਨੂੰ ਲੋਕਾਂ ਵੱਲੋਂ ਦਿੱਤਾ ਭਰਵਾਂ ਸਮਰਥਨ



ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ) – ਨੌਜਵਾਨ ਕਾਂਗਰਸੀ ਆਗੂ ਅਤੇ ਪੰਜਾਬ ਸੇਵਾ ਦਲ ਦੇ ਸੂਬਾ ਪ੍ਰਧਾਨ ਅਤੇ ਰਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਵੱਲੋਂ ਸਨੌਰ ਹਲਕੇ ਚ ਕਾਂਗਰਸ ਦੀ ਮਜਬੂਤੀ ਲਈ ਕੀਤੀ ਜਾ ਰਹੀ ਸਖ਼ਤ ਮਿਹਨਤ ਨਾਲ ਹਲਕਾ ਸਨੌਰ 'ਚ ਕਾਂਗਰਸ ਜਿਉਂਦੀ ਤੇ ਮਜ਼ਬੂਤ ਹੋ ਗਈ ਹੈ! ਹਲਕਾ ਸਨੌਰ 'ਚ ਲੋਕਾਂ ਦਾ ਉਹਨਾਂ ਨੂੰ ਭਰਵਾਂ ਸਮਰਥਨ ਮਿਲ ਰਿਹਾ ਹੈ! ਇਸ ਮੌਕੇ ਗੌਰਵ ਸੰਧੂ ਨੇ ਕਿਹਾ ਕਿ ਹੁਣ ਭਗਵੰਤ ਮਾਨ ਸਰਕਾਰ ਦੀ ਪੁੱਠੀ ਗਿਣਤੀ ਸ਼ੁਰੂ ਹੈ ਅਤੇ ਪੰਜਾਬ ਅੰਦਰ ਕਾਂਗਰਸ ਆਪਣੇ ਬਲਬੂਤੇ ਸਰਕਾਰ ਬਣਾਏਗੀ! ਉਹਨਾਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੇ ਪਿੰਡ ਫੱਗੂਵਾਲਾ ਵਿਖੇ 4 ਨਵੰਬਰ ਨੂੰ ਕਾਂਗਰਸ ਪਾਰਟੀ ਵੱਲੋਂ ਕੌਮੀ ਆਗੂ ਸ੍ਰੀ ਰਾਹੁਲ ਗਾਂਧੀ ਅਤੇ ਕਾਂਗਰਸ ਦੇ ਕੌਮੀ ਪ੍ਰਧਾਨ ਸ੍ਰੀ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਕਰਵਾਈ ਗਈ ਵਿਸ਼ਾਲ 'ਇਨਸਾਫ਼ ਰੈਲੀ' ਨੇ 2027 'ਚ ਹੋਣ ਜਾ ਰਹੀਆਂ ਚੋਣਾਂ 'ਚ ਕਾਂਗਰਸ ਦੀ ਜਿੱਤ ਦਾ ਮੁੱਢ ਬੰਨ ਦਿੱਤਾ ਹੈ । ਉਹਨਾਂ ਕਿਹਾ ਕਿ ਸ੍ਰੀ ਰਾਹੁਲ ਗਾਂਧੀ ਨੇ ਪੰਜਾਬ ਦੇ ਮੌਜੂਦਾ ਹਾਲਾਤਾਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਨਸ਼ਿਆਂ ਦੀ ਸਮੱਸਿਆ, ਗੈਂਗਸਟਰਵਾਦ, ਕਾਨੂੰਨ ਵਿਵਸਥਾ, ਕਿਸਾਨਾਂ ਦੇ ਮਸਲਿਆਂ ਅਤੇ ਨੌਜਵਾਨਾਂ ਦੇ ਭਵਿੱਖ ਵਰਗੇ ਅਹਿਮ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਇਆ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਪੰਜਾਬ ਦੇ ਹਿੱਤਾਂ ਲਈ ਕੰਮ ਕਰੇ ਅਤੇ ਸੂਬੇ ਦੇ ਫ਼ੈਸਲੇ ਪੰਜਾਬ ਦੇ ਲੋਕਾਂ ਦੀਆਂ ਲੋੜਾਂ ਅਤੇ ਇੱਛਾਵਾਂ ਅਨੁਸਾਰ ਲਵੇ। ਉਨ੍ਹਾਂ ਨੇ ਪੰਜਾਬ ਦੀ ਸਰਕਾਰ ਦੇ ਦਿੱਲੀ ਤੋਂ ਚਲਾਏ ਜਾਣ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਪੰਜਾਬ ਦੇ ਫ਼ੈਸਲੇ ਪੰਜਾਬ ਦੇ ਲੋਕਾਂ ਦੀ ਇੱਛਾ ਅਨੁਸਾਰ ਹੋਣੇ ਚਾਹੀਦੇ ਹਨ।

ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ ਅੱਖਾਂ ਦਾ ਮੁਫ਼ਤ ਕੈਂਪ 15 ਨੂੰ

ਮਾਲੇਰਕੋਟਲਾ, (ਅਸਗਰ ਪਰਿਹਾਰ)-ਸਮਾਜ ਸੇਵਾ ਦੇ ਖੇਤਰ ਵਿੱਚ ਮੋਹਰੀ ਸੰਸਥਾ ਰੋਟਰੀ ਕਲੱਬ ਮਾਲੇਰਕੋਟਲਾ ਦੇ ਬੋਰਡ ਆਫ਼ ਡਾਇਰੈਕਟਰਜ਼ ਦੀ ਇੱਕ ਅਹਿਮ ਮੀਟਿੰਗ ਸਥਾਨਕ ਸਕੂਲ



ਫਾਰ ਬਲਾਈਂਡ ਐਂਡ ਡਿਸਏਬਲਡ ਵਿਖੇ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਕਲੱਬ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਨੇ ਕੀਤੀ, ਜਿਸ ਵਿੱਚ ਆਉਣ ਵਾਲੀ 15 ਨਵੰਬਰ ਨੂੰ ਲਗਾਏ ਜਾ ਰਹੇ ਵਿਸ਼ਾਲ ਮੁਫ਼ਤ ਅੱਖਾਂ ਦੇ ਕੈਂਪ ਦੇ ਪ੍ਰਬੰਧਾਂ ਤੇ ਤਿਆਰੀਆਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ ਗਿਆ।ਇਸ ਮੌਕੇ ਕੈਂਪ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਵੱਖ-ਵੱਖ ਮੈਂਬਰਾਂ ਨੂੰ ਪ੍ਰਬੰਧਕੀ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਤੇ ਵੱਖ-ਵੱਖ ਪਹਿਲੂਆਂ ਬਾਰੇ ਡੂੰਘੀ ਵਿਚਾਰ-ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਕੈਂਪ ਇੰਚਾਰਜ ਡਾ. ਮੁਹੰਮਦ ਸ਼ਬੀਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 15 ਨਵੰਬਰ ਨੂੰ ਲੱਗਣ ਵਾਲੇ ਇਸ ਵਿਸ਼ਾਲ ਕੈਂਪ ਦਾ ਮੁੱਖ ਉਦੇਸ਼ ਅੱਖਾਂ ਦੀਆਂ ਬਿਮਾਰੀਆਂ ਤੋਂ ਪੀੜਤ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਮਾਹਰ ਡਾਕਟਰਾਂ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ ਤੇ ਜਿਨ੍ਹਾਂ ਮਰੀਜ਼ਾਂ ਨੂੰ ਆਪ੍ਰੇਸ਼ਨ ਦੀ ਲੋੜ ਹੋਵੇਗੀ, ਉਨ੍ਹਾਂ ਦੇ ਅੱਖਾਂ ਦੇ ਆਪ੍ਰੇਸ਼ਨ ਬਿਲਕੁਲ ਮੁਫ਼ਤ ਕੀਤੇ ਜਾਣਗੇ।ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਡਾਕਟਰੀ ਸਲਾਹ ਅਨੁਸਾਰ ਦਵਾਈਆਂ ਤੇ ਐਨਕਾਂ ਵੀ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ।ਕਲੱਬ ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਫ਼ਤ ਅੱਖਾਂ ਦੇ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਗੁਰਦੁਆਰਾ ਮੰਜੀ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਗੁਰਿਆਈ ਪੁਰਬ ਮਨਾਇਆ



ਭਵਾਨੀਗੜ੍ਹ, (ਰਾਜ ਖੁਰਮੀ) : ਗੁਰਦੁਆਰਾ ਸ੍ਰੀ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਤੇ ਯਾਦਗਾਰ ਮਾਤਾ ਗੁਜਰ ਕੌਰ ਜੀ, ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਆਲੋਅਰਖ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਿਆਈ ਪੁਰਬ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਗੁਰਦਿੱਤ ਸਿੰਘ ਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ।ਇਸ ਮੌਕੇ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਰਾਜਿੰਦਰਪਾਲ ਸਿੰਘ ਨਾਭੇ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਦਿਆਂ ਦੱਸਿਆ ਕਿ ਕੱਤਕ ਸੁਦੀ ਦੂਜ, ਸੰਮਤ 1765 ਬਿਕ੍ਰਮੀ (1708 ਈਸਵੀ) ਦਾ ਦਿਨ ਸਿੱਖ ਇਤਿਹਾਸ ਵਿੱਚ ਬੇਹੱਦ ਮਹੱਤਵਪੂਰਨ ਸਥਾਨ ਰੱਖਦਾ ਹੈ।ਇਸ ਪਾਵਨ ਦਿਹਾੜੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਜੋਤੀ ਜੋਤਿ ਸਮਾਉਣ ਤੋਂ ਪਹਿਲਾਂ ਦਸਾਂ ਪਾਤਸ਼ਾਹੀਆਂ ਦੀ ਆਤਮਿਕ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਜੁਗੋ-ਜੁੱਗ ਅਟੱਲ ਗੁਰਿਆਈ ਬਖ਼ਸ਼ੀ ਸੀ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਮੁੱਚੀ ਸਿੱਖ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਦੀਵੀ ਗੁਰੂ ਮੰਨਣ ਦਾ ਹੁਕਮ ਕਰਦਿਆਂ ਸਿੱਖ ਪੰਥ ਨੂੰ ਸਦੀਵੀ ਅਗਵਾਈ ਦਾ ਆਧਾਰ ਬਖ਼ਸ਼ਿਆ।ਇਸ ਮੌਕੇ ਨੰਬਰਦਾਰ ਬਲਦੇਵ ਸਿੰਘ, ਹੈੱਡ ਗ੍ਰੰਥੀ ਬਾਬਾ ਤਰਲੋਚਨ ਸਿੰਘ, ਗ੍ਰੰਥੀ ਭਾਈ ਜਗਤਾਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਘਰੇਲੂ ਝਗੜੇ ਦੇ ਚਲਦਿਆਂ ਦੋ ਸਕੇ ਭਰਾਵਾਂ 'ਚ ਖ਼ੂਨੀ ਤਕਰਾਰ

ਇੱਕ ਭਰਾ ਨੇ ਦੂਜੇ ਭਰਾ ਨੂੰ ਮਾਰੀਆਂ ਗੋਲੀਆਂ, ਮੌਕੇ 'ਤੇ ਹੋਈ ਮੌਤ

ਮਜੀਠਾ (ਸੋਇਮ ਆਨੰਦ)- ਪੁਲਸ ਥਾਣਾ ਕੰਬੋਅ (ਅੰਮ੍ਰਿਤਸਰ ਦਿਹਾਤੀ) ਦੇ ਅਧੀਨ ਆਉਂਦੇ ਪਿੰਡ ਪੰਡੋਰੀ ਵੜੈਚ ਵਿਖੇ ਇੱਕ ਬੇਹੱਦ



ਮੰਦਭਾਗੀ ਅਤੇ ਸਨਸਨੀਖੇਜ਼ ਵਾਰਦਾਤ ਸਾਹਮਣੇ ਆਈ ਹੈ, ਜਿੱਥੇ ਘਰੇਲੂ ਝਗੜੇ ਦੇ ਚੱਲਦਿਆ ਇੱਕ ਵਿਅਕਤੀ ਨੇ ਆਪਣੇ ਹੀ ਸਕੇ ਭਰਾ ਨੂੰ ਦੋ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ। ਪ੍ਰਾਪਤ ਜਾਣਕਾਰੀ ਅਨੁਸਾਰ ਕਰਮਦੀਪ ਸਿੰਘ ਉਰਫ਼ ਕੈਮੀ ਵਾਸੀ ਪੰਡੋਰੀ ਵੜੈਚ ਦਾ ਆਪਣੇ ਭਰਾ ਸਿਮਰਦੀਪ ਉਰਫ਼ ਪ੍ਰਿੰਸ ਨਾਲ ਕਿਸੇ ਗੱਲ ਨੂੰ ਲੈ ਕੇ ਤਕਰਾਰ ਹੋ ਗਿਆ ਤੇ ਝਗੜਾ ਇੰਨਾ ਵਧ ਗਿਆ ਕਿ ਕਰਮਦੀਪ ਸਿੰਘ ਨੇ ਤਹਿਸ਼ ਵਿੱਚ ਆ ਕੇ ਪ੍ਰਿੰਸ 'ਤੇ ਦੋ ਗੋਲੀਆਂ ਚਲਾ ਦਿੱਤੀਆਂ। ਗੋਲੀਆਂ ਲੱਗਣ ਕਾਰਨ ਪ੍ਰਿੰਸ ਦੀ ਮੌਕੇ ਤੇ ਹੀ ਦਰਦਨਾਕ ਮੌਤ ਹੋ ਗਈ ਜਦਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਦੋਸ਼ੀ ਕਰਮਦੀਪ ਸਿੰਘ ਆਪਣੇ ਪੂਰੇ ਪਰਿਵਾਰ ਸਮੇਤ ਮੌਕੇ ਤੋਂ ਫ਼ਰਾਰ ਹੋ ਗਿਆ।ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਕੰਬੋਅ ਦੀ ਪੁਲਿਸ ਪਾਰਟੀ ਮੌਕੇ ਤੇ ਪਹੁੰਚੀ ਤੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਤੇ ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਫ਼ਰਾਰ ਦੋਸ਼ੀ ਦੀ ਭਾਲ ਲਈ ਛਾਪੇਮਾਰੀ ਜਾਰੀ ਹੈ।

ਪੰਜਾਬ ਮੰਡੀ ਬੋਰਡ ਨੂੰ ਮੇਜਰ ਇਨੋਵੇਸ਼ਨ ਐਵਾਰਡ ਮਿਲਣਾ ਦੇਸ਼ ਲਈ ਮਾਣ ਵਾਲੀ ਗੱਲ : ਬਰਸਟ



ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਮੰਡੀ ਬੋਰਡ ਨੂੰ ਚੀਨ ਵਿਖੇ ਆਯੋਜਿਤ ਅੰਤਰਰਾਸ਼ਟਰੀ ਕਾਨਫਰੰਸ ਦੌਰਾਨ ਵਰਲਡ ਯੂਨੀਅਨ ਆਫ਼ ਹੋਲਸੇਲ ਮਾਰਕਿਟਸ ਦੇ 'ਮੇਜਰ ਇਨੋਵੇਸ਼ਨ ਐਵਾਰਡ' ਨਾਲ ਸਨਮਾਨਿਤ ਕੀਤੇ ਜਾਣ ਦੀ ਖ਼ੁਸ਼ੀ ਵਿੱਚ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਬੋਰਡ ਦੇ ਸਮੂਹ ਉੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸਮਾਰੋਹ ਦੌਰਾਨ ਮੁੱਖ ਦਫ਼ਤਰ ਵਿਖੇ ਖ਼ੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ। ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਇਸ ਅੰਤਰਰਾਸ਼ਟਰੀ ਪ੍ਰਾਪਤੀ ਲਈ ਵਧਾਈ ਦਿੱਤੀ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਇਹ ਐਵਾਰਡ ਸਿਰਫ਼ ਪੰਜਾਬ ਮੰਡੀ ਬੋਰਡ ਦਾ ਹੀ ਨਹੀਂ, ਸਗੋਂ ਪੂਰੇ ਪੰਜਾਬ ਅਤੇ ਦੇਸ਼ ਦਾ ਮਾਣ-ਸਨਮਾਨ ਹੈ। ਇਹ ਪ੍ਰਾਪਤੀ ਮੰਡੀ ਬੋਰਡ ਦੇ ਹਰ ਅਧਿਕਾਰੀ, ਕਰਮਚਾਰੀ ਅਤੇ ਸਟਾਫ਼ ਦੀ ਦਿਨ-ਰਾਤ ਦੀ ਅਣਥੱਕ ਮਿਹਨਤ, ਸਮਰਪਣ ਅਤੇ ਇਮਾਨਦਾਰੀ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਅੰਤਰਰਾਸ਼ਟਰੀ ਸਨਮਾਨ ਸਾਡੀ ਜ਼ਿੰਮੇਵਾਰੀ ਨੂੰ ਹੋਰ ਵਧਾ ਦਿੰਦੇ ਹਨ, ਤਾਂ ਜੋ ਭਵਿੱਖ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਖਪਤਕਾਰਾਂ ਲਈ ਹੋਰ ਬਿਹਤਰ ਅਤੇ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਇਸ ਮੌਕੇ ਕੁਮਾਰ ਅਮਿਤ ਸਕੱਤਰ ਪੰਜਾਬ ਮੰਡੀ ਬੋਰਡ, ਜਤਿੰਦਰ ਸਿੰਘ ਭੰਗੂ ਇੰਜੀਨੀਅਰ-ਇਨ-ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਅਮਨਦੀਪ ਸਿੰਘ ਮੁੱਖ ਇੰਜੀਨੀਅਰ ਸਮੇਤ ਸਮੂਹ ਡੀ ਜੀ ਐੱਮ ਅਤੇ ਹੋਰ ਉੱਚ ਅਧਿਕਾਰੀ ਮੌਜੂਦ ਰਹੇ।ਇਸ ਦੇ ਨਾਲ ਹੀ ਪੰਜਾਬ ਮੰਡੀ ਬੋਰਡ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਵੀ ਚੇਅਰਮੈਨ ਹਰਚੰਦ ਸਿੰਘ ਬਰਸਟ ਨੂੰ ਫੁੱਲਾਂ ਦਾ ਗੁਲਦਸਤਾਂ ਦੇ ਕੇ ਇਸ ਅੰਤਰਰਾਸ਼ਟਰੀ ਪ੍ਰਾਪਤੀ ਲਈ ਵਧਾਈ ਦਿੱਤੀ ਗਈ। ਸਮਾਰੋਹ ਦੇ ਅੰਤ ਵਿੱਚ ਮੂੰਹ ਮਿੱਠਾ ਕਰਵਾ ਕੇ ਇਸ ਖ਼ੁਸ਼ੀ ਨੂੰ ਮਨਾਇਆ ਗਿਆ।

ਜ਼ਿਲ੍ਹਾ ਤੇ ਚੋਣ ਹਲਕਾ ਪੱਧਰ ਤੇ ਸਕੂਲਾਂ/ ਕਾਲਜਾਂ 'ਚ ਲੇਖ ਲਿਖਣ ਤੇ ਪ੍ਰਸ਼ਨੋਤਰੀ ਮੁਕਾਬਲੇ ਕਰਵਾਏ ਜਾਣਗੇ : ਡਿਪਟੀ ਕਮਿਸ਼ਨਰ

ਬਟਾਲਾ (ਡਾ. ਮਲਵਿੰਦਰ ਸਿੰਘ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਦਿਤਿਆ ਉੱਪਲ ਵੱਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਗਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਗਾਮੀ ਵਿਧਾਨ ਸਭਾ ਸਭਾ ਚੋਣਾਂ-2027 ਦੀਆਂ ਤਿਆਰੀਆਂ ਆਰੰਭ ਹੋ ਗਈਆਂ ਹਨ।ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਵਿਦਿਆਰਥੀਆਂ ਵਿਚ ਵੋਟ ਦੇ ਮਹੱਤਵ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਮੰਤਵ ਨਾਲ ਲੇਖ ਲਿਖਣ ਤੇ ਕੁਇਜ਼ ਮੁਕਾਬਲੇ ਕਰਵਾਏ ਜਾਣੇ ਹਨ।ਇਹ ਮੁਕਾਬਲੇ ਚੋਣ ਸਾਖਰਤਾ ਕਲੱਬਾਂ ਰਾਹੀਂ ਜ਼ਿਲ੍ਹਾ ਪੱਧਰ ਅਤੇ ਚੋਣ ਹਲਕਾ ਪੱਧਰ 'ਤੇ ਸਕੂਲਾਂ ਅਤੇ ਕਾਲਜਾਂ ਵਿਚ ਕਰਵਾਏ ਜਾਣੇ ਹਨ।11 ਅਤੇ 12 ਨਵੰਬਰ ਨੂੰ ਸੰਸਥਾ-ਪੱਧਰੀ ਦੌਰ ਤਹਿਤ ਹਰੇਕ ਮੁਕਾਬਲੇ ਲਈ 2 ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ, ਜਦਕਿ 16 ਨਵੰਬਰ ਨੂੰ ਵਿਧਾਨ ਸਭਾ ਹਲਕਾ ਪੱਧਰੀ ਦੌਰ ਵਿਚ ਪ੍ਰਤੀ ਮੁਕਾਬਲਾ ਹਰੇਕ ਵਿਧਾਨ ਸਭਾ ਹਲਕੇ ਵਿਚੋਂ 10 ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ, ਜ਼ਿਲ੍ਹਾ ਪੱਧਰੀ ਮੁਕਾਬਲਾ 18 ਨਵੰਬਰ ਨੂੰ ਹੋਵੇਗਾ ਅਤੇ 20 ਨਵੰਬਰ ਨੂੰ ਨਤੀਜਿਆਂ ਦਾ ਐਲਾਨ ਕਰਦਿਆਂ ਸਰਟੀਫਿਕੇਟ ਜਾਰੀ ਕੀਤੇ ਜਾਣਗੇ।ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪੱਧਰ ਅਤੇ ਚੋਣ ਹਲਕਾ ਪੱਧਰ 'ਤੇ ਸਕੂਲਾਂ ਅਤੇ ਕਾਲਜਾਂ ਵਿਚ ਸਵੀਪ ਜਾਗਰੂਕਤਾ ਗਤੀਵਿਧੀਆਂ ਦਾ ਵਿਸ਼ੇਸ਼ ਮਹੱਤਵ ਹੈ ਤਾਂ ਜੋ ਵਿਦਿਆਰਥੀਆਂ ਰਾਹੀਂ ਉਨ੍ਹਾਂ ਦੇ ਮਾਪਿਆਂ ਅਤੇ ਸਮਾਜ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਸਕੇ।

ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਕੀਤਾ ਸਨਮਾਨਿਤ



ਛੇਹਰਟਾ, (ਮਨੋਜ ਕੁਮਾਰ) : ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਵਾਰਡ ਨੰਬਰ 14 ਤੋਂ ਸਮਾਜ ਸੇਵਕ ਅਨੁਜ ਖੇਮਕਾ, ਤਰਸੇਮ ਸਿੰਘ ਤੇ ਭਾਜਪਾ ਆਗੂ ਲਾਲੀ ਸਿੰਘ ਨੇ ਸਨਮਾਨਿਤ ਕੀਤਾ।

ਅਨੁਜ ਖੇਮਕਾ ਨੇ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਭਾਜਪਾ ਵਿਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕੁੰਵਰ ਵਿਜੇ ਪ੍ਰਤਾਪ ਸਿੰਘ ਦੇ ਭਾਜਪਾ ਵਿਚ ਆਉਣ ਨਾਲ ਪਾਰਟੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਇਕ ਇਮਾਨਦਾਰ ਨੇਤਾ ਹਨ ਤੇ ਅੰਮ੍ਰਿਤਸਰ ਸਮੇਤ ਸਾਰੇ ਪੰਜਾਬ ਦੇ ਲੋਕ ਉਨ੍ਹਾਂ ਦਾ ਬਹੁਤ ਮਾਣ-ਸਨਮਾਨ ਕਰਦੇ ਹਨ। ਖੇਮਕਾ ਨੇ ਕਿਹਾ ਕਿ ਉਨ੍ਹਾਂ ਦੀ ਸਾਰੀ ਟੀਮ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਸੂਬੇ ਵਿਚ ਭਾਜਪਾ ਦੀ ਸਰਕਾਰ ਬਣਾਉਣ ਲਈ ਸਖ਼ਤ ਮਿਹਨਤ ਕਰੇਗੀ।

ਰਾਣਾ ਸਵਰਾਜ ਯੂਨੀਵਰਸਲ ਪਬਲਿਕ ਸਕੂਲ ਵਿਖੇ ਦੋ ਰੋਜ਼ਾ ਖੇਡ ਮੇਲਾ ਸਫਲਤਾਪੂਰਵਕ ਸੰਪੰਨ



ਧਾਰੀਵਾਲ (ਮਨਦੀਪ ਵਿੱਕੀ) ਰਾਣਾ ਸਵਰਾਜ ਯੂਨੀਵਰਸਲ ਪਬਲਿਕ ਸਕੂਲ ਲੇਹਲ ਧਾਰੀਵਾਲ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਸਰੀਰਕ ਤੰਦਰੁਸਤੀ ਅਤੇ ਖੇਡਾਂ ਪ੍ਰਤੀ ਰੁਚੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਦੋ ਰੋਜ਼ਾ ਖੇਡ ਮੇਲਾ ਬੜੇ ਜੋਸ਼ੋ-ਖਰੋਸ਼ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਖੇਡ ਮੇਲੇ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਪੂਰੇ ਜੋਸ਼, ਆਤਮ-ਵਿਸ਼ਵਾਸ ਅਤੇ ਖੇਡ ਭਾਵਨਾ ਨਾਲ ਭਾਗ ਲਿਆ।ਇਸ ਦੋ ਰੋਜ਼ਾ ਖੇਡ ਮੇਲੇ ਦੌਰਾਨ ਨੰਨ੍ਹੇ-ਮੁੰਨੇ ਬੱਚਿਆਂ ਤੋਂ ਲੈ ਕੇ ਵੱਡੀਆਂ ਜਮਾਤਾਂ ਦੇ ਵਿਦਿਆਰਥੀਆਂ ਲਈ ਕਈ ਦਿਲਚਸਪ ਅਤੇ ਰੋਮਾਂਚਕ ਮੁਕਾਬਲੇ ਕਰਵਾਏ ਗਏ।ਇਨ੍ਹਾਂ ਵਿੱਚ ਸਪੂਨ ਲੈਮਨ ਰੇਸ, ਬਨਾਨਾ ਰੇਸ, ਫਰੌਗ ਰੇਸ, ਸਪੂਨ ਕੈਂਡੀ ਰੇਸ, ਪਿੱਕ ਬਾਲ ਐਂਡ ਰਨ ਰੇਸ, ਥ੍ਰੀ-ਲੈਗਡ ਰੇਸ, ਸੈਕ ਰੇਸ, 50 ਮੀਟਰ, 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜਾਂ ਦੇ ਨਾਲ-ਨਾਲ ਰਿਲੇਅ ਰੇਸ ਅਤੇ ਰੱਸਾਕਸ਼ੀ ਦੇ ਮੁਕਾਬਲੇ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ। ਖੇਡ ਮੈਦਾਨ ਵਿੱਚ ਵਿਦਿਆਰਥੀਆਂ ਦਾ ਉਤਸ਼ਾਹ, ਦਰਸ਼ਕਾਂ ਦੀ ਹੌਸਲਾ-ਅਫ਼ਜ਼ਾਈ ਅਤੇ ਜਿੱਤ ਪ੍ਰਾਪਤ ਕਰਨ ਦਾ ਜਜ਼ਬਾ ਦੇਖਣਯੋਗ ਸੀ।

ਚੋਣ ਸਰਗਰਮੀਆਂ ਤਹਿਤ ਪ੍ਰੋ. ਹਰਪ੍ਰੀਤ ਸਿੰਘ ਕੋਟ ਦੇ ਹੱਕ 'ਚ ਨੌਜਵਾਨਾਂ ਨੇ ਖੋਲ੍ਹਿਆ ਮੋਰਚਾ



ਚੋਹਲਾ ਸਾਹਿਬ (ਰਮਨ ਚੱਢਾ)- ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਹਲਕਾ ਖਡੂਰ ਸਾਹਿਬ ਵਿੱਚ ਸਿਆਸੀ ਸਰਗਰਮੀਆਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਇਸੇ ਲੜੀ ਤਹਿਤ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਬੁਲਾਰੇ ਅਤੇ ਸੀਨੀਅਰ ਆਗੂ ਪ੍ਰੋ. ਹਰਪ੍ਰੀਤ ਸਿੰਘ ਕੋਟ ਨੇ ਹਲਕੇ ਵਿੱਚ ਆਪਣੀਆਂ ਚੋਣ ਸਰਗਰਮੀਆਂ ਨੂੰ ਹੋਰ ਤੇਜ਼ ਕਰ ਦਿੱਤਾ ਹੈ। ਹਲਕੇ ਦੇ ਨੌਜਵਾਨ ਵਰਗ ਵਲੋਂ ਪ੍ਰੋ. ਕੋਟ ਦੇ ਹੱਕ ਵਿੱਚ ਡਟ ਕੇ ਖੜ੍ਹਨ ਦਾ ਵੱਡਾ ਫੈਸਲਾ ਲਿਆ ਗਿਆ ਹੈ।ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਪ੍ਰੋ. ਹਰਪ੍ਰੀਤ ਸਿੰਘ ਕੋਟ ਨੇ ਦੱਸਿਆ ਕਿ ਹਲਕੇ ਦੇ ਹਰ ਵਰਗ ਵੱਲੋਂ ਉਨ੍ਹਾਂ ਨੂੰ ਭਰਵਾਂ ਸਮਰਥਨ ਮਿਲ ਰਿਹਾ ਹੈ, ਪਰ ਨੌਜਵਾਨਾਂ ਵਿੱਚ ਇੱਕ ਵੱਖਰਾ ਹੀ ਉਤਸ਼ਾਹ ਅਤੇ ਜਜ਼ਬਾ ਵੇਖਣ ਨੂੰ ਮਿਲ ਰਿਹਾ ਹੈ। ਪਿੰਡ-ਪਿੰਡ ਵਿੱਚ ਨੌਜਵਾਨ ਆਪ ਮੁਹਾਰੇ ਆਮ ਆਦਮੀ ਪਾਰਟੀ ਦੇ ਪ੍ਰਚਾਰ ਦੀ ਕਮਾਨ ਸੰਭਾਲ ਰਹੇ ਹਨ।ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਪਹੁੰਚੇ ਨੌਜਵਾਨਾਂ ਨੇ ਪ੍ਰੋ. ਕੋਟ ਨਾਲ ਵਿਸ਼ੇਸ਼ ਮੀਟਿੰਗ ਕੀਤੀ ਅਤੇ ਵਿਸ਼ਵਾਸ ਦਵਾਇਆ ਕਿ ਉਹ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨਗੇ।ਨੌਜਵਾਨਾਂ ਨੇ ਐਲਾਨ ਕੀਤਾ ਕਿ ਹਰ ਪਿੰਡ ਵਿੱਚ ਵਿਸ਼ੇਸ਼ ਟੀਮਾਂ ਗਠਿਤ ਕੀਤੀਆਂ ਜਾਣਗੀਆਂ, ਜੋ ਦਿਨ-ਰਾਤ ਮਿਹਨਤ ਕਰਕੇ ਪ੍ਰੋ. ਹਰਪ੍ਰੀਤ ਸਿੰਘ ਕੋਟ ਨੂੰ ਖਡੂਰ ਸਾਹਿਬ ਤੋਂ ਵੱਡੀ ਲੀਡ ਨਾਲ ਜਿਤਾਉਣ ਲਈ ਕੰਮ ਕਰਨਗੀਆਂ।

ਜਸਬੀਰ ਸਿੰਘ ਬਿੰਦਰਾ ਆਪਣੀ ਪਤਨੀ ਸਮੇਤ ਹੋਏ ਲਾਪਤਾ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਬੀਤੇ ਦਿਨੀ ਅੰਮ੍ਰਿਤਸਰ ਦੇ ਵਸਨੀਕ ਜਸਬੀਰ ਸਿੰਘ ਬਿੰਦਰਾ ਅਤੇ ਉਨ੍ਹਾਂ ਦੀ ਧਰਮ ਪਤਨੀ ਇੰਦਰਜੀਤ ਕੌਰ ਬਿੰਦਰਾ ਘਰੋਂ ਦਵਾਈ ਲੈਣ ਲਈ ਬਜ਼ਾਰ ਗਏ ਅਤੇ ਮੁੜ ਘਰ ਨਹੀਂ ਪਰਤੇ। ਇਹ ਦੋਵੇਂ ਪਤੀ ਪਤਨੀ 22 ਅਕਤੂਬਰ ਦਿਨ



ਵੀਰਵਾਰ ਨੂੰ ਘਰੋਂ ਗਏ ਸਨ ਅਤੇ ਮੁੜ ਘਰ ਨਹੀਂ ਪਰਤੇ ਇਨ੍ਹਾਂ ਦੀ ਗੁੰਮਸ਼ਦਾ ਦੀ ਇਤਲਾਹ ਪੁਲਸ ਥਾਣਾ ਸੁਲਤਾਨਵਿੰਡ ਵਿਖੇ 27 ਅਕਤੂਬਰ ਨੂੰ ਕਰਵਾਈ ਗਈ ਪਰ ਅਜੇ ਤੱਕ ਇਨਾਂ ਦੀ ਕੋਈ ਇਤਲਾਹ ਨਹੀਂ ਮਿਲੀ। ਇਨ੍ਹਾਂ ਦੋਵਾਂ ਦੇ ਮੋਬਾਈਲ ਫੋਨ ਬੰਦ ਆ ਰਹੇ ਹਨ।ਗੁੰਮਸ਼ੁਦਗੀ ਦੀ ਇਤਲਾਹ ਇਨ੍ਹਾਂ ਦੇ ਸਪੁੱਤਰ ਸਿਮਰਨ ਸਿੰਘ ਨੇ ਦਿੱਤੀ। ਸਿਮਰਨ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੇਰੇ ਮਾਤਾ ਪਿਤਾ ਦੀ ਇਤਲਾਂਹ ਜਾਂ ਉਨ੍ਹਾਂ ਬਾਰੇ ਦੱਸਣ ਵਾਲੇ ਨੂੰ ਵਾਜਿਬ ਇਨਾਮ ਵੀ ਦਿੱਤਾ ਜਾਵੇਗਾ।ਜਸਬੀਰ ਸਿੰਘ ਬਿੰਦਰਾਂ ਜੋ ਕਿ ਗੁਰੂ ਨਾਨਕ ਮਾਰਕੀਟ ਅੰਮ੍ਰਿਤਸਰ ਵਿਖੇ ਹੋਲਸੇਲ ਰੈਡੀਮੇਡ ਦੀ ਦੁਕਾਨ ਕਰਦੇ ਹਨ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੇਰੇ ਮਾਤਾ ਪਿਤਾ ਦਾ ਜਲਦੀ ਤੋਂ ਜਲਦੀ ਪਤਾ ਕਰਕੇ ਅਤੇ ਉਨ੍ਹਾਂ ਨੂੰ ਘਰ ਲਿਆਂਦਾ ਜਾਵੇ।

ਸ਼ੈਰੀ ਕਲਸੀ ਨੇ ਲੀਲ ਖੁਰਦ ਵਿਖੇ ਲਾਭਪਾਤਰੀਆਂ ਨੂੰ ਵੰਡੇ ਜਾਇਦਾਦ ਦੀ ਮਾਲਕੀ ਵਾਲੇ ਪ੍ਰਾਪਰਟੀ ਕਾਰਡ

ਬਟਾਲਾ (ਡਾ. ਮਲਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਲਾਲ ਲਕੀਰ ਦੇ ਵਸਨੀਕਾਂ ਨੂੰ ਉਨ੍ਹਾਂ ਦੀ ਜਾਇਦਾਦ ਦੇ ਹੱਕ ਦੇਣ ਲਈ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਲੀਲ ਖੁਰਦ ਵਿਖੇ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡਾਂ ਦੀ ਵੰਡ ਕੀਤੀ ਗਈ।ਇਸ ਮੌਕੇ ਕਰਵਾਏ ਸਮਾਗਮ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਮੇਰਾ ਘਰ-ਮੇਰੇ ਨਾਮ' ਸਕੀਮ ਦਾ ਮੁੱਖ ਮੰਤਵ ਲਾਲ ਲਕੀਰ ਅੰਦਰ ਰਹਿੰਦੇ ਪੰਜਾਬ ਦੇ ਹਰੇਕ ਯੋਗ ਪਰਿਵਾਰ ਨੂੰ ਆਪਣੇ ਘਰ ਦੀ ਮਾਲਕੀ ਦੇ ਹੱਕ ਦਿਵਾਉਣਾ ਹੈ ਅਤੇ ਇਸ ਦਿਸ਼ਾ ਵਿਚ ਇਹ ਸਕੀਮ ਮੀਲ ਪੱਥਰ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਵਿਚ ਬਹੁਤ ਸਾਰੇ ਪਰਿਵਾਰ ਦਹਾਕਿਆਂ ਤੋਂ ਲਾਲ ਡੋਰੇ ਅੰਦਰ ਰਹਿ ਰਹੇ ਹਨ, ਜਿਨ੍ਹਾਂ ਕੋਲ ਮਾਲਕੀ ਦਾ ਰਸਮੀ ਰਿਕਾਰਡ ਨਾ ਹੋਣ ਕਰਕੇ ਆਪਣੀ ਜ਼ਿੰਦਗੀ ਵਿਚ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਇਸ ਸਕੀਮ ਨੇ ਅਜਿਹੀਆਂ ਸਾਰੀਆਂ ਸਮੱਸਿਆਵਾਂ ਦਾ ਜੜ੍ਹੋਂ ਹੱਲ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਇਸ ਲੋਕ ਪੱਖੀ ਪਹਿਲਕਦਮੀ ਨੇ ਲਾਲ ਲਕੀਰ ਦੇ ਵਸਨੀਕਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਹੋਰ ਮਜ਼ਬੂਤ ਕੀਤਾ ਹੈ।ਉਨ੍ਹਾਂ ਕਿਹਾ ਕਿ ਮਾਲਕੀ ਮਿਲਣ ਨਾਲ



ਲੋਕਾਂ ਅੰਦਰ ਆਪਣੇ ਘਰਾਂ ਦੀ ਸੰਭਾਲ, ਸੁਧਾਰ ਅਤੇ ਭਵਿੱਖ ਦੇ ਯੋਜਨਾਬੰਦੀ ਦਾ ਭਰੋਸਾ ਹੋਰ ਵਧੇਗਾ ਅਤੇ ਉਹ ਆਪਣੀਆਂ ਪ੍ਰਾਪਰਟੀਆਂ ਖਰੀਦ-ਵੇਚ ਸਕਣਗੇ, ਜਿਨ੍ਹਾਂ ਦੀਆਂ ਪ੍ਰਾਪਰਟੀਆਂ ਦਾ ਮੁਕੰਮਲ ਵੇਰਵਾ ਹੁਣ ਮਾਲ ਵਿਭਾਗ ਦੇ ਰਿਕਾਰਡ ਵਿਚ ਦਰਜ ਹੋਵੇਗਾ।ਇਸ ਦੌਰਾਨ ਪ੍ਰਾਪਰਟੀ ਕਾਰਡ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਮਾਲਕੀ ਦੇ ਦਸਤਾਵੇਜ਼ ਮਿਲਣ ਨਾਲ ਉਨ੍ਹਾਂ ਦੇ ਹੱਕ ਅਤੇ ਸਨਮਾਨ ਨੂੰ ਨਵੀਂ ਮਜ਼ਬੂਤੀ ਮਿਲੀ ਹੈ ਜੋ ਭਵਿੱਖ ਵਿਚ ਉਨ੍ਹਾਂ ਦੀ ਚਹੁੰਮੁਖੀ ਤਰੱਕੀ ਵਿਚ ਵੱਡਮੁਲਾ ਯੋਗਦਾਨ ਪਾਵੇਗੀ।

ਲੜਕੀਆਂ ਲਈ ਫੌਜੀ ਭਰਤੀ ਰੈਲੀ 14 ਨੂੰ

ਜਲੰਧਰ (ਸੁਰਿੰਦਰ ਕੁਮਾਰ)- ਇੱਕ ਵਿਸ਼ੇਸ਼ ਮੌਕਾ ਦੇਣ ਲਈ ਲੜਕੀਆਂ ਲਈ ਫੌਜੀ ਭਰਤੀ ਰੈਲੀ 14 ਨਵੰਬਰ ਨੂੰ ਸਰਕਾਰੀ ਕਾਲਜ ਅਤੇ ਖੇਡ ਕਾਲਜ ਜਲੰਧਰ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਦੇਸ਼ ਦੀ ਸੇਵਾ ਕਰਨ ਦੇ ਸੁਪਨੇ ਤੋਂ ਪ੍ਰੇਰਿਤ ਪੰਜਾਬ, ਜੰਮੂ ਅਤੇ ਕਸ਼ਮੀਰ ਅਤੇ ਲੱਦਾਖ ਤੋਂ 300 ਲੜਕੀਆਂ ਇਸ ਭਰਤੀ ਰੈਲੀ ਵਿੱਚ ਹਿੱਸਾ ਲੈ ਰਹੀਆਂ ਹਨ।

ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਪੰਜਾਬ ਦਿਵਸ ਉਤਸ਼ਾਹ ਨਾਲ ਮਨਾਇਆ

ਧਾਰੀਵਾਲ (ਮਨਦੀਪ ਵਿੱਕੀ)- ਹਿੰਦੂ ਕੰਨਿਆ ਮਹਾਵਿਦਿਆਲਿਆ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਐਨ.ਡੀ. ਅਨੰਦ, ਸੈਕਟਰੀ ਸ਼੍ਰੀ ਰਮੇਸ਼ ਕੋਹਲੀ



ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਯੋਗ ਰਹਿਨੁਮਾਈ ਹੇਠ ਪੰਜਾਬ ਦਿਵਸ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਬੰਧੀ ਆਯੋਜਿਤ ਪ੍ਰੋਗਰਾਮ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਪੰਜਾਬੀ ਭਾਸ਼ਾ, ਪੰਜਾਬੀ ਸੱਭਿਆਚਾਰ ਅਤੇ ਅਮੀਰ ਵਿਰਸੇ ਨੂੰ ਦਰਸਾਉਂਦੀਆਂ ਵੱਖ-ਵੱਖ ਪੇਸ਼ਕਾਰੀਆਂ ਕੀਤੀਆਂ ਗਈਆਂ। ਵਿਦਿਆਰਥਣਾਂ ਨੇ ਪੰਜਾਬੀ ਕਵਿਤਾਵਾਂ, ਭਾਸ਼ਣਾਂ ਅਤੇ ਲੋਕ-ਗੀਤਾਂ ਰਾਹੀਂ ਪੰਜਾਬ ਦੀ ਸ਼ਾਨ, ਇਤਿਹਾਸ ਅਤੇ ਸੱਭਿਆਚਾਰਕ ਵਿਰਾਸਤ ਨੂੰ ਬਾਖੂਬੀ ਪੇਸ਼ ਕੀਤਾ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥਣਾਂ ਨੂੰ ਆਪਣੀ ਮਾਂ-ਬੋਲੀ ਪੰਜਾਬੀ ਨਾਲ ਜੁੜਨ ਅਤੇ ਇਸ ਦੇ ਮਾਣ-ਸਤਿਕਾਰ ਨੂੰ ਬਰਕਰਾਰ ਰੱਖਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਿਰਫ਼ ਇੱਕ ਭੂਗੋਲਿਕ ਖੇਤਰ ਹੀ ਨਹੀਂ, ਸਗੋਂ ਇਹ ਗੁਰੂਆਂ, ਪੀਰਾਂ, ਯੋਧਿਆਂ ਅਤੇ ਦੇਸ਼ ਭਗਤਾਂ ਦੀ ਪਵਿੱਤਰ ਧਰਤੀ ਹੈ।ਪੰਜਾਬੀ ਭਾਸ਼ਾ ਸਾਡੀ ਪਛਾਣ ਅਤੇ ਸਾਡਾ ਮਾਣ ਹੈ। ਸਾਨੂੰ ਆਪਣੀ ਮਾਂ-ਬੋਲੀ, ਸੱਭਿਆਚਾਰ ਅਤੇ ਵਿਰਸੇ ਨੂੰ ਸੰਭਾਲਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦਾ ਮਾਹੌਲ ਪੰਜਾਬੀਅਤ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਅੰਤ ਵਿੱਚ ਵਿਦਿਆਰਥਣਾਂ ਨੂੰ ਆਪਣੀ ਮਾਂ-ਬੋਲੀ ਪੰਜਾਬੀ ਦਾ ਸਤਿਕਾਰ ਕਰਨ ਅਤੇ ਪੰਜਾਬ ਦੇ ਅਮੀਰ ਵਿਰਸੇ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸੀ।

ਪੰਜਾਬ ਦੀ ਮਾਨ ਸਰਕਾਰ ਨੇ ਔਰਤਾਂ ਦੀ ਮਜ਼ਬੂਤੀ ਲਈ ਚੁੱਕੇ ਅਹਿਮ ਕਦਮ : ਸ਼ਮਸ਼ੇਰ ਸਿੰਘ

ਦੀਨਾਨਗਰ-(ਬਲਵਿੰਦਰ ਸਿੰਘ ਬਿੱਲਾ)- ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ ਇੱਕ ਹਜ਼ਾਰ ਤੇ ਪੰਦਰਾਂ ਸੌ ਰੁਪਏ ਦੀ ਵਿੱਤੀ ਸਹਾਇਤਾ ਦੇਣ



ਦੀ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਸਫਲਤਾਪੂਰਵਕ ਲਾਗੂ ਕਰਨ ਲਈ ਨਿਯੁਕਤ ਕੀਤੀਆਂ ਗਈਆਂ ਬੈਂਕ ਸਖੀਆਂ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਦੇਖਦਿਆਂ ਹਲਕਾ ਦੀਨਾਨਗਰ ਵਿੱਚ ਵਿਸ਼ੇਸ਼ ਸਨਮਾਨ ਸਮਾਗਮ ਕਰਵਾਏ ਗਏ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪਿੰਡ ਗਾਹਲੜੀ, ਬਹਿਰਾਮਪੁਰ ਅਤੇ ਮੁੰਨਣਵਾਲੀ ਵਿਖੇ ਕਰਵਾਏ ਗਏ ਇਨ੍ਹਾਂ ਸਮਾਗਮਾਂ ਦੌਰਾਨ ਬੈਂਕ ਸਖੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਬਲਾਕ ਪ੍ਰਧਾਨ ਸੁਖਜਿੰਦਰ ਸਿੰਘ ਬੁਗਨਾ, ਅਨੂਪ ਠਾਕੁਰ, ਲਖਵਿੰਦਰ ਸਿੰਘ ਜੰਜੂਆ ਅਤੇ ਰਾਜੀਵ ਸੈਣੀ ਦੀ ਅਗਵਾਈ ਹੇਠ ਕਰਵਾਏ ਗਏ, ਜਿਸ ਵਿੱਚ ਵੱਖ ਵੱਖ ਪਿੰਡਾਂ ਨਾਲ ਸਬੰਧਤ ਬੈਂਕ ਸਖੀਆਂ ਨੇ ਸ਼ਮੂਲੀਅਤ ਕੀਤੀ।ਸਮਾਗਮਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਅਤੇ ਉਨ੍ਹਾਂ ਦਾ ਮਾਣ-ਸਨਮਾਨ ਵਧਾਉਣ ਲਈ ਹਜ਼ਾਰ ਪੰਦਰ੍ਹਾਂ ਸੌ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਫੈਸਲਾ ਇਤਿਹਾਸਕ ਹੈ।ਇਸ ਯੋਜਨਾ ਦਾ ਲਾਭ ਹਰ ਯੋਗ ਔਰਤ ਤੱਕ ਪਹੁੰਚਾਉਣ ਅਤੇ ਫਾਰਮ ਭਰਨ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਉਣ ਲਈ ਸਰਕਾਰ ਵੱਲੋਂ ਬੈਂਕ ਸਖੀਆਂ ਦੀ ਨਿਯੁਕਤੀ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਬੈਂਕ ਸਖੀਆਂ ਨੇ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਬਿਨਾਂ ਕਿਸੇ ਖੱਜਲ-ਖੁਆਰੀ ਦੇ ਔਰਤਾਂ ਦੇ ਫਾਰਮ ਭਰਨ ਵਿੱਚ ਦਿਨ-ਰਾਤ ਇੱਕ ਕਰਕੇ ਸ਼ਾਨਦਾਰ ਭੂਮਿਕਾ ਨਿਭਾਈ ਹੈ, ਜਿਸ ਸਦਕਾ ਅੱਜ ਇਨ੍ਹਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ।ਹਲਕਾ ਇੰਚਾਰਜ ਨੇ ਮਾਨ ਸਰਕਾਰ ਵੱਲੋਂ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਚੁੱਕੇ ਗਏ ਹੋਰ ਕਦਮਾਂ 'ਤੇ ਵੀ ਰੌਸ਼ਨੀ ਪਾਈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਦਿਖਾਉਂਦੀ ਹੈ।ਔਰਤਾਂ ਨੂੰ ਪ੍ਰਤੀ ਮਹੀਨਾ ਹਜ਼ਾਰ ਰੁਪਏ ਦੀ ਸਹਾਇਤਾ ਦੇਣ ਦੇ ਨਾਲ-ਨਾਲ ਮੁਫ਼ਤ ਬੱਸ ਸਫ਼ਰ ਦੀ ਸਹੂਲਤ, ਵਧੀਆ ਸਿਹਤ ਸੇਵਾਵਾਂ ਅਤੇ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਸੂਬੇ ਦੀਆਂ ਮਾਵਾਂ-ਧੀਆਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਰਿਹਾ ਹੈ।

ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਮਸੀਤ ਵਾਲੀ ਗਲੀ 'ਚ ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

ਬਟਾਲਾ, (ਡਾ. ਮਲਵਿੰਦਰ ਸਿੰਘ)- ਬਟਾਲਾ ਨਗਰ ਨਿਗਮ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਵੱਲੋਂ ਵਾਰਡ ਨੰਬਰ 14 ਦੇ ਵਾਰਡ ਇੰਚਾਰਜ ਰੋਹਿਤ ਦੇ ਨਾਲ ਮਸੀਤ ਵਾਲੀ ਗਲੀ ਵਿੱਚ ਜਾ ਕੇ ਚੱਲ ਰਹੇ ਵਿਕਾਸ ਕਾਰਜਾਂ ਗਲੀ ਅਤੇ ਸੀਵਰੇਜ ਆਦਿ ਬਾਰੇ ਲੋਕਾਂ ਕੋਲੋਂ ਜਾਣਕਾਰੀ ਲਈ ਅਤੇ ਠੇਕੇਦਾਰ ਨੂੰ ਸਮੇਂ ਸਿਰ ਅੰਦਰ ਵਿਕਾਸ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ। ਇਸ



ਮੌਕੇ ਗੱਲਬਾਤ ਕਰਦਿਆਂ ਮੇਅਰ ਭੁਪਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ 'ਚ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਵਿੱਚ ਵੱਖ ਵੱਖ ਵਿਕਾਸ ਕਾਰਜ ਕਰਵਾ ਕੇ ਸ਼ਹਿਰ ਦੀ ਨੁਹਾਰ ਬਦਲੀ ਗਈ ਹੈ ਅਤੇ ਵਿਕਾਸ ਕੰਮ ਨਿਰੰਤਰ ਜਾਰੀ ਹਨ।ਉਨ੍ਹਾਂ ਨੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ। ਸ਼ਹਿਰ ਵਿਚਲੇ ਚੌਂਕਾਂ ਨੂੰ ਚੌੜਿਆਂ ਕਰਕੇ ਖ਼ੂਬਸੂਰਤ ਦਿੱਖ ਦਿੱਤੀ ਗਈ ਹੈ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀਂ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ।ਸੀ. ਸੀ. ਟੀ. ਵੀ ਕੈਮਰੇ ਲਗਾਏ ਹਨ ਅਤੇ ਟਰੈਫਿਕ ਲਾਈਟਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਦੀਵਾਲੀ ਮੌਕੇ ਰੰਗੋਲੀ ਤੇ ਦੀਵਾ ਥਾਲੀ ਸਜਾਉਣ ਤੇ ਚਾਰਟ ਮੇਕਿੰਗ ਮੁਕਾਬਲੇ ਕਰਵਾਏ

ਧਾਰੀਵਾਲ (ਮਨਦੀਪ ਵਿੱਕੀ)- ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਦੀਵਾਲੀ ਮੌਕੇ ਰੰਗੋਲੀ ਅਤੇ ਦੀਵਾ ਥਾਲੀ ਸਜਾਉਣ ਦੇ ਮੁਕਾਬਲੇ ਕਰਵਾਏ।ਇਸ ਸਬੰਧੀ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ



ਦੀਵਾਲੀ ਨੂੰ ਸਮਰਪਿਤ ਇਸ ਮੁਕਾਬਲੇ ਵਿੱਚ ਸੀਨੀਅਰ ਵਿਦਿਆਰਥੀਆਂ ਵੱਲੋਂ ਆਪਣੀ ਆਪਣੀ ਜਮਾਤ ਵਿਚ ਰੰਗੋਲੀ ਬਣਾਕੇ ਦੀਵੇ ਸਜਾਏ ਗਏ ਅਤੇ ਜੂਨੀਅਰ ਤੇ ਸਬ-ਜੂਨੀਅਰ ਵਿਦਿਆਰਥੀਆਂ ਨੇ ਦੀਵਾ ਥਾਲੀ ਸਜਾ ਕੇ ਆਪੋ ਆਪਣੀ ਯੋਗਤਾ ਦਾ ਮੁਜ਼ਾਹਰਾ ਕੀਤਾ।ਰੰਗੋਲੀ ਮੁਕਾਬਲੇ ਵਿੱਚ ਰੋਜ਼ ਹਾਊਸ ਨੇ ਪਹਿਲਾ ਅਤੇ ਲੋਟਸ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜਮਾਤਾਂ ਵਿੱਚੋਂ ਸੱਤਵੀਂ ਜਮਾਤ ਨੇ ਪਹਿਲਾ ਅਤੇ ਛੇਵੀਂ ਜਮਾਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਦੀਵਾ ਸਜਾਉਣ ਵਿਚ ਜੂਨੀਅਰ ਵਰਗ ਵਿੱਚ ਸੀਰਤ ਨੇ ਪਹਿਲਾ, ਨਵਨੀਤ ਕੌਰ ਪਸਨਾਵਾਲ ਨੇ ਦੂਜਾ ਅਤੇ ਸੁਪਰੀਤ ਕੌਰ, ਨਵਨੀਤ ਕੌਰ ਭੁੰਬਲੀ ਤੇ ਮਨਤਪ੍ਰੀਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਬ- ਜੂਨੀਅਰ ਵਰਗ ਵਿੱਚ ਅਮਨਦੀਪ ਨੇ ਪਹਿਲਾ, ਗੁਰਅੰਮ੍ਰਿਤਪਾਲ ਸਿੰਘ ਤੇ ਗੁਰਸਾਹਿਬਜੀਤ ਸਿੰਘ ਨੇ ਦੂਜਾ ਅਤੇ ਮਨਸੀਰਤ ਕੌਰ ਤੇ ਪ੍ਰਨਵਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਮੈਨੇਜ਼ਮੈਂਟ ਵੱਲੋਂ ਸਟਾਫ ਅਤੇ ਇਸ ਮੁਕਾਬਲੇ ਵਿਚ ਭਾਗ ਲੈਣ ਵਾਲੇ ਹਰੇਕ ਵਿਦਿਆਰਥੀ ਨੂੰ ਦੀਵਾਲੀ ਦੇ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਡਾਇਰੈਕਟਰ ਡਾ. ਮਹਿੰਦਰਪਾਲ ਸਿੰਘ ਕਲੇਰ ਨੇ ਕਿਹਾ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਅਜਿਹੀਆਂ ਸਹਿ-ਕਿਰਿਆਵਾਂ ਵਿੱਚ ਵੀ ਭਾਗ ਜ਼ਰੂਰ ਲੈਣਾ ਚਾਹੀਦਾ ਹੈ।ਇਸ ਮੌਕੇ ਪ੍ਰਧਾਨ ਰਣਜੀਤ ਕੌਰ ਅਤੇ ਸਕੂਲ ਅਧਿਆਪਕਾਂ ਨੇ ਇਹਨਾ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ।

ਮਹਿੰਦਰਪਾਲ ਸਿੰਘ ਦਾ ਪਾਕਿਸਤਾਨ ਦੀਆਂ ਸੰਗਤਾਂ ਵੱਲੋਂ ਮਾਨ-ਸਨਮਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ਼੍ਰੀ ਨਨਕਾਣਾ ਸਾਹਿਬ ਦੀ ਸੰਗਤ ਵੱਲੋਂ ਸਰਦਾਰ ਮਹਿੰਦਰ ਪਾਲ ਸਿੰਘ ਸਾਬਕਾ ਐੱਮ ਪੀ ਏ ਨੂੰ ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ ਵਿਖੇ ਸਿਰੋਪੇ ਨਾਲ ਸਨਮਾਨਤ ਕੀਤਾ



ਗਿਆ। ਸੰਗਤਾਂ ਦਾ ਕਹਿਣਾ ਸੀ ਕਿ ਇਨ੍ਹਾਂ ਦੇ ਪਿਤਾ ਗਿਆਨੀ ਰਵੇਲ ਸਿੰਘ ਨੇ ਇਕੱਤੀ ਸਾਲ ਗੁਰਦੁਆਰਾ ਜਨਮ ਅਸਥਾਨ ਸ਼੍ਰੀ ਨਨਕਾਣਾ ਸਾਹਿਬ ਵਿਖੇ ਹੈੱਡ ਗ੍ਰੰਥੀ ਦੇ ਤੌਰ ਤੇ ਸੇਵਾ ਕੀਤੀ ਅਤੇ ਕਦੇ ਵੀ ਸੰਗਤ ਵਿੱਚ ਗੁਰੂ ਆਸ਼ੇ ਅਨੁਸਾਰ ਏਕਤਾ ਬਣਾਈ ਰੱਖਣ ਦਾ ਸੁਨੇਹਾ ਦਿੱਤਾ ਉਹ ਹਮੇਸ਼ਾ ਸੰਗਤ ਦੇ ਹੱਕ ਹਕੂਕ ਵਾਸਤੇ ਖੜੇ ਹੁੰਦੇ ਰਹੇ ਸਨ ਤੇ ਸੰਗਤ ਦੀ ਸੇਵਾ ਕਰਦੇ ਸਨ। ਦੁੱਖ ਸੁੱਖ ਵੇਲੇ ਉਹ ਸਭ ਤੋਂ ਅੱਗੇ ਖੜੇ ਹੁੰਦੇ ਸਨ। ਉਨ੍ਹਾਂ ਦੇ ਇਸ ਸੰਸਾਰ ਤੋ ਜਾਣ ਤੋਂ ਬਾਅਦ ਉਹਨਾਂ ਦਾ ਹੋਣਹਾਰ ਫਰਜੰਦ ਸ੍ਰ ਮਹਿੰਦਰ ਪਾਲ ਸਿੰਘ ਵੀ ਸੰਗਤਾਂ ਦੇ ਨਾਲ ਉਸ ਤਰ੍ਹਾਂ ਖੜ੍ਹੇ ਰਹਿੰਦੇ ਹਨ ਤੇ ਗੁਰੂ ਘਰ ਦੇ ਅਨਿਨ ਭਗਤ ਬਣ ਕੇ ਵਿਚਰਦੇ ਹਨ। ਸ਼੍ਰੀ ਨਨਕਾਣਾ ਸਾਹਿਬ ਅਤੇ ਬਾਕੀ ਪਾਕਿਸਤਾਨ ਵਿੱਚੋਂ ਜੋ ਸੰਗਤ ਹੇਮਕੁੰਟ ਸਾਹਿਬ ਦੁ ਦਰਸ਼ਨਾਂ ਲਈ ਯਾਤਰਾ ਵਾਸਤੇ ਜਾ ਰਹੀ ਸੀ ਤੇ ਉਨ੍ਹਾਂ ਨੂੰ ਫੈਸਲਾਬਾਦ ਏਅਰਪੋਰਟ 'ਤੇ ਰੋਕ ਦੇਣ ਦਾ ਉਹਨਾਂ ਨੇ ਗੰਭੀਰ ਨੋਟਿਸ ਲਿਆ। ਉਸ ਤੋਂ ਬਾਅਦ ਮਹਿੰਦਰ ਪਾਲ ਸਿੰਘ ਨੇ ਆਪਣੀਆਂ ਕੋਸ਼ਿਸ਼ਾਂ ਕਰਕੇ ਉਨ੍ਹਾਂ ਨੂੰ ਹੇਮਕੁੰਟ ਸਾਹਿਬ ਯਾਤਰਾ 'ਤੇ ਭੇਜਿਆ। ਪੰਜ ਨਵੰਬਰ 2026 ਨੂੰ ਸਾਰੀਆਂ ਸੰਗਤਾਂ ਜੋ ਹੇਮਕੁੰਟ ਸਾਹਿਬ ਦਰਸ਼ਨਾਂ ਵਾਸਤੇ ਗਈਆਂ ਸਨ, ਉਹ ਵਾਪਸ ਵਤਨ ਪਰਤ ਆਈਆਂ। ਯਾਤਰਾ ਪੂਰੀ ਕਰਕੇ ਵਤਨ ਪੁੱਜੀ ਸੰਗਤ ਵੱਲੋਂ ਸ਼੍ਰੀ ਨਨਕਾਣਾ ਸਾਹਿਬ ਵਿਖੇ ਮਹਿੰਦਰ ਪਾਲ ਸਿੰਘ ਨੂੰ ਸਿਰੋਪੇ ਨਾਲ ਸਨਮਾਨਤ ਕੀਤਾ ਗਿਆ ਇਸ ਮੋਕੇ ਤੇ ਗਰੁਪ ਲੀਡਰ ਪਪਿੰਦਰ ਸਿੰਘ ਨੇ ਦਸਿਆ ਕਿ ਮਹਿੰਦਰ ਪਾਲ ਸਿੰਘ ਨੇ ਜਿਸ ਤਰੀਕੇ ਨਾਲ ਸੰਗਤਾਂ ਦੀ ਸੇਵਾ ਤੇ ਰਹਿਨੁਮਾਈ ਕੀਤੀ ਹੈ ਸਾਰੀ ਸੰਗਤ ਨੇ ਮਹਿੰਦਰ ਪਾਲ ਸਿੰਘ ਦਾ ਧੰਨਵਾਦ ਕਰਦਿਆਂ ਗਿਆਨੀ ਰਵੇਲ ਸਿੰਘ ਦੀ ਸੇਵਾਵਾਂ ਨੂੰ ਯਾਦ ਕੀਤਾ। ਸਾਰੀ ਸੰਗਤਾਂ ਨੇ ਪਾਕਿਸਤਾਨੀ ਸਰਕਾਰ ਦਾ ਵੀ ਧੰਨਵਾਦ ਕੀਤਾ ਜਿਹਨਾਂ ਨੇ ਯਾਤਰਾ ਨੂੰ ਯਕੀਨੀ ਬਣਾਇਆ।

ਪੁਲਸ ਵੱਲੋਂ ਰੋਕੀ ਜਾ ਰਹੀ ਪਿੰਡ ਪੁਰਾਣਾ ਤਨੇਲ ਦੇ ਸਾਬਕਾ ਸਰਪੰਚ ਦੀ ਕਣਕ ਦੀ ਬਿਜਾਈ ਕਿਸਾਨ ਯੂਨੀਅਨ ਉਗਰਾਹਾਂ ਨੇ ਕਰਵਾਈ

ਤਰਸਿੱਕਾ,(ਤਰਸੇਮ ਸਿੰਘ ਸਾਧਪੁਰ)- ਥਾਣਾ ਮੱਤੇਵਾਲ ਦੇ ਪਿੰਡ ਪੁਰਾਣਾ ਤਨੇਲ ਵਿੱਚ ਇੱਕ ਕਿਸਾਨ ਦੀ ਕਣਕ ਦੀ ਬਿਜਾਈ ਜਿਸ ਨੂੰ ਪੁਲਸ ਰੋਕ ਰਹੀ ਸੀ, ਦੀ ਕਿਸਾਨ ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਦੇ ਮੈਂਬਰਾਂ ਵੱਲੋਂ ਮੌਕੇ ਤੇ ਪੁੱਜ ਕੇ ਕਣਕ ਦੀ ਬਜਾਈ ਕਰਵਾਈ ਗਈ। ਮੌਕੇ ਤੇ ਪੁਲਸ ਪਹੁੰਚੀ ਪਰ ਕਿਸਾਨਾਂ ਦੇ ਰੋਹ ਨੂੰ ਵੇਖਦਿਆਂ ਵਾਪਸ ਮੁੜਨ ਲਈ ਮਜਬੂਰ ਹੋ ਗਈ। ਦੱਸਣ ਯੋਗ ਹੈ ਕਿ ਹਲਕਾ ਮਜੀਠਾ ਅਤੇ ਥਾਣਾ ਮੱਤੇਵਾਲ ਦੇ ਪਿੰਡ ਤਨੇਲ ਪੁਰਾਣਾ ਵਿੱਚ ਕਰੀਬ ਦੋ ਮਹੀਨੇ ਪਹਿਲਾਂ ਇੱਕ ਵਿਅਕਤੀ ਦਾ ਕਤਲ ਹੋ ਗਿਆ ਸੀ ਜਿਸ ਵਿੱਚ ਅਕਾਲੀ ਪਾਰਟੀ ਨਾਲ ਸੰਬੰਧਿਤ ਸਾਬਕਾ ਸਰਪੰਚ ਗੁਰਪਾਲ ਸਿੰਘ ਦਾ ਵੀ ਨਾਮ ਸੀ ਅਤੇ ਇਸ ਕੇਸ ਦੀ ਪੜਤਾਲ ਐੱਸਐੱਸਪੀ ਅੰਮ੍ਰਿਤਸਰ ਦਿਹਾਤੀ ਵੱਲੋਂ ਕਰਵਾਈ ਜਾ ਰਹੀ ਹੈ। ਗੁਰਪਾਲ ਸਿੰਘ ਮੌਕੇ ਤੇ ਮੌਜੂਦ ਨਹੀਂ ਹੈ ਦੀ ਕਣਕ ਦੀ ਬਜਾਈ ਉਸ ਦੇ ਰਿਸ਼ਤੇਦਾਰਾਂ ਵੱਲੋਂ ਬੀਤੇ ਦਿਨੀ ਕਰਵਾਈ ਜਾ ਰਹੀ ਸੀ ਜਿਸ ਤੇ ਪੁਲਸ ਨੇ ਕਾਰਵਾਈ ਕਰਦਿਆਂ ਮੌਕੇ 'ਤੇ ਪਹੁੰਚ ਕੇ ਟਰੈਕਟਰ ਅਤੇ ਬੰਦਿਆਂ ਨੂੰ ਠਾਣੇ ਲੈ ਆਂਦਾ ਪਰ ਬਾਅਦ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੈਂਬਰਾਂ ਵੱਲੋਂ ਡੀਐਸਪੀ ਮਜੀਠਾ ਦੇ ਦਫਤਰ ਦੇ ਸਾਹਮਣੇ ਜਦੋਂ ਰੋਸ ਪ੍ਰਦਰਸ਼ਨ ਕਰਨ ਦੇ ਚਤਾਵਨੀ ਦਿੱਤੀ ਤਾਂ ਪੁਲਸ ਵੱਲੋਂ ਸਾਧਨ ਤੇ ਬੰਦੇ ਛੱਡ



ਦਿੱਤੇ ਗਏ ਜਿਸ ਤੇ ਬਾਅਦ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਅਟਾਰੀ ਦੇ ਪ੍ਰਧਾਨ ਡਾਕਟਰ ਪਰਮਿੰਦਰ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਜਦੋਂ ਕਣਕ ਦੀ ਬਿਜਾਈ ਸ਼ੁਰੂ ਕਰਵਾਈ ਤਾਂ ਮੌਕੇ ਤੇ ਪੁਲਸ ਫਿਰ ਪੁੱਜ ਗਈ ਪਰ ਕਿਸਾਨਾਂ ਅਤੇ ਮੀਡੀਆ ਦੀ ਹਾਜ਼ਰੀ ਵਿੱਚ ਥਾਣਾ ਮਤੇਵਾਲ ਦੇ ਐੱਸਐੱਚ ਓ ਤੇ ਹੋਰ ਕਰਮਚਾਰੀ ਮੌਕੇ ਤੋਂ ਵਾਪਸ ਪਰਤ ਆਏ ਅਤੇ ਕਿਸਾਨਾਂ ਵੱਲੋਂ ਕਣਕ ਦੀ ਬਜਾਈ ਕਰਵਾ ਦਿੱਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਪਾਲ ਸਿੰਘ ਦੀ ਮਾਤਾ ਨਰਿੰਦਰ ਕੌਰ ਜੋ ਕਿ ਬਹੁਤਾ ਚੱਲ ਫਿਰ ਵੀ ਨਹੀਂ ਸਕਦੀ, ਨੇ ਦੱਸਿਆ ਕਿ ਪਿੰਡ ਦਾ ਸਰਪੰਚ ਮਨਦੀਪ ਸਿੰਘ ਅਰਪਣ ਸਿੰਘ ਤੇ ਕੁਝ ਹੋਰ ਲੋਕ ਰੰਜਿਸ਼ ਤਹਿਤ ਸਰਕਾਰ ਦੀ ਸ਼ਹਿ ਤੇ ਮੇਰੇ ਪੁੱਤ ਨੂੰ ਪਰਚੇ ਵਿੱਚ ਪਵਾ ਦਿੱਤਾ ਹੈ ਅਤੇ ਹੁਣ ਸਾਨੂੰ ਖੇਤੀ ਵੀ ਨਹੀਂ ਕਰਨ ਦੇ ਰਹੇ ਜੋ ਸਾਡੇ ਨਾਲ ਵੱਡਾ ਧੱਕਾ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਦੇ ਬਲਾਕ ਪ੍ਰਧਾਨ ਅਟਾਰੀ ਡਾਕਟਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਜੋ ਕਿਸਾਨ ਗੁਰਪਾਲ ਸਿੰਘ ਦਾ ਕੇਸ ਹੈ ਉਸ ਦਾ ਨਾਮ ਸਰਕਾਰ ਦੀ ਸ਼ਹਿ 'ਤੇ ਪੁਲਸ ਵੱਲੋਂ ਪਰਚੇ ਵਿੱਚ ਪਾ ਦਿੱਤਾ ਗਿਆ ਹੈ ਜਿਸ ਦੀ ਪੜਤਾਲ ਐਸਐਸਪੀ ਅੰਮ੍ਰਿਤਸਰ ਦਿਹਾਤੀ ਵੱਲੋਂ ਕਰਵਾਈ ਜਾ ਰਹੀ ਹੈ। ਪਿੰਡ ਦੇ ਸਰਪੰਚ ਮਨਦੀਪ ਸਿੰਘ ਨਾਲ ਬਾਰ ਬਾਰ ਤਕਰੀਬਨ ਸਾਰੇ ਹੀ ਪੱਤਰਕਾਰਾਂ ਵੱਲੋਂ ਸੰਪਰਕ ਕੀਤਾ ਗਿਆ ਪਰ ਉਨ੍ਹਾਂ ਨੇ ਫੋਨ ਨਹੀਂ ਚੁੱਕਿਆ ਪਰ ਅਰਪਣ ਸਿੰਘ ਦੇ ਨਾਲ ਕੁਝ ਪੱਤਰਕਾਰਾਂ ਦੀ ਜਦੋਂ ਗੱਲਬਾਤ ਹੋਈ ਤਾਂ ਉਨਾਂ ਨੇ ਸਾਫ ਇਨਕਾਰ ਕਰ ਦਿੱਤਾ ਕਿ ਮੇਰਾ ਜਾਂ ਸਰਪੰਚ ਮਨਦੀਪ ਸਿੰਘ ਦਾ ਗੁਰਪਾਲ ਸਿੰਘ ਦੀ ਕਣਕ ਦੀ ਬਜਾਈ ਰੋਕਣ ਵਿੱਚ ਕੋਈ ਹੱਥ ਨਹੀਂ ਹੈ।

ਵਿਸ਼ੇਸ਼ ਲੋਕ ਅਦਾਲਤ 21 ਨੂੰ

ਗੁਰਦਾਸਪੁਰ, (ਜਨਕ ਮਹਾਜਨ)- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ



ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਦੀਪਕ ਸਿੱਬਲ ਜੱਜ ਪੰਜਾਬ-ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਅਤੇ ਹਰਬੰਸ ਸਿੰਘ ਲੇਖੀ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰਪ੍ਰੀਤ ਸਿੰਘ ਮਾਨਯੋਗ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜਨ ਗੁਰਦਾਸਪੁਰ ਅਧੀਨ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜਨ ਬਟਾਲਾ ਦੀ ਸਪੈਸ਼ਲ ਕੋਰਟ ਵਲੋਂ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਅਧੀਨ ਚੈੱਕ ਬਾਊਂਸ ਦੇ ਕੇਸਾਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ 21 ਨਵੰਬਰ 2026 ਨੂੰ ਲਗਾਈ ਜਾ ਰਹੀ ਹੈ।

ਡੀ ਡੀ ਆਈ ਸਕੂਲ 'ਚ ਬੱਚਿਆਂ ਦੀ ਨੈਤਿਕ ਤੇ ਧਾਰਮਿਕ ਪ੍ਰੀਖਿਆ ਕਰਵਾਈ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)- ਬੀਤੇ ਦਿਨੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਫਤਿਹਗੜ੍ਹ ਚੂੜੀਆਂ ਵੱਲੋਂ ਡੀ ਡੀ ਆਈ ਸਕੂਲ ਮਜੀਠਾ ਰੋਡ ਫਤਿਹਗੜ੍ਹ ਚੂੜੀਆਂ ਵਿਖੇ ਬੱਚਿਆਂ ਦੀ ਨੈਤਿਕ ਤੇ ਧਾਰਮਿਕ ਪ੍ਰੀਖਿਆ ਲਈ ਗਈ। ਅੱਜ ਇਸ ਪ੍ਰੀਖਿਆ ਦਾ ਨਤੀਜਾ ਆਉਣ ਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਇਸ ਪ੍ਰੀਖਿਆ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਦਾ ਸਕੂਲ ਵਿੱਚ ਇੱਕ ਪ੍ਰੋਗਰਾਮ ਆਯੋਜਨ ਕੀਤਾ ਗਿਆ ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਰਿਟਾਇਰਡ ਐਕਸੀਅਨ ਸਰਦਾਰ ਹਰਭਜਨ ਸਿੰਘ ਜੀ ਅਤੇ ਉਨ੍ਹਾਂ ਦੇ ਨਾਲ ਵਿਸ਼ੇਸ਼ ਤੌਰ ਤੇ ਪਹੁੰਚੇ ਅਮਨਦੀਪ ਕੌਰ ਮੈਡਮ ਹਾਜ਼ਰ ਹੋਏ ਜਿਨਾਂ



ਇਸ ਪ੍ਰੀਖਿਆ ਵਿੱਚ ਚੰਗੀਆਂ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੀਲਡਾਂ ਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਦਰਮਿਆਨ ਐਕਸੀਅਨ ਹਰਭਜਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਜੋ ਨੈਤਿਕ ਅਤੇ ਧਾਰਮਿਕ ਪ੍ਰੀਖਿਆ ਵਿੱਚ ਚੰਗੀਆਂ ਪੁਜੀਸ਼ਨਾਂ ਹਾਸਿਲ ਕੀਤੀਆਂ ਹਨ ਇਹ ਸਭ ਇਹਨਾਂ ਦੇ ਧਾਰਮਿਕ ਪ੍ਰੀਖਿਆ ਦੇ ਅਧਿਆਪਕਾਂ ਦੀ ਦੇਣ ਹੈ ਜਿਨਾਂ ਨੇ ਥੋੜ੍ਹੇ ਹੀ ਸਮੇਂ ਵਿੱਚ ਧਾਰਮਿਕ ਪ੍ਰੀਖਿਆ ਦੀ ਤਿਆਰੀ ਕਰਵਾਈ ਉਨ੍ਹਾਂ ਕਿਹਾ ਕਿ ਇਹ ਬੜੀ ਮਾਣ ਵਾਲੀ ਗੱਲ ਹੈ ਕਿ ਇਸ ਸਕੂਲ ਦੇ ਬੱਚਿਆਂ ਨੇ ਪਹਿਲਾਂ ਵੀ ਕਈ ਵਾਰ ਇਸ ਪ੍ਰੀਖਿਆ ਵਿੱਚ ਹਿੱਸਾ ਲਿਆ ਹੈ ਅਤੇ ਹਰ ਵਾਰ ਇਸ ਪ੍ਰੀਖਿਆ ਵਿੱਚ ਚੰਗੀਆਂ ਪੁਜੀਸ਼ਨਾਂ ਹਾਸਿਲ ਕਰਕੇ ਜਿੱਥੇ ਸਕੂਲ ਦਾ ਨਾਂ ਰੋਸ਼ਨ ਕੀਤਾ ਹੈ ਉਥੇ ਆਪਣੇ ਮਾਤਾ ਪਿਤਾ ਦਾ ਵੀ ਨਾਂਅ ਰੌਸ਼ਨ ਕੀਤਾ ਹੈ।ਸਕੂਲ ਦੇ ਐੱਮਡੀ ਇੰਦਰਜੀਤ ਸਿੰਘ ਭਟੀਆ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਦਿਲੋਂ ਧੰਨਵਾਦ ਕੀਤਾ ਜਿਨਾਂ ਨੇ ਆਪਣਾ ਕੀਮਤੀ ਸਮੇਂ ਵਿੱਚੋਂ ਡੀਡੀਆਈ ਸਕੂਲ ਲਈ ਸਮਾਂ ਕੱਢਿਆ।ਆਖਰ ਵਿੱਚ ਸਕੂਲ ਦੇ ਐੱਮ ਡੀ ਇੰਦਰਜੀਤ ਸਿੰਘ ਭਾਟੀਆ, ਡਾਇਰੈਕਟਰ ਮੈਡਮ ਐਕਮੀ ਭਾਟੀਆ, ਪ੍ਰਿੰਸੀਪਲ ਸਵਲੀਨ ਭਾਟੀਆ, ਵਾਈਸ ਪ੍ਰਿੰਸੀਪਲ ਪੂਜਨਪ੍ਰੀਤ ਕੌਰ ਰੰਧਾਵਾ ਵੱਲੋਂ ਰਿਟਾਇਰਡ ਐਕਸੀਅਨ ਹਰਭਜਨ ਸਿੰਘ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਗੋਪਾਲਪੁਰਾ ਮੱਝਵਿੰਡ ਦੀਆਂ ਸੰਗਤਾਂ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਕੇ ਪਿੰਡ ਪਰਤੀਆਂ


ਚਵਿੰਡਾ ਦੇਵੀ, (ਖ਼ੁਸ਼ਹਾਲ ਸੁੰਦਰ)- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਦੀ ਲੜੀ ਤਹਿਤ ਪਿੰਡ ਗੋਪਾਲਪੁਰਾ ਮੱਝਵਿੰਡ ਦੀਆਂ ਸੰਗਤਾਂ ਵੱਖ-ਵੱਖ ਧਾਰਮਿਕ ਅਸਥਾਨਾਂ ਦੇ



ਦਰਸ਼ਨ ਕਰਕੇ ਸੁੱਖ-ਸਾਂਦ ਨਾਲ ਪਿੰਡ ਪਰਤੀਆਂ।ਇਸ ਦੌਰਾਨ ਸੰਗਤਾਂ ਨੇ ਸ੍ਰੀ ਅਨੰਦਪੁਰ ਸਾਹਿਬ ਸਮੇਤ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਕੀਤੇ ਅਤੇ ਉਪਰੰਤ ਮਾਤਾ ਨੈਣਾਂ ਦੇਵੀ ਜੀ ਦੇ ਦਰਬਾਰ ਵਿਖੇ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕੀਤਾ।ਪਿੰਡ ਵਾਪਸੀ ਮੌਕੇ ਸਮੂਹ ਯਾਤਰੀਆਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਹਲਕਾ ਮਜੀਠਾ ਦੇ ਇੰਚਾਰਜ ਸ. ਤਲਬੀਰ ਸਿੰਘ ਗਿੱਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਇਸ ਮੌਕੇ ਸ਼ਹੀਦ ਭਗਤ ਸਿੰਘ ਸਮਾਜ ਸੇਵਾ ਸੋਸਾਇਟੀ ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਗੋਪਾਲਪੁਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਤੀਰਥ ਯਾਤਰਾ ਆਮ ਲੋਕਾਂ ਲਈ ਇੱਕ ਮਹੱਤਵਪੂਰਨ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਇਸ ਯਾਤਰਾ ਰਾਹੀਂ ਗਰੀਬ ਅਤੇ ਮਜ਼ਦੂਰ ਪਰਿਵਾਰਾਂ ਦੇ ਲੋਕਾਂ ਨੂੰ ਵੀ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ।ਯਾਤਰਾ ਦੌਰਾਨ ਸੰਗਤਾਂ ਦੇ ਰਹਿਣ-ਸਹਿਣ, ਖਾਣ-ਪੀਣ ਅਤੇ ਹੋਰ ਸਹੂਲਤਾਂ ਦਾ ਵੀ ਵਧੀਆ ਪ੍ਰਬੰਧ ਕੀਤਾ ਗਿਆ ਸੀ।ਇਸ ਮੌਕੇ ਸ਼ਾਮ ਸਿੰਘ ਗਿੱਲ, ਹਰਭਜਨ ਸਿੰਘ ਔਲਖ, ਅਵਤਾਰ ਸਿੰਘ ਕੌੜਾ, ਸਾਬਕਾ ਸਰਪੰਚ ਬਿਮਲਾ ਦੇਵੀ, ਸਾਬਕਾ ਪੰਚਾਇਤ ਮੈਂਬਰ ਕਵਲਜੀਤ ਸਿੰਘ ਅਤੇ ਮੌਜੂਦਾ ਪੰਚਾਇਤ ਮੈਂਬਰ ਰਾਜਵਿੰਦਰ ਕੌਰ ਸਮੇਤ ਪਿੰਡ ਗੋਪਾਲਪੁਰਾ ਮਝਵਿੰਡ ਦੀਆਂ ਸਮੂਹ ਸੰਗਤਾਂ ਅਤੇ ਯਾਤਰੀਆਂ ਨੇ ਪੰਜਾਬ ਸਰਕਾਰ ਦਾ ਦਿਲੋਂ ਧੰਨਵਾਦ ਕੀਤਾ।

ਗੁਰਦਾਸਪੁਰ ਤੋਂ ਦਿੱਲੀ ਲਈ ਸਿੱਧੀ ਸਰਕਾਰੀ ਬੱਸ ਚਲਾਉਣ ਦੀ ਮੰਗ ਨੇ ਫੜਿਆ ਜ਼ੋਰ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਜ਼ਿਲ੍ਹਾ ਹੈੱਡਕੁਆਟਰ ਹੋਣ ਦੇ ਬਾਵਜੂਦ ਇਥੋਂ ਕੋਈ ਵੀ ਸਰਕਾਰੀ ਬੱਸ ਸਿੱਧੀ ਦਿੱਲੀ ਨੂੰ ਨਹੀਂ ਜਾਂਦੀ ਜਿਸ ਕਰਕੇ ਸਵਾਰੀਆਂ ਨੂੰ ਪ੍ਰਾਈਵੇਟ ਬੱਸਾਂ ਵਿਚ ਦਿਲੀ ਜਾਣ ਲਈ ਮਜਬੂਰ ਹੋਣਾ ਪੈਂਦਾ ਹੈ। ਇਸ ਨਾਲ ਜਿਥੇ ਲੋਕਾਂ ਦੀ ਖੱਜਲ ਖੁਆਰੀ ਹੁੰਦੀ ਹੈ ਉਥੇ ਹੀ ਸਰਕਾਰੀ ਖਜਾਨੇ ਨੂੰ ਵੀ ਚੂਨਾ ਲੱਗ



ਰਿਹਾ ਹੈ। ਗੁਰਦਾਸਪੁਰ ਤੋਂ ਦਿੱਲੀ ਨੂੰ ਸਿੱਧੀ ਬੱਸ ਨਾ ਜਾਣ ਕਰਕੇ ਗੁਰਦਾਸਪੁਰ ਇਲਾਕੇ ਦੇ ਲੋਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਸਵਾਰੀਆਂ ਨੇ ਦੱਸਿਆ ਕਿ ਗੁਰਦਾਸਪੁਰ ਸ਼ਹਿਰ, ਆਲੇ ਦੁਆਲੇ ਕਸਬਿਆਂ ਦੇ ਲੋਕ ਅਤੇ ਖ਼ਾਸ ਕਰਕੇ ਵਪਾਰੀ ਲੋਕ ਜੋ ਗੁਰਦਾਸਪੁਰ ਤੋਂ ਦਿਲੀ ਸਾਮਾਨ ਖ਼ਰੀਦਣ ਲਈ ਜਾਂਦ ਹਨ, ਉਨ੍ਹਾਂ ਨੂੰ ਗੁਰਦਾਸਪੁਰ ਤੋਂ ਸਿੱਧੀ ਸਰਕਾਰੀ ਬੱਸ ਨਾ ਮਿਲਣ ਕਰਕੇ ਮਜਬੂਰਨ ਹੋਰਨਾਂ ਸਾਧਨਾਂ ਦਾ ਸਹਾਰਾ ਲੈਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਜ਼ਿਲ੍ਹਿਆਂ ਤੋਂ ਸਿੱਧੀਆਂ ਦਿੱਲੀ ਬੱਸਾਂ ਜਾਂਦੀਆਂ ਅਤੇ ਆਉਂਦੀਆਂ ਹਨ ਪਰ ਗੁਰਦਾਸਪੁਰ ਇਸ ਸਹੂਲਤ ਤੋਂ ਵਾਂਝਾ ਹੈ। ਉਨ੍ਹਾਂ ਕਿਹਾ ਜ਼ਰੂਰੀ ਕੰਮ ਪੈਣ 'ਤੇ ਕੋਈ ਬੱਸ ਨਾ ਮਿਲਣ ਕਾਰਨ ਕਾਫ਼ੀ ਖੱਜਲ-ਖ਼ੁਆਰ ਹੋਣਾ ਪੈਂਦਾ ਹੈ। ਲੋਕਾਂ ਨੇ ਕਿਹਾ ਗੁਰਦਾਸਪੁਰ ਤੋਂ ਦਿਲੀ ਐਮਰਜੈਂਸੀ ਵਿਚ ਜਾਣ ਵਾਸਤੇ ਟੈਕਸੀ ਰਾਹੀਂ ਜ਼ਿਆਦਾ ਪੈਸੇ ਖਰਚ ਕਰਕੇ ਜਾਣਾ ਪੈਂਦਾ ਹੈ। ਇਲਾਕਾ ਵਾਸੀਆਂ ਦੀ ਟਰਾਂਸਪੋਰਟ ਮੰਤਰੀ ਪੰਜਾਬ ਅਤੇ ਜੀ. ਐੱਮ. ਰੋਡਵੇਜ਼ ਬਟਾਲਾ ਡਿਪੂ ਅਤੇ ਪੰਜਾਬ ਰੋਡਵੇਜ਼ ਪਠਾਨਕੋਟ ਡਿਪੂ ਜਨਰਲ ਮੈਨੇਜਰ ਪਾਸੋਂ ਮੰਗ ਹੈ ਕਿ ਗੁਰਦਾਸਪੁਰ ਸ਼ਹਿਰ ਤੋਂ ਦਿਲੀ ਬੱਸ ਸਰਵਿਸ ਸ਼ੁਰੂ ਕੀਤੀ ਜਾਵੇ ਜਿਸ ਨਾਲ ਇਸ ਪੱਛੜੇ ਅਤੇ ਬਾਰਡਰ ਏਰੀਏ ਦੇ ਲੋਕਾਂ ਨੂੰ ਰਾਤ ਸਮੇਂ ਬੱਸ ਸਹੂਲਤ ਮਿਲ ਸਕੇ।

ਨਵਾਂ ਜ਼ਮਾਨਾ
ਵੀਰਵਾਰ, 12 ਨਵੰਬਰ 2026

'ਇੰਡੀਆ' ਦਾ ਧਰਮ

ਪੰਜਾਬ ਕਾਂਗਰਸ ਨੇ ਬੁੱਧਵਾਰ 'ਪੰਜਾਬ ਮੰਗਦਾ ਇਨਸਾਫ' ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ ਹੈ। ਪਾਰਟੀ ਪ੍ਰਧਾਨ ਪਰਗਟ ਸਿੰਘ ਤੇ ਅਸੈਂਬਲੀ ਵਿੱਚ ਪਾਰਟੀ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਇਸ ਮੌਕੇ ਦੱਸਿਆ ਕਿ ਇਸ ਮੁਹਿੰਮ ਤਹਿਤ ਪਾਰਟੀ ਆਗੂ ਪੰਜਾਬ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕਰਨਗੇ ਅਤੇ ਸਮਾਜ ਦੇ ਸਾਰੇ ਵਰਗਾਂ ਨਾਲ ਜੁੜੇ ਮੁੱਦੇ ਉਠਾਉਣਗੇ। ਪਾਰਟੀ ਦੀ ਚੋਣ ਮੁਹਿੰਮ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਵੀਰਵਾਰ 'ਜਵਾਨੀ ਸੰਭਾਲ ਜੱਟਾ' ਨਾਂਅ ਦੀ ਸਾਈਕਲ ਯਾਤਰਾ ਸ਼ੁਰੂ ਕਰਨਗੇ। ਇਸ ਤੋਂ ਪਹਿਲਾਂ ਪਾਰਟੀ ਨੇ ਚਾਰ ਨਵੰਬਰ ਨੂੰ ਸੰਗਰੂਰ 'ਚ ਇਨਸਾਫ ਰੈਲੀ ਕੀਤੀ ਸੀ, ਜਿਸ ਨੂੰ ਸੰਬੋਧਨ ਕਰਨ ਰਾਹੁਲ ਗਾਂਧੀ ਪਹੁੰਚੇ ਸਨ। ਸੱਤਾਧਾਰੀ ਆਮ ਆਦਮੀ ਪਾਰਟੀ ਤਾਂ ਹਮੇਸ਼ਾ ਸਰਗਰਮ ਰਹਿੰਦੀ ਹੈ। ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਕਈ ਮਹੀਨਿਆਂ ਤੋਂ ਰੈਲੀਆਂ ਕਰ ਰਹੇ ਹਨ। ਭਾਜਪਾ ਨੂੰ ਤਕੜੀ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਪੰਜਾਬ ਦੀਆਂ ਗੇੜੀਆਂ ਮਾਰ ਗਏ ਹਨ।

ਵਿਧਾਨ ਸਭਾ ਚੋਣਾਂ ਹੋਣ ਵਿੱਚ ਕੁਝ ਮਹੀਨੇ ਹੀ ਰਹਿ ਗਏ ਹਨ। ਇਸ ਵੇਲੇ ਦਾ ਮਾਹੌਲ ਤੇ ਵੱਖ-ਵੱਖ ਸਰਵੇਖਣ ਦੱਸ ਰਹੇ ਹਨ ਕਿ ਕਿਸੇ ਇੱਕ ਪਾਰਟੀ ਦੇ ਹੱਕ 'ਚ ਹਵਾ ਨਹੀਂ ਵਹਿ ਰਹੀ। ਇਸ ਨੂੰ ਮਹਿਸੂਸ ਕਰਦਿਆਂ ਹੀ ਅਕਾਲੀ ਦਲ ਤੇ ਭਾਜਪਾ ਦੇ ਸੂਬਾਈ ਆਗੂ ਪੁਰਾਣੀ ਭਾਈਵਾਲੀ ਬਹਾਲ ਕਰਨ ਲਈ ਕਾਹਲੇ ਪਏ ਹੋਏ ਹਨ। ਅਕਾਲੀ ਦਲ ਨੂੰ ਲੱਗ ਰਿਹਾ ਹੈ ਕਿ 'ਅਕਾਲੀ ਦਲ ਵਾਰਿਸ ਪੰਜਾਬ ਦੇ' ਅਤੇ ਅਕਾਲੀ ਦਲ ਪੁਨਰ-ਸੁਰਜੀਤ ਉਸ ਨੂੰ ਢਾਹ ਲਾ ਸਕਦੇ ਹਨ। ਇਸੇ ਕਰਕੇ ਉਸ ਨੇ ਪਾਰਟੀ ਛੱਡ ਕੇ ਗਏ ਆਗੂਆਂ ਨੂੰ ਵਾਪਸ ਲਿਆਉਣ ਲਈ ਪੂਰਾ ਜ਼ੋਰ ਲਾਇਆ ਹੋਇਆ ਹੈ। ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੂੰ ਨਾਲ ਰਲਾ ਲਿਆ ਹੈ ਤੇ ਬੀਬੀ ਜਗੀਰ ਕੌਰ ਵੀ ਨਾਲ ਆਉਣ ਵਾਲੀ ਹੈ।

ਅਕਾਲੀ ਦਲ ਤੇ ਭਾਜਪਾ ਦਾ ਗੱਠਜੋੜ ਹੁੰਦਾ ਹੈ ਤਾਂ ਮੁੱਖ ਲੜਾਈ 'ਆਪ', ਕਾਂਗਰਸ ਤੇ ਅਕਾਲੀ-ਭਾਜਪਾ ਵਿਚਾਲੇ ਹੋਵੇਗੀ, ਪਰ ਇੱਕ ਧਿਰ ਹੋਰ ਵੀ ਹੈ, ਜਿਹੜੀ ਨਤੀਜੇ ਬਦਲਣ ਦੀ ਸਮਰੱਥਾ ਰੱਖਦੀ ਹੈ। ਇਸ ਧਿਰ ਨੇ ਹਾਲ ਹੀ ਵਿੱਚ ਤਾਮਿਲਨਾਡੂ 'ਚ ਰੰਗ ਦਿਖਾਇਆ ਹੈ। ਖੱਬੀਆਂ ਤੇ ਸੈਕੂਲਰ ਤਾਕਤਾਂ ਦੀ ਇਸ ਧਿਰ ਕਾਰਨ ਹੀ ਤਾਮਿਲਨਾਡੂ ਵਿੱਚ ਨਵਾਂ ਸਮੀਕਰਨ ਸਾਹਮਣੇ ਆਇਆ। ਉੱਥੇ ਕਾਂਗਰਸ ਵੀ ਨਾਲ ਰਲੀ। ਪੰਜਾਬ ਅਸੰਬਲੀ ਚੋਣਾਂ 'ਚ ਵਕਤ ਬਹੁਤ ਘੱਟ ਹੈ। ਕਾਂਗਰਸ ਨੂੰ ਆਪਣੀ ਮੁਹਿੰਮ ਚਲਾਉਣ ਦਾ ਪੂਰਾ ਹੱਕ ਹੈ, ਪਰ ਉਸ ਨੂੰ ਇਹ ਜ਼ਰੂਰ ਚੇਤੇ ਰੱਖਣਾ ਚਾਹੀਦਾ ਹੈ ਕਿ ਉਹ 'ਇੰਡੀਆ' ਗੱਠਜੋੜ ਦਾ ਹਿੱਸਾ ਹੈ ਤੇ ਜੇ ਉਹ ਇੰਡੀਆ ਗੱਠਜੋੜ ਦੀਆਂ ਬਾਕੀ ਪਾਰਟੀਆਂ ਨੂੰ ਵੀ ਆਪਣੀ ਮੁਹਿੰਮ ਨਾਲ ਜੋੜ ਕੇ ਚੱਲੇ ਤਾਂ ਨਤੀਜੇ ਉਮੀਦ ਨਾਲੋਂ ਚੰਗੇ ਮਿਲ ਸਕਦੇ ਹਨ। ਹਾਲਾਂਕਿ ਪਰਗਟ ਸਿੰਘ ਤੇ ਪ੍ਰਤਾਪ ਸਿੰਘ ਬਾਜਵਾ ਖੱਬੇ-ਪੱਖੀ ਪਾਰਟੀਆਂ ਨਾਲ ਚੋਣ ਗੱਠਜੋੜ ਦਾ ਇਸ਼ਾਰਾ ਕਰ ਚੁੱਕੇ ਹਨ, ਪਰ ਚੋਣਾਂ ਸਿਰ 'ਤੇ ਖਲੋਤੀਆਂ ਹੋਣ ਕਰਕੇ ਉਨ੍ਹਾਂ ਨੂੰ ਛੇਤੀ ਪਹਿਲ ਕਰਨੀ ਪੈਣੀ ਹੈ। 'ਇੰਡੀਆ' ਧਰਮ ਦੀ ਪਾਲਣਾ ਜ਼ਰੂਰੀ ਹੈ।

ਪੰਜਾਬ : ਪੂੰਜੀਗਤ ਖਰਚਾ, ਮਾਲੀ ਤੇ ਵਿੱਤੀ ਘਾਟਾ

ਡਾ. ਅਨੂਪ ਸਿੰਘ

ਕਿਸੇ ਵੀ ਦੇਸ਼ ਜਾਂ ਸੂਬੇ ਦੇ ਆਰਥਿਕ ਵਿਕਾਸ ਅਤੇ ਸਥਿਰਤਾ ਦਾ ਇਕ ਮਹੱਤਵਪੂਰਨ ਸੂਚਕ ਉਸ ਦਾ ਪੂੰਜੀਗਤ ਖਰਚਾ ਹੁੰਦਾ ਹੈ । ਇਹ ਉਹ ਖਰਚਾ ਹੈ, ਜੋ ਸੜਕਾਂ, ਪੇਂਡੂ ਤੇ ਸ਼ਹਿਰੀ ਵਿਕਾਸ, ਸਿੰਜਾਈ, ਸਿੱਖਿਆ, ਸਿਹਤ ਅਤੇ ਸਨਅਤੀ ਬੁਨਿਆਦੀ ਢਾਂਚੇ 'ਤੇ ਹੁੰਦਾ ਹੈ, ਭਾਵ ਜਿਹੜਾ ਰਾਜ ਦੀ ਸਥਾਈ ਜਾਇਦਾਦ ਭਾਵ ਅਸਾਸੇ ਸਿਰਜਣ 'ਤੇ ਹੁੰਦਾ ਹੈ । ਕਿਸੇ ਵੀ ਰਾਜ/ਦੇਸ਼ ਦੀ ਲੰਮੇ ਸਮੇਂ ਦੀ ਆਰਥਿਕ ਸਿਹਤ ਉਸ ਦੇ ਪੂੰਜੀਗਤ ਖਰਚੇ 'ਤੇ ਨਿਰਭਰ ਕਰਦੀ ਹੈ । ਇਹ ਖਰਚ ਰੁਜ਼ਗਾਰ ਪੈਦਾ ਕਰਨ ਵਾਲੇ ਬੁਨਿਆਦੀ ਢਾਂਚੇ ਤੇ ਸਨਅਤਾਂ ਵਿਚ ਕੀਤਾ ਜਾਂਦਾ ਹੈ ।

ਭਾਰਤ ਦੇ ਆਡੀਟਰ ਜਨਰਲ ਦੀ ਰਿਪੋਰਟ ਅਨੁਸਾਰ 2023-24 ਵਿਚ ਪੰਜਾਬ ਸਰਕਾਰ ਨੇ ਆਪਣੇ ਕੁੱਲ ਖਰਚ ਦਾ ਸਿਰਫ਼ 3.88% ਹਿੱਸਾ ਹੀ ਪੂੰਜੀਗਤ ਖਰਚ ਲਈ ਵਰਤਿਆ ਅਤੇ ਇਹ ਲਏ ਗਏ ਕਰਜ਼ੇ ਦਾ 4.4% ਹੈ । ਭਾਵ ਲਏ ਗਏ ਕਰਜ਼ੇ ਦਾ ਕੇਵਲ ਮਾਮੂਲੀ ਹਿੱਸਾ ਹੀ ਪੂੰਜੀ ਨਿਰਮਾਣ ਲਈ ਵਰਤਿਆ ਗਿਆ । ਇਹ ਲਗਪਗ 4,743 ਕਰੋੜ ਰੁਪਏ ਸੀ । ਇਸ ਘੱਟ ਖਰਚ ਦੇ ਦੋ ਵੱਡੇ ਕਾਰਨ ਹਨ । (ੳ) ਕਰਜ਼ੇ ਦੀ ਕਿਸ਼ਤ ਤੇ ਵਿਆਜ ਦੀ ਅਦਾਇਗੀ ; ਸਬਸਿਡੀਆਂ, ਰਾਹਤਾਂ ਤੇ ਰਿਆਇਤਾਂ ; ਤਨਖਾਹਾਂ ਤੇ ਪੈਨਸ਼ਨਾਂ ਦੀ ਅਦਾਇਗੀ । ਇਨ੍ਹਾਂ ਚਾਰ ਮੱਦਾਂ 'ਤੇ ਰਾਜ ਦੀ ਮਾਲੀ ਆਮਦਨ ਦਾ 90% ਖਰਚ ਹੋ ਜਾਂਦਾ ਹੈ । ਸਿੱਟੇ ਵਜੋਂ ਬੁਨਿਆਦੀ ਢਾਂਚੇ ਤੇ ਸਰਕਾਰੀ ਸਕੀਮਾਂ ਲਈ ਬਹੁਤ ਹੀ ਘੱਟ ਬਚਦਾ ਹੈ । (ਅ) ਸੂਬੇ ਦੇ ਬਜਟ ਦੇ ਆਕਾਰ ਦਾ ਛੋਟਾ ਹੋਣਾ ।

ਪੰਜਾਬ ਦੇ ਚੋਣ ਵਰ੍ਹੇ ਭਾਵ 2026-27 ਦੇ ਬਜਟ ਵਿਚ ਪੂੰਜੀਗਤ ਖਰਚ ਲਈ ਸਿਰਫ਼ 18,381 ਕਰੋੜ ਰੁਪਏ ਰੱਖੇ ਹਨ, ਜਦੋਂ ਕਿ ਵੱਖ-ਵੱਖ ਵਰਗਾਂ ਨੂੰ ਮੁਫ਼ਤ ਰਿਆਇਤਾਂ ਦੇਣ ਲਈ 25,450 ਕਰੋੜ ਰੁਪਏ ਰੱਖੇ ਗਏ ਹਨ । ਇਹ ਵੱਖ-ਵੱਖ ਵਰਗਾਂ ਲਈ ਹੇਠ ਲਿਖੇ ਅਨੁਸਾਰ ਹਨ । (ੳ) ਟਿਊਬਵੈੱਲਾਂ ਲਈ ਮੁਫ਼ਤ ਬਿਜਲੀ-7715 ਕਰੋੜ ਰੁਪਏ (ਅ) ਘਰੇਲੂ ਖਪਤਕਾਰਾਂ ਲਈ ਮੁਫ਼ਤ 300 ਯੂਨਿਟ ਬਿਜਲੀ-5771 ਕਰੋੜ ਰੁਪਏ (ੲ) ਸਨਅਤਾਂ ਲਈ ਬਿਜਲੀ ਰਿਆਇਤਾਂ-2064 ਕਰੋੜ ਰੁਪਏ (ਸ) ਮੁਫ਼ਤ ਬੱਸ ਸਫ਼ਰ-600 ਕਰੋੜ (ਹ) ਮਾਵਾਂ-ਭੈਣਾਂ ਸਤਿਕਾਰ ਯੋਜਨਾ-9300 ਕਰੋੜ ਰੁਪਏ । (ਕ) ਤੁਹਾਡੀ ਰਸੋਈ ਯੋਜਨਾ ਤਹਿਤ-460 ਕਰੋੜ ਰੁਪਏ ।

ਸਿੱਟੇ ਵਜੋਂ ਸੂਬੇ ਦੀ ਆਮਦਨ ਦਾ ਵੱਡਾ ਹਿੱਸਾ ਪਹਿਲਾਂ ਹੀ ਨਿਰਧਾਰਿਤ ਪੱਕੇ-ਠੇਕੇ ਅਤੇ ਬੱਝਵੇਂ ਖਰਚਿਆਂ ਵਿਚ ਲੱਗ ਜਾਂਦਾ ਹੈ । ਇਸ ਤਰ੍ਹਾਂ ਵਿਕਾਸ ਅਤੇ ਪੂੰਜੀਗਤ ਖਰਚਿਆਂ ਲਈ ਬਜਟ ਦਾ ਬਹੁਤ ਘੱਟ ਹਿੱਸਾ ਬਚਦਾ ਹੈ ।

ਭਾਰਤ ਦੇ ਆਡੀਟਰ ਜਨਰਲ ਦੇ ਨਿਰੀਖਣ ਅਨੁਸਾਰ 2023-24 ਅਨੁਸਾਰ 16 ਸੂਬੇ ਵਾਧੂ ਮਾਲੀਆ ਇਕੱਤਰ ਕਰਨ ਵਾਲੀ ਸ਼੍ਰੇਣੀ ਵਿਚ ਸਨ । ਯੂ.ਪੀ. ਨੇ 37 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਵਾਧਾ ਦਰਜ ਕੀਤਾ, ਜੋ ਗੁਜਰਾਤ ਨਾਲੋਂ ਦੁਗਣਾ ਸੀ । ਜੂਨ-2026 ਦੀ ਕੈਗ ਰਿਪੋਰਟ ਅਨੁਸਾਰ ਆਂਧਰਾ ਪ੍ਰਦੇਸ਼ 2023-24 ਵਿਚ ਸਭ ਤੋਂ ਵੱਡੇ ਮਾਲੀਆ ਘਾਟੇ ਵਾਲਾ ਸੂਬਾ ਰਿਹਾ। ਰੋਜ਼ਮਰ੍ਹਾ ਦੇ ਖਰਚਿਆਂ ਲਈ ਰਾਜ ਦਾ ਕਰਜ਼ਾ ਰਾਜ ਦੇ ਕੁੱਲ ਘਰੇਲੂ ਉਤਪਾਦਨ ਦਾ 3.2% ਹੈ । ਬਾਕੀ ਰਾਜਾਂ ਲਈ ਇਹ ਦਰ ਕੇਵਲ 0.8% ਹੈ । ਇਸੇ ਤਰ੍ਹਾਂ ਸੂਬਿਆਂ ਦੇ ਸਮੂਹਿਕ ਪੱਧਰ 'ਤੇ 2025-26 ਲਈ ਔਸਤ ਵਿੱਤੀ ਘਾਟਾ ਕੁੱਲ ਘਰੇਲੂ ਉਤਪਾਦਨ ਦੇ ਲਗਪਗ 3.14 % ਦੇ ਨੇੜੇ ਦਾ ਅਨੁਮਾਨ ਲਗਾਇਆ ਹੈ ਜਦੋਂ ਕਿ ਪੰਜਾਬ ਦਾ ਵਿੱਤੀ ਘਾਟਾ 4% ਜਾਂ ਇਸ ਤੋਂ ਉੱਪਰ ਬਣਿਆ ਰਿਹਾ।

ਆਡੀਟਰ ਜਨਰਲ ਦੀ 2024 ਦੀ ਵਿੱਤੀ ਰਿਪੋਰਟ ਅਨੁਸਾਰ ਪੰਜਾਬ ਦਾ ਮਾਲੀਆ ਘਾਟਾ ਪੰਜ ਸਾਲਾਂ ਵਿਚ ਦੁਗਣਾ ਹੋ ਗਿਆ ਹੈ । ਸਾਲ 2019-20 ਵਿਚ ਮਾਲੀਆ ਘਾਟਾ 14,285 ਕਰੋੜ ਰੁਪਏ ਸੀ, ਜੋ 2023-24 ਵਿਚ ਵਧ ਕੇ 28215 ਕਰੋੜ ਰੁਪਏ ਗਿਆ । ਸਾਲ 2016-17 ਵਿਚ ਮਾਲੀ ਘਾਟਾ 7311 ਕਰੋੜ ਰੁਪਏ ਸੀ । ਸਪੱਸ਼ਟ ਹੈ ਕਿ ਪੰਜਾਬ ਨੂੰ ਰੋਜ਼ਾਨਾ ਦੀਆਂ ਲੋੜ ਪੂਰੀਆਂ ਕਰਨ ਲਈ ਅਤੇ ਆਮ ਖਰਚਿਆਂ ਨੂੰ ਪੂਰਾ ਕਰਨ ਲਈ ਕਰਜ਼ਾ ਲੈਣਾ ਪੈ ਰਿਹਾ ਹੈ । 2024-25 ਦੇ ਬਜਟ ਵਿਚ ਪੰਜਾਬ ਸਰਕਾਰ ਨੇ ਮਾਲੀਆ ਘਾਟਾ 23,198 ਰੁਪਏ ਅਤੇ ਵਿੱਤੀ ਘਾਟਾ 30,465 ਕਰੋੜ ਰੁਪਏ ਰੱਖਣ ਦਾ ਟੀਚਾ ਮਿਥਿਆ ਸੀ । ਇਹ ਪੰਜਾਬ ਦੇ ਕੁੱਲ ਘਰੇਲੂ ਉਤਪਾਦਨ ਦਾ 2.89% ਅਤੇ 3.8% ਦੇ ਬਰਾਬਰ ਹੈ, ਪਰ ਸਰਕਾਰ ਦਾ ਦਾਅਵਾ ਸੀ ਕਿ ਟੈਕਸ ਇਕੱਠਾ ਕਰਨ, ਆਬਕਾਰੀ ਆਮਦਨ ਵਿਚ ਸੁਧਾਰ ਅਤੇ ਆਰਥਿਕ ਵਿਕਾਸ ਦੀ ਗਤੀ ਨਾਲ ਵਿੱਤੀ ਹਾਲਤ ਸੁਧਰੇਗੀ । ਪਰ ਕੈਗ ਦੇ ਅੰਕੜੇ ਦੱਸਦੇ ਹਨ ਕਿ ਖਰਚੇ ਆਮਦਨ ਨਾਲੋਂ ਵਧੇਰੇ ਤੇਜ਼ੀ ਨਾਲ ਵਧ ਰਹੇ ਹਨ । ਸਾਲ 2023-24 ਵਿਚ ਪੰਜਾਬ ਰਾਜ ਦੀਆਂ ਕੁੱਲ ਮਾਲੀਆ ਪ੍ਰਾਪਤੀਆਂ 89,192 ਕਰੋੜ ਰੁਪਏ ਸਨ ਅਤੇ ਮਾਲੀਆ ਖਰਚਾ 1,17,407 ਕਰੋੜ ਰੁਪਏ ਤੱਕ ਪਹੁੰਚ ਗਿਆ । 2026-27 ਵਿਚ ਵਿੱਤੀ ਘਾਟੇ ਦਾ ਅਨੁਮਾਨ 39,971 ਕਰੋੜ ਰੁਪਏ ਹੈ । ਇਹ ਪੰਜਾਬ ਦੇ ਕੁੱਲ ਘਰੇਲੂ ਉਤਪਾਦਨ ਦਾ 4.1% ਹੈ । ਮੁਫ਼ਤ ਰਿਆਇਤਾਂ, ਰਾਹਤਾਂ ਤੇ ਸਬਸਿਡੀਆਂ ਦਾ ਖਰਚਾ ਬੇਹੱਦ ਵਧ ਗਿਆ ਹੈ । ਰਿਪੋਰਟ ਨੇ ਇਹ ਤੱਥ ਵੀ ਸਾਹਮਣੇ ਲਿਆਂਦਾ ਹੈ ਕਿ ਪੰਜਾਬ ਦੀਆਂ ਕੁੱਲ ਦੇਣਦਾਰੀਆਂ ਪੰਜਾਬ ਦੇ ਕੁੱਲ ਘਰੇਲੂ ਉਤਪਾਦਨ ਦੇ 44.27% ਪਹੁੰਚ ਗਈਆਂ ਹਨ । ਰਿਪੋਰਟ ਅਨੁਸਾਰ 2023-24 ਵਿਚ ਸੂਬੇ ਦਾ ਕੁੱਲ ਕਰਜ਼ਾ ਅਤੇ ਹੋਰ ਦੇਣਦਾਰੀਆਂ ਲਗਪਗ 3.46 ਲੱਖ ਕਰੋੜ ਰੁਪਏ ਸਨ । ਮਾਰਚ 2027 ਤੱਕ ਕੁੱਲ ਕਰਜ਼ਾ ਤੇ ਦੇਣਦਾਰੀਆਂ ਪੌਣੇ ਪੰਜ ਲੱਖ ਕਰੋੜ ਰੁਪਏ ਤੱਕ ਪਹੁੰਚ ਜਾਣਗੀਆਂ।

ਪੰਜਾਬ ਦੀ ਵਿੱਤੀ-ਸਥਿਤੀ ਸੰਬੰਧੀ ਤਾਜ਼ਾ ਰਿਪੋਰਟ ਅਨੁਸਾਰ ਪੰਜਾਬ ਉਨ੍ਹਾਂ ਸੂਬਿਆਂ ਵਿਚੋਂ ਇਕ ਹੈ, ਜਿੱਥੇ ਸਬਸਿਡੀਆਂ ਤੇ ਹੋਰ ਮੁਫ਼ਤ ਸਹੂਲਤਾਂ ਉੱਪਰ ਸਭ ਤੋਂ ਵੱਧ ਖਰਚ ਹੁੰਦਾ ਹੈ । ਸਾਲ 2024-25 ਵਿਚ ਪੰਜਾਬ ਨੇ ਆਪਣੇ ਕੁਲ ਖਰਚ ਦਾ 13.5% ਤੋਂ ਵੱਧ ਸਬਸਿਡੀਆਂ 'ਤੇ ਖਰਚ ਕੀਤਾ । ਸਾਲ 2023-24 ਵਿਚ ਕੇਵਲ ਬਿਜਲੀ ਸਬਸਿਡੀਆਂ 'ਤੇ ਲਗਪਗ 18,870 ਕਰੋੜ ਰੁਪਏ ਖਰਚ ਕੀਤੇ ਗਏ ।

ਬਿਜਲੀ ਸਬਸਿਡੀ ਹੀ ਰਾਜ ਦੀ ਮਾਲੀ ਆਮਦਨ ਦਾ 20% ਹੜੱਪ ਲੈਂਦੀ ਹੈ । ਇਹ ਸਾਰੇ ਪ੍ਰਮੁੱਖ ਰਾਜਾਂ ਨਾਲੋਂ ਵੱਧ ਹੈ । ਇਹ ਰਕਮ ਸੂਬੇ ਦੇ ਪੂੰਜੀਗਤ ਨਿਵੇਸ਼ ਨਾਲੋਂ ਕਈ ਗੁਣਾਂ ਵੱਧ ਸੀ । ਸਟੇਟ ਵਿੱਤ ਕਮਿਸ਼ਨ ਦੀ ਰਿਪੋਰਟ ਅਨੁਸਾਰ 2030-31 ਤੱਕ ਰਾਜ ਦੇ ਕਰਜ਼ੇ ਅਤੇ ਕੁੱਲ ਘਰੇਲੂ ਉਤਪਾਦਨ ਦਾ ਅਨੁਪਾਤ 62% ਹੋ ਜਾਵੇਗਾ । ਸਰਕਾਰੀ ਬੋਰਡਾਂ ਤੇ ਕਾਰਪੋਰੇਸ਼ਨਾਂ ਦੁਆਰਾ ਮਾਰਚ 2024 ਤੱਕ 4092.78 ਕਰੋੜ ਰੁਪਏ ਦਾ ਕਰਜ਼ਾ ਲਿਆ ਗਿਆ ਸੀ, ਜੋ ਹੁਣ (ਅਕਤੂਬਰ-2026) 23,654 ਕਰੋੜ ਰੁਪਏ ਹੋ ਗਿਆ । ਇਸ ਦੀ ਅਦਾਇਗੀ ਵੀ ਪੰਜਾਬ ਦੇ ਖ਼ਜ਼ਾਨੇ 'ਚੋਂ ਹੋਣੀ ਹੈ । ਭਾਵ ਇਹ ਬੋਝ ਵੀ ਪੰਜਾਬੀਆਂ ਸਿਰ ਹੈ । ਕਰਜ਼ੇ ਦੀ ਸਥਿਤੀ ਏਨੀ ਬਦਤਰ ਹੋ ਗਈ ਹੈ ਕਿ ਹਰ ਸਾਲ ਲਏ ਜਾਂਦੇ ਕਰਜ਼ੇ 'ਚੋਂ ਕੇਵਲ 7.8% ਹੀ ਸਰਕਾਰ ਨੂੰ ਮਿਲਦਾ ਹੈ ਅਤੇ ਬਾਕੀ 92.2% ਪਿਛਲੇ ਕਰਜ਼ੇ ਉਤਾਰਨ 'ਤੇ ਖਰਚ ਜੋ ਜਾਂਦਾ ਹੈ ।

ਚਾਲੂ ਵਿੱਤੀ ਸਾਲ ਵਿਚ ਕਰਜ਼ੇ ਦੀ ਕਿਸ਼ਤ 'ਤੇ ਬਣਦਾ ਵਿਆਜ 42000 ਕਰੋੜ ਰੁਪਏ ਹੈ । ਕੇਵਲ ਵਿਆਜ ਹੀ ਆਮਦਨ ਦਾ ਪੰਜਵਾਂ ਹਿੱਸਾ ਚਟਮ ਕਰ ਜਾਂਦਾ ਹੈ । ਰਾਜ ਦੇ ਪੱਕੇ-ਠੇਕੇ ਖਰਚੇ ਭਾਵ ਤਨਖਾਹਾਂ, ਪੈਨਸ਼ਨਾਂ, ਲਏ ਗਏ ਕਰਜ਼ੇ 'ਤੇ ਵਿਆਜ ਤੇ ਸਬਸਿਡੀਆਂ ਮਾਲੀ ਆਮਦਨ ਦਾ 90% ਚਟਮ ਕਰ ਦਿੰਦੇ ਹਨ । ਸਿੱਟੇ ਵਜੋਂ ਵਿਕਾਸ ਲਈ ਅਮਲ 'ਚ ਬੇਹੱਦ ਮਾਮੂਲੀ ਰਕਮ ਬਚਦੀ ਹੈ । ਇਸ ਲਈ ਆਰਥਿਕ ਮੋਰਚੇ 'ਤੇ ਅਜਿਹੀ ਕਾਰਜਸ਼ੈਲੀ ਨਾਲ ਪੰਜਾਬ ਦਾ ਵਿਕਾਸ ਸੰਭਵ ਹੀ ਨਹੀਂ ਅਤੇ ਇਹ ਸਿਲਸਿਲਾ ਪਿਛਲੇ 30 ਸਾਲਾਂ ਤੋਂ ਚਾਲੂ ਹੈ ।

ਸੰਪਰਕ : 98768-01268

ਆਓ, ਨਮੂਨੀਏ ਤੋਂ ਛੁਟਕਾਰਾ ਪਾ ਕੇ ਮਾਸੂਮਾਂ ਨੂੰ ਮੌਤ ਤੋਂ ਬਚਾਈਏ

ਜਸਵਿੰਦਰ ਸਿੰਘ ਸਹੋਤਾ

ਅੱਜ 12 ਨਵੰਬਰ ਨੂੰ ਸੰਸਾਰ ਭਰ ਵਿੱਚ ਕੌਮਾਂਤਰੀ ਨਮੂਨੀਆ ਦਿਹਾੜਾ ਮਨਾਇਆ ਜਾ ਰਿਹਾ ਹੈ। ਸੰਸਾਰ ਦੇ ਲਗਭਗ 50 ਬੱਚਿਆਂ ਦੀ ਸਿਹਤ ਨਾਲ ਸੰਬੰਧਤ ਸੰਗਠਨਾਂ ਨੇ ਵਿਸ਼ਵ ਸਿਹਤ ਸੰਗਠਨ ਨੂੰ ਨਮੂਨੀਆ ਦਿਹਾੜਾ ਕੌਮਾਂਤਰੀ ਪੱਧਰ 'ਤੇ ਮਨਾਉਣ ਦੀ ਅਪੀਲ ਕੀਤੀ ਸੀ, ਜਿਸ ਸਦਕਾ ਵਿਸ਼ਵ ਸਿਹਤ ਸੰਗਠਨ ਨੇ ਲੋਕਾਂ ਵਿੱਚ ਨਮੂਨੀਏ ਦੀ ਬਿਮਾਰੀ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਸਾਲ 2009 ਤੋਂ ਹਰ ਸਾਲ 12 ਨਵੰਬਰ ਨੂੰ ਕੌਮਾਂਤਰੀ ਨਮੂਨੀਆ ਦਿਹਾੜੇ ਵਜੋਂ ਮਨਾਉਣ ਦਾ ਫੈਸਲਾ ਲਿਆ ਸੀ।

ਨਮੂਨੀਆ ਇੱਕ ਬਹੁਤ ਹੀ ਘਾਤਕ ਬਿਮਾਰੀ ਹੈ, ਜਿਸ ਤੋਂ ਪ੍ਰਹੇਜ਼ ਨਾਲ ਸਹਿਜੇ ਹੀ ਬਚਿਆ ਜਾ ਸਕਦਾ ਹੈ। ਨਮੂਨੀਆ ਇਲਾਜਯੋਗ ਬਿਮਾਰੀ ਹੈ। ਜਲਦੀ ਮਾਹਰ ਡਾਕਟਰ ਤੋਂ ਇਲਾਜ ਕਰਵਾ ਕੇ ਨਮੂਨੀਏ ਨਾਲ ਹੋਣ ਵਾਲੀਆਂ ਮੌਤਾਂ ਤੋਂ ਬਚਿਆ ਜਾ ਸਕਦਾ ਹੈ। ਇਲਾਜ ਵਿੱਚ ਦੇਰੀ ਖਤਰਨਾਕ ਸਿੱਧ ਹੋ ਸਕਦੀ ਹੈ ਅਤੇ ਬੱਚੇ ਦੀ ਜ਼ਿੰਦਗੀ ਜੋਖਮ ਵਿੱਚ ਪੈ ਸਕਦੀ ਹੈ। ਬੱਚਿਆਂ ਦੇ ਬਿਮਾਰ ਹੋਣ ਦੀ ਸੂਰਤ ਵਿੱਚ ਬੱਚਿਆਂ ਨੂੰ ਨੀਮ-ਹਕੀਮ ਜਾਂ ਝੋਲਾਛਾਪ ਡਾਕਟਰਾਂ ਕੋਲ ਲਿਜਾਣ ਦੀ ਬਜਾਏ ਬੱਚਿਆਂ ਦੀਆਂ ਬਿਮਾਰੀਆਂ ਦੇ ਡਾਕਟਰ ਤੋਂ ਹੀ ਇਲਾਜ ਕਰਵਾਉਣਾ ਚਾਹੀਦਾ ਹੈ।

ਇਹ ਗੱਲ ਬੜੀ ਹੀ ਦੁੱਖ ਵਾਲੀ ਹੈ ਕਿ ਸਰਕਾਰ ਕੋਲ ਨਮੂਨੀਏ ਦੀ ਬਿਮਾਰੀ ਦੀ ਰੋਕਥਾਮ ਦੇ ਢੁਕਵੇਂ ਪ੍ਰਬੰਧ ਹੋਣ ਦੇ ਬਾਵਜੂਦ ਸੰਸਾਰ ਵਿੱਚ ਪੰਜ ਸਾਲ ਤੋਂ ਘੱਟ ਉਮਰ ਵਾਲੇ 20 ਲੱਖ ਬੱਚੇ ਨਮੂਨੀਏ ਨਾਲ ਮੌਤ ਦਾ ਸ਼ਿਕਾਰ ਹੋ ਜਾਂਦੇ ਹਨ, ਜੋ ਕਿ ਏਡਜ਼, ਮਲੇਰੀਆ ਅਤੇ ਖਸਰੇ ਨਾਲ ਹੋਣ ਵਾਲੀਆਂ ਕੁੱਲ ਮੌਤਾਂ ਨਾਲੋਂ ਵੀ ਵਧੇਰੇ ਹਨ। ਬੁਖਾਰ, ਖਾਂਸੀ ਅਤੇ ਜਲਦੀ-ਜਲਦੀ ਸਾਹ ਲੈਣਾ ਨਮੂਨੀਏ ਦੀ ਬਿਮਾਰੀ ਦੇ ਮੁੱਢਲੇ ਲੱਛਣ ਹਨ। ਦੁੱਧ ਪੀਣ ਵਿੱਚ ਮੁਸ਼ਕਲ, ਸਾਹ ਦੀ ਸਮੱਸਿਆ, ਬੱਚੇ ਦਾ ਸਰੀਰ ਬੁਖਾਰ ਕਾਰਨ ਤਪਣਾ ਅਤੇ ਖਾਂਸੀ ਖਤਰਨਾਕ ਲੱਛਣ ਹਨ।

ਭਾਰਤ ਵਿੱਚ ਸਟਰੇਪੋਟੋਕੋਕਸ ਨਮੂਨੀਆ ਅਤੇ ਹੈਮੋਫਲਿਉਸ ਐਨਫਲੂਜ਼ ਟਾਈਪ-2 ਨਾਮੀ ਦੋ ਬੈਕਟੀਰੀਆ ਕਾਰਨ ਜ਼ਿਆਦਾਤਰ ਨਮੂਨੀਆ ਹੁੰਦਾ ਹੈ। ਦੁਨੀਆਂ ਭਰ ਵਿੱਚ ਬੱਚਿਆਂ ਦੀ ਸਭ ਤੋਂ ਜ਼ਿਆਦਾ ਮੌਤਾਂ ਨਮੂਨੀਏ ਕਾਰਨ ਹੁੰਦੀਆਂ ਹਨ। ਭਾਰਤ ਵਿੱਚ ਦੁਨੀਆ ਭਰ ਦੇ 27 ਫੀਸਦੀ ਬੱਚੇ ਨਮੂਨੀਏ ਕਾਰਨ ਮੌਤ ਦਾ ਸ਼ਿਕਾਰ ਹੋ ਜਾਂਦੇ ਹਨ। ਵਿਸ਼ਵ ਸਿਹਤ ਸੰਗਠਨ ਦੇ ਆਂਕੜਿਆਂ 'ਤੇ ਝਾਤ ਮਾਰੀਏ ਤਾਂ ਹਰ ਮਿੰਟ ਵਿੱਚ ਇੱਕ ਬੱਚੇ ਦੀ ਮੌਤ ਨਮੂਨੀਏ ਤੋਂ ਕਾਰਨ ਹੁੰਦੀ ਹੈ। ਨਮੂਨੀਏ ਛੁਟਕਾਰਾ ਪਾਉਣ ਲਈ ਬੱਚਿਆਂ ਨੂੰ ਨਮੂਨੀਏ ਦਾ ਪ੍ਰਤੀਰੱਖਿਆਕਰਣ ਟੀਕਾ ਲਗਾਉਣਾ ਚਾਹੀਦਾ ਹੈ। ਬੱਚਾ ਅਧਿਕਾਰ ਕਮਿਸ਼ਨ ਨੇ ਵੀ ਬੱਚਿਆ ਨੂੰ ਨਮੂਨੀਏ ਦੀ ਬਿਮਾਰੀ ਤੋਂ ਮੁਕਤ ਕਰਨ ਲਈ ਸਰਕਾਰ ਨੂੰ ਨਿਰਦੇਸ਼ ਦਿੱਤੇ ਹੋਏ ਹਨ। ਸਰਕਾਰ ਨੂੰ ਅਜਿਹੇ ਉਪਰਾਲੇ ਕਰਨੇ ਚਾਹੀਦੇ ਹਨ ਕਿ ਦੂਰ-ਦੁਰੇਡੇ ਬੱਚਿਆਂ ਨੂੰ ਨਮੂਨੀਏ ਪ੍ਰਤੀਰੱਖਿਆਕਰਣ ਦਾ ਮੁਫਤ ਟੀਕਾ ਲੱਗ ਸਕੇ।

ਭਾਰਤ ਵਿੱਚ ਨਮੂਨੀਏ ਕਾਰਨ ਹੁੰਦੀਆਂ ਜ਼ਿਆਦਾ ਮੌਤਾਂ ਦਾ ਮੁੱਖ ਕਾਰਨ ਲੋਕਾਂ ਦਾ ਨਮੂਨੀਏ ਦੀ ਪ੍ਰਤੀ ਜਾਗਰੂਕਤਾ ਦੀ ਘਾਟ ਹੈ। ਪੋਲੀਓ ਦੀ ਬਿਮਾਰੀ ਨੂੰ ਦੇਸ਼ ਵਿੱਚੋਂ ਖਤਮ ਕਰਨ ਵਾਂਗ ਹੀ ਸਰਕਾਰ ਦੇ ਨਾਲ-ਨਾਲ ਸਵੈ-ਸੇਵੀ ਸੰਸਥਾਵਾਂ ਨੂੰ ਵੀ ਨਮੂਨੀਆ ਮੁਕਤ ਦੇਸ਼ ਬਣਾਉਣ ਲਈ ਇੱਕ ਪ੍ਰਭਾਵੀ ਮੁਹਿੰਮ ਚਲਾਉਣੀ ਸਮੇਂ ਦੀ ਪ੍ਰਮੁੱਖ ਲੋੜ ਹੈ। ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਸਰਦੀ ਤੋਂ ਬਚਾਉਣ ਲਈ ਗਰਮ ਕੱਪੜਿਆਂ ਵਿੱਚ ਬੱਚਿਆਂ ਨੂੰ ਲਪੇਟ ਕੇ ਰੱਖਣ। ਨਵ-ਜੰਮੇ ਨੂੰ ਬੱਚੇ ਨੂੰ ਸਰਦੀ ਤੋਂ ਬਚਾਉਣ ਲਈ ਹਮੇਸ਼ਾ ਹੀ ਨਰਮ ਗਰਮ ਕੱਪੜੇ ਦੀ ਵਰਤੋਂ ਕਰਨੀ ਚਾਹੀਦੀ ਹੈ। ਬੱਚਿਆਂ ਨੂੰ ਅੰਗੀਠੀ, ਸਟੋਵ ਅਤੇ ਤੰਬਾਕੂ ਆਦਿ ਦੇ ਧੂੰਏਂ ਤੋਂ ਬਚਾ ਕੇ ਰੱਖਣਾ ਚਾਹੀਦਾ ਹੈ। ਬੱਚਿਆਂ ਨੂੰ ਹੋਰ ਰੋਗਾਂ ਵਾਂਗ ਨਮੂਨੀਏ ਦੀ ਘਾਤਕ ਬਿਮਾਰੀ ਤੋਂ ਬਚਾਉਣ ਲਈ ਸਫਾਈ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ।

ਆਓ, ਅੱਜ ਕੌਮਾਂਤਰੀ ਨਮੂਨੀਆ ਦਿਹਾੜੇ ਮੌਕੇ ਹਰ ਪਿੰਡ/ਸ਼ਹਿਰ ਵਿੱਚ ਸੈਮੀਨਾਰਾਂ ਅਤੇ ਰੈਲੀਆਂ ਆਦਿ ਕਰਕੇ ਲੋਕਾਂ ਨੂੰ ਨਮੂਨੀਏ ਦੀ ਬਿਮਾਰੀ ਪ੍ਰਤੀ ਜਾਗਰੂਕ ਕਰਨ ਦਾ ਅਗਾਜ਼ ਕਰੀਏ, ਤਾਂ ਜੋ ਘਰ ਦੀ ਰੌਣਕ ਬੱਚੇ ਆਪਣੇ ਪਰਵਾਰ ਦੇ ਵਿਹੜੇ ਵਿੱਚ ਹਮੇਸ਼ਾਂ ਤੰਦਰੁਸਤ ਰਹਿ ਕੇ ਖੇਡਦੇ ਰਹਿਣ ਅਤੇ ਮਾਵਾਂ ਦੀਆਂ ਗੋਦੀਆਂ ਦਾ ਸ਼ਿੰਗਾਰ ਬਣੇ ਰਹਿਣ।

ਸੰਪਰਕ : 94631-62825

ਦੁਰਗਾ ਪੂਜਾ, ਮਹਿਸ਼ਾਸੁਰ ਤੇ ਆਦਿਵਾਸੀ


ਡਾ. ਬਲਜਿੰਦਰ ਸਿੰਘ

ਪਿਛਲੇ ਦਿਨੀਂ ਭਾਜਪਾ ਦੇ ਇੱਕ ਆਗੂ ਨੇ ਬਿਆਨ ਦਿੱਤਾ ਕਿ ਦੁਰਗਾ ਪੂਜਾ ਮੌਕੇ ਸਨਾਤਨੀ ਰਵਾਇਤਾਂ ਕਾਇਮ ਰੱਖਦਿਆਂ ਦੁਰਗਾ ਪੂਜਾ ਦੇ ਪੰਡਾਲਾਂ ਦੇ ਪਿੱਛੇ ਬੈਠ ਕੇ ਮਾਸ ਮਛਲੀ ਦਾ ਭੋਜਨ ਨਾ ਕੀਤਾ ਜਾਵੇ। ਇਸ ਬਿਆਨ ਦੇ ਆਮ ਲੋਕਾਂ ਲਈ ਕੀ ਅਰਥ ਬਣਦੇ ਹਨ? ਇਹਨੂੰ ਸਮਝਣ ਲਈ ਇਸ ਤਿਓਹਾਰ ਦੀ ਪਿੱਠਭੂਮੀ ਵਿੱਚ ਝਾਤ ਮਾਰਨੀ ਜ਼ਰੂਰੀ ਹੈ। ਬਰਸਾਤਾਂ ਦੇ ਮੌਸਮ ਦੇ ਬੀਤ ਜਾਣ ਤੋਂ ਬਾਅਦ ਅੱਜਕੱਲ੍ਹ ਮੌਸਮ ਕੁੱਝ ਠੰਢਾ ਤੇ ਖੁਸ਼ਗਵਾਰ ਹੋਣ ਲੱਗ ਪੈਂਦਾ ਹੈ। ਸਾਰੇ ਦੇਸ਼ ਦੇ ਲੋਕ ਹੀ ਅਲੱਗ-ਅਲੱਗ ਢੰਗਾਂ ਨਾਲ ਇਸ ਮੌਸਮ ਨੂੰ ਖੁਸ਼-ਆਮਦੀਦ ਕਹਿੰਦੇ ਆਏ ਹਨ। ਇੱਕ ਤੋਂ ਬਾਅਦ ਇੱਕ ਤਿਓਹਾਰ ਅਕਤੂਬਰ, ਨਵੰਬਰ ਦੇ ਇਹਨਾਂ ਦੋ ਮਹੀਨਿਆਂ ਵਿੱਚ ਮਨਾਏ ਜਾਂਦੇ ਹਨ। ਇਹਨਾਂ 'ਚੋਂ ਆਪਾਂ ਗੱਲ ਕਰਨ ਲੱਗੇ ਹਾਂ - ਦੁਰਗਾ ਪੂਜਾ ਦੀ।

ਮੁਲਕ ਦੇ ਪੂਰਬੀ ਹਿੱਸਿਆਂ - ਪੱਛਮੀ ਬੰਗਾਲ, ਉਡੀਸ਼ਾ, ਝਾਰਖੰਡ, ਬਿਹਾਰ ਆਦਿ ਅਤੇ ਨਾਲ ਲੱਗਦੇ ਇਲਾਕਿਆਂ ਵਿੱਚ ਇਸ ਤਿਓਹਾਰ ਨੂੰ ਬਹੁਤ ਹੀ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਂਦਾ ਹੈ। ਪ੍ਰਚਲਤ ਮੰਨਤਾਂ ਅਨੁਸਾਰ ਕਿਹਾ ਜਾਂਦਾ ਹੈ ਕਿ ਦੇਵਤਿਆਂ ਦੇ ਵਾਸ ਭਾਵ ਜੰਨਤ-ਸਵਰਗ ਅੰਦਰ ਮਹਿਸ਼ਾਸੁਰ ਨਾਂਅ ਦੇ ਇੱਕ ਮੱਝ ਸਵਾਰ ਦੈਂਤ ਨੇ ਖੜਦੂੰਗ ਮਚਾ ਕੇ ਉਥੋਂ ਦੇ ਵਾਸੀਆਂ ਦਾ ਜਿਓਣਾ ਦੁੱਭਰ ਕੀਤਾ ਹੋਇਆ ਸੀ ਅਤੇ ਉਹ ਇਹਨਾਂ ਸਵਰਗਵਾਸੀਆਂ ਦੇ ਕਿਸੇ ਵੀ ਤਰ੍ਹਾਂ ਨਾਲ ਕਾਬੂ ਵਿੱਚ ਨਹੀਂ ਆ ਰਿਹਾ ਸੀ। ਫਿਰ ਉਹਨਾਂ ਨੇ ਇਸ ਦੇ ਇੱਕ ਉਪਾਅ ਵਜੋਂ ਦਸ ਭੁਜਾਵਾਂ ਵਾਲੀ ਸ਼ੇਰ 'ਤੇ ਸਵਾਰ ਦੁਰਗਾ ਨਾਂਅ ਦੀ ਇੱਕ ਦੇਵੀ ਨੂੰ ਸਿਰਜਿਆ ਅਤੇ ਉਹਦੇ ਦਸਾਂ ਹੱਥਾਂ ਵਿੱਚ ਸ਼ਸਤਰ ਫੜਾ ਕੇ ਮਹਿਸ਼ਾਸੁਰ ਦਾ ਖ਼ਾਤਮਾ ਕਰਨ ਲਈ ਮੈਦਾਨ ਵਿੱਚ ਉਤਾਰਿਆ। ਦੁਰਗਾ ਨਾਂਅ ਦੀ ਉਸ ਦੇਵੀ ਨੇ ਮਹਿਸ਼ਾਸੁਰ ਨਾਲ ਯੁੱਧ ਕੀਤਾ ਤੇ ਮਹਿਸ਼ਾਸੁਰ 'ਤੇ ਵਿਜੇ ਹਾਸਲ ਕੀਤੀ। ਉਹਦੀ ਇਸ ਜਿੱਤ ਦੇ ਮੌਕੇ ਨੂੰ ਯਾਦ ਕਰਦਿਆਂ ਦੁਸਹਿਰੇ ਦੇ ਤਿਓਹਾਰ ਵਾਂਗ ਬੁਰਾਈ ਉੱਤੇ ਸੱਚਾਈ ਦੀ ਜਿੱਤ ਦੇ ਜਸ਼ਨ ਵਜੋਂ ਦੁਰਗਾ ਪੂਜਾ ਦਾ ਇਹ ਤਿਓਹਾਰ ਮਨਾਇਆ ਜਾਂਦਾ ਹੈ।

ਇੱਕ ਹੋਰ ਵਿਆਖਿਆ ਅਨੁਸਾਰ ਦੁਰਗਾ ਨੂੰ ਜਗਦਧਾਤਰੀ ਵੀ ਕਿਹਾ ਜਾਂਦਾ ਹੈ, ਯਾਨੀ ਕਿ ਜਗਤ ਦਾ ਪਾਲਣ-ਪੋਸ਼ਣ ਕਰਨ ਵਾਲੀ ਹੈ, ਪਰ ਜਦੋਂ ਅਸੀਂ ਇਹਦੇ ਆਧੁਨਿਕ ਰੂਪ ਨੂੰ ਗਹਿਰਾਈ ਵਿੱਚ ਦੇਖਦੇ ਹਾਂ ਤਾਂ ਪਤਾ ਲੱਗਦਾ ਹੈ ਕਿ ਇਹਦਾ ਆਧੁਨਿਕ ਰੂਪ ਅਠਾਰਵੀਂ ਸਦੀ ਤੋਂ ਆਰੰਭ ਹੋਇਆ, ਜਿਸ ਨੂੰ ਅਠਾਰਵੀਂ ਸਦੀ ਵਿੱਚ ਹੋਏ ਬੰਗਾਲ ਦੇ ਇਲਾਕੇ ਨਾਦੀਆ ਦੇ ਕ੍ਰਿਸ਼ਨ ਚੰਦਰ ਰੇਅ ਨਾਂਅ ਦੇ ਇੱਕ ਰਾਜੇ ਵੱਲੋਂ ਸ਼ੁਰੂ ਕੀਤਾ ਗਿਆ ਸੀ। ਕਿਹਾ ਜਾਂਦਾ ਹੈ ਕਿ ਮੁਰਸ਼ਿਦਾਬਾਦ ਦੇ ਹਾਕਮ ਨਵਾਬ ਅਲੀ ਵਰਦੀ ਖਾਨ ਨੇ ਇਸ ਰਾਜੇ ਕ੍ਰਿਸ਼ਨ ਚੰਦਰ ਰੇਅ ਨੂੰ ਆਪਣੀ ਕੈਦ ਵਿੱਚ ਕਰ ਲਿਆ ਸੀ। ਜੇਲ੍ਹ ਵਿੱਚ ਬੰਦ ਹਰ ਪਾਸਿਓਂ ਅਵਾਜ਼ਾਰ ਹੋਏ ਇਸ ਰਾਜੇ ਨੂੰ ਇੱਕ ਰਾਤ ਸੁਪਨੇ ਵਿੱਚ ਦੇਵੀ ਦੁਰਗਾ ਨੇ ਦਰਸ਼ਨ ਦਿੱਤੇ ਤੇ ਕਿਹਾ ਕਿ ਉਹ ਇੱਕ ਮਹੀਨੇ ਤੱਕ ਜਗਰਾਤਾ ਕੱਟ ਕੇ ਉਹਦੀ ਪੂਜਾ ਕਰੇ ਤਾਂ ਉਹਦਾ ਕਲਿਆਣ ਹੋ ਜਾਵੇਗਾ। ਜ਼ਿਕਰਯੋਗ ਹੈ ਕਿ ਉਸ ਸਮੇਂ ਅੰਗਰੇਜ਼ ਬਸਤੀਵਾਦੀ ਹਾਕਮ ਵੀ ਬੰਗਾਲ ਅੰਦਰ ਆਪਣੇ ਪੈਰ ਪੱਕੇ ਕਰ ਰਹੇ ਸਨ।ਬਰਤਾਨੀਆ ਅਤੇ ਹੋਰਨਾਂ ਪੱਛਮੀ ਮੁਲਕਾਂ ਦੇ ਕੱਚੀ ਮਿੱਟੀ ਭਾਂਡੇ ਤੇ ਦੇ ਅਠਾਰਵੀਂ ਸਦੀ ਦੀਆਂ ਮੂਰਤੀਆਂ ਇਹਦੀਆਂ ਸਬੂਤ ਹਨ ।

ਜਦੋਂ ਅਸੀਂ ਪੱਛਮੀ ਬੰਗਾਲ, ਝਾਰਖੰਡ ਤੇ ਉਡੀਸ਼ਾ ਦੇ ਜੰਗਲਾਂ ਦੇ ਧੁਰ ਅੰਦਰਲੇ ਹਿੱਸਿਆਂ ਵਿੱਚ ਰਹਿਣ ਵਾਲੇ ਲੋਕਾਂ ਵੱਲ ਪਰਤਦੇ ਹਾਂ ਤਾਂ ਇੱਕ ਅਲੱਗ ਹੀ ਹਾਲਾਤ ਮਿਲਦੇ ਹਨ । ਇਹਨਾਂ ਵਿੱਚ ਵਾਸਾ ਕਰਨ ਵਾਲੇ ਸੰਥਾਲ ਤੇ ਹੋਰ ਕਬੀਲਿਆਂ ਦੀ ਕਹਾਣੀ ਕੁਝ ਵੱਖਰੀ ਹੀ ਤਸਵੀਰ ਪੇਸ਼ ਕਰਦੀ ਹੈ। ਉਹਨਾਂ ਦਾ ਮੰਨਣਾ ਹੈ ਕਿ ਮਹਿਸ਼ਾਸੁਰ ਉਹਨਾਂ ਦਾ ਪਰਮ ਪੂਜਨੀਕ ਵਡੇਰਾ ਹੈ, ਉਹਨਾਂ ਦਾ ਕਬਾਇਲੀ ਗੁਰੂ ਹੈ ਅਤੇ ਉਹਨਾਂ ਦਾ ਨਾਇਕ ਹੈ। ਉਹ ਕਹਿੰਦੇ ਹਨ-ਦੁਰਗਾ ਇੱਕ ਗੋਰੀ ਚਿੱਟੀ ਆਰੀਅਨ ਔਰਤ ਸੀ, ਜਿਹੜੀ ਮਹਿਸ਼ਾਸੁਰ 'ਤੇ ਮੋਹਿਤ ਹੋ ਗਈ ਅਤੇ ਉਹਨੂੰ ਚਾਹੁਣ ਲੱਗੀ। ਉਸ ਨੇ ਮਹਿਸ਼ਾਸੁਰ ਨੂੰ ਆਪਣੇ ਜਾਲ ਵਿੱਚ ਫਸਾ ਲਿਆ ਅਤੇ ਧੋਖੇ ਨਾਲ ਉਸ ਨੂੰ ਜਾਨੋਂ ਮਾਰ ਮੁਕਾਇਆ। ਜ਼ਿਕਰਯੋਗ ਹੈ ਕਿ ਇਹ ਇਹੀ ਲੋਕ ਹਨ, ਜਿਹਨਾਂ ਦੀਆਂ ਜੜ੍ਹਾਂ ਜੰਗਲ ਨਾਲ ਡੂੰਘੀਆਂ ਜੁੜੀਆਂ ਹੋਈਆਂ ਹਨ । ਇਹਨਾਂ ਹੀ ਕਬੀਲਿਆਂ ਵਿੱਚੋਂ ਇੱਕ ਕਬੀਲੇ ਨੇ ਵਿਤਕਰੇ ਦੀ ਮਾਰ ਕੁਝ ਵਧੇਰੇ ਹੀ ਹੰਢਾਈ ਹੈ। ਉਹ ਕਬੀਲਾ ਹੈ ਲੋਹੇ ਦੀ ਢਲਾਈ ਕਰਨ ਦੇ ਮਾਹਰ ਲੋਕ, ਜਿਹਨਾਂ ਨੂੰ ਅਸੁਰ ਦੇ ਨਾਂਅ ਨਾਲ ਪੁਕਾਰਿਆ ਜਾਂਦਾ ਹੈ। ਕਾਬਲੇ ਜ਼ਿਕਰ ਹੈ ਕਿ ਮੁਲਕ ਦੇ ਇਹਨਾਂ ਖੇਤਰਾਂ ਅੰਦਰ ਲੋਹੇ ਤੇ ਕੋਇਲੇ ਦੇ ਵਿਸ਼ਾਲ ਭੰਡਾਰ ਪਏ ਹਨ ਅਤੇ ਇਹ ਕਬਾਇਲੀ ਲੋਕਾਂ ਨੇ ਆਪਣੇ ਤਜਰਬੇ ਦੇ ਆਸਰੇ ਲੋਹੇ ਦੇ ਕੱਚੇ ਖਣਿਜ ਵਿੱਚੋਂ ਆਹਲਾ ਦਰਜੇ ਦਾ ਲੋਹਾ ਕੱਢਣ ਦੀਆਂ ਬਹੁਤ ਹੀ ਅਸਰਦਾਇਕ ਵਿਧੀਆਂ ਖੋਜੀਆਂ ਹੋਈਆਂ ਸਨ। ਇਹ ਲੋਕ ਮਹਿਸ਼ ਭਾਵ ਮੱਝ ਨੂੰ ਆਪਣੀ ਸਵਾਰੀ ਕਰਨ ਲਈ ਵਰਤਦੇ ਹਨ ਅਤੇ ਮਹਿਸ਼ਾਸੁਰ ਨੂੰ ਆਪਣਾ ਦੇਵਤਾ ਮੰਨਦੇ ਹਨ।ਪੁਰਾਣੇ ਸਮਿਆਂ ਤੋਂ ਲੈ ਕੇ ਇਹਨਾਂ ਲੋਕਾਂ ਨੂੰ ਸਾਧਨ ਵਿਹੂਣੇ ਕੀਤਾ ਜਾਂਦਾ ਰਿਹਾ ਹੈ ਅਤੇ ਇਹ ਪ੍ਰਚਲਣ ਅੱਜ ਵੀ ਜਾਰੀ ਹੈ। ਆਪਣੀ ਜਾਗਰੂਕਤਾ ਦੇ ਬਲਬੂਤੇ ਹੁਣ ਪਿਛਲੇ ਲੱਗਭੱਗ ਵੀਹ ਸਾਲਾਂ ਤੋਂ ਉਹ ਆਪਣੇ ਇਸ ਇਸ਼ਟ ਮਹਿਸ਼ਾਸੁਰ ਨੂੰ ਧਿਆਉਂਦੇ ਆ ਰਹੇ ਹਨ ਅਤੇ ਉਹਦੀ ਕੁਰਬਾਨੀ ਨੂੰ ਦੁਰਗਾ ਪੂਜਾ ਦੇ ਤਿਓਹਾਰ ਦੇ ਮੁਕਾਬਲੇ ਹੀ ਮਨਾਉਂਦੇ ਆ ਰਹੇ ਹਨ। ਸੋ ਇਹ ਹਾਸ਼ੀਏ 'ਤੇ ਧੱਕੇ ਕਬਾਇਲੀ ਲੋਕਾਂ ਦੀ ਆਪਣੇ ਖੂਨ-ਪਸੀਨੇ ਨਾਲ ਸਿੰਜੀ ਕੁਰਬਾਨੀ ਦੀ ਗਾਥਾ ਹੈ, ਨਾ ਕਿ ਰਾਜਿਆਂ ਦੀ ।

ਅੱਜ ਜਦੋਂ ਦੇਸ਼ ਦੇ ਗ੍ਰਹਿ ਮੰਤਰੀ ਨੇ ਦੇਸ਼ ਅੰਦਰੋਂ ਨਕਸਲਵਾਦ ਨੂੰ ਖ਼ਤਮ ਕਰਨ ਦੇ ਦਾਅਵੇ ਕੀਤੇ ਹਨ ਅਤੇ ਇਸੇ ਦੌਰਾਨ ਕੇਂਦਰੀ ਹਕੂਮਤ ਨੇ ਜਲ, ਜੰਗਲ, ਜ਼ਮੀਨ ਦੀ ਲੜਾਈ ਲੜ ਰਹੇ ਆਦਿਵਾਸੀ ਕਬਾਇਲੀ ਲੋਕਾਂ ਦਾ ਪੁਲਸ ਤੇ ਨੀਮ ਫੌਜੀ ਬਲਾਂ ਦੇ ਜ਼ੋਰ 'ਤੇ ਵੱਡੀ ਪੱਧਰ 'ਤੇ ਕਤਲੇਆਮ ਕੀਤਾ ਹੈ ਅਤੇ ਹੁਣ ਵੀ ਉਹਨਾਂ ਨੂੰ ਉਹਨਾਂ ਦੀਆਂ ਜੜ੍ਹਾਂ ਤੋਂ ਭਾਵ ਉਹਨਾਂ ਦੇ ਰਿਹਾਇਸ਼ੀ ਤੇ ਜੀਵਨ ਜੀਣ ਦੇ ਸਾਧਨਾਂ ਤੋਂ ਵਾਂਝਿਆਂ ਕਰਨ ਲਈ ਹਰ ਹਰਬਾ ਵਰਤ ਰਹੇ ਹਨ ਤਾਂ ਇਸ ਲੜਾਈ ਅੰਦਰ ਜਿੱਥੇ ਉਹਨਾਂ ਨੂੰ ਚੇਤੰਨ ਕਰਨ ਦਾ ਕਾਰਜ ਜਮਹੂਰੀ ਸ਼ਕਤੀਆਂ ਸਾਹਮਣੇ ਹੈ, ਉੱਥੇ ਉਹਨਾਂ ਨੂੰ ਸੱਭਿਆਚਾਰਕ ਫਰੰਟ 'ਤੇ ਵੀ ਜਾਗਰੂਕ ਕਰਨ ਦੀ ਜ਼ੁੰਮੇਵਾਰੀ ਵੀ ਆਇਦ ਹੁੰਦੀ ਹੈ। ਕਬਾਇਲੀ ਲੋਕਾਂ ਦੇ ਨਾਇਕਾਂ ਨੂੰ ਸਹੀ ਰੂਪ ਵਿੱਚ ਲੋਕਾਂ ਸਾਹਮਣੇ ਪੇਸ਼ ਕਰਨ ਦੀ ਜ਼ੁੰਮੇਵਾਰੀ ਵੀ ਇਨਕਲਾਬੀ ਸ਼ਕਤੀਆਂ ਮੂਹਰੇ ਹੈ। ਇਸੇ ਪ੍ਰਸੰਗ ਵਿੱਚ ਹੀ ਭਾਜਪਾ ਦੇ ਆਗੂ ਦੇ ਉੱਪਰ ਲਿਖਤ ਬਿਆਨ ਨੂੰ ਸਮਝਿਆ ਜਾਣਾ ਚਾਹੀਦਾ ਹੈ ਕਿ ਇਹ ਲੋਕਾਂ ਨੂੰ ਆਪਸ ਵਿੱਚ ਲੜਾਉਣ ਦੀ ਚਾਲ ਹੈ ਅਤੇ ਹਿੰਦੂਆਂ ਦੇ ਅੰਦਰ ਵੀ ਇੱਕ ਹਿੱਸੇ ਨੂੰ ਵੈਸ਼ਨੂ ਯਾਨੀ ਵੈਸ਼ਨਵ ਅਤੇ ਇੱਕ ਨੂੰ ਮਾਸਾਹਾਰੀ ਵਿੱਚ ਵਰਗਬੰਦੀ ਕਰਨ ਦੀ ਹੀ ਇੱਕ ਚਾਲ ਹੈ। ਅਜਿਹੀਆਂ ਵੰਡ ਪਾਊ ਚਾਲਾਂ ਦਾ ਪਰਦਾ ਫਾਸ਼ ਕਰਨਾ ਅਤੇ ਹਕੀਕਤ ਨੂੰ ਲੋਕਾਂ ਅੰਦਰ ਪ੍ਰਚਾਰਨਾ ਵੀ ਇਨਕਲਾਬੀਆਂ, ਜਮਹੂਰੀ ਸ਼ਕਤੀਆਂ ਜ਼ੁੰਮੇ ਆਉਂਦਾ ਹੈ। ਇਹ ਇੱਕ ਹਕੀਕਤ ਹੈ ਕਿ ਦੇਸ਼ ਦੇ ਹੋਰਨਾਂ ਹਿੱਸਿਆਂ ਦੇ ਲੋਕਾਂ ਵਾਂਗ ਬੰਗਾਲ ਦੇ ਬਹੁਤੇ ਲੋਕ ਵੀ ਮਾਸਾਹਾਰੀ ਭੋਜਨ ਕਰਦੇ ਹਨ ਅਤੇ ਲੋਕਾਂ 'ਤੇ ਹਕੂਮਤ ਦੀ ਮਰਜ਼ੀ ਦੇ ਭੋਜਨ ਖਾਣ ਦੇ ਫਰਮਾਨ ਚਾੜ੍ਹਨ ਦੀਆਂ ਚਾਲਾਂ ਨੂੰ ਵੀ ਨਾਕਾਮ ਕਰਨ ਲਈ ਲਾਮਬੰਦੀ ਕਰਨ ਚਾਹੀਦੀ ਹੈ। ਚਾਹੇ ਇੱਕ ਹਕੀਕਤ ਇਹ ਵੀ ਹੈ ਕਿ ਹਿੰਦੋਸਤਾਨ ਬੀਫ ਭਾਵ ਗਊ ਦੇ ਮਾਸ ਦਾ ਇੱਕ ਵੱਡਾ ਉਤਪਾਦਕ ਤੇ ਬਰਾਮਦੀ ਮੁਲਕ ਹੈ, ਪਰ ਇਹਦੇ ਵਿੱਚ ਕੋਈ ਹੈਰਾਨੀ ਦੀ ਗੱਲ ਨਹੀਂ ਅਤੇ ਜੱਗ ਜ਼ਾਹਰ ਹੈ ਕਿ ਇਹਨਾਂ ਮਾਸ ਉਤਪਾਦਕਾਂ ਤੇ ਬਰਾਮਦੀ ਅਦਾਰਿਆਂ ਦੇ ਵੱਡੇ ਮਾਲਕ ਭਾਜਪਾ ਨਾਲ ਸੰਬੰਧਤ ਵਿਅਕਤੀ ਹੀ ਹਨ।

ਸੰਪਰਕ : 94170-79720

ਫ਼ੈਸਲਾ ਸਾਡੇ ਹੱਥ ਹੈ ਤਮਾਸ਼ਬੀਨ ਬਣਨਾ ਹੈ ਜਾਂ ਫ਼ਰਿਸ਼ਤਾ

ਸਿਆਲ ਨੇ ਅਜੇ ਪੂਰੀ ਤਰ੍ਹਾਂ ਪੈਰ ਵੀ ਨਹੀਂ ਪਸਾਰੇ ਹਨ ਕਿ ਪ੍ਰਦੂਸ਼ਣ ਕਾਰਨ ਸੜਕਾਂ 'ਤੇ ਧੁਆਂਖੀ ਧੁੰਦ ਦੀ ਚਾਦਰ ਨੇ ਹਾਦਸਿਆਂ ਨੂੰ ਸੱਦਾ ਦੇਣਾ ਸ਼ੁਰੂ ਕਰ ਦਿੱਤਾ ਹੈ। ਅਜਿਹਾ ਕੋਈ ਦਿਨ ਖਾਲੀ ਨਹੀਂ ਜਾਂਦਾ, ਜਦੋਂ ਸੜਕੀ ਹਾਦਸੇ ਦੀ ਖ਼ਬਰ ਸੁਰਖੀ ਨਾ ਬਣੀ ਹੋਵੇ। ਕਾਰਨ ਗਿਣੇ-ਚੁਣੇ ਹਨ ਮੌਸਮੀ ਖਰਾਬੀ, ਧੁੰਦ, ਤੇਜ਼ ਰਫ਼ਤਾਰ, ਸੜਕਾਂ ਦੀ ਮੰਦੀ ਹਾਲਤ ਅਤੇ ਸਭ ਤੋਂ ਵੱਡਾ ਕਾਰਨ ਮਨੁੱਖੀ ਅਣਗਹਿਲੀ। ਉਸ ਤੋਂ ਵੀ ਵੱਡੀ ਲਾਪਰਵਾਹੀ ਹਾਦਸਾ ਵਾਪਰਨ ਤੋਂ ਬਾਅਦ ਸ਼ੁਰੂ ਹੁੰਦੀ ਹੈ।

ਨਵੰਬਰ 2017 ਦੀ ਉਹ ਸਵੇਰ ਮੈਨੂੰ ਅੱਜ ਵੀ ਯਾਦ ਹੈ। ਬਠਿੰਡਾ ਦੇ ਨੇੜੇ ਇੱਕ ਨਿੱਜੀ ਕੰਪਨੀ ਦੀ ਬੱਸ ਹਾਦਸਾਗ੍ਰਸਤ ਹੋ ਗਈ ਸੀ। ਉਸ ਬੱਸ ਵਿੱਚ ਜ਼ਿਆਦਾਤਰ ਵਿਦਿਆਰਥੀ ਸਵਾਰ ਸਨ। ਟੱਕਰ ਏਨੀ ਭਿਆਨਕ ਸੀ ਕਿ ਦਸ ਧੀਆਂ ਥਾਂ 'ਤੇ ਹੀ ਦਮ ਤੋੜ ਗਈਆਂ। ਉਹਨਾਂ ਦੀਆਂ ਮ੍ਰਿਤਕ ਦੇਹਾਂ ਸਮਾਨ ਸਮੇਤ ਸੜਕ 'ਤੇ ਖਿੱਲਰੀਆਂ ਪਈਆਂ ਸਨ। ਜ਼ਖ਼ਮੀਆਂ ਦੀਆਂ ਚੀਕਾਂ ਸੜਕ 'ਤੇ ਗੂੰਜ ਰਹੀਆਂ ਸਨ, ਪਰ ਉਸ ਤੋਂ ਉੱਚੀ ਸੀ ਮੋਬਾਇਲਾਂ ਦੇ ਕਲਿੱਕ ਕਰਨ ਦੀ ਆਵਾਜ਼। ਲੋਕ ਘੇਰਾ ਬਣਾ ਕੇ ਖੜ੍ਹੇ ਸਨ। ਕਿਸੇ ਦੇ ਹੱਥ ਵਿੱਚ ਮੋਬਾਇਲ ਸੀ, ਕੋਈ ਲਾਈਵ ਸੀ। ਮਦਦ ਲਈ ਵਧੇ ਹੱਥ ਘੱਟ ਸਨ, ਤਸਵੀਰਾਂ ਖਿੱਚਦੇ ਹੱਥ ਜ਼ਿਆਦਾ। ਜ਼ਖ਼ਮੀ ਹਾਲਤ ਵਿੱਚ ਤੜਫ਼ਦੇ ਲੋਕ, ਅਧ-ਨੰਗੀਆਂ ਦਸ ਮ੍ਰਿਤਕ ਧੀਆਂ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਦੇ ਗਰੁੱਪਾਂ ਵਿੱਚ ਘੁੰਮ ਰਹੀਆਂ ਸਨ। ਇਹ ਮਦਦ ਨਹੀਂ ਸੀ, ਇਹ ਮਨੁੱਖਤਾ ਦਾ ਚੀਰ-ਹਰਨ ਸੀ, ਸੌੜੀ ਮਾਨਸਿਕਤਾ ਦਾ ਨੰਗਾ ਚਿਤਰਨ।


ਡਾ. ਗੁਰਤੇਜ ਸਿੰਘ

ਪਿਛਲੇ ਸਾਲ ਦੀ ਗੱਲ ਹੈ, ਬਠਿੰਡਾ-ਮਾਨਸਾ ਰੋਡ 'ਤੇ ਇੱਕ ਨੌਜਵਾਨ ਦਾ ਮੋਟਰਸਾਈਕਲ ਤਿਲਕ ਗਿਆ। ਸਿਰ 'ਚੋਂ ਖ਼ੂਨ ਦਾ ਫ਼ੁਹਾਰਾ ਛੁੱਟ ਰਿਹਾ ਸੀ। ਜਦੋਂ ਮੈਂ ਉੱਥੇ ਪਹੁੰਚਿਆ ਤਾਂ 25-30 ਲੋਕਾਂ ਦੀ ਭੀੜ ਲੱਗੀ ਹੋਈ ਸੀ। ਮੈਂ ਹੈਰਾਨ ਰਹਿ ਗਿਆ। ਚਾਰ-ਪੰਜ ਨੌਜਵਾਨ ਤਾਂ ਬਕਾਇਦਾ ਗੋਡਿਆਂ ਭਾਰ ਬੈਠ ਕੇ ਵੀਡੀਓ ਬਣਾ ਰਹੇ ਸਨ, ਜਿਵੇਂ ਕੋਈ ਫ਼ਿਲਮ ਦੀ ਸ਼ੂਟਿੰਗ ਹੋ ਰਹੀ ਹੋਵੇ। ਮੈਂ ਚੀਕ ਕੇ ਕਿਹਾ, 'ਕੋਈ ਕੱਪੜਾ ਦਿਓ।' ਇੱਕ ਨੇਕ ਇਨਸਾਨ ਨੇ ਆਪਣੀ ਪੱਗ ਲਾਹ ਕੇ ਦੇਣ ਦੀ ਹਿੰਮਤ ਕੀਤੀ। ਫ਼ੁਰਤੀ ਨਾਲ ਉਸ ਨੂੰ ਆਪਣੀ ਗੱਡੀ ਵਿੱਚ ਪਾ ਕੇ ਹਸਪਤਾਲ ਲੈ ਗਿਆ। ਵਧੀਆ ਗੱਲ ਇਹ ਹੋਈ ਨਿਊਰੋ ਸਰਜਨ ਮੇਰਾ ਜਾਣਕਾਰ ਨਿਕਲਿਆ, ਜਿਸ ਨੇ ਆਪਣੀ ਟੀਮ ਨਾਲ ਮਿਲ ਕੇ ਉਸ ਮੁੰਡੇ ਦਾ ਵੇਲੇ ਇਲਾਜ ਕਰਕੇ ਉਸ ਨੂੰ ਮੌਤ ਦੇ ਮੂੰਹ 'ਚੋਂ ਬਾਹਰ ਕੱਢਿਆ। ਏਨੇ ਨੂੰ ਉਸ ਦੇ ਮਾਪੇ ਵੀ ਪੁੱਜ ਗਏ । ਉਹਨਾਂ ਮੇਰਾ ਤੇ ਹਸਪਤਾਲ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਡਾਕਟਰ ਨੇ ਕਿਹਾ, 'ਅਗਰ ਹੋਰ ਦੇਰ ਕਰਦੇ ਤਾਂ ਇਹ ਮੁੰਡਾ ਨਾ ਬਚਦਾ, ਜ਼ਿਆਦਾ ਖ਼ੂਨ ਵਗਣ ਨਾਲ ਮਰੀਜ਼ ਹਾਈਪੋਵੋਲੇਮਿਕ ਸ਼ਾਕ ਵਿੱਚ ਜਾ ਸਕਦਾ ਸੀ।' ਹਸਪਤਾਲੋਂ ਨਿਕਲ ਕੇ ਮੈਂ ਸੋਚ ਰਿਹਾ ਸੀ ਕਿ ਹਾਦਸੇ ਵਾਲੀ ਜਗ੍ਹਾ ਉਹ 25 ਲੋਕ ਕੀ ਕਰ ਰਹੇ ਸਨ, ਉਹ ਇੱਕ ਜਾਨ ਬਚਾ ਸਕਦੇ ਸਨ, ਪਰ ਸ਼ਾਇਦ ਉਨ੍ਹਾਂ ਲਈ ਮਨੁੱਖੀ ਜਾਨ ਤੋਂ ਜ਼ਿਆਦਾ ਆਪਣੇ ਵਿਊਜ਼ ਦੀ ਫ਼ਿਕਰ ਸੀ।ਮੈਂ ਸਿਹਤ ਵਿਭਾਗ ਨਾਲ ਜੁੜਿਆ ਹੋਇਆ ਹਾਂ, ਇਸ ਲਈ ਅਜਿਹੇ ਦਰਦਨਾਕ ਦ੍ਰਿਸ਼ ਅਕਸਰ ਦੇਖਣ-ਸੁਣਨ ਨੂੰ ਮਿਲਦੇ ਹਨ। ਹਾਦਸੇ ਉਪਰੰਤ ਹਸਪਤਾਲ ਦੀ ਐਮਰਜੈਂਸੀ ਵਿੱਚ ਆਇਆ ਹਰ ਦੂਜਾ ਪਰਵਾਰ ਇੱਕੋ ਗੱਲ ਕਹਿੰਦਾ ਹੈ, 'ਡਾਕਟਰ ਸਾਹਿਬ, ਘੰਟਾ ਹੋ ਗਿਆ ਸੜਕ 'ਤੇ ਹੀ ਪਿਆ ਰਿਹਾ, ਕਿਸੇ ਨੇ ਚੁੱਕਿਆ ਹੀ ਨਹੀਂ। ਸਭ ਤਮਾਸ਼ਾ ਦੇਖਦੇ ਰਹੇ।' ਜਦੋਂ ਤੱਕ ਅਸੀਂ ਪਹੁੰਚੇ, ਵੇਲਾ ਹੱਥੋਂ ਨਿਕਲ ਚੁੱਕਾ ਸੀ।

ਤਮਾਸ਼ਬੀਨ ਬਣਨਾ ਸਾਡੀ ਆਦਤ ਬਣ ਗਈ ਹੈ।ਅਸੀਂ ਅਜਿਹੇ ਕਿਉਂ ਬਣ ਗਏ ਹਾਂ। ਸੋਸ਼ਲ ਮੀਡੀਆ 'ਤੇ ਵਾਇਰਲ ਹੋਣ ਦੀ ਭੁੱਖ ਨੇ ਸਾਨੂੰ ਸੰਵੇਦਨਹੀਣ ਬਣਾ ਦਿੱਤਾ ਹੈ। ਸਾਨੂੰ ਲੱਗਦਾ ਹੈ ਕਿ ਹਾਦਸੇ ਦੀ ਸਭ ਤੋਂ ਪਹਿਲੀ ਤਸਵੀਰ ਪਾਉਣ ਨਾਲ ਸਾਨੂੰ ਜ਼ਿਆਦਾ ਲਾਈਕ ਮਿਲਣਗੇ, ਜੋ ਮਰ ਰਹੀ ਸੰਵੇਦਨਾ ਦੀ ਮੂੰਹ ਬੋਲਦੀ ਤਸਵੀਰ ਹੈ। ਮੋਬਾਈਲ ਸਕਰੀਨ 'ਤੇ ਹਿੰਸਾ ਦੇਖ-ਦੇਖ ਕੇ ਪੱਥਰ ਹੋ ਗਏ ਹਨ। ਸੜਕ 'ਤੇ ਪਿਆ ਵਿਅਕਤੀ 'ਕੰਟੈਂਟ' ਲੱਗਦਾ ਹੈ, ਇਨਸਾਨ ਨਹੀਂ। ਵੱਡਾ ਕਾਰਨ ਹੈ ਕਾਨੂੰਨ ਦਾ ਡਰ। ਸਾਡੇ ਮਨ ਵਿੱਚ ਬੈਠਾ ਹੈ ਕਿ ਜੇ ਅਸੀਂ ਹਾਦਸੇ ਦੇ ਪੀੜਤ ਨੂੰ ਹੱਥ ਲਾਇਆ ਤਾਂ ਪੁਲਸ ਸਾਨੂੰ ਫੜ ਲਵੇਗੀ, ਥਾਣੇ -ਕਚਹਿਰੀ ਦੇ ਚੱਕਰ ਕੱਟਣੇ ਪੈਣਗੇ। ਇਹ ਡਰ ਅੱਧਾ ਸੱਚ, ਅੱਧਾ ਭਰਮ ਹੈ, ਪਰ ਹੁਣ ਤਾਂ ਇਹ ਭਰਮ ਵੀ ਟੁੱਟ ਚੁੱਕਾ ਹੈ। ਸਾਲ 2016 ਤੋਂ ਭਾਰਤ ਸਰਕਾਰ ਨੇ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਤਹਿਤ 'ਗੁੱਡ ਸਮੈਰੀਟਨ ਲਾਅ' ਯਾਨੀ 'ਨੇਕ ਦਿਲ ਇਨਸਾਨ ਕਾਨੂੰਨ' ਲਾਗੂ ਕੀਤਾ ਹੈ। ਇਸ ਕਾਨੂੰਨ ਅਨੁਸਾਰ ਮਦਦ ਕਰਨ ਵਾਲੇ ਨੂੰ ਪੁਲਿਸ ਕਿਸੇ ਵੀ ਤਰ੍ਹਾਂ ਤੰਗ ਨਹੀਂ ਕਰ ਸਕਦੀ। ਉਸ ਨੂੰ ਗਵਾਹ ਬਣਨ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਹਸਪਤਾਲ ਉਸ ਮਰੀਜ਼ ਨੂੰ ਦਾਖ਼ਲ ਕਰਨ ਤੋਂ ਇਨਕਾਰ ਨਹੀਂ ਕਰ ਸਕਦਾ ਅਤੇ ਨਾ ਹੀ ਉਸ ਤੋਂ ਪੈਸੇ ਮੰਗ ਸਕਦਾ ਹੈ। ਫ਼ਰਿਸ਼ਤੇ ਦੀ ਪਛਾਣ ਗੁਪਤ ਰੱਖੀ ਜਾਵੇਗੀ ਅਤੇ ਸਰਕਾਰ ਵੱਲੋਂ ਉਸ ਨੂੰ ਪ੍ਰਸ਼ੰਸਾ ਪੱਤਰ ਵੀ ਦਿੱਤਾ ਜਾਵੇਗਾ।

ਡਾਕਟਰਾਂ ਅਨੁਸਾਰ ਹਾਦਸੇ ਤੋਂ ਬਾਅਦ ਦਾ ਪਹਿਲਾ ਇੱਕ ਘੰਟਾ 'ਗੋਲਡਨ ਆਵਰ' ਹੁੰਦਾ ਹੈ। ਇਸ ਇੱਕ ਘੰਟੇ ਵਿੱਚ ਜੇ ਖ਼ੂਨ ਵਗਣਾ ਰੋਕ ਦਿੱਤਾ ਜਾਵੇ, ਉਸ ਵੇਲੇ ਕੀਤੀ ਫ਼ੁਰਤੀ ਨਾਲ ਪੀੜਤ ਨੂੰ ਹਸਪਤਾਲ ਪਹੁੰਚਾ ਦਿੱਤਾ ਜਾਵੇ ਤਾਂ ਕੀਮਤੀ ਜਾਨ ਬਚਾਈ ਜਾ ਸਕਦੀ ਹੈ। ਹੁਣ ਸਵਾਲ ਇਹ ਹੈ ਕਿ ਹਾਦਸੇ ਵਾਲੀ ਜਗ੍ਹਾ 'ਤੇ ਪਹੁੰਚ ਕੇ ਕੀ ਕਰਨਾ ਚਾਹੀਦਾ ਹੈ। ਤਸਵੀਰ ਖਿੱਚਣ ਦੀ ਜਗ੍ਹਾ ਐਂਬੂਲੈਂਸ 108 ਨੰਬਰ 'ਤੇ ਫੋਨ ਕਰੋ। ਮਦਦ ਕਰਦੇ ਸਮੇਂ ਆਪਣੀ ਸੁਰੱਖਿਆ ਨੂੰ ਮੱਦੇਨਜ਼ਰ ਰਖਦੇ ਹੋਏ ਪੀੜਤ ਨੂੰ ਸੜਕ ਤੋਂ ਪਾਸੇ ਕਰੋ ਤਾਂ ਜੋ ਦੂਜਾ ਹਾਦਸਾ ਨਾ ਹੋਵੇ। ਖ਼ੂਨ ਵਗ ਰਿਹਾ ਹੈ ਤਾਂ ਆਪਣਾ ਪਰਨਾ, ਚਾਦਰ ਜਾਂ ਰੁਮਾਲ ਨਾਲ ਜ਼ਖ਼ਮ ਨੂੰ ਦਬਾਉ।ਪੀੜਤ ਨੂੰ ਵਾਰ-ਵਾਰ ਹਿਲਾਉ ਨਾ, ਖਾਸ ਕਰਕੇ ਜੇ ਗਰਦਨ ਜਾਂ ਕਮਰ 'ਤੇ ਸੱਟ ਹੈ, ਸਿਰਫ਼ ਸਹਾਰਾ ਦਿਉ। ਉਸ ਨੂੰ ਜਲਦੀ ਨੇੜਲੇ ਹਸਪਤਾਲ ਵਿੱਚ ਪਹੁੰਚਾਉ। ਇਸ ਤਰ੍ਹਾਂ ਕਿਸੇ ਦੀ ਕੀਮਤੀ ਜਾਨ ਬਚਾਈ ਜਾ ਸਕਦੀ ਹੈ।ਸਮਾਂ ਆ ਗਿਆ ਹੈ ਕਿ ਹਾਦਸੇ ਵਾਲੀ ਜਗ੍ਹਾ 'ਤੇ ਉਸ ਵਕਤ ਦੀ ਨਜ਼ਾਕਤ ਨੂੰ ਸਮਝਦੇ ਹੋਏ ਅਸੀਂ ਆਪਣੇ ਅੰਦਰਲੇ ਫੋਟੋਗ੍ਰਾਫ਼ਰ ਨੂੰ ਇੱਕ ਪਾਸੇ ਰੱਖ ਕੇ ਫ਼ਰਿਸ਼ਤੇ ਨੂੰ ਜਗਾਈਏ।

ਸੰਪਰਕ: 95173-96001

ਕੈਂਸਰ ਦਵਾਈਆਂ ਦੀਆਂ ਕੀਮਤਾਂ 'ਚ ਕਟੌਤੀ ਮੋਦੀ ਸਰਕਾਰ ਦਾ ਇਤਿਹਾਸਕ ਫੈਸਲਾ : ਡਾ. ਸੀਮਾਂਤ ਗਰਗ

ਕੈਂਸਰ ਦੇ ਮਰੀਜ਼ਾਂ ਦੇ ਪਰਵਾਰਾਂ ਨੂੰ ਮਿਲੇਗੀ ਵੱਡੀ ਆਰਥਿਕ ਰਾਹਤ



ਮੋਗਾ, (ਇਕਬਾਲ ਸਿੰਘ ਖਹਿਰਾ)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕੈਂਸਰ ਦੀਆਂ ਦਵਾਈਆਂ ਦੀਆਂ ਕੀਮਤਾਂ ਵਿੱਚ 80 ਫੀਸਦੀ ਤੱਕ ਕਟੌਤੀ ਕਰਨ ਦਾ ਲਿਆ ਗਿਆ ਫੈਸਲਾ ਕੈਂਸਰ ਦੇ ਮਰੀਜ਼ਾਂ ਦੇ ਹਿੱਤ ਵਿੱਚ ਇੱਕ ਇਤਿਹਾਸਕ ਕਦਮ ਹੈ।ਇਸ ਫੈਸਲੇ ਨਾਲ ਕੈਂਸਰ ਦੇ ਮਰੀਜ਼ਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵੱਡੀ ਆਰਥਿਕ ਰਾਹਤ ਮਿਲੇਗੀ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਮੈਡੀਕਲ ਸੈੱਲ ਪੰਜਾਬ ਦੇ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕੀਤਾ।ਡਾ. ਗਰਗ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਮੋਦੀ ਸਰਕਾਰ ਪਹਿਲੀ ਅਜਿਹੀ ਸਰਕਾਰ ਹੈ, ਜਿਸ ਨੇ ਕੈਂਸਰ ਵਰਗੀ ਗੰਭੀਰ ਬਿਮਾਰੀ ਦੇ ਇਲਾਜ ਨੂੰ ਆਮ ਲੋਕਾਂ ਦੀ ਪਹੁੰਚ ਵਿੱਚ ਲਿਆਉਣ ਲਈ ਵੱਡਾ ਕਦਮ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ ਕੈਂਸਰ ਰੋਕੂ 137 ਦਵਾਈਆਂ ਨਾਲ ਸਬੰਧਤ 1364 ਦਵਾਈਆਂ ਦੇ ਫਾਰਮੂਲੇਸ਼ਨਾਂ ਦੀਆਂ ਕੀਮਤਾਂ ਵਿੱਚ ਕਟੌਤੀ ਕੀਤੀ ਗਈ ਹੈ।ਇਸ ਨਾਲ ਉਨ੍ਹਾਂ ਪਰਿਵਾਰਾਂ ਨੂੰ ਵਿਸ਼ੇਸ਼ ਰਾਹਤ ਮਿਲੇਗੀ, ਜਿਹੜੇ ਮਹਿੰਗੀਆਂ ਦਵਾਈਆਂ ਕਾਰਨ ਆਪਣੇ ਪਰਿਵਾਰਕ ਮੈਂਬਰਾਂ ਦਾ ਇਲਾਜ ਕਰਵਾਉਣ ਵਿੱਚ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਸਾਲ 2014 ਤੋਂ ਹੀ ਦੇਸ਼ ਦੇ ਗਰੀਬ ਤੇ ਲੋੜਵੰਦ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਆਯੁਸ਼ਮਾਨ ਭਾਰਤ ਯੋਜਨਾ ਸ਼ੁਰੂ ਕੀਤੀ ਗਈ ਸੀ।ਇਸ ਯੋਜਨਾ ਤਹਿਤ ਯੋਗ ਪਰਿਵਾਰਾਂ ਨੂੰ ਪੰਜ ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ।ਸਰਕਾਰੀ ਤੇ ਯੋਜਨਾ ਅਧੀਨ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਆਯੁਸ਼ਮਾਨ ਕਾਰਡ ਰਾਹੀਂ ਇਸ ਸਹੂਲਤ ਦਾ ਲਾਭ ਲਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਾਲ 2027 ਵਿੱਚ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ 'ਤੇ ਕੇਂਦਰ ਸਰਕਾਰ ਦੀਆਂ ਸਿਹਤ ਤੇ ਹੋਰ ਲੋਕ ਭਲਾਈ ਯੋਜਨਾਵਾਂ ਦਾ ਲਾਭ ਗਰੀਬਾਂ, ਲੋੜਵੰਦਾਂ ਤੇ ਔਰਤਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾਵੇਗਾ।

ਪੀ ਆਰ ਟੀ ਸੀ ਬੱਸ ਹਾਦਸੇ 'ਤੇ ਦਰਸ਼ਨ ਕਾਂਗੜਾ ਵੱਲੋਂ ਦੁੱਖ ਦਾ ਪ੍ਰਗਟਾਵਾ



ਸੰਗਰੂਰ (ਪ੍ਰਵੀਨ ਸਿੰਘ)-ਸੰਗਰੂਰ ਵਿਖੇ ਪੀ.ਆਰ.ਟੀ.ਸੀ. ਦੀ ਬੱਸ ਨਾਲ ਵਾਪਰੇ ਦਰਦਨਾਕ ਹਾਦਸੇ ਵਿੱਚ ਦੋ ਮਹਿਲਾਵਾਂ ਸਮੇਤ ਤਿੰਨ ਵਿਅਕਤੀਆਂ ਦੀ ਮੌਤ ਹੋ ਜਾਣ ਤੇ ਦੋ ਦਰਜਨ ਤੋਂ ਵੱਧ ਲੋਕਾਂ ਦੇ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਣ ਦੀ ਦੁਖਦਾਈ ਖ਼ਬਰ 'ਤੇ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਨੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ।ਉਹ ਮਿਸ਼ਨ ਦੇ ਮੁੱਖ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਇਸ ਹਾਦਸੇ ਵਿੱਚ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲੇ ਵਿਅਕਤੀਆਂ ਦੇ ਪਰਵਾਰਾਂ ਨਾਲ ਦਿਲੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਭਾਰਤੀਯ ਅੰਬੇਡਕਰ ਮਿਸ਼ਨ ਪੀੜਤ ਪਰਵਾਰਾਂ ਦੇ ਨਾਲ ਖੜ੍ਹਾ ਹੈ।ਉਨ੍ਹਾਂ ਜ਼ਖ਼ਮੀਆਂ ਦੇ ਜਲਦ ਸਿਹਤਯਾਬ ਹੋਣ ਦੀ ਅਰਦਾਸ ਵੀ ਕੀਤੀ।ਇਸ ਮੌਕੇ ਸ਼੍ਰੀ ਦਰਸ਼ਨ ਕਾਂਗੜਾ ਨਾਲ ਹੋਰ ਵੀ ਆਗੂ ਹਾਜ਼ਰ ਸਨ।

ਮਨਰੇਗਾ ਕੰਮ ਨਾ ਚੱਲਣ ਕਾਰਨ ਮੇਟਾਂ ਤੇ ਵਰਕਰਾਂ ਨੂੰ ਮੁਸ਼ਕਲਾਂ : ਮਜ਼ਦੂਰ ਮੁਕਤੀ ਮੋਰਚਾ

ਡਿਪਟੀ ਕਮਿਸ਼ਨਰ ਦਫਤਰ ਮੂਹਰੇ ਧਰਨਾ 16 ਨੂੰ

ਮਾਨਸਾ (ਆਤਮਾ ਸਿੰਘ ਪਮਾਰ)-ਮੋਦੀ ਸਰਕਾਰ ਵਲੋਂ ਜਦੋਂ ਤੋਂ ਮਨਰੇਗਾ ਕਾਨੂੰਨ ਬਦਲ ਕੇ ਜੀ ਰਾਮ ਜੀ ਸਕੀਮ ਲਿਆਕੇ ਹਾਜ਼ਰੀਆਂ ਆਨਲਾਈਨ ਕੀਤੀਆਂ ਹਨ ਉਦੋਂ ਤੋਂ ਹੀ ਵੱਡੀ ਪੱਧਰ 'ਤੇ ਪਿੰਡਾਂ 'ਚ ਮੇਟਾਂ ਤੇ ਮਨਰੇਗਾ ਮਜ਼ਦੂਰਾਂ ਨੂੰ ਵੱਡੀਆਂ ਸਮੱਸਿਆਵਾਂ ਆ ਰਹੀਆਂ ਹਨ।ਇਸ ਵਰਤਾਰੇ ਦੀ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਵੱਲੋਂ ਮੋਦੀ ਸਰਕਾਰ ਦੀ ਸਖ਼ਤ ਨਿਖੇਧੀ ਕੀਤੀ। ਪ੍ਰੈੱਸ ਬਿਆਨ ਜਾਰੀ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਲਵਿੰਦਰ ਸਿੰਘ ਘਰਾਂਗਣਾਂ, ਸੂਬਾ ਆਗੂ ਕਾਮਰੇਡ ਗੁਰਸੇਵਕ ਮਾਨਬੀਬੜੀਆਂ, ਕਾਮਰੇਡ ਗੁਰਮੀਤ ਸਿੰਘ ਨੰਦਗੜ੍ਹ ਨੇ ਕਿਹਾ ਜਦੋਂ ਤੋਂ ਦੇਸ਼ ਦੀ ਸੱਤਾ 'ਤੇ ਮੋਦੀ ਸਰਕਾਰ ਕਾਬਜ਼ ਹੋਈ ਹੈ, ਉਦੋਂ ਤੋਂ ਹੀ ਦੇਸ਼ ਦੇ ਗਰੀਬਾਂ ਦੇ ਹੱਕੀ ਕਾਨੂੰਨ ਬਣੇ ਸਨ, ਉਹ ਖ਼ਤਮ ਕਰ ਰਹੀ ਹੈ। ਗਰੀਬਾਂ ਦੀ ਕਿਰਤ ਨੂੰ ਬਚਾਉਣ ਲਈ ਕਿਰਤ ਕਾਨੂੰਨ ਬਣਿਆਂ ਸੀ, ਉਹ ਵੀ ਮੋਦੀ ਸਰਕਾਰ ਨੇ ਲੇਬਰ ਕੋਡਾਂ ਵਿੱਚ ਬਦਲ ਕੇ ਕਿਰਤੀਆਂ ਦੇ ਕਿਰਤ 'ਚ ਮੋਦੀ ਸਰਕਾਰ ਨੇ ਛੁਰਾ ਮਾਰਿਆ ਤੇ ਵੱਡੇ ਕਾਰੋਬਾਰੀਆਂ ਦੇ ਹੱਕ 'ਚ ਭੁਗਤਾਇਆ ਗਿਆ। ਆਗੂਆਂ ਨੇ ਕਿਹਾ ਕਿ ਰਹਿੰਦੀ ਕਸਰ ਮੋਦੀ ਸਰਕਾਰ ਨੇ ਮਨਰੇਗਾ ਨੂੰ ਬਦਲ ਕੇ ਜੀ ਰਾਮ ਜੀ ਸਕੀਮ ਲਿਆ ਕੇ ਕੱਢ ਦਿੱਤੀ, ਇਸ ਨਾਲ ਵੱਡੀ ਪੱਧਰ 'ਤੇ ਮਨਰੇਗਾ ਮਜ਼ਦੂਰਾਂ ਦੇ ਹੱਥੋਂ ਕੰਮ ਖੋਹਿਆ ਗਿਆ ਤੇ ਭੁੱਖਮਰੀ ਵੱਲ ਧੱਕ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਬੜੀ ਜ਼ੋਰ ਨਾਲ ਸਾਲ 'ਚ ਇੱਕ ਸੌ ਪੱਚੀ ਦਿਨ ਕੰਮ ਦੇਣ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ, ਪਰ ਹੁਣ ਪੂਰੇ ਪੱਚੀ ਦਿਨ ਵੀ ਸਾਰੇ ਮਨਰੇਗਾ ਮਜ਼ਦੂਰਾਂ ਨੂੰ ਸਾਲ 'ਚ ਕੰਮ ਨਹੀਂ ਮਿਲਦਾ।ਆਨਲਾਈਨ ਹਾਜ਼ਰੀਆਂ ਕਰਕੇ ਮਨਰੇਗਾ ਮੇਟਾਂ ਨੂੰ ਬਹੁਤ ਜ਼ਿਆਦਾ ਸਮੱਸਿਆਵਾਂ ਆਉਂਦੀਆਂ ਹਨ। ਹਾਜ਼ਰੀਆਂ ਲਾਗਾਉਣ ਵੇਲੇ ਕਦੇ ਨੈੱਟਵਰਕ, ਕਦੇ ਐਪ ਬੰਦ ਕੰਮ ਦੀ ਆਈਡੀ 'ਚ ਗੜਬੜਾਂ, ਹਾਜ਼ਰੀ ਲਾਗਾਉਣ ਵਾਲੀ ਜਗ੍ਹਾ ਕੰਮ ਵਾਲੀ ਥਾਂ ਤੋਂ ਕਾਫੀ ਦੂਰ ਹੋਣ ਕਰਕੇ ਕੰਮ ਦੀ ਪੂਰਾ ਨਹੀਂ ਹੁੰਦਾ।ਇਸ ਨਾਲ ਮਨਰੇਗਾ ਮਜ਼ਦੂਰਾਂ ਦੀ ਦਿਹਾੜੀ ਘੱਟ ਪੈਂਦੀ ਹੈ ਤੇ ਮਨਰੇਗਾ ਮਜ਼ਦੂਰ ਮੇਟਾਂ ਨਾਲ ਝਗੜਦੇ ਹਨ।ਆਗੂਆਂ ਨੇ ਕਿਹਾ ਕਿ ਜਥੇਬੰਦੀ ਵੱਲੋਂ ਮੋਦੀ ਸਰਕਾਰ ਖ਼ਿਲਾਫ਼ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਆਉਂਦੀ 16 ਨਵੰਬਰ ਨੂੰ ਡੀ ਸੀ ਦਫਤਰ ਅੱਗੇ ਧਰਨਾ ਲਾਗਾਇਆ ਜਾਵੇਗਾ।

ਝੋਨੇ ਦੀ ਖਰੀਦ ਬੰਦ ਕਰਨਾ ਅੰਨਦਾਤੇ ਨਾਲ ਸਰਾਸਰ ਧੱਕਾ : ਕਾਤਰੋਂ

ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਤੋਂ ਇੰਚਾਰਜ ਰਣਜੀਤ ਸਿੰਘ ਕਾਤਰੋਂ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਅਚਾਨਕ ਬੰਦ ਕਰਨ ਦੇ ਫ਼ੈਸਲੇ ਨੂੰ ਬੇਹੱਦ ਮੰਦਭਾਗਾ ਤੇ ਕਿਸਾਨ ਵਿਰੋਧੀ ਦੱਸਦਿਆਂ ਇਸ ਫ਼ੈਸਲੇ ਦੀ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਲਿਆ ਗਿਆ ਫ਼ੈਸਲਾ ਅੰਨਦਾਤੇ ਦੀ ਪਿੱਠ ਵਿੱਚ ਛੁਰਾ ਮਾਰਨ ਦੇ ਬਰਾਬਰ ਹੈ। ਅਕਾਲੀ ਆਗੂ ਕਾਤਰੋਂ ਨੇ ਕਿਹਾ ਕਿ ਅਜੇ ਵੀ ਖੇਤਾਂ ਤੇ ਮੰਡੀਆਂ ਵਿੱਚ ਕਿਸਾਨਾਂ ਦੀ ਝੋਨੇ ਦੀ ਸੁੱਚੀ-ਸੁੱਚੀ



ਫ਼ਸਲ ਦੇ ਢੇਰ ਲੱਗੇ ਪਏ ਹਨ।ਖੇਤਾਂ ਵਿੱਚ ਰਾਤ-ਦਿਨ ਇੱਕ ਕਰਕੇ ਪਾਲੀ ਫ਼ਸਲ ਨੂੰ ਸਰਕਾਰ ਨੇ ਰੋਲ ਕੇ ਰੱਖ ਦਿੱਤਾ ਹੈ।ਇੱਕਦਮ ਖਰੀਦ ਬੰਦ ਕਰ ਦੇਣਾ ਕੋਈ ਸਿਆਣਪ ਨਹੀਂ, ਸਗੋਂ ਸਿੱਧੇ ਤੌਰ 'ਤੇ ਇੱਕ 'ਤੁਗਲਕੀ ਫਰਮਾਨ' ਹੈ, ਜਿਸ ਨਾਲ ਹਜ਼ਾਰਾਂ ਕਿਸਾਨ ਪਰਵਾਰਾਂ ਦੇ ਸਾਹ ਸੂਤੇ ਗਏ ਹਨ।ਸਰਕਾਰ ਦੇ ਇਸ ਕਦਮ ਨਾਲ ਮੰਡੀਆਂ 'ਚ ਬੈਠੇ ਜੱਟ-ਬੂਟਾਂ ਦਾ ਰੋਣ ਨਿਕਲ ਗਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਖਰੀਦ ਬੰਦ ਕਰਨ ਬਾਰੇ ਅਗਾਊਂ ਕੋਈ ਸੂਚਨਾ ਦਿੱਤੀ ਹੁੰਦੀ, ਤਾਂ ਸਾਡੇ ਕਿਸਾਨ ਭਰਾ ਆਪੋ-ਆਪਣਾ ਕੋਈ ਹੀਲਾ-ਵਸੀਲਾ ਕਰ ਲੈਂਦੇ ਤੇ ਆਪਣੀ ਬਾਕੀ ਰਹਿੰਦੀ ਫ਼ਸਲ ਨੂੰ ਸਾਂਭਣ ਲਈ ਕੋਈ ਹੋਰ ਰਾਹ-ਬਸੇਰਾ ਲੱਭ ਲੈਂਦੇ, ਪਰ ਹੁਣ ਅਚਾਨਕ ਰੋਕ ਲਗਾ ਕੇ ਸਰਕਾਰ ਨੇ ਮੰਡੀ 'ਚ ਬੈਠੇ ਕਿਸਾਨ ਨੂੰ ਨਾ ਘਰ ਦਾ ਛੱਡਿਆ ਹੈ ਤੇ ਨਾ ਘਾਟ ਦਾ।ਰਣਜੀਤ ਸਿੰਘ ਕਾਤਰੋਂ ਨੇ ਮੰਗ ਕੀਤੀ ਕਿ ਮੰਡੀਆਂ ਵਿੱਚ ਜਿੰਨਾ ਸਮਾਂ ਕਿਸਾਨਾਂ ਦੀ ਦਾਣਾ-ਦਾਣਾ ਫ਼ਸਲ ਨਹੀਂ ਵਿਕ ਜਾਂਦੀ, ਓਨਾ ਸਮਾਂ ਖਰੀਦ ਸਰਕਾਰੀ ਏਜੰਸੀਆਂ ਵੱਲੋਂ ਨਿਰੰਤਰ ਜਾਰੀ ਰੱਖੀ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਫ਼ੌਰੀ ਤੌਰ 'ਤੇ ਮੰਡੀਆਂ 'ਚ ਬੋਲੀ ਸ਼ੁਰੂ ਨਾ ਕਰਵਾਈ, ਤਾਂ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੇ ਹੱਕਾਂ ਲਈ ਸੜਕਾਂ 'ਤੇ ਉੱਤਰ ਕੇ ਤਿੱਖਾ ਸੰਘਰਸ਼ ਵਿੱਢਣ ਤੋਂ ਪਿੱਛੇ ਨਹੀਂ ਹਟੇਗਾ।

'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਨੂੰ ਲੈ ਕੇ ਹਲਕੇ 'ਚ ਸਰਗਰਮੀਆਂ ਤੇਜ਼ : ਕਲੇਰ



ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)-16 ਨਵੰਬਰ ਨੂੰ ਬੀਬਾ ਹਰਸਿਮਰਤ ਕੌਰ ਬਾਦਲ ਦੀ ਸ਼ਮੂਲੀਅਤ ਨਾਲ ਹੋਣ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਨੂੰ ਲੈ ਕੇ ਕਲੇਰ ਜੋੜੀ ਨੇ ਹਲਕਾ ਜਗਰਾਉਂ ਵਿੱਚ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਸ੍ਰੀ ਐੱਸ. ਆਰ. ਕਲੇਰ ਸਾਬਕਾ ਵਿਧਾਇਕ ਜਗਰਾਉਂ ਤੇ ਮੈਡਮ ਰਣਵੀਰ ਕੌਰ ਕਲੇਰ ਵੱਲੋਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪਾਰਟੀ ਆਗੂਆਂ, ਵਰਕਰਾਂ ਤੇ ਬੀਬੀਆਂ ਨਾਲ ਰਾਬਤਾ ਕੀਤਾ ਜਾ ਰਿਹਾ ਹੈ।ਇਸ ਦੌਰਾਨ ਉਨ੍ਹਾਂ ਵੱਲੋਂ 16 ਨਵੰਬਰ ਨੂੰ ਸਨੇਹ ਮੋਹਨ ਹੋਟਲ ਲੁਧਿਆਣਾ ਰੋਡ ਸਥਾਨ ਜਗਰਾਉਂ ਵਿਖੇ ਹੋਣ ਵਾਲੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਵਿੱਚ ਵੱਡੀ ਗਿਣਤੀ ਵਿੱਚ 16 ਨਵੰਬਰ ਨੂੰ ਸਵੇਰੇ 10 ਵਜੇ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ।ਇਸੇ ਲੜੀ ਤਹਿਤ ਸਰਕਲ ਮੱਲ੍ਹਾ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ।

ਇਸ ਮੌਕੇ ਪਿੰਡ ਚੀਮਾ ਵਿਖੇ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਦੇ ਗ੍ਰਹਿ ਵਿਖੇ ਵੱਡੀ ਗਿਣਤੀ ਵਿੱਚ ਬੀਬੀਆਂ ਇਕੱਤਰ ਹੋਈਆਂ।ਬੀਬੀਆਂ ਵੱਲੋਂ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਭਰੋਸਾ ਦਿੱਤਾ ਗਿਆ।ਉਨ੍ਹਾਂ ਕਿਹਾ ਕਿ 16 ਨਵੰਬਰ ਨੂੰ ਜਗਰਾਉਂ ਵਿਖੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਹੋਣ ਵਾਲੀ ਇਹ ਰੈਲੀ ਯਾਦਗਾਰ ਹੋਵੇਗੀ। ਇਸ ਮੌਕੇ ਪਾਰਟੀ ਦੇ ਅਹੁਦੇਦਾਰ, ਆਗੂ, ਵਰਕਰ ਤੇ ਇਸਤਰੀ ਹਲਕਾ ਪ੍ਰਧਾਨ ਬੀਬੀ ਸਤਪਾਲ ਕੌਰ ਗਰੇਵਾਲ, ਪ੍ਰਧਾਨ ਪਰਮਿੰਦਰ ਕੌਰ ਕੋਠੇ ਤੇ ਹੋਰ ਬੀਬੀਆਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਛੇ ਮਹੀਨਿਆਂ ਤੋਂ ਤਾਲੇ 'ਚ ਬੰਦ ਆਮ ਆਦਮੀ ਕਲੀਨਿਕ, ਦਾਮਨ ਬਾਜਵਾ ਨੇ ਘੇਰੀ 'ਆਪ' ਸਰਕਾਰ

ਸ਼ਾਹਪੁਰ ਕਲਾਂ 'ਚ ਨਾ ਡਾਕਟਰ, ਨਾ ਮੈਡੀਕਲ ਸਟਾਫ਼



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) : ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਵਿੱਚ ਸਿਹਤ ਕ੍ਰਾਂਤੀ ਲਿਆਉਣ ਦੇ ਕੀਤੇ ਜਾ ਰਹੇ ਦਾਅਵਿਆਂ ਦੀ ਪੋਲ ਸੁਨਾਮ ਹਲਕੇ ਦੇ ਪਿੰਡ ਸ਼ਾਹਪੁਰ ਕਲਾਂ ਵਿੱਚ ਖੁੱਲ੍ਹਦੀ ਨਜ਼ਰ ਆ ਰਹੀ ਹੈ।ਕਾਂਗਰਸੀ ਆਗੂ ਦਾਮਨ ਬਾਜਵਾ ਨੇ ਪਿੰਡ ਵਿੱਚ ਸਥਿਤ ਆਮ ਆਦਮੀ ਕਲੀਨਿਕ ਦਾ ਦੌਰਾ ਕਰਦਿਆਂ ਸਰਕਾਰ ਦੀ ਸਿਹਤ ਸੇਵਾਵਾਂ ਸਬੰਧੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕੀਤੇ।ਦਾਮਨ ਬਾਜਵਾ ਨੇ ਦੱਸਿਆ ਕਿ ਕਰੀਬ ਛੇ ਮਹੀਨੇ ਪਹਿਲਾਂ ਸ਼ੁਰੂ ਕੀਤੇ ਗਏ ਇਸ ਕਲੀਨਿਕ ਦੇ ਦਰਵਾਜ਼ੇ 'ਤੇ ਅਜੇ ਵੀ ਤਾਲਾ ਲੱਗਿਆ ਹੋਇਆ ਹੈ।ਪਿੰਡ ਵਾਸੀਆਂ ਅਨੁਸਾਰ ਕਲੀਨਿਕ ਖੁੱਲ੍ਹਣ ਤੋਂ ਲੈ ਕੇ ਹੁਣ ਤੱਕ ਇੱਥੇ ਨਾ ਕੋਈ ਡਾਕਟਰ ਆਇਆ ਹੈ ਅਤੇ ਨਾ ਹੀ ਮੈਡੀਕਲ ਸਟਾਫ਼ ਦੀ ਤਾਇਨਾਤੀ ਹੋਈ ਹੈ। ਇਸ ਕਾਰਨ ਪਿੰਡ ਦੇ ਲੋਕਾਂ ਨੂੰ ਇਸ ਕਲੀਨਿਕ ਤੋਂ ਕੋਈ ਸਿਹਤ ਸਹੂਲਤ ਨਹੀਂ ਮਿਲ ਸਕੀ। ਉਨ੍ਹਾਂ ਕਿਹਾ ਕਿ ਪੁਰਾਣੇ ਸੇਵਾ ਕੇਂਦਰ ਦੀ ਇਮਾਰਤ ਨੂੰ ਪਾਰਟੀ ਦੇ ਰੰਗ ਵਿੱਚ ਰੰਗ ਕੇ ਉਸ 'ਤੇ ਆਮ ਆਦਮੀ ਕਲੀਨਿਕ ਦਾ ਬੋਰਡ ਤਾਂ ਲਗਾ ਦਿੱਤਾ ਗਿਆ, ਪਰ ਲੋਕਾਂ ਨੂੰ ਇਲਾਜ ਮੁਹੱਈਆ ਕਰਵਾਉਣ ਲਈ ਲੋੜੀਂਦੇ ਪ੍ਰਬੰਧ ਨਹੀਂ ਕੀਤੇ ਗਏ।ਉਨ੍ਹਾਂ ਸਵਾਲ ਕੀਤਾ ਕਿ ਜੇਕਰ ਕਲੀਨਿਕ ਵਿੱਚ ਡਾਕਟਰ ਤੇ ਮੈਡੀਕਲ ਸਟਾਫ਼ ਹੀ ਮੌਜੂਦ ਨਹੀਂ ਤਾਂ ਸਰਕਾਰ ਕਿਸ ਆਧਾਰ 'ਤੇ ਸਿਹਤ ਕ੍ਰਾਂਤੀ ਦੇ ਦਾਅਵੇ ਕਰ ਰਹੀ ਹੈ? ਦਾਮਨ ਬਾਜਵਾ ਨੇ ਕਿਹਾ ਕਿ ਸ਼ਾਹਪੁਰ ਕਲਾਂ ਸੁਨਾਮ ਵਿਧਾਨ ਸਭਾ ਹਲਕੇ ਦਾ ਪਿੰਡ ਹੈ, ਜਿਸ ਦੀ ਨੁਮਾਇੰਦਗੀ ਪੰਜਾਬ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਕਰਦੇ ਹਨ।ਇਸੇ ਇਲਾਕੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦਾ ਜੱਦੀ ਪਿੰਡ ਸਤੌਜ ਵੀ ਸਥਿਤ ਹੈ।ਇਸ ਦੇ ਬਾਵਜੂਦ ਜੇਕਰ ਇੱਥੇ ਬੁਨਿਆਦੀ ਸਿਹਤ ਸਹੂਲਤਾਂ ਦੀ ਇਹ ਹਾਲਤ ਹੈ ਤਾਂ ਸਰਕਾਰ ਦੇ ਸੂਬੇ ਭਰ ਵਿੱਚ ਸਿਹਤ ਸੇਵਾਵਾਂ ਦੇ ਦਾਅਵਿਆਂ 'ਤੇ ਸਵਾਲ ਉੱਠਣੇ ਸੁਭਾਵਿਕ ਹਨ।ਉਨ੍ਹਾਂ ਮੰਗ ਕੀਤੀ ਕਿ ਸ਼ਾਹਪੁਰ ਕਲਾਂ ਦੇ ਆਮ ਆਦਮੀ ਕਲੀਨਿਕ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ, ਡਾਕਟਰ ਤੇ ਮੈਡੀਕਲ ਸਟਾਫ਼ ਦੀ ਤੁਰੰਤ ਤਾਇਨਾਤੀ ਕੀਤੀ ਜਾਵੇ।

ਪੰਜਾਬ ਕਾਂਗਰਸ ਵੱਲੋਂ 'ਪੰਜਾਬ ਮੰਗਦਾ ਇਨਸਾਫ਼' ਮੁਹਿੰਮ ਦਾ ਆਗਾਜ਼



ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਵਿੱਚ ਲਗਾਤਾਰ ਵਧ ਰਹੇ ਨਸ਼ੇ, ਡਾਵਾਂਡੋਲ ਕਾਨੂੰਨ ਵਿਵਸਥਾ, ਵਧਦੇ ਅਪਰਾਧ ਤੇ ਪ੍ਰਸ਼ਾਸਨਕ ਭ੍ਰਿਸ਼ਟਾਚਾਰ ਵਰਗੇ ਭਖਦੇ ਮੁੱਦਿਆਂ 'ਤੇ ਮੌਜੂਦਾ 'ਆਪ' ਸਰਕਾਰ ਦੀਆਂ ਨਾਕਾਮੀਆਂ ਦੀ ਜਵਾਬਦੇਹੀ ਤੈਅ ਕਰਨ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਨੇ ਇੱਕ ਵਿਸ਼ਾਲ ਸੂਬਾ ਵਿਆਪੀ ਮੁਹਿੰਮ 'ਪੰਜਾਬ ਮੰਗਦਾ ਇਨਸਾਫ਼' ਦੀ ਸ਼ੁਰੂਆਤ ਕੀਤੀ ਹੈ। ਪੰਜਾਬ ਕਾਂਗਰਸ ਦੇ ਮੈਂਬਰ ਤੇ ਹਲਕਾ ਧੂਰੀ ਤੋਂ ਪ੍ਰਮੁੱਖ ਦਾਅਵੇਦਾਰ ਹਰਦੀਪ ਸਿੰਘ ਦੌਲਤਪੁਰ ਨੇ ਦੱਸਿਆ ਕਿ ਰਾਹੁਲ ਗਾਂਧੀ ਦੀ 'ਇਨਸਾਫ਼ ਰੈਲੀ' ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਲਈ ਇਹ ਮੁਹਿੰਮ ਪੂਰੇ ਸੂਬੇ ਵਿੱਚ ਇਕੱਠਿਆਂ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦੀ ਕਮਾਨ ਸੂਬਾ ਪ੍ਰਧਾਨ ਪ੍ਰਗਟ ਸਿੰਘ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੇ ਮੁਹਿੰਮ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਦੀ ਸਾਂਝੀ ਅਗਵਾਈ ਹੇਠ ਸੰਭਾਲੀ ਗਈ ਹੈ।ਇਸ ਕੰਪੇਨ ਦਾ ਮੁੱਖ ਮਕਸਦ ਜ਼ਮੀਨੀ ਪੱਧਰ 'ਤੇ ਆਮ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ, ਜਨਤਾ ਦਾ ਦੁੱਖ-ਦਰਦ ਵੰਡਾਉਣਾ ਤੇ ਸਰਕਾਰੀ ਅਣਗਹਿਲੀਆਂ ਨੂੰ ਨੰਗਾ ਕਰਨਾ ਹੈ। ਸ੍ਰੀ ਦੌਲਤਪੁਰ ਅਨੁਸਾਰ, ਕਾਂਗਰਸੀ ਆਗੂ ਤੇ ਵਰਕਰ ਨਸ਼ਿਆਂ ਤੇ ਅਪਰਾਧ ਤੋਂ ਪੀੜਤ ਪਰਵਾਰਾਂ ਦੇ ਬੂਹੇ ਖੜਕਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਗੇ।ਸੂਬੇ ਦੇ ਹਰ ਸ਼ਹਿਰ, ਕਸਬੇ ਤੇ ਪਿੰਡ ਵਿੱਚ ਚੇਤਨਾ ਫੈਲਾਉਣ ਲਈ ਵਿਸ਼ੇਸ਼ ਸਾਈਕਲ ਯਾਤਰਾਵਾਂ ਕੱਢੀਆਂ ਜਾਣਗੀਆਂ।ਇਸ ਤੋਂ ਇਲਾਵਾ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ, ਸਰਕਾਰੀ ਤੇ ਗੈਰ-ਸਰਕਾਰੀ ਮੁਲਾਜ਼ਮਾਂ, ਨੌਜਵਾਨਾਂ ਤੇ ਔਰਤਾਂ ਨਾਲ ਵਿਸ਼ੇਸ਼ ਮੀਟਿੰਗਾਂ ਕਰਕੇ ਇੱਕ ਮਜ਼ਬੂਤ ਲੋਕ ਲਹਿਰ ਲਾਮਬੰਦ ਕੀਤੀ ਜਾਵੇਗੀ।ਉਨ੍ਹਾਂ ਸਮੂਹ ਪੰਜਾਬੀਆਂ ਨੂੰ ਹਿੱਕ ਡਾਹ ਕੇ ਸੂਬੇ ਦੀ ਹੋਂਦ ਤੇ ਭਵਿੱਖ ਬਚਾਉਣ ਲਈ ਇਸ ਮੁਹਿੰਮ ਵਿੱਚ ਡੱਟਵਾਂ ਸਾਥ ਦੇਣ ਦੀ ਪੁਰਜ਼ੋਰ ਅਪੀਲ ਕੀਤੀ।

ਮਾਡਰਨ ਗਰੁੱਪ ਕਾਲਜ ਵਿਖੇ ਦੀਵਾਲੀ ਸਮਾਗਮ

ਚੀਮਾ ਮੰਡੀ (ਰਵਿੰਦਰ ਚੀਮਾ)-ਮਾਡਰਨ ਗਰੁੱਪ ਆਫ ਕਾਲਜ ਬੀਰ ਕਲਾਂ ਵਿਖੇ ਦਿਵਾਲੀ ਦੇ ਤਿਉਹਾਰ ਮੌਕੇ ਇੱਕ ਸਮਾਗਮ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਅਗਵਾਈ ਹੇਠ ਕਰਾਇਆ ਗਿਆ।ਇਸ ਸਮਾਗਮ ਦੌਰਾਨ ਕਾਲਜ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਸੱਭਿਆਚਾਰਕ



ਪ੍ਰੋਗਰਾਮ ਜਿਵੇਂ ਕਿ ਗਿੱਧਾ, ਲੋਕ ਗੀਤ, ਭੰਗੜਾ, ਸਕਿੱਟ ਆਦਿ ਪੇਸ਼ ਕੀਤੇ ਗਏ।ਇਸ ਮੌਕੇ ਬੋਲਦਿਆਂ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਦਿਵਾਲੀ ਸਾਡੇ ਦੇਸ਼ ਦਾ ਮਹੱਤਵਪੂਰਨ ਤਿਉਹਾਰ ਹੈ, ਸਾਨੂੰ ਸਾਰਿਆਂ ਨੂੰ ਇਹ ਤਿਉਹਾਰ ਮਿਲ-ਜੁਲ ਕੇ ਮਨਾਉਣਾ ਚਾਹੀਦਾ ਹੈ।ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਦਿਵਾਲੀ ਨਾਲ ਸੰਬੰਧਤ ਰੰਗੋਲੀ ਤੇ ਦੀਵਾ ਮੇਕਿੰਗ ਕੰਪਟੀਸ਼ਨ ਵੀ ਕਰਵਾਇਆ ਗਿਆ।ਇਸ ਮੌਕੇ ਕਾਲਜ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਦਸਮੇਸ਼ ਮਿਸ਼ਨ ਸਕੂਲ ਹਰੀ ਨੌ 'ਚ ਵੰਡੀਆਂ ਵਰਦੀਆਂ



ਕੋਟਕਪੂਰਾ (ਰਛਪਾਲ ਭੁੱਲਰ)-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਨੇ ਆਪਣੇ ਦਸਵੰਧ ਵਿੱਚੋਂ ਲੋੜਵੰਦ 35 ਵਿਦਿਆਰਥੀਆਂ ਨੂੰ ਕੋਟ, ਗਰਮ ਜਰਸੀਆਂ, ਪੈਂਟਾਂ-ਸ਼ਰਟਾਂ ਤੇ ਬੂਟ ਵੰਡੇ।ਇਸ ਸਮੇਂ ਸ੍. ਬਲਜੀਤ ਸਿੰਘ ਐੱਮ.ਡੀ., ਸ੍ਰੀਮਤੀ ਸੋਮਾ ਦੇਵੀ ਪ੍ਰਿੰਸੀਪਲ, ਸ੍ਰੀਮਤੀ ਸਤਵਿੰਦਰ ਕੌਰ, ਸ੍ਰੀਮਤੀ ਨਿਧੀ ਗਰਗ, ਸ੍ਰੀਮਤੀ ਨੇਹਾਂ ਜਿੰਦਲ ਤੇ ਹੋਰ ਸਟਾਫ਼ ਹਾਜ਼ਰ ਸੀ।

ਜਸਵਿੰਦਰ ਪਾਲ ਸਿੰਘ ਨੇ ਬਤੌਰ ਹੈੱਡ ਟੀਚਰ ਕੀਤਾ ਜੁਆਇਨ


ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) : ਜਸਵਿੰਦਰ ਪਾਲ ਸਿੰਘ ਨੇ ਬਤੌਰ ਈ ਟੀ ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਕਾਲੀਏ ਵਾਲਾ ਵਿਖੇ ਲਗਭਗ ਸਤਾਰਾਂ ਸਾਲ ਸੇਵਾ ਨਿਭਾਉਣ ਤੋਂ ਬਾਅਦ ਵਿਭਾਗੀ ਤਰੱਕੀਆਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਫਿੱਡੇ ਵਿਖੇ ਜੁਆਇਨ ਕੀਤਾ। ਜਸਵਿੰਦਰ ਪਾਲ ਸਿੰਘ ਨੂੰ ਹੈੱਡ ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਫਿੱਡੇ ਵਿਖੇ ਜੁਆਇਨ ਕਰਵਾਉਣ ਸਮੇਂ ਬੀਪੀਈਓ ਘੱਲ-ਖੁਰਦ



ਅੰਮ੍ਰਿਤਪਾਲ ਸਿੰਘ ਬਰਾੜ, ਸੁਭਾਸ਼ ਚੰਦਰ ਡੀ ਆਰ ਸੀ, ਸੀ ਐੱਚ ਟੀ ਬਿਬੇਕਾਨੰਦ ਤੇ ਹਰਮਿੰਦਰ ਸਿੰਘ, ਐੱਚ ਟੀ ਕਾਲੀਏ ਵਾਲਾ ਪਰਮਜੀਤ ਕੌਰ, ਬੀ ਆਰ ਸੀ ਹਰਵਿੰਦਰ ਸਿੰਘ ਸਿੱਧੂ, ਮਿਹਰ ਸਿੰਘ ਜੋਸਨ, ਸਰਬਜੀਤ ਸਿੰਘ ਭਾਵੜਾ, ਮਲਕੀਤ ਸਿੰਘ ਹਰਾਜ, ਰਛਪਾਲ ਸਿੰਘ ਗਿੱਲ, ਜਸਪਾਲ ਸਿੰਘ, ਅਮਨਦੀਪ ਸਿੰਘ, ਸੰਦੀਪ ਕੰਬੋਜ, ਗਗਨਦੀਪ ਸਿੰਘ ਬਰਾੜ, ਮਹਿੰਦਰ ਪਾਲ ਚੌਹਾਨ, ਸੁਖਮੰਦਰ ਸਿੰਘ, ਬਲਜੀਤ ਸਿੰਘ ਮੁੱਦਕੀ, ਦਾਰਾ ਸਿੰਘ ਅਕਾਉਂਟ, ਪਰਮਜੀਤ ਸਿੰਘ ਪੰਮਾ ਤੇ ਸਮੂਹ ਸਟਾਫ ਸਰਕਾਰੀ ਪ੍ਰਾਇਮਰੀ ਫਿੱਡੇ ਹਾਜ਼ਰ ਸਨ। ਇਸ ਮੌਕੇ ਰਜਿੰਦਰ ਸਿੰਘ ਰਾਜਾ, ਹਰਪ੍ਰੀਤ ਸਿੰਘ ਸੀ ਐੱਚ ਟੀ, ਸੰਦੀਪ ਕਟਾਰੀਆ ਸੀ ਐੱਚ ਟੀ, ਲਖਵਿੰਦਰ ਸਿੰਘ ਹਾਂਡਾ, ਮੈਡਮ ਕੰਚਨ ਬਾਲਾ, ਰੇਸ਼ਮ ਸਿੰਘ ਐੱਚ ਟੀ ਉਗੋਕੇ, ਅੰਗਰੇਜ਼ ਸਿੰਘ ਆਦਿ ਸਾਥੀ ਅਧਿਆਪਕਾਂ ਵੱਲੋਂ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।

ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਵਿੱਛੜੇ ਬੱਚੇ ਨੂੰ ਮਾਤਾ-ਪਿਤਾ ਨਾਲ ਮਿਲਾਇਆ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) : ਬੁੱਧਵਾਰ ਸਵੇਰੇ ਮੀਰਥਲ ਦੇ ਰਹਿਣ ਵਾਲਾ ਇਕ ਪਰਵਾਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਣ ਲਈ ਅੰਮ੍ਰਿਤਸਰ ਆਇਆ ਸੀ। ਇਸ ਦੌਰਾਨ ਉਨ੍ਹਾਂ ਦਾ ਬੇਟਾ ਲਵਲੀ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਪਰਵਾਰ ਤੋਂ ਵਿੱਛੜ ਗਿਆ। ਬੱਚੇ ਦੇ ਪਿਤਾ ਨੇ ਸਟੇਸ਼ਨ 'ਤੇ ਤਾਇਨਾਤ ਟਿਕਟ ਚੈਕਿੰਗ ਸਟਾਫ਼ ਦੇ ਸੀ.ਆਈ.ਟੀ. ਐੱਸ.ਐੱਸ. ਮਾਨ ਨਾਲ ਸੰਪਰਕ ਕੀਤਾ। ਸੀ.ਆਈ.ਟੀ. ਐੱਸ.ਐੱਸ. ਮਾਨ ਨੇ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਬੱਚੇ ਨੂੰ ਲੱਭ ਕੇ ਸੁਰੱਖਿਅਤ ਪੁੱਛਗਿੱਛ ਦਫ਼ਤਰ ਪਹੁੰਚਾਇਆ। ਉੱਥੇ ਹੀ, ਡਿਊਟੀ 'ਤੇ ਤਾਇਨਾਤ ਰਿਜ਼ਰਵੇਸ਼ਨ ਸੁਪਰਵਾਈਜ਼ਰ ਕੁਮਾਰੀ



ਨਵਲੀਨ ਕੌਰ ਨੇ ਬੱਚੇ ਦੇ ਗੁੰਮ ਹੋਣ ਸਬੰਧੀ ਅਨਾਊਂਸਮੈਂਟ (ਐਲਾਨ) ਕਰਵਾਈ। ਅਨਾਊਂਸਮੈਂਟ ਸੁਣ ਕੇ ਬੱਚੇ ਦੇ ਮਾਤਾ-ਪਿਤਾ ਪੁੱਛਗਿੱਛ ਦਫ਼ਤਰ ਪਹੁੰਚੇ। ਇਸ ਤੋਂ ਬਾਅਦ ਜੀ.ਆਰ.ਪੀ. ਕਰਮਚਾਰੀਆਂ ਦੀ ਮੌਜੂਦਗੀ ਵਿੱਚ ਬੱਚੇ ਨੂੰ ਸੁਰੱਖਿਅਤ ਉਸ ਦੇ ਮਾਤਾ-ਪਿਤਾ ਹਵਾਲੇ ਕਰ ਦਿੱਤਾ ਗਿਆ। ਆਪਣੇ ਬੱਚੇ ਨੂੰ ਸੁਰੱਖਿਅਤ ਵਾਪਸ ਪਾ ਕੇ ਮਾਤਾ-ਪਿਤਾ ਨੇ ਖ਼ੁਸ਼ੀ ਤੇ ਰਾਹਤ ਪ੍ਰਗਟ ਕਰਦਿਆਂ ਰੇਲਵੇ ਕਰਮਚਾਰੀਆਂ ਦਾ ਧੰਨਵਾਦ ਕੀਤਾ। ਮੌਕੇ 'ਤੇ ਮੌਜੂਦ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ/ਫ਼ਰੇਟ ਪਰਮਦੀਪ ਸਿੰਘ ਸੈਣੀ ਨੇ ਟਿਕਟ ਚੈਕਿੰਗ ਸਟਾਫ਼ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਰਮਚਾਰੀਆਂ ਦੀ ਡਿਊਟੀ ਪ੍ਰਤੀ ਲਗਨ, ਸਮਰਪਣ ਤੇ ਮਾਨਵੀ ਸੰਵੇਦਨਸ਼ੀਲਤਾ ਕਰਕੇ ਹੀ ਰੇਲ ਯਾਤਰੀਆਂ ਨੂੰ ਸੁਰੱਖਿਅਤ ਤੇ ਸੁਖਾਵੀਂ ਯਾਤਰਾ ਦਾ ਅਨੁਭਵ ਮਿਲਦਾ ਹੈ।


ਸਪਰਿੰਗ ਡਿਊ ਸਕੂਲ 'ਚ ਗੁਰਗੱਦੀ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)-ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਬੜੀ ਸ਼ਰਧਾ, ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਸਕੂਲ ਦੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ।ਇਸ ਦੌਰਾਨ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਤੇ ਵਿਸ਼ਵ ਸ਼ਾਂਤੀ ਲਈ ਅਰਦਾਸ ਕੀਤੀ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਪੂਰੀ ਸ਼ਰਧਾ ਤੇ ਇਕਾਗਰਤਾ ਨਾਲ ਪਾਠ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸਕੂਲ ਦਾ ਵਾਤਾਵਰਨ ਗੁਰਬਾਣੀ ਦੇ ਪਵਿੱਤਰ ਸ਼ਬਦਾਂ ਨਾਲ ਅਧਿਆਤਮਕ ਰੰਗ ਵਿੱਚ ਰੰਗਿਆ ਗਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੁੱਚੀ ਮਨੁੱਖਤਾ ਲਈ ਸਾਂਝੀਵਾਲਤਾ, ਬਰਾਬਰਤਾ, ਸੱਚਾਈ, ਨਿਮਰਤਾ, ਸੇਵਾ ਤੇ ਆਪਸੀ ਪਿਆਰ ਦਾ ਸੰਦੇਸ਼ ਦਿੰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਚੰਗੇ ਸੰਸਕਾਰ ਗ੍ਰਹਿਣ ਕਰਨ, ਮਾਪਿਆਂ ਤੇ ਬਜ਼ੁਰਗਾਂ ਦਾ ਸਤਿਕਾਰ ਕਰਨ, ਲੋੜਵੰਦਾਂ ਦੀ ਮਦਦ ਕਰਨ ਤੇ ਸਮਾਜ ਵਿੱਚ ਪਿਆਰ ਤੇ ਭਾਈਚਾਰਾ ਕਾਇਮ ਰੱਖਣ ਲਈ ਪ੍ਰੇਰਿਤ ਕੀਤਾ।ਅੰਤ ਵਿੱਚ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੇਵਾ, ਸਿਮਰਨ ਤੇ ਸਦਾਚਾਰ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।

ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰਧਾਨ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਹਾਜ਼ਰ ਸਨ।

ਭੇਦਭਰੀ ਹਾਲਤ 'ਚ ਬਜ਼ੁਰਗ ਔਰਤ ਦੀ ਮਿਲੀ ਲਾਸ਼



ਜਲਾਲਾਬਾਦ, (ਜੀਤ ਕੁਮਾਰ) : ਲਾਗਲੇ ਪੈਂਦੇ ਪਿੰਡ ਕਨਲਾਵਾਲੇ ਝੁੱਗੇ ਵਿੱਚ ਇਕ ਬਜ਼ੁਰਗ ਔਰਤ ਦੀ ਭੇਦਭਰੀ ਹਾਲਤ 'ਚ ਮੌਤ ਹੋ ਜਾਣ ਦਾ ਸਮਾਚਾਰ ਹੈ। ਇਸ ਘਟਨਾ ਦੀ ਸੂਚਨਾ ਮਿਲਣ 'ਤੇ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਪਾਰਟੀ ਮੌਕੇ 'ਤੇ ਪੁੱਜੀ ਤੇ ਮ੍ਰਿਤਕ ਬਜ਼ੁਰਗ ਔਰਤ ਦੀ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਅਗਲੀ ਕਰਵਾਈ ਕੀਤੀ ਜਾ ਰਹੀ ਹੈ। ਮ੍ਰਿਤਕ ਬਜ਼ੁਰਗ ਔਰਤ ਦੇ ਪੁੱਤਰ ਸੁਰਜੀਤ ਸਿੰਘ ਤੇ ਪਿੰਡ ਕਨਲਾਵਾਲੇ ਝੁੱਗੇ ਦੇ ਸਰਪੰਚ ਮਲਕੀਤ ਸਿੰਘ ਨੇ ਦੱਸਿਆ ਕਿ ਬਜ਼ੁਰਗ ਔਰਤ ਇੰਦਰੋ ਬਾਈ (80), ਜੋਕਿ ਘਰ ਵਿੱਚ ਇਕੱਲੀ ਰਹਿੰਦੀ ਸੀ ਤੇ ਬੀਤੀ ਰਾਤ ਨੂੰ ਅਣਪਛਾਤੇ ਵਿਅਕਤੀ ਘਰ ਵਿੱਚ ਆਏ ਤੇ ਇੰਦਰੋ ਬਾਈ ਨੂੰ ਗਲਾ ਘੁੱਟ ਕੇ ਮੌਤ ਦੇ ਘਾਟ ਉਤਾਰ ਦਿੱਤਾ ਹੈ। ਉਧਰ, ਅੱਜ ਸਵੇਰੇ ਜਿਵੇਂ ਹੀ ਪਤਾ ਚਲਾ ਤਾਂ ਮ੍ਰਿਤਕ ਔਰਤ ਦਾ ਬੇਟਾ ਸੁਰਜੀਤ ਸਿੰਘ ਤੇ ਨੂੰਹ ਨੇ ਦੇਖਿਆ ਅਤੇ ਇਸ ਦੀ ਸੂਚਨਾ ਪਿੰਡ ਦੇ ਸਰਪੰਚ ਮਲਕੀਤ ਸਿੰਘ ਨੂੰ ਦਿੱਤੀ ਗਈ, ਜਿਸ ਦੇ ਬਾਅਦ ਇਹ ਜਾਣਕਾਰੀ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਨੂੰ ਦਿੱਤੀ ਗਈ ਹੈ। ਮ੍ਰਿਤਕ ਔਰਤ ਦੇ ਪੁੱਤਰ ਸੁਰਜੀਤ ਸਿੰਘ ਤੇ ਸਰਪੰਚ ਮਲਕੀਤ ਸਿੰਘ ਨੇ ਦੱਸਿਆ ਕਿ ਜਦੋਂ ਦੇਖਿਆ ਤਾਂ ਬਜ਼ੁਰਗ ਮਾਤਾ ਦੀਆਂ ਲੱਤਾਂ ਬੰਨੀਆਂ ਹੋਈਆਂ ਸੀ ਤੇ ਗਲ ਵਿੱਚ ਚੁੰਨੀ ਪਾਈ ਹੋਈ ਸੀ ਅਤੇ ਮ੍ਰਿਤਕ ਹਾਲਤ ਵਿੱਚ ਪਈ ਸੀ। ਇਸ ਦੇ ਨਾਲ ਹੀ ਘਰ ਦਾ ਸਾਰਾ ਸਾਮਾਨ ਖਿਲਰਿਆ ਪਿਆ ਸੀ, ਪਤਾ ਚੱਲਿਆ ਹੈ ਕਿ ਰਾਤ ਨੂੰ ਜਿਨ੍ਹਾਂ ਅਣਪਛਾਤੇ ਵਿਅਕਤੀਆਂ ਨੇ ਮਾਤਾ ਨੂੰ ਗਲਾ ਘੁੱਟ ਕੇ ਮਾਰਿਆ ਹੈ, ਉਨ੍ਹਾਂ ਨੇ ਮਾਤਾ ਦੇ ਕੰਨਾਂ ਵਿੱਚੋਂ ਸੋਨੇ ਦੀਆਂ ਵਾਲੀਆਂ, ਚਾਂਦੀ ਤੇ ਨਗਦੀ ਰਾਸ਼ੀ ਚੋਰੀ ਕਰਕੇ ਲੈ ਗਏ ਹਨ। ਉਧਰ, ਪੁਲਸ ਪਾਰਟੀ ਮੌਕੇ 'ਤੇ ਪੁੱਜੀ ਤੇ ਪੁਲਸ ਕਰਮਚਾਰੀਆਂ ਨੇ ਕਿਹਾ ਕਿ ਮ੍ਰਿਤਕ ਔਰਤ ਦੇ ਰਿਸ਼ਤੇਦਾਰਾਂ ਦੇ ਬਿਆਨ ਲਏ ਜਾ ਰਹੇ ਹਨ ਤੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਤਫਤੀਸ਼ ਕੀਤੀ ਜਾ ਰਹੀ ਹੈ, ਜਿਸ ਦੇ ਬਾਅਦ ਬਣਦੀ ਕਾਰਵਾਈ ਕੀਤੀ ਜਾਵੇਗੀ।

ਕੇਬਲ ਚੋਰੀ ਕਰਨ ਦੇ ਮਾਮਲੇ 'ਚ ਮੁਲਜ਼ਮ ਗ੍ਰਿਫ਼ਤਾਰ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 25 ਮੀਟਰ ਕੇਬਲ ਚੋਰੀ ਕਰਨ ਦੇ ਦੋਸ਼ ਵਿੱਚ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਵੰਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਤਲਵਿੰਦਰ ਲੀਗਲ ਐਗਜ਼ੀਕਿਊਟਿਵ ਵੱਲੋਂ ਇਕ ਲੋਕਲ ਦਰਖਾਸਤ ਨੰਬਰ 130 ਥਾਣਾ ਅਮੀਰ ਖਾਸ ਵਿਖੇ ਦਿੱਤੀ ਗਈ ਸੀ ਕਿ ਪਿੰਡ ਸਵਾਹਵਾਲਾ ਵਿਖੇ 10 ਨਵੰਬਰ ਨੂੰ ਸਵੇਰੇ ਕਰੀਬ 2.30 ਵਜੇ ਗੁਰਸੇਵਕ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਵਾਰਡ ਨੰਬਰ 22 ਗਲੀ ਨੰਬਰ 2 ਸ੍ਰੀ ਮੁਕਤਸਰ ਸਾਹਿਬ ਨੇ ਦੋ ਟੋਟੇ ਕੇਬਲ ਕਰੀਬ 25 ਮੀਟਰ ਚੋਰੀ ਕੀਤੀ ਹੈ। ਪੁਲਸ ਨੇ ਗੁਰਸੇਵਕ ਸਿੰਘ ਨੂੰ ਕੇਬਲ ਸਮੇਤ ਗ੍ਰਿਫ਼ਤਾਰ ਕਰਕੇ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕਰ ਲਿਆ ਹੈ।

ਝੋਨਾ ਚੋਰੀ ਵੱਢਣ 'ਤੇ 2 ਵਿਅਕਤੀਆਂ ਵਿਰੁੱਧ ਕੇਸ ਦਰਜ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਚੱਕ ਅਰਾਈਆਂਵਾਲਾ (ਛੋਟਾ ਫਲੀਆਂਵਾਲਾ) ਵਿਖੇ ਚੋਰੀ ਝੋਨਾ ਵੱਢਣ ਦੇ ਦੋਸ਼ ਵਿੱਚ 2 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਚ.ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਮੋਹਨ ਲਾਲ ਪੁੱਤਰ ਗੁਰਾਦਿੱਤਾ ਵਾਸੀ ਚੱਕ ਅਰਨੀਵਾਲਾ ਉਰਫ ਕੱਟੀਆਵਾਲਾ ਵੱਲੋਂ ਪੁਲਸ ਕੋਲ ਦਰਖਾਸਤ ਦਿੱਤੀ ਗਈ ਸੀ ਕਿ ਬੀਤੀ 31 ਅਕਤੂਬਰ 2026 ਨੂੰ ਸਵੇਰੇ ਕਰੀਬ 8 ਵਜੇ ਜੱਜ ਸਿੰਘ ਪੁੱਤਰ ਗੁਰਦਿਆਲ ਸਿੰਘ ਤੇ ਵਕੀਲ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀਆਨ ਅਰਾਈਆਂਵਾਲਾ ਉਰਫ ਛੋਟਾ ਫਲੀਆਂਵਾਲਾ ਨੇ ਉਸ ਦੀ 5 ਕਨਾਲ 10 ਮਰਲੇ ਜ਼ਮੀਨ ਵਿੱਚੋਂ ਝੋਨੇ ਦੀ ਫਸਲ ਚੋਰੀ ਨਾਲ ਕੱਢ ਲਈ ਹੈ ਅਤੇ ਉਸ ਦੀ ਫਸਲ ਦਾ ਨੁਕਸਾਨ ਕੀਤਾ ਗਿਆ ਹੈ, ਜਿਸ 'ਤੇ ਪੁਲਸ ਵੱਲੋਂ ਮੁਦੱਈ ਮੋਹਨ ਲਾਲ ਦੇ ਬਿਆਨਾਂ ਦੇ ਅਧਾਰ 'ਤੇ ਜੱਜ ਸਿੰਘ ਤੇ ਵਕੀਲ ਸਿੰਘ ਵਿਰੁੱਧ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਨੈਸ਼ਨਲ ਕਾਲਜ ਭੀਖੀ ਦਾ ਨਤੀਜਾ ਸ਼ਾਨਦਾਰ

ਭੀਖੀ (ਗੁਰਿੰਦਰ ਸਿੰਘ ਔਲਖ, ਧਰਮਵੀਰ ਸ਼ਰਮਾ)-ਸਥਾਨਕ ਸੰਸਥਾ ਨੈਸ਼ਨਲ ਕਾਲਜ ਲਈ ਮਾਣ ਤੇ ਖ਼ੁਸ਼ੀ ਵਾਲੀ ਗੱਲ ਹੈ ਕਿ ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਬੀ ਏ ਭਾਗ ਦੂਜਾ ਸਮੈਸਟਰ ਤੀਜਾ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਕਰਦਿਆਂ ਚੰਗੇ ਅੰਕ ਹਾਸਲ ਕੀਤੇ ਹਨ।ਇਸ ਪ੍ਰੀਖਿਆ 'ਚੋਂ ਪੂਜਾ ਕੌਰ ਨੇ



9.07 ਸੀ.ਜੀ.ਪੀ.ਏ. ਪ੍ਰਾਪਤ ਕਰਕੇ ਪਹਿਲਾ, ਲਵਪ੍ਰੀਤ ਕੌਰ ਨੇ 8.67 ਸੀ.ਜੀ.ਪੀ.ਏ. ਨਾਲ ਦੂਜਾ ਤੇ ਗੁਰਸੇਵਕ ਸਿੰਘ ਨੇ 8.63 ਸੀ.ਜੀ.ਪੀ.ਏ. ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਐੱਮ. ਕੇ. ਮਿਸ਼ਰਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਮਿਹਨਤ, ਲਗਨ ਤੇ ਅਧਿਆਪਕਾਂ ਦੀ ਯੋਗ ਅਗਵਾਈ ਦਾ ਨਤੀਜਾ ਹੈ।ਉਨ੍ਹਾਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਪ੍ਰੋ. ਗੁਰਤੇਜ ਸਿੰਘ ਤੇਜੀ, ਕਲਾਸ ਇੰਚਾਰਜ ਪ੍ਰੋ. ਜਸਵਿੰਦਰ ਸਿੰਘ, ਪ੍ਰੋ. ਰਣਜੀਤ ਕੌਰ, ਪ੍ਰੋ. ਸੁਖਪਾਲ ਕੌਰ ਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਅਮਨ ਅਰੋੜਾ ਨੇ ਹਲਕੇ ਦੇ 2256 ਪਰਵਾਰਾਂ ਨੂੰ ਮਾਲਕੀ ਦਸਤਾਵੇਜ਼ ਸੌਂਪੇ

ਸੰਗਰੂਰ/ਸੁਨਾਮ, (ਪ੍ਰਵੀਨ ਸਿੰਘ)-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਸੁਨਾਮ ਵਿਧਾਨ ਸਭਾ ਹਲਕੇ ਦੇ ਅੱਠ ਪਿੰਡਾਂ ਵਿੱਚ ਕਰਵਾਏ ਵੰਡ ਸਮਾਗਮਾਂ ਦੌਰਾਨ 2,256 ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦੇ ਦਸਤਾਵੇਜ਼ ਸੌਂਪੇ।ਪਿੰਡ ਤੋਗਾਵਾਲ ਵਿਖੇ ਉਨ੍ਹਾਂ ਨੇ ਮਾਲਕੀ ਦਸਤਾਵੇਜ਼ਾਂ ਦੀ ਵੰਡ ਦੇ ਨਾਲ ਪਿੰਡ ਦੇ ਖੇਡ ਮੈਦਾਨ ਦਾ ਉਦਘਾਟਨ ਵੀ ਕੀਤਾ। ਲਾਭਪਾਤਰੀ ਪਰਵਾਰਾਂ ਨੂੰ ਸੰਬੋਧਨ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਦਾ ਉਦੇਸ਼ ਪਿੰਡਾਂ ਦੀ ਲਾਲ ਲਕੀਰ ਅੰਦਰ ਪੀੜ੍ਹੀਆਂ ਤੋਂ ਵਸਦੇ ਯੋਗ ਪਰਵਾਰਾਂ ਨੂੰ ਆਪਣੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦਸਤਾਵੇਜ਼ਾਂ ਨਾਲ ਪਰਵਾਰਾਂ ਕੋਲ ਆਪਣੇ ਘਰ ਦੀ ਮਾਲਕੀ ਦਰਸਾਉਣ ਲਈ ਸਰਕਾਰੀ ਰਿਕਾਰਡ ਹੋਵੇਗਾ।ਪਿੰਡ ਪੱਧਰ 'ਤੇ ਵੰਡ ਸਮਾਗਮ ਕਰਵਾਉਣ ਨਾਲ ਲਾਭਪਾਤਰੀਆਂ ਨੂੰ ਆਪਣੇ ਪਿੰਡ ਵਿੱਚ ਹੀ ਦਸਤਾਵੇਜ਼ ਪ੍ਰਾਪਤ ਕਰਨ ਦੀ ਸਹੂਲਤ ਮਿਲੀ।ਵੰਡ ਸਮਾਗਮਾਂ ਦੌਰਾਨ ਘਾਸੀਵਾਲ ਦੇ 140, ਚੌਵਾਸ ਦੇ 370, ਤੋਲਾਵਾਲ ਦੇ 380 ਤੇ ਬੀਰ ਕਲਾਂ ਦੇ 240 ਪਰਵਾਰਾਂ ਨੂੰ ਮਾਲਕੀ ਦਸਤਾਵੇਜ਼ ਸੌਂਪੇ ਗਏ।ਇਸੇ ਤਰ੍ਹਾਂ ਝਾੜੋਂ ਦੇ 300, ਸਾਹੋਕੇ ਦੇ 315, ਮੰਡੇਰ ਖੁਰਦ ਦੇ 229 ਤੇ ਤੋਗਾਵਾਲ ਦੇ 282 ਪਰਵਾਰਾਂ ਨੂੰ ਦਸਤਾਵੇਜ਼ ਦਿੱਤੇ ਗਏ। ਮੰਡੇਰ ਖੁਰਦ ਦਾ ਵੰਡ ਸਮਾਗਮ ਪਿੰਡ ਦੇ ਗੁਰੂ ਘਰ ਵਿਖੇ ਕਰਵਾਇਆ ਗਿਆ।ਤੋਗਾਵਾਲ ਵਿਖੇ ਖੇਡ ਮੈਦਾਨ ਦਾ ਉਦਘਾਟਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਮੈਦਾਨ ਨਾਲ ਪਿੰਡ ਦੇ ਬੱਚਿਆਂ ਤੇ ਨੌਜਵਾਨਾਂ ਨੂੰ ਆਪਣੇ ਪਿੰਡ ਵਿੱਚ ਹੀ ਖੇਡਣ ਤੇ ਨਿਯਮਤ ਅਭਿਆਸ ਕਰਨ ਦੀ ਸਹੂਲਤ ਮਿਲੇਗੀ।



ਪੀ ਸੀ ਐੱਸ ਦੇ ਨਤੀਜਿਆਂ 'ਤੇ ਉੱਠੇ ਸਵਾਲਾਂ ਦੀ ਉੱਚ ਪੱਧਰੀ ਜਾਂਚ ਹੋਵੇ : ਰੋਬਿਨ ਜਿੰਦਲ



ਭੀਖੀ, (ਧਰਮਵੀਰ ਸ਼ਰਮਾ)-ਪੰਜਾਬ ਪਬਲਿਕ ਸਰਵਿਸ ਕਮਿਸ਼ਨ ਵੱਲੋਂ ਐਲਾਨੇ ਗਏ ਪੀ.ਸੀ.ਐੱਸ. ਮੇਨਜ਼ ਦੇ ਨਤੀਜਿਆਂ ਨੂੰ ਲੈ ਕੇ ਪੈਦਾ ਹੋਏ ਵਿਵਾਦ 'ਤੇ ਭਾਜਪਾ ਯੁਵਾ ਮੋਰਚਾ ਦੇ ਸੂਬਾ ਮੀਤ ਪ੍ਰਧਾਨ ਰੋਬਿਨ ਜਿੰਦਲ ਨੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਤੇ ਸਬੰਧਤ ਕਮਿਸ਼ਨ ਤੋਂ ਜਵਾਬ ਮੰਗਿਆ ਹੈ। ਉਨ੍ਹਾਂ ਕਿਹਾ ਕਿ ਪੀ.ਸੀ.ਐੱਸ. ਵਰਗੀ ਵੱਕਾਰੀ ਪ੍ਰੀਖਿਆ ਵਿੱਚ ਪਾਰਦਰਸ਼ਤਾ ਤੇ ਨਿਰਪੱਖਤਾ ਸਭ ਤੋਂ ਮਹੱਤਵਪੂਰਨ ਹਨ, ਕਿਉਂਕਿ ਇਸ ਪ੍ਰੀਖਿਆ ਨਾਲ ਹਜ਼ਾਰਾਂ ਨੌਜਵਾਨਾਂ ਦੇ ਸੁਪਨੇ ਤੇ ਭਵਿੱਖ ਜੁੜੇ ਹੋਏ ਹਨ। ਜਿੰਦਲ ਨੇ ਕਿਹਾ ਕਿ ਪੀ.ਸੀ.ਐੱਸ. ਮੇਨਜ਼ ਦੇ ਨਤੀਜਿਆਂ ਤੋਂ ਬਾਅਦ ਉਮੀਦਵਾਰਾਂ ਵੱਲੋਂ ਚੋਣ ਪ੍ਰਕਿਰਿਆ ਨੂੰ ਲੈ ਕੇ ਕਈ ਗੰਭੀਰ ਸਵਾਲ ਉਠਾਏ ਜਾ ਰਹੇ ਹਨ। ਉਮੀਦਵਾਰਾਂ ਵੱਲੋਂ ਇੱਕੋ ਪ੍ਰੀਖਿਆ ਕੇਂਦਰ ਤੇ ਕੁਝ ਕਮਰਿਆਂ ਵਿੱਚੋਂ ਵੱਡੀ ਗਿਣਤੀ ਵਿੱਚ ਉਮੀਦਵਾਰਾਂ ਦੇ ਇੰਟਰਵਿਊ ਲਈ ਚੁਣੇ ਜਾਣ, ਲਗਾਤਾਰ ਰੋਲ ਨੰਬਰਾਂ ਵਾਲੇ ਉਮੀਦਵਾਰਾਂ ਦੇ ਸਫਲ ਹੋਣ ਤੇ ਉੱਤਰ ਪੱਤਰੀਆਂ ਦੀ ਜਾਂਚ ਦੀ ਪ੍ਰਕਿਰਿਆ ਬਾਰੇ ਸਵਾਲ ਕੀਤੇ ਜਾ ਰਹੇ ਹਨ। ਇਨ੍ਹਾਂ ਸਾਰੇ ਸਵਾਲਾਂ ਦਾ ਤੱਥਾਂ ਸਮੇਤ ਜਵਾਬ ਦੇਣਾ ਕਮਿਸ਼ਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ 4 ਨਵੰਬਰ ਨੂੰ ਐਲਾਨੇ ਗਏ ਪੀ.ਸੀ.ਐੱਸ. ਮੇਨਜ਼ ਦੇ ਨਤੀਜਿਆਂ ਵਿੱਚ 331 ਅਸਾਮੀਆਂ ਦੇ ਮੁਕਾਬਲੇ 751 ਉਮੀਦਵਾਰਾਂ ਨੂੰ ਇੰਟਰਵਿਊ ਲਈ ਸ਼ਾਰਟਲਿਸਟ ਕੀਤਾ ਗਿਆ ਹੈ। ਇਸ ਤੋਂ ਬਾਅਦ ਉਮੀਦਵਾਰਾਂ ਵੱਲੋਂ ਕਈ ਤਰ੍ਹਾਂ ਦੇ ਇਤਰਾਜ਼ ਉਠਾਏ ਗਏ ਹਨ ਤੇ ਪਟਿਆਲਾ ਵਿਖੇ ਪੀ.ਪੀ.ਐੱਸ.ਸੀ. ਦਫ਼ਤਰ ਦੇ ਬਾਹਰ ਪ੍ਰਦਰਸ਼ਨ ਕਰਕੇ ਸੀ.ਬੀ.ਆਈ. ਜਾਂਚ, ਪ੍ਰੀਖਿਆ ਰੱਦ ਕਰਨ ਅਤੇ ਦੁਬਾਰਾ ਪ੍ਰੀਖਿਆ ਕਰਵਾਉਣ ਦੀ ਮੰਗ ਵੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨ ਕਿਸੇ ਸਿਫ਼ਾਰਸ਼ ਜਾਂ ਪਹੁੰਚ ਦੇ ਆਧਾਰ 'ਤੇ ਨਹੀਂ, ਸਗੋਂ ਆਪਣੀ ਮਿਹਨਤ, ਯੋਗਤਾ ਤੇ ਕਾਬਲੀਅਤ ਦੇ ਆਧਾਰ 'ਤੇ ਅੱਗੇ ਵਧਣਾ ਚਾਹੁੰਦੇ ਹਨ। ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਨ੍ਹਾਂ ਦੇ ਸੁਪਨਿਆਂ ਦੀ ਰਾਖੀ ਕਰੇ ਤੇ ਪੀ.ਸੀ.ਐੱਸ. ਵਰਗੀ ਮਹੱਤਵਪੂਰਨ ਪ੍ਰੀਖਿਆ ਦੀ ਭਰੋਸੇਯੋਗਤਾ ਨੂੰ ਕਾਇਮ ਰੱਖਣ ਲਈ ਹਰ ਲੋੜੀਂਦਾ ਕਦਮ ਚੁੱਕੇ।

ਛਿੰਦਰ ਸਿੰਘ ਮਾਲਮ ਨੇ ਸੂਬਾ ਪ੍ਰਧਾਨ ਪ੍ਰਗਟ ਸਿੰਘ ਨਾਲ ਕੀਤੀ ਮੁਲਾਕਾਤ

ਹਲਕਾ ਜਲਾਲਾਬਾਦ ਦੇ ਸਿਆਸੀ ਹਾਲਤਾਂ ਤੇ ਪਾਰਟੀ ਦੀ ਮਜ਼ਬੂਤੀ ਸੰਬੰਧੀ ਹੋਈ ਚਰਚਾ

ਜਲਾਲਾਬਾਦ (ਬਲਵਿੰਦਰ ਸਿੰਘ)-ਚੰਡੀਗੜ੍ਹ ਵਿਖੇ ਮੈਂਬਰ ਪਾਰਲੀਮੈਂਟ ਸ੍. ਸ਼ੇਰ ਸਿੰਘ ਘੁਬਾਇਆ ਦੀ ਰਹਿਨੁਮਾਈ ਹੇਠ ਕਾਂਗਰਸ ਪਾਰਟੀ ਦਿਹਾਤੀ ਦੇ ਬਲਾਕ ਪ੍ਰਧਾਨ ਛਿੰਦਰ ਸਿੰਘ ਮਾਲਮ ਨੇ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ੍. ਪ੍ਰਗਟ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੌਕੇ ਦੋਵਾਂ ਆਗੂਆਂ ਦਰਮਿਆਨ ਹਲਕਾ ਜਲਾਲਾਬਾਦ ਦੇ ਮੌਜੂਦਾ ਸਿਆਸੀ ਹਾਲਾਤਾਂ, ਲੋਕਾਂ ਦੀਆਂ ਸਮੱਸਿਆਵਾਂ ਤੇ ਕਾਂਗਰਸ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਨੂੰ ਲੈ ਕੇ ਬੜੇ ਹੀ ਸੁਖਾਵੇਂ ਤੇ ਸਦਭਾਵਨਾਪੂਰਨ ਮਾਹੌਲ ਵਿੱਚ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਹੋਇਆ।ਇਸ ਅਹਿਮ ਮੁਲਾਕਾਤ ਦੌਰਾਨ ਛਿੰਦਰ ਸਿੰਘ ਮਾਲਮ ਨੇ ਹਲਕਾ ਜਲਾਲਾਬਾਦ ਦੀਆਂ ਜ਼ਮੀਨੀ ਹਕੀਕਤਾਂ ਤੇ ਪਾਰਟੀ ਵਰਕਰਾਂ ਦੀਆਂ ਸਰਗਰਮੀਆਂ ਸੰਬੰਧੀ ਆਪਣੇ




ਵਿਚਾਰ ਸਾਂਝੇ ਕੀਤੇ।ਉਨ੍ਹਾਂ ਪਾਰਟੀ ਦੀ ਮਜ਼ਬੂਤੀ ਲਈ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਤੇ ਲੋਕਾਂ ਨਾਲ ਬਿਹਤਰ ਤਾਲਮੇਲ ਬਣਾਉਣ ਸਬੰਧੀ ਵੀ ਚਰਚਾ ਕੀਤੀ। ਇਸ ਮੌਕੇ ਛਿੰਦਰ ਸਿੰਘ ਮਾਲਮ ਨੇ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਸ੍. ਪ੍ਰਗਟ ਸਿੰਘ ਤੋਂ ਆਸ਼ੀਰਵਾਦ ਤੇ ਮਾਰਗਦਰਸ਼ਨ ਵੀ ਪ੍ਰਾਪਤ ਕੀਤਾ।ਮੁਲਾਕਾਤ ਨੂੰ ਸਿਆਸੀ ਤੇ ਜਥੇਬੰਦਕ ਪੱਖੋਂ ਅਹਿਮ ਮੰਨਿਆ ਜਾ ਰਿਹਾ ਹੈ।ਇਸ ਨਾਲ ਹਲਕਾ ਜਲਾਲਾਬਾਦ ਵਿੱਚ ਕਾਂਗਰਸ ਪਾਰਟੀ ਦੀਆਂ ਗਤੀਵਿਧੀਆਂ ਤੇ ਜਥੇਬੰਦਕ ਮਜ਼ਬੂਤੀ ਨੂੰ ਲੈ ਕੇ ਨਵੇਂ ਉਤਸ਼ਾਹ ਦਾ ਸੰਦੇਸ਼ ਮਿਲਦਾ ਹੈ।

ਫਾਇਰ ਕਰਨ ਦੇ ਦੋਸ਼ 'ਚ 3 ਖਿਲਾਫ ਮੁਕੱਦਮਾ ਦਰਜ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ ਪਿੰਡ ਸਬਾਜ਼ਕੇ ਵਿਖੇ 3 ਵਿਅਕਤੀਆਂ ਵੱਲੋਂ ਮਾਰ ਦੇਣ ਦੀ ਨੀਅਤ ਨਾਲ ਪਿਸਟਲ ਦੇ ਫਾਇਰ ਕਰਨ ਦੇ ਦੋਸ਼ ਵਿੱਚ 3 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮੁਖਤਿਆਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਗੁਰਪ੍ਰੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਢੰਡੀ ਕਦੀਮ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 8 ਨਵੰਬਰ 2026 ਨੂੰ ਦੀਵਾਲੀ ਵਾਲੇ ਦਿਨ ਦੇਰ ਸ਼ਾਮ ਕਰੀਬ 7.15 ਉਹ ਆਪਣੇ ਘਰ ਨੂੰ ਆ ਰਿਹਾ ਸੀ ਤੇ ਪਿੰਡ ਸਬਾਜ਼ਕੇ ਦੇ ਨਜ਼ਦੀਕ ਪੁੱਜਾ ਤਾਂ ਮੋਟਰਸਾਈਕਲ 'ਤੇ ਸਵਾਰ 3 ਨੌਜਵਾਨ ਵਿਅਕਤੀਆਂ ਨੇ ਮਾਰ ਦੇਣ ਦੀ ਨੀਅਤ ਨਾਲ ਪਿਸਟਲ ਦੇ ਫਾਇਰ ਕੀਤੇ, ਜਿਸ 'ਤੇ ਪੁਲਸ ਨੇ ਸ਼ਿਕਾਇਤਕਰਤਾ ਗੁਰਪ੍ਰੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਗੁਰਪ੍ਰੀਤ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਢੰਡੀ ਕਦੀਮ ਤੇ 2 ਹੋਰ ਅਣਪਛਾਤੇ ਵਿਅਕਤੀਆਂ ਵਿਰੁੱਧ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

ਲਸਣ 'ਚ ਮਲਚਿੰਗ ਤਕਨੀਕ ਨਦੀਨ ਪ੍ਰਬੰਧਨ ਤੇ ਪਰਾਲੀ ਦੀ ਸੰਭਾਲ ਲਈ ਕਾਰਗਾਰ ਵਿਧੀ : ਡਾ. ਗੁਰਮੇਲ ਸਿੰਘ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਦੀ ਟੀਮ ਵੱਲੋਂ ਲਸਣ ਦੀ ਵੱਡੇ ਪੱਧਰ 'ਤੇ ਕਾਸ਼ਤ ਕਰ ਰਹੇ ਅਤੇ ਝੋਨੇ ਦੀ ਪਰਾਲੀ ਨੂੰ ਬਿਨਾਂ ਸਾੜੇ ਲਸਣ ਵਿੱਚ ਹੀ ਮਲਚ ਦੇ ਤੌਰ 'ਤੇ ਵਰਤ ਰਹੇ ਪਿੰਡਾਂ-ਵਾੜਾ ਕਾਲੀ ਰਾਉਣ, ਮਾਹਲੇਵਾਲਾ, ਲਾਲੂਵਾਲਾ ਤੇ ਖਿਆਲੀ ਦੇ ਕਿਸਾਨਾਂ ਲਈ ਸਬਜ਼ੀਆਂ ਦੀ ਕਾਸ਼ਤ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਦੌਰਾਨ ਡਾ. ਗੁਰਮੇਲ ਸਿੰਘ ਡਿਪਟੀ ਡਾਇਰੈਕਟਰ (ਟਰੇਨਿੰਗ) ਕੇ.ਵੀ.ਕੇ. ਫਿਰੋਜ਼ਪੁਰ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਇਹ ਕੈਂਪ ਖੇਤ ਬਚਾਓ ਅਭਿਆਨ ਤਹਿਤ ਕਿਸਾਨਾਂ ਨੂੰ ਸਬਜ਼ੀਆਂ ਵਿੱਚ ਝੋਨੇ ਦੀ ਪਰਾਲੀ ਦਾ ਮਲਚ ਦੇ ਤੌਰ 'ਤੇ ਉਪਯੋਗ ਅਤੇ ਮਿੱਟੀ ਤੇ ਪਾਣੀ ਪਰਖ ਬਾਰੇ ਜਾਗਰੂਕ ਕਰਨ ਲਈ ਲਗਾਇਆ ਗਿਆ। ਉਨ੍ਹਾਂ ਕਿਹਾ ਕਿ ਮਲਚ ਦੇ ਰੂਪ ਵਿੱਚ ਖੇਤ ਵਿਚ ਪਈ ਪਰਾਲੀ ਸਮਾਂ ਪਾ ਕੇ ਖੇਤ ਵਿੱਚ ਹੀ ਗਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਸੁਧਾਰ ਹੁੰਦਾ ਹੈ। ਡਾ. ਬੀ. ਐੱਸ. ਸੇਖੋਂ, ਸਹਾਇਕ ਪ੍ਰੋਫੈਸਰ, ਸਬਜ਼ੀ ਵਿਗਿਆਨ ਨੇ ਕਿਸਾਨਾਂ ਨੂੰ ਲਸਣ ਵਿੱਚ ਮਲਚਿੰਗ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਲਸਣ ਵਿੱਚ ਬਿਜਾਈ ਤੋਂ ਤੁਰੰਤ ਬਾਅਦ 25 ਕੁਇੰਟਲ ਪ੍ਰਤੀ ਏਕੜ ਸੁੱਕੀ ਝੋਨੇ ਦੀ ਪਰਾਲੀ ਦੀ ਇਕਸਾਰ ਤਹਿ ਵਿਛਾਉਣ (ਮਲਚਿੰਗ) ਦੀ ਸਿਫ਼ਾਰਸ਼ ਹੈ। ਇਸ ਤਰੀਕੇ ਪਰਾਲੀ ਦੀ ਕੀਤੀ ਮਲਚਿੰਗ ਨਦੀਨਾਂ ਨੂੰ ਉੱਗਣ ਤੋਂ ਰੋਕਦੀ ਹੈ, ਜ਼ਮੀਨ ਦੀ ਨਮੀ ਬਚਾਉਂਦੀ ਹੈ ਤੇ ਜ਼ਮੀਨ ਨੂੰ ਪੋਲਾ ਰੱਖਦੀ ਹੈ ਤੇ ਝਾੜ ਵਿੱਚ ਵੀ ਵਾਧਾ ਦੇਖਣ ਨੂੰ ਮਿਲਦਾ ਹੈ। ਉਨ੍ਹਾਂ ਦੱਸਿਆ ਕਿ ਇਸ ਵਿਧੀ ਨੂੰ ਅਪਨਾਉਣ ਲਈ ਲਸਣ, ਆਲੂ, ਮਿਰਚ ਤੇ ਭਿੰਡੀ ਦੇ ਕਾਸ਼ਤਕਾਰ 25 ਕੁਇੰਟਲ ਦੇ ਹਿਸਾਬ ਨਾਲ ਅਤੇ ਹਲਦੀ ਵਿੱਚ 25 ਤੋਂ 36 ਕੁਇੰਟਲ ਦੇ ਹਿਸਾਬ ਨਾਲ ਝੋਨੇ ਦੀ ਪਰਾਲੀ ਵਿਛਾਉਣ ਨਾਲ ਬਿਹਤਰ ਨਦੀਨ ਪ੍ਰਬੰਧਨ, ਸਿੰਚਾਈ ਪ੍ਰਬੰਧਨ ਤੇ ਖਾਦ ਪ੍ਰਬੰਧਨ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤਰੀਕੇ ਇਕ ਏਕੜ ਦੀ ਝੋਨੇ ਦੀ ਪਰਾਲੀ ਇੱਕ ਏਕੜ ਲਸਣ ਦੇ ਖੇਤ ਵਿੱਚ ਹੀ ਸੰਭਾਲੀ ਜਾ ਸਕਦੀ ਹੈ। ਇਸੇ ਵਿਧੀ ਨਾਲ ਲਸਣ ਦੀ ਬਿਜਾਈ ਕਰ ਰਹੇ ਪਿੰਡ ਵਾੜਾ ਕਾਲੀ ਰਾਉਣ ਦੇ ਅਗਾਂਹਵਧੂ ਕਿਸਾਨ ਸ. ਗੁਰਚਰਨ ਸਿੰਘ ਦੇ ਮਲਚਿੰਗ ਵਿਧੀ ਵਾਲੇ ਲਸਣ ਦੇ ਖੇਤ ਦਾ ਤੇ ਪਿੰਡ ਮਾਹਲੇਵਾਲਾ ਦੇ ਲਖਵਿੰਦਰ ਸਿੰਘ ਅਤੇ ਪਿੰਡ ਖੰਨਾ ਦੇ ਪਰਮਜੀਤ ਸਿੰਘ ਦੇ ਖੇਤਾਂ ਦਾ ਦੌਰਾ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਕਣਕ ਦੀ ਬਿਜਾਈ ਵੀ ਸੁਪਰ ਸੀਡਰ, ਸਮਾਰਟ ਸੀਡਰ, ਸਰਫੇਸ ਸੀਡਰ, ਮਲਚਰ ਤੇ ਪਲੋਅ ਦੀ ਵਰਤੋਂ ਕਰਕੇ ਪਰਾਲੀ ਖੇਤ ਵਿੱਚ ਸੰਭਾਲਣ ਬਾਰੇ ਜਾਣਕਾਰੀ ਦਿੱਤੀ।



ਸਿਆਸਤ ਦੀ ਭੇਟ ਚੜ੍ਹੀ ਨਿਹਾਲ ਸਿੰਘ ਵਾਲਾ ਸੜਕ ਦੇ ਟੋਇਆਂ ਤੋਂ ਲੋਕ ਪ੍ਰੇਸ਼ਾਨ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ) : ਮੋਗਾ-ਬਰਨਾਲਾ ਮੁੱਖ ਮਾਰਗ ਤੋਂ ਨਿਹਾਲ ਸਿੰਘ ਵਾਲਾ ਸ਼ਹਿਰ ਨੂੰ ਜਾਂਦੀ ਸੜਕ ਦੀ ਖਸਤਾ ਹਾਲਤ ਨੇ ਸਰਕਾਰੀ ਪ੍ਰਬੰਧਾਂ ਤੇ ਸਿਆਸੀ ਨੁਮਾਇੰਦਿਆਂ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।ਸੜਕ ਉੱਤੇ ਪਏ ਡੂੰਘੇ ਟੋਏ ਤੇ ਉਖੜਿਆ ਹੋਇਆ ਰਸਤਾ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਸਬੱਬ ਬਣੇ ਹੋਏ ਹਨ।ਰੋਜ਼ਾਨਾ ਇਸ ਰਸਤੇ ਤੋਂ ਲੰਘਣ ਵਾਲੇ ਲੋਕਾਂ ਨੂੰ ਜਿੱਥੇ ਆਪਣੀਆਂ ਗੱਡੀਆਂ ਨੂੰ ਨੁਕਸਾਨ ਹੋਣ ਦਾ ਡਰ ਬਣਿਆ ਰਹਿੰਦਾ ਹੈ, ਉੱਥੇ ਹਾਦਸਿਆਂ ਦਾ ਖ਼ਤਰਾ ਵੀ ਲਗਾਤਾਰ ਵਧ ਰਿਹਾ ਹੈ।ਹੈਰਾਨੀ ਦੀ ਗੱਲ ਹੈ ਕਿ ਲੋਕਾਂ ਦੀ ਇਸ ਗੰਭੀਰ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਸੜਕ ਦੀ ਜ਼ਿੰਮੇਵਾਰੀ ਨੂੰ ਲੈ ਕੇ ਵੱਖ-ਵੱਖ ਵਿਭਾਗਾਂ ਤੇ ਸਿਆਸੀ ਨੁਮਾਇੰਦਿਆਂ ਦੇ ਦਾਅਵਿਆਂ ਦੀ ਚਰਚਾ ਹੁੰਦੀ ਰਹੀ ਹੈ।ਕੋਈ ਇਸ ਨੂੰ ਕਿਸੇ ਹੋਰ ਵਿਭਾਗ ਦੀ ਜ਼ਿੰਮੇਵਾਰੀ ਦੱਸਦਾ ਹੈ ਤੇ ਕੋਈ ਵੱਖਰੀ ਯੋਜਨਾ ਦਾ ਹਵਾਲਾ ਦਿੰਦਾ ਹੈ, ਪਰ ਲੋਕਾਂ ਨੂੰ ਇਨ੍ਹਾਂ ਦਲੀਲਾਂ ਨਾਲ ਨਹੀਂ, ਸਗੋਂ ਪੱਕੀ ਤੇ ਸੁਰੱਖਿਅਤ ਸੜਕ ਨਾਲ ਮਤਲਬ ਹੈ।ਘੋਖ-ਪੜਤਾਲ ਦੌਰਾਨ ਸਾਹਮਣੇ ਆਈ ਜਾਣਕਾਰੀ ਅਨੁਸਾਰ ਮੋਗਾ-ਬਰਨਾਲਾ ਮੁੱਖ ਮਾਰਗ ਤੋਂ ਨਿਹਾਲ ਸਿੰਘ ਵਾਲਾ ਸ਼ਹਿਰ ਤੱਕ ਜਾਂਦਾ ਲਗਭਗ 12 ਕਿਲੋਮੀਟਰ ਦਾ ਲਿੰਕ ਰੋਡ ਪੰਜਾਬ ਸਰਕਾਰ ਦੇ ਅਧੀਨ ਆਉਂਦਾ ਹੈ।ਇਸ ਸਥਿਤੀ ਵਿੱਚ ਸਬੰਧਤ ਵਿਭਾਗ ਤੇ ਹਲਕੇ ਦੇ ਚੁਣੇ ਹੋਏ ਨੁਮਾਇੰਦਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਇਸ ਸੜਕ ਦੀ ਮੌਜੂਦਾ ਹਾਲਤ ਦਾ ਜਾਇਜ਼ਾ ਲੈ ਕੇ ਇਸ ਦੇ ਨਿਰਮਾਣ ਜਾਂ ਮੁਰੰਮਤ ਲਈ ਫੌਰੀ ਕਾਰਵਾਈ ਕਰਨ।ਲੋਕਾਂ ਦਾ ਕਹਿਣਾ ਹੈ ਕਿ ਸੜਕਾਂ ਕਿਸੇ ਸਿਆਸੀ ਪਾਰਟੀ ਦੀ ਨਿੱਜੀ ਜਾਇਦਾਦ ਨਹੀਂ ਹੁੰਦੀਆਂ, ਇਹ ਜਨਤਾ ਦੇ ਟੈਕਸਾਂ ਨਾਲ ਬਣਦੀਆਂ ਹਨ ਤੇ ਜਨਤਾ ਦੀ ਸਹੂਲਤ ਲਈ ਹੀ ਹੁੰਦੀਆਂ ਹਨ।ਜਦੋਂ ਲੋਕ ਟੈਕਸ ਅਦਾ ਕਰਦੇ ਹਨ ਤਾਂ ਉਨ੍ਹਾਂ ਨੂੰ ਬੁਨਿਆਦੀ ਸਹੂਲਤਾਂ ਮੰਗਣ ਦਾ ਵੀ ਪੂਰਾ ਹੱਕ ਹੈ।ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੂੰ ਅਪੀਲ ਹੈ ਕਿ ਉਹ ਇਸ 12 ਕਿਲੋਮੀਟਰ ਦੇ ਸੜਕੀ ਟੁੱਕੜੇ ਨੂੰ ਤਰਜੀਹ ਦੇ ਆਧਾਰ 'ਤੇ ਬਣਵਾਉਣ ਲਈ ਸਬੰਧਤ ਵਿਭਾਗ ਨਾਲ ਤਾਲਮੇਲ ਕਰਕੇ ਫੌਰੀ ਕਦਮ ਚੁੱਕਣ।ਸਿਰਫ਼ ਭਰੋਸੇ ਦੇਣ ਨਾਲ ਲੋਕਾਂ ਦੀ ਸਮੱਸਿਆ ਹੱਲ ਨਹੀਂ ਹੋਣੀ।ਇਸ ਟੁੱਟੀ ਹੋਈ ਸੜਕ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਖਣਮੁੱਖ ਭਾਰਤੀ ਨੇ ਤੰਜ ਕਸਦਿਆਂ ਕਿਹਾ ਕਿ ਸਰਕਾਰ ਨੂੰ ਇਸ ਸੜਕ ਵੱਲ ਧਿਆਨ ਦੇਣ ਦੀ ਲੋੜ ਹੈ।

ਜਸਵਿੰਦਰ ਸਿੰਘ ਛਿੰਦਾ ਬੀ ਕੇ ਯੂ ਏਕਤਾ ਉਗਰਾਹਾਂ ਬਲਾਕ ਮੋਗਾ 2 ਦੇ ਪ੍ਰਧਾਨ ਬਣੇ



ਮੋਗਾ, (ਇਕਬਾਲ ਸਿੰਘ ਖਹਿਰਾ)- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੋਗਾ ਦੋ ਦਾ ਡੈਲੀਗੇਟ ਇਜਲਾਸ ਪਿੰਡ ਦੁਨੇਕੇ ਗੁਰਦੁਆਰਾ ਸਾਹਿਬ ਵਿਖੇ ਬਲਾਕ ਪ੍ਰਧਾਨ ਇਕਬਾਲ ਸਿੰਘਾ ਸਿੰਘਾਂ ਵਾਲਾ ਦੀ ਪ੍ਰਧਾਨਗੀ ਹੋਇਆ, ਜਿਸ ਵਿੱਚ 9 ਪਿੰਡਾਂ ਦੇ ਡੈਲੀਗੇਟਾਂ ਨੇ ਭਾਗ ਲਿਆ। ਇਸ ਡੈਲੀਗੇਟ ਇਜਲਾਸ ਵਿੱਚ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋ ਕੇ, ਜ਼ਿਲ੍ਹਾ ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ ਤੇ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ ਚੋਣ ਨਿਗਰਾਨ ਵਜੋਂ ਸ਼ਾਮਲ ਹੋਏ।ਅਜਲਾਸ ਦੇ ਸ਼ੁਰੂ ਵਿੱਚ ਬਲਾਕ ਦੇ ਜਰਨਲ ਸਕੱਤਰ ਜਸਵਿੰਦਰ ਸਿੰਘ ਤੇ ਬਲਾਕ ਪ੍ਰਧਾਨ ਇਕਬਾਲ ਸਿੰਘ ਵੱਲੋਂ ਪਿਛਲੇ ਸਮੇਂ ਦੌਰਾਨ ਕੀਤੇ ਗਏ ਕੰਮਾਂ ਕਾਰਾਂ ਬਾਰੇ ਵਿਸਥਾਰ ਵਿੱਚ ਚਾਨਣਾ ਪਾਇਆ ਤੇ ਬਲਾਕ ਖਜ਼ਾਨਚੀ ਕਪਤਾਨ ਸਿੰਘ ਨੇ ਬਲਾਕ ਦੇ ਹਿਸਾਬ ਕਿਤਾਬ ਬਾਰੇ ਦੱਸਿਆ। ਉਪਰੰਤ ਬਲਾਕ ਪ੍ਰਧਾਨ ਵੱਲੋਂ ਕਮੇਟੀ ਭੰਗ ਕਰ ਦਿੱਤੀ ਗਈ ਤੇ ਉਸ ਤੋਂ ਬਾਅਦ ਚੋਣ ਨਿਗਰਾਨ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ ਵੱਲੋਂ ਜਥੇਬੰਦੀ ਸੰਵਿਧਾਨ ਤੇ ਜਥੇਬੰਦੀ ਦੇ ਆਉਣ ਵਾਲੇ ਸੰਘਰਸ਼ਾਂ ਬਾਰੇ ਚਾਨਣਾ ਪਾਇਆ ਤੇ ਜ਼ਿਲ੍ਹਾ ਜਨਰਲ ਸਕੱਤਰ ਨੇ ਆਪਣੇ ਵਿਚਾਰ ਰੱਖੇ। ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਨੇ ਦੱਸਿਆ ਕਿ 26 ਨਵੰਬਰ ਨੂੰ ਕਿਸਾਨ ਜਥੇਬੰਦੀਆਂ ਨੇ ਕਾਲੇ ਕਾਨੂੰਨਾਂ ਨੂੰ ਰੱਦ ਕਰਾਉਣ ਲਈ ਮੋਦੀ ਸਰਕਾਰ ਖਿਲਾਫ ਸੰਘਰਸ਼ ਦਾ ਬਿਗਲ ਵਜਾਇਆ ਸੀ ਤੇ ਤਿੰਨ ਕਾਲੇ ਕਾਨੂੰਨ ਰੱਦ ਕਰਵਾਏ ਸੀ ਅਤੇ ਉਸ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਮਨਵਾਉਣ ਲਈ ਹੁਣ 26 ਨਵੰਬਰ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਜੋ ਸੰਘਰਸ਼ ਪ੍ਰੋਗਰਾਮ ਆਇਆ ਹੈ, ਉਸ ਨੂੰ ਲਾਗੂ ਕੀਤਾ ਜਾਵੇਗਾ। ਉਪਰੰਤ ਬਲਾਕ ਕਮੇਟੀ ਦੀ ਚੋਣ ਦੀ ਕਰਵਾਈ ਸ਼ੁਰੂ ਕੀਤੀ ਗਈ। ਬਲਾਕ ਦੇ ਆਏ ਹੋਏ ਡੈਲੀਗੇਟਾਂ ਨੇ ਸਰਬ ਸੰਮਤੀ ਨਾਲ ਬਲਾਕ ਕਮੇਟੀ ਦੀ ਚੋਣ ਕੀਤੀ ਗਈ ਹੈ, ਜਿਸ 'ਚ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਸ਼ਿੰਦਾ ਘੱਲਕਲਾਂ, ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਸਿੰਘਾਂਵਾਲਾ, ਮੀਤ ਪ੍ਰਧਾਨ ਗਗਨਦੀਪ ਸਿੰਘ ਡਰੋਲੀ ਭਾਈ, ਮੀਤ ਪ੍ਰਧਾਨ ਮਨਜਿੰਦਰ ਕੌਰ ਘੱਲਕਲਾਂ, ਜਨਰਲ ਸਕੱਤਰ ਸੁਖਜੀਤ ਸਿੰਘ ਲੰਡੇ ਕੇ, ਸੰਗਠਨ ਸਕੱਤਰ ਬੇਅੰਤ ਸਿੰਘ ਵੱਡਾ ਘਰ, ਪ੍ਰਚਾਰ ਸਕੱਤਰ ਬਲਜੀਤ ਸਿੰਘ ਸਿੰਘਾਂਵਾਲਾ, ਖਜ਼ਾਨਚੀ ਕਪਤਾਨ ਸਿੰਘ ਦੁਨੇ ਕੇ ਤੇ ਸਲਾਹਕਾਰ ਵਜੋਂ ਜਗਤਾਰ ਸਿੰਘ ਕੋਰੇ ਵਾਲਾ, ਜਗਦੇਵ ਸਿੰਘ ਸਿੰਘਾਂਵਾਲਾ, ਬਲਵੰਤ ਸਿੰਘ ਦੁਨੇ ਕੇ, ਗੁਰਵਿੰਦਰ ਸਿੰਘ ਘੱਲ ਕਲਾਂ, ਗੁਰਜੰਟ ਸਿੰਘ ਵੱਡਾ ਘਰ, ਹਰਨੇਕ ਸਿੰਘ ਮੋਠਾਂ ਵਾਲੀ, ਸੁਰਿੰਦਰ ਸਿੰਘ ਖੋਸਾ ਪਾਂਡੋ, ਗੁਰਪ੍ਰੀਤ ਸਿੰਘ ਗਰੇਵਾਲ ਮੋਗਾ, ਬਾਵ੍ਹ ਸਿੰਘ ਡਰੋਲੀ ਭਾਈ, ਮੇਜਰ ਸਿੰਘ ਪਿੰਡ ਗਿੱਲ, ਕਰਮ ਸਿੰਘ ਲੰਡੇ ਕੇ, ਰਜਿੰਦਰ ਕੁਮਾਰ ਚੁਣੇ ਗਏ।

ਅਫ਼ਸਰ ਕਲੋਨੀ ਸੰਗਰੂਰ 'ਚ ਸੀਵਰੇਜ ਦਾ ਪ੍ਰਬੰਧ ਹੱਦੋਂ ਵੱਧ ਬੁਰਾ

ਸੰਗਰੂਰ, (ਪ੍ਰਵੀਨ ਸਿੰਘ)-ਸੰਗਰੂਰ ਦੀ ਅਫ਼ਸਰ ਕਲੋਨੀ ਵਿੱਚ ਸੀਵਰੇਜ ਦਾ ਪ੍ਰਬੰਧ ਹੱਦੋਂ ਵੱਧ ਬੁਰਾ ਹੋ ਚੁੱਕਾ ਹੈ।ਕਲੋਨੀ ਦੀਆਂ ਮੇਨ ਹੌਦੀਆਂ ਭਰੀਆਂ ਪਈਆਂ ਹਨ ਤੇ ਸੀਵਰੇਜ ਦਾ ਗੰਦਾ ਪਾਣੀ ਸੜਕਾਂ ਤੇ ਗਲੀਆਂ ਵਿੱਚ ਬਾਹਰ ਆ ਰਿਹਾ ਹੈ।ਸਭ ਤੋਂ ਬੁਰੀ ਹਾਲਤ ਅਫ਼ਸਰ ਕਲੋਨੀ ਦੇ ਪਾਰਕ ਦੇ ਗੇਟ ਸਾਹਮਣੇ ਹੈ।ਇੱਥੇ ਸੀਵਰੇਜ ਦਾ ਗੰਦਾ ਪਾਣੀ ਕਈ ਦਿਨਾਂ ਤੋਂ ਖੜ੍ਹਾ ਹੈ ਤੇ ਹੁਣ ਇਹ ਪਾਰਕ ਦੇ ਅੰਦਰ ਵੀ ਪ੍ਰਵੇਸ਼ ਕਰ ਗਿਆ ਹੈ।ਗੰਦੇ ਪਾਣੀ ਦੀ ਬਦਬੂ, ਮੱਛਰਾਂ ਤੇ ਗੰਦਗੀ ਕਾਰਨ ਬੀਮਾਰੀ ਫੈਲਣ ਦਾ ਖ਼ਤਰਾ ਬਣ ਗਿਆ ਹੈ।ਬੀਮਾਰ ਹੋਣ ਦੇ ਡਰੋਂ ਪਾਰਕ ਵਿੱਚ ਬੱਚਿਆਂ, ਔਰਤਾਂ ਤੇ ਬਜ਼ੁਰਗਾਂ ਨੇ ਆਉਣਾ ਬੰਦ ਕਰ ਦਿੱਤਾ ਹੈ, ਜਿਸ ਪਾਰਕ ਵਿੱਚ ਸਵੇਰੇ-ਸ਼ਾਮ ਸੈਰ ਕਰਨ ਵਾਲਿਆਂ ਦੀ ਰੌਣਕ ਲੱਗੀ ਰਹਿੰਦੀ ਸੀ, ਅੱਜ ਉੱਥੇ ਸੁੰਨ ਪਸਰੀ ਹੋਈ ਹੈ। ਇਸ ਗੰਭੀਰ ਸਮੱਸਿਆ ਨੂੰ ਲੈ ਕੇ ਪਾਰਕ ਕਮੇਟੀ ਦੇ ਪ੍ਰਧਾਨ ਮਾਸਟਰ ਪਰਮਵੇਦ, ਕਮੇਟੀ ਮੈਂਬਰ ਗੁਰਤੇਜ ਸਿੰਘ ਚਹਿਲ, ਕ੍ਰਿਸ਼ਨ ਸਿੰਘ, ਐਡਵੋਕੇਟ ਕੁਲਦੀਪ, ਜਸਵੀਰ ਸਿੰਘ ਮਾਨ, ਕਲੋਨੀ ਵਾਸੀਆਂ ਬਲਵਿੰਦਰ ਸਿੰਘ, ਐਡਵੋਕੇਟ ਖੇਮ ਚੰਦ ਚੰਦ ਰਾਓ, ਮਾਸਟਰ ਸੁਖਵੀਰ ਸਿੰਘ, ਦਰਸ਼ਨ ਸਿੰਘ, ਸਰੂਪ ਸਿੰਘ, ਬੀਟੂ ਝੱਜ, ਮੈਨੇਜਰ ਰਜਿੰਦਰ ਛਾਬੜਾ, ਸੋਮਨਾਥ ਆਦਿ ਨੇ ਜ਼ਿਲ੍ਹੇ ਦੇ ਨਗਰ ਕੌਂਸਲ ਦੇ ਈ.ਓ. ਤੇ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਸੀਵਰੇਜ ਦੀਆਂ ਓਵਰ ਫਲੋਅ ਹੌਦੀਆਂ ਦੀ ਤੁਰੰਤ ਸਫ਼ਾਈ ਕਰਵਾਉਣ ਤੇ ਪਾਰਕ ਦੇ ਗੇਟ ਸਾਹਮਣੇ ਖੜ੍ਹੇ ਸੀਵਰੇਜ ਦੇ ਗੰਦੇ ਪਾਣੀ ਦੀ ਨਿਕਾਸੀ ਦਾ ਤੁਰੰਤ ਹੱਲ ਕਰਵਾਉਣ ਦੀ ਜ਼ੋਰਦਾਰ ਮੰਗ ਕੀਤੀ।ਬਹੁਤ ਸਾਰੇ ਕਲੋਨੀ ਵਾਸੀਆਂ ਨੇ ਵੀ ਚੇਤਾਵਨੀ ਦਿੱਤੀ ਕਿ ਜੇਕਰ ਇਸ ਸਮੱਸਿਆ ਦਾ ਤੁਰੰਤ ਹੱਲ ਨਾ ਕੀਤਾ ਗਿਆ, ਤਾਂ ਇੱਥੇ ਡੇਂਗੂ, ਮਲੇਰੀਆ ਵਰਗੀਆਂ ਭਿਆਨਕ ਬਿਮਾਰੀਆਂ ਫੈਲ ਸਕਦੀਆਂ ਹਨ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਪਾਰਕ ਦੇ ਗੇਟ ਸਾਹਮਣੇ ਖੜ੍ਹਾ ਪਾਣੀ ਬਦਬੂ ਮਾਰ ਰਿਹੈ

ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਹਰਿਆਊ ਦੇ ਪੈਟਰੋਲ ਪੰਪ 'ਤੇ ਛਾਪੇਮਾਰੀ

ਅਕਾਲੀ ਆਗੂਆਂ ਤੇ ਚੈਕਿੰਗ ਕਰਨ ਆਈ ਟੀਮ 'ਚ ਖਿੱਚੋਤਾਣ

ਸਰਕਾਰੀ ਜਬਰ 'ਤੇ ਵਿਰੋਧੀਆਂ ਨੂੰ ਦਬਾਉਣ ਦੀ ਸਾਜ਼ਿਸ਼ : ਹਰਿਆਊ



ਪਾਤੜਾਂ (ਭੂਪਿੰਦਰਜੀਤ ਮੌਲਵੀਵਾਲਾ) : ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਕੌਮੀ ਮੀਤ ਪ੍ਰਧਾਨ ਬਚਿੱਤਰ ਸਿੰਘ ਵੜੈਚ ਦੇ ਮੈਰਿਜ ਪੈਲਿਸ ਉੱਤੇ ਕੁਝ ਦਿਨ ਪਹਿਲਾਂ ਹੋਈ ਛਾਪੇਮਾਰੀ ਨੂੰ ਲੈ ਕੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ ਤੇ ਅਕਾਲੀ ਦਲ ਵਿਚਕਾਰ ਚੱਲ ਰਹੀ ਸਿਆਸੀ ਤੀਰਅੰਦਾਜ਼ੀ ਦੌਰਾਨ ਮੰਗਲਵਾਰ ਦੇਰ ਸ਼ਾਮ ਫੂਡ ਸਪਲਾਈ ਵਿਭਾਗ ਤੇ ਨਾਪ-ਤੋਲ ਵਿਭਾਗ ਵੱਲੋਂ ਸਾਂਝੇ ਰੂਪ ਵਿੱਚ ਕਾਰਵਾਈ ਕਰਦਿਆਂ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਦੇ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਦੇ ਨਰਵਾਣਾ ਰੋਡ 'ਤੇ ਸਥਿਤ ਪੈਟਰੋਲ ਪੰਪ ਉੱਤੇ ਛਾਪੇਮਾਰੀ ਕੀਤੀ ਗਈ।ਛਾਪੇਮਾਰੀ ਦਾ ਪਤਾ ਲੱਗਦਿਆਂ ਹੀ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਪੈਟਰੋਲ ਪੰਪ ਉੱਤੇ ਪਹੁੰਚ ਗਏ ਅਤੇ ਉਨ੍ਹਾਂ ਛਾਪੇਮਾਰੀ ਨੂੰ ਸਰਕਾਰੀ ਧੱਕੇਸ਼ਾਹੀ ਕਰਾਰ ਦਿੰਦਿਆਂ ਕਾਫੀ ਦੇਰ ਤੱਕ ਟੀਮ ਨੂੰ ਚੈਕਿੰਗ ਕਰਨ ਤੋਂ ਰੋਕੀ ਰੱਖਿਆ।ਚੈਕਿੰਗ ਕਰਨ ਵਾਲੀ ਟੀਮ ਤੇ ਅਕਾਲੀ ਆਗੂਆਂ ਵਿਚਕਾਰ ਕਾਫੀ ਦੇਰ ਤੱਕ ਚੱਲੀ ਖਿੱਚੋਤਾਣ ਮਗਰੋਂ ਨਾਪ-ਤੋਲ ਵਿਭਾਗ ਦੇ ਇੰਸਪੈਕਟਰ ਸੰਜੀਵ ਅਰੋੜਾ ਤੇ ਸੁਖਵਿੰਦਰ ਸਿੰਘ ਨੇ ਪੈਟਰੋਲ ਪੰਪ ਉੱਤੇ ਤੇਲ ਪਾਉਣ ਵਾਲੀਆਂ ਨਿਊਜ਼ਲਾਂ ਦੀ ਚੈਕਿੰਗ ਕਰਦਿਆਂ ਤੇਲ ਦੀ ਮਿਣਤੀ ਕੀਤੀ। ਇਸ ਦੌਰਾਨ ਫੂਡ ਸਪਲਾਈ ਵਿਭਾਗ ਦੀ ਏ ਐੱਫ ਐੱਸ ਓ ਨਾਭਾ ਪੰਕਜ ਠਾਕੁਰ ਦੀ ਅਗਵਾਈ ਵਿੱਚ ਪੁੱਜੀ ਟੀਮ ਵਿੱਚ ਸ਼ਾਮਲ ਇੰਸਪੈਕਟਰ ਮੋਨੂ ਮੋਦਗਿੱਲ, ਇੰਸਪੈਕਟਰ ਹਰਪਾਲ ਸਿੰਘ ਤੇ ਇੰਸਪੈਕਟਰ ਸੁਮੀਤ ਸ਼ਰਮਾ ਨੇ ਪੈਟਰੋਲ ਪੰਪ ਦਾ ਰਿਕਾਰਡ ਚੈੱਕ ਕਰਨ ਮਗਰੋਂ ਸਬੰਧਤ ਧਿਰ ਨੂੰ ਪੇਪਰ ਪੇਸ਼ ਕੀਤੇ ਜਾਣ ਦੀਆਂ ਹਦਾਇਤਾਂ ਜਾਰੀ ਕੀਤੀਆਂ। ਮੌਕੇ ਉੱਤੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵਿਰੋਧੀ ਧਿਰਾਂ ਨੂੰ ਜਬਰ ਤੇ ਜ਼ੋਰ ਦੇ ਸਿਰ 'ਤੇ ਦਬਾਉਣ ਦੇ ਰਾਹ ਉੱਤੇ ਚੱਲੀ ਰਹੀ ਹੈ।ਸਿਆਸੀ ਕਿੜਾਂ ਕੱਢਣ ਦਾ ਦੋਸ਼ ਲਾਉਂਦਿਆਂ ਉਨ੍ਹਾਂ ਕਿਹਾ ਕਿ ਹਲਕਾ ਸ਼ੁਤਰਾਣਾ ਵਿੱਚ ਕਦੇ ਵੀ ਅਜਿਹੀ ਘਟੀਆ ਰਾਜਨੀਤੀ ਨਾ ਤਾਂ ਹਰਿਆਊ ਪਰਵਾਰ ਨੇ ਕੀਤੀ ਹੈ ਤੇ ਨਾ ਹੀ ਉਹ ਇਸ ਸਰਕਾਰੀ ਜਬਰ ਨੂੰ ਸਹਿਣ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀਏਡੀਬੀ ਪਾਤੜਾਂ ਦੇ ਸਾਬਕਾ ਚੇਅਰਮੈਨ ਗੁਰਬਚਨ ਸਿੰਘ ਮੌਲਵੀਵਾਲਾ, ਯੂਥ ਆਗੂ ਬਚਿੱਤਰ ਸਿੰਘ ਵੜੈਚ, ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਅਜੈਬ ਸਿੰਘ ਮੱਲੀ, ਫਤਿਹ ਸਿੰਘ ਜੋਗੇਵਾਲਾ, ਤੇਜਵੀਰ ਸਿੰਘ ਖਾਂਗ ਆਦਿ ਹਾਜ਼ਰ ਸਨ। ਇਸ ਦੌਰਾਨ ਚੈਕਿੰਗ ਟੀਮ ਦੀ ਅਗਵਾਈ ਕਰ ਰਹੇ ਏਐੱਫਐੱਸਓ ਨਾਭਾ ਪੰਕਜ ਠਾਕੁਰ ਤੇ ਨਾਪ-ਤੋਲ ਵਿਭਾਗ ਦੇ ਇੰਸਪੈਕਟਰ ਸੰਜੀਵਾ ਅਰੋੜਾ ਨੇ ਦੱਸਿਆ ਕਿ ਨਾਪ-ਤੋਲ ਵਿਭਾਗ ਵੱਲੋਂ ਕੀਤੀ ਗਈ ਚੈਕਿੰਗ ਦੌਰਾਨ ਤੇਲ ਪਾਉਣ ਦੀ ਮਾਤਰਾ ਬਿਲਕੁਲ ਸਹੀ ਪਾਈ ਗਈ ਹੈ, ਜਦੋਂਕਿ ਪੈਟਰੋਲ ਪੰਪ ਚਲਾਉਣ ਵਾਲਿਆਂ ਵੱਲੋਂ ਪੇਸ਼ ਰਿਕਾਰਡ ਨੂੰ ਡੂੰਘਾਈ ਨਾਲ ਵਾਚਿਆ ਜਾਵੇਗਾ ਅਤੇ ਜਿਹੜਾ ਰਿਕਾਰਡ ਅਧੂਰਾ ਹੈ, ਉਸ ਨੂੰ ਪੇਸ਼ ਕਰਨ ਲਈ ਨੋਟਿਸ ਜਾਰੀ ਕੀਤਾ ਜਾਵੇਗਾ।

ਦੁਕਾਨਦਾਰ ਦੀ ਗਾਹਕ ਤੇ ਉਸ ਦੇ ਸਾਥੀਆਂ ਵੱਲੋਂ ਕੁੱਟਮਾਰ

ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) : ਦੀਵਾਲੀ ਮੌਕੇ ਅਮਲੋਹ ਦੇ ਬਜ਼ਾਰ ਵਿੱਚ ਸਟਾਲ ਲਗਾ ਕੇ ਸਾਮਾਨ ਵੇਚ ਰਹੇ ਇੱਕ ਦੁਕਾਨਦਾਰ ਨਾਲ ਕੁਝ ਵਿਅਕਤੀਆਂ ਵੱਲੋਂ ਕੁੱਟਮਾਰ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਨਰਿੰਦਰ ਕੁਮਾਰ ਵਾਸੀ ਅਮਲੋਹ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਨੇ ਅਮਲੋਹ ਦੇ ਸਿਵਲ ਹਸਪਤਾਲ ਰੋਡ 'ਤੇ ਲਾਈਟਾਂ ਆਦਿ ਸਾਮਾਨ ਦੀ ਸਟਾਲ ਲਗਾਈ ਹੋਈ ਸੀ, ਜਿੱਥੇ ਆਏ ਇੱਕ ਨਾਮਾਲੂਮ ਵਿਅਕਤੀ ਨੇ ਲਾਈਟਾਂ ਦਾ ਰੇਟ ਪੁੱਛਿਆ ਤੇ ਕੀਮਤ ਦੱਸਣ 'ਤੇ ਉਸ ਨਾਲ ਗਾਲੀ ਗਲੋਚ ਕਰਨੀ ਸ਼ੁਰੂ ਕਰ ਦਿੱਤੀ।ਜਿਸ ਨੂੰ ਉਸ ਨੇ ਗਾਲ੍ਹਾਂ ਕੱਢਣ ਤੋਂ ਰੋਕਿਆ ਤਾਂ ਉਕਤ ਵਿਅਕਤੀ ਤੇ ਉਸ ਦੇ ਨਾਲ ਆਏ 3-4 ਹੋਰ ਨਾਮਾਲੂਮ ਵਿਅਕਤੀਆਂ ਨੇ ਉਸ ਦੀ ਕੁੱਟਮਾਰ ਕਰ ਦਿੱਤੀ।ਲੋਕਾਂ ਦਾ ਮੌਕੇ 'ਤੇ ਇਕੱਠ ਹੁੰਦਾ ਦੇਖ ਕੇ ਉਕਤ ਵਿਅਕਤੀ ਮੌਕੇ ਤੋਂ ਭੱਜ ਗਏ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਅਮਲੋਹ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਗੁਰਦੁਆਰਾ ਦੂਖਨਿਵਾਰਨ ਵਿਖੇ ਗੁਰਤਾਗੱਦੀ ਦਿਵਸ ਨੂੰ ਸਮਰਪਤ ਸਮਾਗਮ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਤ ਜਿੱਥੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉੱਥੇ ਗੁਰਮਤਿ ਸਮਾਗਮ ਦੌਰਾਨ ਭਾਈ ਗੁਲਵਿੰਦਰ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਸੰਗਤਾਂ ਨੂੰ ਗੁਰਤਾਗੱਦੀ ਦਿਵਸ ਸਬੰਧੀ ਵਧਾਈ ਦਿੱਤੀ। ਇਸ ਮੌਕੇ ਹਜ਼ੂਰੀ ਰਾਗੀ ਕੀਰਤਨੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਮਤਿ ਸਮਾਗਮ ਦੌਰਾਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਉਚੇਚੇ ਤੌਰ 'ਤੇ ਪੁੱਜੇ ਹੋਏ ਸਨ, ਜਿਨ੍ਹਾਂ ਨੇ ਗੁਰਤਾਗੱਦੀ ਦਿਵਸ ਦੀ ਵਧਾਈ ਦਿੰਦਿਆਂ ਸੰਗਤਾਂ ਨੂੰ ਸ਼ਬਦ ਗੁਰੂ ਦੇ ਲੜ ਲੱਗਣ ਦੇ ਨਾਲ ਨਾਲ ਗੁਰੂ ਮਾਰਗ ਦਾ ਪਾਂਧੀ ਬਣਨ 'ਤੇ ਜ਼ੋਰ ਦਿੱਤਾ। ਪ੍ਰੋ. ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਮੁੱਚੀ ਮਾਨਵਤਾ ਦੇ ਰਾਹ ਦਸੇਰਾ ਹਨ, ਜਿਨ੍ਹਾਂ ਵਿੱਚ ਦਰਜ ਗੁਰੂ ਸਾਹਿਬਾਨ ਦੀ ਬਾਣੀ ਮਨੁੱਖ ਨੂੰ ਸੁਚਿਆਰ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਸ਼ਬਦ ਗੁਰੂ ਨੂੰ ਧਾਰਨ ਕਰਨ ਨਾਲ ਦੁਨੀਆ ਦੀ ਹਰ ਸਮੱਸਿਆ ਦਾ ਹੱਲ ਹੁੰਦਾ ਵਿਖਾਈ ਦਿੰਦਾ ਅਤੇ ਗੁਰੂ ਸਾਹਿਬਾਨ ਦੀ ਬਾਣੀ ਮਨੁੱਖੀ ਜੀਵਨ 'ਤੇ ਵੱਡਾ ਪ੍ਰਭਾਵ ਪਾਉਂਦੀ ਹੋਈ ਮਨੁੱਖ ਨੂੰ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਦੀ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਸ਼ਬਦ ਗੁਰੂ ਦੀ ਰੌਸ਼ਨੀ ਨਾਲ ਹੀ ਸੰਸਾਰ ਤੇ ਜੀਵਨ ਨੂੰ ਚਾਨਣਮਈ ਬਣਾਇਆ ਜਾ ਸਕਦਾ। ਇਸ ਕਰਕੇ ਆਓ ਗੁਰੂ ਸਾਹਿਬ ਦੇ ਫਲਸਫੇ ਤੇ ਸਿਧਾਂਤ ਅਨੁਸਾਰ ਤਰਜੀਹਾਂ ਨੂੰ ਅਪਨਾਈਏ। ਇਸ ਮੌਕੇ ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ ਨੇ ਪੁੱਜੀਆਂ ਸੰਗਤਾਂ ਦਾ ਧੰਨਵਾਦ ਕੀਤਾ। ਸਮਾਗਮ ਦੌਰਾਨ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਸੁਰਜੀਤ ਸਿੰਘ ਅਕਾਊਂਟੈਂਟ ਗੁਰਮੀਤ ਸਿੰਘ, ਭਾਈ ਹਜ਼ੂਰ ਸਿੰਘ ਆਦਿ ਸ਼੍ਰੋਮਣੀ ਕਮੇਟੀ ਮੁਲਾਜ਼ਮ ਸਟਾਫ ਤੇ ਸੰਗਤਾਂ ਆਦਿ ਹਾਜ਼ਰ ਸਨ। ਫੋਟੋ : ਗੁਰਮਤਿ ਸਮਾਗਮ ਦੌਰਾਨ ਭਾਈ ਗੁਲਵਿੰਦਰ ਸਿੰਘ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਹੋਏ, ਨਾਲ ਹਨ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੇ ਹੋਰ।



'ਰੂਸੀ ਇਨਕਲਾਬ ਲੁੱਟ-ਰਹਿਤ ਸਮਾਜ ਦੀ ਸਿਰਜਨਾ ਦਾ ਪ੍ਰਤੀਕ'



ਲੁਧਿਆਣਾ (ਨ ਜ ਸ)-ਪਹਿਲੇ ਮਹਾਨ ਸਮਾਜਵਾਦੀ ਰੂਸੀ ਇਨਕਲਾਬ ਨੂੰ ਯਾਦ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਜਿਲ੍ਹਾ ਲੁਧਿਆਣਾ ਦੇ ਆਗੂਆਂ ਦੀ ਇੱਕ ਆਨਲਾਈਨ ਮੀਟਿੰਗ ਦੇ ਦੌਰਾਨ ਇਸ ਘਟਨਾ ਨੂੰ ਦੁਨੀਆ ਭਰ ਦੇ ਲਈ ਇੱਕ ਮਿਸਾਲੀ ਤੇ ਚਾਨਣ ਮੁਨਾਰਾ ਦੱਸਿਆ। ਨਿਆਂ ਤੇ ਬਰਾਬਰੀ 'ਤੇ ਅਧਾਰਿਤ ਸਮਾਜ ਦੀ ਸਿਰਜਣਾ ਦੇ ਲਈ ਅਨੇਕਾਂ ਦਾਰਸ਼ਨਿਕਾਂ ਨੇ ਸਦੀਆਂ ਤੋਂ ਵੱਖੋ ਵੱਖਰੇ ਵਿਚਾਰ ਦਿੱਤੇ। ਬਹੁਤਿਆਂ ਦੀ ਇਹ ਇੱਛਾ ਜ਼ਰੂਰ ਸੀ ਕਿ ਇਸ ਕਿਸਮ ਦੇ ਸਮਾਜ ਦੀ ਸਿਰਜਣਾ ਹੋਣੀ ਚਾਹੀਦੀ ਹੈ, ਪਰ ਉਸ ਦਾ ਰਸਤਾ ਕੀ ਹੋਏ, ਇਹ ਗੱਲ ਸਾਫ ਨਹੀਂ ਸੀ ਹੋ ਰਹੀ। ਕਾਰਲ ਮਾਰਕਸ ਅਤੇ ਫਰੈਡਰਿਕ ਏਂਜਲਸ ਨੇ ਇਹਨਾਂ ਹਾਲਾਤ ਦਾ ਪੂਰਾ ਵਿਸ਼ਲੇਸ਼ਣ ਵਿਗਿਆਨਿਕ ਤੌਰ 'ਤੇ ਕੀਤਾ ਤੇ ਸਿੱਟੇ 'ਤੇ ਪੁੱਜੇ ਕਿ ਮਨੁੱਖ ਦੁਆਰਾ ਮਨੁੱਖ ਦੀ ਲੁੱਟ ਨੂੰ ਸਮਾਪਤ ਕਰਨਾ ਹੀ ਇਸ ਦਾ ਇੱਕੋ ਇੱਕ ਤਰੀਕਾ ਹੈ। ਉਹਨਾਂ ਲੋਟੂ ਤੇ ਲੁੱਟੇ ਜਾਣ ਵਾਲਿਆਂ ਦੇ ਵਿੱਚ ਵਰਗ ਸੰਘਰਸ਼ ਦੇ ਉੱਪਰ ਜ਼ੋਰ ਦਿੱਤਾ ਤੇ ਉਸ ਨੂੰ ਵਿਗਿਆਨਿਕ ਤੌਰ 'ਤੇ ਸਾਬਤ ਕੀਤਾ। ਮਾਰਕਸ ਨੇ ਕਿਹਾ ਸੀ ਕਿ ਵਿਚਾਰ ਤੇ ਬਹੁਤ ਦਾਰਸ਼ਨਿਕਾਂ ਨੇ ਦਿੱਤੇ ਹਨ, ਪਰ ਇਸ ਨੂੰ ਅਸਲ ਵਿੱਚ ਅਮਲੀ ਜਾਮਾ ਪਹਿਨਾਉਣ ਦੀ ਲੋੜ ਹੈ। ਉਸ ਅਮਲੀ ਜਾਮੇ ਦੀ ਸ਼ੁਰੂਆਤ ਰੂਸ ਦੇ ਵਿੱਚ ਹੋਈ ਜਦੋਂ ਬਾਲਸ਼ਵਿਕਾਂ ਨੇ ਪਹਿਲਾਂ ਜ਼ਾਰਸ਼ਾਹੀ ਤੋਂ ਅਤੇ ਬਾਅਦ ਵਿੱਚ ਬੁਰਜੂਆ ਸਰਮਾਏਦਾਰੀ ਰਾਜ ਪ੍ਰਬੰਧ ਦਾ ਅੰਤ ਕਰਕੇ ਮਜ਼ਦੂਰਾਂ ਦੇ ਹੱਥ ਵਿੱਚ ਸੱਤਾ ਸੌਂਪ ਦਿੱਤੀ ਤੇ ਲੁੱਟ-ਰਹਿਤ ਸਮਾਜਵਾਦੀ ਪ੍ਰਬੰਧ ਸਥਾਪਿਤ ਕੀਤਾ। ਇਹ ਇੱਕ ਕਠਿਨ ਸਮਾਂ ਸੀ ਜਦੋਂ ਕਿ ਦੁਨੀਆਂ ਭਰ ਦੇ ਵਿੱਚ ਸਰਮਾਏਦਾਰੀ ਨਿਜ਼ਾਮ ਪਹਿਲੀ ਜੰਗ ਦੇ ਦੌਰਾਨ ਜੰਗਾਂ ਲਾ ਕੇ ਮੁਨਾਫੇ ਕਮਾਉਣ ਵਿੱਚ ਲੱਗਿਆ ਹੋਇਆ ਸੀ ਅਤੇ ਏਸ਼ੀਆ, ਅਫਰੀਕਾ ਤੇ ਲਾਤੀਨੀ ਅਮਰੀਕਾ ਦੇ ਦੇਸ਼ਾਂ ਦੀ ਲੁੱਟ ਕਰ ਰਿਹਾ ਸੀ। ਕਾਮਰੇਡ ਵਲਾਦੀਮੀਰ ਇਲੀਈਚ ਲੈਨਿਨ ਦੀ ਅਗਵਾਈ ਦੇ ਵਿੱਚ ਬਾਲਸ਼ਵਿਕਾਂ ਨੇ ਇਸ ਕੰਮ ਨੂੰ ਨੇਪਰੇ ਚਾੜ੍ਹਿਆ। ਇਹ ਗੱਲ ਕਿਸੇ ਤੋਂ ਲੁਕੀ ਨਹੀਂ ਕਿ ਸਾਮਰਾਜਵਾਦੀ ਦੇਸ਼ਾਂ ਨੇ ਪਹਿਲੇ ਸੋਵੀਅਤ ਇਨਕਲਾਬ ਨੂੰ ਢਾਹੁਣ ਦੇ ਲਈ ਅੱਡੀ ਚੋਟੀ ਦਾ ਜ਼ੋਰ ਲਾਇਆ। ਸੋਵੀਅਤ ਸੰਘ ਨੇ ਦੁਨੀਆ ਵਿੱਚ ਨਵੇਂ ਆਜ਼ਾਦ ਹੋਏ ਦੇਸ਼ਾਂ ਦੇ ਨਾਲ ਪੂਰਨ ਮੋਢੇ ਨਾਲ ਮੋਢਾ ਜੋੜ ਕੇ ਉਹਨਾਂ ਨੂੰ ਸਹਿਯੋਗ ਦਿੱਤਾ।ਸਾਮਰਾਜੀਆਂ ਨੇ ਦੂਸਰੀ ਜੰਗ ਦੇ ਦੌਰਾਨ ਸੋਵੀਅਤ ਸੰਘ ਉੱਪਰ ਹਮਲਾ ਕਰਕੇ ਤਬਾਹੀ ਕੀਤੀ ਪਰ ਅਖੀਰ ਉਥੋਂ ਹੀ ਉਹਨਾਂ ਨੂੰ ਹਾਰ ਦਾ ਮੂੰਹ ਦੇਖਣਾ ਪਿਆ ਤੇ ਹਿਟਲਰ ਮੂੰਹ ਦੀ ਖਾ ਕੇ ਮੁੜਿਆ ਤੇ ਆਤਮ ਹੱਤਿਆ ਕਰ ਲਈ।ਇਹ ਗੱਲ ਵੀ ਠੀਕ ਹੈ ਕਿ ਸਾਮਰਾਜੀਆਂ ਦੀਆਂ ਚਾਲਾਂ ਲਗਾਤਾਰ ਜਾਰੀ ਰਹੀਆਂ ਤੇ ਉਹਨਾਂ ਨੇ ਸੋਵੀਅਤ ਦਾ ਬਹੁਤ ਸਾਰਾ ਪੈਸਾ ਹਥਿਆਰਾਂ ਦੀ ਦੌੜ ਵਿੱਚ ਲਵਾ ਦਿੱਤਾ, ਜਿਸ ਕਰਕੇ ਸੋਵੀਅਤ ਸੰਘ ਦੀ ਆਰਥਿਕਤਾ ਕਮਜ਼ੋਰ ਪਈ। ਇਸ ਦਾ ਲਾਭ ਉਠਾ ਕੇ ਬਾਅਦ ਵਿੱਚ ਸੋਵੀਅਤ ਰਾਜ ਕਮਜ਼ੋਰ ਹੋ ਗਿਆ ਪਰ ਉਸ ਵੇਲੇ ਸੋਵੀਅਤ ਸੰਘ ਵੱਲੋਂ ਦੁਨੀਆਂ ਨੂੰ ਜੋ ਦਿਸ਼ਾ ਦਿੱਤੀ ਗਈ ਤੇ ਜੋ ਗਰੀਬ ਦੇਸ਼ਾਂ ਦੀ ਉੱਨਤੀ ਕਰਵਾਈ ਗਈ, ਉਹ ਕਿਸੇ ਤੋਂ ਲੁਕੀ ਹੋਈ ਗੱਲ ਨਹੀਂ। ਇਸ ਚਰਚਾ ਵਿੱਚ ਭਾਗ ਲੈਣ ਵਾਲਿਆਂ ਵਿੱਚ ਜ਼ਿਲਾ ਸਕੱਤਰ ਕਾਮਰੇਡ ਡੀ ਪੀ ਮੌੜ, ਸਹਾਇਕ ਸਕੱਤਰ ਚਮਕੌਰ ਸਿੰਘ, ਐਮ ਐਸ ਭਾਟੀਆ ਅਤੇ ਰਜਿੰਦਰਪਾਲ ਔਲਖ, ਡਾਕਟਰ ਅਰੁਣ ਮਿੱਤਰਾ, ਰਮੇਸ਼ ਰਤਨ, ਕੇਵਲ ਸਿੰਘ ਬਨਵੈਤ ਅਤੇ ਨਰੇਸ਼ ਗੌੜ ਸ਼ਾਮਿਲ ਸਨ।

ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਦੀ ਮਜ਼ਬੂਤੀ ਤੋਂ ਬਿਨਾਂ ਪੰਜਾਬ ਦੀ ਤਰੱਕੀ ਅਸੰਭਵ : ਘੱਗਾ



ਪਾਤੜਾਂ (ਭੂਪਿੰਦਰਜੀਤ ਮੌਲਵੀਵਾਲਾ) : ਹਲਕਾ ਸ਼ੁਤਰਾਣਾ ਤੋਂ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਦਿਹਾਤੀ ਪਟਿਆਲਾ ਅਮਰਜੀਤ ਸਿੰਘ ਘੱਗਾ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਹਾਲਾਤ ਚਿੰਤਾਜਨਕ ਹਨ।ਸੂਬੇ ਅੰਦਰ ਦਿਨੋਂ-ਦਿਨ ਵਾਪਰ ਰਹੀਆਂ ਸਮਾਜਿਕ ਘਟਨਾਵਾਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਹੋ ਰਹੇ ਕਿਸਾਨ, ਮਜ਼ਦੂਰ ਤੇ ਵਪਾਰੀ ਵਰਗ ਪੰਜਾਬ ਦੀ ਮੌਜੂਦਾ ਸਥਿਤੀ ਨੂੰ ਬਿਆਨ ਕਰ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਰ ਘੱਗਾ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਅਸਲ ਤਰੱਕੀ ਉਦੋਂ ਹੀ ਸੰਭਵ ਹੈ, ਜਦੋਂ ਉੱਥੋਂ ਦੇ ਲੋਕ ਆਰਥਿਕ ਤੇ ਸਮਾਜਿਕ ਪੱਖੋਂ ਮਜ਼ਬੂਤ ਹੋਣ।ਕਿਸਾਨਾਂ ਨੂੰ ਉਨ੍ਹਾਂ ਦੀ ਫ਼ਸਲ ਦਾ ਉਚਿਤ ਮੁੱਲ ਮਿਲੇ, ਮਜ਼ਦੂਰਾਂ ਨੂੰ ਰੁਜ਼ਗਾਰ ਤੇ ਸਨਮਾਨ ਮਿਲੇ ਅਤੇ ਵਪਾਰੀ ਵਰਗ ਬਿਨਾਂ ਕਿਸੇ ਡਰ ਜਾਂ ਭੈਅ ਤੋਂ ਆਪਣਾ ਕਾਰੋਬਾਰ ਕਰ ਸਕੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰ ਸਕੀ।ਇਸ ਤੋਂ ਪਹਿਲਾਂ ਅਕਾਲੀ ਦਲ ਤੇ ਭਾਜਪਾ ਦੇ ਸਾਂਝੇ ਸ਼ਾਸਨ ਦੌਰਾਨ ਵੀ ਪੰਜਾਬ ਨੂੰ ਕਾਫ਼ੀ ਨੁਕਸਾਨ ਝੱਲਣਾ ਪਿਆ।ਅੱਜ ਪੰਜਾਬ ਦੇ ਲੋਕ ਮੁੜ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਦੀ ਉਮੀਦ ਰੱਖ ਰਹੇ ਹਨ।ਪੰਜਾਬ ਦਾ ਨੌਜਵਾਨ, ਕਿਸਾਨ ਤੇ ਮਜ਼ਦੂਰ ਵਰਗ ਰਾਹੁਲ ਗਾਂਧੀ ਦੀ ਸੋਚ ਤੇ ਵਿਜ਼ਨ ਤੋਂ ਪ੍ਰਭਾਵਿਤ ਹੈ।ਨੌਜਵਾਨ ਵਰਗ ਦੇਸ਼ ਅੰਦਰ ਸਮਾਜਿਕ ਬਰਾਬਰੀ, ਲੋਕਤੰਤਰ ਤੇ ਸਕਾਰਾਤਮਕ ਰਾਜਨੀਤੀ ਨੂੰ ਉਤਸ਼ਾਹਤ ਕਰਨ ਵਾਲੀ ਸੋਚ ਨਾਲ ਜੁੜਨਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ ਨਾਲ ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ, ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਸਿੱਖਿਆ ਤੇ ਸਿਹਤ ਸਹੂਲਤਾਂ ਨੂੰ ਬਿਹਤਰ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਵਪਾਰੀ ਵਰਗ ਨੂੰ ਡਰ-ਮੁਕਤ ਮਾਹੌਲ ਦੇਣਾ ਸਮੇਂ ਦੀ ਮੁੱਖ ਲੋੜ ਹੈ।

ਲੋਕ ਜਨਸ਼ਕਤੀ ਪਾਰਟੀ ਪੰਜਾਬ ਕਾਰਜਕਾਰਨੀ ਦੀ ਮੀਟਿੰਗ ਅੱਜ

ਪਟਿਆਲਾ, (ਰਾਜਿੰਦਰ ਥਿੰਦ)-ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਪੰਜਾਬ ਪ੍ਰਦੇਸ਼ ਕਮੇਟੀ ਦੇ ਸੀਨੀਅਰ ਨੇਤਾ ਤੇ ਪੰਜਾਬ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਸੁਖਦੇਵ ਸਿੰਘ ਪੰਜੇਟਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਵਿਧਾਨ ਸਭਾ ਚੋਣਾਂ-2007 ਨੂੰ ਲੈ ਕੇ ਪਾਰਟੀ ਦੀ ਪੰਜਾਬ ਪ੍ਰਦੇਸ਼ ਕਾਰਜਕਾਰਨੀ ਦੀ ਮੀਟਿੰਗ 12 ਨਵੰਬਰ ਨੂੰ ਪਟਿਆਲਾ ਦੇ ਐੱਸ. ਐੱਸ. ਟੀ. ਨਗਰ ਵਿਖੇ ਬਣੇ ਹੋਟਲ ਇਕਬਾਲ ਇਨ ਵਿਖੇ ਕੀਤੀ ਜਾ ਰਹੀ ਹੈ। ਲੋਕ ਜਨਸ਼ਕਤੀ ਪਾਰਟੀ ਦੇ ਸੀਨੀਅਰ ਨੇਤਾ ਸੁਖਦੇਵ ਸਿੰਘ ਪੰਜੇਟਾ ਨੇ ਦੱਸਿਆ ਕਿ ਉਕਤ ਮੀਟਿੰਗ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਅਤੇ ਪੰਜਾਬ ਪ੍ਰਦੇਸ਼ ਤੇ ਯੂ. ਟੀ. ਚੰਡੀਗੜ੍ਹ ਦੇ ਇੰਚਾਰਜ ਡਾ. ਕੇ. ਪੀ. ਚੌਧਰੀ ਦੇ ਜਨਮ ਦਿਨ ਦੇ ਸ਼ੁਭ ਮੌਕੇ 'ਤੇ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਉਕਤ ਮੀਟਿੰਗ ਵਿਚ ਪੰਜਾਬ ਪ੍ਰਦੇਸ਼ ਕਮੇਟੀ, ਜ਼ਿਲ੍ਹਾ ਕਮੇਟੀਆਂ ਦੇ ਸਮੂਹ ਅਹੁਦੇਦਾਰਾਂ ਤੇ ਸਾਰੇ ਪ੍ਰਕੋਸ਼ਠਾਂ ਦੀਆਂ ਪ੍ਰਦੇਸ਼ ਤੇ ਜ਼ਿਲ੍ਹਾ ਕਮੇਟੀਆਂ ਦੇ ਸਮੂਹ ਅਹੁਦੇਦਾਰ ਸ਼ਮੂਲੀਅਤ ਕਰਨਗੇ।ਸੁਖਦੇਵ ਸਿੰਘ ਪੰਜੇਟਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੇ ਚੋਣ ਨਿਸ਼ਾਨ ਤੇ ਬੈਨਰ ਹੇਠ ਚੋਣ ਲੜਨ ਵਾਲੇ ਉਮੀਦਵਾਰਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ ਅਤੇ ਪੰਜਾਬ ਪ੍ਰਭਾਰੀ ਵੱਲੋਂ ਉਮੀਦਵਾਰਾਂ ਦੀ ਸੂਚੀ ਪਾਰਟੀ ਹਾਈ ਕਮਾਂਡ ਨੂੰ ਭੇਜੀ ਜਾਵੇਗੀ।

ਤਬਲੀਗੀ ਇਜਤਮਾ ਅਮਨ-ਸ਼ਾਂਤੀ ਤੇ ਭਾਈਚਾਰਕ ਸਾਂਝ ਦੀ ਦੁਆ ਨਾਲ ਸੰਪੰਨ

ਮੌਲਾਨਾ ਮੁਹੰਮਦ ਹਾਰੂਨ ਨੇ ਮਾਨਵਤਾ ਦੀ ਭਲਾਈ ਤੇ ਪੈਗੰਬਰ-ਏ-ਇਸਲਾਮ ਦੀਆਂ ਸਿੱਖਿਆਵਾਂ 'ਤੇ ਚੱਲਣ ਦਾ ਦਿੱਤਾ ਸੰਦੇਸ਼


ਮਾਲੇਰਕੋਟਲਾ, (ਅਸਗਰ ਪਰਿਹਾਰ)-ਪੰਜਾਬ ਦੇ ਇਤਿਹਾਸਕ ਤੇ ਮੁਸਲਿਮ ਬਹੁਗਿਣਤੀ ਵਾਲੇ ਸ਼ਹਿਰ ਮਾਲੇਰਕੋਟਲਾ ਵਿਖੇ ਲੁਧਿਆਣਾ ਰੋਡ ਸਥਿਤ ਤਬਲੀਗੀ ਮਰਕਜ਼ (ਮਦਨੀ ਮਸਜਿਦ) ਵਿਖੇ ਚੱਲ ਰਿਹਾ ਤਿੰਨ ਰੋਜ਼ਾ ਵਿਸ਼ਾਲ ਧਾਰਮਿਕ ਸੰਮੇਲਨ (ਤਬਲੀਗੀ ਇਜਤਮਾ) ਦੇਸ਼ ਤੇ ਦੁਨੀਆ ਵਿੱਚ ਅਮਨ-ਸ਼ਾਂਤੀ, ਆਪਸੀ ਭਾਈਚਾਰਕ ਸਾਂਝ ਤੇ ਸਮੁੱਚੀ ਮਨੁੱਖਤਾ ਦੀ ਭਲਾਈ ਲਈ ਕੀਤੀ ਗਈ ਵਿਸ਼ੇਸ਼ ਦੁਆ ਨਾਲ ਸ਼ਾਨਦਾਰ ਢੰਗ ਨਾਲ ਸੰਪੰਨ ਹੋ ਗਿਆ। ਇਜਤਮਾ ਦੇ ਅੰਤਿਮ ਪੜਾਅ ਮੌਕੇ ਦੁਆ 'ਚ ਸ਼ਾਮਲ ਹੋਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਦਾ ਸੈਲਾਬ ਉਮੜ ਪਿਆ।ਇਸ ਰੂਹਾਨੀ ਮੌਕੇ ਮੁਸਲਿਮ ਭਾਈਚਾਰੇ ਦੇ ਨਾਲ-ਨਾਲ ਹਿੰਦੂ ਤੇ ਸਿੱਖ ਭਾਈਚਾਰੇ ਦੇ ਲੋਕਾਂ ਦੀ ਭਰਵੀਂ ਸ਼ਮੂਲੀਅਤ ਨੇ ਮਾਲੇਰਕੋਟਲਾ ਦੀ ਸਦੀਆਂ ਪੁਰਾਣੀ ਭਾਈਚਾਰਕ ਸਾਂਝ ਤੇ ਸਾਂਝੀਵਾਲਤਾ ਦੀ ਪ੍ਰੰਪਰਾ ਨੂੰ ਹੋਰ ਮਜ਼ਬੂਤ ਕੀਤਾ। ਇਜਤਮਾ ਦੀ ਆਖਰੀ ਰਾਤ ਦੀ ਮਜਲਿਸ ਨੂੰ ਸੰਬੋਧਨ ਕਰਦਿਆਂ ਤਬਲੀਗੀ ਜਮਾਤ ਦੇ ਮਰਕਜ਼ ਨਿਜ਼ਾਮੂਦੀਨ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਮੌਲਾਨਾ ਮੁਹੰਮਦ ਹਾਰੂਨ ਸਾਹਿਬ ਨੇ ਕਿਹਾ ਕਿ ਤਬਲੀਗੀ ਜਮਾਤ ਦਾ ਮੁੱਖ ਮਕਸਦ ਦੁਨੀਆ ਦੇ ਚੱਪੇ-ਚੱਪੇ ਵਿੱਚ ਧਾਰਮਿਕ ਜਮਾਤਾਂ ਭੇਜ ਕੇ ਲੋਕਾਂ ਨੂੰ ਅੱਲ੍ਹਾ ਦੇ ਹੁਕਮਾਂ ਅਨੁਸਾਰ ਜ਼ਿੰਦਗੀ ਗੁਜ਼ਾਰਨ ਲਈ ਪ੍ਰੇਰਿਤ ਕਰਨਾ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਉਦੋਂ ਤੱਕ ਇਸਲਾਮ ਦੇ ਰਸਤੇ 'ਤੇ ਸਹੀ ਢੰਗ ਨਾਲ ਨਹੀਂ ਚੱਲ ਸਕਦਾ, ਜਦੋਂ ਤੱਕ ਉਸ ਦਾ ਆਪਣੇ ਧਰਮ ਪ੍ਰਤੀ ਗਿਆਨ ਮਜ਼ਬੂਤ ਨਹੀਂ ਹੁੰਦਾ।ਇਸ ਤਿੰਨ ਰੋਜ਼ਾ ਸਮਾਗਮ ਦੌਰਾਨ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਧਰਮ ਪ੍ਰਚਾਰ ਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦੇਣ ਲਈ 35 ਦੇ ਕਰੀਬ ਜਮਾਤਾਂ ਨੂੰ 40 ਦਿਨ ਤੇ 4 ਮਹੀਨਿਆਂ ਲਈ ਰਵਾਨਾ ਕੀਤਾ ਗਿਆ। ਇਨ੍ਹਾਂ ਜਮਾਤਾਂ ਦੇ ਮੈਂਬਰ ਆਪਣੇ ਸਫ਼ਰ ਦਾ ਖਰਚਾ ਖੁਦ ਚੁੱਕਦੇ ਹਨ। ਇਸ ਦੌਰਾਨ ਮੌਲਾਨਾ ਮੁਹੰਮਦ ਇਕਬਾਲ ਸਾਹਿਬ, ਭਾਈ ਮੁਹੰਮਦ ਆਜ਼ਾਦ ਸਾਹਿਬ, ਮੌਲਾਨਾ ਮੁਫ਼ਤੀ ਆਸਿਫ਼ ਤੇ ਮੁਫ਼ਤੀ ਮੁਹੰਮਦ ਅਮਜ਼ਦ ਸਾਹਿਬ ਸਮੇਤ ਪ੍ਰਮੁੱਖ ਧਾਰਮਿਕ ਸ਼ਖ਼ਸੀਅਤਾਂ ਨੇ ਸੰਗਤਾਂ ਨੂੰ ਸੰਬੋਧਨ ਕੀਤਾ।ਸਮਾਗਮ ਦੌਰਾਨ ਸਾਦਗੀ ਭਰੇ ਇਸਲਾਮੀ ਤਰੀਕੇ ਨਾਲ ਕਈ ਜੋੜਿਆਂ ਦੇ ਨਿਕਾਹ ਪੜ੍ਹਾਏ ਗਏ। ਇਸ ਤੋਂ ਇਲਾਵਾ ਵਿਦਿਆਰਥੀਆਂ, ਡਾਕਟਰਾਂ, ਵਕੀਲਾਂ, ਅਧਿਆਪਕਾਂ ਤੇ ਨੌਜਵਾਨਾਂ ਲਈ ਵੱਖ-ਵੱਖ ਵਿਸ਼ੇਸ਼ ਸੈਸ਼ਨ ਲਗਾਏ ਗਏ ਤੇ ਔਰਤਾਂ ਵਿੱਚ ਧਾਰਮਿਕ ਸਿੱਖਿਆ ਦੀ ਸਮਝ ਪੈਦਾ ਕਰਨ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਤਿੰਨ ਰੋਜ਼ਾ ਧਾਰਮਿਕ ਸੰਮੇਲਨ ਨੇ ਨਾ ਸਿਰਫ਼ ਰੂਹਾਨੀਅਤ ਦਾ ਸੰਦੇਸ਼ ਦਿੱਤਾ, ਸਗੋਂ ਮਾਲੇਰਕੋਟਲਾ ਦੀ ਇਤਿਹਾਸਕ ਭਾਈਚਾਰਕ ਸਾਂਝ, ਸਹਿਯੋਗ ਤੇ ਅਮਨ-ਸ਼ਾਂਤੀ ਦੀਆਂ ਤੰਦਾਂ ਨੂੰ ਹੋਰ ਪੱਕਾ ਕਰ ਦਿੱਤਾ।



ਹੈਰੋਇਨ ਸਣੇ ਗ੍ਰਿਫਤਾਰ

ਜਲਾਲਾਬਾਦ, (ਜੀਤ ਕੁਮਾਰ) : ਥਾਣਾ ਵੈਰੋਕੇ ਦੀ ਪੁਲਸ ਨੇ ਇਕ ਵਿਅਕਤੀ ਨੂੰ 1 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਭੀਸ਼ੇਕ ਸ਼ਰਮਾ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਸਬੰਧ ਵਿੱਚ ਥਾਣਾ ਏਰੀਏ ਵਿੱਚ ਮੌਜੂਦ ਸੀ ਅਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪੁਲ ਸੂਆ ਕਾਠਗੜ੍ਹ ਦੇ ਕੋਲ ਪੁੱਜੀ ਤਾਂ ਸਾਹਮਣੇ ਤੋਂ ਇੱਕ ਨੌਜਵਾਨ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਹੈਰੋਇਨ ਨੂੰ ਸੁੱਟ ਦਿੱਤਾ ਤੇ ਖਿਸਕਣ ਲੱਗਾ, ਪਰ ਪੁਲਸ ਪਾਰਟੀ ਨੇ ਇਸ ਵਿਅਕਤੀ ਨੂੰ 1 ਗ੍ਰਾਮ ਹੈਰੋਇਨ ਸਣੇ ਗ੍ਰਿਫਤਾਰ ਕੀਤਾ ਹੈ। ਪੁਲਸ ਵੱਲੋਂ ਹੈਰੋਇਨ ਸਮੇਤ ਹਰਜੀਤ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਕਾਠਗੜ੍ਹ ਨੂੰ ਕਾਬੂ ਕਰਨ ਉਪਰੰਤ ਥਾਣਾ ਵੈਰੋਕੇ ਵਿਖੇ ਮੁੱਕਦਮਾ ਦਰਜ ਕੀਤਾ ਗਿਆ ਹੈ।

70ਵੀਆਂ ਸੂਬਾ ਪੱਧਰੀ ਨੈੱਟਬਾਲ ਖੇਡਾਂ ਦੇ ਦੂਸਰੇ ਦਿਨ ਹੋਏ ਫਸਵੇਂ ਮੁਕਾਬਲੇ



ਮਾਨਸਾ (ਆਤਮਾ ਸਿੰਘ ਪਮਾਰ) : ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਨੀਲਮ ਰਾਣੀ ਤੇ ਉੱਪ-ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਡਾ. ਪਰਮਜੀਤ ਸਿੰਘ ਭੋਗਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਹੋ ਰਹੀਆਂ 70ਵੀਆਂ ਸੂਬਾ ਪੱਧਰੀ ਸਕੂਲ ਖੇਡਾਂ ਦੇ ਨੈੱਟਬਾਲ ਅੰਡਰ-17 ਕੁੜੀਆਂ ਦੇ ਮੁਕਾਬਲਿਆਂ ਦੇ ਦੂਸਰੇ ਦਿਨ ਖਿਡਾਰਨਾਂ ਵਿਚਕਾਰ ਬੇਹੱਦ ਦਿਲਚਸਪ ਤੇ ਫਸਵੇਂ ਮੁਕਾਬਲੇ ਦੇਖਣ ਨੂੰ ਮਿਲੇ।ਵੱਖ-ਵੱਖ ਜ਼ਿਲ੍ਹਿਆਂ ਦੀਆਂ ਟੀਮਾਂ ਨੇ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਦਿਆਂ ਜਿੱਤ ਲਈ ਪੂਰਾ ਜ਼ੋਰ ਲਗਾਇਆ।ਇਨ੍ਹਾਂ ਮੁਕਾਬਲਿਆਂ ਬਾਰੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅਮ੍ਰਿਤਪਾਲ ਸਿੰਘ ਲੱਧੜ ਨੇ ਦੱਸਿਆ ਕਿ ਲੀਗ ਮੁਕਾਬਲਿਆਂ 'ਚ ਸੰਗਰੂਰ ਨੇ ਹੁਸ਼ਿਆਰਪੁਰ ਨੂੰ, ਸ੍ਰੀ ਫ਼ਤਹਿਗੜ੍ਹ ਸਾਹਿਬ ਨੇ ਗੁਰਦਾਸਪੁਰ ਨੂੰ, ਮੋਗਾ ਨੇ ਤਰਨਤਾਰਨ ਨੂੰ, ਮਾਨਸਾ ਨੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ, ਖਿਆਲਾ ਕਲਾਂ ਵਿੰਗ ਮਾਨਸਾ ਨੇ ਲੁਧਿਆਣਾ ਨੂੰ, ਮਲੇਰਕੋਟਲਾ ਨੇ ਫਾਜ਼ਿਲਕਾ ਨੂੰ, ਸ੍ਰੀ ਮੁਕਤਸਰ ਸਾਹਿਬ ਨੇ ਹੁਸ਼ਿਆਰਪੁਰ ਨੂੰ, ਬਠਿੰਡਾ ਨੇ ਗੁਰਦਾਸਪੁਰ ਨੂੰ, ਮੋਗਾ ਨੇ ਰੂਪਨਗਰ ਨੂੰ ਤੇ ਫਰੀਦਕੋਟ ਨੇ ਮਾਨਸਾ ਨੂੰ ਹਰਾਇਆ। ਇਸੇ ਤਰ੍ਹਾਂ ਪ੍ਰੀ-ਕੁਆਰਟਰ ਫਾਈਨਲ ਮੁਕਾਬਲਿਆਂ 'ਚ ਸੰਗਰੂਰ ਨੇ ਮੋਗਾ ਨੂੰ, ਸ੍ਰੀ ਫ਼ਤਹਿਗੜ੍ਹ ਸਾਹਿਬ ਨੇ ਰੂਪਨਗਰ ਨੂੰ, ਲੁਧਿਆਣਾ ਨੇ ਫਰੀਦਕੋਟ ਨੂੰ ਤੇ ਮਲੇਰਕੋਟਲਾ ਨੇ ਮਾਨਸਾ ਨੂੰ ਹਰਾ ਕੇ ਅਗਲੇ ਦੌਰ ਲਈ ਜਗ੍ਹਾ ਬਣਾਈ।ਕੁਆਰਟਰ ਫਾਈਨਲ ਮੁਕਾਬਲਿਆਂ 'ਚ ਖਿਆਲਾ ਕਲਾਂ ਵਿੰਗ ਮਾਨਸਾ ਨੇ ਸੰਗਰੂਰ ਨੂੰ, ਬਰਨਾਲਾ ਨੇ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ, ਸ੍ਰੀ ਮੁਕਤਸਰ ਸਾਹਿਬ ਨੇ ਲੁਧਿਆਣਾ ਨੂੰ ਤੇ ਮਲੇਰਕੋਟਲਾ ਨੇ ਬਠਿੰਡਾ ਨੂੰ ਮਾਤ ਦੇ ਕੇ ਸੈਮੀਫਾਈਨਲ 'ਚ ਪ੍ਰਵੇਸ਼ ਕੀਤਾ।ਇਸ ਮੌਕੇ ਲੈਕਚਰਾਰ ਸ਼ਮਸ਼ੇਰ ਸਿੰਘ, ਵਿਨੋਦ ਕੁਮਾਰ, ਸੁਖਵੀਰ ਸਿੰਘ ਫਤਿਹਗੜ੍ਹ ਸਾਹਿਬ, ਭੁਪਿੰਦਰ ਸਿੰਘ ਤੱਗੜ, ਹਰਜੀਤ ਸਿੰਘ, ਰਾਜਵੀਰ ਮੋਦਗਿੱਲ, ਬਲਵਿੰਦਰ ਸਿੰਘ, ਪਾਲਾ ਸਿੰਘ, ਬੂਟਾ ਸਿੰਘ, ਬਲਦੇਵ ਸਿੰਘ, ਵੀਰਪਾਲ ਕੌਰ, ਗਗਨਦੀਪ ਕੌਰ, ਰਾਜਵਿੰਦਰ ਕੌਰ ਤੇ ਸਿਕੰਦਰ ਸਿੰਘ ਸਮੇਤ ਹੋਰ ਖੇਡ ਪ੍ਰੇਮੀ ਤੇ ਅਧਿਆਪਕ ਹਾਜ਼ਰ ਸਨ।

16 ਨਵੰਬਰ ਦੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ



ਜਗਰਾਉਂ-(ਨਛੱਤਰ ਸੰਧੂ)- ਸ਼੍ਰੋਮਣੀ ਅਕਾਲੀ ਦਲ ਵੱਲੋਂ 16 ਨਵੰਬਰ ਨੂੰ ਜਗਰਾਉਂ ਵਿਖੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਅਗਵਾਈ ਹੇਠ ਕਰਵਾਈ ਜਾ ਰਹੀ 'ਮਾਵਾਂ-ਧੀਆਂ ਦੀ ਲਲਕਾਰ' ਰੈਲੀ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਰੈਲੀ ਨੂੰ ਲੈ ਕੇ ਹਲਕਾ ਜਗਰਾਉਂ ਦੀ ਸਮੁੱਚੀ ਅਕਾਲੀ ਦਲ ਲੀਡਰਸ਼ਿਪ ਅਤੇ ਵਰਕਰਾਂ ਵੱਲੋਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ, ਸਾਬਕਾ ਵਿਧਾਇਕ ਜਗਰਾਉਂ ਐੱਸ.ਆਰ. ਕਲੇਰ ਦੇ ਗ੍ਰਹਿ ਵਿਖੇ ਹਲਕਾ ਜਗਰਾਉਂ ਦੀ ਸਮੁੱਚੀ ਲੀਡਰਸ਼ਿਪ ਦੀ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਰੈਲੀ ਨੂੰ ਸਫਲ ਬਣਾਉਣ ਲਈ ਵੱਖ-ਵੱਖ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਰੈਲੀ ਸਬੰਧੀ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਐਸ ਜੀ ਪੀ ਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਤਜਿੰਦਰਪਾਲ ਸਿੰਘ ਕੰਨੀਆਂ, ਬੀ.ਸੀ. ਵਿੰਗ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਐੱਸ.ਸੀ. ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ ਅਤੇ ਅਮਨਾ ਡੱਲਾ ਹਾਜ਼ਰ ਸਨ।

ਪਰਾਚਾ ਵਿਖੇ ਪੁਰਾਣੀ ਰੰਜਿਸ਼ ਦੇ ਚੱਲਦਿਆਂ ਨੌਜਵਾਨ ਦਾ ਕਤਲ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) : ਥਾਣਾ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਪਰਾਚਾ ਵਿਖੇ ਪੁਰਾਣੀ ਰੰਜਿਸ਼ ਦੇ ਚੱਲਦਿਆਂ ਇੱਕ ਨੌਜਵਾਨ ਦੀ ਕੁੱਟਮਾਰ ਕਰਕੇ ਉਸਦਾ ਕਤਲ ਕਰਨ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ।ਮ੍ਰਿਤਕ ਦੀ ਪਛਾਣ ਬਿਕਰਮਜੀਤ ਸਿੰਘ (39) ਪੁੱਤਰ ਕੁਲਵੰਤ ਸਿੰਘ ਵਜੋਂ ਹੋਈ ਹੈ।ਪਰਿਵਾਰਕ ਮੈਂਬਰਾਂ ਨੇ ਪਿੰਡ ਦੇ ਕਾਂਗਰਸੀ ਸਰਪੰਚ ਰਾਜਕਰਨ ਸਿੰਘ ਅਤੇ ਉਸ ਦੇ ਕੁਝ ਸਾਥੀਆਂ 'ਤੇ ਹਮਲਾ ਕਰਕੇ ਬਿਕਰਮਜੀਤ ਸਿੰਘ ਦੀ ਹੱਤਿਆ ਕਰਨ ਦੇ ਦੋਸ਼ ਲਗਾਏ ਹਨ।ਪਰਿਵਾਰ ਵੱਲੋਂ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮ੍ਰਿਤਕ ਦੇ ਭਰਾ ਜਗਰੂਪ ਸਿੰਘ ਨੇ ਦੱਸਿਆ ਕਿ ਸਾਲ 2023 ਵਿੱਚ ਸਰਪੰਚ ਰਾਜਕਰਨ ਸਿੰਘ ਅਤੇ ਬਿਕਰਮਜੀਤ ਸਿੰਘ ਵਿਚਕਾਰ ਝਗੜਾ ਹੋਇਆ ਸੀ।ਉਸ ਸਮੇਂ ਵੀ ਸਰਪੰਚ ਵੱਲੋਂ ਬਿਕਰਮਜੀਤ ਦੀ ਕੁੱਟਮਾਰ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ ਗਿਆ ਸੀ।ਇਸ ਮਾਮਲੇ ਵਿੱਚ ਦੋਵਾਂ ਧਿਰਾਂ ਵਿਰੁੱਧ ਕਰਾਸ ਕੇਸ ਦਰਜ ਹੋਏ ਸਨ, ਜਿਸ ਤੋਂ ਬਾਅਦ ਦੋਵਾਂ ਵਿਚਕਾਰ ਰੰਜਿਸ਼ ਚੱਲ ਰਹੀ ਸੀ।ਜਗਰੂਪ ਸਿੰਘ ਅਨੁਸਾਰ ਪੁਰਾਣੀ ਰੰਜਿਸ਼ ਕਾਰਨ ਰਾਜਕਰਨ ਸਿੰਘ ਅਕਸਰ ਬਿਕਰਮਜੀਤ ਨੂੰ ਇਕੱਲਾ ਸਮਝ ਕੇ ਤੰਗ-ਪਰੇਸ਼ਾਨ ਕਰਦਾ ਰਹਿੰਦਾ ਸੀ।ਉਸ ਨੇ ਦੱਸਿਆ ਕਿ ਬਿਕਰਮਜੀਤ ਸਿੰਘ ਦੀਆਂ ਪਿੰਡ ਵਿੱਚ ਕੁਝ ਦੁਕਾਨਾਂ ਹਨ। ਕੁਝ ਦਿਨ ਪਹਿਲਾਂ ਜਦੋਂ ਉਸ ਨੇ ਆਪਣੀ ਇੱਕ ਦੁਕਾਨ ਕਿਸੇ ਨਜ਼ਦੀਕੀ ਵਿਅਕਤੀ ਨੂੰ ਸਾਂਝੇ ਤੌਰ ਤੇ ਕੰਮ ਕਰਨ ਲਈ ਦਿੱਤੀ ਹੋਈ ਸੀ ਤਾਂ ਰਾਜਕਰਨ ਦਾ ਪਿਤਾ ਉੱਥੇ ਆ ਗਿਆ।ਇਸ ਦੌਰਾਨ ਬਿਕਰਮਜੀਤ ਵੱਲੋਂ ਉਸ ਨੂੰ ਦੁਕਾਨ ਤੇ ਨਾ ਆਉਣ ਲਈ ਕਹਿਣ 'ਤੇ ਦੋਵਾਂ ਵਿਚਕਾਰ ਤਕਰਾਰ ਹੋ ਗਈ।ਇਸ ਤੋਂ ਬਾਅਦ ਰਾਜਕਰਨ ਵੱਲੋਂ ਬਿਕਰਮਜੀਤ ਦੀ ਆਉਣ-ਜਾਣ ਤੇ ਨਜ਼ਰ ਰੱਖੀ ਜਾਣ ਲੱਗੀ।ਹੁਣ ਬਿਕਰਮਜੀਤ ਸਿੰਘ 10।ਦਿਨ ਦੀ ਕੰਪਨੀ ਤੋਂ ਛੁੱਟੀ ਲੈ ਕੇ ਪਿੰਡ ਆਇਆ ਸੀ।ਜਗਰੂਪ ਸਿੰਘ ਨੇ ਦੱਸਿਆ ਕਿ ਦੇਰ ਸ਼ਾਮ ਬਿਕਰਮਜੀਤ ਸਿੰਘ ਮੋਟਰਸਾਈਕਲ ਤੇ ਫਤਿਹਗੜ੍ਹ ਚੂੜੀਆਂ ਤੋਂ ਆਪਣੇ ਘਰ ਵਾਪਸ ਆ ਰਿਹਾ ਸੀ।ਜਦੋਂ ਉਹ ਪਿੰਡ ਵਿੱਚ ਇੱਕ ਡੇਅਰੀ ਨੇੜੇ ਪਹੁੰਚਿਆ ਤਾਂ ਕਥਿਤ ਤੌਰ 'ਤੇ ਰਾਜਕਰਨ ਸਿੰਘ ਨੇ ਆਪਣੇ ਕੁਝ ਸਾਥੀਆਂ ਸਮੇਤ ਉਸ 'ਤੇ ਹਮਲਾ ਕਰ ਦਿੱਤਾ।ਹਮਲਾਵਰਾਂ ਨੇ ਉਸ ਨੂੰ ਮੋਟਰਸਾਈਕਲ ਤੋਂ ਹੇਠਾਂ ਸੁੱਟ ਕੇ ਲੱਤਾਂ, ਸਿਰ ਅਤੇ ਸਰੀਰ ਦੇ ਹੋਰ ਹਿੱਸਿਆਂ 'ਤੇ ਗੰਭੀਰ ਸੱਟਾਂ ਮਾਰੀਆਂ ਅਤੇ ਮੌਕੇ ਤੋਂ ਫ਼ਰਾਰ ਹੋ ਗਏ।ਜ਼ਖ਼ਮੀ ਬਿਕਰਮਜੀਤ ਸਿੰਘ ਨੂੰ ਐਂਬੂਲੈਂਸ ਰਾਹੀਂ ਇਲਾਜ ਲਈ ਹਸਪਤਾਲ ਲਿਜਾਇਆ ਜਾ ਰਿਹਾ ਸੀ, ਜਿੱਥੇ ਉਸਨੇ ਦਮ ਤੋੜ ਦਿੱਤਾ।ਮ੍ਰਿਤਕ ਆਪਣੇ ਪਿੱਛੇ ਪਤਨੀ ਅਤੇ 9 ਸਾਲਾ ਪੁੱਤਰ ਛੱਡ ਗਿਆ ਹੈ।ਇਸ ਸਬੰਧੀ ਥਾਣਾ ਡੇਰਾ ਬਾਬਾ ਨਾਨਕ ਦੇ ਥਾਣਾ ਮੁਖੀ ਅਸ਼ੋਕ ਕੁਮਾਰ ਸ਼ਰਮਾ ਨੇ ਦੱਸਿਆ ਕਿ ਇਸ ਮਾਮਲੇ ਵਿੱਚ 5 ਵਿਅਕਤੀਆਂ ਨੂੰ ਨਾਮਜ਼ਦ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਝਾੜ ਸਾਹਿਬ ਕਾਲਜ 'ਚ ਸੌਫਟ ਸਕਿੱਲਜ਼ ਵਿਕਾਸ 'ਤੇ ਸੈਮੀਨਾਰ



ਸਮਰਾਲਾ, (ਸੁਰਜੀਤ ਸਿੰਘ)- ਸਥਾਨਕ ਝਾੜ ਸਾਹਿਬ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵੱਲੋਂ ਕਾਲਜ ਦੇ ਪ੍ਰਿੰਸੀਪਲ ਮੈਡਮ ਡਾ. ਰਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ 'ਤੇ 'ਸਾਫਟ ਸਕਿੱਲਜ਼ ਦੇ ਵਿਕਾਸ' ਵਿਸ਼ੇ 'ਤੇ ਇੱਕ ਲੈਕਚਰ ਕਰਵਾਇਆ ਗਿਆ, ਜਿਸ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਅਕਾਦਮਿਕ, ਪੇਸ਼ੇਵਰ ਤੇ ਨਿੱਜੀ ਜੀਵਨ ਵਿੱਚ ਸਾਫਟ ਸਕਿੱਲਜ਼ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਸੀ।ਸੈਸ਼ਨ ਦੌਰਾਨ ਸੰਚਾਰ ਕੌਸ਼ਲ, ਟੀਮ ਵਰਕ, ਲੀਡਰਸ਼ਿਪ, ਆਤਮ-ਵਿਸ਼ਵਾਸ, ਸਮੱਸਿਆ-ਹੱਲ ਕਰਨ ਦੀ ਯੋਗਤਾ ਤੇ ਸਮਾਂ ਪ੍ਰਬੰਧਨ ਵਰਗੇ ਮਹੱਤਵਪੂਰਨ ਹੁਨਰਾਂ ਦੇ ਵਿਕਾਸ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਹ ਹੁਨਰ ਵਿਦਿਆਰਥਣਾਂ ਦੀ ਸ਼ਖ਼ਸੀਅਤ ਨੂੰ ਨਿਖਾਰਨ ਤੇ ਉਨ੍ਹਾਂ ਨੂੰ ਭਵਿੱਖ ਵਿੱਚ ਰੋਜ਼ਗਾਰ ਤੇ ਕਰੀਅਰ ਦੇ ਮੌਕਿਆਂ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਲੈਕਚਰ ਦੇ ਮੁੱਖ ਬੁਲਾਰੇ ਮੈਡਮ ਸ਼ਹਿਨਾਜ਼, ਮੁਖੀ ਅੰਗਰੇਜ਼ੀ ਵਿਭਾਗ ਸਨ।ਉਨ੍ਹਾਂ ਵਿਦਿਆਰਥਣਾਂ ਨਾਲ ਸਾਫਟ ਸਕਿੱਲਜ਼ ਸਬੰਧੀ ਮਹੱਤਵਪੂਰਨ ਜਾਣਕਾਰੀ ਤੇ ਵਿਹਾਰਕ ਸੁਝਾਅ ਸਾਂਝੇ ਕੀਤੇ।ਉਨ੍ਹਾਂ ਨੇ ਸੰਚਾਰ ਯੋਗਤਾ, ਆਪਸੀ ਵਿਹਾਰਕ ਕੌਸ਼ਲ ਤੇ ਆਤਮ-ਵਿਸ਼ਵਾਸ ਨੂੰ ਬਿਹਤਰ ਬਣਾਉਣ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਦੱਸਿਆ।ਵਿਦਿਆਰਥਣਾਂ ਨੇ ਆਪਣੀਆਂ ਨਿੱਜੀ ਸਮੱਰਥਾਵਾਂ ਨੂੰ ਪਛਾਨਣ ਤੇ ਉਨ੍ਹਾਂ ਵਿੱਚ ਸੁਧਾਰ ਕਰਨ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।ਇਸ ਸੈਸ਼ਨ ਨੇ ਉਨ੍ਹਾਂ ਨੂੰ ਲਗਾਤਾਰ ਆਪਣੇ ਹੁਨਰਾਂ ਦਾ ਵਿਕਾਸ ਕਰਨ ਤੇ ਹੋਰ ਆਤਮ-ਵਿਸ਼ਵਾਸੀ ਤੇ ਪ੍ਰਭਾਵਸ਼ਾਲੀ ਵਿਅਕਤੀ ਬਣਨ ਲਈ ਪ੍ਰੇਰਿਤ ਕੀਤਾ।ਇਹ ਪ੍ਰੋਗਰਾਮ ਕਾਲਜ ਦੀ ਪ੍ਰਿੰਸੀਪਲ ਡਾ. ਰਾਜਿੰਦਰ ਕੌਰ ਦੀ ਅਗਵਾਈ ਹੇਠ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ ਤੇ ਪਲੇਸਮੈਂਟ ਸੈੱਲ ਦੀ ਕਨਵੀਨਰ ਡਾ. ਸੁਨੀਤਾ ਕੌਸ਼ਲ ਨੇ ਵੀ ਪ੍ਰੋਗਰਾਮ ਦੇ ਸੁਚੱਜੇ ਸੰਚਾਲਨ ਲਈ ਮਹੱਤਵਪੂਰਨ ਮਾਰਗਦਰਸ਼ਨ ਤੇ ਸਹਿਯੋਗ ਪ੍ਰਦਾਨ ਕੀਤਾ।ਲੈਕਚਰ ਦੌਰਾਨ ਮੈਡਮ ਹਰਪ੍ਰੀਤ ਕੌਰ, ਡਾ. ਮਨਦੀਪ ਕੌਰ, ਮਿਸ ਆਰਤੀ ਰਾਣੀ ਤੇ ਮਿਸ ਅਮਨਦੀਪ ਕੌਰ ਹਾਜ਼ਰ ਰਹੇ। ↔

ਮਾਡਰਨ ਸੈਕੂਲਰ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ



ਭੀਖੀ, (ਧਰਮਵੀਰ ਸ਼ਰਮਾ)-ਮਾਡਰਨ ਸੈਕੂਲਰ ਪਬਲਿਕ ਸਕੂਲ ਭੀਖੀ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ। ਇਹ ਸਮਾਗਮ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਇਗਨਾਈਟਰ ਦੇ ਸੀ.ਈ.ਓ. ਇਰਬਨਪ੍ਰੀਤ ਕੌਰ, ਡਿਪਟੀ ਡਾਇਰੈਕਟਰ ਗੁਰਵਿੰਦਰ ਕੌਰ ਤੇ ਸਕੂਲ ਪ੍ਰਿੰਸੀਪਲ ਅਮਨਦੀਪ ਦੌਂਦਰੀਆ ਦੀ ਵਿਸ਼ੇਸ਼ ਹਾਜ਼ਰੀ ਰਹੀ। ਸਮਾਗਮ ਦੌਰਾਨ ਸਕੂਲ ਦੇ ਮਾਹੌਲ ਨੂੰ ਰੰਗ-ਬਿਰੰਗੀਆਂ ਸਜਾਵਟਾਂ, ਦੀਵਿਆਂ ਤੇ ਰੰਗੋਲੀਆਂ ਨਾਲ ਸੁੰਦਰ ਬਣਾਇਆ ਗਿਆ। ਪ੍ਰਿੰਸੀਪਲ ਅਮਨਦੀਪ ਦੌਂਦਰੀਆ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੇ ਇਤਿਹਾਸਕ ਤੇ ਸੱਭਿਆਚਾਰਕ ਮਹੱਤਵ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਦੀਵਾਲੀ ਦੇ ਨਾਲ-ਨਾਲ ਸਿੱਖ ਇਤਿਹਾਸ ਨਾਲ ਜੁੜੇ ਪਵਿੱਤਰ ਦਿਹਾੜੇ ਬੰਦੀ ਛੋੜ ਦਿਵਸ ਬਾਰੇ ਵੀ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ।

ਹੋਲੀ ਹਾਰਟ ਸਕੂਲ ਵਿਖੇ ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ



ਅਜੀਤਵਾਲ-(ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਦਾ ਤਿਉਹਾਰ ਬਹੁਤ ਹੀ ਉਤਸ਼ਾਹ, ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸ਼ੁਭ ਅਵਸਰ 'ਤੇ ਸਕੂਲ ਪਰਿਸਰ ਨੂੰ ਰੰਗ-ਬਿਰੰਗੀਆਂ ਲਾਈਟਾਂ, ਛੋਟੇ-ਛੋਟੇ ਦੀਵਿਆਂ ਅਤੇ ਸੁੰਦਰ ਰੰਗੋਲੀਆਂ ਨਾਲ ਬਹੁਤ ਹੀ ਆਕਰਸ਼ਕ ਢੰਗ ਨਾਲ ਸਜਾਇਆ ਗਿਆ ਸੀ। ਸਮਾਗਮ ਦੀ ਸ਼ੁਰੂਆਤ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਲਾਸਾਨੀ ਯਾਦ ਵਿੱਚ ਬੰਦੀ ਛੋੜ ਦਿਵਸ ਨੂੰ ਸਮਰਪਿਤ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਧਾਰਮਿਕ ਸ਼ਬਦ ਗਾਇਨ ਕਰਕੇ ਪੂਰੇ ਮਾਹੌਲ ਨੂੰ ਰੂਹਾਨੀ ਰੰਗ ਵਿੱਚ ਰੰਗ ਦਿੱਤਾ।ਇਸ ਉਪਰੰਤ ਸਕੂਲ ਵਿੱਚ ਵੱਖ-ਵੱਖ ਅੰਤਰ-ਹਾਊਸ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ ਰੰਗੋਲੀ ਬਣਾਉਣਾ, ਦੀਵਾ ਅਤੇ ਮੋਮਬੱਤੀ ਸਜਾਉਣਾ, ਕਾਰਡ ਮੇਕਿੰਗ ਅਤੇ ਪੂਜਾ ਥਾਲੀ ਸਜਾਉਣਾ ਸ਼ਾਮਲ ਸਨ। ਸਕੂਲ ਪ੍ਰਬੰਧਕ ਕਮੇਟੀ ਚੇਅਰਮੈਨ ਸ਼ੁਭਾਸ਼ ਪਲਤਾ ਅਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਅਤੇ ਰਮਨ ਅਰੋੜਾ ਅਤੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਵਿਦਿਆਰਥੀਆਂ ਨੂੰ ਹਰੀ (ਗ੍ਰੀਨ) ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ।ਸਮਾਗਮ ਦੇ ਅੰਤ ਵਿੱਚ ਸਕੂਲ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਮਿਠਾਈਆਂ ਵੰਡੀਆਂ ਗਈਆਂ ਅਤੇ ਸਾਰਿਆਂ ਨੇ ਇੱਕ-ਦੂਜੇ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ।

ਦੋ ਕਾਰੋਬਾਰੀਆਂ ਨੂੰ ਅਗਵਾ ਕਰਕੇ 72 ਲੱਖ ਟਰਾਂਸਫਰ ਕਰਵਾਉਣ ਦੇ ਮਾਮਲੇ 'ਚ ਚਾਰ ਕਾਬੂ



ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੰਡੀ ਗੋਬਿੰਦਗੜ੍ਹ ਨੇੜਿਓਂ ਗੋਰਖਪੁਰ (ਯੂ ਪੀ) ਦੇ ਦੋ ਕਾਰੋਬਾਰੀਆਂ ਨੂੰ ਅਗਵਾ ਕਰਕੇ ਉਹਨਾਂ ਦੇ ਖਾਤਿਆਂ ਵਿੱਚੋਂ 72 ਲੱਖ ਰੁਪਏ ਟਰਾਂਸਫਰ ਕਰਵਾ ਲੈਣ ਦੇ ਕਥਿਤ ਮਾਮਲੇ ਵਿੱਚ ਮੰਡੀ ਗੋਬਿੰਦਗੜ੍ਹ ਪੁਲਸ ਨੇ ਦੋ ਨਾਬਾਲਿਗਾਂ ਸਮੇਤ ਚਾਰ ਵਿਅਕਤੀਆਂ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੂਬੇਦਾਰ ਪ੍ਰਸਾਦ ਵਾਸੀ ਗੋਰਖਪੁਰ (ਉੱਤਰ ਪ੍ਰਦੇਸ਼) ਨੇ ਦੱਸਿਆ ਕਿ ਉਹ ਫੀਡ ਬਣਾਉਣ ਲਈ ਵਰਤੇ ਜਾਂਦੇ ਬੂਸੀ ਨਾਮਕ ਪਦਾਰਥ ਦੀ ਸਪਲਾਈ ਦਾ ਕਾਰੋਬਾਰ ਕਰਦਾ ਹੈ।ਬੀਤੇ ਕਰੀਬ 4/5 ਸਾਲ ਤੋਂ ਉਹ ਖੰਨਾ ਦੇ ਗੋਪਾਲ ਕ੍ਰਿਸ਼ਨ ਉਰਫ ਗੋਲਡੀ ਨੂੰ ਮਾਲ ਭੇਜਦਾ ਸੀ ਜਿਸ ਦੀ ਬਣਦੀ ਰਕਮ ਉਸ ਨੂੰ ਪਾ ਦਿੱਤੀ ਜਾਂਦੀ ਸੀ ਪਰ ਕਰੀਬ 8 ਮਹੀਨੇ ਪਹਿਲਾਂ ਉਸ ਵੱਲੋਂ ਭੇਜੇ ਗਏ 49 ਲੱਖ 60 ਹਜ਼ਾਰ ਰੁਪਏ ਦੇ ਮਾਲ ਦੀ ਪੇਮੈਂਟ ਗੋਪਾਲ ਕ੍ਰਿਸ਼ਨ ਨੇ ਪਾਉਣ ਦੀ ਬਜਾਏ ਟਾਲ ਮਟੋਲ ਕਰਨਾ ਸ਼ੁਰੂ ਕਰ ਦਿੱਤਾ।ਪੇਮੈਂਟ ਲਈ ਦਬਾਅ ਪਾਉਣ ਤੇ ਗੋਪਾਲ ਕ੍ਰਿਸ਼ਨ ਜੋ ਕਿ ਕਾਫ਼ੀ ਪਹੁੰਚ ਵਾਲਾ ਵਿਅਕਤੀ ਹੈ ਨੇ ਇੱਕ ਦਰਖ਼ਾਸਤ ਉਸ ਦੇ ਖਿਲਾਫ ਖੰਨਾ ਪੁਲਸ ਨੂੰ ਦੇ ਦਿੱਤੀ ਜਿਸ ਦੇ ਸਬੰਧ ਵਿੱਚ ਬੀਤੇ ਕੱਲ੍ਹ ਉਹ ਡੀ ਐਸ ਪੀ ਦਫ਼ਤਰ ਖੰਨਾ ਵਿਖੇ ਆਪਣੇ ਬਿਆਨ ਦਰਜ ਕਰਵਾਉਣ ਲਈ ਆਏ ਸਨ।ਜਿੱਥੋਂ ਵਿਹਲੇ ਹੋ ਕੇ ਉਹ ਆਪਣੀ ਕਾਰ ਵਿੱਚ ਸਵਾਰ ਹੋ ਕੇ ਵਾਪਸ ਦਿੱਲੀ ਨੂੰ ਚੱਲ ਪਏ ਤਾਂ ਦੁਪਹਿਰ ਕਰੀਬ 3.45 ਵਜੇ ਮੰਡੀ ਗੋਬਿੰਦਗੜ੍ਹ ਨਜ਼ਦੀਕ ਦੋ ਗੱਡੀਆਂ ਵਿੱਚ ਸਵਾਰ ਹੋ ਕੇ ਆਏ ਗੋਪਾਲ ਕ੍ਰਿਸ਼ਨ ਉਰਫ ਗੋਲਡੀ ,ਕਾਵਿਆ ਵਰਮਾ, ਮਾਨਿਕ ਵਰਮਾ, ਮਾਧਵ, ਗੁਰਸਿਮਰਨ ਸਿੰਘ, ਦਿਨੇਸ਼ ਅਤੇ ਹੋਰ ਨਾਮਾਲੂਮ ਵਿਅਕਤੀਆਂ ਨੇ ਗੱਡੀ ਵਿੱਚ ਮਾਰ ਕੇ ਉਨ੍ਹਾਂ ਨੂੰ ਰੋਕ ਲਿਆ।ਗੱਡੀ ਵਿਚੋਂ ਬਾਹਰ ਕੱਢ ਕੇ ਕੁੱਟਮਾਰ ਕਰਦੇ ਹੋਏ ਉਕਤ ਵਿਅਕਤੀ ਉਨ੍ਹਾਂ ਨੂੰ ਅਗਵਾ ਕਰਕੇ ਇੱਕ ਸ਼ੈਲਰ ਵਿੱਚ ਲੈ ਗਏ।ਜਿੱਥੇ ਉਨ੍ਹਾਂ ਦੋਵਾਂ ਭਰਾਵਾਂ ਨੂੰ ਬੰਨ੍ਹ ਕੇ ਉਨ੍ਹਾਂ ਦੇ ਮੋਬਾਈਲ ਦੇ ਪਾਸਵਰਡ ਲੈ ਲਏ ਸਨ ਤੇ ਉਕਤ ਵਿਅਕਤੀਆਂ ਨੇ ਉਨ੍ਹਾਂ ਦੇ ਖਾਤਿਆਂ ਵਿੱਚੋਂ 72 ਲੱਖ ਰੁਪਏ ਵੱਖ-ਵੱਖ ਖਾਤਿਆਂ ਵਿੱਚ ਟਰਾਂਸਫਰ ਕਰ ਲਏ।ਘਟਨਾ ਦੀ ਪੁਸ਼ਟੀ ਕਰਦੇ ਹੋਏ ਥਾਣਾ ਮੰਡੀ ਗੋਬਿੰਦਗੜ੍ਹ ਦੇ ਐਸ ਐਚ ਓ ਇੰਸਪੈਕਟਰ ਸੰਦੀਪ ਸਿੰਘ ਨੇ ਦੱਸਿਆ ਕਿ ਬੀਤੇ ਕੱਲ੍ਹ ਜੀ.ਟੀ. ਰੋਡ ਤੇ ਕੁਝ ਵਿਅਕਤੀਆਂ ਵੱਲੋਂ ਪੈਸੇ ਦੇ ਲੈਣ-ਦੇਣ ਨੂੰ ਲੈ ਕੇ ਦੋ ਕਾਰੋਬਾਰੀਆਂ ਨੂੰ ਅਗਵਾ ਕਰਕੇ ਉਨ੍ਹਾਂ ਦੇ 72 ਲੱਖ ਰੁਪਏ ਟਰਾਂਸਫਰ ਕਰ ਲੈਣ ਦੀ ਸੂਚਨਾ ਮਿਲੀ ਸੀਜਿਸ ਸਬੰਧੀ ਗੋਪਾਲ ਕ੍ਰਿਸ਼ਨ ਉਰਫ ਗੋਲਡੀ, ਕਾਵਿਆ ਵਰਮਾ, ਮਾਨਿਕ ਵਰਮਾ, ਮਾਧਵ, ਗੁਰਸਿਮਰਨ ਸਿੰਘ, ਦਿਨੇਸ਼ ਵਾਸੀਆਨ ਖੰਨਾ ਅਤੇ ਕੁਝ ਨਾਮਾਲੂਮ ਵਿਅਕਤੀਆਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਡੂੰਘਾਈ ਨਾਲ ਤਫ਼ਤੀਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ ਇਸ ਮਾਮਲੇ ਵਿੱਚ ਜਿੱਥੇ ਗੋਪਾਲ ਕ੍ਰਿਸ਼ਨ ਅਤੇ ਕਾਵਿਆ ਵਰਮਾ ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ ਉੱਥੇ ਹੀ ਵਾਰਦਾਤ ਵਿੱਚ ਸ਼ਾਮਲ ਦੋ ਨਾਬਾਲਿਗਾਂ ਨੂੰ ਵੀ ਕਾਬੂ ਕੀਤਾ ਗਿਆ ਹੈ ਤੇ ਬਾਕੀ ਮੁਲਜ਼ਮਾਂ ਨੂੰ ਵੀ ਜਲਦ ਹੀ ਕਾਬੂ ਕਰ ਲਿਆ ਜਾਵੇਗਾ।

ਪੀ ਸੀ ਐੱਸ ਭਰਤੀ ਪ੍ਰਕਿਰਿਆ 'ਚ ਧਾਂਦਲੀ ਦੀ ਹੋਵੇ ਨਿਰਪੱਖ ਜਾਂਚ : ਰਟੌਲ

ਜਾਂਚ ਨਾ ਕੀਤੀ ਤਾਂ ਵਿਧਾਨ ਸਭਾ ਤੱਕ ਕਰਾਂਗੇ ਰੋਸ ਮਾਰਚ : ਹਰਮਨਦੀਪ ਸਿੰਘ



ਮੋਗਾ, (ਇਕਬਾਲ ਸਿੰਘ ਖਹਿਰਾ)- ਬੀ.ਜੇ.ਪੀ. ਯੁਵਾ ਮੋਰਚਾ ਦੀ ਸੂਬਾ ਟੀਮ ਵੱਲੋਂ ਪੰਜਾਬ ਦੀ ਪੀ ਸੀ ਐੱਸ ਭਰਤੀ ਪ੍ਰਕਿਰਿਆ ਪੇਪਰਾਂ ਵਿੱਚ ਕੇਜਰੀਵਾਲ ਦੀ ਸ਼ਹਿ 'ਤੇ ਹੋਈ ਕਥਿਤ ਤੌਰ 'ਤੇ ਧਾਂਦਲੀ ਦੇ ਵਿਰੋਧ ਵਿੱਚ ਬੀ.ਜੇ.ਪੀ ਯੁਵਾ ਮੋਰਚਾ ਜ਼ਿਲ੍ਹਾ ਮੋਗਾ ਵੱਲੋਂ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਭਾਜਪਾ ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਗੁਰਬੀਰ ਸਿੰਘ ਰਟੌਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਕੇਜਰੀਵਾਲ ਦੇ ਇਸ਼ਾਰੇ 'ਤੇ ਪਿਛਲੇ ਲੰਬੇ ਸਮੇਂ ਤੋਂ ਰਾਤਾਂ ਜਾਗ ਕੇ ਆਪਣੇ ਭਵਿੱਖ ਲਈ ਰਾਤਾਂ ਜਾਗ ਕੇ ਮਿਹਨਤ ਨਾਲ ਪੜ੍ਹਾਈ ਕਰਕੇ ਪੀ.ਸੀ.ਐੱਸ. ਪੇਪਰਾਂ ਦੀ ਤਿਆਰੀ ਕਰਨ ਵਾਲੇ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ ਅਤੇ ਪੀ.ਸੀ.ਐੱਸ. ਦੇ ਪੇਪਰਾਂ ਦਾ ਰਿਜ਼ਲਟ ਇੱਕ ਕਮਰੇ ਵਿੱਚ ਬਹਿ ਕੇ ਸੁਣਾਇਆ ਗਿਆ, ਜੋ ਪਿਛਲੇ ਲੰਬੇ ਸਮੇਂ ਤੋਂ ਨੌਜਵਾਨ ਇਨ੍ਹਾਂ ਪੇਪਰਾਂ ਦੀ ਤਿਆਰੀ ਕਰ ਰਹੇ ਸਨ, ਉਨ੍ਹਾਂ ਵਿੱਚ ਭਾਰੀ ਨਿਰਾਸ਼ਾ ਹੈ। ਗੁਰਬੀਰ ਨੇ ਕਿਹਾ ਕਿ ਉਨ੍ਹਾਂ ਵੱਲੋਂ ਅੱਜ ਡੀ ਸੀ ਦਫਤਰ ਦੇ ਬਾਹਰ ਸੰਕੇਤਕ ਧਰਨਾ ਸੀ, ਜੇਕਰ ਸਰਕਾਰ ਇਸ ਮਾਮਲੇ ਦੀ ਠੀਕ ਢੰਗ ਨਾਲ ਜਾਂਚ ਨਹੀਂ ਕਰਵਾਉਂਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਬੀ.ਜੇ.ਪੀ. ਯੁਵਾ ਮੋਰਚਾ ਦੇ ਚੰਡੀਗੜ੍ਹ ਦਫਤਰ ਤੋਂ ਵਿਧਾਨ ਸਭਾ ਤੱਕ ਰੋਸ ਮਾਰਚ ਕਰਕੇ ਇਸ ਮਾਮਲੇ ਦੀ ਸੀਬੀਆਈ ਤੋਂ ਜਾਂਚ ਕਰਵਾਉਣ ਦੀ ਮੰਗ ਕੀਤੀ ਜਾਵੇਗੀ।ਆਗੂਆਂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਹਮੇਸ਼ਾ ਨੌਜਵਾਨਾਂ ਦੇ ਨਾਲ ਹੈ ਤੇ ਹਮੇਸ਼ਾ ਹੀ ਉਨ੍ਹਾਂ ਦੀ ਆਵਾਜ਼ ਬੁਲੰਦ ਕਰਦੀ ਰਹੇਗੀ।ਇਸ ਧਰਨੇ ਦੌਰਾਨ ਯੁਵਾ ਮੋਰਚਾ ਦੇ ਆਗੂਆਂ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਦੇ ਸਰਕਾਰ ਖਿਲਾਫ ਰੋਹ ਭਰਪੂਰ ਨਾਰੇਬਾਜ਼ੀ ਕੀਤੀ ਗਈ ਤੇ ਅੰਤ ਵਿੱਚ ਡਿਪਟੀ ਕਮਿਸ਼ਨਰ ਮੋਗਾ ਨੂੰ ਮੰਗ ਪੱਤਰ ਸੌਂਪਿਆ ਗਿਆ ਤੇ ਮਾਮਲੇ ਦੀ ਸੀਬੀਆਈ ਜਾਂਚ ਕਰਵਾਉਣ ਦੀ ਮੰਗ ਕੀਤੀ ਗਈ।

ਜਨਗਣਨਾ-2027 ਤਹਿਤ 16 ਤੋਂ 30 ਤੱਕ ਖ਼ੁਦ ਦਰਜ ਕੀਤੇ ਜਾ ਸਕਣਗੇ ਵੇਰਵੇ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ) ਰਾਜ ਵਿੱਚ ਜਨਗਨਣਾ-2027 ਦੀ ਚੱਲ ਰਹੀ ਪ੍ਰਕਿਰਿਆ ਤਹਿਤ ਦੂਜੇ ਪੜਾਅ ਹੇਠ ਆਬਾਦੀ ਦੀ ਗਿਣਤੀ 1 ਦਸੰਬਰ 2026 ਤੋਂ 4 ਜਨਵਰੀ 2027 ਹੋਵੇਗੀ ਅਤੇ 16 ਤੋਂ 30 ਨਵੰਬਰ 2026 ਤੱਕ ਆਪਣੇ ਵੇਰਵੇ ਖੁਦ ਦਰਜ ਕੀਤੇ ਜਾ ਸਕਣਗੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ ਜਨਗਣਨਾ-2027 ਲਈ ਜ਼ਿਲੇ ਵਿੱਚ ਨਿਯੁਕਤ ਨੋਡਲ ਪ੍ਰਚਾਰ-ਪ੍ਰਸਾਰ ਅਧਿਕਾਰੀ ਗੁਰਕੰਵਲ ਸਿੰਘ, ਅੰਡਰ ਟ੍ਰੇਨਿੰਗ ਨੇ ਇੱਥੇ ਆਪਣੇ ਵੇਰਵੇ ਆਪ ਦਰਜ ਕਰਵਾਉਣ ਲਈ ਸੰਬੰਧਤ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਸੈਲਫ ਇਨੂਮੀਰੇਸ਼ਨ (ਸਵੈ-ਵੇਰਵੇ ਦਰਜ ਕਰਵਾਉਣਾ) ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸੰਬੰਧਤ ਅਧਿਕਾਰੀ ਆਪਣੇ ਅਧੀਨ ਆਉਂਦੇ ਖੇਤਰਾਂ ਅਤੇ ਵਿਭਾਗਾਂ ਵਿੱਚ 16 ਤੋਂ 30 ਨਵੰਬਰ 2026 ਤੱਕ ਵੱਧ ਤੋਂ ਵੱਧ ਸੈਲਫ ਇਨੂਮੀਰੇਸ਼ਨ ਕਰਵਾਉਣ ਤਾਂ ਜੋ ਜ਼ਿਲ੍ਹੇ ਵਿੱਚ ਜਨਗਣਨਾ ਦਾ ਕਾਰਜ ਸੁਚੱਜੇ ਅਤੇ ਸਮਾਂਬੱਧ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਲੋਕਾਂ ਵੱਲੋਂ 16 ਨਵੰਬਰ ਤੋਂ se.census.gov.in ਰਾਹੀਂ ਵੇਰਵੇ ਦਰਜ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਭਾਰਤੀ ਜਨਗਣਨਾ 2027 ਦੇ ਦੂਜੇ ਪੜਾਅ ਵਧੀਆ ਢੰਗ ਨਾਲ ਮੁਕੰਮਲ ਕਰਨ ਲਈ ਜ਼ਿਲੇ ਵਿਚ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਲੋੜੀਂਦੀ ਸਿਖਲਾਈ ਦਿੱਤੀ ਜਾ ਚੁੱਕੀ ਹੈ ਅਤੇ ਜ਼ਿਲੇ ਵਿਚ ਨਗਰ ਨਿਗਮ, ਤਹਿਸੀਲਾਂ ਅਤੇ ਨਗਰ ਕੌਂਸਲਾਂ ਵਿਖੇ ਵੱਖ-ਵੱਖ ਬੈਚਾਂ ਰਾਹੀਂ ਸਿਖਲਾਈ ਪ੍ਰੋਗਰਾਮ ਕਰਵਾਏ ਗਏ ਹਨ, ਤਾਂ ਜੋ ਇਸ ਮਹੱਤਵਪੂਰਨ ਕੰਮ ਲਈ ਤਾਇਨਾਤ ਸਾਰੇ ਕਰਮਚਾਰੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਰਪਣ ਭਾਵਨਾ ਨਾਲ ਪੂਰਾ ਕਰ ਸਕਣ। ਅੰਡਰ ਟ੍ਰੇਨਿੰਗ ਆਈ.ਏ.ਐਸ. ਅਧਿਕਾਰੀ ਗੁਰਕੰਵਲ ਸਿੰਘ ਨੇ ਕਿਹਾ ਕਿ ਜਨਗਣਨਾ ਦੀ ਪ੍ਰਕਿਰਿਆ ਦੌਰਾਨ ਸਹੀ ਤੇ ਦਰੁਸਤ ਵੇਰਵੇ ਦਿੱਤੇ ਜਾਣ ਤਾਂ ਜੋ ਇਸ ਅਹਿਮ ਕਾਰਜ ਨੂੰ ਸਹੀ ਢੰਗ ਨਾਲ ਮੁਕੰਮਲ ਕੀਤਾ ਜਾ ਸਕੇ।

ਪੁਲਸ ਕਮਿਸ਼ਨਰ ਵਲੋਂ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਸੰਬੰਧੀ ਹੁਕਮ ਜਾਰੀ

ਜਲੰਧਰ (ਸੁਰਿੰਦਰ ਕੁਮਾਰ)- ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਦੇ ਮੱਦੇਨਜ਼ਰ ਪਬਲਿਕ ਐਮਰਜੈਂਸੀ ਨੂੰ ਛੱਡ ਕੇ ਸਾਇਲੈਂਸ ਜ਼ੋਨਾਂ ਜਾਂ ਰਿਹਾਇਸ਼ੀ ਖੇਤਰਾਂ ਅੰਦਰ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਹਾਰਨ ਵਜਾਉਣ 'ਤੇ ਪਾਬੰਦੀ ਲਗਾਈ ਹੈ। ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਪੁਲਿਸ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਤਹਿਤ ਜਨਤਕ ਥਾਵਾਂ ਦੀ ਸੀਮਾ 'ਤੇ ਜਿਥੇ ਲਾਊਡ ਸਪੀਕਰ ਜਾਂ ਪਬਲਿਕ ਐਡਰੈਸ ਸਿਸਟਮ ਜਾਂ ਕੋਈ ਵੀ ਆਵਾਜ਼ ਪੈਦਾ ਕਰਨ ਵਾਲਾ ਸਰੋਤ ਵਰਤਿਆ ਜਾ ਰਿਹਾ ਹੈ, ਦੀ ਆਵਾਜ਼ ਖੇਤਰ ਲਈ ਨਿਸ਼ਚਿਤ ਆਵਾਜ਼ ਮੁਤਾਬਕ ਰੱਖਣ ਦੇ ਆਦੇਸ਼ ਦਿੱਤੇ ਗਏ ਹਨ।ਹੁਕਮਾਂ ਅਨੁਸਾਰ ਕੋਈ ਵੀ ਵਿਅਕਤੀ ਰਾਤ 10 ਵਜੇ ਤੋਂ ਸਵੇਰੇ 6 ਵਜੇ ਦੇ ਦਰਮਿਆਨ (ਸਿਵਾਏ ਪਬਲਿਕ ਐਮਰਜੈਂਸੀ ਦੇ) ਮੈਰਿਜ ਪੈਲੇਸਾਂ ਤੇ ਹੋਟਲਾਂ ਵਿੱਚ ਢੋਲ ਜਾਂ ਭੋਂਪੂ, ਆਵਾਜ਼ ਪੈਦਾ ਕਰਨ ਵਾਲਾ ਕੋਈ ਯੰਤਰ, ਸਾਊਂਡ ਐਂਪਲੀਫਾਇਰ ਅਤੇ ਡੀ.ਜੇਜ਼ ਆਦਿ ਨਹੀਂ ਵਜਾਏਗਾ। ਇਸੇ ਤਰ੍ਹਾਂ ਪ੍ਰਾਈਵੇਟ ਮਾਲਕੀ ਵਾਲੇ ਸਾਊਂਡ ਸਿਸਟਮ ਜਾਂ ਆਵਾਜ਼ ਪੈਦਾ ਕਰਨ ਵਾਲੇ ਯੰਤਰ ਦਾ ਸ਼ੋਰ ਦਾ ਪੱਧਰ ਪ੍ਰਾਈਵੇਟ ਥਾਂ ਦੇ ਹੱਦ ਖੇਤਰ ਲਈ ਤੈਅ ਸ਼ੋਰ ਮਾਪਦੰਡਾਂ 5 ਡੀ ਬੀ (ਏ) ਤੋਂ ਵੱਧ ਨਹੀਂ ਹੋਵੇਗਾ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ ਕਿ ਮਿਊਜ਼ਿਕ ਸਿਸਟਮ ਰਾਹੀਂ ਪੈਦਾ ਹੋਣ ਵਾਲੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਤੋਂ ਬਾਹਰ ਨਾ ਸੁਣਾਈ ਦੇਵੇ। ਜੇਕਰ ਇਨ੍ਹਾਂ ਹੁਕਮਾਂ ਦੀ ਉਲੰਘਣਾ ਪਾਈ ਜਾਂਦੀ ਹੈ ਤਾਂ ਅਜਿਹਾ ਕਰਨ ਵਾਲੇ ਸਾਊਂਡ ਯੰਤਰ ਜ਼ਬਤ ਕਰ ਲਏ ਜਾਣਗੇ। ਇਹ ਹੁਕਮ ਮਿਤੀ 8.1.2027 ਤੱਕ ਲਾਗੂ ਰਹੇਗਾ।

ਸਕੂਲਾਂ 'ਚ ਪ੍ਰਬੰਧਾਂ ਦੀਆਂ ਖਾਮੀਆਂ ਨੂੰ ਲੈ ਕੇ ਡੀ ਈ ਓ ਸਖ਼ਤ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸਰਕਾਰੀ ਸਕੂਲਾਂ ਵਿੱਚ ਵਿੱਦਿਅਕ ਮਾਹੌਲ ਦੇ ਨਾਲ-ਨਾਲ ਬੁਨਿਆਦੀ ਪ੍ਰਬੰਧਾਂ ਅਤੇ ਸਕੂਲਾਂ ਦੇ ਸਮੁੱਚੇ ਵਾਤਾਵਰਨ ਨੂੰ ਬਿਹਤਰ ਬਣਾਉਣ ਲਈ ਸਿੱਖਿਆ ਵਿਭਾਗ ਨੇ ਸਖ਼ਤੀ ਵਧਾ ਦਿੱਤੀ ਹੈ। ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਹਰਜਿੰਦਰ ਕੌਰ ਨੇ ਆਪਣੇ ਨਿਰੀਖਣ ਦੌਰਾਨ ਸਪੱਸ਼ਟ ਕੀਤਾ ਕਿ ਸਕੂਲਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜਿਹੜੇ ਸਕੂਲ ਨਿਰਧਾਰਤ ਪ੍ਰਬੰਧਾਂ ਨੂੰ ਕਾਇਮ ਰੱਖਣ ਵਿੱਚ ਕੋਤਾਹੀ ਵਰਤਣਗੇ, ਉਨ੍ਹਾਂ ਖ਼ਿਲਾਫ਼ ਪ੍ਰਸ਼ਾਸਨਿਕ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਕੂਲਾਂ ਦਾ ਵਾਤਾਵਰਨ ਵਿਦਿਆਰਥੀਆਂ ਦੇ ਅਨੁਕੂਲ, ਸਾਫ਼-ਸੁਥਰਾ ਅਤੇ ਸੁਚੱਜਾ ਹੋਣਾ ਚਾਹੀਦਾ ਹੈ, ਤਾਂ ਜੋ ਬੱਚਿਆਂ ਨੂੰ ਬਿਹਤਰ ਵਿੱਦਿਅਕ ਮਾਹੌਲ ਮਿਲ ਸਕੇ। ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਸਭ ਤੋਂ ਪਹਿਲਾਂ ਦਸੂਹਾ ਦੇ ਇੱਕ ਸਰਕਾਰੀ ਸਕੂਲ ਦਾ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸਕੂਲ ਦੇ ਸਮੁੱਚੇ ਵਾਤਾਵਰਨ, ਸਾਫ਼-ਸਫ਼ਾਈ, ਪ੍ਰਬੰਧਾਂ ਅਤੇ ਹੋਰ ਜ਼ਰੂਰੀ ਪਹਿਲੂਆਂ ਦਾ ਜਾਇਜ਼ਾ ਲਿਆ। ਨਿਰੀਖਣ ਦੌਰਾਨ ਉਨ੍ਹਾਂ ਨੂੰ ਕਈ ਕਮੀਆਂ ਦੇਖਣ ਨੂੰ ਮਿਲੀਆਂ। ਇਨ੍ਹਾਂ ਕਮੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਉਨ੍ਹਾਂ ਨੇ ਸਕੂਲ ਪ੍ਰਬੰਧਕਾਂ ਨੂੰ ਮੌਖਿਕ ਤੌਰ 'ਤੇ ਸਖ਼ਤ ਤਾੜਨਾ ਕਰਦਿਆਂ ਜਲਦੀ ਸੁਧਾਰ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਸਪੱਸ਼ਟ ਕੀਤਾ ਕਿ ਸਕੂਲਾਂ ਵਿੱਚ ਪ੍ਰਬੰਧਾਂ ਨੂੰ ਸੁਚਾਰੂ ਰੱਖਣਾ ਸਕੂਲ ਮੁਖੀਆਂ ਅਤੇ ਸਬੰਧਤ ਸਟਾਫ਼ ਦੀ ਜ਼ਿੰਮੇਵਾਰੀ ਹੈ। ਨਿਰੀਖਣ ਦੌਰਾਨ ਸਾਹਮਣੇ ਆਉਣ ਵਾਲੀਆਂ ਕਮੀਆਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਲਾਪਰਵਾਹੀ ਵਰਤਣ ਵਾਲਿਆਂ ਖ਼ਿਲਾਫ਼ ਪ੍ਰਸ਼ਾਸਨਿਕ ਕਾਰਵਾਈ ਵੀ ਕੀਤੀ ਜਾਵੇਗੀ। ਇਸ ਤੋਂ ਬਾਅਦ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਮਾਹੀ ਦੇਵੀ ਦਾ ਨਿਰੀਖਣ ਕੀਤਾ। ਇੱਥੇ ਸਕੂਲ ਪ੍ਰਬੰਧਕਾਂ ਵੱਲੋਂ ਕਾਇਮ ਰੱਖੇ ਗਏ ਵਿੱਦਿਅਕ ਮਾਹੌਲ ਅਤੇ ਪ੍ਰਬੰਧਾਂ ਨੂੰ ਦੇਖ ਕੇ ਉਨ੍ਹਾਂ ਨੇ ਤਸੱਲੀ ਪ੍ਰਗਟਾਈ ਅਤੇ ਸਕੂਲ ਪ੍ਰਬੰਧਨ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਹੋਰਨਾਂ ਸਕੂਲਾਂ ਨੂੰ ਵੀ ਇਸੇ ਤਰ੍ਹਾਂ ਬਿਹਤਰ ਪ੍ਰਬੰਧ ਕਾਇਮ ਰੱਖਣ ਲਈ ਯਤਨ ਕਰਨੇ ਚਾਹੀਦੇ ਹਨ।

ਮੈਰਿਜ ਪੈਲਸਾਂ/ਹੋਟਲਾਂ ਤੇ ਹੋਰ ਸਮਾਜਿਕ ਪ੍ਰੋਗਰਾਮਾਂ 'ਚ ਹਥਿਆਰ ਲੈ ਕੇ ਜਾਣ 'ਤੇ ਪਾਬੰਦੀ

ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)- ਪੁਲਸ ਕਮਿਸ਼ਨਰ ਸਤਿੰਦਰ ਸਿੰਘ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਕਮਿਸ਼ਨਰੇਟ ਪੁਲਸ ਜਲੰਧਰ ਦੀ ਹੱਦ ਅੰਦਰ ਕਿਸੇ ਕਿਸਮ ਦਾ ਹਥਿਆਰ ਜਿਵੇਂ ਕਿ ਬੇਸਬਾਲ, ਤੇਜ਼ ਹਥਿਆਰ, ਨੋਕੀਲਾ ਹਥਿਆਰ ਜਾਂ ਕੋਈ ਵੀ ਜਾਨਲੇਵਾ ਹਥਿਆਰ ਗੱਡੀ ਵਿੱਚ ਰੱਖ ਕੇ ਚੱਲਣ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਇਸੇ ਤਰ੍ਹਾਂ ਕਮਿਸ਼ਨਰੇਟ ਪੁਲਸ ਦੀ ਹੱਦ ਅੰਦਰ ਕਿਸੇ ਕਿਸਮ ਦਾ ਜਲੂਸ ਕੱਢਣ, ਕਿਸੇ ਸਮਾਗਮ/ਜਲੂਸ ਵਿੱਚ ਹਥਿਆਰ ਲੈ ਕੇ ਚੱਲਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੀ ਇਕੱਤਰਤਾ ਅਤੇ ਨਾਅਰੇਬਾਜ਼ੀ ਕਰਨ 'ਤੇ ਵੀ ਪਾਬੰਦੀ ਲਗਾਈ ਗਈ ਹੈ। ਪੁਲਿਸ ਕਮਿਸ਼ਨਰ ਵੱਲੋਂ ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਜ਼ਿਲ੍ਹੇ ਦੀ ਹੱਦ ਅੰਦਰ ਆਉਂਦੇ ਸਾਰੇ ਮੈਰਿਜ ਪੈਲਸਾਂ/ਹੋਟਲਾਂ ਦੇ ਦਾਅਵਤ ਹਾਲਾਂ, ਵਿਆਹ-ਸ਼ਾਦੀਆਂ ਦੇ ਪ੍ਰੋਗਰਾਮਾਂ ਅਤੇ ਹੋਰ ਸਮਾਜਿਕ ਪ੍ਰੋਗਰਾਮਾਂ ਵਿੱਚ ਪਬਲਿਕ ਵੱਲੋਂ ਹਥਿਆਰ ਲੈ ਕੇ ਜਾਣ 'ਤੇ ਪਾਬੰਦੀ ਲਗਾਈ ਗਈ ਹੈ ਅਤੇ ਮੈਰਿਜ ਪੈਲੇਸਾਂ ਅਤੇ ਦਾਅਵਤ ਹਾਲਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਮੈਰਿਜ ਪੈਲੇਸਾਂ/ਦਾਅਵਤ ਹਾਲਾਂ ਵਿੱਚ ਸੀ ਸੀ ਟੀ ਵੀ ਕੈਮਰੇ ਲਗਾਉਣ ਦੇ ਜ਼ਿੰਮੇਵਾਰ ਹੋਣਗੇ। ਪੁਲਸ ਕਮਿਸ਼ਨਰ ਵੱਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਮਕਾਨ ਮਾਲਕ ਘਰਾਂ ਵਿੱਚ ਕਿਰਾਏਦਾਰ, ਪੀ.ਜੀ. ਮਾਲਕ ਪੀ.ਜੀ.ਅਤੇ ਆਮ ਲੋਕ ਘਰਾਂ ਵਿੱਚ ਨੌਕਰ ਅਤੇ ਹੋਰ ਕਾਮੇ ਆਪਣੇ ਨੇੜੇ ਦੇ ਪੰਜਾਬ ਪੁਲਿਸ ਦੇ ਸਾਂਝ ਕੇਂਦਰ ਵਿੱਚ ਜਾਣਕਾਰੀ/ਇਤਲਾਹ ਦਿੱਤੇ ਬਿਨ੍ਹਾਂ ਨਹੀਂ ਰੱਖਣਗੇ। ਪੁਲਿਸ ਕਮਿਸ਼ਨਰ ਵਲੋਂ ਜਾਰੀ ਇਕ ਹੋਰ ਹੁਕਮ ਅਨੁਸਾਰ ਕੋਈ ਵੀ ਹੋਟਲ/ਮੋਟਲ/ਗੈਸਟ ਹਾਊਸ ਅਤੇ ਸਰ੍ਹਾਵਾਂ ਆਦਿ ਦੇ ਮਾਲਕ/ਪ੍ਰਬੰਧਕ ਕਿਸੇ ਵੀ ਵਿਅਕਤੀ/ਯਾਤਰੀ ਨੂੰ ਉਸ ਦੀ ਸ਼ਨਾਖਤ ਕੀਤੇ ਬਿਨ੍ਹਾਂ ਨਹੀਂ ਠਹਿਰਾਉਣਗੇ। ਉਕਤ ਸਾਰੇ ਹੁਕਮ 8 ਜਨਵਰੀ 2027 ਤੱਕ ਲਾਗੂ ਰਹਿਣਗੇ।

ਮਹੀਨਾਵਾਰ ਰਾਸ਼ਨ ਵੰਡ ਸਮਾਗਮ ਕਰਵਾਇਆ



ਫਗਵਾੜਾ (ਡਾ.ਰਮਨ, ਜਸਵਿੰਦਰ ਢੱਡਾ)-ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾਂ ਸਦਕਾ ਸਵਰਗੀ ਅਜੀਤ ਸਿੰਘ ਢਿੱਲੋਂ ਦੀ ਨਿੱਘੀ ਯਾਦ ਨੂੰ ਸਮਰਪਿਤ 179ਵਾਂ ਮਹੀਨਾਵਾਰ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਮਾਜ ਸੇਵਕ ਜਰਨੈਲ ਸਿੰਘ ਨੇ ਸ਼ਿਰਕਤ ਕੀਤੀ। ਜਦਕਿ ਸਤਿਕਾਰਤ ਮਹਿਮਾਨ ਵਜੋਂ ਸਮਾਜ ਸੇਵਕ ਦਵਿੰਦਰ ਸਿੰਘ ਮੌਜੂਦ ਰਹੇ। ਉਹਨਾਂ ਨੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਣ ਦੀ ਸ਼ੁਰੂਆਤ ਕਰਵਾਈ ਅਤੇ ਸੁਸਾਇਟੀ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਹਿਯੋਗ ਦੇਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਦੌਰਾਨ ਸਵ. ਅਜੀਤ ਸਿੰਘ ਢਿੱਲੋਂ ਦੀ 17ਵੀਂ ਬਰਸੀ ਮੌਕੇ 2 ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਇਹ ਸੇਵਾ ਪਿਛਲੇ ਕਰੀਬ 17 ਸਾਲਾਂ ਤੋਂ ਲਗਾਤਾਰ ਜਾਰੀ ਹੈ, ਜਿਸ ਵਿੱਚ ਅਜੀਤ ਸਿੰਘ ਢਿੱਲੋਂ ਦੇ ਪਰਵਾਰ ਦਾ ਵਡਮੁੱਲਾ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਸਵ. ਅਜੀਤ ਸਿੰਘ ਢਿੱਲੋਂ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਮੋਹਰੀ ਰਹਿੰਦੇ ਸਨ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿੱਚ ਵੀ ਉਨ੍ਹਾਂ ਦਾ ਅਹਿਮ ਯੋਗਦਾਨ ਰਿਹਾ। ਉਨ੍ਹਾਂ ਇਸ ਵਾਰ ਦੇ ਰਾਸ਼ਨ ਵੰਡ ਸਮਾਗਮ ਲਈ ਆਰਥਿਕ ਸਹਿਯੋਗ ਦੇਣ ਵਾਸਤੇ ਖ਼ਾਸ ਤੌਰ 'ਤੇ ਜਰਨੈਲ ਸਿੰਘ ਅਤੇ ਸ. ਦਵਿੰਦਰ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਅਮਰਜੀਤ ਸਿੰਘ ਢਿੱਲੋਂ ਪ੍ਰਧਾਨ ਸੀਨੀਅਰ ਸਿਟੀਜ਼ਨ ਵੈਲਫੇਅਰ ਸੁਸਾਇਟੀ, ਮੋਹਨ ਲਾਲ ਤਨੇਜਾ, ਵੰਦਨਾ ਸ਼ਰਮਾ, ਸੁਧਾ ਬੇਦੀ, ਰਾਜਵਿੰਦਰ ਕੌਰ, ਗੁਰਜੀਤ ਸਿੰਘ ਘਟਾਉੜਾ, ਬਰਿਜ ਮੋਹਨ ਪੁਰੀ, ਪੰਕਜ ਰਾਵਤ ਅਤੇ ਹੋਰ ਪਤਵੰਤੇ ਹਾਜ਼ਰ ਸਨ।

2 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਨਸ਼ਿਆਂ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ ਪੁਲਿਸ ਨੇ ਦੋ ਵੱਖ-ਵੱਖ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲੇ ਦਰਜ ਕੀਤੇ ਹਨ। ਥਾਣਾ ਤਿੱਬੜ ਦੇ ਤਫਤੀਸ਼ੀ ਅਫਸਰ ਏ.ਐਸ.ਆਈ. ਬਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਵਿੱਕੀ ਪੁਤਰ ਗੇਜਾ ਮਸੀਹ ਵਾਸੀ ਭੁਲੇਚੱਕ ਥਾਣਾ ਤਿੱਬੜ ਪਾਸੋਂ ਇਕ ਲਾਇਟਰ, ਇਕ 10 ਰੁਪਏ ਦਾ ਭਾਰਤੀ ਕਰੰਸੀ ਨੋਟ, ਇਕ ਸਿਲਵਰ ਪੇਪਰ ਹੈਰੋਇਨ ਅਲੂਦ ਬਰਾਮਦ ਕੀਤੀ ਹੈ। ਇਸੇ ਤਰ੍ਹਾਂ ਥਾਣਾ ਕਾਹਨੂੰਵਾਨ ਦੇ ਏ.ਐੱਸ.ਆਈ. ਅਮਰੀਕ ਚੰਦ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਥਾਣਾ ਕਾਹਨੂੰਵਾਨ ਤੋ ਸਠਿਆਲੀ ਵੜੈਚ ਆਦਿ ਨੂੰ ਜਾ ਰਹੇ ਸੀ। ਜਦ ਸ਼ਮਸ਼ਾਨਘਾਟ ਮੋੜ ਕਾਲਾ ਬਾਲਾ ਨੇੜੇ ਪੁੱਜੇ ਤਾਂ ਸ਼ਮਸ਼ਾਨਘਾਟ ਦੇ ਅੰਦਰ ਕੁਲਦੀਪ ਸਿੰਘ ਉਰਫ ਸੋਨੂੰ ਪੁੱਤਰ ਜਗੀਰ ਸਿੰਘ ਵਾਸੀ ਕਾਹਨੂੰਵਾਨ ਜੋ ਹੈਰੋਇਨ ਦੀ ਕੱਸ਼ ਲਗਾ ਰਿਹਾ ਸੀ। ਪੁਲਸ ਨੇ ਉਕਤ ਦੋਵਾਂ ਕਥਿਤ ਦੋਸ਼ੀਆਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਡੇਅਰੀ ਵਿਕਾਸ ਵਿਭਾਗ ਨੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਾਇਆ



ਗੁਰਦਾਸਪੁਰ, (ਜਨਕ ਮਹਾਜਨ)- ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਅਤੇ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਗੁਰਚਰਨ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਵਿਖੇ ਵਾਰਡ ਨੰਬਰ 4 ਕਲਾਨੌਰ ਵਿਖੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿਚ ਘਰਾਂ 'ਚ ਵਰਤੇ ਜਾਂਦੇ ਦੁੱਧ ਦੀ ਕੁਆਲਟੀ ਪ੍ਰਤੀ ਜਾਗਰੂਕਤਾ ਲਿਆਉਣ ਲਈ ਮੁਫ਼ਤ ਦੁੱਧ ਪਰਖ ਕੈਂਪ ਲਗਾਇਆ ਗਿਆ। ਕੈਂਪ ਵਿਚ ਕੁੱਲ 19 ਸੈਂਪਲ ਲਏ ਗਏ। ਇਨ੍ਹਾਂ ਵਿਚੋਂ 9 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵਧ ਪਾਈ ਗਈ ਅਤੇ 10 ਸੈਂਪਲ ਮਿਆਰਾ ਅਨੁਸਾਰ ਪਾਏ ਗਏ। ਇਨ੍ਹਾਂ ਵਿਚ ਕੋਈ ਵੀ ਹਾਨੀਕਾਰਕ ਪਦਾਰਥ ਨਹੀਂ ਪਾਇਆ ਗਿਆ। ਇਸ ਕੈਂਪ ਦੇ ਸੈਂਪਲ ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ ਅਤੇ ਡੇਅਰੀ ਇੰਸਪੈਕਟਰ ਸ਼ੇਰ ਸਿੰਘ, ਕਰਨ ਭਗਤ ਨੇ ਟੈਸਟ ਕੀਤੇ। ਇੰਸਪੈਕਟਰ ਬਰਜਿੰਦਰ ਸਿੰਘ ਨੇ ਵਿਭਾਗੀ ਟੀਮ ਵਲੋਂ ਕਾਲੋਨੀ ਨਿਵਾਸੀਆਂ ਨੂੰ ਚੰਗੀ ਕੁਆਲਟੀ ਵਾਲਾ ਦੁੱਧ ਵਰਤਣ ਲਈ ਪ੍ਰੇਰਿਤ ਕੀਤਾ ਗਿਆ।

ਕਲਾਸੀਫਾਈਡ ਇਸ਼ਤਿਹਾਰ

Change of Name

I MR SHAISHAVKUMAR HEMANTKUMAR SON OF MR HEMANTKUMAR PEMA WHOSE PERMANENT ADDRESS IN INDIA IS BAPUNAGAR, SANJAN BUNDER, SANJAN, VALSAD, PIN: 396150, GUJARAT AND IS NOW LIVING AT 46 WILTSHIRE ROAD, LEICESTER, LE4 OJT, UK HEREBY GIVE NOTICE OF MY INTENTION TO CHANGE MY NAME TO SHAISHAVKUMAR PATEL. (U/I)

I, MASTER MUHAMMED AFRAN CHAIPARAMBIL MUHAMMED SUHAIL SON OF MS AMALA THOMAS WHOSE PERMANENT ADDRESS IN INDIA IS: CHAIPARAMBIL, KADUVAMUZHY, ERATTUPETTA P.O. KOTTAYAM, KERALA AND NOW LIVING AT 181 VERNON ROAD, LEICESTER, LE2 8GG, UK HEREBY GIVE NOTICE OF MY INTENTION TO CHANGE MY NAME TO AFRAN SUHAIL. (U/I)

I Jyoti Sahi W/o Jagjit Singh Sahi R/o Sahi Poultry Farm Village Kila Darshan Singh Post office Batala 143505 have changed spellings of my name from Jyoty Sahi to Jyoti Sahi. All concerned may please note.

I Vipan Masih s/o Lal Chand R/O V.Nandan Pur, Distt. Jalandhar declare that I have two my names Vipan Masih and Vipan Masih Gharu note Vipan Masih (without Surname) and Vipan Masih Gharu (with Surname) is the one and same person please note all concerned.

I, Jagdev Teji S/o Karan Chand R/o Moh. Shergarh, Opposite Radha Krishan Mandir, Kapurthala, Teh. Kapurthala, Distt. Kapurthala, Punjab declare that i have changed my name from Jagdev to Jagdev Teji. Concerned note.

I, Sarabjeet Teji W/o Jagdev Teji R/o Moh. Shergarh, Opposite Radha Krishan Mandir, Kapurthala, Teh. Kapurthala, Distt. Kapurthala, Punjab declare that i have changed my name from Sarabjeet to Sarabjeet Teji. Concerned note.

I, Inderjit Kaur W/o Arwinder Singh R/o AEDI, Gali Karam Singh, Chowk Karori, Amritsar, Punjab have changed my name from Inderjit Kaur to Inderjeet Kaur.

I, Baljeet Kaur Bal W/o Harjeet Singh R/o H.No. HHH, Gali No. C, Tehsil Pura, Amritsar, Punjab have changed my name from Baljeet Kaur Bal to Baljeet Kaur.

I, Bhavika Bhardwaj D/o Ajay Kumar, R/o H.No. 780/20, New Gopal Nagar, Jalandhar have changed my name from Bhavika Bhardwaj to Bhavika

I, Gurmeet Kaur W/o Gurcharan Singh, R/o H.No. 11, New Jawala Nagar, Maqsudan, Jalandhar have changed my name from Gurmit Kaur to Gurmeet Kaur.

I Sukhvinder Singh S/o Mohan Singh R/o VPO Randhawa Masandan, Jalandhar, Punjab - 144004 have changed my name/spelling from Sukhvinder Singh to Sukhwinder Singh. All concerned may note.

I, Jagdish Singh S/o Balwinder Singh R/o Vill Devi Dass, PO Baja Chak, Teh Mukerian, Hoshiarpur, Pin: 144214, Punjab, India have changed my name fromJAGDISH SINGH to JAGDISH as given name and SINGH as surname. All concerned please note.

I, Pooja Sharma W/o Somesh Sharma R/o H.No. 61, NH 44, Opposite Toyoto Castle Showroom, Maan Enclave, PO. Reru, Jalandhar - 144012, Punjab. I have changed my name from Puja Sharma to Pooja Sharma. All concerned please note.

I, Kawaljit Kaur wife of Sukhjinder Singh resident of House No. D17/1256, Gali No. 3, Kartar Nagar, Chheharta, Amritsar, Punjab, declared that I have changed my name from Kawaljit Kaur to Kawaljeet Kaur.

I, Paramjit Kaur wife of Kuldeep Singh resident of House No. 143, Prem Nagar, Near Gurdwara, Karnal, Haryana, declared that I have changed my name from Paramjit Kaur to Paramjeet Kaur

I, Rajni Kaur W/o Lakhwinder Singh R/o Vill. Sandpura, Teh. Patti District Tarn Taran Punjab have declare that Rajni is my Given name and kaur is my Surname

I, Paramjeet Singh, S/o Inder Singh, R/o Cheema Niwas, St. No. 6, Vikas Nagar, Ghanupur, Chheharta, Amritsar-143001, presently at Elk Grove, CA, USA, Passport No. Z6019517, have changed my name from Given Name Paramjeet Singh (no surname) to Given Name Paramjeet, Surname Singh, vide affidavit dated 10 November 2026. All concerned note

I, Robinjeet Singh Brar S/o Gurjeet Singh R/o Near Gandhar Road VPO Lakhewali Sri Muktsar Sahib have changed my name from Robinjeet Singh Brar to Robinjeet Singh.

I, Inderpreet Singh s/o Harjinder Singh r/o VPO. Chaheru, Teh. Phagwara, Kapurthala have changed my Given name as Inderpreet & Surname as Singh. All Please Note.

Change of Name

I, Ajay Kumar s/o Satnam r/o VPO.Dhogri, Distt.Jalandhar-144025, Punjab have changed my Given name as Ajay & Surname as Kumar. All Please Note.

I, Harjap Singh Samra s/o Harjinder Singh r/o VPO. Badala Mahi, Hoshiarpur-144105, Punjab have changed my name from Harjap Singh to Harjap Singh Samra. All Please Note.

I, Parmodh Singh s/o Gurdev Singh r/o 114, Arjan Nagar, Basti Mithu, Jalandhar have changed my minor son name from Mankirat Singh to Given name as Mankirat & Surname as Singh. All Please Note.

I, Jaspal Singh s/o Sarbjit Singh r/o VPO. Bhullarai, Tehsil Phagwara, Distt. Kapurthala have changed my Given name Jaspal & Surname as Singh. All Please Note.

I, Ashu s/o Mukesh Kumar r/o H.No.644-R, Green Model Town, Near Rana Hospital, Ashu Shopping Centre, Jalandhar, Punjab have changed my name from Ashu to Ashu Maddan. All Please Note.

I, Falak Dhawan w/o Dhruv Kandhari r/o H.no.30A, Guru Ram Dass Colony, Mithapur Road, Jalandhar have changed my name from Falak Dhawan to Falak Kandhari. All Please Note.

I, Anshul s/o Surinder Kumar Midda r/o H.No. 252-B-1, Surya Enclave, Jalandhar have changed my name from Anshul to Anshul Midha. All Please Note.

I, Balwinder S/o Munsi R/o VPO. Ghoga, Tehsil Batala, Distt. Gurdaspur, Punjab-143507 have changed my name from Balwinder to Balwinder Singh. That my Given Name as Balwinder & Surname as Singh. Concerned Note.

I, Robin S/o Balwinder Singh R/o VPO. Ghoga, Tehsil Batala, Distt. Gurdaspur, Punjab-143507 have changed my name from Robin to Robin Singh. That my Given Name as Robin & Surname as Singh. Concerned Note.

I, Ramandeep S/o Gurdial R/o Vill. Sathiali, PO. Nainakot, Distt. Gurdaspur, Punjab-143528 have changed my name from Ramandeep to Ramandeep Ramandeep. That Ramandeep is My Surname & Ramandeep is My Given Name. Concerned Note.

I, Yashkaran S/o Dalbir Chand R/o Village Chachowal, PO. Daduwal, Tehsil Phillaur, District Jalandhar, Punjab have changed my name from Yashkaran to Yashkaran Bhatoy (Bhatoy as Surname). All concerned please note.

I, Surinder Pal S/o Prem Pal R/o VPO. Chabbewal, Near S G H R for Women College Chabbewal, Tehsil & District Hoshiarpur, Punjab have changed my name from Surinder Pal to Pal Surinder. Concerned Note.

I, Sandeep Rani W/o Jograj R/o VPO. Powadra, Tehsil Phillaur, Distt. Jalandhar, Punjab-144036 have changed my name from Sandeep Rani to Given Name Sandeep & Surname as Rani. All concerned please note.

ਬੇਦਖਲੀ ਨੋਟਿਸ

ਮੈਂ, ਸੁਰੇਸ਼ ਕੁਮਾਰ ਪੁੱਤਰ ਰਾਮ ਸਰੂਪ ਵਾਸੀ ਜੀ 6/20663 ਇੰਦਰਾ ਕਾਲੋਨੀ, ਟਾਵਰ ਵਾਲੀ ਗਲੀ, ਪਲਾਟ ਨੰਬਰ 5, ਨੇੜੇ ਪਾਵਰ ਹਾਊਸ, ਬਟਾਲਾ ਰੋਡ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰੋਹਿਤ ਕੁਮਾਰ, ਪੋਤਰੀਆਂ ਪ੍ਰੀਆ, ਅੰਜਲੀ ਅਤੇ ਪੋਤਰਾ ਅੰਕੁਸ਼ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ- ਝਗੜਾ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਰਾਜਵਿੰਦਰ ਸਿੰਘ ਪੁੱਤਰ ਸੁੱਚਾ ਸਿੰਘ ਅਤੇ ਰਣਜੀਤ ਕੋਰ ਪਤਨੀ ਰਾਜਵਿੰਦਰ ਸਿੰਘ ਵਾਸੀਆਨ ਪਿੰਡ ਗੁਜਰਪੁਰਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਗਜੀਤ ਸਿੰਘ ਅਤੇ ਸਾਡੀ ਨੂੰਹ ਨੀਲਮ ਦੋਵੇਂ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਬਲਵੀਰ ਕੌਰ ਵਿਧਵਾ ਗੁਰਦਿਆਲ ਸਿੰਘ ਵਾਸੀ ਪਿੰਡ ਸਰਗੁੰਦੀ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਿਜੈ ਡਾਬਲਾ ਤੇ ਉਸਦੀ ਪਤਨੀ ਰਜਨੀ ਬਾਲਾ ਡਾਬਲਾ ਵਾ ਦੂਜਾ ਲੜਕਾ ਸੰਦੀਪ ਸਿੰਘ ਉਰਫ ਮੁਹੰਮਦ ਚੌਧਰੀ ਤੇ ਉਸਦੀ ਪਤਨੀ ਮਹਿਰਨ ਚੌਧਰੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ ਜਸਵਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਕਰਤਾਰ ਨਗਰ ਜੀ ਟੀ ਰੋਡ ਬਟਾਲਾ ਜਿਲਾ ਗੁਰਦਾਸਪੁਰ ਮੇਰਾ ਲੜਕਾ ਕਰਨਬੀਰ ਸਿੰਘ ਜੋ ਕੁਆਰਾ ਹੈ ਅਤੇ ਭੈੜੀ ਸੰਗਤ ਵਿੱਚ ਪੈ ਗਿਆ ਹੈ ਜੋਂ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਆਪਣੇ ਲੜਕੇ ਕਰਨਵੀਰ ਸਿੰਘ ਨੂੰ ਆਪਣੀ ਚਲ ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਅੱਜ ਤੋਂ ਬਾਅਦ ਜੇਕਰ ਕੋਈ ਵੀ ਵਿਅਕਤੀ ਇਸ ਨਾ ਕੋਈ ਵੀ ਲੈਣ ਦੇਣ ਕਰਦਾ ਹੈ ਤਾਂ ਉਹ ਖੁਦ ਜ਼ਿੰਮੇਵਾਰ ਹੋਏਗਾ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ ਸੰਬੰਧਿਤ ਨੋਟ ਕਰਨ ।

ਬੇਦਖਲੀ ਨੋਟਿਸ

ਮੈਂ, ਗੋਪਾਲ ਕ੍ਰਿਸ਼ਨ ਪੁੱਤਰ ਪ੍ਰੀਤਮ ਰਾਮ ਵਾਸੀ ਲਹਿਰਾਗਾਗਾ, ਤਹਿ. ਲਹਿਰਾ, ਜ਼ਿਲ੍ਹਾ ਸੰਗਰੂਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮਨਪ੍ਰੀਤ ਸ਼ਰਮਾ (ਰੌਕੀ) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਰਾਜਵਿੰਦਰ ਕੌਰ ਪਤਨੀ ਨਵਿੰਦਰ ਸਿੰਘ ਵਾਸੀ ਪਿੰਡ ਸੁਰਖਪੁਰ, ਜ਼ਿਲ੍ਹਾ ਕਪੂਰਥਲਾ ਬਿਆਨ ਕਰਦੀ ਹਾਂ ਕਿ ਮੇਰੀ ਪੁੱਤਰੀ ਰਮਨਪ੍ਰੀਤ ਕੌਰ ਜੋ ਕਿ ਮੇਰੇ ਕਹਿਣੇਕਾਰ ਤੋਂ ਬਾਹਰ ਹੈ । ਮੈਂ ਆਪਣੀ ਪੁੱਤਰੀ ਰਮਨਪ੍ਰੀਤ ਕੌਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਮੈਂ ਹਰਜਿੰਦਰ ਸ਼ਰਮਾ ਪੁੱਤਰ ਓਂਕਾਰ ਨਾਥ ਵਾਸੀ ਪਲਾਟ ਨੰ: 139, ਅਬਾਦੀ ਗ੍ਰਿਨ ਵੈਲੀ, ਹਮੀਦਪੁਰਾ ਛੇਹਰਟਾ ਅੰਮ੍ਰਿਤਸਰ ਆਪਣੇ ਲੜਕੇ ਅਭੀ ਦੇਵਗਨ ਅਤੇ ਉਸਦੀ ਪਤਨੀ ਕਸ਼ਿਸ਼ ਸ਼ਰਮਾ ਜੋ ਮੇਰੇ ਕਹਿਣੇ ਵਿੱਚ ਨਹੀਂ ਹਨ, ਮੇਰੀ ਕੋਈ ਗੱਲ ਨਹੀਂ ਮੰਨਦੇ, ਆਪਣੀ ਮਰਜੀ ਕਰਦੇ ਹਨ, ਨੂੰ ਆਪਣੀ ਚੱਲ-ਅਚੱਲ, ਬੁੱਕਵੀ-ਅਣਬੁੱਕਵੀ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਮਾੜੇ ਚੰਗੇ ਕੰਮ, ਨਫ਼ੇ ਨੁਕਸਾਨ, ਲੈਣ ਦੇਣ, ਲੜਾਈ ਝਗੜੇ ਦੇ ਲਈ ਮੈਂ ਅਤੇ ਮੇਰੇ ਪਰਿਵਾਰ ਦਾ ਕੋਈ ਵੀ ਮੈਂਬਰ ਜ਼ਿੰਮੇਵਾਰ ਨਹੀ ਹੋਵੇਗਾ। ਮੇਰਾ ਅਭੀ ਦੇਵਗਨ ਅਤੇ ਉਸਦੀ ਪਤਨੀ ਕਸ਼ਿਸ਼ ਸ਼ਰਮਾ ਦੇ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ ਗੁਰਨਾਮ ਸਿੰਘ ਪੁੱਤਰ ਸੁਰਜਨ ਸਿੰਘ ਵਾਸੀ ਪਿੰਡ ਕੋਟ ਖਹਿਰਾ, ਤਹਿਸੀਲ ਬਾਬਾ ਬਕਾਲਾ, ਜਿਲਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਹਰਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸਵਰਨ ਕੌਰ ਪਤਨੀ ਸ. ਗੁਲਜਾਰ ਸਿੰਘ ਵਾਸੀ ਪਿੰਡ ਵਰਿਆਣਾ ਕਲੋਨੀ, ਜਲੰਧਰ -144013 ਇਹ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਸੁਰਜੀਤ ਸਿੰਘ, ਗੁਰਜੀਤ ਸਿੰਘ ਅਤੇ ਮੇਰੀ ਲੜਕੀ ਦਲਜੀਤ ਕੌਰ ਵਾ ਇਹਨਾਂ ਦੇ ਪਰਿਵਾਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰਕ ਮੈਂਬਰਾਂ ਦਾ ਇਹਨਾਂ ਨਾਲ ਕੋਈ ਸਬੰਧ ਨਹੀਂ ਹੈ। ਇਹਨਾਂ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ, ਵੀਨਾ ਪਤਨੀ ਪੱਪੂ ਵਾਸੀ 19, ਜੈਰਾਮਕੋਟ, ਡਾਕ. ਜਸਤਰਵਾਲ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਪ੍ਰਿੰਸ, ਜੋ ਕਿ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ-ਸੁਣਨੇ ਤੋਂ ਬਾਹਰ ਹੈ, ਬੁਰੀ ਸੰਗਤ ਵਿਚ ਪੈ ਗਿਆ ਹੈ ਅਤੇ ਲੜਾਈ-ਝਗੜਾ ਕਰਦਾ ਰਹਿੰਦਾ ਹੈ। ਮੈਂ ਉਸ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਹਰਭਾਗ ਸਿੰਘ ਪੁੱਤਰ ਗੁਰਮੁੱਖ ਸਿੰਘ ਅਤੇ ਰਾਜਬੀਰ ਕੌਰ ਪਤਨੀ ਹਰਭਾਗ ਸਿੰਘ ਵਾਸੀ 12, ਰਾਮ ਤੀਰਥ ਰੋਡ, ਬਾਬਾ ਦਰਸ਼ਨ ਸਿੰਘ ਐਵੀਨਿਊ, ਕਾਲਾ ਘਨੂੰਪੁਰ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਰਮਨਜੀਤ ਸਿੰਘ ਅਤੇ ਇਸ ਦੀ ਪਤਨੀ ਹਰਮੀਤ ਕੌਰ, ਜੋ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ ਅਤੇ ਅਸੀਂ ਇਨ੍ਹਾਂ ਨਾਲੋਂ ਆਪਣੇ ਸਾਰੇ ਸੰਬੰਧ ਖਤਮ ਕਰ ਰਹੇ ਹਾਂ। ਇਨ੍ਹਾਂ ਦਾ ਸਾਡੇ ਪਰਵਾਰ ਨਾਲ ਕੋਈ ਸੰਬੰਧ ਨਹੀਂ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਆਮ ਸੂਚਨਾ

ਮੈਂ ਦੌਲਤ ਰਾਮ (Doualt Ram) ਪੁੱਤਰ ਮਹਿੰਦਰ ਪਾਲ (Mahinder Pal), ਵਾਸੀ ਪਿੰਡ ਲਹਿਰਾ ਮੁਹੱਬਤ (ਜ਼ਿਲ੍ਹਾ ਬਠਿੰਡਾ) ਬਿਆਨ ਕਰਦਾ ਹਾਂ ਮੇਰੇ ਆਧਾਰ ਕਾਰਡ (ਨੰ: 7007 2395 5309), ਪੈਨ ਕਾਰਡ ਸਮੇਤ ਕੁੱਝ ਹੋਰ ਦਸਤਾਵੇਜ਼ਾਂ ਵਿੱਚ ਮੇਰਾ ਨਾਮ Doualt Ram ਦਰਜ ਹੈ ਜਦਕਿ ਮੇਰੇ ਪਾਵਰਕਾਮ ਵਿੱਚ ਸਰਵਿਸ ਰਿਕਾਰਡ ਵਿੱਚ ਮੇਰਾ ਨਾਮ Doulat Ram ਦਰਜ ਹੈ। ਉਕਤ ਦੋਨੋਂ ਨਾਮ (Doualt Ram & Doulat Ram) ਮੇਰੇ ਹੀ ਹਨ। ਮੈਨੂੰ ਉਕਤ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ ਪਰਵਿੰਦਰ ਸਿੰਘ (Parvinder Singh) ਪੁੱਤਰ ਸੁਖਵਿੰਦਰ ਸਿੰਘ (Sukhvinder Singh), ਵਾਸੀ ਪਿੰਡ ਲਹਿਰਾ ਮੁਹੱਬਤ (ਜ਼ਿਲ੍ਹਾ ਬਠਿੰਡਾ) ਬਿਆਨ ਕਰਦਾ ਹਾਂ ਮੇਰੇ ਆਧਾਰ ਕਾਰਡ, ਪੈਨ ਕਾਰਡ ਸਮੇਤ ਕੁੱਝ ਹੋਰ ਦਸਤਾਵੇਜ਼ਾਂ ਵਿੱਚ ਮੇਰਾ ਨਾਮ Parvinder Singh ਹੈ ਅਤੇ ਮੇਰੇ ਪਿਤਾ ਦਾ ਨਾਮ Sukhvinder Singh ਦਰਜ ਹੈ, ਜੋ ਕਿ ਸਹੀ ਹੈ। ਜਦਕਿ ਪਾਵਰਕਾਮ ਵਿੱਚ ਮੇਰੇ ਸਰਵਿਸ ਰਿਕਾਰਡ ਵਿੱਚ ਮੇਰਾ ਨਾਮ Parwinder Singh ਅਤੇ ਮੇਰੇ ਪਿਤਾ ਦਾ ਨਾਮ Sukhmandar Singh ਦਰਜ ਹੈ। ਮੇਰੇ ਸਰਵਿਸ ਰਿਕਾਰਡ ਵਿੱਚ ਦਰੁਸਤ ਕਰਕੇ ਮੇਰਾ ਨਾਮ Parvinder Singh S/o Sukhvinder Singh ਕੀਤਾ ਜਾਵੇ ਅਤੇ ਮੈਨੂੰ ਮੇਰੇ ਸਹੀ ਨਾਮ ਨਾਲ ਜਾਣਿਆ ਤੇ ਬੁਲਾਇਆ ਜਾਵੇ।

ਮੈਂ ਸਵਰਨ ਸਿੰਘ (Swaran Singh) ਪੁੱਤਰ ਝੰਡਾ ਸਿੰਘ (Jhanda Singh), ਵਾਸੀ ਪਿੰਡ ਕਲਿਆਣ ਸੱਦਾ (ਜ਼ਿਲ੍ਹਾ ਬਠਿੰਡਾ) ਬਿਆਨ ਕਰਦਾ ਹਾਂ ਮੇਰੇ ਆਧਾਰ ਕਾਰਡ (ਨੰ: 3057 2069 1368), ਪੈਨ ਕਾਰਡ ਸਮੇਤ ਕੁੱਝ ਹੋਰ ਦਸਤਾਵੇਜ਼ਾਂ ਵਿੱਚ ਮੇਰਾ ਨਾਮ Swaran Singh ਦਰਜ ਹੈ ਜਦਕਿ ਮੇਰੇ ਪਾਵਰਕਾਮ ਵਿੱਚ ਸਰਵਿਸ ਰਿਕਾਰਡ ਵਿੱਚ ਮੇਰਾ ਨਾਮ Sawaran Singh ਦਰਜ ਹੈ। ਉਕਤ ਦੋਨੋਂ ਨਾਮ (Swaran Singh & Sawaran Singh) ਮੇਰੇ ਹੀ ਹਨ। ਮੈਨੂੰ ਉਕਤ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ ਗੁਰਜੀਤ ਸਿੰਘ (Gurjit Singh) ਪੁੱਤਰ ਸ਼ਾਮ ਸਿੰਘ (Sham Singh), ਵਾਸੀ ਪਿੰਡ ਲਹਿਰਾ ਮੁਹੱਬਤ (ਜ਼ਿਲ੍ਹਾ ਬਠਿੰਡਾ) ਬਿਆਨ ਕਰਦਾ ਹਾਂ ਮੇਰੇ ਆਧਾਰ ਕਾਰਡ, ਪੈਨ ਕਾਰਡ ਸਮੇਤ ਕੁੱਝ ਹੋਰ ਦਸਤਾਵੇਜ਼ਾਂ ਵਿੱਚ ਮੇਰਾ ਨਾਮ Gurjit Singh ਦਰਜ ਹੈ ਜਦਕਿ ਮੇਰੇ ਪਾਵਰਕਾਮ ਵਿੱਚ ਸਰਵਿਸ ਰਿਕਾਰਡ ਵਿੱਚ ਮੇਰਾ ਨਾਮ Gurjeet Singh ਦਰਜ ਹੈ। ਉਕਤ ਦੋਨੋਂ ਨਾਮ (Gurjit Singh & Gurjeet Singh) ਮੇਰੇ ਹੀ ਹਨ। ਮੈਨੂੰ ਉਕਤ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

ਮੈਂ, ਮਦਨ ਲਾਲ ਪੁੱਤਰ ਲੇਟ ਹੰਸ ਰਾਜ ਵਾਸੀ 42/1, ਗੁਰੂ ਨਾਨਕ ਨਗਰ, ਬਸਤੀ ਸ਼ੇਖ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਗੁਰਜਿੰਦਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 26-08-2026 ਨੂੰ ਨਵਾਂ ਜ਼ਮਾਨਾ ਅਖ਼ਬਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਬੇਦਖਲੀ ਵਾਪਿਸ ਲੈਂਦਾ ਹਾਂ ਅਤੇ ਹੁਣ ਮੇਰਾ ਲੜਕਾ ਮੇਰੀ ਚੱਲ ਵਾ ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਆਮ ਸੂਚਨਾ

ਮੈਂ ਕਲਪੇਸ਼ਵਰੀ ਨੇਗੀ ਪਤਨੀ ਸੁਖਦੇਵ ਸਿੰਘ ਨੇਗੀ ਵਾਸੀ ਮਕਾਨ ਨੰਬਰ 990, ਕ੍ਰਿਸ਼ਨਾ ਸਵੀਟ ਸ਼ਾਪ ਵਾਲੀ ਗਲੀ, ਰਾਮਾ ਮੰਡੀ, ਜਲੰਧਰ, ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਕਰਿਸ਼ਮਾ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ 10ਵੀਂ (ਰੋਲ ਨੰ: 1025270794) ਅਤੇ 8ਵੀਂ ਦੇ ਸਰਟੀਫਿਕੇਟਾਂ ਵਿੱਚ ਸਾਡਾ ਸਰਨੇਮ ਨੇਗੀ ਦਰਜ ਨਹੀਂ ਹੈ ਅਤੇ ਮਾਤਾ ਦਾ ਨਾਮ ਵੀ ਅਧੂਰਾ ਦਰਜ ਹੈ। ਜਨਮ ਸਰਟੀਫਿਕੇਟ ਅਨੁਸਾਰ ਸਾਡੇ ਸਹੀ ਨਾਮ ਕਰਿਸ਼ਮਾ ਨੇਗੀ-ਲੜਕੀ, ਸੁਖਦੇਵ ਸਿੰਘ ਨੇਗੀ-ਪਿਤਾ ਅਤੇ ਕਲਪੇਸ਼ਵਰੀ ਨੇਗੀ-ਮਾਤਾ ਹਨ। ਇਸ ਲਈ ਸਕੂਲ ਅਤੇ ਬੋਰਡ ਰਿਕਾਰਡਾਂ ਵਿੱਚ ਸਰਨੇਮ ਨੇਗੀ ਜੋੜ ਕੇ ਨਾਮ ਦਰੁਸਤ ਕੀਤਾ ਜਾਵੇ।

ਮੈਂ, ਬਲਰਾਜ ਸਿੰਘ ਸਪੁੱਤਰ ਹਰਮਿੰਦਰ ਸਿੰਘ ਵਾਸੀ ਸ਼ੇਰਪੁਰ ਦੋਨਾ, ਤਹਿ. ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦਾ ਰਹਿਣ ਵਾਲਾ ਹਾਂ। ਇਹ ਹੈ ਕਿ ਮੋਟਰ ਕੁਨੈਕਸ਼ਨ, ਜਿਸ ਦਾ ਖਾਤਾ ਨੰ: 3004480467, ਜੋ ਕਿ ਮੇਰੇ ਪਿਤਾ ਹਰਮਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਦੇ ਨਾਂਅ ਪੁਰ ਹੈ। ਮੇਰੇ ਪਿਤਾ ਦੀ ਮੌਤ ਹੋ ਚੁੱਕੀ ਹੈ। ਇਹ ਕੁਨੈਕਸ਼ਨ ਮੈਂ ਜਿਸ ਨੂੰ ਆਪਣੇ ਨਾਂਅ ਪਰ ਟਰਾਂਸਫਰ ਕਰਵਾਉਣਾ ਚਾਹੁੰਦਾ ਹੈ। ਜੇਕਰ ਇਸ ਸੰਬੰਧੀ ਕਿਸੇ ਨੂੰ ਇਤਰਾਜ਼ ਹੈ ਤਾਂ 15 ਦਿਨਾਂ ਦੇ ਅੰਦਰ-ਅੰਦਰ ਪਾਵਰਕਾਮ ਸਬ-ਡਵੀਜ਼ਨ ਸੁਲਤਾਨਪੁਰ ਲੋਧੀ ਪਾਸ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

ਮੈਂ, ਕਸ਼ਮੀਰ ਸਿੰਘ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਸੱਕਿਆਂਵਾਲੀ, ਤਹਿਸੀਲ ਖਡੂਰ ਸਾਹਿਬ, ਜਿਲਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰੀ ਪਤਨੀ ਰਾਜਬੀਰ ਕੌਰ ਦੀ ਮੌਤ ਮਿਤੀ 25-04-2022 ਨੂੰ ਹੋ ਚੁੱਕੀ ਹੈ। ਮੇਰੀ ਪਤਨੀ ਦੀ ਮੌਤ ਤੋਂ ਬਾਅਦ ਉਹਨਾਂ ਦੇ ਅਸੀਂ ਚਾਰ ਵਾਰਸ ਹਾਂ, ਜਿਨ੍ਹਾਂ ਵਿੱਚ ਮੈਂ ਖੁਦ ਕਸ਼ਮੀਰ ਸਿੰਘ ਅਤੇ ਮੇਰੇ ਪੁੱਤਰ ਕੁਲਬੀਰ ਸਿੰਘ, ਜ਼ਸਬੀਰ ਸਿੰਘ ਅਤੇ ਪੁੱਤਰੀ ਕੁਲਜੀਤ ਕੌਰ ਹਾਂ। ਸਾਡੇ ਚਾਰਾਂ ਤੋਂ ਇਲਾਵਾ, ਸਵ. ਸ਼੍ਰੀਮਤੀ ਰਾਜਬੀਰ ਕੌਰ ਦਾ ਕੋਈ ਹੋਰ ਵਾਰਸ ਨਹੀਂ ਹੈ। ਸਬੰਧਤ ਨੋਟ ਕਰਨ।

ਮੈਂ, ਸਤਨਾਮ ਸਿੰਘ ਪੁੱਤਰ ਸੁਰਿੰਦਰ ਸਿੰਘ, ਵਾਸੀ ਸੁੱਚੀ ਪਿੰਡ , ਡਾਕਖਾਨਾ ਚੋਗਿਟੀ, ਜ਼ਿਲ੍ਹਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਮਨਪ੍ਰੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਸਾਡੀ ਅਤੇ ਸਾਡੇ ਪਰਿਵਾਰ ਦੀ ਉਸਦੀ ਕਿਸੇ ਵੀ ਲੈਣ ਦੇਣ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਉਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

ਮੈਂ ਗੁਰਵੀਰ ਸਿੰਘ ਪੁੱਤਰ ਰਸਪਾਲ ਸਿੰਘ ਵਾਸੀ ਪਿੰਡ ਘੱਗਾ ਤਹਿਸੀਲ ਪਾਤੜਾਂ (ਪਟਿਆਲਾ) ਬਿਆਨ ਕਰਦਾ ਹਾਂ ਕਿ ਪਹਿਲਾਂ ਮੈਨੂੰ ਗੁਰਦੀਪ ਸਿੰਘ ਦੇ ਨਾਮ ਨਾਲ ਜਾਣਿਆ ਜਾਂਦਾ ਸੀ ਹੁਣ ਮੈਂ ਆਪਣਾ ਨਾਮ ਗੁਰਦੀਪ ਸਿੰਘ ਤੋਂ ਬਦਲ ਕੇ ਗੁਰਵੀਰ ਸਿੰਘ ਰੱਖ ਲਿਆ ਹੈ।ਮੇਰੇ ਇਸ ਨਾਮ ਦੀ ਮੇਰੀ ਖੁਦ ਦੀ ਜ਼ਿੰਮੇਵਾਰੀ ਹੈ।ਮੇਰੀ ਜਨਮ ਮਿਤੀ 15-03-2000 ਬਿਲਕੁਲ ਸਹੀ ਵਾ ਦਰੁਸਤ ਹੈ।

PUBLIC NOTICE

I, Baljinder Kaur, Wife of Amrik Singh, R/O Village Kulian, Tehsil Sri Chamkaur Sahib, Rupnagar, Punjab, hereby declare that my name is recorded as Baljinder Kaur in my Aadhaar Card, whereas my name is recorded as Harjinder Kaur in the School Certificate of my son Gurpreet Singh. Both names refer to one and the same person, i.e. myself. I shall be responsible for any discrepancy in this regard.

I, Satpal Komal S/o Milkhi Ram R/o W.K. 212, New Harbans Nagar, Basti Guzan, Jalandhar, Punjab-144002 declare that I have lost my Generar Power of Attorney (Delhi) Smt. Vaishali Seth Appoint Authorise Nominate, Constitue E and Empower Satpal Komal, Sale Deed Regd. Document 11302, Dated 12-12-2008. That I tried a lot to find the said documents but I could not find it. That If anyone finds my documents then contact me at above address. All concerned please note.

I Karun Dhawan S/o Raj Kumar Dhawan R/o H.no 51, Surya Vihar, Near D.A.V Collage, Jalandhar-144001. I have Lost my Sale deed No. 402 Dated 17-04-2015 and Transfer Deed No. 893 Dt. 08-05-2015 at Leather Complex, Jalandhar On Dt. 10-10-2026. If anyone found above said sale deed or have any objection with regard to the above said deed, kindly contact Advocate Mr. Vikas Sood. M. No. 98140-94356 District courts Jalandhar within 14 days from the date of publication." Thereafter no claim Shell be considered.

I, Satpal Komal S/o Milkhi Ram R/o W.K. 212, New Harbans Nagar, Basti Guzan, Jalandhar, Punjab-144002 declare that I have lost my Generar Power of Attorney (Delhi) Smt. Vaishali Seth Appoint Authorise Nominate, Constitue E and Empower Satpal Komal, Sale Deed Regd. Document 11302, Dated 12-12-2008. That I tried a lot to find the said documents but I could not find it. That If anyone finds my documents then contact me at above address. All concerned please note.

I, Gurmeet Singh S/o Jagrup Singh R/o VPO. Chuhar Chak, Patti Dhuri, Distt. Moga, Punjab declare that my daughter Navneet Kaur Gill is out of my control. I disinherit her from my moveable and immovable properties. I and my family shall not be held responsible for any of her acts, deeds and things. All please note.

I, Tarsem Singh S/o Gurmit Singh R/o Talwara Mohalla, Raipur Rasulpur, Distt. Jalandhar, Punjab declare that my son Gurjit Singh is out of my control. I disinherit him from my movable and immovable properties. I and my family shall not be held responsible for any of his acts deeds and things. All please note. (R)

COURT NOTICE

(U/o 5 Rule 20 CPC)
(Succession Case)
In the Court of
Dr. Shilpi Gupta
Civil Judge (Senior Division), Patiala
CNR No. PBPT02-003838-2026
Next Date :- 11-12-2026
Surjeet Kaur
Vs.
General Public
Notice To :
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsil on 11-12-2026 at 10:00 A.M.

For details logon to https://highcourtchd.gov.in/?mod=district_notice&district= Patiala
Civil Judge (Senior Division), Patiala
Dated, this day of 11-11-2026

COURT NOTICE

In the Court of
Ms. Upasna Goyal
Judicial Magistrate-1st Class, Ludhiana
CNR No.:- PBLD03-018539-2025
Next Date:-24-12-2026
Cholamandlam Investment and Finance Company
Vs. Hitu Sharma
Detail of offence :-
Notice To:
Hitu Sharma
Wife of Mohit Sharma Resident of House No. 462-1, B.R.S Nagar, Rajguru Nagar, Ldh.

In above titled case, the accused could not be served. It is ordered that accused should appear in person or through counsel on 24-12-2026 at 10.00 a.m.

For details logon to https://highcourtchd.gov.in/?mod=district_notice&district=mogacourt.
Judicial Magistrate - 1st Class Ludhiana
Dated, this day of 05-11-2026

COURT NOTICE

In the Court of
Ms. Upasna Goyal
Judicial Magistrate - 1st Class Ludhiana
CNR No.:- PBLD03-018540-2025
Next Date:-24-12-2026
Cholamandlam Investment and Finance Company
Vs. Hitu Sharma
Detail of offence :-
Notice To:
Hitu Sharma
Wife of Mohit Sharma Resident of House No 462-1, B.R.S Nagar, Rajguru Nagar, Ludhiana -141012, Pb.

In above titled case, the accused could not be served. It is ordered that accused should appear in person or through counsel on 24-12-2026 at 10.00 a.m.

For details logon to https://highcourtchd.gov.in/?mod=district_notice&district=mogacourt.
Judicial Magistrate - 1st Class Ludhiana
Dated, this day of 05-11-2026

ਅਦਾਲਤੀ ਇਸ਼ਤਿਹਾਰ

ਬ-ਅਦਾਲਤ ਸ੍ਰੀ ਮੱਖਣ ਸਿੰਘ ਮਹੇ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।
ਕੇਸ ਅਨੁਵਾਨ : ਜਗਜੀਤ ਸਿੰਘ ਬਨਾਮ ਗੁਰਬਖਸ਼ ਕੌਰ ਵਗੈਰਾ ਵਾਕਿਆ ਪਿੰਡ : ਪਿੰਡ ਘੋੜੇਵਾਹੀ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ
ਇਹ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ
ਨੋਟਿਸ ਬਨਾਮ-

1. ਗੁਰਬਖਸ਼ ਕੌਰ ਵਿਧਵਾ ਹਰਪ੍ਰੀਤ ਸਿੰਘ, 2. ਗੁਰਸ਼ਰਨ ਜੋਤ ਸਿੰਘ ਪੁੱਤਰ ਹਰਪ੍ਰੀਤ ਸਿੰਘ, 3.ਜਸਪਾਲ ਸਿੰਘ ਪੁੱਤਰ ਜਗੀਰ ਸਿੰਘ, 4. ਹਰਵਿੰਦਰ ਕੌਰ ਪੁੱਤਰੀ ਜਗੀਰ ਸਿੰਘ, 5. ਜੋਗਿੰਦਰ ਲਾਲ ਪੁੱਤਰ ਅਮੀ ਚੰਦ, 6. ਅਮਰਇਕਬਾਲ ਸਿੰਘ ਪੁੱਤਰ ਪ੍ਰੀਤਮ ਸਿੰਘ, 7. ਰਾਜਵੰਤ ਸਿੰਘ ਪੁੱਤਰ ਪ੍ਰੀਤਮ ਸਿੰਘ, 8. ਮਨਜੀਤ ਕੌਰ ਮਾਤਾ ਗੁਰਵਿੰਦਰ ਸਿੰਘ, 9. ਕੁਲਵਿੰਦਰ ਸਿੰਘ ਪੁੱਤਰ ਗੁਰਦਿਆਲ ਸਿੰਘ, 10. ਲਖਵਿੰਦਰ ਸਿੰਘ ਪੁੱਤਰ ਗੁਰਦਿਆਲ ਸਿੰਘ, 11. ਮਲਕੀਤ ਸਿੰਘ ਪੁੱਤਰ ਜਸਮੇਰ ਸਿੰਘ, 12. ਹਰਮੇਸ਼ ਲਾਲ ਪੁੱਤਰ ਗਰਦਾਰੀ ਲਾਲ, 13. ਬਲਵਿੰਦਰ ਸਿੰਘ ਪੁੱਤਰ ਤਰਲੋਚਨ ਸਿੰਘ, 14. ਧਰਮਵੀਰ ਸਿੰਘ ਪੁੱਤਰ ਨਸੀਬ ਚੰਦ, 15. ਗੁਰਿੰਦਰ ਸਿੰਘ ਪੁੱਤਰ ਨਿਰਮਲ ਸਿੰਘ, 16. ਧਰਮਵੀਰ ਨਾਲ ਚੰਦਰ ਦੇਵੀ, 17. ਜੋਗਾ ਸਿੰਘ ਪੁੱਤਰ ਜੋਗਿੰਦਰ ਸਿੰਘ, 18. ਕੁਲਵਿੰਦਰਬਲ ਸਿੰਘ ਪੁੱਤਰ ਪ੍ਰੀਤਮ ਸਿੰਘ, 19. ਜਸਵਿੰਦਰ ਕੌਰ ਸੋਢੀ ਲਾਲ, 20. ਸੁਖਵਿੰਦਰ ਸਿੰਘ ਪੁੱਤਰ ਵਿਸਾਖਾ ਸਿੰਘ, 21. ਜਗਜੀਤ ਸਿੰਘ ਪੁੱਤਰ ਮੋਹਨ ਸਿੰਘ, 22. ਹਰਜਨ ਸਿੰਘ ਪੁੱਤਰ ਕਾਬਲ ਸਿੰਘ, 23. ਸਤਵੰਤ ਸਿੰਘ ਪੁੱਤਰ ਹਰਬੰਸ ਸਿੰਘ, 24. ਹਰਬੰਸ ਕੌਰ ਸੁਰਿੰਦਰ ਸਿੰਘ ਉਰਫ ਚੰਦਾ ਨਾਲ ਵਾਸੀ ਪਿੰਡ ਘੋੜੇਵਾਹੀ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 25. ਜਲੰਧਰ ਕੇਂਦਰੀ ਸਹਿਕਾਰੀ ਬੈਂਕ ਸ਼ਾਖਾ, ਲੱਧਰਾ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਚ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 26/11/26 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ, ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ/ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

500/ਰੀਡਰ ਅੱਜ ਮਿਤੀ 5.11.26 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਸਹੀ/-ਨਾਇਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ

ਅਦਾਲਤੀ ਇਸ਼ਤਿਹਾਰ

ਬ-ਅਦਾਲਤ ਸ੍ਰੀ ਮੱਖਣ ਸਿੰਘ ਮਹੇ, ਨਾਇਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।
ਕੇਸ ਅਨੁਵਾਨ: ਗੁਰਸੇਵਕ ਸਿੰਘ ਵਗੈਰਾ ਬਨਾਮ ਗੁਰਬਖਸ਼ ਕੌਰ ਵਗੈਰਾ
ਵਾਕਿਆ ਪਿੰਡ: ਪਿੰਡ ਨਾਜਕਾ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।
ਇਸ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:
ਨੋਟਿਸ ਬਨਾਮ-

1. ਗੁਰਬਖਸ਼ ਕੌਰ ਪਤਨੀ ਸੀਤਲ ਸਿੰਘ, 2. ਹਰਭਜਨ ਸਿੰਘ ਪੁੱਤਰ ਰਾਖਾ ਰਾਮ, 3. ਸੀਤਲ ਸਿੰਘ ਪੁੱਤਰ ਨਸੀਬ ਚੰਦ, 4. ਕੁਲਵਿੰਦਰ ਕੌਰ ਪਤਨੀ ਜਮਨਾ ਸਿੰਘ, 5. ਸੁਰਿੰਦਰ ਕੌਰ ਪਤਨੀ ਤਾਰੂ ਰਾਮ, 6. ਗੁਰਵਿੰਦਰ ਸਿੰਘ ਪੁੱਤਰ ਸ਼ਿਵਦੇਵ ਸਿੰਘ, 7. ਜਤਿੰਦਰ ਕੌਰ ਪਤਨੀ ਗੁਰਮਿੰਦਰ ਸਿੰਘ, 8. ਜੋਗਿੰਦਰ ਕੌਰ ਪਤਨੀ ਪਰਮਜੀਤ ਸਿੰਘ, 9. ਹਰਮਿੰਦਰਪਾਲ ਪੁੱਤਰ ਹਰਬੰਸ ਲਾਲ, 10. ਕੁਲਦੀਪ ਚੰਨ ਪੁੱਤਰ ਹਰਬੰਸ ਹਰਬੰਸ ਲਾਲ, 11. ਗੁਰਮੀਤ ਚੰਦ ਪੁੱਤਰ ਦਲੀਪਾ ਰਾਮ, 12. ਸੀਮਾ ਰਾਣੀ ਪਤਨੀ ਸੁਖਵਿੰਦਰ ਸਿੰਘ, 13. ਸਤਵੰਤ ਕੌਰ ਪਤਨੀ ਸੁਖਪਾਲ ਸਿੰਘ, 14. ਜਗਨਦੀਪ ਸਿੰਘ ਪੁੱਤਰ ਸੁਖਪਾਲ ਸਿੰਘ, 15. ਹਰਭਜਨ ਸਿੰਘ ਪੁੱਤਰ ਜਗਦੇਵ ਸਿੰਘ, 16. ਜਗਵਿੰਦਰ ਸਿੰਘ ਪੁੱਤਰ ਦੇਵੀ ਚੰਦ, 17. ਪ੍ਰਿਥਪਾਲ ਸਿੰਘ ਪੁੱਤਰ ਸੁਖਵਿੰਦਰ ਸਿੰਘ, 18. ਕਮਲਜੀਤ ਲਾਲ ਪੁੱਤਰ ਦੇਵ ਰਾਜ, 19. ਤਰਸੇਮ ਲਾਲ ਪੁੱਤਰ ਗੁਰਮੇਲ ਲਾਲ 20. ਧਰਮਪਾਲ ਪੁੱਤਰ ਗੁਰਮੇਲ ਲਾਲ, 21. ਦਲਵੀਰ ਕੌਰ ਨਿੱਝਰ ਪਤਨੀ ਯਾਦਵਿੰਦਰ ਸਿੰਘ, 22. ਹਰਵੀਰ ਸਿੰਘ ਨਿੱਝਰ ਪੁੱਤਰ ਯਾਦਵਿੰਦਰ ਸਿੰਘ, 23. ਜਸਪ੍ਰੀਤ ਕੌਰ ਪੁੱਤਰੀ ਯਾਦਵਿੰਦਰ ਸਿੰਘ, 24. ਬਲਵੀਰ ਕੌਰ ਪੁੱਤਰੀ ਯਾਦਵਿੰਦਰ ਸਿੰਘ, 25. ਮਹਿੰਦਰ ਸਿੰਘ ਪੁੱਤਰ ਮਹਿਗਾ ਸਿੰਘ, 26. ਸੇਵਾ ਸਿੰਘ ਪੁੱਤਰ ਸੁਖਦੇਵ ਸਿੰਘ, 27. ਚਰਨਜੀਤ ਸਿੰਘ ਪੁੱਤਰ ਮਲਕੀਅਤ ਸਿੰਘ, 28. ਬਲਵੀਰ ਸਿੰਘ ਪੁੱਤਰ ਅਮੀ ਚੰਦ, 29. ਪਰਮੀਸ਼ ਸਿੰਘ ਪੁੱਤਰ ਅਮੀ ਚੰਦ, 30. ਸੁਖਦੇਵ ਸਿੰਘ ਪੁੱਤਰ ਦਰਸ਼ਨ ਰਾਮ, 31. ਪਵਨ ਕੁਮਾਰ ਪੁੱਤਰ ਬਲਵੀਰ ਚੰਦ, 32. ਅਮਨਦੀਪ ਸਿੰਘ ਪੁੱਤਰ ਬਲਵੀਰ ਚੰਦ, 33. ਸੁਖਵਿੰਦਰ ਕੌਰ ਪੁੱਤਰੀ ਬਲਵੀਰ ਚੰਦ, 34. ਕੁਲਦੀਪ ਚੰਦ ਪੁੱਤਰ ਹਰਬੰਸ ਲਾਲ, 35. ਮਲਕੀਤ ਸਿੰਘ ਪੁੱਤਰ ਬਖਸ਼ੀਸ਼ ਸਿੰਘ, ਸਾਰੇ ਆਰ/ਓ ਪਿੰਡ ਨਾਜਕਾ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 36. ਓਰੀਐਂਟਲ ਬੈਂਕ ਆਫ ਕਾਮਰਸ ਬ੍ਰਾਂਚ ਪੰਡੋਰੀ ਨਿੱਝਰਾਂ, 37. ਇੰਡੀਅਨ ਓਵਰਸੀਜ਼ ਬੈਂਕ ਆਦਮਪੁਰ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 26.11.2026 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ, ਖੁਦ ਪੇਸ਼ ਹੋ ਕੇ/ਮੁਖਤਾਰ ਰਾਹੀਂ/ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

501/ ਰੀਡਰ ਅੱਜ ਮਿਤੀ 5.11.26 ਨੂੰ ਮੇਰੇ ਦਸਤਖਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਸਹੀ/-ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਉੱਤਰ ਰੇਲਵੇ

ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ/ਫ਼ਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਸ਼ੀਰਸ਼ਕ ਵਾਲੀ ਖੁਲੀ ਈ-ਟੈਂਡਰਾ ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇ ਜਿਨ੍ਹਾਂ ਦੀ ਟੈਂਡਰ ਬੰਦ ਹੋਣ ਦੀ ਮਿਤੀ 30.11.2026 ਦੁਪਹਿਰ 15:00 ਵਜੇ ਤਕ ਹੈ । ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਦੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ । ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਇਸ ਟੈਂਡਰ ਦੇ ਲਈ ਟੈਂਡਰ ਪ੍ਰਪੱਤਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ ਜਿਸ ਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਤੋਂ ਹੀ ਕਰ ਸਕਨਗੇ । ਡਿਮਾਂਡ ਡਰਾਫਟ, ਬੈਂਕਰਸ ਚੈਕ, ਜਮਾਂ ਰਸੀਦ, ਐਫ. ਡੀ. ਆਰ ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਨਹੀਂ ਕੀਤਾ ਜਾਵੇਗਾ । ਜ਼ਿਆਦਾ ਜਾਣਕਾਰੀ ਦੇ www.ireps.gov.in ਉਤੇ ਲਾਗ ਇਨ ਕਰੋ ।

ਟੈਂਡਰ ਪ੍ਰਕਾਰ	ਟੈਂਡਰ ਅਨੁਭਾਗ	ਬੋਲੀ ਪ੍ਰਣਾਲੀ
ਖੁਲੀ	ਕੰਮ	ਇਕ ਬੋਲੀ ਪ੍ਰਣਾਲੀ
ਟੈਂਡਰ ਅਪਲੋਡ ਕਰਨ ਦੀ ਮਿਤੀ	ਬੋਲੀ ਸ਼ੁਰੂ ਦੀ ਮਿਤੀ	ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ
06.11.2026	16.11.2026	30.11.2026, 15:00 ਵਜੇ

ਲ. ਨੰ:	ਟੈਂਡਰ ਨੰਬਰ	ਟੈਂਡਰ ਦਾ ਵੇਰਵਾ			
1.	210-2026-27-ADEN-I-JUC	ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਦੇ ਅੰਤਰਗਤ ਸੀਨੀਅਰ ਅਨੁਭਾਗੀਯ ਇੰਜੀਨੀਅਰ/ਪੀ-ਵੇ/ਜਲੰਧਰ ਸੈਕਸ਼ਨ ਵਿਚ ਟ੍ਰੈਕ ਦੇ ਰੱਖ-ਰੱਖਾਵ (ਮੇਂਟੇਨੇਂਸ) ਤੋਂ ਜੁੜੇ ਵਿਵਿਧ ਪੀ-ਵੇ ਕੰਮ ।			
		ਵਿਗਿਆਪਨ ਮੂਲ (ਰੁ:)	ਬਿਆਨਾ ਰਾਸ਼ੀ (ਰੁ:)	ਆਫਰ ਦੀ ਵੈਧਤਾ	ਪੂਰਾ ਕਰਨ ਦਾ ਸਮਾਂ
		68,41,931.95	1,36,800.00	60 ਦਿਨ	12 ਮਹੀਨੇ
		ਸਮਾਨ ਪ੍ਰਕ੍ਰਿਤੀ ਦਾ ਕੰਮ :- "CTR/TRR/TFR/TTR, ਜਿਸ ਵਿਚ ਟ੍ਰੈਕ ਨੂੰ ਉਪਰ ਉਠਾਨਾ, ਸਕੀਰਨਿੰਗ, ਟ੍ਰੈਕ ਦਾ ਸਟ੍ਰੇਸ ਘੱਟ ਕਰਨਾ (destressing), ਟ੍ਰੈਕ ਮੇਂਟੇਨੇਂਸ ਮਸ਼ੀਨਾਂ (ਜਿਸ ਤਰ੍ਹਾਂ ਟੈਮਪਿੰਗ ਮਸ਼ੀਨ, ਬੈਲਾਸਟ ਸਕਰੀਨਿੰਗ, ਰੇਗੂਲੇਟਿੰਗ ਮਸ਼ੀਨ) ਦੇ ਲਈ ਕੰਮ ਤੋਂ ਪਹਿਲਾ ਅਤੇ ਬਾਦ ਗਤੀਵਿਧੀਆਂ, ਅਤੇ T28 ਮਸ਼ੀਨ ਦੁਆਰਾ TTR ਦਾ ਕੰਮ ਸ਼ਾਮਿਲ ਹੈ ।"			
2.	211-2026-27-ADEN-II-ASR	ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਅੰਤਰਗਤ ਅੰਮ੍ਰਿਤਸਰ - ਖੇਮਕਰਨ ਸੈਕਸ਼ਨ ਉਤੇ TTO ਵਿਚ, ਪੁਰਾਨੀ ਅਤੇ ਜਰਜਰ ਬਿਲਡਿੰਗ ਦੀ ਜਗ੍ਹਾਂ ਨਵੀਂ ਸਟੇਸ਼ਨ ਬਿਲਡਿੰਗ ਦਾ ਨਿਰਮਾਣ, ਅਤੇ ਨਵੀਂ ਜਲ ਆਪੂਰਤੀ ਅਤੇ ਜਲ ਨਿਕਾਸੀ ਪ੍ਰਣਾਲੀ ਦੀ ਵਿਵਸਥਾ ।			
		ਵਿਗਿਆਪਨ ਮੂਲ (ਰੁ:)	ਬਿਆਨਾ ਰਾਸ਼ੀ (ਰੁ:)	ਆਫਰ ਦੀ ਵੈਧਤਾ	ਪੂਰਾ ਕਰਨ ਦਾ ਸਮਾਂ
		2,02,55,878.15	4,05,100.00	60 ਦਿਨ	12 ਮਹੀਨੇ
		ਸਮਾਨ ਪ੍ਰਕ੍ਰਿਤੀ ਦਾ ਕੰਮ : 'ਇਮਾਰਤ/ਆਵਾਸ ਦਾ ਨਿਰਮਾਣ ।"			

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ ।

ਨੰ: 210-2026-27-ADEN-JUC & 211-2026-27-ADEN-II-ASR ਮਿਤੀ : 06.11.2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3949/2026

ਉੱਤਰ ਰੇਲਵੇ

ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰਬਰ : No. 87-2026-27-DRM-JAT (to be opened on 30.11.2026)

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਖੁਲ੍ਹੀ ਨਿਵਿਦਾਵਾਂ ਦੀ ਮੰਗ ਕਰਦੇ ਹਨ ਇਹ ਉਪਲਬਧ ਹਨ ਜਿਨ੍ਹਾਂ ਦੀ ਅੰਤਮ ਮਿਤੀ 30.11.2026 ਨੂੰ 15 ਵਜੇ ਤਕ ਹੈ। ਬੋਲੀਦਾਤਾ ਆਪਣੇ ਮੂਲ ਦਸਤਦੀਕਸ਼ੁਦਾ ਬੋਲੀਆਂ ਕੇਵਲ ਸਮਾਪਤੀ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਨ੍ਹਾਂ ਨਿਵਿਦਾਵਾਂ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਨਿਵਿਦਾ ਦੇ ਵਿਰੁਧ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ (IREPS) ਪੋਰਟਲ ਤੇ ਉਪਲਬਧ ਭੁਗਤਾਨ ਵਿਧੀਆਂ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ।

ਨਿਵਿਦਾ ਨੰਬਰ	ਨਿਵਿਦਾ ਦਾ ਵੇਰਵਾ	ਵਿਗਿਆਪਤ ਮੁੱਲ (ਰੁ.)	ਆਫਰ ਦੀ ਵੈਲੇਡਿਟੀ	ਸਮਾਪਤੀ ਦੀ ਮਿਆਦ
87-2026-27-DRM-JAT	ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ/ ਜੰਮੂ ਤਵੀ ਦੇ ਅਧਿਕਾਰ ਖੇਤਰ ਵਿਚ ਟ੍ਰੈਕ ਨਵੀਨੀਕਰਨ ਕੰਮਾਂ (TRR, CTR ਆਦਿ) ਦੇ ਤਹਿਤ ਮੁੱਖ ਅਤੇ ਲੂਪ ਲਾਈਨਾਂ ਤੇ 260 ਮੀਟਰ ਪੈਨਲ ਜਾਂ ਕਿਸੇ ਵੀ ਲੰਬਾਈ ਦੀਆਂ ਰੇਲਾਂ (60 ਕਿਗ੍ਰਾ ਜਾਂ ਉਸ ਤੋਂ ਜਿਆਦਾ ਭਾਰ ਵਾਲੀ, ਨਵੀਂ ਜਾਂ ਉਪਯੋਗ ਵਿਚ ਲਿਆਂਦੀ ਗਈ ਰੇਲਾਂ) ਦੀ ਫਲੈਸ਼ ਬਟ ਵੇਲਡਿੰਗ ਦਾ ਕੰਮ।	37348626.95	60 ਦਿਨ	12 ਮਹੀਨੇ

ਟਿਪਣੀਆਂ:-1 ਠੇਕੇਦਾਰਾਂ ਨੂੰ ਸਲਾਹ ਦਿਤੀ ਜਾਂਦੀ ਹੈ ਕਿ ਬੋਲੀ ਪੇਸ਼ ਕਰਨ ਤੋਂ ਪਹਿਲਾਂ ਇਸ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸੋਧ ਪੱਤਰ (Corrigendium) ਦੇ ਲਈ ਆਈਆਰਈਪੀਐਸ (IREPS) ਵੈਬਸਾਈਟ ਜਰੂਰ ਵੇਖਣ। 2. ਜੇਕਰ ਹਿੰਦੀ ਵਿਗਿਆਪਨ ਵਿਚ ਕੋਈ ਗਲਤੀ ਪਾਈ ਜਾਂਦੀ ਹੈ, ਤਾਂ ਅੰਗ੍ਰੇਜ਼ੀ ਵਿਗਿਆਪਨ ਮਾਨਯ ਹੋਵੇਗਾ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3945/2026

ਪੰਜਾਬ ਸਰਕਾਰ ਪੌਲੀਟੈਕਨਿਕ ਵਿਦਿਆਰਥੀਆਂ ਨੂੰ ਉਦਯੋਗਿਕ ਇੰਟਰਨਸ਼ਿਪ ਦੌਰਾਨ 20,000 ਦੀ ਵਿੱਤੀ ਸਹਾਇਤਾ ਦੇਵੇਗੀ

ਚੰਡੀਗੜ੍ਹ (ਗੁਰਜੀਤ ਬਿੱਲਾ)- ਭਗਵੰਤ ਮਾਨ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਵਿੱਤੀ ਤੰਗੀਆਂ ਕਾਰਨ ਵਿਦਿਆਰਥੀ ਆਪਣੇ ਕਰੀਅਰ ਨੂੰ ਬਣਾਉਣ ਲਈ ਲੋੜੀਂਦਾ ਉਦਯੋਗਿਕ ਤਜਰਬਾ ਹਾਸਲ ਕਰਨ ਤੋਂ ਵਾਂਝੇ ਨਾ ਰਹਿ ਜਾਣ। 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰ ਵੱਲੋਂ ਪੌਲੀਟੈਕਨਿਕ ਵਿਦਿਆਰਥੀਆਂ ਨੂੰ 4 ਮਹੀਨਿਆਂ ਦੀ ਉਦਯੋਗਿਕ ਇੰਟਰਨਸ਼ਿਪ ਦੌਰਾਨ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ, ਜਿਸ ਨਾਲ ਉਨ੍ਹਾਂ ਨੂੰ ਵਿਹਾਰਕ ਹੁਨਰ ਸਿੱਖਣ ਅਤੇ ਰੁਜ਼ਗਾਰ ਹਾਸਲ ਕਰਨ ਦੇ ਯੋਗ ਬਣਨ ਵਿੱਚ ਮਦਦ ਮਿਲੇਗੀ। ਇਸ ਪਹਿਲਕਦਮੀ ਤਹਿਤ, 1,700 ਵਿਦਿਆਰਥੀਆਂ ਨੂੰ 4 ਮਹੀਨਿਆਂ ਤੱਕ 5,000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ ਅਤੇ ਇਸ ਸਬੰਧੀ ਪਰਵਾਰਕ ਆਮਦਨ ਦੀ ਕੋਈ ਸੀਮਾ ਨਹੀਂ ਰੱਖੀ ਗਈ ਹੈ। ਇਹ ਯੋਜਨਾ ਛੇ ਡਿਪਲੋਮਾ ਸਟ੍ਰੀਮਾਂ ਦੇ 2024-27 ਬੈਚ ਦੇ ਛੇਵੇਂ ਸਮੈਸਟਰ ਦੇ ਵਿਦਿਆਰਥੀਆਂ ਲਈ ਲਾਗੂ ਹੋਵੇਗੀ, ਜਿਸ ਨਾਲ ਉਹ ਬਿਨਾਂ ਕਿਸੇ ਵਿੱਤੀ ਰੁਕਾਵਟ ਦੇ ਉਦਯੋਗਿਕ ਖੇਤਰ ਦਾ ਵਿਹਾਰਕ ਤਜਰਬਾ ਹਾਸਲ ਕਰ ਸਕਣਗੇ। ਇਸ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ 'ਹਰ ਨੌਜਵਾਨ ਕੋਲ ਆਪਣੀ ਸਿੱਖਿਆ ਨੂੰ ਇੱਕ ਸਾਰਥਕ ਕਰੀਅਰ ਵਿੱਚ ਬਦਲਣ ਦਾ ਮੌਕਾ ਹੋਣਾ ਚਾਹੀਦਾ ਹੈ। 'ਪੰਜਾਬ ਸਿੱਖਿਆ ਕ੍ਰਾਂਤੀ' ਰਾਹੀਂ ਅਸੀਂ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੇ ਹਾਂ ਕਿ ਸਰਕਾਰੀ ਸੰਸਥਾਵਾਂ ਵਿਦਿਆਰਥੀਆਂ ਨੂੰ ਸਿਰਫ਼ ਡਿਗਰੀਆਂ ਹੀ ਨਾ ਦੇਣ, ਸਗੋਂ ਉਨ੍ਹਾਂ ਨੂੰ ਅਜਿਹੇ ਹੁਨਰ ਅਤੇ ਤਜਰਬੇ ਨਾਲ ਲੈਸ ਕਰਨ ਜੋ ਉਨ੍ਹਾਂ ਨੂੰ ਜੀਵਨ ਵਿੱਚ ਸਫਲ ਬਣਾਉਣ ਲਈ ਜ਼ਰੂਰੀ ਹਨ। ਪੰਜਾਬ ਵਿੱਚ ਪੌਲੀਟੈਕਨਿਕ ਵਿਦਿਆਰਥੀਆਂ ਲਈ ਸ਼ੁਰੂ ਕੀਤੀ ਗਈ ਇਹ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਹੈ, ਜੋ ਸਾਡੇ ਨੌਜਵਾਨਾਂ ਨੂੰ ਉਸ ਸਮੇਂ ਸਹਾਇਤਾ ਪ੍ਰਦਾਨ ਕਰਦੀ ਹੈ ਜਦੋਂ ਉਹ ਕਲਾਸਰੂਮ ਤੋਂ ਨਿਕਲ ਕੇ ਕੰਮਕਾਜੀ ਦੁਨੀਆ ਵਿੱਚ ਕਦਮ ਰੱਖਦੇ ਹਨ ਅਤੇ ਆਪਣਾ ਭਵਿੱਖ ਸਿਰਜਦੇ ਹਨ।' ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, 'ਉਦਯੋਗਿਕ ਸਿਖਲਾਈ ਉਹ ਪੜਾਅ ਹੈ ਜਿੱਥੇ ਵਿਦਿਆਰਥੀ ਕਲਾਸਰੂਮ ਵਿੱਚ ਸਿੱਖੀਆਂ ਗੱਲਾਂ ਨੂੰ ਅਸਲ ਦੁਨੀਆ ਦੀਆਂ ਚੁਣੌਤੀਆਂ 'ਤੇ ਲਾਗੂ ਕਰਨਾ ਸ਼ੁਰੂ ਕਰਦੇ ਹਨ। ਇਸ ਦੌਰਾਨ 20,000 ਰੁਪਏ ਤੱਕ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਕੇ, ਅਸੀਂ ਵਿਦਿਆਰਥੀਆਂ ਦੀ ਮਦਦ ਕਰਨਾ ਚਾਹੁੰਦੇ ਹਾਂ ਤਾਂ ਜੋ ਉਹ ਵਿਹਾਰਕ ਤਜਰਬਾ ਹਾਸਲ ਕਰ ਸਕਣ, ਉਦਯੋਗਿਕ ਮਾਹਿਰਾਂ ਤੋਂ ਹੁਨਰ ਸਿੱਖ ਸਕਣ ਅਤੇ ਰੁਜ਼ਗਾਰ ਲਈ ਤਿਆਰ ਹੋ ਸਕਣ। ਸਾਡਾ ਉਦੇਸ਼ ਤਕਨੀਕੀ ਸਿੱਖਿਆ ਨੂੰ ਵਧੇਰੇ ਵਿਹਾਰਕ, ਉਦਯੋਗ-ਮੁਖੀ ਅਤੇ ਪੰਜਾਬ ਦੇ ਨੌਜਵਾਨਾਂ ਦੀਆਂ ਉਮੀਦਾਂ ਦੇ ਅਨੁਕੂਲ ਬਣਾਉਣਾ ਹੈ।'



ਢਾਹਾਂ ਕਲੇਰਾਂ 'ਚ ਬਣੇਗਾ 2 ਕਰੋੜ ਦਾ ਮਲਟੀਪਰਪਜ਼ ਹਾਲ

ਸੰਤ ਬਾਬਾ ਸਤਨਾਮ ਸਿੰਘ ਕਿਲ੍ਹਾ ਅਨੰਦਗੜ੍ਹ ਨੇ ਲਾਇਆ ਪਹਿਲਾ ਟੱਕ



ਬੰਗਾ (ਅਵਤਾਰ ਕਲੇਰ)- ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੇ ਵਿਦਿਆਰਥੀਆਂ ਦੀ ਸਹੂਲਤ ਲਈ ਵਿਸ਼ਾਲ ਮਲਟੀਪਰਪਜ਼ ਹਾਲ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਪੂਰੇ ਧਾਰਮਿਕ ਮਰਿਆਦਾ ਨਾਲ ਹੋਈ । ਇਸ ਮਲਟੀਪਰਪਜ਼ ਹਾਲ ਬਣਾਉਣ ਦੇ ਕੰਮ ਦੀ ਆਰੰਭਤਾ ਸੰਤ ਬਾਬਾ ਸਤਨਾਮ ਸਿੰਘ, ਮੁੱਖ ਸੇਵਾਦਾਰ ਕਾਰ ਸੇਵਾ ਸੰਤ ਬਾਬਾ ਸੇਵਾ ਸਿੰਘ, ਕਿਲ੍ਹਾ ਅਨੰਦਗੜ੍ਹ, ਸ੍ਰੀ ਅਨੰਦਪੁਰ ਸਾਹਿਬ ਨੇ ਆਪਣੇ ਕਰ-ਕਮਲਾਂ ਨਾਲ ਟੱਕ ਲਗਾ ਕੇ ਕੀਤੀ।ਸਕੂਲ ਪ੍ਰਬੰਧਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਪੱਧਰ ਦਾ ਢਾਂਚਾ ਤੇ ਵਧੀਆ ਸਹੂਲਤਾਂ ਮੁਹੱਈਆ ਕਰਵਾਉਣ ਲਈ ਟਰੱਸਟ ਹਮੇਸ਼ਾ ਹੀ ਵਚਨਬੱਧ ਰਿਹਾ ਹੈ । ਅਜੋਕੇ ਸਮੇਂ ਵਿੱਚ ਬੱਚਿਆਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਧਾਰਮਿਕ, ਸੱਭਿਆਚਾਰਕ ਅਤੇ ਹੋਰ ਸਿੱਖਿਆ ਸਹਾਇਕ ਗਤੀਵਿਧੀਆਂ ਦੀ ਜ਼ਰੂਰਤ ਹੁੰਦੀ ਹੈ । ਇਸ ਲਈ ਵਿਦਿਆਰਥੀਆਂ ਦੀ ਜ਼ਰੂਰਤ ਨੂੰ ਮੁੱਖ ਰੱਖਦੇ ਹੋਏ ਸਕੂਲ ਵਿਚ ਵਿਸ਼ਾਲ ਮਲਟੀਪਰਪਜ਼ ਹਾਲ ਤਿਆਰ ਕੀਤਾ ਜਾਵੇਗਾ, ਜਿਸ ਵਿਚ 6 ਲੈਬਾਂ ਵੀ ਹੋਣਗੀਆਂ ਅਤੇ ਇਨ੍ਹਾਂ ਦੀ ਉਸਾਰੀ ਉੱਤੇ 2 ਕਰੋੜ ਰੁਪਏ ਤੋਂ ਵੱਧ ਦਾ ਖਰਚਾ ਆਵੇਗਾ । ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਨੇ ਸੰਤ ਬਾਬਾ ਸਤਨਾਮ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਕਾਰਜ ਵਿੱਚ ਆਪਣਾ ਵਿਸ਼ੇਸ਼ ਸਹਿਯੋਗ ਦਿੱਤਾ । ਇਸ ਮੌਕੇ ਸਮੂਹ ਟਰੱਸਟ ਵੱਲੋਂ ਸੰਤ ਬਾਬਾ ਸਤਨਾਮ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਜਗਜੀਤ ਸਿੰਘ ਸੋਢੀ, ਦਰਸ਼ਨ ਸਿੰਘ ਮਾਹਿਲ, ਦਵਿੰਦਰ ਸਿੰਘ ਢਿੱਲੋਂ, ਮਲਕੀਅਤ ਸਿੰਘ ਬਾਹੜੋਵਾਲ, ਸਤਵਿੰਦਰ ਸਿੰਘ ਨੌਰਾ, ਕਰਨਵੀਰ ਸਿੰਘ ਢਾਹਾਂ ਯੂ ਐੱਸ ਏ, ਗਿਆਨੀ ਜਗਬੀਰ ਸਿੰਘ ਨੌਰਾ, ਮਹਿੰਦਰਪਾਲ ਸਿੰਘ, ਡਾ. ਬਲਵਿੰਦਰ ਸਿੰਘ, ਦਵਿੰਦਰ ਕੌਰ ਨਰਸਿੰਗ ਸੁਪਰਡੈਂਟ, ਸਕੂਲ ਪ੍ਰਿੰਸੀਪਲ ਵਨੀਤਾ ਚੋਟ, ਰਮਨ ਕੁਮਾਰ ਵਾਈਸ ਪ੍ਰਿੰਸੀਪਲ, ਭਾਈ ਜੋਗਾ ਸਿੰਘ, ਭਾਈ ਮਨਜੀਤ ਸਿੰਘ, ਕਮਲਜੀਤ ਸਿੰਘ, ਭੁਪਿੰਦਰ ਸਿੰਘ, ਵੱਖ-ਵੱਖ ਸੰਸਥਾਵਾਂ ਦੇ ਵਿਭਾਗਾਂ ਦੇ ਮੁਖੀ, ਸਮੂਹ ਸਕੂਲ ਸਟਾਫ, ਵਿਦਿਆਰਥੀ ਵੀ ਹਾਜ਼ਰ ਸਨ।

ਪੰਜਾਬੀ ਮਾਹ ਨੂੰ ਸਮਰਪਤ ਸੁੰਦਰ ਲਿਖਾਈ ਮੁਕਾਬਲੇ ਕਰਵਾਏ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਰੂਪਨਗਰ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ੋਨ ਦੇ ਖੇਤਰ ਨੂਰਪੁਰ ਬੇਦੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖੇੜਾ ਕਲਮੋਟ ਵਿਖੇ ਪ੍ਰਿੰਸੀਪਲ ਪ੍ਰੇਮ ਧੀਮਾਨ ਅਤੇ ਮਾਸਟਰ ਅਮਰੀਕ ਸਿੰਘ ਦਿਆਲ ਦੇ ਵਿਸ਼ੇਸ਼ ਸਹਿਯੋਗ ਨਾਲ ਵਿਖੇ ਪੰਜਾਬੀ ਮਾਹ ਨੂੰ ਸਮਰਪਿਤ ਸਕੂਲ ਪੱਧਰੀ ਸੁੰਦਰ ਲਿਖਾਈ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ 55 ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲਿਆਂ ਨੂੰ ਦੋ ਵਰਗਾਂ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਵੰਡੀਆ ਗਿਆ।ਤੀਜੇ ਵਰਗ ਵਿੱਚੋਂ ਸੀਆ ਰਾਣੀ ਅੱਠਵੀਂ ਜਮਾਤ ਦੀ ਨੇ ਪਹਿਲਾ, ਰਜਨੀਸ਼ ਕੁਮਾਰ ਅੱਠਵੀਂ ਜਮਾਤ ਦੇ ਵਿਦਿਆਰਥੀ ਨੇ ਦੂਜਾ ਅਤੇ ਸੀਰਤ ਕੌਰ ਛੇਵੀਂ ਜਮਾਤ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਨੌਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਚੌਥੇ ਵਰਗ ਵਿੱਚੋਂ ਅੰਕਿਤਾ ਦਸਵੀਂ ਜਮਾਤ ਨੇ ਪਹਿਲਾ, ਮਾਨਵੀ ਠਾਕੁਰ ਨੌਵੀਂ ਜਮਾਤ ਨੇ ਦੂਜਾ ਅਤੇ ਅਰੁਸ਼ੀ ਦਸਵੀਂ ਜਮਾਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ ਦੀ ਜੱਜਮੈਂਟ ਦੀ ਸੇਵਾ ਸਟੇਟ ਐਵਾਰਡੀ ਸੇਵਾਮੁਕਤ ਅਧਿਆਪਕ ਧਨੀ ਰਾਮ ਵੱਲੋਂ ਬਹੁ ਖੂਬੀ ਦਾ ਨਿਭਾਈ ਨਿਭਾਈ ਗਈ। ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਖੇਤਰ ਨੂਰਪੁਰ ਬੇਦੀ ਦੇ ਪ੍ਰਧਾਨ ਦਿਆਲ ਸਿੰਘ ਮੁਕਾਰੀ ਨੇ ਵਿਦਿਆਰਥੀਆਂ ਅਤੇ ਹਾਜ਼ਰ ਸਟਾਫ਼ ਨੂੰ ਸੰਬੋਧਨ ਕਰਦਿਆਂ ਸਟੱਡੀ ਸਰਕਲ ਵੱਲੋਂ ਨੈਤਿਕ ਸਿੱਖਿਆ, ਸਮਾਜਿਕ, ਸੱਭਿਆਚਾਰਕ ਅਤੇ ਧਾਰਮਿਕ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਪ੍ਰੇਮ ਧੀਮਾਨ ਅਤੇ ਸਮੂਹ ਸਟਾਫ਼ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੀ ਟੀਮ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਸਕੂਲ ਦੀ ਆਪਣੀ ਸਾਲਾਨਾ ਪੱਤ੍ਰਿਕਾ 'ਰੂਪ ਖੇੜਾ' ਦੀਆਂ ਕਾਪੀਆਂ ਵੀ ਭੇਟ ਕੀਤੀਆਂ ਗਈਆਂ।ਇਸ ਮੌਕੇ ਪ੍ਰਿੰਸੀਪਲ ਪ੍ਰੇਮ ਕੁਮਾਰ ਧੀਮਾਨ, ਸੁਧੀਰ ਸਿੰਘ, ਰਕੇਸ਼ ਕੁਮਾਰ, ਅਮਰੀਕ ਸਿੰਘ ਦਿਆਲ, ਸੁਦੇਸ਼ ਕੁਮਾਰੀ, ਪਰਮਜੀਤ ਕੌਰ, ਮੀਤਕ ਸ਼ਰਮਾ, ਅਰਵਿੰਦ ਸ਼ਰਮਾ, ਪ੍ਰਿਯੰਕਾ, ਅਨੀਤਾ ,ਸਪਨਾ ਰਾਣਾ, ਕੁਲਦੀਪ ਸਿੰਘ ਰਾਣਾ, ਰਜੇਸ਼ ਕੁਮਾਰ ਨਿਸ਼ਾ ਕੁਮਾਰੀ ਸਮੇਤ ਵਿਦਿਆਰਥੀ ਹਾਜ਼ਰ ਸਨ।



ਬੱਬਰ ਕਰਮ ਸਿੰਘ ਸ਼ਹੀਦ ਕੋ-ਐਜੂਕੇਸ਼ਨਲ ਸਕੂਲ 'ਚ ਫੂਡ ਪ੍ਰੋਸੈਸਿੰਗ ਲੈਬ ਦਾ ਉਦਘਾਟਨ



ਆਦਮਪੁਰ, (ਪਰਮਜੀਤ ਸਿੰਘ)- ਬੱਬਰ ਕਰਮ ਸਿੰਘ ਸ਼ਹੀਦ ਕੋ-ਐਜੂਕੇਸ਼ਨਲ ਸੈਕੰਡਰੀ ਸਕੂਲ ਵਿਖੇ ਫੂਡ ਪ੍ਰੋਸੈਸਿੰਗ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਨਿਰਮਲ ਕੌਲ ਨੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਨਿਰਮਲ ਕੌਲ ਨੇ ਕਿਹਾ ਕਿ ਸਕੂਲ ਵਿੱਚ ਫੂਡ ਪ੍ਰੋਸੈਸਿੰਗ ਲੈਬ ਦੀ ਸਥਾਪਨਾ ਹੋਣ ਨਾਲ ਵਿਦਿਆਰਥੀਆਂ ਨੂੰ ਬਹੁਤ ਵੱਡਾ ਲਾਭ ਮਿਲੇਗਾ। ਇਸ ਲੈਬ ਰਾਹੀਂ ਸਕੂਲ ਦੇ ਬੱਚੇ ਹਰ ਰੋਜ਼ ਨਵੀਆਂ-ਨਵੀਆਂ ਤਕਨੀਕਾਂ ਅਤੇ ਫੂਡ ਪ੍ਰੋਸੈਸਿੰਗ ਨਾਲ ਸੰਬੰਧਤ ਵੱਖ-ਵੱਖ ਚੀਜ਼ਾਂ ਤਿਆਰ ਕਰਨ ਬਾਰੇ ਵਿਹਾਰਕ ਜਾਣਕਾਰੀ ਹਾਸਲ ਕਰ ਸਕਣਗੇ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਲਈ ਪੜ੍ਹਾਈ ਦੇ ਨਾਲ-ਨਾਲ ਕਿੱਤਾਮੁਖੀ ਅਤੇ ਤਕਨੀਕੀ ਸਿੱਖਿਆ ਹਾਸਲ ਕਰਨਾ ਵੀ ਬਹੁਤ ਜ਼ਰੂਰੀ ਹੈ। ਇਹ ਲੈਬ ਬੱਚਿਆਂ ਦੇ ਹੁਨਰ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਸਵੈ-ਰੁਜ਼ਗਾਰ ਤੇ ਰੁਜ਼ਗਾਰ ਦੇ ਨਵੇਂ ਮੌਕਿਆਂ ਨਾਲ ਜੋੜਨ ਵਿੱਚ ਸਹਾਈ ਸਿੱਧ ਹੋਵੇਗੀ। ਇਸ ਮੌਕੇ ਉਹਨਾਂ ਤੋਂ ਇਲਾਵਾ ਪਵਨ ਕੁਮਾਰ ਟੀਨੂੰ ਹਲਕਾ ਇੰਚਾਰਜ ਆਦਮਪੁਰ ਆਮ ਆਦਮੀ ਪਾਰਟੀ, ਸਰਪੰਚ ਨਿਰਮਲ ਕੌਲ, ਜਗਜੀਤ ਸਿੰਘ ਬਲਾਕ ਸੰਮਤੀ ਮੈਂਬਰ, ਸੁਰਿੰਦਰ ਸਿੰਘ ਪੰਚ, ਬਲਵੀਰ ਸਿੰਘ ਦਿਓਲ, ਰਜਿੰਦਰ ਕੌਰ, ਜਗੀਰ ਕੌਰ ਪੰਚ, ਗੁਰਪ੍ਰੀਤ ਕੌਰ ਪੰਚ, ਸੇਵਾ ਰਾਮ, ਕਰਨਜੀਤ ਸਿੰਘ, ਹਰਜਾਪ ਸਿੰਘ, ਸ਼੍ਰੀਮਤੀ ਮੀਨਾਕਸ਼ੀ ਮੁੱਖ ਅਧਿਆਪਿਕਾ, ਦਵਿੰਦਰ ਸਿੰਘ, ਅਨੀਤਾ ਕੁਮਾਰੀ, ਮਾਨਸੀ, ਹਰਜਿੰਦਰ ਕੌਰ, ਨੀਨਾ ਕੁਮਾਰੀ, ਗੁਰਚਰਨ ਸਿੰਘ ਐਜੂਕੇਸ਼ਨ ਕੋਆਰਡੀਨੇਟਰ, ਦੀਕਸ਼ਾ, ਵਿਸ਼ਕਰਨ, ਸੁਖਰਾਜ ਕੌਰ, ਅਮਨਜੋਤ ਕੌਰ, ਕੋਮਲ ਬਸਰਾ, ਦੀਪਕਾ ਅਤੇ ਹੋਰ ਹਾਜ਼ਰ ਸਨ।

ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)- ਪੰਜਾਬ ਵਿੱਚ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਅਤੇ ਸੂਬੇ ਵਿੱਚ ਵਿਕਾਸ ਦੀ ਲਹਿਰ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਪਾਰਟੀਆਂ ਅਤੇ ਜਥੇਬੰਦੀਆਂ ਦੇ ਆਗੂਆਂ ਦਾ 'ਆਪ' ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਤਰ੍ਹਾਂ ਬੁੱਧਵਾਰ ਨੂੰ ਸੂਬਾ ਸਰਕਾਰ ਵੱਲੋਂ ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਅਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਪ੍ਰਮੁੱਖ ਆਗੂਆਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ ਹੈ। ਇਸ ਮੌਕੇ 'ਵਾਰਿਸ ਪੰਜਾਬ ਦੇ' ਅਜਨਾਲਾ ਤੋਂ ਹਲਕਾ ਇੰਚਾਰਜ ਰਹੇ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਉਨ੍ਹਾਂ ਦੇ ਨਾਲ-ਨਾਲ ਅਜਨਾਲਾ ਅਤੇ ਰਮਦਾਸ ਇਲਾਕੇ ਨਾਲ ਸਬੰਧਤ ਕਈ ਅਹੁਦੇਦਾਰਾਂ ਅਤੇ ਵਰਕਰਾਂ ਨੇ ਵੀ 'ਆਪ' ਦੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟ ਕਰਦਿਆਂ ਪਾਰਟੀ ਜੁਆਇਨ ਕੀਤੀ। ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਮੂਹ ਆਗੂਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਆਸ ਪ੍ਰਗਟਾਈ ਕਿ ਇਨ੍ਹਾਂ ਆਗੂਆਂ ਦੇ ਪਾਰਟੀ ਵਿੱਚ ਆਉਣ ਨਾਲ ਜ਼ਮੀਨੀ ਪੱਧਰ ਉੱਤੇ 'ਆਪ' ਦਾ ਜਥੇਬੰਦਕ ਆਧਾਰ ਹੋਰ ਜ਼ਿਆਦਾ ਮਜ਼ਬੂਤ ਹੋਵੇਗਾ। ਮੁਖਮੰਤਰੀ ਭਗਵੰਤ ਮਾਨ ਨੇ ਐਕਸ 'ਤੇ ਲਿਖਿਆ ' ਅੱਜ 'ਵਾਰਿਸ ਪੰਜਾਬ ਦੇ' ਪਾਰਟੀ ਛੱਡ ਕੇ ਕਈ ਪ੍ਰਮੁੱਖ ਆਗੂਆਂ ਅਤੇ ਸੇਵਾਦਾਰਾਂ ਨੇ ਆਮ ਆਦਮੀ ਪਾਰਟੀ ਦੇ ਕਾਫ਼ਲੇ ਵਿੱਚ ਸ਼ਮੂਲੀਅਤ ਕੀਤੀ। ਅਜਨਾਲਾ ਤੋਂ ਪਾਰਟੀ ਦੇ ਪਹਿਲੇ ਉਮੀਦਵਾਰ ਰਹੇ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਅਤੇ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਹੋਰ ਅਹੁਦੇਦਾਰਾਂ ਦਾ 'ਆਪ' ਪਰਵਾਰ 'ਚ ਆਉਣ 'ਤੇ ਨਿੱਘਾ ਸਵਾਗਤ ਹੈਸ਼ ਇਸ ਮੌਕੇ ਦਿੱਲੀ ਕਮੇਟੀ ਦੇ ਧਰਮ ਪ੍ਰਚਾਰ ਚੇਅਰਮੈਨ ਮਨਜੀਤ ਸਿੰਘ ਭੋਮਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ। ਸਾਡੀ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਦੀ ਤਰੱਕੀ ਚਾਹੁਣ ਵਾਲੇ ਹਰ ਰੋਜ਼ ਸਾਡੇ ਨਾਲ ਜੁੜ ਰਹੇ ਹਨ। ਆਓ ਸਾਰੇ ਮਿਲ ਕੇ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਈਏ।'



ਵਿਕਾਸ ਕਾਰਜਾਂ ਦੇ ਟੈਂਡਰਾਂ 'ਚ ਤੇਜ਼ੀ ਲਈ ਵੱਖਰਾ ਕਾਰਪੋਰੇਸ਼ਨ ਬਣਾਇਆ ਜਾਵੇ : ਸੈਣੀ

ਚੰਡੀਗੜ੍ਹ (ਕ੍ਰਿਸ਼ਨ ਗਰਗ) ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹੱਤਵਪੂਰਨ ਵਿਕਾਸ ਕੰਮਾਂ ਦੀ ਟੈਂਡਰ ਪ੍ਰਕਿਰਿਆ ਨੂੰ ਤੇਜ਼ੀ ਨਾਲ ਸਿਰੇ ਚਾੜ੍ਹਨ ਲਈ ਸਿੰਗਾਪੁਰ ਦੀ ਤਰਜ਼ 'ਤੇ ਵੱਖਰਾ ਕਾਰਪੋਰੇਸ਼ਨ ਬਣਾਇਆ ਜਾਵੇ ਜੋ ਸਾਰੇ ਵਿਭਾਗਾਂ ਦੇ ਵੱਡੇ ਅਤੇ ਮਹੱਤਵਪੂਰਨ ਟੈਂਡਰਾਂ ਦੀ ਪ੍ਰਕਿਰਿਆ ਨੂੰ ਬਿਨਾਂ ਦੇਰੀ ਪੂਰਾ ਕਰਵਾਏ। ਇਸ ਨਾਲ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ ਅਤੇ ਬਜਟ ਦੀ ਯੋਗ ਵਰਤੋਂ ਯਕੀਨੀ ਹੋ ਸਕੇਗੀ।

ਮੁੱਖ ਮੰਤਰੀ ਨੇ ਇਹ ਗੱਲ ਹਰਿਆਣਾ ਸਿਵਲ ਸਕੱਤਰੇਤ ਵਿੱਚ ਅਗਲੇ ਵਿੱਤੀ ਸਾਲ ਦੇ ਬਜਟ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਚਾਲੂ ਵਿੱਤੀ ਸਾਲ ਦੇ ਵਿਭਾਗਵਾਰ ਖਰਚੇ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਹੀ।

ਉਨ੍ਹਾਂ ਸਾਰੇ ਵਿਭਾਗਾਂ ਨੂੰ ਅਲਾਟ ਕੀਤੇ ਗਏ ਬਜਟ ਦੇ ਖਰਚੇ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨੂੰ ਤੇਜ਼ ਗਤੀ ਨਾਲ ਪੂਰਾ ਕਰਵਾਇਆ ਜਾਵੇ ਤਾਂ ਜੋ ਅਲਾਟ ਕੀਤੇ ਗਏ ਬਜਟ ਦੀ ਚਾਲੂ ਵਿੱਤੀ ਸਾਲ ਦੀ ਸਮਾਪਤੀ ਤੋਂ ਪਹਿਲਾਂ ਯੋਗ ਵਰਤੋਂ ਹੋ ਸਕੇ।

ਦੀਵਾਲੀ ਮੌਕੇ ਦੁੱਧ ਉਤਪਾਦਕਾਂ ਨੂੰ ਗਿਫਟ ਵੰਡੇ

ਪੋਜੇਵਾਲ (ਰਾਮ ਲਾਲ)- ਵੇਰਕਾ ਡੇਅਰੀ ਮਜਾਰਾ ਮੌਜੋਵਾਲ ਵੱਲੋਂ ਦੁੱਧ ਉਤਪਾਦਕਾਂ ਨੂੰ ਦੀਵਾਲੀ ਦੇ ਤਿਉਹਾਰ ਮੌਕੇ ਵੱਖ ਵੱਖ ਤਰ੍ਹਾਂ ਦੇ ਗਿਫਟ ਵੰਡੇ ਗਏ। ਪ੍ਰਧਾਨ ਸੰਤੋਖ ਸਿੰਘ ਹੀਰ ਵੱਲੋਂ ਜਿੱਥੇ ਸਮੁੱਚੇ ਇਲਾਕਾ ਵਾਸੀਆਂ ਨੂੰ ਦੀਵਾਲੀ, ਵਿਸ਼ਵਕਰਮਾ ਦਿਵਸ ਅਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਉੱਥੇ ਉਨ੍ਹਾਂ ਸਮੁੱਚੇ ਦੁੱਧ ਉਤਪਾਦਕਾਂ ਨੂੰ ਵੇਰਕਾ ਡੇਅਰੀ ਨਾਲ ਜੁੜਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਆਪਣੀ ਆਰਥਿਕਤਾ ਅੰਦਰ ਸੁਧਾਰ ਲਿਆਉਣ ਲਈ ਖੇਤੀਬਾੜੀ ਦੇ ਧੰਦੇ ਨਾਲ ਦੁੱਧ ਉਤਪਾਦਨ ਦਾ ਧੰਦਾ ਕਰਨਾ ਵੀ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵੇਰਕਾ ਡੇਅਰੀ ਨਾਲ ਜੁੜ ਕੇ ਦੁੱਧ ਦਾ ਵੱਧ ਤੋਂ ਵੱਧ ਮੁੱਲ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਮੌਕੇ ਪ੍ਰਧਾਨ ਸੰਤੋਖ ਸਿੰਘ ਹੀਰ, ਸੈਕਟਰੀ ਨਰਿੰਦਰ ਸਿੰਘ ਰਾਜਾ, ਸਰਪੰਚ ਦਿਲਵਰ ਸਿੰਘ ਖਟਕੜ, ਜੋਗਿੰਦਰ ਪਾਲ ਚਾਂਦਲਾ, ਸੂਬੇਦਾਰ ਜਸਵਿੰਦਰ ਸਿੰਘ, ਮੋਹਣ ਸਿੰਘ, ਡੋਗਰ ਸਿੰਘ, ਕਰਨੈਲ ਸਿੰਘ ਗਿੱਲ, ਸੁਰਿੰਦਰ ਸਿੰਘ ਛਿੰਦਾ, ਕੇਵਲ ਸਿੰਘ, ਪਰਮਜੀਤ ਕੌਰ, ਸਰਬਜੀਤ ਕੌਰ, ਜਸਵੀਰ ਕੌਰ, ਹਰਦੀਪ ਕੌਰ, ਬਹੁ ਗਿਣਤੀ ਦੁੱਧ ਉਤਪਾਦਕ ਅਤੇ ਪਿੰਡ ਵਾਸੀ ਹਾਜ਼ਰ ਸਨ।



15 ਸਾਲ ਸੱਤਾ 'ਚ ਰਹਿਣ ਦੇ ਬਾਵਜੂਦ ਚੰਨੀ ਨਸ਼ਿਆਂ ਦੀ ਸਮੱਸਿਆ ਦਾ ਹੱਲ ਕਿਉਂ ਨਹੀਂ ਕਰ ਸਕੇ : ਮੇਜਰ ਅੰਜੂ ਬਾਲਾ ਸਿੰਘ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਭਾਰਤੀ ਜਨਤਾ ਪਾਰਟੀ ਦੀ ਸੀਨੀਅਰ ਆਗੂ ਮੇਜਰ ਅੰਜੂ ਬਾਲਾ ਸਿੰਘ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਜਲੰਧਰ ਤੋਂ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਵੱਲੋਂ 12 ਨਵੰਬਰ ਨੂੰ ਸ੍ਰੀ ਚਮਕੌਰ ਸਾਹਿਬ ਤੋਂ ਸ਼ੁਰੂ ਕੀਤੀ ਜਾ ਰਹੀ 'ਜਵਾਨੀ ਸੰਭਾਲ ਸਾਈਕਲ ਯਾਤਰਾ' ਦੀ ਆਲੋਚਨਾ ਕਰਦਿਆਂ ਇਸ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੀਤਾ ਜਾ ਰਿਹਾ ਸਿਆਸੀ ਪ੍ਰਚਾਰ ਕਰਾਰ ਦਿੱਤਾ। ਮੇਜਰ ਅੰਜੂ ਬਾਲਾ ਸਿੰਘ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣਾ ਸ਼ਲਾਘਾਯੋਗ ਹੈ, ਪਰ ਪੰਜਾਬ ਦੇ ਲੋਕਾਂ ਨੂੰ ਸਿਰਫ਼ ਨਾਅਰਿਆਂ ਅਤੇ ਸਿਆਸੀ ਯਾਤਰਾਵਾਂ ਦੀ ਨਹੀਂ, ਸਗੋਂ ਠੋਸ ਕਾਰਵਾਈ ਅਤੇ ਨਤੀਜਿਆਂ ਦੀ ਲੋੜ ਹੈ। ਚੰਨੀ ਲਗਭਗ 15 ਸਾਲ ਸ੍ਰੀ ਚਮਕੌਰ ਸਾਹਿਬ ਦੇ ਵਿਧਾਇਕ ਰਹੇ ਤੇ ਮੰਤਰੀ ਤੇ ਮੁੱਖ ਮੰਤਰੀ ਵਰਗੇ ਅਹਿਮ ਅਹੁਦਿਆਂ 'ਤੇ ਵੀ ਰਹੇ। ਅਜਿਹੇ ਵਿੱਚ ਸਵਾਲ ਉੱਠਦਾ ਹੈ ਕਿ ਆਪਣੇ ਕਾਰਜਕਾਲ ਦੌਰਾਨ ਉਨ੍ਹਾਂ ਨੇ ਨਸ਼ਿਆਂ ਦੀ ਸਮੱਸਿਆ ਨੂੰ ਖ਼ਤਮ ਕਰਨ ਲਈ ਕਿਹੜੇ ਪ੍ਰਭਾਵਸ਼ਾਲੀ ਕਦਮ ਚੁੱਕੇ ? ਉਨ੍ਹਾਂ ਯਾਦ ਦਿਵਾਇਆ ਕਿ ਸਤੰਬਰ 2016 ਵਿੱਚ ਚੰਨੀ ਨੇ ਇਸੇ ਹਲਕੇ ਤੋਂ 'ਜਵਾਨੀ ਸੰਭਾਲ ਯਾਤਰਾ' ਸ਼ੁਰੂ ਕੀਤੀ ਸੀ ਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਦੇ ਵਾਅਦੇ ਕੀਤੇ ਸਨ। ਸਾਲ 2017 ਤੋਂ 2022 ਤੱਕ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਰਹੀ, ਪਰ ਇਸ ਦੇ ਬਾਵਜੂਦ ਨਸ਼ਿਆਂ ਦੀ ਸਮੱਸਿਆ ਗੰਭੀਰ ਚੁਣੌਤੀ ਬਣੀ ਰਹੀ। ਅੱਜ ਵੀ ਪੰਜਾਬ ਦੀ ਜਵਾਨੀ ਨਸ਼ਿਆਂ, ਬੇਰੁਜ਼ਗਾਰੀ ਅਤੇ ਭਵਿੱਖ ਦੀ ਅਨਿਸ਼ਚਿਤਤਾ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰ ਰਹੀ ਹੈ।



ਗਊਵੰਸ਼ ਦੇ ਚਾਰੇ ਦੀ ਗ੍ਰਾਂਟ ਲਈ 361 ਕਰੋੜ ਦੀ ਰਾਸ਼ੀ ਵੰਡੀ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਖੇਤੀਬਾੜੀ ਅਤੇ ਪਸ਼ੂ ਪਾਲਣ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਰਾਜ ਸਰਕਾਰ ਸੂਬੇ ਵਿੱਚ ਪਸ਼ੂ ਪਾਲਕਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਅਤੇ ਪੇਂਡੂ ਅਰਥਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ। ਇਸੇ ਲਈ ਪਸ਼ੂ ਪਾਲਣ ਨੂੰ ਉਤਸ਼ਾਹਤ ਕਰਨ ਅਤੇ ਕਿਸਾਨਾਂ ਦੀ ਆਜੀਵਿਕਾ ਦੇ ਨਵੇਂ ਰਾਹ ਖੋਲ੍ਹਣ ਲਈ ਸਰਕਾਰ ਵਲੋਂ ਕਈ ਵੱਡੇ ਕਦਮ ਚੁੱਕੇ ਗਏ ਹਨ।ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਜ਼ਨ ਅਨੁਸਾਰ, ਵਾਤਾਵਰਣ ਅਤੇ ਪਸ਼ੂ ਧਨ ਹਮੇਸ਼ਾ ਤੋਂ ਭਾਰਤ ਦੇ ਆਰਥਿਕ ਚਿੰਤਨ ਦਾ ਇੱਕ ਬਹੁਤ ਹੀ ਮਹੱਤਵਪੂਰਨ ਹਿੱਸਾ ਰਹੇ ਹਨ, ਅਤੇ ਰਾਜ ਸਰਕਾਰ ਇਸੇ ਦਿਸ਼ਾ ਵਿੱਚ ਨਿਰੰਤਰ ਕੰਮ ਕਰ ਰਹੀ ਹੈ।ਰਾਣਾ ਨੇ ਦੱਸਿਆ ਕਿ ਸੂਬੇ ਦੀਆਂ ਰਜਿਸਟਰਡ ਗਊਸ਼ਾਲਾਵਾਂ ਅਤੇ ਨੰਦੀਸ਼ਾਲਾਵਾਂ ਦੇ ਗਊਵੰਸ਼ ਦੇ ਨਾਲ-ਨਾਲ ਮੁੜ ਵਸੇਬੇ ਕੀਤੇ ਗਏ ਗਊਵੰਸ਼ ਲਈ ਚਾਰਾ ਗ੍ਰਾਂਟ ਵਜੋਂ ਅਕਤੂਬਰ 2024 ਤੋਂ ਨਵੰਬਰ 2026 ਤੱਕ ਲਗਭਗ 361 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ ਹੈ। ਇਸ ਤੋਂ ਇਲਾਵਾ, ਦੁੱਧ ਦੀ ਪ੍ਰੋਸੈਸਿੰਗ ਅਤੇ ਪੋਸ਼ਣ ਨੂੰ ਉਤਸ਼ਾਹਤ ਕਰਨ ਲਈ ਪਿਸਤਾ ਅਤੇ ਕੇਸਰ ਫਲੇਵਰਡ ਦੁੱਧ, ਜੌਂ-ਜਵਾਰ ਦੇ ਲੱਡੂ, ਬਾਜਰੇ ਦੇ ਲੱਡੂ ਅਤੇ ਮੈਂਗੋ ਲੱਸੀ ਵਰਗੇ ਪੌਸ਼ਟਿਕ ਉਤਪਾਦ ਵੀ ਲਾਂਚ ਕੀਤੇ ਗਏ ਹਨ।

ਪੈਨਸ਼ਨਰਜ਼ ਨੂੰ 2.59 ਗੁਣਾਕ ਨਾਲ ਸੋਧੀ ਪੈਨਸ਼ਨ ਤੇ ਡੀ ਏ ਤੁਰੰਤ ਦਿੱਤਾ ਜਾਵੇ : ਸ਼ਰਮਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਸਕੱਤਰੇਤ ਸਰਵਿਸਜ਼ ਰਿਟਾਇਰਡ ਆਫੀਸਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸ਼ਿਆਮ ਲਾਲ ਸ਼ਰਮਾ ਨੇ ਮੁੱਖ ਮੰਤਰੀ ਪੰਜਾਬ ਅਤੇ ਮੁੱਖ ਸਕੱਤਰ ਪੰਜਾਬ ਨੂੰ ਇੱਕ ਪ੍ਰਤੀਬੇਨਤੀ ਭੇਜਦੇ ਹੋਏ ਮੰਗ ਕੀਤੀ ਕਿ ਪੰਜਾਬ ਸਰਕਾਰ ਦੇ ਪੈਨਸ਼ਨਰਜ਼ ਨੂੰ 10 ਪ੍ਰਤੀਸ਼ਤ ਡੀ.ਏ. ਤੁਰੰਤ ਦਿੱਤਾ ਜਾਵੇ। ਇਹ ਵੀ ਮੰਗ ਕੀਤੀ ਗਈ ਕਿ ਪੈਨਸ਼ਨਰਜ਼ ਦੀ ਪੈਨਸ਼ਨ 2.59 ਗੁਣਾਕ ਨਾਲ ਸੋਧੀ ਜਾਵੇ। ਇਸ ਵੇਲੇ ਪੈਨਸ਼ਨਰਜ਼ ਨੂੰ 2.4495 ਦੇ ਫੈਕਟਰ ਅਨੁਸਾਰ ਪੈਨਸ਼ਨ ਮਿਲ ਰਹੀ ਹੈ ਅਤੇ ਕੇਵਲ .15 ਦਾ ਅੰਤਰ ਹੈ।

1.01.2016 ਤੋਂ ਬਾਅਦ ਵਿੱਚ ਰਿਟਾਇਰ ਹੋਏ ਪੈਨਸ਼ਨਰਜ਼ ਨੂੰ 2.59 ਫੈਕਟਰ ਅਨੁਸਾਰ ਸੋਧੀ ਹੋਈ ਪੈਨਸ਼ਨ ਪਹਿਲਾਂ ਹੀ ਮਿਲ ਰਹੀ ਹੈ। ਪੰਜਾਬ ਵਿੱਚ 3 ਲੱਖ ਦੇ ਕਰੀਬ ਪੈਨਸ਼ਨਰਜ਼ ਹਨ ਅਤੇ ਲੱਗਭੱਗ 2 ਲੱਖ ਪੈਨਸ਼ਨਰਜ਼ ਮਿਤੀ 01.01.2016 ਤੋਂ ਪਹਿਲਾਂ ਦੇ ਹਨ। ਇਹ ਗਿਣਤੀ ਵੀ ਹਰ ਰੋਜ਼ ਘਟ ਰਹੀ ਹੈ, ਕਿਉਂਕਿ ਵਧੇਰੀ ਉਮਰ ਹੋਣ ਕਾਰਨ ਪੈਨਸ਼ਨਰਜ਼ ਦੀ ਮਿਰਤੂ ਹੋ ਰਹੀ ਹੈ ਅਤੇ ਲੱਗਭੱਗ 35000 ਪੈਨਸ਼ਨਰਜ਼ ਦੀ ਮਿਰਤੂ ਹੋ ਗਈ ਹੈ। ਜੇਕਰ ਹਰੇਕ ਪੈਨਸ਼ਨਰ ਨੂੰ ਔਸਤਨ 1500 ਰੁਪਏ ਪ੍ਰਤੀ ਮਹਿਨਾ ਦਾ ਲਾਭ ਮਿਲਦਾ ਹੋਵੇ ਤਾਂ ਵਿੱਤੀ ਬੋਝ 30 ਕਰੋੜ ਦੇ ਲੱਗਭੱਗ ਬਣਦਾ ਹੈ, ਜੋ ਕਿ ਬਹੁਤ ਹੀ ਘੱਟ ਹੈ ਅਤੇ ਇਹ ਲਾਭ ਦੇਣ ਨਾਲ ਪੈਨਸ਼ਨਰਾਂ ਦੀ ਮੁੱਖ ਮੰਗ ਦਾ ਹੱਲ ਹੋ ਜਾਂਦਾ ਹੈ। ਪੈਨਸ਼ਨਰਜ਼ ਦੀ ਦੂਜੀ ਮੰਗ ਡੀ.ਏ. ਦੀ ਅਦਾਇਗੀ ਨਾਲ ਹੈ, ਜੋ ਕਿ ਕਰਮਚਾਰੀਆਂ ਨਾਲ ਵੀ ਸੰਬੰਧਤ ਹੈ।

ਮੁੱਖ ਮੰਤਰੀ ਨਾਲ 18 ਸਤੰਬਰ 2026 ਨੂੰ ਪੈਨਸ਼ਨਰਜ਼/ਕਰਮਚਾਰੀਆਂ ਦੀ ਬਹੁਤ ਸਾਰੀਆਂ ਜਥੇਬੰਦੀਆਂ ਨਾਲ ਮੀਟਿੰਗ ਕੀਤੀ ਗਈ ਸੀ ਅਤੇ ਕਾਫੀ ਮੰਗਾਂ ਤੇ ਵਿਚਾਰ ਕੀਤਾ ਗਿਆ ਸੀ। ਪੈਨਸ਼ਨਰਜ਼ ਦੀਆਂ ਜਥੇਬੰਦੀਆਂ ਵੱਲੋਂ ਡੀ.ਏ. ਦੀ ਮੰਗ ਮੁੱਖ ਮੰਤਰੀ ਕੋਲ ਪੇਸ਼ ਨਹੀਂ ਕੀਤੀ ਗਈ ਸੀ, ਪਰੰਤੂ ਫਿਰ ਵੀ ਉਨ੍ਹਾਂ ਵੱਲੋਂ ਦਲੇਰੀ ਦਾ ਕਦਮ ਚੁੱਕਦੇ ਹੋਏ 8 ਪ੍ਰਤੀਸ਼ਤ ਡੀ.ਏ. ਪੈਨਸ਼ਨਰਜ਼ ਅਤੇ ਕਰਮਚਾਰੀਆਂ ਨੂੰ ਦਿੱਤਾ ਗਿਆ ਸੀ ਅਤੇ ਇਸ ਦੀ ਅਦਾਇਗੀ ਸਤੰਬਰ ਦੀ ਪੈਨਸ਼ਨ/ਤਨਖਾਹ ਨਾਲ ਪੈਨਸ਼ਨਰਜ਼ ਅਤੇ ਕਰਮਚਾਰੀਆਂ ਨੂੰ ਅਕਤੂਬਰ ਦੇ ਮਹੀਨੇ ਵਿੱਚ ਮਿਲ ਗਈ ਹੈ।

ਮੁੱਖ ਮੰਤਰੀ ਵੱਲੋਂ ਯਕੀਨ ਦਿਵਾਇਆ ਗਿਆ ਸੀ ਕਿ ਬਕਾਏ ਆਦਿ ਸਬੰਧੀ ਸੁਪਰੀਮ ਕੋਰਟ ਵੱਲੋਂ ਦਿੱਤੇ ਜਾਣ ਵਾਲੇ ਫੈਸਲੇ ਨੂੰ ਲਾਗੂ ਕੀਤਾ ਜਾਵੇਗਾ। ਇਸ ਵੇਲੇ ਪੰਜਾਬ ਦੇ ਪੈਨਸ਼ਨਰਜ਼/ਕਰਮਚਾਰੀਆਂ ਦੀਆਂ ਡੀ.ਏ. ਦੀਆਂ 4 ਕਿਸ਼ਤਾਂ ਪੈਂਡਿੰਗ ਹਨ । ਇਸ ਤੋਂ ਇਲਾਵਾ 207 ਮਹੀਨੇ ਦਾ ਡੀ.ਏ. ਦਾ ਬਕਾਇਆ ਵੀ ਪੈਂਡਿੰਗ ਹੈ।

ਸ਼ਰਮਾ ਨੇ ਇਹ ਵੀ ਮੰਗ ਕੀਤੀ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਮਿਤੀ 08 ਅਪ੍ਰੈਲ 2026 ਅਤੇ ਮਿਤੀ 03.08.2026 ਨੂੰ ਦਿੱਤੇ ਗਏ ਫੈਸਲੇ ਨੂੰ ਲਾਗੂ ਕਰਨ ਦੀ ਖੇਚਲ ਕੀਤੀ ਜਾਵੇ। ਲਿਟੀਗੇਸ਼ਨ ਨੂੰ ਖਤਮ ਕਰਨ ਲਈ ਮਾਨਯੋਗ ਸੁਪਰੀਮ ਕੋਰਟ ਵਿੱਖੇ ਦਾਇਰ ਕੀਤੀ ਗਈ ਐਸ.ਐਲ.ਪੀ. ਵੀ ਵਾਪਸ ਲਈ ਜਾਵੇ। ਇਸ ਸਮੇਂ ਮਨੋਹਰ ਸਿੰਘ ਮੱਕੜ, ਅਰਜਨ ਦੇਵ ਪਾਠਕ, ਅਮਰਜੀਤ ਸਿੰਘ ਵਾਲੀਆ, ਓਮਾਂ ਕਾਂਤ ਤਿਵਾਰੀ, ਕਰਨੈਲ ਸਿੰਘ ਸੈਣੀ, ਸੁਰਜੀਤ ਸਿੰਘ ਸੀਤਲ, ਬੀ. ਐਸ. ਸੋਢੀ, ਸੁਖਦੇਵ ਸਿੰਘ, ਆਸ਼ਾ ਸੂਦ, ਚੰਦਰ ਸੁਰੇਖਾ, ਸਤਨਾਮ ਕੌਰ ਵੀ ਹਾਜ਼ਰ ਸਨ।



ਐੱਚ ਐੱਮ ਵੀ ਦੀ ਬੀ ਵਾੱਕ ਵਿਦਿਆਰਥਣਾਂ ਨੇ 'ਵਰਸਿਟੀ ਵਿੱਚ ਪਹਿਲੇ ਦੋ ਸਥਾਨ ਕੀਤੇ ਹਾਸਲ

ਜਲੰਧਰ (ਸ਼ੈਲੀ ਐਲਬਰਟ)- ਹੰਸ ਰਾਜ ਮਹਿਲਾ ਮਹਾਂਵਿਦਿਆਲਾ ਜਲੰਧਰ ਦੀਆਂ ਬੀ.ਵਾੱਕ. (ਵੇਬ ਟੈਕਨਾਲੋਜੀ ਐਂਡ ਮਲਟੀਮੀਡੀਆ), ਸਮੈਸਟਰ-ਦੂਜਾ ਦੀਆਂ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਮਈ-ਜੂਨ 2026 ਵਿੱਚ ਕਰਵਾਈਆਂ ਗਈਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਵਿੱਚ ਪਹਿਲੇ ਦੋ ਸਥਾਨ ਹਾਸਲ ਕਰਕੇ ਕਾਲਜ ਦਾ ਨਾਂਅ ਰੋਸ਼ਨ ਕੀਤਾ। ਵਿਦਿਆਰਥਣ ਅੰਜਲੀ ਕੁਮਾਰੀ ਨੇ 8.17 ਐੱਸ ਜੀ ਪੀ ਏ ਨਾਲ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਸ਼ਗੁਨ ਸ਼ਰਮਾ ਨੇ 8.08 ਐੱਸ ਜੀ ਪੀ ਏ ਨਾਲ ਦੂਜਾ ਸਥਾਨ ਹਾਸਲ ਕੀਤਾ। ?ਕਾਲਜ ਦੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਦੋਵਾਂ ਵਿਦਿਆਰਥਣਾ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੱਤੀ। ਉਨ੍ਹਾਂ ਨੇ ਵਿਭਾਗ ਦੇ ਮੁਖੀ ਆਸ਼ੀਸ਼ ਚੱਢਾ ਅਤੇ ਵਿਭਾਗ ਦੇ ਹੋਰ ਅਧਿਆਪਕਾਂ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ ਜਿਨ੍ਹਾਂ ਦੇ ਮਾਰਗਦਰਸ਼ਨ ਹੇਠ ਵਿਦਿਆਰਥਣਾਂ ਨੇ ਇਹ ਸਫਲਤਾ ਪ੍ਰਾਪਤ ਕੀਤੀ। ਪ੍ਰਿੰਸੀਪਲ ਡਾ. ਖੋਸਲਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਾਪਤੀਆਂ ਕਾਲਜ ਦੀ ਗੁਣਵੱਤਾਪੂਰਨ ਸਿੱਖਿਆ ਅਤੇ ਹੁਨਰ-ਆਧਾਰਿਤ ਪੜ੍ਹਾਈ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਇਹ ਹੋਣਹਾਰ ਵਿਦਿਆਰਥਣਾਂ ਦੂਜੇ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਭਵਿੱਖ ਵਿੱਚ ਵੀ ਇਸੇ ਲਗਨ ਅਤੇ ਸਮਰਪਣ ਨਾਲ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਮਲਟੀਮੀਡੀਆ ਵਿਭਾਗ ਦੀਆਂ ਅਧਿਆਪਕਾਵਾਂ ਕੁਮਾਰੀ ਹੀਨਾ ਧੀਰ ਅਤੇ ਕੁਮਾਰੀ ਰੁਚਿਕਾ ਵੀ ਮੌਜੂਦ ਸਨ।



ਕਰਨ ਗੁਪਤਾ ਹੋਣਗੇ ਬਲਾਚੌਰ ਦੇ ਨਵੇਂ ਐੱਸ ਡੀ ਐੱਮ



ਬਲਾਚੌਰ, ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਬ-ਡਵੀਜ਼ਨ ਬਲਾਚੌਰ ਵਿਖੇ ਪ੍ਰਸ਼ਾਸਨਿਕ ਅਧਿਕਾਰੀ ਕਰਨ ਗੁਪਤਾ ਨਵੇਂ ਐੱਸ ਡੀ ਐੱਮ ਵਜੋਂ ਆਪਣੀਆਂ ਸੇਵਾਵਾਂ ਨਿਭਾਉਣਗੇ। ਇਸ ਤੋਂ ਪਹਿਲਾਂ ਉਹ ਫਤਿਹਗੜ੍ਹ ਸਾਹਿਬ ਵਿਖੇ ਬਤੌਰ ਐੱਸ ਡੀ ਐੱਮ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਬਲਾਚੌਰ ਵਿਖੇ ਤਾਇਨਾਤ ਐਸ ਡੀ ਐਮ ਸੁਨੀਲ ਫੋਗਾਟ ਦੇ ਪਦਉਨਤ ਹੋਣ ਕਾਰਨ ਤਬਾਦਲਾ ਹੋ ਚੁੱਕਾ ਹੈ ਜਿਨ੍ਹਾਂ ਦੇ ਸਥਾਨ 'ਤੇ ਕਰਨ ਗੁਪਤਾ ਨੂੰ ਬਲਾਚੌਰ ਸਬ-ਡਵੀਜ਼ਨ ਦੀ ਪ੍ਰਸ਼ਾਸਨਿਕ ਜ਼ਿੰਮੇਵਾਰੀ ਸੌਂਪੀ ਗਈ ਹੈ। ਬਲਾਚੌਰ ਵਿਖੇ ਐੱਸ ਡੀ ਐੱਮ ਦੇ ਅਹੁਦੇ 'ਤੇ ਉਨ੍ਹਾਂ ਦੀ ਨਿਯੁਕਤੀ ਨਾਲ ਸਬ-ਡਵੀਜ਼ਨ ਦੇ ਪ੍ਰਸ਼ਾਸਨਿਕ ਕੰਮਕਾਜ ਦੀ ਜ਼ਿੰਮੇਵਾਰੀ ਹੁਣ ਉਨ੍ਹਾਂ ਦੇ ਹੱਥਾਂ ਵਿੱਚ ਹੋਵੇਗੀ।

ਢਿੱਲਵਾਂ ਦਾ ਸਾਲਾਨਾ ਕਬੱਡੀ ਕੱਪ 14 ਤੇ 15 ਨੂੰ

ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)- ਸੰਤ ਬਾਬਾ ਪ੍ਰਤਾਪ ਸਿੰਘ ਸਪੋਰਟਸ ਕਲੱਬ ਢਿੱਲਵਾਂ ਦੇ ਪ੍ਰਧਾਨ ਦਿਲਬਾਗ ਸਿੰਘ ਯੂ ਕੇ, ਮਨਰਾਜ ਸਿੰਘ ਸਾਬਕਾ ਕੌਂਸਲਰ ਢਿੱਲਵਾਂ, ਖਜ਼ਾਨਚੀ ਬਲਦੇਵ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਸਾਲ ਵੀ ਕਲੱਬ ਵੱਲੋਂ ਸਮੂਹ ਨਗਰ ਨਿਵਾਸੀਆਂ ਅਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ 26ਵਾਂ ਸਲਾਨਾ ਕਬੱਡੀ ਕੱਪ ਸੰਤ ਬਾਬਾ ਪ੍ਰਤਾਪ ਸਿੰਘ ਦੀ ਯਾਦ ਵਿੱਚ 14 ਅਤੇ 15 ਨਵੰਬਰ ਨੂੰ ਬੜੀ ਸ਼ਾਨੋ ਸ਼ੌਕਤ ਨਾਲ ਢਿੱਲਵਾਂ ਸਟੇਡੀਅਮ ਵਿੱਚ ਕਰਵਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਕਬੱਡੀ ਕੱਪ ਵਿੱਚ 70 ਕਿਲੋ, 55 ਕਿਲੋ ਅਤੇ ਪਿੰਡ ਪੱਧਰ ਦੇ ਮੈਚ ਕਰਵਾਏ ਜਾਣਗੇ। ਇਸ ਮੌਕੇ ਬਲਜਿੰਦਰ ਸਿੰਘ ਮੰਗਾ, ਹਰਨੇਕ ਸਿੰਘ ਚੱਕੀ ਵਾਲੇ, ਰਘਬੀਰ ਸਿੰਘ, ਜਸਵਿੰਦਰ ਸਿੰਘ ਬਿੱਟੂ, ਤਰਲੋਚਨ ਸਿੰਘ ਅੰਤਰਰਾਸ਼ਟਰੀ ਕਬੱਡੀ ਕੋਚ, ਸੁਖਬੀਰ ਸਿੰਘ ਸੁੱਖਾ, ਨਿਰਵੈਰ ਸਿੰਘ, ਹਰਜੀਤ ਸਿੰਘ, ਨੰਬਰਦਾਰ ਹਰਪ੍ਰੀਤ ਸਿੰਘ, ਹਰਜਿੰਦਰ ਸਿੰਘ ਅਤੇ ਇਲਾਕਾ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

'ਖੇਤ ਬਚਾਓ ਅਭਿਆਨ' ਤਹਿਤ ਜਾਗਰੂਕਤਾ ਕੈਂਪ ਲਗਾਏ



ਨਵਾਂ ਸ਼ਹਿਰ, (ਮਨੋਜ ਲਾਡੀ)- ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਅਤੇ ਆਈ ਸੀ ਏ ਆਰ-ਅਟਾਰੀ ਜ਼ੋਨ-1 ਦੀ ਸਰਪ੍ਰਸਤੀ ਹੇਠ ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਲੰਗੜੋਆ ਵੱਲੋਂ ਪਿੰਡ ਹੀਮਾ ਅਤੇ ਜੰਡਿਆਲੀ ਵਿਖੇ 'ਖੇਤ ਬਚਾਓ ਅਭਿਆਨ' ਤਹਿਤ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਗਏ। ਇਹ ਕੈਂਪ ਕੇ.ਵੀ.ਕੇ. ਦੇ ਐਸੋਸੀਏਟ ਡਾਇਰੈਕਟਰ ਡਾ. ਪ੍ਰਦੀਪ ਕੁਮਾਰ ਦੀ ਅਗਵਾਈ ਹੇਠ ਕਰਵਾਏ ਗਏ, ਜਿਨ੍ਹਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਵਾਤਾਵਰਣ ਪੱਖੀ ਅਤੇ ਟਿਕਾਊ ਖੇਤੀ ਤਕਨੀਕਾਂ ਬਾਰੇ ਜਾਗਰੂਕ ਕਰਨਾ ਸੀ। ਕੈਂਪ ਦੌਰਾਨ ਡਾ. ਪ੍ਰਦੀਪ ਕੁਮਾਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਖੇਤਾਂ ਵਿੱਚ ਅੱਗ ਲਗਾਉਣ ਦੀ ਬਜਾਏ ਇਸ ਦਾ ਸੁਚੱਜਾ ਪ੍ਰਬੰਧਨ ਕਰਨ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਲੇਖ ਰਾਜ ਮਾਹੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਕਿਸਾਨਾਂ ਨੂੰ ਮਿਆਰੀ ਅਤੇ ਉੱਨਤ ਕਿਸਮ ਦੇ ਬੀਜਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਤੀ ਵਿੱਚ ਵਿਗਿਆਨਕ ਤਰੀਕੇ ਅਪਣਾ ਕੇ ਬੇਲੋੜੇ ਖਰਚਿਆਂ ਨੂੰ ਘਟਾਇਆ ਜਾ ਸਕਦਾ ਹੈ ਅਤੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।ਪ੍ਰੋਗਰਾਮ ਦੌਰਾਨ ਕੇ ਵੀ ਕੇ ਲੰਗੜੋਆ ਦੇ ਸਹਾਇਕ ਪ੍ਰੋਫੈਸਰ (ਐਗਰੋਨੋਮੀ) ਡਾ. ਜਸਵਿੰਦਰ ਕੁਮਾਰ ਅਤੇ ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਡਾ. ਤੇਜਬੀਰ ਸਿੰਘ ਨੇ ਵੀ ਕਿਸਾਨਾਂ ਨਾਲ ਵਿਚਾਰ ਸਾਂਝੇ ਕੀਤੇ।

ਸਿਹਤ ਟੀਮ ਨੇ ਬੱਚੇ ਦੇ ਦਿਲ ਵਿਚਲੇ ਨੁਕਸ ਦਾ ਮੁਫ਼ਤ ਇਲਾਜ ਕਰਵਾਇਆ

ਖਰੜ (ਹਰਨਾਮ ਸਿੰਘ ਡੱਲਾ)- ਪ੍ਰਾਇਮਰੀ ਹੈਲਥ ਸੈਂਟਰ ਬੂਥਗੜ੍ਹ ਦੀ ਆਰ.ਬੀ.ਐਸ.ਕੇ. ਟੀਮ (ਰਾਸ਼ਟਰੀ ਬਾਲ ਸਵਾਸਥਯ ਕਾਰਿਆਕ੍ਰਮ ਟੀਮ) ਨੇ ਬੱਚੇ ਦੇ ਦਿਲ ਵਿਚਲੇ ਜਮਾਂਦਰੂ ਨੁਕਸ ਦਾ ਸਫ਼ਲਤਾਪੂਰਵਕ ਆਪਰੇਸ਼ਨ ਕਰਵਾਇਆ ਹੈ। ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਕੁਰਾਲੀ ਵਾਸੀ ਤਿੰਨ ਸਾਲਾ ਨਵਦੀਪ ਸਿੰਘ ਦੇ ਦਿਲ ਵਿਚ ਜਮਾਂਦਰੂ ਨੁਕਸ ਸੀ। ਉਨ੍ਹਾਂ ਦੀ ਸਿਹਤ ਟੀਮ ਨੇ ਬੱਚੇ ਦੇ ਘਰ ਜਾ ਕੇ ਉਸ ਦੀ ਜਾਂਚ ਕੀਤੀ ਅਤੇ ਇਲਾਜ ਦੇ ਸਾਰੇ ਕਾਗ਼ਜ਼-ਪੱਤਰ ਤਿਆਰ ਕੀਤੇ। ਫਿਰ ਉਸ ਨੂੰ ਅਗਲੇਰੀ ਜਾਂਚ ਲਈ ਜ਼ਿਲ੍ਹਾ ਹਸਪਤਾਲ ਮੋਹਾਲੀ ਵਿਚ ਭੇਜ ਦਿਤਾ ਗਿਆ। ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਬੱਚੇ ਦੇ ਜ਼ਰੂਰੀ ਟੈਸਟ ਕਰਨ ਉਪਰੰਤ ਉਸ ਨੂੰ ਆਪਰੇਸ਼ਨ ਲਈ ਪੀ.ਜੀ.ਆਈ. ਰੈਫ਼ਰ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਬੱਚੇ ਦਾ ਸਫ਼ਲਤਾਪੂਰਵਕ ਆਪਰੇਸ਼ਨ ਹੋਇਆ ਹੈ ਅਤੇ ਬੱਚਾ ਹੁਣ ਪੂਰੀ ਤਰ੍ਹਾਂ ਤੰਦਰੁਸਤ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਸਾਰਾ ਇਲਾਜ ਮੁਫ਼ਤ ਹੋਇਆ ਹੈ।

ਡਾਕਟਰਾਂ ਦੀ ਟੀਮ ਵਿਚ ਡਾ.ਵਿਕਾਸ ਸਹਿਦੇਵ, ਡਾ. ਰੋਹਿਨੀ ਅਤੇ ਹੋਰ ਸਟਾਫ਼ ਸ਼ਾਮਲ ਸੀ।ਐਸ.ਐਮ.ਓ. ਨੇ ਦੱਸਿਆ ਕਿ ਆਰ.ਬੀ.ਐਸ.ਕੇ. ਤਹਿਤ ਬੱਚਿਆਂ ਦਾ ਕਈ ਬਿਮਾਰੀਆਂ ਦਾ ਬਿਲਕੁਲ ਮੁਫ਼ਤ ਇਲਾਜ ਕੀਤਾ ਜਾਂਦਾ ਹੈ।


ਪਰਵਾਰ ਨੂੰ ਇਲਾਜ ਲਈ ਕੋਈ ਪੈਸਾ ਦੇਣ ਦੀ ਲੋੜ ਨਹੀਂ ਪੈਂਦੀ। ਹਸਪਤਾਲ ਵੱਲੋਂ ਹੀ ਮਾਲੀ ਸਹਾਇਤਾ ਲਈ ਕਾਗ਼ਜ਼ ਤਿਆਰ ਕੀਤੇ ਜਾਂਦੇ ਹਨ। ਉਨ੍ਹਾਂ ਆਰ.ਬੀ.ਐਸ.ਕੇ ਦੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੇ ਯਤਨਾਂ ਸਦਕਾ ਬੱਚੇ ਦਾ ਮੁਫ਼ਤ ਆਪਰੇਸ਼ਨ ਸੰਭਵ ਹੋਇਆ ਹੈ ਅਤੇ ਪਰਵਾਰ ਦਾ ਕਾਫ਼ੀ ਖ਼ਰਚਾ ਬਚਿਆ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਕੇਂਦਰ ਅਤੇ ਪੰਜਾਬ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਵੱਖ-ਵੱਖ ਸਿਹਤ ਯੋਜਨਾਵਾਂ ਅਤੇ ਪ੍ਰੋਗਰਾਮਾਂ ਦਾ ਵੱਧ ਤੋਂ ਵੱਧ ਫ਼ਾਇਦਾ ਲੈਣ। ਕਿਸੇ ਵੀ ਜ਼ਰੂਰੀ ਜਾਣਕਾਰੀ ਲਈ ਸਿਹਤ ਵਿਭਾਗ ਦੇ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।



ਆਊਟਸੋਰਸਿੰਗ ਨੀਤੀ ਤਹਿਤ ਕੰਮ ਕਰ ਰਹੇ ਕਰਮਚਾਰੀਆਂ ਦੀਆਂ ਸੇਵਾਵਾਂ 31 ਦਸੰਬਰ ਤੱਕ ਵਧਾਈਆਂ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਸਰਕਾਰ ਨੇ ਆਊਟਸੋਰਸਿੰਗ ਨੀਤੀ ਦੇ ਪਾਰਟ-2 ਤਹਿਤ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਕੰਮ ਕਰ ਰਹੇ ਕਰਮਚਾਰੀਆਂ ਦੀ ਠੇਕਾ ਮਿਆਦ ਦੋ ਮਹੀਨਿਆਂ ਲਈ ਵਧਾ ਦਿੱਤੀ ਹੈ। ਹੁਣ ਇਨ੍ਹਾਂ ਕਰਮਚਾਰੀਆਂ ਦੀਆਂ ਸੇਵਾਵਾਂ 31 ਦਸੰਬਰ, 2026 ਤੱਕ ਜਾਰੀ ਰਹਿਣਗੀਆਂ। ਇਹ ਵਾਧਾ 1 ਨਵੰਬਰ, 2026 ਤੋਂ ਲਾਗੂ ਹੋਵੇਗਾ।ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਪੱਤਰ ਅਨੁਸਾਰ, ਮਨਜ਼ੂਰਸ਼ੁਦਾ ਅਸਾਮੀਆਂ ਦੇ ਵਿਰੁੱਧ ਆਊਟਸੋਰਸਿੰਗ ਨੀਤੀ ਦੇ ਪਾਰਟ-2 ਤਹਿਤ ਨਿਯੁਕਤ ਕਰਮਚਾਰੀਆਂ ਦੀ ਠੇਕਾ ਮਿਆਦ ਪਹਿਲਾਂ 31 ਅਕਤੂਬਰ, 2026 ਤੱਕ ਵਧਾਈ ਗਈ ਸੀ। ਹੁਣ ਸਰਕਾਰ ਨੇ ਇਸ ਮਾਮਲੇ 'ਤੇ ਮੁੜ ਵਿਚਾਰ ਕਰਦਿਆਂ ਇਸ ਨੂੰ ਅਗਲੇ ਦੋ ਮਹੀਨਿਆਂ ਲਈ ਹੋਰ ਵਧਾਉਣ ਦਾ ਫੈਸਲਾ ਕੀਤਾ ਹੈ।ਇਸ ਤੋਂ ਇਲਾਵਾ, ਹਰਿਆਣਾ ਕੌਸ਼ਲ ਰੋਜ਼ਗਾਰ ਨਿਗਮ (ਐਚ.ਕੇ.ਆਰ.ਐਨ.ਐਲ.) ਰਾਹੀਂ ਵੱਖ-ਵੱਖ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਵਿੱਚ ਤਾਇਨਾਤ ਕਰਮਚਾਰੀਆਂ ਦੀ ਠੇਕਾ ਮਿਆਦ ਵੀ ਦੋ ਮਹੀਨਿਆਂ ਲਈ ਵਧਾ ਕੇ 31 ਦਸੰਬਰ, 2026 ਤੱਕ ਕਰ ਦਿੱਤੀ ਗਈ ਹੈ।ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਇਹ ਵਾਧਾ ਐੱਚ ਕੇ ਆਰ ਐੱਨ ਵੱਲੋਂ ਨਿਰਧਾਰਤ ਸ਼ਰਤਾਂ ਅਨੁਸਾਰ ਹੀ ਹੋਵੇਗਾ।ਇਸ ਸਬੰਧ ਵਿੱਚ ਮਨੁੱਖੀ ਸਰੋਤ ਵਿਭਾਗ ਵੱਲੋਂ ਸਾਰੇ ਸਬੰਧਤ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।

ਬਾਬਾ ਵਿਸ਼ਵਕਰਮਾ ਦਿਵਸ ਮਨਾਇਆ



ਦਸੂਹਾ (ਕਰਨੈਲ ਮਾਂਗਟ) ਮਦਰ ਟੈਰੇਸਾ ਆਈ ਟੀ ਆਈ ਦਸੂਹਾ ਵਿਖੇ ਬਾਬਾ ਵਿਸ਼ਵਕਰਮਾ ਦਿਵਸ ਅਤੇ ਨਵੇਂ ਸੈਸ਼ਨ ਦੀ ਸ਼ੁਰੂਆਤ ਸੰਬੰਧੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਪ੍ਰਸਿੱਧ ਕੀਰਤਨੀਏ ਭਾਈ ਬਲਵਿੰਦਰ ਸਿੰਘ ਚਿਪੜਾ ਦੇ ਜਥੇ ਵਲੋਂ ਸੰਗਤਾ ਨੂੰ ਕੀਰਤਨ ਨਾਲ ਨਿਹਾਲ ਕੀਤਾ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾ ਸੰਸਥਾ ਦੇ ਡਾਇਰੈਕਟਰ ਤਰਨਪ੍ਰੀਤ ਸਿੰਘ ਨੇ ਸੰਸਥਾ ਦੇ ਚੇਅਰਮੈਨ ਸਵਰਗੀ ਕੁਲਵੀਰ ਸਿੰਘ ਨੂੰ ਯਾਦ ਕਰਦਿਆ ਸੰਸਥਾ ਵਿੱਚ ਉਨ੍ਹਾਂ ਦੁਆਰਾ ਕੀਤੇ ਗਏ ਕਾਰਜਾਂ ਤੇ ਚਾਨਣਾ ਪਾਇਆ ਅਤੇ ਵਿਦਿਆਰਥੀਆ ਨੂੰ ਜੀਵਨ ਵਿੱਚ ਸਫਲਤਾ ਹਾਸਲ ਕਰਨ ਲਈ ਸਖਤ ਮਿਹਨਤ ਕਰਨ ਲਈ ਕਿਹਾ ਗਿਆ। ਇਸ ਮੌਕੇ ਤੇ ਵੱਖ ਵੱਖ ਬੁਲਾਰਿਆ ਵਿੱਚ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਦੇ ਪਿਤਾ ਜਗਮੋਹਨ ਸਿੰਘ ਬੱਬੂ ਘੁੰਮਣ, ਸੰਤ ਜਸਪਾਲ ਸਿੰਘ ਓਡਰਾ,ਜਗਜੀਤ ਸਿੰਘ ਚੇਅਰਮੈਨ ਅਕਾਲ ਸਹਾਇ ਵੈਲਫੇਅਰ ਸੁਸਾਇਟੀ ਮੁੱਖ ਮਹਿਮਾਨ ਵੱਜੋ ਸ਼ਾਮਲ ਹੋਏ। ਸੰਸਥਾ ਦੇ ਪ੍ਰਿੰਸੀਪਲ ਮੈਡਮ ਸ਼ਰਨਜੀਤ ਕੌਰ ਨੇ ਆਇਆ ਹੋਇਆ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਮੁੱਖ ਮਹਿਮਾਨ ਜਗਮੋਹਨ ਸਿੰਘ ਬੱਬੂ ਘੁੰਮਣ ਤੇ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਸੰਸਥਾ ਵੱਲੋ ਵਿਸ਼ੇਸ਼ ਤੌਰ ਤੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਤੇ ਮੰਨਤਪ੍ਰੀਤ ਕੌਰ, ਪ੍ਰਿੰਸੀਪਲ ਕਰਨੈਲ ਸਿੰਘ ਕਲਸੀ,ਇੰਸਪੈਕਟਰ ਗੁਰਕ੍ਰਿਪਾਲ ਸਿੰਘ ਬੋਦਲ, ਪ੍ਰਧਾਨ ਦੀਦਾਰ ਸਿੰਘ ਕਾਲਾ, ਗੁਰਪ੍ਰੀਤ ਸਿੰਘ ਓਡਰਾ, ਡਾ. ਸ਼ਿਵ ਸਿੰਘ, ਡਾ. ਰਵਨੀਤ ਕੌਰ, ਡਾ. ਅਮਨਪ੍ਰੀਤ ਸਿੰਘ, ਡਾ. ਪ੍ਰਭਜੋਤ, ਡਾ. ਭੁਪਿੰਦਰ ਸਿੰਘ, ਨਿਰਮਲਜੀਤ ਕੌਰ ਭੁੱਲਰ, ਮਾਸਟਰ ਬਲਜੀਤ ਸਿੰਘ, ਇੰਸ.ਸੁਭਮ, ਇੰਸ.ਜਸਮੀਤ ਸਿੰਘ, ਇੰਸ.ਹਰਵਿੰਦਰ ਸਿੰਘ, ਡਾ. ਬਲਜੀਤ ਸਿੰਘ, ਨਿਰਮਲ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਤੇ ਗੁਰੂ ਦੇ ਅਤੁੱਟ ਲੰਗਰ ਵੀ ਵਰਤਾਇਆ ਗਿਆ।

ਡਾ. ਇਸ਼ਾਂਕ ਨੇ ਲਾਇਬ੍ਰੇਰੀ ਵਿਦਿਆਰਥੀਆਂ ਨੂੰ ਕੀਤੀ ਸਮਰਪਤ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)- ਸਿੱਖਿਆ ਕਿਸੇ ਵੀ ਸਮਾਜ ਦੀ ਤਰੱਕੀ ਦੀ ਨੀਂਹ ਹੁੰਦੀ ਹੈ ਤੇ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਦੇ ਨਾਲ-ਨਾਲ ਪੜ੍ਹਨ ਲਈ ਸੁਚੱਜਾ ਮਾਹੌਲ ਅਤੇ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣਾ ਬੇਹੱਦ ਜ਼ਰੂਰੀ ਹੈ। ਇਸੇ ਉਦੇਸ਼ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਦਾ ਕਾਇਆਕਲਪ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਪਿੰਡ ਬੋਹਣ ਦੇ ਸਰਕਾਰੀ ਸਕੂਲ ਵਿੱਚ 13 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਲਾਇਬ੍ਰੇਰੀ ਦਾ ਉਦਘਾਟਨ ਵਿਧਾਇਕ ਡਾ. ਇਸ਼ਾਂਕ ਕੁਮਾਰ ਵੱਲੋਂ ਕੀਤਾ ਗਿਆ ਅਤੇ ਇਸ ਨੂੰ ਵਿਦਿਆਰਥੀਆਂ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਲਾਇਬ੍ਰੇਰੀ ਵਿਦਿਆਰਥੀਆਂ ਵਿੱਚ ਕਿਤਾਬਾਂ ਪੜ੍ਹਨ ਦੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਗਿਆਨ, ਸੋਚਣ ਦੀ ਸਮਰੱਥਾ ਅਤੇ ਆਤਮ-ਵਿਸ਼ਵਾਸ ਨੂੰ ਵੀ ਵਧਾਉਂਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਮੁਕਾਬਲੇ ਵਾਲੇ ਦੌਰ ਵਿੱਚ ਵਿਦਿਆਰਥੀਆਂ ਲਈ ਪਾਠਕ੍ਰਮ ਦੀ ਪੜ੍ਹਾਈ ਦੇ ਨਾਲ-ਨਾਲ ਵੱਖ-ਵੱਖ ਵਿਸ਼ਿਆਂ ਬਾਰੇ ਜਾਣਕਾਰੀ ਹਾਸਲ ਕਰਨਾ ਵੀ ਜ਼ਰੂਰੀ ਹੈ ਅਤੇ ਇਹ ਲਾਇਬ੍ਰੇਰੀ ਇਸ ਦਿਸ਼ਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਵਿਧਾਇਕ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਪੜ੍ਹਾਈ ਅਤੇ ਹੋਰ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਅਤੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਵਿਧਾਇਕ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਸਟਾਫ਼ ਤੋਂ ਇਲਾਵਾ ਪ੍ਰੋਫੈਸਰ ਪ੍ਰਭਜੋਤ ਸਿੰਘ, ਬਲਾਕ ਸੰਮਤੀ ਚੇਅਰਮੈਨ ਕੁਲਵਿੰਦਰ ਕੌਰ, ਸੁਮਨਦੀਪ ਕੌਰ ਮਹਿਲਾ ਵਿੰਗ ਕੋਆਰਡੀਨੇਟਰ, ਕੁਲਜਿੰਦਰ ਯੂਥ ਕੋਆਰਡੀਨੇਟਰ, ਸੁਰਜੀਤ ਸਿੰਘ, ਸਾਬਕਾ ਸਰਪੰਚ ਗੁੱਲੂ ਰਾਮ, ਪੱਟੀ ਦੇ ਸਰਪੰਚ ਸ਼ਿੰਦਰਪਾਲ ਅਤੇ ਸਕੂਲ ਦੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਸ੍ਰੀ ਵਿਸ਼ਵਕਰਮਾ ਦਾ ਸਾਲਾਨਾ ਉਤਸਵ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)- ਸ੍ਰੀ ਵਿਸ਼ਵਕਰਮਾ ਮੰਦਰ ਗੜ੍ਹਸ਼ੰਕਰ ਵਿਖੇ ਪ੍ਰਬੰਧਕ ਕਮੇਟੀ ਅਤੇ ਸੰਗਤ ਦੇ ਸਹਿਯੋਗ ਨਾਲ ਸ੍ਰੀ ਵਿਸ਼ਵਕਰਮਾ ਜੀ ਦਾ 64ਵਾਂ ਸਲਾਨਾ ਉਤਸਵ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਵੇਰੇ 7 ਵਜੇ ਹਵਨ ਨਾਲ ਕੀਤੀ ਗਈ। ਹਵਨ ਤੋਂ ਬਾਅਦ ਨਿਸ਼ਾਨ ਸਾਹਿਬ ਦੀ ਰਸਮ ਸੰਤ ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਸਾਹਿਬ ਵਾਲਿਆਂ ਵੱਲੋਂ ਕੀਤੀ ਗਈ। ਇਸ ਤੋਂ ਬਾਅਦ ਸਟੇਜ ਦੀ ਕਾਰਵਾਈ ਸ਼ੁਰੂ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਰਾਗੀ ਅਤੇ ਢਾਡੀ ਜਥਿਆਂ ਨੇ ਸ੍ਰੀ ਵਿਸ਼ਵਕਰਮਾ ਜੀ ਦੇ ਜੀਵਨ ਅਤੇ ਇਤਿਹਾਸ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਮੈਂਡੀ ਕਲਰਾ ਐਂਡ ਮਿਊਜ਼ੀਕਲ ਗਰੁੱਪ ਵੱਲੋਂ ਬਾਬਾ ਵਿਸ਼ਵਕਰਮਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।ਇਸ ਸਮਾਗਮ ਵਿੱਚ ਸਾਬਕਾ ਵਿਧਾਇਕ ਸ਼੍ਰੋਮਣੀ ਅਕਾਲੀ ਦਲ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਹਲਕਾ ਵਿਧਾਇਕ ਅਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ, ਬਸਪਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ, ਨਗਰ ਕੌਂਸਲ ਦੇ ਪ੍ਰਧਾਨ ਸੋਮਨਾਥ ਬੰਗੜ, ਕੌਂਸਲਰ ਵਿਨੋਦ ਸੈਣੀ, ਤਰਲੋਕ ਸਿੰਘ ਨਾਗਪਾਲ, ਸ਼ੇਰੇ ਏ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਆਗੂ ਜਸਵੰਤ ਸਿੰਘ ਭੱਠਲ, ਐਡਵੋਕੇਟ ਜਸਬੀਰ ਸਿੰਘ ਰਾਏ, ਡਾ ਹਰਵਿੰਦਰ ਸਿੰਘ ਬਾਠ, ਪਰਮਜੀਤ ਸਿੰਘ ਬੱਬਰ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਰਜਿੰਦਰ ਸਿੰਘ ਸੂਕਾ, ਕਾਮਰੇਡ ਦਰਸ਼ਨ ਸਿੰਘ ਮੱਟੂ, ਕਾਂਗਰਸ ਦੇ ਸੀਨੀਅਰ ਆਗੂ ਲਵ ਕੁਮਾਰ ਗੋਲਡੀ, ਜਸਵੀਰ ਸਿੰਘ ਪੁਰਖੋਵਾਲ, ਗੁਰਤੇਜ ਸਿੰਘ ਪੰਨੂ, ਹਰਵੇਲ ਸੈਣੀ, ਚਰਨਜੀਤ ਸਿੰਘ ਚੰਨੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।ਸੰਗਤਾਂ ਲਈ ਲੰਗਰ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਸਟੇਜ ਦੀ ਭੂਮਿਕਾ ਮਨਜੀਤ ਲੱਲੀਆਂ ਵੱਲੋਂ ਨਿਭਾਈ ਗਈ। ਅੰਤ ਵਿੱਚ ਪ੍ਰਧਾਨ ਜੋਗਿੰਦਰ ਸਿੰਘ ਰਿਆਤ, ਭੁਪਿੰਦਰ ਸਿੰਘ ਅਤੇ ਪੂਰੀ ਪ੍ਰਬੰਧਕ ਕਮੇਟੀ ਵੱਲੋਂ ਸਾਰੀਆਂ ਸੰਗਤਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ।



ਕਾਹਮਾ ਵੱਲੋਂ ਹਸਪਤਾਲ ਵਿਖੇ ਨਵੀਂ ਮੌਰਚਰੀ ਲਗਾਉਣ ਲਈ 6 ਲੱਖ ਦਾ ਚੈੱਕ ਭੇਟ

ਪੋਜੇਵਾਲ (ਰਾਮ ਲਾਲ)- ਸਮਾਜ ਸੇਵੀ ਅਤੇ ਕਾਰੋਬਾਰੀ ਹਰਦੇਵ ਸਿੰਘ ਕਾਹਮਾ ਵੱਲੋਂ ਸੰਤ ਓਅੰਕਾਰ ਸਿੰਘ ਮੈਮੋਰੀਅਲ ਚੈਰੀਟੇਬਲ ਹਸਪਤਾਲ ਮਹਿਤਪੁਰ ਉਲੱਦਨੀ ਵਿਖੇ ਡੈੱਡ ਬਾਡੀ ਰੱਖਣ ਲਈ ਛੇ ਮੁਰਦਾ ਸਰੀਰ ਸਮਰੱਥਾ ਵਾਲੀ ਨਵੀਂ ਮੌਰਚਰੀ ਲਗਾਉਣ ਲਈ ਟਰੱਸਟ ਮੈਂਬਰਾਂ ਨੂੰ ਆਪਣੀ ਨੇਕ ਕਮਾਈ ਵਿੱਚੋਂ 6 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਇਹ ਜਾਣਕਾਰੀ ਸਾਂਝੀ ਕਰਦੇ ਹੋਏ ਟਰੱਸਟ ਦੇ ਕਾਰਜਕਾਰੀ ਪ੍ਰਧਾਨ ਸੁਰਜੀਤ ਸਿੰਘ ਨੇ ਦੱਸਿਆ ਸ੍ਰੀ ਮਾਨ ਸੰਤ ਓਅੰਕਾਰ ਸਿੰਘ ਮੈਮੋਰੀਅਲ ਹਸਪਤਾਲ ਵਿਖੇ ਪਹਿਲਾਂ ਵੀ ਇੱਕ ਚਾਰ ਬਾਡੀ ਮੌਰਚਰੀ ਅਤੇ ਦੋ ਸਿੰਗਲ ਬੈੱਡ ਮਾਰਚਰੀ ਕੰਮ ਕਰ ਰਹੀਆਂ ਹਨ ਮਗਰ ਇਲਾਕੇ ਦੇ ਬਹੁਤ ਜਿਆਦਾ ਐਨ ਆਰ ਆਈ ਅਤੇ ਪੜ੍ਹਾਈ ਕਰ ਰਹੇ ਬੱਚੇ ਬਾਹਰ ਵਿਦੇਸ਼ਾਂ ਵਿੱਚ ਰਹਿੰਦੇ ਹਨ ਅਤੇ ਜਦੋਂ ਵੀ ਪਿੱਛੇ ਕੋਈ ਉਹਨਾਂ ਦਾ ਕੋਈ ਪਰਿਵਾਰਕ ਮੈਂਬਰ, ਰਿਸ਼ਤੇਦਾਰ ਜਾਂ ਬਹੁਤ ਸੱਜਣ ਮਿੱਤਰ ਚੜ੍ਹਾਈ ਕਰ ਜਾਂਦਾ ਹੈ ਤਾਂ ਉਸ ਦੇ ਅੰਤਮ ਦਰਸ਼ਨਾਂ ਅਤੇ ਸਸਕਾਰ ਲਈ ਵਿਦੇਸ਼ਾਂ ਵਿੱਚ ਬੈਠੇ ਉਹਨਾਂ ਦੇ ਸੰਬੰਧੀਆਂ ਦਾ ਇੰਤਜ਼ਾਰ ਕਰਨਾ ਪੈਂਦਾ ਹੈ ਹੈ। ਬਲਾਚੌਰ ਇਲਾਕੇ ਵਿੱਚ ਇਸ ਲਈ ਤਕਰੀਬਨ ਕਰੀਬ 15 ਕਿਲੋਮੀਟਰ ਤੱਕ ਮੁਰਦਾ ਸਰੀਰ ਨੂੰ ਰੱਖਣ ਵਾਸਤੇ ਕੋਈ ਹੋਰ ਮੌਰਚਰੀ ਨਹੀਂ ਹੈ। ਬਹੁਤ ਵਾਰ ਮੌਜੂਦਾ ਮੌਰਚਰੀ ਦੇ ਸਾਰੇ ਬਾਕਸ ਫੁੱਲ ਰਹਿੰਦੇ ਹਨ ਅਤੇ ਹੰਗਾਮੀ ਹਾਲਾਤ ਵਿੱਚ ਕਈ ਵਾਰ ਡੈੱਡ ਬਾਡੀ ਨੂੰ ਨਵਾਂਸ਼ਹਿਰ ਜਾਂ ਹੋਰ ਸਥਾਨਾਂ ਤੇ ਰੱਖਣ ਲਈ ਭੇਜਣਾ ਪੈਂਦਾ ਹੈ ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਬਹੁਤ ਵੱਡੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹਨਾਂ ਹਾਲਾਤਾਂ ਦੇ ਮੱਦੇ ਨਜ਼ਰ ਹਸਪਤਾਲ ਟਰੱਸਟ ਨੂੰ ਇੱਕ ਹੋਰ ਮੋਰਚਰੀ ਲਗਾਉਣ ਦੀ ਸਖਤ ਜ਼ਰੂਰਤ ਮਹਿਸੂਸ ਹੋ ਰਹੀ ਸੀ ਮਗਰ ਟਰੱਸਟ ਦੀ ਮਾਲੀ ਹਾਲਤ ਕਮਜ਼ੋਰ ਹੋਣ ਕਾਰਨ ਟਰੱਸਟ ਇਸ ਖਰਚੇ ਨੂੰ ਪੂਰਾ ਕਰਨ ਤੋਂ ਅਸਮਰਥ ਸੀ। ਇਸ ਲਈ ਜਦੋਂ ਹਰਦੇਵ ਸਿੰਘ ਕਾਹਮਾ ਨੂੰ ਪਤਾ ਚੱਲਿਆ ਕਿ ਇਸ ਪੇਡੂ ਇਲਾਕੇ ਦੇ ਲੋਕਾਂ ਨੂੰ ਇਕ ਨਵੀਂ ਮੌਰਚਰੀ ਦੀ ਸਖਤ ਜਰੂਰਤ ਹੈ ਤਾਂ ਉਹਨਾਂ ਨੇ ਇਹ ਸੇਵਾ ਨੂੰ ਪ੍ਰਵਾਨ ਕਰਦਿਆਂ ਹੋਇਆ ਇਸਦਾ ਤਕਰੀਬਨ ਸਾਰਾ ਖਰਚਾ ਕਰਨ ਦਾ ਫੈਸਲਾ ਲੈ ਲਿਆ ਅਤੇ ਇਸ ਲਈ ਆਪਣੀ ਨੇਕ ਕਮਾਈ ਵਿਚੋਂ 6 ਲੱਖ ਰੁਪਏ ਦਾ ਚੈੱਕ ਟਰੱਸਟ ਮੈਂਬਰਾਂ ਨੂੰ ਭੇਟਾ ਕੀਤਾ।ਇਸ ਮੌਕੇ ਉਹਨਾਂ ਦੇ ਨਾਲ ਸੰਤ ਬਾਬਾ ਅਮਰੀਕ ਸਿੰਘ, ਦੀਦਾਰ ਸਿੰਘ ਸੇਵਾ ਮੁਕਤ ਡੀ ਐਸ ਪੀ, ਸੁਰਜੀਤ ਸਿੰਘ ਵਾਈਸ ਪ੍ਰਧਾਨ, ਸੁਰਿੰਦਰ ਸਿੰਘ ਸੋਇਤਾ, ਮਹਿੰਦਰਪਾਲ ਸਿੰਘ ਜਲਵਾਹਾ ਸਕੱਤਰ, ਕੈਪਟਨ ਸਤਨਾਮ ਸਿੰਘ ਦੁਪਾਲਪੁਰ, ਜਗਦੀਪ ਸਿੰਘ ਅਤੇ ਟਰੱਸਟ ਦੇ ਹੋਰ ਮੈਂਬਰ ਵੀ ਮੌਜੂਦ ਸਨ।



ਪਾਕਿਸਤਾਨ ਅਧਾਰਿਤ ਹੈਂਡਲਰਾਂ ਨਾਲ ਜੁੜੇ ਨਸ਼ਾ ਤੇ ਹਥਿਆਰ ਸਮਗਲਿੰਗ ਗਰੋਹ ਦੇ 4 ਦੋਸ਼ੀ ਗ੍ਰਿਫਤਾਰ

ਮੁਹਾਲੀ (ਗੁਰਜੀਤ ਬਿੱਲਾ)- ਵਰੁਣ ਸ਼ਰਮਾ ਸੀਨੀਅਰ ਕਪਤਾਨ ਪੁਲਿਸ ਜ਼ਿਲ੍ਹਾ ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੋਹਾਲੀ ਪੁਲਿਸ ਵੱਲੋਂ ਮਾੜੇ ਅਨਸਰਾ ਵਿਰੁੱਧ ਚਲਾਈ ਮੁਹਿੰਮ ਦੌਰਾਨ ਉਸ ਵੇਲੇ ਵੱਡੀ ਕਾਮਯਾਬੀ ਮਿਲੀ, ਜਦੋਂ ਸੌਰਵ ਜਿੰਦਲ ਕਪਤਾਨ ਪੁਲਸ (ਇਨਵੈਸਟੀਗੇਸ਼ਨ), ਅਕਾਸ਼ਦੀਪ ਸਿੰਘ, ਕਪਤਾਨ ਪੁਲਿਸ (ਆਪਰੇਸ਼ਨ), ਰਾਜਨ ਪਰਮਿੰਦਰ ਸਿੰਘ, ਉਪ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਦੀ ਨਿਗਰਾਨੀ ਹੇਠ ਇੰਸ: ਪਰਦੀਪ ਸਿੰਘ ਬਾਜਵਾ ਇੰਚਾਰਜ ਸੀ ਆਈ ਏ ਸਟਾਫ ਖਰੜ ਦੀ ਟੀਮ ਵੱਲੋਂ ਪਾਕਿਸਤਾਨੀ ਹੈਂਡਲਰਾਂ ਦੇ ਇਸ਼ਾਰੇ ਤੇ ਡਰੋਨ ਰਾਹੀਂ ਨਸ਼ਾ ਮੰਗਵਾਉਣ ਵਾਲੇ ਗਿਰੋਹ ਦੇ 4 ਦੋਸ਼ੀਆ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 5 ਆਧੁਨਿਕ ਪਿਸਟਲ ਅਤੇ 100 ਗ੍ਰਾਮ ਹੈਰੋਇਨ ਬ੍ਰਾਮਦ ਕੀਤੀ ਗਈ। ਵਰੁਣ ਸ਼ਰਮਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀ ਆਈ ਏ ਸਟਾਫ ਮੋਹਾਲੀ ਦੀ ਟੀਮ ਵੱਲੋਂ ਖਰੜ ਦੇ ਇਲਾਕੇ ਵਿੱਚ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਜਾ ਰਹੀ ਸੀ। ਇਸ ਦੌਰਾਨ ਸੀ ਆਈ ਏ ਸਟਾਫ ਦੀ ਟੀਮ ਨੂੰ ਇਤਲਾਹ ਮਿਲੀ ਕਿ ਸੁਖਚੈਨ ਸਿੰਘ ਉਰਫ ਸੁੱਖੀ, ਮਨਪ੍ਰੀਤ ਸਿੰਘ, ਸੁਨੀਲ ਸਿੰਘ ਅਤੇ ਗੁਰਪ੍ਰੀਤ ਸਿੰਘ ਨਾਂਅ ਦੇ ਵਿਅਕਤੀ ਜੋ ਕਿ ਜ਼ਿਲ੍ਹਾ ਫਿਰੋਜ਼ਪੁਰ ਨਾਲ ਸਬੰਧਤ ਹਨ, ਨਸ਼ੀਲੇ ਪਦਾਰਥਾਂ ਅਤੇ ਨਾਜਾਇਜ਼ ਹਥਿਆਰਾਂ ਦੀ ਤਸਕਰੀ ਕਰਨ ਦਾ ਧੰਦਾ ਕਰਦੇ ਹਨ। ਜੋ ਉਕਤ ਚਾਰੋ ਵਿਅਕਤੀ ਕਰੇਟਾ ਕਾਰ ਵਿੱਚ ਸਵਾਰ ਹੋ ਕੇ ਮੋਹਾਲੀ ਦੇ ਵੱਖ-ਵੱਖ ਇਲਾਕਿਆ



ਵਿੱਚ ਨਸ਼ੇ ਅਤੇ ਹਥਿਆਰਾ ਦੀ ਸਪਲਾਈ ਕਰਦੇ ਹਨ। ਉਕਤ ਇਤਲਾਹ ਦੇ ਆਧਾਰ ਤੇ ਪੁਲਸ ਵੱਲੋਂ ਕਾਰਵਾਈ ਕਰਦਿਆਂ ਚਾਰਾਂ ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ ਅਤੇ ਉਨ੍ਹਾਂ ਪਾਸੋਂ 100 ਗ੍ਰਾਮ ਹੈਰੋਇਨ, 05 ਨਾਜਾਇਜ਼ ਪਿਸਟਲ ਅਤੇ ਡਰੱਗ ਮਨੀ ਬ੍ਰਾਮਦ ਕੀਤੀ ਗਈ। ਇਸ ਸਬੰਧੀ ਮੁਕੱਦਮਾ ਨੰ. 388 ਮਿਤੀ 07-11-2026 ਅ/ਧ 21-61-85 ਐਨ.ਡੀ.ਪੀ.ਐਸ.ਐਕਟ ਅਤੇ ਆਰਮਜ਼ ਐਕਟ ਥਾਣਾ ਸਿਟੀ ਖਰੜ ਦਰਜ ਕੀਤਾ ਗਿਆ। ਮੁੱਢਲੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਗ੍ਰਿਫਤਾਰ ਕੀਤੇ ਗਏ ਦੋਸ਼ੀਆਨ ਦੇ ਪਾਕਿਸਤਾਨ ਅਧਾਰਿਤ ਪੀ ਆਈ ਓਜ ਦੇ ਸੰਪਰਕ ਵਿੱਚ ਸਨ। ਦੋਸ਼ੀਆਂ ਦਾ 4 ਦਿਨ ਦਾ ਪੁਲਿਸ ਰਿਮਾਂਡ ਹਾਸਿਲ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਦੋਸ਼ੀਆ ਦਾ ਨਾਮ/ਪਤਾ/ਗ੍ਰਿਫਤਾਰੀ ਦੀ ਮਿਤੀ- ਮਨਪ੍ਰੀਤ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਉਮਰ 23 ਸਾਲ (07-11-2026), ਸੁਨੀਲ ਉੱਰਫ ਸੰਨੀ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਕਮਾਲਵਾਲਾ ਜ਼ਿਲ੍ਹਾ ਫਿਰੋਜ਼ਪੁਰ ਉਮਰ 26 ਸਾਲ (07-11-2026), ਗੁਰਪ੍ਰੀਤ ਸਿੰਘ ਉਰਫ ਗੁਰੀ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਇਸਾ ਪੰਜ ਗਰਾਈਂ, ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਉਮਰ 24 ਸਾਲ। (07-11-2026), ਸੁਖਚੈਨ ਸਿੰਘ ਉਰਫ ਸੁੱਖਾ ਪੁੱਤਰ ਜਗਦੀਸ਼ ਸਿੰਘ ਵਾਸੀ ਗੱਦੂ ਖਿਲਚਾ, ਜ਼ਿਲ੍ਹਾ ਫਿਰੋਜ਼ਪੁਰ ਉਮਰ 23 ਸਾਲ (07-11-2026)। ਗ੍ਰਿਫਤਾਰ ਚਾਰਾਂ ਦੋਸ਼ੀਆਂ ਖਿਲਾਫ ਪਹਿਲਾ ਕੋਈ ਮੁੱਕਦਮਾ ਦਰਜ ਨਹੀ ਹੈ।ਦੋਸ਼ੀਆਨ ਪਾਸੋ ਜ਼ਿਗਾਨਾ 30 ਬੋਰ ਪਿਸਟਲ-1, 32 ਬੋਰ ਪਿਸਟਲ-2, 315 ਬੋਰ ਪਿਸਟਲ-2, ਹੈਰੋਇਨ-100 ਗ੍ਰਾਮ, ਡਰੱਗ ਮਨੀ-1 ਲੱਖ, ਕਾਰ ਕਰੇਟਾ-1 ਬਰਾਮਦ ਕੀਤੀ ਹੈ।

ਕੋਟ ਫਤੂਹੀ ਤੋਂ ਬੇਗਮਪੁਰਾ ਖ਼ਾਲਸਾ ਲਹਿਰ ਦਾ ਐਲਾਨ, 29 ਨੂੰ ਹੋਵੇਗਾ ਵਿਸ਼ਾਲ ਇਕੱਠ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਬੱਬਰਾਂ ਦੀ ਇਤਿਹਾਸਕ ਧਰਤੀ ਕੋਟ ਫਤੂਹੀ ਤੋਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਬੇਗਮਪੁਰਾ ਖ਼ਾਲਸਾ ਲਹਿਰ ਸੰਬੰਧੀ ਅਹਿਮ ਐਲਾਨ ਕੀਤਾ ਗਿਆ। ਇਸ ਮੌਕੇ ਦੋਆਬਾ ਜ਼ੋਨ ਦੇ ਸਮੂਹ ਹਲਕਾ ਇੰਚਾਰਜਾਂ, ਜ਼ੋਨ ਕਮੇਟੀਆਂ ਅਤੇ ਪਾਰਟੀ ਦੇ ਵੱਖ-ਵੱਖ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਇਕੱਠ ਵਿੱਚ ਪਾਰਟੀ ਦੇ ਕੌਮੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਅਤੇ ਇਮਾਨ ਸਿੰਘ ਮਾਨ, ਪੰਜਾਬ ਬੁਲਾਰਾ ਡਾ. ਹਰਜਿੰਦਰ ਸਿੰਘ ਜੱਖੂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਇਸ ਮੌਕੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਨੇ ਬੇਗਮਪੁਰਾ ਦੇ ਸੰਕਲਪ ਨੂੰ ਸਮਾਜਿਕ ਬਰਾਬਰੀ, ਮਨੁੱਖੀ ਸਨਮਾਨ ਅਤੇ ਭਾਈਚਾਰਕ ਸਾਂਝ ਨਾਲ ਜੋੜਦਿਆਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਵੱਲੋਂ ਦਿੱਤੇ ਗਏ ਬਰਾਬਰੀ ਅਤੇ ਸਰਬਸਾਂਝੀਵਾਲਤਾ ਦੇ ਸੰਦੇਸ਼ ਨੂੰ ਉਭਾਰਿਆ।ਉਨ੍ਹਾਂ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਵਿਚਾਰਾਂ ਦਾ ਜ਼ਿਕਰ ਕਰਦਿਆਂ ਸਿੱਖਿਆ, ਸਮਾਨਤਾ, ਸੰਵਿਧਾਨਕ ਅਧਿਕਾਰਾਂ ਅਤੇ ਸਮਾਜਿਕ ਨਿਆਂ ਦੀ ਮਹੱਤਤਾ ਨੂੰ ਵੀ ਸਾਹਮਣੇ ਰੱਖਿਆ। ਬੇਗਮਪੁਰਾ ਦਾ ਸੰਕਲਪ ਮਨੁੱਖੀ ਬਰਾਬਰੀ ਅਤੇ ਸਨਮਾਨ ਦੀ ਸੋਚ ਨੂੰ ਅੱਗੇ ਵਧਾਉਣ ਵਾਲਾ ਵਿਚਾਰ ਹੈ। ਇਸ ਮੌਕੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਪਾਰਟੀ ਦੇ ਸਿਧਾਂਤਾਂ, ਕੌਮੀ ਹੱਕਾਂ, ਸਮਾਜਿਕ ਨਿਆਂ ਅਤੇ



ਪੰਜਾਬ ਦੇ ਭਵਿੱਖ ਨਾਲ ਜੁੜੇ ਮੁੱਦਿਆਂ ਨੂੰ ਅਹਿਮ ਦੱਸਦਿਆਂ ਪਾਰਟੀ ਵਰਕਰਾਂ ਨੂੰ ਜਥੇਬੰਦਕ ਮਜ਼ਬੂਤੀ ਅਤੇ ਲੋਕਾਂ ਤੱਕ ਆਪਣੀ ਵਿਚਾਰਧਾਰਾ ਪਹੁੰਚਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਇਕੱਠ ਦੌਰਾਨ 29 ਨਵੰਬਰ ਨੂੰ ਦੋਆਬਾ ਜ਼ੋਨ ਦਾ ਇੱਕ ਵਿਸ਼ਾਲ ਇਕੱਠ ਜੋ ਟਾਂਡਾ ਵਿਖੇ ਹੋਣ ਜਾ ਰਿਹਾ ਹੈ, ਉਸ ਸੰਬੰਧੀ ਵੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪਾਰਟੀ ਵੱਲੋਂ ਆਗਾਮੀ ਚੋਣਾਂ ਲਈ ਚੋਣ ਮੈਨੀਫੈਸਟੋ ਅਤੇ ਉਮੀਦਵਾਰਾਂ ਦੇ ਐਲਾਨ ਸੰਬੰਧੀ ਵੀ ਜਾਣਕਾਰੀ ਦੇਣ ਦੀ ਗੱਲ ਕਹੀ ਗਈ। ਜ਼ਿਲ੍ਹਾਂ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ, ਗੁਰਦੀਪ ਸਿੰਘ ਸਿੰਘ ਖੁਣਖੁਣ, ਬੀਬੀ ਮਨਜੀਤ ਕੌਰ ਖਾਲਸਾ, ਸੁਖਜੀਤ ਕੌਰ ਭਬਿਆਣਾ, ਮੁਖਤਿਆਰ ਸਿੰਘ ਸੋਢੀ, ਪਰਮਿੰਦਰ ਸਿੰਘ ਖਾਲਸਾ, ਸਰਬਜੀਤ ਸਿੰਘ ਖਾਲਸਾ, ਕੁਲਵੀਰ ਸਿੰਘ ਗੜ੍ਹਸ਼ੰਕਰ, ਪ੍ਰਿੰਸੀਪਲ ਗੁਰਨਾਮ ਸਿੰਘ ਹੁਸ਼ਿਆਰਪੁਰ, ਹੈਪੀ ਕੌਲ, ਜਗਦੀਸ਼ ਸਿੰਘ ਚੱਬੇਵਾਲ, ਹਰਵਿੰਦਰ ਸਿੰਘ ਹੀਰਾ, ਦਵਿੰਦਰ ਸਿੰਘ ਖਾਲਸਾ, ਬੀਬੀ ਰਾਜਵਿੰਦਰ ਕੌਰ, ਹੈੱਬ ਮਾਸਟਰ ਜਰਨੈਲ ਸਿੰਘ ਧੀਰ, ਚਰਨਵਰਿੰਦਰ ਸਿੰਘ, ਹਰਪ੍ਰੀਤ ਸਿੰਘ ਲਾਲੀ, ਨਵਤੇਜ ਸਿੰਘ ਧਾਮੀ, ਬੂਟਾ ਸਿੰਘ ਸਿੰਗੜੀਵਾਲਾ, ਅਕਬਰ ਸਿੰਘ ਬੂਰੇਜੱਟਾਂ, ਪਰਮਜੀਤ ਸਿੰਘ ਮੇਗੋਵਾਲ ਦੁਆਬਾ, ਕੁਲਵੰਤ ਸਿੰਘ ਲਾਲਪੁਰ ਭਾਣਾ, ਨੰਬਰਦਾਰ ਪਿਸ਼ੌਰਾ ਸਿੰਘ, ਕੁਲਦੀਪ ਸਿੰਘ ਗੜ੍ਹਸ਼ੰਕਰ, ਮਲਕੀਤ ਸਿੰਘ ਲਾਲਪੁਰ ਭਾਣਾ, ਮਿੰਟੂ ਮੋਨਾਕਲਾਂ, ਇੰਦਰਜੀਤ ਸਿੰਘ ਬੱਸੀਮਰੂਫ, ਵਰਿੰਦਰ ਸਿੰਘ ਹਾਰਟਾ, ਸਤਨਾਮ ਸਿੰਘ ਠੱਕਰਵਾਲ, ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਇਨਸਾਫ਼ ਪਸੰਦ ਲੋਕ ਸ਼ਾਮਲ ਹੋਏ।

ਮੈਡੀਕਲ ਕਾਲਜ ਤੇ ਟੀਚਿੰਗ ਹਸਪਤਾਲ ਦੇ ਸੰਚਾਲਨ ਸੰਬੰਧੀ ਮੀਟਿੰਗ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਲਈ ਸੁਖਾਲਾ ਅਤੇ ਕਿਫ਼ਾਇਤੀ ਬਣਾਉਣਾ ਰਾਜ ਸਰਕਾਰ ਦੀ ਪਹਿਲੀ ਤਰਜੀਹ ਹੈ। ਇਸੇ ਮਕਸਦ ਨੂੰ ਧਿਆਨ ਵਿੱਚ ਰੱਖਦਿਆਂ ਗੁਰੂਗ੍ਰਾਮ ਦੇ ਸੈਕਟਰ-102 ਸਥਿਤ ਸ਼੍ਰੀ ਸ਼ੀਤਲਾ ਮਾਤਾ ਦੇਵੀ ਮੈਡੀਕਲ ਕਾਲਜ ਅਤੇ 883 ਬੈੱਡਾਂ ਦੇ ਟੀਚਿੰਗ ਹਸਪਤਾਲ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਦੇ ਲਾਭਪਾਤਰੀਆਂ ਅਤੇ ਪੰਜ ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਵਾਰਾਂ ਦੇ ਯੋਗ ਮਰੀਜ਼ਾਂ ਲਈ ਇਲਾਜ ਸੰਬੰਧੀ ਵਿਸ਼ੇਸ਼ ਉਪਬੰਧ ਕੀਤੇ ਗਏ ਹਨ। ਇਹਨਾਂ ਉਪਬੰਧਾਂ ਰਾਹੀਂ ਲੋੜਵੰਦ ਪਰਿਵਾਰਾਂ ਨੂੰ ਇਲਾਜ ਵਿੱਚ ਸਬਸਿਡੀ ਦਾ ਲਾਭ ਮਿਲੇਗਾ ਅਤੇ ਉਹ ਕਿਫ਼ਾਇਤੀ ਦਰਾਂ 'ਤੇ ਬਿਹਤਰ ਸਿਹਤ ਸਹੂਲਤਾਂ ਪ੍ਰਾਪਤ ਕਰ ਸਕਣਗੇ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਨੀ ਦੀ ਪ੍ਰਧਾਨਗੀ ਹੇਠ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਆਯੋਜਿਤ ਮੀਟਿੰਗ ਵਿੱਚ ਮੈਡੀਕਲ ਕਾਲਜ ਅਤੇ ਟੀਚਿੰਗ ਹਸਪਤਾਲ ਦੇ ਸੰਚਾਲਨ ਅਤੇ ਦੇਖਭਾਲ ਨਾਲ ਜੁੜੇ ਵੱਖ-ਵੱਖ ਪਹਿਲੂਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ ਅਤੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਵੀ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਵਿੱਚ ਸ਼ਾਮਲ ਹੋਏ।

ਪ੍ਰਵਾਸੀ ਵਿਅਕਤੀ ਅਫੀਮ ਸਮੇਤ ਕਾਬੂ



ਫਿਲੌਰ (ਨਿਰਮਲ)- ਥਾਣਾ ਫਿਲੌਰ ਦੀ ਪੁਲਿਸ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਢੇਡ ਕਿਲੋ ਅਫੀਮ ਸਮੇਤ ਇੱਕ ਵਿਅਕਤੀ ਨੂੰ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਸੱਦੀ ਗਈ ਪ੍ਰੈਸ ਕਾਨਫਰੰਸ ਦੌਰਾਨ ਡੀ ਐਸ ਪੀ ਫਿਲੌਰ ਭਰਤ ਮਸੀਹ ਨੇ ਦੱਸਿਆ ਕਿ ਥਾਣਾ ਮੁਖੀ ਫਿਲੌਰ ਬਲਵਿੰਦਰ ਸਿੰਘ ਭੁੱਲਰ ਦੀ ਟੀਮ ਵੱਲੋਂ ਸਪੈਸ਼ਲ ਆਪ੍ਰੇਸ਼ਨ ਦੌਰਾਨ ਗੰਨਾ ਪਿੰਡ ਤੋਂ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ ਤੇ ਕਾਬੂ ਕੀਤਾ ਤਾਂ ਉਸ ਦੀ ਤਲਾਸ਼ੀ ਲਈ ਤਾਂ ਉਸ ਪਾਸੋਂ ਢੇਡ ਕਿਲੋ ਅਫੀਮ ਬਰਾਮਦ ਕੀਤੀ ਗਈ। ਜਿਸ ਦੀ ਪਹਿਚਾਣ ਪੰਕਜ ਕੁਮਾਰ ਪੁੱਤਰ ਗੋਪਾਲ ਸੁਥਾਰ ਵਾਸੀ ਪਿੰਡ ਧਾਰੜੀ ਥਾਣਾ ਸਿੰਗੋਲੀ ਮੱਧ ਪ੍ਰਦੇਸ਼ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਪੰਕਜ ਕੁਮਾਰ ਤੇ ਥਾਣਾ ਫਿਲੌਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਤੋਂ ਵੀ ਸਾਲ 2022 ਵਿੱਚ 15/18/21 ਐਨ ਡੀ ਪੀ ਸੀ ਐਕਟ ਤਹਿਤ ਮੁਕੱਦਮਾ ਦਰਜ ਹੈ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਪਿਛਲੇ ਕਈ ਸਾਲਾਂ ਤੋਂ ਮੱਧ ਪ੍ਰਦੇਸ਼ ਸਾਇਡ ਤੋਂ ਅਫੀਮ ਲਿਆ ਕੇ ਪੰਜਾਬ ਦੇ ਵੱਖ ਵੱਖ ਇਲਾਕਿਆਂ ਵਿੱਚ ਸਪਲਾਈ ਕਰਦਾ ਸੀ। ਉਨ੍ਹਾਂ ਦੱਸਿਆ ਕਿ ਪੰਕਜ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਹੈ ਤਾਂ ਜੋ ਹੋਰ ਪੁਛਗਿੱਛ ਕੀਤੀ ਜਾ ਸਕੇ।

ਭਾਜਪਾ ਸਰਕਾਰ ਨੇ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਕੋਈ ਕਦਮ ਨਹੀਂ ਚੁੱਕਿਆ : ਆਗੂ

ਨਕੋਦਰ (ਬਲਵਿੰਦਰ ਸਿੰਘ ਧਾਲੀਵਾਲ)- ਦਿੱਲੀ ਵਿੱਚ ਭਾਜਪਾ ਸਰਕਾਰ ਵੱਲੋਂ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਕੋਈ ਕਦਮ ਨਹੀਂ ਚੁੱਕਿਆ ਗਿਆ। ਸਿਰਫ ਤੇ ਸਿਰਫ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਨ ਤੋਂ ਸਵਾਏ ਭਾਜਪਾ ਕੋਲ ਹੋਰ ਕੁੱਝ ਵੀ ਕਹਿਣ ਲਈ ਕੁਝ ਵੀ ਨਹੀਂ ਹੈ। ਹਲਕਾ ਨਕੋਦਰ ਤੋਂ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਆਖਿਆ ਕਿ ਪੰਜਾਬ ਦਾ ਕਿਸਾਨ ਦੇਸ਼ ਦਾ ਢਿੱਡ ਭਰ ਰਿਹਾ ਹੈ। ਕਿਸਾਨਾਂ ਦਾ ਧੰਨਵਾਦ ਕਰਨ ਦੀ ਬਜਾਏ ਹਮੇਸ਼ਾ ਦੋਸ਼ ਲਗਾਉਣ ਤੱਕ ਸੀਮਤ ਬੀ ਜੇ ਪੀ ਇਹ ਭੁੱਲ ਗਈ ਹੈ ਕਿ ਆਮ ਆਦਮੀ ਪਾਰਟੀ ਨੇ ਦਿੱਲੀ ਵਿੱਚ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਵੱਖ-ਵੱਖ ਕਾਰਜ ਆਰੰਭੇ ਸਨ। ਜਿਸ ਵਿੱਚ ਅਵਾਜਾਈ ਵਾਹਨਾਂ ਵੱਲੋਂ ਫੈਲਾਇਆ ਜਾਂਦਾ ਪ੍ਰਦੂਸ਼ਣ 'ਤੇ ਕੰਟਰੋਲ ਕਰਨ ਲਈ ਕੋਸ਼ਿਸ਼ ਕੀਤੀ ਜਾਂਦੀ ਰਹੀ । ਬੀਬੀ ਮਾਨ ਨੇ ਆਖਿਆ ਕਿ ਪੰਜਾਬ ਦੇ ਕਿਸਾਨਾਂ ਨੇ ਕਾਫੀ ਹੱਦ ਤੱਕ ਪਰਾਲੀ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਘਟਾਇਆ ਹੈ। ਤਾਹੀਓਂ ਪੰਜਾਬ ਦਾ ਏਅਰ ਕੁਆਲਿਟੀ ਇੰਡੈਕਸ ਦਿੱਲੀ ਨਾਲੋਂ ਕਿਤੇ ਬੇਹਤਰ ਹੈ। ਜਦੋਂਕਿ ਦੀਵਾਲੀ ਦੀ ਰਾਤ ਨੂੰ ਪੂਰੀ ਦਿੱਲੀ ਦੇ ਵਿੱਚ ਚਲਾਏ ਗਏ ਪਟਾਕਿਆਂ ਕਾਰਨ ਵੀ ਉੱਥੇ ਪਹਿਲਾਂ ਨਾਲੋਂ ਏਅਰ ਕੁਆਲਿਟੀ ਇੰਡੈਕਸ ਹੋਰ ਵਿਗੜ ਗਿਆ, ਪਰ ਫ਼ਿਰ ਵੀ ਭਾਜਪਾ ਆਗੂਆਂ ਵੱਲੋਂ ਇਹ ਆਖ ਦਿੱਤਾ ਗਿਆ ਕਿ ਪੰਜਾਬ ਦੇ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਉਣ ਕਰਕੇ ਪ੍ਰਦੂਸ਼ਣ ਵਧਿਆ ਹੈ, ਮਤਲਬ ਕਿ ਇਹ ਲੋਕ ਜਿਵੇਂ-ਤਿਵੇਂ ਕਰਕੇ ਪੰਜਾਬ ਦੇ ਉੱਪਰ ਇਲਜ਼ਾਮ ਮੜ੍ਹ ਕੇ ਇੱਥੋਂ ਦੇ ਕਿਸਾਨਾਂ ਨੂੰ ਬਦਨਾਮ ਕਰ ਰਹੇ ਹਨ। ਜਿਸ ਨੂੰ ਸਹਿਣ ਨਹੀ ਕੀਤਾ ਜਾ ਸਕਦਾ।



ਐੱਲ ਪੀ ਯੂ ਦੇ ਨਿਖਿਲਨ ਜੇ ਐਮ ਨੇ 'ਵਰਲਡ ਸਕਿਲਸ ਸ਼ੰਘਾਈ 2026' 'ਚ 7ਵਾਂ ਰੈਂਕ ਪ੍ਰਾਪਤ ਕੀਤਾ

ਜਲੰਧਰ (ਸ਼ੈਲੀ ਐਲਬਰਟ)- ਭਾਰਤ ਦੀ ਨੌਜਵਾਨ ਤਕਨੀਕੀ ਪ੍ਰਤਿਭਾ ਲਈ ਇੱਕ ਵੱਡੀ ਪ੍ਰਾਪਤੀ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਵਿੱਚ ਚੌਥੇ ਸਾਲ ਦੇ ਬੀ ਟੈਕ ਏਅਰੋਸਪੇਸ ਇੰਜੀਨੀਅਰਿੰਗ ਦੇ ਵਿਦਿਆਰਥੀ ਨਿਖਿਲਨ ਜੇ ਐਮ ਨੇ 'ਵਰਲਡ ਸਕਿਲਸ ਸ਼ੰਘਾਈ 2026' ਵਿੱਚ 'ਅਨਮੈਨਡ ਏਰੀਅਲ ਸਿਸਟਮਜ਼' (ਯੂਏਐਸ) ਸ਼੍ਰੇਣੀ ਵਿੱਚ ਵਿਸ਼ਵ ਪੱਧਰ ਤੇ 7ਵਾਂ ਰੈਂਕ ਪ੍ਰਾਪਤ ਕੀਤਾ ਹੈ। ਉਸਨੇ 69 ਦੇਸ਼ਾਂ ਦੇ ਭਾਗੀਦਾਰਾਂ ਦੇ ਵਿਰੁੱਧ ਮੁਕਾਬਲਾ ਕੀਤਾ।

ਐੱਲ ਪੀ ਯੂ ਲਈ ਚੋਟੀ ਦੇ 7 ਗਲੋਬਲ ਭਾਗੀਦਾਰਾਂ ਵਿੱਚ ਸਥਾਨ ਪ੍ਰਾਪਤ ਕਰਨਾ ਮਾਣ ਵਾਲੀ ਗੱਲ ਹੈ ਅਤੇ ਉੱਨਤ ਡਰੋਨ ਤਕਨਾਲੋਜੀ ਵਿੱਚ ਭਾਰਤੀ ਪ੍ਰਤਿਭਾ ਦੀਆਂ ਵਧਦੀਆਂ ਸਮਰੱਥਾਵਾਂ ਨੂੰ ਉਜਾਗਰ ਕਰਦਾ ਹੈ।ਨਿਖਿਲਨ ਨੇ ਇੰਡੀਆਸਕਿਲਜ਼ ਮੁਕਾਬਲਾ 2025-26 ਵਿੱਚ ਖੇਤਰੀ ਹੁਨਰ ਮੁਕਾਬਲੇ ਵਿੱਚ ਸੋਨੇ ਦਾ ਤਗਮਾ ਅਤੇ ਯੂ ਏ ਐਸ ਤਕਨਾਲੋਜੀ ਸ਼੍ਰੇਣੀ ਵਿੱਚ ਚਾਂਦੀ ਦਾ ਤਗਮਾ ਜਿੱਤ ਕੇ ਭਾਰਤੀ ਦਲ ਵਿੱਚ ਸਥਾਨ ਪ੍ਰਾਪਤ ਕੀਤਾ। ਉਸਨੇ 15 ਮਈ ਤੋਂ 19 ਜੂਨ, 2026 ਤੱਕ ਵਿਸ਼ੇਸ਼ ਸਿਖਲਾਈ ਲਈ ਜਿਸ ਤੋਂ ਬਾਅਦ ਅੰਤਰਰਾਸ਼ਟਰੀ ਮੁਕਾਬਲੇ ਲਈ ਇੱਕ ਤੀਬਰ ਤਿਆਰੀ ਪ੍ਰੋਗਰਾਮ ਸ਼ੁਰੂ ਕੀਤਾ ਗਿਆ। ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ (ਰਾਜ ਸਭਾ) ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਐੱਲ ਪੀ ਯੂ ਵਿਖੇ, ਸਾਡਾ ਮੰਨਣਾ ਹੈ ਕਿ ਵਿਦਿਆਰਥੀਆਂ ਨੂੰ ਭਵਿੱਖ ਲਈ ਤਿਆਰ ਕਰਨ ਲਈ ਖੋਜ, ਨਵੀਨਤਾ ਅਤੇ ਅਨੁਭਵੀ ਸਿੱਖਿਆ ਜ਼ਰੂਰੀ ਹੈ। ਅਸੀਂ ਹਮੇਸ਼ਾ ਇੱਕ ਅਜਿਹਾ ਅਕਾਦਮਿਕ ਵਾਤਾਵਰਣ ਬਣਾਉਣ 'ਤੇ ਧਿਆਨ ਕੇਂਦਰਿਤ ਕੀਤਾ ਹੈ ਜੋ ਉਤਸੁਕਤਾ ਨੂੰ ਉਤਸ਼ਾਹਿਤ ਕਰਦਾ ਹੈ, ਗਿਆਨ ਦੇ ਵਿਹਾਰਕ ਉਪਯੋਗ ਨੂੰ ਉਤਸ਼ਾਹਿਤ ਕਰਦਾ ਹੈ, ਅਤੇ ਵੱਖ-ਵੱਖ ਵਿਸ਼ਿਆਂ ਵਿੱਚ ਸਹਿਯੋਗ ਨੂੰ ਉਤਸ਼ਾਹਿਤ ਕਰਦਾ ਹੈ।

ਜਿਵੇਂ ਕਿ ਐੱਲ ਪੀ ਯੂ ਆਪਣੀ ਯਾਤਰਾ ਦੇ 25 ਸਾਲ ਪੂਰੇ ਕਰ ਰਿਹਾ ਹੈ, ਅਸੀਂ ਵਿਦਿਆਰਥੀਆਂ ਲਈ ਸਿੱਖਣ, ਨਵੀਨਤਾ ਕਰਨ ਅਤੇ ਤਕਨਾਲੋਜੀ ਦੇ ਉੱਭਰ ਰਹੇ ਖੇਤਰਾਂ ਵਿੱਚ ਯੋਗਦਾਨ ਪਾਉਣ ਦੇ ਮੌਕਿਆਂ ਦਾ ਵਿਸਥਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।'




ਸਰਕਾਰੀ ਹਾਈ ਸਕੂਲ ਦੇ ਖਿਡਾਰੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ

ਪੋਜੇਵਾਲ (ਰਾਮ ਲਾਲ)- ਬਲਾਕ ਪੱਧਰੀ ਸਾਇੰਸ ਪ੍ਰਦਰਸ਼ਨੀ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਟਕਾਰਲਾ ਦੇ ਵਿਦਿਆਰਥੀਆਂ ਨੇ ਵੱਖ ਵੱਖ ਥੀਮਾਂ ਤਹਿਤ ਪੰਜ ਥੀਮਾਂ ਵਿੱਚ ਭਾਗ ਲਿਆ। ਪੰਜਾਂ ਥੀਮਾਂ ਵਿੱਚ ਬੱਚਿਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ ਅਤੇ ਸਾਰੇ ਥੀਮਾਂ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ। ਅੱਠਵੀਂ ਜਮਾਤ ਦੇ ਪ੍ਰਨਵ ਚੌਧਰੀ, ਹੈਵਿਨ ਚੌਧਰੀ ਅਤੇ ਧਰੁਵ ਚੌਧਰੀ ਨੇ ਪਹਿਲਾ ਸਥਾਨ ਨੌਵੀਂ ਜਮਾਤ ਦੇ ਲਾਲ ਚੰਦ ਨੇ ਪਹਿਲਾ ਸਥਾਨ ਅਤੇ ਦਸਵੀਂ ਜਮਾਤ ਦੀ ਵਿਦਿਆਰਥਣ ਤ੍ਰਿਸ਼ਾ ਚੌਧਰੀ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਬੱਚਿਆਂ ਵਲੋਂ ਸਾਰੇ ਵਰਕਿੰਗ ਮਾਡਲ ਤਿਆਰ ਕੀਤੇ ਗਏ ਸਨ। ਇਸ ਬਾਕਮਾਲ ਪ੍ਰਾਪਤੀ ਦਾ ਸਿਹਰਾ ਸਾਇੰਸ ਅਧਿਆਪਕਾ ਪੂਨਮ ਚੌਧਰੀ ਨੂੰ ਜਾਂਦਾਂ ਹੈ। ਖਵਾਹਿਸ਼ ਸੇਵਾ ਸੁਸਾਇਟੀ ਵਲੋਂ ਤਿਆਰ ਕੀਤੀ ਗਈ ਉੱਤਮ ਦਰਜੇ ਦੀ ਸਾਇੰਸ ਲੈਬ ਅਤੇ ਰੋਬੋਟਿਕਸ ਏ ਆਈ ਲੈਬ ਦੀ ਬਦੌਲਤ ਬੱਚੇ ਇਹ ਪ੍ਰਾਪਤੀਆਂ ਕਰ ਰਹੇ ਹਨ। ਸਕੂਲ ਮੁੱਖੀ ਕਿਰਨਾ ਦੇਵੀ ਨੇ ਸਮੂਹ ਸਟਾਫ ਅਤੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ ਅਤੇ ਭਵਿੱਖ ਵਿੱਚ ਵੀ ਅਜਿਹਾ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।



ਚੰਨੀ ਦੱਸਣ ਕਿ ਸ੍ਰੀ ਚਮਕੌਰ ਸਾਹਿਬ ਹਲਕੇ 'ਚ ਨਸ਼ਾ ਕਿਸ ਨੇ ਫੈਲਾਇਆ : ਵਿਧਾਇਕ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਸ੍ਰੀ ਚਮਕੌਰ ਸਾਹਿਬ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਚਰਨਜੀਤ ਸਿੰਘ ਨੇ ਸਾਬਕਾ ਮੁੱਖ ਮੰਤਰੀ ਅਤੇ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਵੱਲੋਂ ਨਸ਼ਿਆਂ ਖ਼ਿਲਾਫ਼ ਸ਼ੁਰੂ ਕੀਤੀ ਜਾ ਰਹੀ 'ਜਵਾਨੀ ਸੰਭਾਲ ਸਾਈਕਲ ਯਾਤਰਾ' 'ਤੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਕੋਈ ਵੀ ਉਪਰਾਲਾ ਕਰਨਾ ਬਹੁਤ ਵਧੀਆ ਗੱਲ ਹੈ, ਪਰ ਚੰਨੀ ਨੂੰ ਪਹਿਲਾਂ ਇਹ ਦੱਸਣਾ ਚਾਹੀਦਾ ਹੈ ਕਿ ਸ੍ਰੀ ਚਮਕੌਰ ਸਾਹਿਬ ਵਰਗੇ ਪਵਿੱਤਰ ਹਲਕੇ ਵਿੱਚ ਨਸ਼ਿਆਂ ਦਾ ਪ੍ਰਚਲਨ ਕਿਸ ਦੇ ਸਮੇਂ ਵਿੱਚ ਸ਼ੁਰੂ ਹੋਇਆ। ਇੱਥੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਧਾਇਕ ਡਾ. ਚਰਨਜੀਤ ਸਿੰਘ ਨੇ ਦੋਸ਼ ਲਗਾਇਆ ਕਿ ਸਾਲ 2007 ਵਿੱਚ ਜਦੋਂ ਚਰਨਜੀਤ ਸਿੰਘ ਚੰਨੀ ਨੇ ਇਸ ਹਲਕੇ ਤੋਂ ਚੋਣ ਲੜੀ ਸੀ ਤਾਂ ਉਨ੍ਹਾਂ ਦੇ ਸਮੇਂ ਦੌਰਾਨ ਹਲਕੇ ਵਿੱਚ ਨਸ਼ਿਆਂ ਨੂੰ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਸ੍ਰੀ ਚਮਕੌਰ ਸਾਹਿਬ ਹਲਕੇ ਵਿੱਚ ਨਸ਼ੇ ਦਾ ਨਾਮੋ-ਨਿਸ਼ਾਨ ਨਹੀਂ ਸੀ ਅਤੇ ਚੋਣਾਂ ਦੌਰਾਨ ਵੀ ਨਸ਼ਿਆਂ ਦੀ ਵਰਤੋਂ ਨਹੀਂ ਹੁੰਦੀ ਸੀ। ਉਨ੍ਹਾਂ ਕਿਹਾ ਕਿ ਸਾਲ 2022 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਨਸ਼ਾ ਵੇਚਣ ਵਾਲੇ ਸੈਂਕੜੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹਾਂ ਵਿੱਚ ਭੇਜਿਆ ਗਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਇਨ੍ਹਾਂ ਵਿੱਚ ਕਈ ਵੱਡੇ ਨਸ਼ਾ ਤਸਕਰ ਕਾਂਗਰਸ ਨਾਲ ਸਬੰਧ ਰੱਖਦੇ ਸਨ। ਵਿਧਾਇਕ ਨੇ ਦੋਸ਼ ਲਗਾਇਆ ਕਿ ਚੰਨੀ ਚੋਣਾਂ ਨੇੜੇ ਆਉਂਦੀਆਂ ਦੇਖ ਕੇ ਸਾਈਕਲ ਯਾਤਰਾ ਕੱਢ ਕੇ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਵੋਟਾਂ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਾਲ 2016 ਵਿੱਚ ਵੀ ਚੋਣਾਂ ਦੇ ਨੇੜੇ ਚੰਨੀ ਵੱਲੋਂ ਸਾਈਕਲ ਯਾਤਰਾ ਕੱਢੀ ਗਈ ਸੀ ਅਤੇ ਹੁਣ ਮੁੜ ਚੋਣਾਂ ਨੇੜੇ ਆਉਣ ਕਾਰਨ ਅਜਿਹੀਆਂ ਸਰਗਰਮੀਆਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ।




ਪ੍ਰਗਤੀਵਾਦੀ ਕਵਿਤਾ ਕੇਂਦਰ ਨੇ ਰਚਾਇਆ ਕਵੀ ਦਰਬਾਰ



ਚੰਡੀਗੜ੍ਹ (ਸੁਰਜੀਤ ਸੁਮਨ)- ਪ੍ਰਗਤੀਵਾਦੀ ਕਵਿਤਾ ਕੇਂਦਰ ਮੋਹਾਲੀ ਦਾ ਕਵੀ ਦਰਬਾਰ ਦਲਬੀਰ ਸਿੰਘ ਸਰੋਆ ਦੇ ਘਰ ਫੇਸ 6, ਮੋਹਾਲੀ ਵਿਖੇ ਸਜਾਇਆ ਗਿਆ। ਇਸ ਕਵੀ ਦਰਬਾਰ ਵਿੱਚ ਜਗਤਾਰ ਸਿੰਘ ਜੋਗ, ਪਾਲ ਅਜਨਬੀ, ਬੰਤ ਸਿੰਘ ਦੀਪ, ਜਸਵਿੰਦਰ ਸਿੰਘ ਕਈਨੌਰ, ਦਲਬੀਰ ਸਿੰਘ ਸਰੋਆ, ਗੁਰਵਿੰਦਰ ਗੁਰੀ, ਰਤਨ ਬਾਬਕਵਾਲਾ, ਸੁਖਪਾਲ ਸਿੰਘ ਹੁੰਦਲ, ਤਰਸੇਮ ਸਿੰਘ ਕਲੇਵਾਲ, ਕੇਸਰ ਸਿੰਘ ਇੰਸਪੈਕਟਰ, ਬਹਾਦਰ ਸਿੰਘ ਗੋਸਲ, ਮੋਹਿੰਦਰ ਸਿੰਘ ਗੋਸਲਾ, ਉਮਾ ਕਾਂਤ ਤਿਵਾੜੀ, ਪ੍ਰਲਾਦ ਸਿੰਘ, ਖੁਸ਼ੀ ਰਾਮ ਨਿਮਾਣਾ, ਐਡਵੋਕੇਟ ਸਰਵਣ ਸਿੰਘ ਸਾਬਰ, ਕੁਲਦੀਪ ਸਿੰਘ ਦੀਪ, ਪਿਆਰਾ ਸਿੰਘ ਰਾਹੀ, ਰਾਜੀਵ ਸੂਦ, ਪ੍ਰਿਤਪਾਲ ਸਿੰਘ ਅਤੇ ਦਿਲਪ੍ਰੀਤ ਸਿੰਘ ਸ਼ਾਮਲ ਹੋਏ। ਇਸ ਮੌਕੇ ਜਿੱਥੇ ਪਿਆਰਾ ਸਿੰਘ ਰਾਹੀਂ, ਗੁਰਵਿੰਦਰ ਗੁਰੀ, ਕੁਲਦੀਪ ਸਿੰਘ ਦੀਪ, ਬੰਤ ਸਿੰਘ ਦੀਪ, ਦਲਬੀਰ ਸਰੋਆ ਅਤੇ ਜਗਤਾਰ ਸਿੰਘ ਜੋਗ ਵਲੋਂ ਰੰਗ-ਬਰੰਗੀਆਂ ਗ਼ਜ਼ਲਾਂ ਨਾਲ ਮਹਿਫ਼ਿਲ ਨੂੰ ਨਿਹਾਲ ਕੀਤਾ ਗਿਆ, ਉੱਥੇ ਹੀ ਖੁਸ਼ੀ ਰਾਮ ਨਿਮਾਣਾ, ਰਾਜੀਵ ਸੂਦ, ਬਹਾਦਰ ਸਿੰਘ ਗੋਸਲ, ਕੇਸਰ ਸਿੰਘ, ਮੋਹਿੰਦਰ ਸਿੰਘ ਗੋਸਲਾ, ਉਮਾ ਕਾਂਤ ਤਿਵਾੜੀ, ਪ੍ਰਲਾਦ ਸਿੰਘ ਅਤੇ ਹੋਰਾਂ ਨੇ ਆਪਣੇ-ਆਪਣੇ ਗੀਤ/ ਕਲਾਮ ਪੇਸ਼ ਕੀਤੇ। ਬਾਬਕਵਾਲਾ ਨੇ ਤਾਂ ਤੂੰਬੀ ਤੇ ਗ਼ਜ਼ਲ ਅਤੇ ਗੀਤ ਗਾ ਕੇ ਮਹਿਫ਼ਿਲ ਨੂੰ ਚਾਰਚੰਨ ਲਾ ਦਿੱਤੇ। ਇਸ ਕਵੀ ਦਰਬਾਰ ਵਿੱਚ ਉਘੇ ਗ਼ਜ਼ਲਗੋ ਬੰਤ ਸਿੰਘ ਦੀਪ ਨੂੰ ਗ਼ਜ਼ਲਾਂ ਵਿੱਚ ਪ੍ਰਗਤੀਵਾਦੀ ਸੋਚ ਭਰਨ ਦੇ ਇਵਜ਼ ਵਿੱਚ ਕੇਂਦਰ ਵਲੋਂ ਸਨਮਾਨ ਪੱਤਰ ਵੀ ਭੇਟ ਕੀਤਾ ਗਿਆ। ਸਟੇਜ ਸੰਚਾਲਨ ਦੀ ਜ਼ਿਮੇਵਾਰੀ ਪਾਲ ਅਜਨਬੀ ਵੱਲੋਂ ਨਿਭਾਈ ਗਈ। ਸਮਾਗਮ ਦੀ ਸਮਾਪਤੀ ਕੇਂਦਰ ਦੇ ਸਰਪ੍ਰਸਤ ਦਲਬੀਰ ਸਰੋਆ ਵਲੋਂ ਸਮੂਹ ਲੇਖਕਾਂ ਦੇ ਧੰਨਵਾਦ ਨਾਲ ਹੋਈ।

ਝੋਨੇ ਦੀ 97 ਫੀਸਦੀ ਹੋਈ ਖਰੀਦ : ਬਰਸਟ

ਐਸ.ਏ.ਐਸ. ਨਗਰ (ਮੋਹਾਲੀ) (ਗੁਰਜੀਤ ਬਿੱਲਾ) - ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸਾਉਣੀ ਖਰੀਦ ਸੀਜ਼ਨ 2026-27 ਦੌਰਾਨ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਫਸਲ ਦੇ ਚੱਲ ਰਹੇ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਇਸ ਦੌਰਾਨ ਬਰਸਟ ਨੇ ਦੱਸਿਆ ਕਿ ਪੰਜਾਬ ਰਾਜ ਦੀਆਂ ਸਮੂਹ ਮੰਡੀਆਂ ਵਿੱਚ ਝੋਨੇ ਦੀ ਆਮਦ, ਖਰੀਦ ਅਤੇ ਲਿਫਟਿੰਗ ਦੇ ਕਾਰਜ ਸੁਚੱਜੇ ਤਰੀਕੇ ਨਾਲ ਚੱਲ ਰਹੇ ਹਨ। ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਕਿਸੇ ਨੂੰ ਵੀ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾ ਰਹੀ। ਮੰਡੀਆਂ ਵਿੱਚੋਂ ਲਿਫਟਿੰਗ ਵੀ ਤੇਜ਼ੀ ਨਾਲ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਪਹੁੰਚੀ ਫਸਲ ਦੀ ਲੱਗਭਗ 97 ਫੀਸਦੀ ਖਰੀਦ ਹੋ ਚੁੱਕੀ ਹੈ। ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੰਡੀਆਂ ਵਿੱਚ 9 ਨਵੰਬਰ ਤੱਕ 170.95 ਲੱਖ ਮੀਟ੍ਰਿਕ ਟਨ ਝੋਨੇ ਦੀ ਫਸਲ ਦੀ ਆਮਦ ਹੋਈ ਹੈ ਅਤੇ 165.45 ਲੱਖ ਮੀਟ੍ਰਿਕ ਟਨ ਦੀ ਖਰੀਦ ਹੋ ਚੁੱਕੀ ਹੈ, ਜਿਸ ਵਿੱਚੋਂ ਸਰਕਾਰੀ ਏਜੰਸੀਆਂ ਵੱਲੋਂ 163.76 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਹੈ। ਮੰਡੀਆਂ ਵਿੱਚੋਂ ਲਗਭਗ 122.20 ਲੱਖ ਮੀਟ੍ਰਿਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਦੇ ਨਾਲ ਖੜ੍ਹੀ ਹੈ। ਮੰਡੀਆਂ ਵਿੱਚ ਸਾਫ਼-ਸਫ਼ਾਈ, ਪੀਣ ਯੋਗ ਪਾਣੀ, ਬਾਥਰੂਮ, ਛਾਂ, ਬੈਠਣ ਆਦਿ ਦੇ ਕੀਤੇ ਗਏ ਪੁਖਤਾ ਪ੍ਰਬੰਧਾਂ ਕਰਕੇ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਸਮੇਤ ਕਿਸੇ ਨੂੰ ਵੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਕਿਸਾਨਾਂ ਨੂੰ ਫਸਲ ਦੀ ਅਦਾਇਗੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾ ਰਹੀ ਹੈ।



ਬ੍ਰਹਮਲੀਨ ਸੰਤ ਭਗਵਾਨ ਦਾਸ ਦੇ ਬਰਸੀ ਸਮਾਗਮ ਸ਼ਰਧਾ ਪੂਰਵਕ ਮਨਾਏ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਮਹਾਨ ਤਪੱਸਵੀ ਬ੍ਰਹਮਲੀਨ ਸ੍ਰੀਮਾਨ 108 ਸੰਤ ਭਗਵਾਨ ਦਾਸ ਦੇ 7ਵੇਂ ਬਰਸੀ ਸਮਾਗਮ ਡੇਰਾ ਸੰਤ ਮੇਲਾ ਰਾਮ ਦਾਸ ਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਮੌਜੂਦਾ ਗੱਦੀਨਸ਼ੀਨ ਸੰਤ ਪਰਮਜੀਤ ਦਾਸ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਸ਼ਰਧਾ ਪੂਰਵਕ ਮਨਾਏ ਗਏ। ਸ੍ਰੀ ਸਹਿਜ ਪਾਠ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਪ੍ਰਸਿੱਧ ਰਾਗੀ ਜਥਿਆਂ ਅਤੇ ਸੰਤਾਂ ਮਹਾਂਪੁਰਖਾਂ ਨੇ ਸੰਗਤਾਂ ਨੂੰ ਗੁਰਬਾਣੀ ਰਾਹੀਂ ਨਿਹਾਲ ਕੀਤਾ। ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਜਨਰਲ ਸਕੱਤਰ ਸੰਤ ਇੰਦਰ ਦਾਸ ਸੇਖੇ, ਸੰਤ ਸਰਵਣ ਦਾਸ ਡੇਰਾ ਸੰਤ ਟਹਿਲ ਦਾਸ ਸਲੇਮਟਾਵਰੀ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਰਾਮ ਸੇਵਕ ਡੇਰਾ ਰਿਸ਼ੀ ਠਾਕੁਰ ਦਾਸ ਹਰੀਪੁਰ ਖਾਲਸਾ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਸੰਤੋਖ ਦਾਸ ਗਨੇਸ਼ਪੁਰ ਭਾਰਟਾ, ਸੰਤ ਗੁਰਮੁਖ ਸਿੰਘ ਬਬੇਲੀ, ਸੰਤ ਰਾਮ ਲਾਲ ਝੰਡੇਰ ਖੁਰਦ, ਸੰਤ ਜੋਗਿੰਦਰ ਦਾਸ ਵਡਾਲਾ ਮਾਹੀ, ਸੰਤ ਰਾਮ ਸਰੂਪ ਗਿਆਨੀ ਖੰਨੀ, ਸੰਤ ਮਨੋਹਰ ਦਾਸ ਲਿੱਧੜਾਂ, ਸੰਤ ਓਮ ਪ੍ਰਕਾਸ਼ ਬੀਨੇਵਾਲ, ਸੰਤ ਕਪੂਰ ਦਾਸ ਅਬਾਦਪੁਰਾ, ਚੰਦਰਪਾਲ ਸੰਧਵਾਂ, ਦੇਸ ਰਾਜ ਸੰਧਵਾਂ ਦੇ ਜਥੇ ਵੱਲੋਂ ਕੀਰਤਨ ਰਾਹੀਂ ਸੰਤ ਭਗਵਾਨ ਦਾਸ ਨੂੰ ਸ਼ਰਧਾ ਸੁਮਨ ਭੇਟ ਕੀਤੇ ਅਤੇ ਨਾਮਬਾਣੀ ਨਾਲ ਜੋੜਿਆ। ਸਟੇਜ ਸਕੱਤਰ ਦੀ ਸੇਵਾ ਜਗਤ ਰਾਮ ਭੱਟੀ ਨੇ ਨਿਭਾਈ।ਇਸ ਮੌਕੇ ਸੰਤ ਪਰਮਜੀਤ ਦਾਸ ਵੱਲੋਂ ਸੰਤਾਂ ਮਹਾਂਪੁਰਸ਼ਾਂ, ਧਾਰਮਿਕ, ਸਮਾਜਿਕ, ਰਾਜਨੀਤਕ ਸ਼ਖ਼ਸੀਅਤਾਂ ਨੂੰ ਵਿਸ਼ੇਸ਼ ਸਨਮਾਨਤ ਕੀਤਾ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

ਪੰਜਾਬ ਰੋਡਵੇਜ਼ ਤੇ ਪਨਬੱਸ ਮੁਲਾਜ਼ਮਾਂ ਦੀਆਂ ਮੰਗਾਂ ਤੁਰੰਤ ਮੰਨੇ ਸਰਕਾਰ : ਖੰਨਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਪੰਜਾਬ ਰੋਡਵੇਜ਼ ਅਤੇ ਪਨਬੱਸ ਦੇ ਕੰਟਰੈਕਟ ਕਰਮਚਾਰੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਕੀਤੀ ਜਾ ਰਹੀ ਤਿੰਨ ਰੋਜ਼ਾ ਹੜਤਾਲ 'ਤੇ ਚਿੰਤਾ ਪ੍ਰਗਟ ਕਰਦਿਆਂ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਤੁਰੰਤ ਮੰਨਣ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਮੁਲਾਜ਼ਮ ਕਿਸੇ ਵੀ ਸੂਬੇ ਦੇ ਪ੍ਰਸ਼ਾਸਨ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਉਨ੍ਹਾਂ ਦੀਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰਨਾ ਅਤੇ ਵਾਰ-ਵਾਰ ਸੰਘਰਸ਼ ਕਰਨ ਲਈ ਮਜਬੂਰ ਕਰਨਾ ਸਰਕਾਰ ਦੀ ਪ੍ਰਸ਼ਾਸਨਿਕ ਨਾਕਾਮੀ ਨੂੰ ਦਰਸਾਉਂਦਾ ਹੈ।

ਭਗਵੰਤ ਮਾਨ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁਲਾਜ਼ਮਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਮੁਲਾਜ਼ਮਾਂ ਨੂੰ ਵਾਰ-ਵਾਰ ਆਪਣੇ ਹੱਕਾਂ ਲਈ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਾ ਪੈ ਰਿਹਾ ਹੈ।ਖੰਨਾ ਨੇ ਕਿਹਾ ਕਿ ਰੋਡਵੇਜ਼ ਅਤੇ ਪਨਬੱਸ ਦੀ ਹੜਤਾਲ ਦਾ ਸਭ ਤੋਂ ਵੱਧ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈਂਦਾ ਹੈ। ਵਿਦਿਆਰਥੀਆਂ, ਮੁਲਾਜ਼ਮਾਂ, ਮਰੀਜ਼ਾਂ, ਬਜ਼ੁਰਗਾਂ ਅਤੇ ਰੋਜ਼ਾਨਾ ਸਫ਼ਰ ਕਰਨ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸਰਕਾਰ ਦੀ ਅਣਗਹਿਲੀ ਕਾਰਨ ਜਨਤਕ ਆਵਾਜਾਈ ਪ੍ਰਭਾਵਿਤ ਹੋਣਾ ਬੇਹੱਦ ਮੰਦਭਾਗਾ ਹੈ।ਲੋਕਾਂ ਨੂੰ ਹੜਤਾਲਾਂ ਅਤੇ ਮੁਲਾਜ਼ਮਾਂ ਨੂੰ ਸੰਘਰਸ਼ਾਂ ਤੋਂ ਬਚਾਉਣਾ ਹੀ ਸਰਕਾਰ ਦੀ ਇੱਕ ਵੱਡੀ ਜ਼ਿੰਮੇਵਾਰੀ ਹੈ।



ਨੌਜਵਾਨਾਂ ਨੂੰ ਖੇਡ ਸਮੱਗਰੀ ਵੰਡੀ

ਜਲੰਧਰ (ਸੁਰਿੰਦਰ ਕੁਮਾਰ) ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਿਹਤਮੰਦ ਜੀਵਨ ਸ਼ੈਲੀ ਵੱਲ ਉਤਸ਼ਾਹਿਤ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।ਖਾਸ ਕਰ ਜ਼ਿਲ੍ਹੇ ਦੇ ਡਰੱਗ ਹਾਟਸਪਾਟ ਖੇਤਰਾਂ ਵਿੱਚ ਖੇਡ ਗਤੀਵਿਧੀਆਂ ਨੂੰ ਹੁਲਾਰਾ ਦਿੱਤਾ ਜਾ ਰਿਹਾ ਹੈ।ਐੱਸ ਡੀ ਐੱਮ ਆਦਮਪੁਰ ਲਾਲ ਵਿਸ਼ਵਾਸ ਬੈਂਸ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਅਤੇ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਬਚਾਉਣ ਦਾ ਪ੍ਰਭਾਵਸ਼ਾਲੀ ਸਾਧਨ ਹਨ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸਬ ਡਵੀਜ਼ਨ ਦੇ ਡਰੱਗ ਹਾਟਸਪਾਟ ਖੇਤਰਾਂ ਵਿੱਚ ਨੌਜਵਾਨਾਂ ਨੂੰ ਖੇਡ ਸਮੱਗਰੀ ਦੀ ਵੰਡ ਕੀਤੀ ਗਈ ਹੈ ਤਾਂ ਜੋ ਉਨ੍ਹਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ। ਉਨ੍ਹਾਂ ਅੱਗੇ ਦੱਸਿਆ ਕਿ ਇਸੇ ਮੰਤਵ ਨਾਲ ਸਕੂਲ ਆਫ਼ ਐਮੀਨੈਂਸ ਆਦਮਪੁਰ ਦਾ ਖੇਡ ਮੈਦਾਨ ਉਨ੍ਹਾਂ ਨੌਜਵਾਨਾਂ ਲਈ ਖੋਲ੍ਹ ਦਿੱਤਾ ਗਿਆ ਹੈ, ਜੋ ਨਸ਼ੇ ਛੱਡ ਕੇ ਸਰੀਰਿਕ ਤੇ ਮਾਨਸਿਕ ਤੰਦਰੁਸਤੀ ਲਈ ਖੇਡਾਂ ਨਾਲ ਜੁੜਨਾ ਚਾਹੁੰਦੇ ਹਨ। ਉਨ੍ਹਾਂ ਦੱਸਿਆ ਕਿ ਆਦਮਪੁਰ ਦੇ ਡਰੱਗ ਹਾਟਸਪਾਟ ਇਲਾਕਿਆਂ ਵਿੱਚ ਪਬਲਿਕ ਲਾਈਟਿੰਗ ਸਬੰਧੀ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਗਿਆ ਹੈ, ਤਾਂ ਜੋ ਉਨ੍ਹਾਂ ਹਨੇਰੇ ਇਲਾਕਿਆਂ ਨੂੰ ਰੌਸ਼ਨ ਕੀਤਾ ਜਾ ਸਕੇ, ਜਿਥੇ ਨਸ਼ਿਆਂ ਦੀ ਦੁਰਵਰਤੋਂ ਦੀ ਸੰਭਾਵਨਾ ਹੋ ਸਕਦੀ ਹੈ। ਇਸ ਤੋਂ ਇਲਾਵਾ ਰੋਜ਼ਗਾਰ ਉਤਪਤੀ ਅਤੇ ਹੁਨਰ ਸਿਖ਼ਲਾਈ ਵਿਭਾਗ ਨਾਲ ਵੀ ਤਾਲਮੇਲ ਕੀਤਾ ਗਿਆ ਹੈ, ਤਾਂ ਜੋ ਨਸ਼ਿਆਂ ਦੀ ਲੱਤ ਛੱਡਣ ਦੇ ਇੱਛੁਕ ਨੌਜਵਾਨਾਂ ਨੂੰ ਹੁਨਰ ਵਿਕਾਸ ਸਿਖ਼ਲਾਈ ਦੇ ਕੇ ਰੋਜ਼ਗਾਰ ਦੇ ਮੌਕਿਆਂ ਨਾਲ ਜੋੜਿਆ ਜਾ ਸਕੇ। ਐਸ ਡੀ ਐਮ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰੋਜ਼ਗਾਰ ਨਾਲ ਜੋੜ ਕੇ ਹੀ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ।



ਜੇ ਧੀਆਂ ਨਹੀਂ ਹੋਣਗੀਆਂ ਤਾਂ ਭਾਈ ਦੂਜ ਕਿਵੇਂ ਮਨਾਈ ਜਾਵੇਗੀ : ਸੰਜੀਵ ਅਰੋੜਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਭੈਣ-ਭਰਾ ਦੇ ਅਟੁੱਟ ਪਿਆਰ, ਸਨੇਹ ਅਤੇ ਵਿਸ਼ਵਾਸ ਦਾ ਪ੍ਰਤੀਕ ਭਾਈ ਦੂਜ ਦਾ ਤਿਉਹਾਰ ਸਾਨੂੰ ਪਰਿਵਾਰਕ ਰਿਸ਼ਤਿਆਂ ਦੀ ਅਹਿਮੀਅਤ ਦਾ ਸੰਦੇਸ਼ ਦਿੰਦਾ ਹੈ। ਇਸ ਮੌਕੇ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਇੱਕ ਵਿਸ਼ੇਸ਼ ਪ੍ਰੈੱਸ ਬਿਆਨ ਜਾਰੀ ਕਰਦਿਆਂ ਸਮਾਜ ਨੂੰ ਧੀਆਂ ਪ੍ਰਤੀ ਆਪਣੀ ਸੋਚ ਬਦਲਣ ਅਤੇ ਉਨ੍ਹਾਂ ਨੂੰ ਬਰਾਬਰ ਦੇ ਅਧਿਕਾਰ ਅਤੇ ਸਨਮਾਨ ਦੇਣ ਦੀ ਅਪੀਲ ਕੀਤੀ।ਸੰਜੀਵ ਅਰੋੜਾ ਨੇ ਕਿਹਾ ਕਿ ਅੱਜ ਸਮਾਜ ਦੇ ਸਾਹਮਣੇ ਇੱਕ ਬਹੁਤ ਵੱਡਾ ਸਵਾਲ ਹੈ ਕਿ ਜੇ ਧੀਆਂ ਨਹੀਂ ਹੋਣਗੀਆਂ ਤਾਂ ਭਾਈ ਦੂਜ ਕਿਵੇਂ ਮਨਾਈ ਜਾਵੇਗੀ, ਜਦੋਂ ਧੀਆਂ ਹੀ ਨਹੀਂ ਹੋਣਗੀਆਂ ਤਾਂ ਭਰਾ ਦੇ ਮੱਥੇ ਤੇ ਤਿਲਕ ਕੌਣ ਲਗਾਏਗਾ ਅਤੇ ਭੈਣ-ਭਰਾ ਦੇ ਇਸ ਪਵਿੱਤਰ ਰਿਸ਼ਤੇ ਦੀਆਂ ਖੁਸ਼ੀਆਂ ਕਿਵੇਂ ਮਨਾਈਆਂ ਜਾਣਗੀਆਂ। ਇਹ ਸੋਚਣ ਅਤੇ ਆਤਮ-ਮੰਥਨ ਕਰਨ ਦਾ ਵਿਸ਼ਾ ਹੈ ਕਿ ਆਖ਼ਰ ਅੱਜ ਵੀ ਕੁਝ ਲੋਕ ਧੀਆਂ ਨੂੰ ਜਨਮ ਦੇਣ ਤੋਂ ਕਿਉਂ ਡਰਦੇ ਹਨ। ਸ਼੍ਰੀ ਅਰੋੜਾ ਨੇ ਕਿਹਾ ਕਿ ਧੀ ਕਿਸੇ ਪਰਿਵਾਰ 'ਤੇ ਬੋਝ ਨਹੀਂ, ਸਗੋਂ ਪਰਿਵਾਰ ਦੀਆਂ ਖੁਸ਼ੀਆਂ, ਸੰਸਕਾਰਾਂ ਅਤੇ ਮਾਣ-ਸਨਮਾਨ ਦਾ ਆਧਾਰ ਹੁੰਦੀ ਹੈ। ਅੱਜ ਧੀਆਂ ਸਿੱਖਿਆ, ਖੇਡਾਂ, ਵਿਗਿਆਨ, ਪ੍ਰਸ਼ਾਸਨ, ਫੌਜ, ਵਪਾਰ ਅਤੇ ਸਮਾਜ ਸੇਵਾ ਸਮੇਤ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਅਤੇ ਮਿਹਨਤ ਨਾਲ ਨਵੀਆਂ ਉਚਾਈਆਂ ਹਾਸਲ ਕਰ ਰਹੀਆਂ ਹਨ। ਇਸ ਦੇ ਬਾਵਜੂਦ ਜੇ ਸਮਾਜ ਵਿੱਚ ਪੁੱਤਰ ਅਤੇ ਧੀ ਵਿਚਕਾਰ ਭੇਦਭਾਵ ਕੀਤਾ ਜਾਂਦਾ ਹੈ ਤਾਂ ਇਹ ਸਾਡੀ ਸਮਾਜਿਕ ਸੋਚ 'ਤੇ ਇੱਕ ਵੱਡਾ ਸਵਾਲ ਹੈ। ਅੰਤ ਵਿੱਚ ਸ਼੍ਰੀ ਅਰੋੜਾ ਨੇ ਕਿਹਾ ਕਿ ਧੀਆਂ ਨੂੰ ਬਚਾਉਣਾ ਸਿਰਫ਼ ਇੱਕ ਨਾਅਰਾ ਨਹੀਂ, ਸਗੋਂ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਦੀ ਜ਼ਿੰਮੇਵਾਰੀ ਹੈ।

ਫੂਡ ਪ੍ਰੋਸੈਸਿੰਗ ਲੈਬ ਦਾ ਉਦਘਾਟਨ



ਆਦਮਪੁਰ, (ਪਰਮਜੀਤ ਸਿੰਘ)- ਬੱਬਰ ਕਰਮ ਸਿੰਘ ਸ਼ਹੀਦ ਕੋ-ਐਜੂਕੇਸ਼ਨਲ ਸੈਕੰਡਰੀ ਸਕੂਲ ਵਿਖੇ ਫੂਡ ਪ੍ਰੋਸੈਸਿੰਗ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਨਿਰਮਲ ਕੌਲ ਨੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਨਿਰਮਲ ਕੌਲ ਨੇ ਕਿਹਾ ਕਿ ਸਕੂਲ ਵਿੱਚ ਫੂਡ ਪ੍ਰੋਸੈਸਿੰਗ ਲੈਬ ਦੀ ਸਥਾਪਨਾ ਹੋਣ ਨਾਲ ਵਿਦਿਆਰਥੀਆਂ ਨੂੰ ਬਹੁਤ ਵੱਡਾ ਲਾਭ ਮਿਲੇਗਾ। ਇਸ ਲੈਬ ਰਾਹੀਂ ਸਕੂਲ ਦੇ ਬੱਚੇ ਹਰ ਰੋਜ਼ ਨਵੀਆਂ-ਨਵੀਆਂ ਤਕਨੀਕਾਂ ਅਤੇ ਫੂਡ ਪ੍ਰੋਸੈਸਿੰਗ ਨਾਲ ਸਬੰਧਤ ਵੱਖ-ਵੱਖ ਚੀਜ਼ਾਂ ਤਿਆਰ ਕਰਨ ਬਾਰੇ ਵਿਹਾਰਕ ਜਾਣਕਾਰੀ ਹਾਸਲ ਕਰ ਸਕਣਗੇ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਲਈ ਪੜ੍ਹਾਈ ਦੇ ਨਾਲ-ਨਾਲ ਕਿੱਤਾਮੁਖੀ ਅਤੇ ਤਕਨੀਕੀ ਸਿੱਖਿਆ ਹਾਸਲ ਕਰਨਾ ਵੀ ਬਹੁਤ ਜ਼ਰੂਰੀ ਹੈ। ਇਹ ਲੈਬ ਬੱਚਿਆਂ ਦੇ ਹੁਨਰ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਸਵੈ-ਰੁਜ਼ਗਾਰ ਤੇ ਰੁਜ਼ਗਾਰ ਦੇ ਨਵੇਂ ਮੌਕਿਆਂ ਨਾਲ ਜੋੜਨ ਵਿੱਚ ਸਹਾਈ ਸਿੱਧ ਹੋਵੇਗੀ। ਸਰਪੰਚ ਨਿਰਮਲ ਕੌਲ ਨੇ ਆਸ ਪ੍ਰਗਟਾਈ ਕਿ ਇਸ ਸਹੂਲਤ ਦਾ ਵਿਦਿਆਰਥੀ ਭਵਿੱਖ ਵਿੱਚ ਭਰਪੂਰ ਲਾਭ ਉਠਾਉਣਗੇ ਅਤੇ ਨਵੀਆਂ ਤਕਨੀਕਾਂ ਸਿੱਖ ਕੇ ਆਪਣੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨਗੇ। ਇਸ ਮੌਕੇ ਉਹਨਾਂ ਤੋਂ ਇਲਾਵਾ ਪਵਨ ਕੁਮਾਰ ਟੀਨੂੰ ਹਲਕਾ ਇੰਚਾਰਜ ਆਦਮਪੁਰ ਆਮ ਆਦਮੀ ਪਾਰਟੀ, ਸਰਪੰਚ ਨਿਰਮਲ ਕੌਲ, ਜਗਜੀਤ ਸਿੰਘ ਬਲਾਕ ਸੰਮਤੀ ਮੈਂਬਰ, ਸੁਰਿੰਦਰ ਸਿੰਘ ਪੰਚ, ਬਲਵੀਰ ਸਿੰਘ ਦਿਓਲ, ਰਜਿੰਦਰ ਕੌਰ, ਜਗੀਰ ਕੌਰ ਪੰਚ, ਗੁਰਪ੍ਰੀਤ ਕੌਰ ਪੰਚ, ਸੇਵਾ ਰਾਮ, ਕਰਨਜੀਤ ਸਿੰਘ, ਹਰਜਾਪ ਸਿੰਘ, ਮੀਨਾਕਸ਼ੀ ਮੁੱਖ ਅਧਿਆਪਿਕਾ, ਦਵਿੰਦਰ ਸਿੰਘ, ਅਨੀਤਾ ਕੁਮਾਰੀ, ਮਾਨਸੀ, ਹਰਜਿੰਦਰ ਕੌਰ, ਨੀਨਾ ਕੁਮਾਰੀ ਗੁਰਚਰਨ ਸਿੰਘ ਐਜੂਕੇਸ਼ਨ ਕੋਆਰਡੀਨੇਟਰ, ਦੀਕਸ਼ਾ, ਵਿਸ਼ਕਰਨ, ਸੁਖਰਾਜ ਕੌਰ, ਅਮਨਜੋਤ ਕੌਰ, ਕੋਮਲ ਬਸਰਾ, ਦੀਪਕਾ ਅਤੇ ਹੋਰ ਹਾਜ਼ਰ ਸਨ।


ਵਿਸ਼ਵਕਰਮਾ ਦਿਵਸ ਬੜੀ ਸ਼ਰਧਾ ਨਾਲ ਮਨਾਇਆ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਨੂਰਮਹਿਲ ਵਿੱਚ ਸਥਿਤ ਵਿਸ਼ਵਕਰਮਾ ਮੰਦਰ ਵਿੱਚ ਵਿਸ਼ਵਕਰਮਾ ਦਿਵਸ ਪ੍ਰਬੰਧਕ ਕਮੇਟੀ, ਸ਼ਹਿਰ ਵਾਸੀਆਂ ਤੇ ਇਲਾਕਾ ਵਾਸੀਆਂ ਵੱਲੋਂ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ । ਸਵੇਰ ਤੋਂ ਹੀ ਲੰਬੀਆਂ ਲਾਈਨਾਂ ਵਿੱਚ ਲੱਗੇ ਸ਼ਰਧਾਲੂਆ ਨੇ ਮੰਦਰ ਵਿੱਚ ਸ਼ਰਧਾ ਪੂਰਵਕ ਮੱਥਾ ਟੇਕਿਆ । ਰਾਗੀ ਜਥਿਆਂ ਨੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ । ਇਸ ਮੌਕੇ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਤੇ ਹਲਕਾ ਨਕੋਦਰ ਦੇ ਸ਼੍ਰੋਮਣੀ ਅਕਾਲੀ ਦਲ ਦੇ ਸੇਵਾਦਾਰ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਮਾਨ ਉਚੇਚੇ ਤੌਰ 'ਤੇ ਪਹੁੰਚੇ । ਇਸ ਮੌਕੇ ਬੀਬੀ ਮਾਨ ਨੇ ਮੰਦਰ ਦੇ ਲੰਗਰ ਹਾਲ ਲਈ ਪੰਜ ਲੱਖ ਦੀ ਗਰਾਂਟ ਦੇਣ ਦਾ ਐਲਾਨ ਕੀਤਾ । ਪ੍ਰਬੰਧਕ ਕਮੇਟੀ ਵੱਲੋਂ ਮੰਦਰ ਦੀ ਉਸਾਰੀ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਤੇ ਹਲਕਾ ਵਿਧਾਇਕ ਬੀਬੀ ਮਾਨ ਦਾ ਸਨਮਾਨ ਵੀ ਕੀਤਾ ਗਿਆ । ਇਸ ਮੌਕੇ ਕੌਂਸਲਰ ਦਿਨੇਸ਼ ਕੁਮਾਰ ਨਿੱਕੂ, ਨਗਰ ਕੌਂਸਲ ਦੇ ਪ੍ਰਧਾਨ ਦੀਪਕ ਕੁਮਾਰ ਦੀਪੂ ਅਤੇ ਭਾਰੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਲਗਵਾਈ। ਲੰਗਰ ਅਟੁੱਟ ਵਰਤਾਇਆ ਗਿਆ।



ਬੀ ਐਨ ਡੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਅੱਡਾ ਸਰਾਂ (ਜਸਵੀਰ ਕਾਜਲ)- ਬੀ.ਐਨ.ਡੀ. ਸੀਨੀਅਰ ਸੈਕੰਡਰੀ ਸਕੂਲ, ਕੰਧਾਲਾ ਜੱਟਾਂ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਅਤੇ ਉਮੰਗ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੇ ਪੂਰੇ ਜੋਸ਼ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਆਪਣੀਆਂ ਕਲਾਸਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ ਅਤੇ ਮਨਮੋਹਕ ਰੰਗੋਲੀਆਂ ਬਣਾਈਆਂ । ਇਸ ਤੋਂ ਇਲਾਵਾ, ਵਿਦਿਆਰਥੀਆਂ ਨੇ ਰਿਫਰੈਸ਼ਮੈਂਟ ਦਾ ਆਨੰਦ ਮਾਣਿਆ ਇਸ ਮੌਕੇ ਸਕੂਲ ਪ੍ਰਿੰਸੀਪਲ ਜੈਕ੍ਰਿਸ਼ਨ ਮੇਹਤਾ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਇਸ ਤਿਉਹਾਰ ਦੇ ਮਹੱਤਵ ਬਾਰੇ ਚਾਨਣਾ ਪਾਇਆ ਅਤੇ ਸਾਰਿਆਂ ਨੂੰ ਆਪਸੀ ਪਿਆਰ, ਸਦਭਾਵਨਾ ਅਤੇ ਏਕਤਾ ਦਾ ਸੰਦੇਸ਼ ਦਿੱਤਾ।ਇਸ ਮੌਕੇ ਇੰਜੀਨੀਅਰ ਅਨਿਲ ਮੇਹਤਾ, ਅਮਿਤ ਕੁਮਾਰ, ਮੈਡਮ ਮਨਦੀਪ ਕੌਰ, ਮੈਡਮ ਸਵਾਤੀ, ਮੈਡਮ ਅਮਨਦੀਪ ਕੌਰ, ਮੈਡਮ ਵੰਦਨਾ ਕੌਰ, ਮੈਡਮ ਗੁਰਬਖ਼ਸ਼ ਕੌਰ, ਮੈਡਮ ਸੁਖਮਨਜੀਤ ਕੌਰ, ਮੈਡਮ ਕੋਮਲ ਕੌਰ, ਮੈਡਮ ਰਾਜਵਿੰਦਰ ਕੌਰ, ਮੈਡਮ ਜਾਨਵੀਰ ਕੌਰ, ਮੈਡਮ ਰਾਜਵੀਰ ਕੌਰ, ਗੁਰਪ੍ਰੀਤ ਸਿੰਘ ਜੌੜਾ, ਗੁਰਮੇਲ ਸਿੰਘ, ਜਤਿੰਦਰ ਸਿੰਘ, ਮੈਡਮ ਰੁਖਸਾਨਾ, ਮੈਡਮ ਅਮੀਸ਼ਾ ਅਤੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।



ਤਿੰਨ ਜਥੇਬੰਦੀਆਂ ਦੇ ਆਗੂ ਮਿਲੇ ਮੁੱਖ ਮੰਤਰੀ ਦੇ ਫੀਲਡ ਅਫ਼ਸਰ ਨੂੰ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਅੱਜ ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ ਅਤੇ ਨੌਜਵਾਨ ਭਾਰਤ ਸਭਾ ਤਿੰਨ ਜਥੇਬੰਦੀਆਂ 'ਤੇ ਅਧਾਰਤ ਇੱਕ ਡੈਪੂਟੇਸ਼ਨ ਫੀਲਡ ਅਫ਼ਸਰ ਮੁੱਖ ਮੰਤਰੀ ਨੂੰ ਮਿਲਿਆ ਅਤੇ ਇੱਕ ਮੰਗ ਪੱਤਰ ਫੀਲਡ ਅਫਸਰ ਨੂੰ ਸੌਂਪਿਆ ਗਿਆ।ਡੈਪੂਟੇਸ਼ਨ ਵੱਲੋਂ ਮੰਗ ਕੀਤੀ ਗਈ ਕਿ ਜ਼ਿਲ੍ਹਾ ਜਲੰਧਰ ਦੇ ਕੁਝ ਪਿੰਡਾਂ ਵਿੱਚ ਸਰਕਾਰ ਵੱਲੋਂ ਚਲਾਈ ਗਈ ਸਕੀਮ ਮੇਰਾ ਘਰ ਮੇਰੇ ਨਾਮ ਦੀਆਂ ਵੈਰੀਫਿਕੇਸ਼ਨ ਟੀਮਾਂ ਨਹੀਂ ਪਹੁੰਚੀਆਂ, ਜਿੱਥੇ ਪਹੁੰਚੀਆਂ ਵੀ ਹਨ ਉਹ ਪਿੰਡ ਦੇ ਨੰਬਰਦਾਰਾਂ, ਸਰਪੰਚਾਂ ਤੱਕ ਸੀਮਤ ਰਹੀਆਂ।ਜਦਕਿ ਘਰਾਂ ਵਾਲੇ ਜੋ ਲਾਭਪਾਤਰੀ ਹਨ, ਉਹਨਾਂ ਨੂੰ ਸੂਚਿਤ ਤੱਕ ਨਹੀਂ ਕੀਤਾ ਗਿਆ। ਜਿਸ ਕਰਕੇ ਇਹ ਗਰੀਬ ਲੋਕ ਸਰਕਾਰ ਦੀ ਇਸ ਸਕੀਮ ਤੋਂ ਵਾਂਝੇ ਰਹਿ ਗਏ। ਕੁਝ ਪਿੰਡਾਂ ਨੂੰ ਪਿਨ ਪਵਾਇੰਟ ਕਰਕੇ ਨਾਮ ਵੀ ਅੰਕਿਤ ਕੀਤੇ ਗਏ। ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਗਈ ਕਿ ਪਿੰਡਾਂ ਵਿੱਚ ਰਹਿੰਦੇ ਘਰਾਂ ਦੀਆਂ ਵੈਰੀਫਿਕੇਸ਼ਨਾਂ ਕਰਕੇ ਲਾਲ ਲਕੀਰ ਅੰਦਰ ਆਉਂਦੇ ਘਰਾਂ ਦੀਆਂ ਮੁਫ਼ਤ ਰਜਿਸਟਰੀਆਂ ਬਣਾ ਕੇ ਦਿੱਤੀਆਂ ਜਾਣ ਤੇ ਉਨ੍ਹਾਂ ਨੂੰ ਮਾਲਕੀ ਦੇ ਹੱਕ ਦਿੱਤੇ ਜਾਣ।ਡੈਪੂਟੇਸ਼ਨ ਵਿੱਚ ਵਿਸ਼ੇਸ਼ ਤੌਰ 'ਤੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਹੰਸ ਰਾਜ ਪੱਬਵਾਂ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਤੇਜਦੀਪ ਸ਼ਾਮਲ ਸਨ।

ਰਾਸ਼ਟਰੀ ਲੀਗਲ ਸਰਵਿਸ ਦਿਵਸ 'ਤੇ ਗੋਸ਼ਟੀ ਕਰਵਾਈ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਇੱਥੇ ਅਲਾਇੰਸ ਕਲੱਬ ਹੁਸ਼ਿਆਰਪੁਰ ਗਰੇਟਰ ਵੱਲੋਂ ਰਾਸ਼ਟਰੀ ਲੀਗਲ ਸਰਵਿਸ ਦਿਵਸ ਦੇ ਮੌਕੇ ਇੱਕ ਗੋਸ਼ਟੀ ਸਥਾਨਕ ਯੂਨੀਵਰਸਿਟੀ ਰਿਆਤ ਬਾਹਰਾ ਦੇ ਲਾ-ਡਿਪਾਰਟਮੈਂਟ ਵਿੱਚ ਕਰਵਾਈ ਗਈ । ਜਿਸ ਵਿੱਚ ਮੁੱਖ ਤੌਰ 'ਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਵਾਇਸ ਪ੍ਰੈਜ਼ੀਡੈਂਟ ਐਲੀ. ਅਸ਼ੋਕ ਪੁਰੀ ਅਤੇ ਵਿਭਾਗ ਦੇ ਐਚ.ਓ.ਡੀ. ਡਾ. ਪ੍ਰਿਯਕਾ ਪੁਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਵਿਚਾਰ ਚਰਚਾ ਦਾ ਸੰਚਾਲਨ ਮਿਸ ਸਪਨਾ ਰਾਣੀ ਅਤੇ ਮਿਸ ਲਲਿਤਾ ਨੇ ਕੀਤਾ। ਇਸ ਪ੍ਰੋਗਰਾਮ ਦੇ ਪ੍ਰੋਜੈਕਟ ਚੇਅਰਮੈਨ ਐਲੀ. ਅਜੇ ਸ਼ਾਰਧਾ ਅਤੇ ਮਿਸ. ਅਨੁਪ੍ਰੀਤ ਕੌਰ ਸੰਧੂ ਸਨ । ਰਾਸ਼ਟਰੀ ਲੀਗਲ ਸਰਵਿਸ ਦਿਵਸ ਦੀ ਵਿਚਾਰ ਚਰਚਾ ਨੂੰ ਸ਼ੁਰੂ ਕਰਨ ਉਪਰੰਤ ਬੀ.ਏ.ਐਲ.ਐਲ.ਬੀ. ਦੇ ਸੱਤਵੇਂ, ਤੀਸਰੇ ਅਤੇ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਨੇ ਵਿਚਾਰ ਚਰਚਾ ਵਿੱਚ ਭਾਗ ਲਿਆ।ਇਸ ਮੌਕੇ ਐਚ.ਓ.ਡੀ. ਡਾ. ਪ੍ਰਿੰਯਕਾ ਪੁਰੀ ਨੇ ਵਿਚਾਰ ਚਰਚਾ ਵਿੱਚ ਭਾਗ ਲੈਣ ਵਾਲੇ ਲਾ-ਡਿਪਾਰਟਮੈਂਟ ਦੇ ਵਿਦਿਆਰਥੀਆਂ ਅਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਵੱਲੋਂ ਇਸ ਸਾਰਥਕ ਵਿਸ਼ੇ ਉੱਪਰ ਵਿਚਾਰ ਚਰਚਾ ਕਰਵਾਉਣ ਲਈ ਮੁਬਾਰਕਬਾਦ ਦਿੱਤੀ। ਐਲੀ.ਅਸ਼ੋਕ ਪੁਰੀ ਨੇ ਸਮਾਜ ਵਿੱਚ ਕਾਨੂੰਨੀ ਪ੍ਰੀਕਿਰਿਆ ਦੇ ਵਰਤਾਰੇ ਬਾਰੇ ਗੱਲ ਕਰਦੇ ਹੋਏ ਦੱਸਿਆ ਕਿ ਵਿਦਿਆਰਥੀਆਂ ਵਿੱਚ ਸਮਾਜਿਕ ਗਿਆਨ ਦਾ ਉਪਜਣਾ ਨਿਆਂ-ਪਾਲਿਕਾ ਦੇ ਸੁਨਹਿਰੀ ਯੁੱਗ ਦੀ ਆਮਦ ਸਾਬਿਤ ਹੋਵੇਗਾ। ਇਸ ਮੌਕੇ ਸੱਤਵੇਂ ਸਮੈਸਟਰ ਦੇ ਕਾਜਲ, ਜਤਿਨ ਸੇਠੀ, ਰਾਘਵ, ਸਮਾਯਰਾ ਅਤੇ ਰੁਪਿੰਦਰ ਕੌਰ ਦੇ ਨਾਲ ਤੀਸਰੇ ਸਮੈਸਟਰ ਦੇ ਰਵੀ ਕਿਸ਼ਨ ਅਤੇ ਪਹਿਲੇ ਸਮੈਸਟਰ ਦੇ ਆਸ਼ੀਮਾ, ਰਾਹੁਲ ਗੁਪਤਾ ਅਤੇ ਮਨਦੀਪ ਸਿੰਘ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ । ਇਸ ਉਪਰੰਤ ਅਲਾਇੰਸ ਕਲੱਬ ਹੁਸ਼ਿਆਰਪੁਰ ਗਰੇਟਰ ਵੱਲੋਂ ਵਿਭਾਗ ਦੇ ਅਧਿਆਪਕ ਸਪਨਾ ਰਾਣੀ, ਅਨੁਪ੍ਰੀਤ ਕੌਰ ਸੰਧੂ, ਲਲਿਤਾ ਅਤੇ ਐਚ.ਓ.ਡੀ.ਡਾ. ਪ੍ਰਿਯਕਾ ਪੁਰੀ ਨੂੰ ਸਨਮਾਨਤ ਕੀਤਾ ਗਿਆ ।



ਸਾਬਕਾ ਕੌਂਸਲਰ ਪਰਮਜੀਤ ਕੌਰ ਦਾ ਦੇਹਾਂਤ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਸਾਬਕਾ ਕੌਂਸਲਰ ਸ਼੍ਰੀਮਤੀ ਪਰਮਜੀਤ ਕੌਰ ਅਚਾਨਕ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਉਨ੍ਹਾਂ ਦਾ ਅੰਤਿਮ ਸਸਕਾਰ ਮੋਰਿੰਡਾ ਦੇ ਸ਼ਮਸ਼ਾਨਘਾਟ ਵਿਖੇ ਸੈਂਕੜੇ ਨਮ ਅੱਖਾਂ ਨਾਲ ਕੀਤਾ ਗਿਆ। ਇਸ ਮੌਕੇ ਪਹੁੰਚੀਆਂ ਵੱਖ ਵੱਖ ਰਾਜਨੀਤਕ ਪਾਰਟੀਆਂ, ਧਾਰਮਿਕ ਸੰਸਥਾਵਾਂ ਅਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਆਗੂਆਂ ਨੇ ਸਾਬਕਾ ਕੌਂਸਲਰ ਪਰਮਜੀਤ ਕੌਰ ਦੇ ਅਚਾਨਕ ਅਕਾਲ ਚਲਾਣੇ 'ਤੇ ਉਨ੍ਹਾਂ ਦੇ ਪਤੀ ਕੁਲਵਿੰਦਰ ਸਿੰਘ ਮਸ਼ਾਲ ਅਤੇ ਸਹੁਰਾ ਜਾਗਰ ਰਾਮ ਅਤੇ ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਮੀਤ ਪ੍ਰਧਾਨ ਸੁੱਚਾ ਰਾਮ ਸਮੇਤ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਜਾਣਕਾਰੀ ਅਨੁਸਾਰ ਪਰਮਜੀਤ ਕੌਰ ਪਿੱਛਲੇ ਕਰੀਬ ਸਵਾ ਮਹੀਨਾ ਪਹਿਲਾਂ ਇੱਕ ਸੜਕ ਹਾਦਸੇ ਵਿੱਚ ਜ਼ਖ਼ਮੀ ਹੋ ਗਏ ਸਨ ਜਿਨ੍ਹਾਂ ਦਾ ਚੰਡੀਗੜ੍ਹ ਦੇ ਵੱਡੇ ਹਸਪਤਾਲ ਵਿੱਚੋਂ ਇਲਾਜ ਚੱਲ ਰਿਹਾ ਸੀ।ਤਬੀਅਤ ਜ਼ਿਆਦਾ ਖ਼ਰਾਬ ਹੋਣ 'ਤੇ ਜਦੋਂ ਇਲਾਜ਼ ਲਈ ਚੰਡੀਗੜ੍ਹ ਲਿਜਾਇਆ ਗਿਆ ਤਾਂ ਇਲਾਜ ਦੌਰਾਨ ਦਿਲ ਦਾ ਦੌਰਾ ਪੈਣ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਉਨ੍ਹਾਂ ਦੇ ਅੰਤਿਮ ਸੰਸਕਾਰ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਕਰਨੈਲ ਸਿੰਘ ਜੀਤ ਵਾਇਸ ਚੇਅਰਮੈਨ ਪੀ ਡੀ ਏ ਬੈਂਕ, ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਮਨਦੀਪ ਕੌਰ ਰਾਏ, ਨੰਬਰਦਾਰ ਰੁਪਿੰਦਰ ਸਿੰਘ ਭਿਚਰਾ, ਕੌਂਸਲਰ ਹਰਜੀਤ ਸਿੰਘ ਸੋਢੀ, ਕੌਂਸਲਰ ਮਨਦੀਪ ਸਿੰਘ ਬਾਜਵਾ,ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਵਿਗੇਸ਼ ਸੂਦ (ਚੂਚੂ), ਸਾਬਕਾ ਕੌਂਸਲਰ ਮੰਗਲ ਸੈਨ, ਬਲਵਿੰਦਰ ਸਿੰਘ ਰੀਹਲ, ਜੁਝਾਰ ਸਿੰਘ, ਚਰਨਜੀਤ ਸ਼ਰਮਾ ਸਾਬਕਾ ਵਾਇਸ ਚੇਅਰਮੈਨ ਮਾਰਕੀਟ ਕਮੇਟੀ ਮੋਰਿੰਡਾ, ਸੁਖਦੇਵ ਸਿੰਘ ਮਾਵੀ, ਅਮਨਪ੍ਰੀਤ ਸਿੰਘ ਅਮਨਾ, ਮਨਜੀਤ ਸਿੰਘ ਸੋਹੀ, ਮਲਕੀਤ ਸਿੰਘ, ਦਿਨੇਸ਼ ਕੁਮਾਰ ਚੀਕਾ, ਭਾਜਪਾ ਜਤਿੰਦਰ ਗੁੰਬਰ ਸਮੇਤ ਅਨੇਕਾਂ ਆਗੂਆਂ ਨੇ ਪਰਮਜੀਤ ਕੌਰ ਦੀ ਮੌਤ ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਇਸ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਦਸਿਆ।





ਟ੍ਰੈਫਿਕ ਇੰਚਾਰਜ ਏ ਐਸ ਆਈ ਮਲਕੀਤ ਸਿੰਘ ਸਮਾਨਾ ਨੂੰ ਤਿਉਹਾਰਾਂ ਵਿੱਚ ਟ੍ਰੈਫਿਕ ਨੂੰ ਸੁਚੱਜੇ ਢੰਗ ਨਾਲ ਚਲਾਉਣ ਤੇ ਵਧੀਆਂ ਸੇਵਾਵਾਂ ਦੇ ਚਲਦਿਆਂ ਸ੍ਰੀ ਵਿਸ਼ਵਕਰਮਾ ਸਭਾ ਮੋਰਿੰਡਾ ਦੇ ਮੈਂਬਰ ਗੁਰਿੰਦਰ ਸਿੰਘ ਸੋਨੀ, ਗੁਰਿੰਦਰ ਸਿੰਘ ਗੋਗੀ, ਸੰਗਤ ਸਿੰਘ ਭਾਮੀਆਂ, ਸਾਬਕਾ ਪ੍ਰਧਾਨ ਹਰਮੀਤ ਸਿੰਘ ਸੱਲ੍ਹ, ਹਰਜੀਤ ਸਿੰਘ, ਅਮਰੀਕ ਸਿੰਘ ਆਦਿ ਸਨਮਾਨਤ ਕਰਦੇ ਹੋਏ
(ਫੋਟੋ ਅਤੇ ਵੇਰਵਾ : ਨਿਹਾਲ ਸਿੰਘ ਕਲਸੀ ਮੋਰਿੰਡਾ)

'ਮੇਰਾ ਘਰ ਮੇਰੇ ਨਾਮ' ਤਹਿਤ 1338 ਪਰਵਾਰਾਂ ਨੂੰ ਮਾਲਕੀ ਹੱਕਾਂ ਦੇ ਦਸਤਾਵੇਜ਼ ਸੌਂਪੇ

ਲਾਲ ਲਕੀਰ ਅੰਦਰ ਰਹਿ ਰਹੇ ਪਰਵਾਰਾਂ ਨੂੰ ਮਿਲਿਆ ਘਰਾਂ ਦੀ ਮਾਲਕੀ ਦਾ ਸਬੂਤ : ਅਮਨ ਅਰੋੜਾ



ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਸੁਨਾਮ ਵਿਧਾਨ ਸਭਾ ਹਲਕੇ ਦੇ ਪੰਜ ਪਿੰਡਾਂ ਦੇ 1,338 ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਸੰਬੰਧੀ ਦਸਤਾਵੇਜ਼ ਸੌਂਪੇ।ਇਸ ਸਬੰਧੀ ਪਿੰਡ ਭਰੂਰ, ਨਮੋਲ, ਕਿਲ੍ਹਾ ਭਰੀਆਂ, ਲੋਹਾਖੇੜਾ ਤੇ ਬੁੱਗਰ ਵਿਖੇ ਵੱਖ-ਵੱਖ ਸਮਾਗਮ ਕਰਵਾਏ ਗਏ।ਕੈਬਨਿਟ ਮੰਤਰੀ ਨੇ ਦਸਤਾਵੇਜ਼ ਪ੍ਰਾਪਤ ਕਰਨ ਵਾਲੇ ਪਰਵਾਰਾਂ ਨੂੰ ਵਧਾਈ ਦਿੱਤੀ।ਪਿੰਡ ਵਾਰ ਵੇਰਵੇ ਸਾਂਝੇ ਕਰਦਿਆਂ ਸ਼੍ਰੀ ਅਰੋੜਾ ਨੇ ਦੱਸਿਆ ਕਿ ਭਰੂਰ ਵਿੱਚ 133, ਨਮੋਲ ਵਿੱਚ 585, ਕਿਲ੍ਹਾ ਭਰੀਆਂ ਵਿੱਚ 260, ਲੋਹਾਖੇੜਾ ਵਿੱਚ 213 ਤੇ ਬੁੱਗਰ ਵਿੱਚ 147 ਪਰਵਾਰਾਂ ਨੂੰ ਮਾਲਕੀ ਦਸਤਾਵੇਜ਼ ਦਿੱਤੇ ਗਏ।ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਵੰਡ ਸਮਾਗਮ ਕਰਵਾਉਣ ਨਾਲ ਲਾਭਪਾਤਰੀਆਂ ਨੂੰ ਆਪਣੇ ਪਿੰਡ ਵਿੱਚ ਹੀ ਇਹ ਦਸਤਾਵੇਜ਼ ਪ੍ਰਾਪਤ ਕਰਨ ਦੀ ਸਹੂਲਤ ਮਿਲੀ।ਸਮਾਗਮਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਦੀ ਲਾਲ ਲਕੀਰ ਅੰਦਰ ਕਈ ਪਰਵਾਰ ਪੀੜ੍ਹੀਆਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਹਨ।ਇਨ੍ਹਾਂ ਵਿੱਚੋਂ ਕਈ ਪਰਵਾਰਾਂ ਕੋਲ ਆਪਣੇ ਘਰ ਦੀ ਮਾਲਕੀ ਦਰਸਾਉਣ ਲਈ ਦਸਤਾਵੇਜ਼ ਉਪਲਬਧ ਨਹੀਂ ਸਨ।ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਦਾ ਉਦੇਸ਼ ਅਜਿਹੇ ਯੋਗ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀ ਮਾਲਕੀ ਦਾ ਦਸਤਾਵੇਜ਼ੀ ਸਬੂਤ ਮੁਹੱਈਆ ਕਰਵਾਉਣਾ ਹੈ।ਸ੍ਰੀ ਅਰੋੜਾ ਨੇ ਕਿਹਾ ਕਿ ਕਿਸੇ ਵੀ ਪਰਵਾਰ ਲਈ ਆਪਣੇ ਘਰ ਦੀ ਮਾਲਕੀ ਦਾ ਸਬੂਤ ਹੋਣਾ ਬਹੁਤ ਅਹਿਮ ਹੈ।ਘਰ ਤੇ ਉਸ ਦੇ ਮਾਲਕ ਦੇ ਵੇਰਵੇ ਦਸਤਾਵੇਜ਼ ਵਿੱਚ ਦਰਜ ਹੋਣ ਨਾਲ ਪਰਵਾਰ ਲੋੜ ਪੈਣ 'ਤੇ ਆਪਣੀ ਮਾਲਕੀ ਦਾ ਸਬੂਤ ਪੇਸ਼ ਕਰ ਸਕਦੇ ਹਨ।ਉਨ੍ਹਾਂ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦਸਤਾਵੇਜ਼ਾਂ ਵਿੱਚ ਦਰਜ ਨਾਂ ਤੇ ਜਾਇਦਾਦ ਦੇ ਵੇਰਵਿਆਂ ਨੂੰ ਧਿਆਨ ਨਾਲ ਪੜ੍ਹ ਲੈਣ ਅਤੇ ਮਾਲਕੀ ਦੇ ਇਹ ਦਸਤਾਵੇਜ਼ ਸੰਭਾਲ ਕੇ ਰੱਖਣ।ਇਨ੍ਹਾਂ ਸਮਾਗਮਾਂ ਦੌਰਾਨ ਵੱਖ-ਵੱਖ ਅਹੁਦੇਦਾਰਾਂ ਤੇ ਪਤਵੰਤਿਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਝੋਨੇ ਦੀ ਖ਼ਰੀਦ ਦੇ ਕੋਟੇ ਤੋਂ ਆੜ੍ਹਤੀਏ ਅਸੰਤੁਸ਼ਟ-ਸੋਨੀ ਮੰਡੇਰ



ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)-ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਤੇ ਪੰਜਾਬ ਆੜ੍ਹਤੀਆ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਮੰਡੀਆਂ ਵਿੱਚ ਝੋਨੇ ਦੇ ਚੱਲ ਰਹੇ ਮੌਜੂਦਾ ਖ਼ਰੀਦ ਪ੍ਰਬੰਧਾਂ 'ਤੇ ਅਸੰਤੁਸ਼ਟੀ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਦੀ ਆਮਦ ਦੀ ਔਸਤ ਕੱਢ ਕੇ ਮੰਡੀਆਂ ਦਾ ਕੋਟਾ ਮਿੱਥ ਦਿੱਤਾ ਗਿਆ ਹੈ।ਇਸ ਸਖ਼ਤ ਸ਼ਰਤ ਕਾਰਨ ਜ਼ਿਆਦਾਤਰ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਚੁੱਕਣ ਖੁਣੋਂ ਲਗਭਗ 15 ਫ਼ੀਸਦੀ ਫ਼ਸਲ ਅਜੇ ਵੀ ਖੁੱਲ੍ਹੇ ਵਿੱਚ ਰੁਲ ਰਹੀ ਹੈ।ਉਨ੍ਹਾਂ ਦੱਸਿਆ ਕਿ ਮੰਡੀਆਂ ਮੀਮਸਾ, ਕੰਧਾਰਗੜ੍ਹ, ਢਢੋਗਲ, ਰਾਜੋਮਾਜਰਾ ਤੇ ਈਸੀ ਵਿਖੇ ਖ਼ਰੀਦ ਠੱਪ ਹੋ ਚੁੱਕੀ ਹੈ।ਮੰਡੀਆਂ 'ਚ ਕੋਟਾ ਪੂਰਾ ਹੋਣ ਦਾ ਬਹਾਨਾ ਬਣਾ ਕੇ ਐੱਫ.ਸੀ.ਆਈ. ਤੇ ਵੇਅਰ ਹਾਊਸ ਨੇ ਖ਼ਰੀਦ ਤੋਂ ਹੱਥ ਪਿੱਛੇ ਖਿੱਚ ਲਏ ਹਨ।ਸਰਕਾਰ ਨੇ ਹਰੇਕ ਮੰਡੀ ਦਾ ਲਿਮਟ ਕੋਟਾ ਤੈਅ ਕਰਕੇ ਸ਼ੈਲਰਾਂ ਦੀ ਅਲਾਟਮੈਂਟ ਕਰਕੇ ਖਰੀਦ ਬੰਦ ਕਰ ਦਿੱਤੀ ਹੈ, ਜਿਸ ਨਾਲ ਕਿਸਾਨ ਤੇ ਆੜ੍ਹਤੀਏ ਦੋਵੇਂ ਹੀ ਡਾਢੇ ਪ੍ਰੇਸ਼ਾਨ ਹਨ।ਐਡਵੋਕੇਟ ਮੰਡੇਰ ਨੇ ਤਰਕ ਦਿੱਤਾ ਕਿ ਜਿਨ੍ਹਾਂ ਪਿਛਲੇ ਤਿੰਨ ਸਾਲਾਂ ਦੀ ਔਸਤ ਕੱਢੀ ਗਈ ਹੈ, ਉਨ੍ਹਾਂ ਦਿਨਾਂ ਵਿੱਚ ਕੁਦਰਤੀ ਆਫ਼ਤਾਂ ਤੇ ਹੜ੍ਹਾਂ ਦੀ ਮਾਰ ਕਾਰਨ ਝੋਨੇ ਦਾ ਝਾੜ ਕਾਫ਼ੀ ਘਟ ਗਿਆ ਸੀ, ਪਰ ਐਤਕੀਂ ਫ਼ਸਲ ਦਾ ਝਾੜ ਬਹੁਤ ਵਧੀਆ ਨਿਕਲਿਆ ਹੈ, ਜਿਸ ਕਰਕੇ ਮੰਡੀਆਂ ਵਿੱਚ ਝੋਨੇ ਦੀ ਆਮਦ ਵਧੇਰੇ ਹੈ।ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ ਤੇ ਪੂਰੀ ਫ਼ਸਲ ਚੁੱਕਣ ਤੋਂ ਨਾਂਹ-ਨੁੱਕਰ ਕਰ ਰਹੀ ਹੈ।ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਪੰਜਾਬ ਸਰਕਾਰ ਨੂੰ ਕੇਂਦਰ ਸਰਕਾਰ ਨਾਲ ਰਾਬਤਾ ਕਰਕੇ ਮਸਲੇ ਦਾ ਹੱਲ ਕਰਵਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸਾਨਾਂ ਦੀ ਫ਼ਸਲ ਨਾ ਖ਼ਰੀਦੀ ਗਈ, ਤਾਂ ਆੜ੍ਹਤੀਆ ਐਸੋਸੀਏਸ਼ਨ ਤਿੱਖੇ ਸੰਘਰਸ਼ ਦਾ ਰਾਹ ਅਖ਼ਤਿਆਰ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।

ਬਲਾਕ ਕਾਂਗਰਸ ਕਮੇਟੀ (ਦਿਹਾਤੀ) ਦਾ ਵੱਡਾ ਵਿਸਥਾਰ; ਪ੍ਰਧਾਨ ਗਰੇਵਾਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸੌਂਪੇ ਨਿਯੁਕਤੀ ਪੱਤਰ

ਜਗਰਾਉਂ, (ਸੰਜੀਵ ਅਰੋੜਾ)-ਕਾਂਗਰਸ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਪਿੰਡ-ਪਿੰਡ ਤੇ ਹੇਠਲੇ ਪੱਧਰ 'ਤੇ ਹੋਰ ਵਧੇਰੇ ਮਜ਼ਬੂਤ ਕਰਨ ਦੇ ਮਕਸਦ ਨਾਲ ਬਲਾਕ ਕਾਂਗਰਸ ਕਮੇਟੀ ਜਗਰਾਉਂ (ਦਿਹਾਤੀ) ਦੇ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਵੱਲੋਂ ਪਾਰਟੀ ਵਿੱਚ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ। ਇਸ ਸਬੰਧੀ ਜਗਰਾਉਂ ਵਿਖੇ ਕਰਵਾਏ ਗਏ ਇੱਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪਾਰਟੀ ਪ੍ਰਤੀ ਲੰਮੇ ਸਮੇਂ ਤੋਂ ਪੂਰੀ ਮਿਹਨਤ, ਲਗਨ ਅਤੇ ਵਫ਼ਾਦਾਰੀ ਨਾਲ ਸੇਵਾਵਾਂ ਨਿਭਾਉਣ ਵਾਲੇ ਮਿਹਨਤੀ ਆਗੂਆਂ ਨੂੰ ਨਿਯੁਕਤੀ ਪੱਤਰ ਸੌਂਪ ਕੇ ਸਨਮਾਨਤ ਕੀਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਮਿਹਨਤੀ ਤੇ ਜ਼ਮੀਨੀ ਪੱਧਰ ਨਾਲ ਜੁੜੇ ਵਰਕਰਾਂ ਦੀ ਕਦਰ ਕਰਦੀ ਹੈ। ਉਨ੍ਹਾਂ ਮੌਜੂਦਾ ਸੂਬਾ ਸਰਕਾਰ ਦੀਆਂ ਨੀਤੀਆਂ 'ਤੇ ਨਿਸ਼ਾਨਾ ਸਾਧਦਿਆਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਮੌਜੂਦਾ ਹਾਲਾਤਾਂ ਤੋਂ ਤੰਗ ਆ ਚੁੱਕੇ ਹਨ ਤੇ ਸੂਬੇ ਅੰਦਰ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ। ਉਨ੍ਹਾਂ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਨੂੰ ਸੱਦਾ ਦਿੱਤਾ ਕਿ ਉਹ ਹੁਣ ਤੋਂ ਹੀ ਕਮਰਕੱਸੇ ਕਰ ਲੈਣ ਤੇ ਕਾਂਗਰਸ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਹਲਕੇ ਦੇ ਹਰ ਘਰ ਤੱਕ ਪਹੁੰਚਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ। ਇਸ ਮੌਕੇ ਪਾਰਟੀ ਹਾਈਕਮਾਂਡ ਅਤੇ ਸੀਨੀਅਰ ਲੀਡਰਸ਼ਿਪ ਦੇ ਦਿਸ਼ਾ-ਨਿਰਦੇਸ਼ਾਂ ਅਹਿਮ ਨਿਯੁਕਤੀਆਂ ਕੀਤੀਆਂ ਗਈਆਂ, ਜਿਸ 'ਚ ਸਰਬਜੀਤ ਸਿੰਘ ਸ਼ੇਰਪੁਰ ਕਲਾਂ ਨੂੰ ਬਲਾਕ ਕਾਂਗਰਸ ਕਮੇਟੀ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ, ਸਰਪੰਚ ਹਰਦੀਪ ਸਿੰਘ ਲਾਲੀ ਆਲੀਗੜ੍ਹ ਨੂੰ ਬਲਾਕ ਕਮੇਟੀ ਦਾ ਸਪੋਕਸਪਰਸਨ ਬਣਾਇਆ ਗਿਆ, ਸਿਮਰਨ ਸਿੰਘ ਮੱਲ੍ਹਾ ਨੂੰ ਮੀਤ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ, ਬਲਵੰਤ ਸਿੰਘ ਬੰਤਾ ਰਸੂਲਪੁਰ (ਮੱਲ੍ਹਾ) ਨੂੰ ਬਲਾਕ ਕਾਂਗਰਸ ਕਮੇਟੀ ਦਾ ਸੈਕਟਰੀ ਨਿਯੁਕਤ ਕੀਤਾ ਗਿਆ ਤੇ ਜਗਦੇਵ ਸਿੰਘ ਨੂੰ ਬਲਾਕ ਕਾਂਗਰਸ ਕਮੇਟੀ ਦਾ ਮੀਡੀਆ ਇੰਚਾਰਜ ਲਗਾਇਆ ਗਿਆ ਹੈ। ਇਸ ਮੌਕੇ ਨਿਯੁਕਤੀ ਪੱਤਰ ਹਾਸਲ ਕਰਨ ਉਪਰੰਤ ਨਵ-ਨਿਯੁਕਤ ਅਹੁਦੇਦਾਰਾਂ ਸਰਬਜੀਤ ਸਿੰਘ ਸ਼ੇਰਪੁਰ ਕਲਾਂ, ਸਰਪੰਚ ਹਰਦੀਪ ਸਿੰਘ ਲਾਲੀ ਆਲੀਗੜ੍ਹ, ਸਿਮਰਨ ਸਿੰਘ ਮੱਲ੍ਹਾ, ਬਲਵੰਤ ਸਿੰਘ ਬੰਤਾ ਰਸੂਲਪੁਰ ਤੇ ਜਗਦੇਵ ਸਿੰਘ ਨੇ ਸਾਂਝੇ ਤੌਰ 'ਤੇ ਪਾਰਟੀ ਹਾਈਕਮਾਂਡ, ਸੀਨੀਅਰ ਲੀਡਰਸ਼ਿਪ ਤੇ ਬਲਾਕ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰੇ ਉਤਰਨਗੇ ਤੇ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰਨਗੇ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ, ਸਰਪੰਚ ਤੇ ਕਾਂਗਰਸੀ ਵਰਕਰ ਹਾਜ਼ਰ ਸਨ।



ਚਾਵਲਾ ਬੇਕਰੀ ਦੀ ਅੱਗ ਨੇ ਉਜਾੜੀ ਸਾਲਾਂ ਦੀ ਮਿਹਨਤ, ਸਰਕਾਰ ਦੇਵੇ ਮੁਆਵਜ਼ਾ : ਧੀਮਾਨ

• ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਵੱਲੋਂ ਪਰਵਾਰ ਨੂੰ ਆਰਥਿਕ ਮਦਦ ਦੀ ਮੰਗ



ਜਗਰਾਉਂ (ਅਮਿਤ ਖੰਨਾ)-ਜਗਰਾਓਂ ਦੀ ਪ੍ਰਸਿੱਧ ਚਾਵਲਾ ਬੇਕਰੀ ਵਿੱਚ ਅਚਾਨਕ ਅੱਗ ਲੱਗਣ ਦੀ ਦੁੱਖਦਾਈ ਘਟਨਾ ਨੇ ਹਰ ਕਿਸੇ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਅੱਗ ਕਾਰਨ ਲੱਖਾਂ ਰੁਪਏ ਦਾ ਸਾਮਾਨ ਸੜ ਕੇ ਸੁਆਹ ਹੋ ਗਿਆ ਤੇ ਬੇਕਰੀ ਦਾ ਭਾਰੀ ਆਰਥਿਕ ਨੁਕਸਾਨ ਹੋਇਆ।ਇਸ ਘਟਨਾ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਜਿੰਦਰ ਪਾਲ ਧੀਮਾਨ ਤੇ ਐਸੋਸੀਏਸ਼ਨ ਦੇ ਮੈਂਬਰਾਂ ਨੇ ਕਿਹਾ ਕਿ ਸਾਲਾਂ ਦੀ ਮਿਹਨਤ ਨਾਲ ਖੜ੍ਹੇ ਕੀਤੇ ਕਾਰੋਬਾਰ ਨੂੰ ਅੱਗ ਦੀ ਲਪੇਟ ਵਿੱਚ ਤਬਾਹ ਹੁੰਦਾ ਦੇਖਣਾ ਬੇਹੱਦ ਦਰਦਨਾਕ ਹੈ।ਇਹ ਸਿਰਫ਼ ਮਾਲੀ ਨੁਕਸਾਨ ਨਹੀਂ, ਸਗੋਂ ਇੱਕ ਪਰਵਾਰ ਦੀ ਸਾਲਾਂ ਦੀ ਮਿਹਨਤ, ਉਮੀਦਾਂ ਤੇ ਰੋਜ਼ੀ-ਰੋਟੀ ਨੂੰ ਵੱਡਾ ਝਟਕਾ ਲੱਗਾ ਹੈ।ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਸਮੁੱਚੀ ਐਸੋਸੀਏਸ਼ਨ ਚਾਵਲਾ ਪਰਵਾਰ ਦੇ ਨਾਲ ਖੜ੍ਹੀ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਜਿਸ ਤਰ੍ਹਾਂ ਸਰਕਾਰ ਵੱਲੋਂ ਕੁਦਰਤੀ ਆਫ਼ਤਾਂ ਕਾਰਨ ਫਸਲਾਂ ਦੇ ਨੁਕਸਾਨ 'ਤੇ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਜਾਂਦਾ ਹੈ, ਉਸੇ ਤਰ੍ਹਾਂ ਅੱਗ ਵਰਗੀਆਂ ਮੰਦਭਾਗੀਆਂ ਘਟਨਾਵਾਂ ਵਿੱਚ ਤਬਾਹ ਹੋਏ ਕਾਰੋਬਾਰੀਆਂ ਦੀ ਵੀ ਆਰਥਿਕ ਮਦਦ ਕੀਤੀ ਜਾਵੇ।ਇਸ ਲਈ ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਚਾਵਲਾ ਪਰਵਾਰ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲੈ ਕੇ ਤੁਰੰਤ ਬਣਦਾ ਮੁਆਵਜ਼ਾ ਤੇ ਆਰਥਿਕ ਸਹਾਇਤਾ ਦਿੱਤੀ ਜਾਵੇ।

ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਸਫ਼ਲ ਬਣਾਉਣ 'ਚ ਸਖੀਆਂ ਦਾ ਅਹਿਮ ਯੋਗਦਾਨ : ਡਾ. ਬਲਜੀਤ ਕੌਰ

ਕੈਬਨਿਟ ਮੰਤਰੀ ਵੱਲੋਂ 12 ਪਿੰਡਾਂ ਦੀਆਂ 145 ਸਖੀਆਂ ਦਾ ਸਨਮਾਨ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ) : ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਵਿੱਚ ਸਖੀਆਂ ਦਾ ਅਹਿਮ ਯੋਗਦਾਨ ਹੈ।ਇਨ੍ਹਾਂ ਸਖੀਆਂ ਦੀ ਮਿਹਨਤ ਤੇ ਸਮਰਪਣ ਸਦਕਾ ਹੀ ਵੱਧ ਤੋਂ ਵੱਧ ਔਰਤਾਂ ਨੂੰ ਇਸ ਯੋਜਨਾ ਨਾਲ ਜੋੜਨਾ ਤੇ ਯੋਗ ਲਾਭਪਾਤਰੀਆਂ ਤੱਕ ਸਨਮਾਨ ਰਾਸ਼ੀ ਪਹੁੰਚਾਉਣਾ ਸੰਭਵ ਹੋ ਸਕਿਆ ਹੈ।ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਹਲਕੇ ਦੇ 12 ਪਿੰਡਾਂ ਦੀਆਂ ਕਰੀਬ 145 ਸਖੀਆਂ ਨੂੰ ਸਨਮਾਨਤ ਕਰਨ ਮੌਕੇ ਕੀਤਾ।ਇਸ ਮੌਕੇ ਕੈਬਨਿਟ ਮੰਤਰੀ ਵੱਲੋਂ ਪਿੰਡ ਫੂਲੇਵਾਲਾ, ਮਹਿਰਾਜਵਾਲਾ, ਦਬੜਾ, ਚੱਕ ਤਾਮਕੋਟ, ਤਾਮਕੋਟ, ਦੂਹੇਵਾਲਾ, ਭੰਗਚੜ੍ਹੀ, ਸਾਉਂਕੇ, ਔਲਖ, ਰਾਮਨਗਰ, ਮੱਲਵਾਲਾ ਤੇ ਕਟੋਰੇਵਾਲਾ ਦੀਆਂ ਕਰੀਬ 145 ਸਖੀਆਂ ਨੂੰ ਸਨਮਾਨਤ ਕਰਕੇ ਉਨ੍ਹਾਂ ਦਾ ਮਾਣ-ਸਨਮਾਨ ਵਧਾਇਆ ਗਿਆ।ਉਨ੍ਹਾਂ ਸਖੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਲੋਕ-ਭਲਾਈ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਉਣ ਵਿੱਚ ਸਖੀਆਂ ਨੇ ਬਹੁਤ ਹੀ ਸ਼ਲਾਘਾਯੋਗ ਭੂਮਿਕਾ ਨਿਭਾਈ ਹੈ।ਡਾ. ਬਲਜੀਤ ਕੌਰ ਨੇ ਕਿਹਾ ਕਿ ਸਖੀਆਂ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਹੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਵਿੱਚ ਵੱਧ ਤੋਂ ਵੱਧ ਔਰਤਾਂ ਦੀ ਰਜਿਸਟ੍ਰੇਸ਼ਨ ਸੰਭਵ ਹੋ ਸਕੀ ਹੈ ਤੇ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਨਮਾਨ ਰਾਸ਼ੀ ਪਹੁੰਚਾਉਣੀ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਕੰਮ ਕਰਨ ਵਾਲੀਆਂ ਸਖੀਆਂ ਨੂੰ ਪ੍ਰਤੀ ਸਖੀ 5 ਹਜ਼ਾਰ ਰੁਪਏ ਸਨਮਾਨ ਰਾਸ਼ੀ ਵਜੋਂ ਦਿੱਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਇੱਕ ਹੋਰ ਅਹਿਮ ਉਪਰਾਲਾ ਹੈ, ਜਿਸ ਦਾ ਉਦੇਸ਼ ਔਰਤਾਂ ਦੇ ਮਾਣ-ਸਨਮਾਨ ਤੇ ਸਵੈਮਾਨ ਨੂੰ ਹੋਰ ਮਜ਼ਬੂਤ ਕਰਨਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਔਰਤਾਂ ਦੀ ਭਲਾਈ ਤੇ ਸਸ਼ਕਤੀਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਕੈਬਨਿਟ ਮੰਤਰੀ ਨੇ ਸਖੀਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ਪਰਮਿੰਦਰ ਕੌਰ ਬਰਾੜ, ਸੰਗਠਨ ਇੰਚਾਰਜ ਵਿਕਰਾਂਤ ਖੁਰਾਣਾ, ਦਫ਼ਤਰ ਇੰਚਾਰਜ ਸਤਪਾਲ ਗਿਰਧਰ, ਪੀ.ਏ. ਅਰਸ਼ਦੀਪ ਸਿੱਧੂ, ਪੀ.ਏ. ਸ਼ਿੰਦਰ ਪਾਲ ਸਿੰਘ, ਗੁਰਪ੍ਰੀਤ ਸਿੰਘ, ਆਸ਼ੂ ਚਾਨਣਾ, ਪੂਜਾ ਰਾਣੀ, ਪ੍ਰਵੀਨ ਰਾਣੀ, ਸੀਮਾ ਰਾਣੀ, ਰਮਾ ਰਾਣੀ, ਮਨਜੀਤ ਸ਼ਰਮਾ, ਹਲਕਾ ਕੋਆਰਡੀਨੇਟਰ ਇਸਤਰੀ ਵਿੰਗ ਸੁਖਚੈਨ ਕੌਰ ਹੋਰ ਪਤਵੰਤੇ ਆਦਿ ਹਾਜ਼ਰ ਸਨ।



ਕਿਸਾਨੀ ਨੂੰ ਬਦਨਾਮ ਕਰਨ ਦੀ ਬਜਾਏ ਕਿਸਾਨਾਂ ਦੀ ਬਾਂਹ ਫੜੇ ਕੇਂਦਰ ਸਰਕਾਰ : ਡਾ. ਮਿੱਕੂ ਜਵੰਧਾ



ਭਵਾਨੀਗੜ੍ਹ, (ਰਾਜ ਖੁਰਮੀ) : ਦਿੱਲੀ ਵਿੱਚ ਹਵਾ ਪ੍ਰਦੂਸ਼ਣ ਦਾ ਪੱਧਰ ਵਧਦਿਆਂ ਹੀ ਪੰਜਾਬ ਦੇ ਕਿਸਾਨਾਂ ਨੂੰ ਇਸ ਲਈ ਜ਼ਿੰਮੇਵਾਰ ਠਹਿਰਾਉਣਾ ਕੇਂਦਰ ਦੀ ਭਾਜਪਾ ਸਰਕਾਰ ਦੀ ਪੰਜਾਬ ਵਿਰੋਧੀ ਸੋਚ ਨੂੰ ਉਜਾਗਰ ਕਰਦਾ ਹੈ।ਪੰਜਾਬ ਦੀ ਕਿਸਾਨੀ ਨੂੰ ਬਦਨਾਮ ਕਰਨ ਦੀ ਬਜਾਏ ਕੇਂਦਰ ਸਰਕਾਰ ਨੂੰ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ।ਇਹ ਪ੍ਰਗਟਾਵਾ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੱਕੂ ਜਵੰਧਾ ਨੇ ਕੀਤਾ।ਡਾ. ਜਵੰਧਾ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਦੇਸ਼ ਦੇ ਅੰਨਦਾਤਾ ਹਨ, ਜਿਨ੍ਹਾਂ ਨੇ ਦੇਸ਼ ਨੂੰ ਅਨਾਜ ਪੱਖੋਂ ਆਤਮ-ਨਿਰਭਰ ਬਣਾਉਣ ਲਈ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਖੇਤਾਂ ਵਿੱਚ ਬਿਤਾਇਆ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਜਦੋਂ ਵੀ ਦਿੱਲੀ ਵਿੱਚ ਪ੍ਰਦੂਸ਼ਣ ਦੀ ਸਮੱਸਿਆ ਗੰਭੀਰ ਹੁੰਦੀ ਹੈ ਤਾਂ ਭਾਜਪਾ ਆਗੂ ਬਿਨਾਂ ਤੱਥਾਂ ਦੀ ਪੜਤਾਲ ਕੀਤੇ ਪੰਜਾਬ ਦੇ ਕਿਸਾਨਾਂ ਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੰਦੇ ਹਨ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਆਪਣੀਆਂ ਏਜੰਸੀਆਂ ਦੀਆਂ ਰਿਪੋਰਟਾਂ ਵਿੱਚ ਪੰਜਾਬ ਅੰਦਰ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਲਗਭਗ 95 ਫ਼ੀਸਦੀ ਕਮੀ ਦਰਜ ਹੋਣ ਦੀ ਪੁਸ਼ਟੀ ਹੋ ਚੁੱਕੀ ਹੈ।ਇਸ ਦੇ ਬਾਵਜੂਦ ਪੰਜਾਬ ਦੇ ਕਿਸਾਨਾਂ ਨੂੰ ਦਿੱਲੀ ਦੇ ਪ੍ਰਦੂਸ਼ਣ ਲਈ ਜ਼ਿੰਮੇਵਾਰ ਠਹਿਰਾਉਣਾ ਨਾ ਸਿਰਫ਼ ਮੰਦਭਾਗਾ ਹੈ, ਸਗੋਂ ਕਿਸਾਨਾਂ ਦੀ ਮਿਹਨਤ ਤੇ ਵਾਤਾਵਰਨ ਪ੍ਰਤੀ ਉਨ੍ਹਾਂ ਦੇ ਯਤਨਾਂ ਨੂੰ ਅਣਗੌਲਿਆ ਕਰਨ ਦੇ ਬਰਾਬਰ ਹੈ।ਉਨ੍ਹਾਂ ਕਿਹਾ ਕਿ ਭਾਜਪਾ ਆਗੂਆਂ ਨੂੰ ਸਿਆਸੀ ਬਿਆਨਬਾਜ਼ੀ ਕਰਨ ਦੀ ਬਜਾਏ ਤੱਥਾਂ ਦੇ ਆਧਾਰ 'ਤੇ ਆਪਣੀ ਗੱਲ ਰੱਖਣੀ ਚਾਹੀਦੀ ਹੈ।ਡਾ. ਜਵੰਧਾ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਵਾਤਾਵਰਨ ਦੀ ਸੰਭਾਲ ਲਈ ਲਗਾਤਾਰ ਯਤਨਸ਼ੀਲ ਹਨ ਤੇ ਪਰਾਲੀ ਪ੍ਰਬੰਧਨ ਲਈ ਨਵੀਆਂ ਤਕਨੀਕਾਂ ਤੇ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਵੱਲ ਵਧ ਰਹੇ ਹਨ।ਸਰਕਾਰਾਂ ਤੇ ਖੇਤੀਬਾੜੀ ਵਿਭਾਗ ਵੱਲੋਂ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਪਰ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ, ਆਰਥਿਕ ਸਹਾਇਤਾ ਤੇ ਹੋਰ ਸਹੂਲਤਾਂ ਮੁਹੱਈਆ ਕਰਵਾਉਣ ਦੀ ਬਜਾਏ ਉਨ੍ਹਾਂ ਨੂੰ ਦੋਸ਼ੀ ਠਹਿਰਾਉਣਾ ਕਿਸੇ ਵੀ ਪੱਖੋਂ ਜਾਇਜ਼ ਨਹੀਂ ਹੈ।ਅਖੀਰ ਵਿੱਚ ਡਾ. ਮਿੱਕੂ ਜਵੰਧਾ ਨੇ ਕਿਹਾ ਕਿ ਪੰਜਾਬ ਦੀ ਕਿਸਾਨੀ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ।ਕੇਂਦਰ ਦੀ ਭਾਜਪਾ ਸਰਕਾਰ ਨੂੰ ਕਿਸਾਨਾਂ ਨੂੰ ਬਦਨਾਮ ਕਰਨ ਦੀ ਰਾਜਨੀਤੀ ਛੱਡ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਚਾਹੀਦਾ ਹੈ।ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਢੁੱਕਵੀਆਂ ਸਹੂਲਤਾਂ ਤੇ ਆਰਥਿਕ ਮਦਦ ਦੇਣ ਦੇ ਨਾਲ-ਨਾਲ ਅਜਿਹੀ ਠੋਸ ਨੀਤੀ ਬਣਾਉਣੀ ਚਾਹੀਦੀ ਹੈ, ਜਿਸ ਨਾਲ ਕਿਸਾਨੀ ਤੇ ਵਾਤਾਵਰਨ ਦੋਵਾਂ ਦੀ ਰੱਖਿਆ ਹੋ ਸਕੇ।

ਸਰਕਾਰੀ ਹਾਈ ਸਕੂਲ ਰਾਮਗੜ੍ਹ ਵਿਖੇ ਟ੍ਰੈਫਿਕ ਸੈਮੀਨਾਰ

ਜਗਰਾਉਂ, (ਸੰਜੀਵ ਅਰੋੜਾ)-ਡਾਕਟਰ ਅੰਕੁਰ ਗੁਪਤਾ ਐਸ ਐਸ ਪੀ ਲੁਧਿਆਣਾ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ. ਐਸ. ਪੀ. ਕੁਲਵੰਤ ਸਿੰਘ ਟ੍ਰੈਫਿਕ, ਕੁਮਾਰ ਸਿੰਘ ਇੰਚਾਰਜ ਟ੍ਰੈਫਿਕ ਦੀ ਦੇਖ ਰੇਖ ਹੇਠ ਐਜੂਕੇਸ਼ਨ ਸੈਲ ਦੇ ਏ ਐਸ ਆਈ ਹਰਪਾਲ ਸਿੰਘ ਮਾਨ ਵੱਲੋਂ ਸਰਕਾਰੀ ਹਾਈ ਸਕੂਲ ਪਿੰਡ ਰਾਮਗੜ੍ਹ ਭੁੱਲਰ ਵਿਖੇ ਸਕੂਲ ਮੁਖੀ ਮੁਕੇਸ਼ ਬਾਂਸਲ ਦੀ ਅਗਵਾਈ ਵਿੱਚ ਸਕੂਲ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਸਬੰਧੀ ਜਾਗਰੂਕ ਕਰਨ ਲਈ ਟ੍ਰੈਫਿਕ ਸੈਮੀਨਾਰ ਕਰਾਇਆ ਗਿਆ, ਜਿਸ ਵਿੱਚ ਏ. ਐਸ. ਆਈ. ਵੱਲੋਂ ਸਕੂਲ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ, ਨਸ਼ਿਆਂ ਦੇ ਮਾੜੇ ਪ੍ਰਭਾਵ, ਹੈਲਪ ਲਾਈਨ ਨੰਬਰਾਂ ਬਾਰੇ ਵਿਸਥਾਰ ਨਾਲ ਜਾਗਰੂਕ ਕੀਤਾ ਗਿਆ ਅਤੇ ਦੱਸੇ ਗਏ ਹੈਲਪ ਲਾਈਨ ਨੰਬਰਾਂ 'ਤੇ ਪੰਜਾਬ ਪੁਲਸ ਲੁਧਿਆਣਾ ਦਿਹਾਤੀ ਦਾ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਗਈ ਅਤੇ ਕਿਹਾ ਕਿ ਤੁਹਾਡੇ ਸਹਿਯੋਗ ਨਾਲ ਹੀ ਨਸ਼ਿਆਂ ਨੂੰ ਰੋਕਿਆ ਜਾ ਸਕਦਾ ਹੈ। ਇਸ ਮੌਕੇ ਸਕੂਲ ਮੁਖੀ ਤੋਂ ਇਲਾਵਾ ਸਕੂਲ ਦਾ ਸਟਾਫ ਹਾਜ਼ਰ ਸੀ, ਜਿਨ੍ਹਾਂ ਵੱਲੋਂ ਵਿਸ਼ਵਾਸ ਦਿਵਾਇਆ ਕਿ ਬੱਚਿਆਂ ਤੇ ਸਾਡੇ ਸਾਰਿਆਂ ਵੱਲੋਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਕੀਤੀ ਜਾਵੇਗੀ ਤੇ ਹੈਲਪ ਲਾਈਨ ਨੰਬਰਾਂ ਰਾਹੀਂ ਪੰਜਾਬ ਪੁਲਸ ਲੁਧਿਆਣਾ ਦਿਹਾਤੀ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ।



ਸੀਨੀਅਰ ਸਿਟੀਜ਼ਨ ਕੌਂਸਲ ਮੋਗਾ ਦੇ ਜਨਰਲ ਹਾਊਸ ਦੀ ਮੀਟਿੰਗ

ਕਾਮਰਾ ਨੇ ਨਵੇਂ ਪ੍ਰਧਾਨ ਦਰਬਾਰਾ ਸਿੰਘ ਨੂੰ ਦਿੱਤਾ ਅਸ਼ੀਰਵਾਦ



ਮੋਗਾ, (ਇਕਬਾਲ ਸਿੰਘ ਖਹਿਰਾ)-ਸੀਨੀਅਰ ਸਿਟੀਜਨ ਕੌਂਸਲ (ਸੇਵਾਮੁਕਤ ਕਰਮਚਾਰੀ) ਮੋਗਾ ਰਜਿ: ਨੰ 96 ਦੇ ਜਨਰਲ ਹਾਊਸ ਦੀ ਮੀਟਿੰਗ ਕਮਲ ਹੋਟਲ ਮੋਗਾ ਵਿਖੇ ਦਰਬਾਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸ੍ਰੀ ਸਰਦਾਰੀ ਲਾਲ ਕਾਮਰਾ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਇਸ ਮੌਕੇ ਅਵਤਾਰ ਸਿੰਘ ਨੇ ਮੰਚ ਸੰਚਾਲਨ ਕਰਦਿਆਂ ਕਾਮਰਾ ਵੱਲੋਂ ਬਤੌਰ ਪ੍ਰਧਾਨ ਸੀਨੀਅਰ ਸਿਟੀਜਨ ਕੌਂਸਲ ਨਿਭਾਈਆਂ ਸੇਵਾਵਾਂ ਤੇ ਪ੍ਰਾਪਤੀਆਂ ਬਾਰੇ ਵਿਸਥਾਰ 'ਚ ਜਾਣਕਾਰੀ ਦਿੱਤੀ।ਸੀਨੀਅਰ ਮੈਂਬਰ ਜੋਗਿੰਦਰ ਸਿੰਘ ਲੋਹਾਮ ਨੈਸ਼ਨਲ ਐਵਾਰਡੀ, ਗੁਰਦਰਸ਼ਨ ਸਿੰਘ ਸੋਢੀ, ਦਲਜੀਤ ਸਿੰਘ ਭੁੱਲਰ, ਰਣਜੀਤ ਸਿੰਘ ਗਿੱਲ ਨੇ ਸ੍ਰੀ ਕਾਮਰਾ ਵੱਲੋਂ ਕੌਂਸਲ ਲਈ ਕੀਤੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਨਵਨਿਯੁਕਤ ਪ੍ਰਧਾਨ ਦਰਬਾਰਾ ਸਿੰਘ ਗਿੱਲ ਨੇ ਸਮੂਹ ਮੈਂਬਰਾਂ ਨੂੰ ਰੋਸ਼ਨੀ ਦੇ ਤਿਉਹਾਰ ਦੀਵਾਲੀ ਤੇ ਬੰਦੀਛੋੜ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਰੇ ਮੈਂਬਰ ਕੌਂਸਲ ਲਈ ਸਮਰਪਤ ਭਾਵਨਾ ਨਾਲ ਸਹਿਯੋਗ ਦੇਣਗੇ।ਅਸੀਂ ਮਿਲ ਕੇ ਬਜ਼ੁਰਗ ਭਲਾਈ ਐਕਟ ਅਨੁਸਾਰ ਬਜ਼ੁਰਗਾਂ ਦੀ ਸੇਵਾ ਕਰਾਂਗੇ।ਉਨ੍ਹਾਂ ਕਿਹਾ ਸ੍ਰੀ ਕਾਮਰਾ ਭਵਿੱਖ ਵਿੱਚ ਵੀ ਕੌਂਸਲ ਦੀ ਅਗਵਾਈ ਕਰਦੇ ਰਹਿਣਗੇ।ਇਸ ਮੌਕੇ ਸਰਦਾਰੀ ਲਾਲ ਕਾਮਰਾ ਨੂੰ ਸੀਨੀਅਰ ਮੈਂਬਰ ਗੁਰਦਰਸ਼ਨ ਸਿੰਘ ਸੋਢੀ, ਨੈਸ਼ਨਲ ਐਵਾਰਡੀ ਜੋਗਿੰਦਰ ਸਿੰਘ ਲੋਹਾਮ, ਇੰਜ: ਗੁਰਦੀਪ ਸਿੰਘ ਬਰਾੜ, ਪ੍ਰਧਾਨ ਦਰਬਾਰਾ ਸਿੰਘ ਗਿੱਲ ਨੇ ਹਾਰ ਪਹਿਨਾਏ ਤੇ ਕੌਂਸਲ ਵੱਲੋਂ ਸ਼ੀਲਡ ਤੇ ਲੋਈ ਦੇ ਕੇ ਸਨਮਾਨਤ ਕੀਤਾ।ਮੀਟਿੰਗ ਵਿੱਚ ਸਮੂਹ ਹਾਜ਼ਰ ਮੈਂਬਰਾਂ ਨੇ ਸ੍ਰੀ ਸਰਦਾਰੀ ਲਾਲ ਕਾਮਰਾ ਨਾਲ ਬਿਤਾਏ ਸਮੇਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ।ਸਮਾਗਮ ਦੇ ਅਰੰਭ ਵਿੱਚ ਸ੍. ਹਰਭਜਨ ਸਿੰਘ ਨਾਗਰਾ, ਮਾਸਟਰ ਪ੍ਰੇਮ ਕੁਮਾਰ ਤੇ ਸੁਰੇਸ਼ ਕੁਮਾਰ ਸ਼ਾਸਤਰੀ ਨੇ ਗੀਤਾਂ ਤੇ ਕਵਿਤਾ ਰਾਹੀਂ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ।ਮੀਟਿੰਗ ਵਿੱਚ ਜਗਦੀਪ ਸਿੰਘ ਢਿੱਲੋਂ, ਗੁਰਚਰਨ ਸਿੰਘ ਸੁਪਰਡੈਂਟ, ਵਿਜੇ ਕੁਮਾਰ ਸ਼ਰਮਾ, ਇਕਬਾਲ ਸਿੰਘ ਲੋਹਾਮ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਸਵਿੰਦਰ ਸਿੰਘ ਸਰਾਂ, ਇੰਦਰਜੀਤ ਸਿੰਘ, ਕੁਲਦੀਪ ਰਾਏ ਅਰੋੜਾ, ਅਜੈ ਕੁਮਾਰ ਮਿੱਤਲ, ਜੁਗਰਾਜ ਸਿੰਘ ਬਾਸੀ, ਵਿਜੇ ਕੁਮਾਰ ਟੰਡਨ, ਪ੍ਰਿੰਸੀਪਲ ਗੁਰਬੀਰ ਸਿੰਘ ਜੱਸਲ, ਪ੍ਰਸ਼ੋਤਮ ਲਾਲ ਸ਼ਰਮਾ, ਲਾਲ ਚੰਦ ਅਰੋੜਾ, ਹੀਰਾ ਲਾਲ ਸ਼ਾਮਲ ਸਨ।ਅੰਤ ਵਿੱਚ ਸਰਦਾਰੀ ਲਾਲ ਕਾਮਰਾ ਨੇ ਨਵੇਂ ਪ੍ਰਧਾਨ ਸ੍. ਦਰਬਾਰਾ ਸਿੰਘ ਗਿੱਲ ਨੂੰ ਹਾਰ ਪਹਿਨਾ ਕੇ ਅਸ਼ੀਰਵਾਦ ਦਿੱਤਾ।


ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਨ ਲਈ ਵਚਨਬੱਧ : ਰਾਏ

ਨਬੀਪੁਰ ਵਿਖੇ 27 ਲੱਖ ਦੀ ਲਾਗਤ ਨਾਲ ਬਣੇ ਖੇਡ ਮੈਦਾਨ ਦਾ ਉਦਘਾਟਨ



ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) : ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਪਿੰਡ ਨਬੀਪੁਰ ਵਿਖੇ ਕਰੀਬ 27 ਲੱਖ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕਰਕੇ ਤਿਆਰ ਕੀਤੇ ਗਏ ਨਵੇਂ ਖੇਡ ਮੈਦਾਨ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਬਚਾਉਣ ਤੇ ਖੇਡਾਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 3100 ਖੇਡ ਮੈਦਾਨ ਤਿਆਰ ਕੀਤੇ ਗਏ ਹਨ, ਤਾਂ ਜੋ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਣ ਲਈ ਵਧੀਆ ਸਹੂਲਤਾਂ ਤੇ ਢੁੱਕਵਾਂ ਮਾਹੌਲ ਮਿਲ ਸਕੇ।ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਉਪਰਾਲਾ ਸਾਰਥਕ ਸਾਬਿਤ ਹੋ ਰਿਹਾ ਹੈ ਅਤੇ ਅੱਜ ਨਵੇਂ ਬਣੇ ਖੇਡ ਮੈਦਾਨਾਂ ਵਿੱਚ ਨੌਜਵਾਨ ਵੱਡੀ ਗਿਣਤੀ 'ਚ ਖੇਡਣ ਲਈ ਪਹੁੰਚ ਰਹੇ ਹਨ ਅਤੇ ਵੱਖ-ਵੱਖ ਖੇਡ ਟੂਰਨਾਮੈਂਟ ਕਰਵਾ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਖਿਡਾਰੀਆਂ ਨੂੰ ਉਤਸ਼ਾਹਤ ਕਰਨ, ਉਨ੍ਹਾਂ ਨੂੰ ਬਿਹਤਰ ਸਿਖਲਾਈ ਤੇ ਖੇਡਾਂ ਵਿੱਚ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਲਈ ਵੀ ਲਗਾਤਾਰ ਯਤਨਸ਼ੀਲ ਹੈ।ਖੇਡਾਂ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਜਿਊਣ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੰਦੀਆਂ ਹਨ।ਇਸ ਮੌਕੇ ਪਿੰਡ ਦੇ ਨੌਜਵਾਨਾਂ ਵੱਲੋਂ ਕਾਸਕੋ ਕ੍ਰਿਕਟ ਟੂਰਨਾਮੈਂਟ ਵੀ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਟੀਮਾਂ ਨੇ ਉਤਸ਼ਾਹ ਨਾਲ ਭਾਗ ਲਿਆ। ਟੂਰਨਾਮੈਂਟ ਦੀਆਂ ਜੇਤੂ ਟੀਮਾਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਪ੍ਰੀਤ ਸਿੰਘ ਭੱਟੀ, ਹਿਤੇਸ਼ ਉੱਪਲ, ਸਰਪੰਚ ਬਲਕਾਰ ਸਿੰਘ, ਸੁਰਜੀਤ ਸਿੰਘ ਆਦਿ ਹਾਜ਼ਰ ਸਨ।

ਕੋਟਲਾ ਸ਼ਮਸ਼ਪੁਰ ਦੇ ਓਵਰਬ੍ਰਿਜ ਨਾਲ ਪੈਦਲ ਲਾਂਘਾ ਬਣਾਇਆ ਜਾਵੇ-ਨਿਸ਼ੂ ਸ਼ਰਮਾ



ਸਮਰਾਲਾ, (ਸੁਰਜੀਤ ਸਿੰਘ)-ਸਮਰਾਲਾ ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਮੱਦੇਨਜ਼ਰ ਭਾਰਤੀ ਜਨਤਾ ਪਾਰਟੀ ਦੇ ਨੌਜਵਾਨ ਆਗੂ ਤੇ ਵਿਧਾਨ ਸਭਾ ਹਲਕਾ ਸਮਰਾਲਾ ਦੇ ਭਾਜਪਾ ਇੰਚਾਰਜ ਰਾਧੇਸ਼ ਸ਼ਰਮਾ (ਨੀਸ਼ੂ ਚਹਿਲਾਂ) ਦੀ ਅਗਵਾਈ ਹੇਠ ਭਾਜਪਾ ਦਾ ਵਿਸ਼ੇਸ਼ ਵਫ਼ਦ ਨੇ ਕੇਂਦਰੀ ਰਾਜ ਮੰਤਰੀ ਹਰਸ਼ ਮਲਹੋਤਰਾ ਨਾਲ ਮੁਲਾਕਾਤ ਕਰਕੇ ਇਥੋਂ ਨੇੜਲੇ ਪਿੰਡ ਕੋਟਲਾ ਸ਼ਮਸ਼ਪੁਰ ਵਿਖੇ ਬਣ ਰਹੇ ਓਵਰਬ੍ਰਿਜ ਦੇ ਨਾਲ ਪੈਦਲ ਲਾਂਘਾ ਬਣਾਉਣ ਦੀ ਮੰਗ ਰੱਖੀ।ਇਸ ਮੌਕੇ ਅਸੀਮ ਗੋਇਲ ਸਾਬਕਾ ਵਿਧਾਇਕ, ਅੰਬਾਲਾ, ਬਲਰਾਮ ਸ਼ਰਮਾ ਸੂਬਾ ਕਾਰਜਕਾਰਨੀ ਮੈਂਬਰ, ਬਿਕਰਮ ਭਨੋਟ ਸਰਕਲ ਪ੍ਰਧਾਨ, ਮਨਦੀਪ ਸਿੰਘ ਸਰਪੰਚ ਕੋਟਲਾ ਸ਼ਮਸ਼ਪੁਰ ਤੇ ਦਵਿੰਦਰ ਸਿੰਘ ਕੰਗ ਵੀ ਮੌਜੂਦ ਰਹੇ।ਨੀਸ਼ੂ ਚਹਿਲਾਂ ਨੇ ਦੱਸਿਆ ਕਿ ਚੰਡੀਗੜ੍ਹ-ਲੁਧਿਆਣਾ ਨੈਸ਼ਨਲ ਹਾਈਵੇ ਪਿੰਡ ਕੋਟਲਾ ਸ਼ਮਸ਼ਪੁਰ ਸੜਕ ਦੇ ਵਿੱਚੋਂ ਦੀ ਹੋ ਕੇ ਲੰਘਦੀ ਹੈ।ਨੈਸ਼ਨਲ ਹਾਈਵੇ ਤੇ ਟਰੈਫਿਕ ਬਹੁਤ ਜ਼ਿਆਦਾ ਹੋਣ ਕਾਰਨ ਸੜਕ ਦੇ ਪਾਰ ਕਰਨਾ ਆਸਾਨ ਨਹੀਂ।ਸੜਕ ਦੇ ਪਾਰ ਪਿੰਡ ਦਾ ਗੁਰਦਵਾਰਾ ਸਾਹਿਬ, ਪੰਚਾਇਤ ਘਰ ਤੇ ਵਿਸ਼ੇਸ਼ ਤੌਰ 'ਤੇ ਸਰਕਾਰੀ ਸਕੂਲ ਹੈ, ਜਿਸ ਕਾਰਨ ਸਕੂਲੀ ਬਚਿਆਂ ਤੇ ਵਿਸ਼ੇਸ਼ ਤੌਰ 'ਤੇ ਕੁੜੀਆਂ ਨੂੰ ਸੜਕ ਪਾਰ ਕਰਕੇ ਸਕੂਲ ਪਹੁੰਚਣ ਵਿੱਚ ਭਾਰੀ ਦਿੱਕਤ ਦਰਪੇਸ਼ ਹੈ।ਇਸ ਥਾਂ 'ਤੇ ਸੜਕ ਹਾਦਸੇ ਦਾ ਗੰਭੀਰ ਖਤਰਾ ਹੈ। ਨਿਸ਼ੂ ਸ਼ਰਮਾ ਨੇ ਕਿਹਾ ਕਿ ਇਹ ਪੈਦਲ ਲਾਂਘਾ ਬਣਨ ਨਾਲ ਨਾ ਸਿਰਫ ਕੋਟਲਾ ਸ਼ਮਸ਼ਪੁਰ ਵਾਸੀਆਂ ਨੂੰ ਹੀ ਲਾਭ ਮਿਲੇਗਾ, ਬਲਕਿ ਪਿੰਡ ਘੁੰਗਰਾਲੀ ਸਿੱਖਾਂ, ਸਿਹਾਲਾ, ਸੰਗਤਪੁਰਾ, ਸਰਵਰਪੁਰ, ਘਰਖਣਾਂ ਤੇ ਟੋਡਰਪੁਰ ਆਦਿ ਦੇ ਲੋਕਾਂ ਨੂੰ ਵੀ ਇਸ ਰਸਤੇ ਤੋਂ ਲੰਘਣ ਲਈ ਕਾਫੀ ਸੌਖ ਹੋਵੇਗੀ।ਕੇਂਦਰੀ ਰਾਜ ਮੰਤਰੀ ਨੇ ਮੰਗ ਨੂੰ ਗੰਭੀਰਤਾ ਨਾਲ ਸੁਣਦਿਆਂ ਜਲਦ ਹੱਲ ਲਈ ਲੋੜੀਂਦੇ ਕਦਮ ਚੁੱਕਣ ਦਾ ਭਰੋਸਾ ਦਿੱਤਾ।

ਚੇਅਰਮੈਨ ਬਰਸਟ ਵੱਲੋਂ ਪਟਿਆਲਾ ਦੇ ਲੀਲਾ ਭਵਨ ਚੌਕ ਦਫ਼ਤਰ ਵਿਖੇ ਲੋਕ ਮਿਲਣੀ

ਸਮਾਣਾ, (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਦੇ ਲੀਲਾ ਭਵਨ ਚੌਕ ਸਥਿਤ ਦਫ਼ਤਰ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ

ਹਲਕਾ ਸਮਾਣਾ 'ਚ ਸਰਗਰਮੀਆਂ ਤੇਜ਼ ਕਰਨ ਦਾ ਸੱਦਾ

ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਤੋਂ ਪਹੁੰਚੇ ਸਰਪੰਚਾਂ, ਪਤਵੰਤੇ ਸੱਜਣਾਂ ਤੇ ਪਾਰਟੀ ਦੇ ਵਲੰਟੀਅਰ ਸਾਥੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ।ਇਸ ਦੌਰਾਨ ਸ੍. ਬਰਸਟ ਨਾਲ ਮੁਲਾਕਾਤ ਕਰਦਿਆਂ ਹਲਕਾ ਸਮਾਣਾ ਦੇ ਵਿਕਾਸ ਕਾਰਜਾਂ, ਲੋਕਾਂ ਦੀਆਂ ਸਮੱਸਿਆਵਾਂ ਤੇ ਹੋਰਨਾਂ ਅਹਿਮ ਮੁੱਦਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਦੌਰਾਨ ਮੁੱਖ ਤੌਰ 'ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਤੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਲਾਗੂ ਕੀਤੀਆਂ ਜਾ ਰਹੀਆਂ ਨੀਤੀਆਂ ਤੇ ਲੋਕ ਭਲਾਈ ਕਾਰਜਾਂ ਨੂੰ ਘਰ-ਘਰ ਤੱਕ ਪਹੁੰਚਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਸ੍. ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਕਾਰਜ ਕਰ ਰਹੀ ਹੈ।ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਤੇ ਹਰ ਵਰਗ ਦੀ ਭਲਾਈ ਨੂੰ ਤਰਜੀਹ ਦੇ ਰਹੀ ਹੈ। ਸਰਕਾਰ ਵੱਲੋਂ ਲੋਕਾਂ ਨੂੰ ਪਾਰਦਰਸ਼ੀ ਤੇ ਲੋਕ ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਇਆ ਜਾ ਰਿਹਾ ਹੈ।ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਆਮ ਲੋਕਾਂ ਤੱਕ ਪਹੁੰਚਾਉਣਾ ਹਰ ਵਰਕਰ ਦੀ ਮੁੱਖ ਜ਼ਿੰਮੇਵਾਰੀ ਹੈ।ਆਗਾਮੀ ਵਿਧਾਨ ਸਭਾ ਚੋਣਾਂ ਨੂੰ ਮੱਦੇਨਜ਼ਰ ਰੱਖਦਿਆਂ ਸ. ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਤੇ ਜਨਤਾ ਨਾਲ ਤਾਲਮੇਲ ਵਧਾਉਣ ਲਈ ਉਤਸ਼ਾਹਤ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਨੂੰ ਆਪਸੀ ਤਾਲਮੇਲ, ਸਮਰਪਣ ਤੇ ਯੋਜਨਾਬੱਧ ਤਰੀਕੇ ਨਾਲ ਲੋਕਾਂ ਵਿਚਕਾਰ ਵਿਚਰਨਾ ਚਾਹੀਦਾ ਹੈ ਤਾਂ ਜੋ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾ ਸਕੇ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਇਆ ਜਾ ਸਕੇ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਹਲਕਾ ਸਮਾਣਾ ਦੇ ਸਮੂਹ ਸਾਥੀ ਪਾਰਟੀ ਦੀ ਮਜ਼ਬੂਤੀ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਹਾਜ਼ਰ ਸਰਪੰਚਾਂ ਤੇ ਪਤਵੰਤੇ ਸੱਜਣਾਂ ਨੇ ਵੀ ਸ੍. ਬਰਸਟ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਦੇ ਲੋਕ ਪੱਖੀ ਫ਼ੈਸਲਿਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ।ਲੋਕ ਮਿਲਣੀ ਵਿੱਚ ਮਨਿੰਦਰ ਸਿੰਘ ਡਕਾਲਾ ਚੇਅਰਮੈਨ ਬਲਾਕ ਸੰਮਤੀ, ਰਣਜੀਤ ਸਿੰਘ ਰਾਣਾ ਵਿਰਕ ਬਲਾਕ ਸੰਮਤੀ ਮੈਂਬਰ, ਸੁਖਵਿੰਦਰ ਸਿੰਘ ਸਰਪੰਚ ਬਿਜਲਪੁਰ, ਵਰਿੰਦਰ ਸਿੰਘ ਸਰਪੰਚ ਸੈਦੀਪੁਰ, ਨਰਿੰਦਰ ਸਿੰਘ ਸਰਪੰਚ ਬਰਸਟ, ਮਨਪ੍ਰੀਤ ਸਿੰਘ ਸਰਪੰਚ ਵਜੀਦਪੁਰ, ਅਮਰੀਕ ਸਿੰਘ ਸਰਪੰਚ ਕਕਰਾਲਾ, ਸੋਨੂੰ ਸਰਪੰਚ ਗੁਰੂ ਨਾਨਕ ਨਗਰ, ਮਨਦੀਪ ਸਿੰਘ ਸਰਪੰਚ ਹਾਜੀ ਮਾਜਰਾ, ਪਿੰਦਰ ਸਿੰਘ ਸਰਪੰਚ ਨਵੀਂ ਰੌਣੀ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ, ਜਗਦੀਪ ਸਿੰਘ ਸਰਪੰਚ ਬਿਸ਼ਨਪੁਰ ਛੰਨਾ, ਸੋਮ ਚੰਦ ਸੋਮੀ ਸਰਪੰਚ ਤਰਖਾਣ ਮਾਜਰਾ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਜੱਸੀ ਫਤਿਹਪੁਰ ਬਲਾਕ ਪ੍ਰਧਾਨ, ਸਤਿੰਦਰਜੀਤ ਸਿੰਘ ਕੋਰਜੀਵਾਲ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।




ਕਰਤਾਰ ਸਿੰਘ ਸਰਾਭਾ ਤੇ ਸਾਥੀਆਂ ਦੇ ਸ਼ਹੀਦੀ ਦਿਨ ਨੂੰ ਸਮਰਪਤ ਸੈਮੀਨਾਰ 15 ਨੂੰ

ਲੁਧਿਆਣਾ, (ਸਤੀਸ਼ ਸਚਦੇਵਾ)-ਗ਼ਦਰ ਪਾਰਟੀ ਦੇ ਮਹਾਨ ਜਰਨੈਲ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਸਾਥੀਆਂ ਦੇ ਸ਼ਹੀਦੀ ਦਿਨ ਨੂੰ ਸਮਰਪਤ ਸੈਮੀਨਾਰ 15 ਨਵੰਬਰ (ਐਤਵਾਰ) ਸ਼ਾਮ 3.30 ਵਜੇ ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿਖੇ ਸ਼ੁਰੂ ਹੋਵੇਗਾ।ਸਮਾਜ ਸੇਵੀ ਸੰਸਥਾ ਮਹਾਂ ਸਭਾ ਲੁਧਿਆਣਾ ਤੇ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰਸਟ ਵੱਲੋਂ ਕਰਵਾਏ ਜਾ ਰਹੇ ਇਸ ਸੈਮੀਨਾਰ ਦਾ ਵਿਸ਼ਾ 'ਗਦਰ ਪਾਰਟੀ ਤੇ ਉਸ ਦੀ ਵਿਰਾਸਤ' ਹੋਵੇਗਾ, ਜਿਸ ਦੇ ਬੁਲਾਰੇ ਪ੍ਰੋ. ਜਗਮੋਹਨ ਸਿੰਘ (ਭਾਣਜਾ ਸ਼ਹੀਦ ਭਗਤ ਸਿੰਘ) ਪ੍ਰਧਾਨ ਜਮਹੂਰੀ ਅਧਿਕਾਰ ਸਭਾ ਪੰਜਾਬ ਸਮੇਤ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰੱਸਟ ਤੇ ਕਮਲਪ੍ਰੀਤ ਕੌਰ ਸੰਚਾਲਕ ਪ੍ਰੋਗਰੈਸਿਵ ਕਲਾ ਮੰਚ ਕੈਲਗਰੀ (ਕੈਨੇਡਾ) ਹੋਣਗੇ।ਇਸ ਬਾਰੇ ਜਾਣਕਾਰੀ ਦਿੰਦਿਆਂ ਮਹਾਂ ਸਭਾ ਲੁਧਿਆਣਾ ਤੇ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰੱਸਟ ਦੇ ਜਨਰਲ ਸਕੱਤਰ ਜਸਵੰਤ ਜ਼ੀਰਖ ਨੇ ਦੱਸਿਆ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਅਮਰੀਕਾ ਵਿੱਚ ਗਏ ਦੇਸ਼ ਵਾਸੀਆਂ ਨੂੰ ਜਦੋਂ ਆਪਣੇ ਦੇਸ਼ ਦੀ ਗੁਲਾਮੀ ਦਾ ਅਹਿਸਾਸ ਹੋਇਆ ਤਾਂ ਉਨ੍ਹਾਂ ਵੱਲੋਂ ਦੇਸ਼ ਨੂੰ ਆਜ਼ਾਦ ਕਰਵਾਉਣ ਲਈ, ਉਥੇ ਹੀ ਗਦਰ ਪਾਰਟੀ ਦੀ ਸਥਾਪਨਾ ਕੀਤੀ ਗਈ ਸੀ। ਜਦੋਂ ਅਨੇਕਾਂ ਗਦਰੀ ਭਾਰਤ ਵਿੱਚੋਂ ਅੰਗਰੇਜ਼ ਹਕੂਮਤ ਦਾ ਖਾਤਮਾ ਕਰਕੇ, ਇੱਥੇ ਮਨੁੱਖੀ ਬਰਾਬਰਤਾ ਤੇ ਇਨਸਾਫ਼ ਵਾਲਾ ਰਾਜ ਸਥਾਪਤ ਕਰਨ ਲਈ ਭਾਰਤ ਪਹੁੰਚੇ ਤਾਂ ਉਨ੍ਹਾਂ ਨੂੰ ਅੰਗਰੇਜ਼ ਹਕੂਮਤ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ।ਉਨ੍ਹਾਂ ਉੱਪਰ ਕੇਸ ਚਲਾਉਣ ਉਪਰੰਤ ਸ਼ਹੀਦ ਕਰਤਾਰ ਸਿੰਘ ਸਰਾਭਾ ਸਮੇਤ 6 ਸਾਥੀਆਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਗਈ।ਕਿੰਨਿਆਂ ਨੂੰ ਕਾਲੇ ਪਾਣੀਆਂ ਦੀ ਉਮਰ ਕੈਦ ਹੋਈ, ਜਿਨ੍ਹਾਂ ਵਿੱਚ ਬਾਬਾ ਸੋਹਣ ਸਿੰਘ ਭਕਨਾ ਤੇ ਭਾਨ ਸਿੰਘ ਸੁਨੇਤ ਵੀ ਸਨ।ਸੋ ਇਸ ਸੈਮੀਨਾਰ ਦਾ ਮੰਤਵ ਗਦਰ ਪਾਰਟੀ ਦੇ ਸ਼ਹੀਦਾਂ ਦੀ ਵਿਚਾਰਧਾਰਾ ਨੂੰ ਮੁੱਖ ਰੱਖਦਿਆਂ ਉਨ੍ਹਾਂ ਦੀ ਵਿਰਾਸਤ ਨੂੰ ਅੱਗੇ ਤੋਰਦਿਆਂ ਅੱਜ ਵੀ ਦੇਸ਼ ਦੀ ਦੇਸੀ ਤੇ ਵਿਦੇਸ਼ੀ ਜਰਵਾਣਿਆਂ ਵੱਲੋਂ ਕੀਤੀ ਜਾਂਦੀ ਲੁੱਟ ਅਤੇ ਲੋਕਾਂ ਉੱਪਰ ਹੋ ਰਹੇ ਅੱਤਿਆਚਾਰਾਂ ਨੂੰ ਉਜਾਗਰ ਕਰਨਾ ਹੈ।

ਚੰਦੂਮਾਜਰਾ ਵੱਲੋਂ ਆਪਣੇ ਪੁੱਤਰ ਦੇ ਹੱਕ 'ਚ ਸਨੌਰ ਹਲਕੇ 'ਚ ਚੋਣ ਪ੍ਰਚਾਰ ਸ਼ੁਰੂ

ਜਲਦੀ ਹੀ ਪੰਜਾਬ ਦੀ ਧਰਤੀ 'ਤੇ ਹੋਵੇਗਾ ਪੰਜਾਬੀਆਂ ਦਾ ਰਾਜ : ਪ੍ਰੋ. ਚੰਦੂਮਾਜਰਾ

ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ) : ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ ਤੇ ਇਥੇ ਜ਼ਿਆਦਾਤਰ ਪੰਜਾਬੀ ਹੀ ਵਸਦੇ ਹਨ, ਇਸ ਲਈ ਇਸ ਨੂੰ ਹਸਦਾ ਵਸਦਾ ਰੱਖਣ ਲਈ ਗੈਰ-ਪੰਜਾਬੀਆਂ ਨੂੰ ਇੱਥੋਂ ਭਜਾਉਣਾ ਬਹੁਤ ਜ਼ਰੂਰੀ ਹੈ, ਕਿਉਂਕਿ ਪੰਜਾਬ ਦੀ ਧਰਤੀ ਨੂੰ ਬਾਹਰਲੇ ਧਾੜਵੀਆਂ ਨੇ ਆ ਕੇ ਬਹੁਤ ਲੁੱਟਿਆ ਹੈ।ਇਸ ਲਈ ਪੰਜਾਬ ਦੇ ਲੋਕ ਇੱਕਮੁੱਠ ਹੋ ਕੇ ਇੱਥੇ ਪੰਜਾਬੀਆਂ ਦਾ ਰਾਜ ਸਥਾਪਤ ਕਰਨ ਲਈ ਉਤਾਵਲੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਉਨ੍ਹਾਂ ਦੇ ਸਪੁੱਤਰ ਸਾਬਕਾ ਵਿਧਾਇਕ ਹਲਕਾ ਸਨੌਰ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੂੰ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਸਨੌਰ ਦਾ ਇੰਚਾਰਜ ਲਾਏ ਜਾਣ ਦੀ ਖ਼ੁਸ਼ੀ 'ਚ ਇਤਿਹਾਸਕ ਗੁਰਦੁਆਰਾ ਮਗਰ ਸਾਹਿਬ ਵਿਖੇ ਗੁਰੂ ਦਾ ਸ਼ੁਕਰਾਨਾ ਕਰਨ ਲਈ ਨਤਮਸਤਕ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਹਰਿੰਦਰਪਾਲ ਸਿੰਘ ਚੰਦੂਮਾਜਰਾ ਦੇ ਹਲਕਾ ਇੰਚਾਰਜ ਸਨੌਰ ਬਣਨ 'ਤੇ ਹਲਕੇ ਦੇ ਲੋਕਾਂ 'ਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ। ਇਸ ਮੌਕੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਹਲਕੇ 'ਚ ਚੰਗੀ ਸੇਧ ਦੇਣ ਵਾਲੀ ਰਾਜਨੀਤੀ ਕੀਤੀ ਜਾਵੇਗੀ।ਇਸ ਮੌਕੇ ਜਰਨੈਲ ਸਿੰਘ ਕਰਤਾਰਪੁਰ ਤੇ ਜਸਮੇਰ ਸਿੰਘ ਲਾਛੜੂ ਦੋਵੇਂ ਸ਼੍ਰੋਮਣੀ ਕਮੇਟੀ ਮੈਂਬਰ, ਜਥੇਦਾਰ ਤਰਸੇਮ ਸਿੰਘ ਕੋਟਲਾ, ਬਿਕਰਮ ਸਿੰਘ ਫਰੀਦਪੁਰ, ਤਰਲੋਕ ਸਿੰਘ ਹਾਜੀਪੁਰ, ਬਲਜਿੰਦਰ ਸਿੰਘ ਅਬਦਲਪੁਰ, ਗੁਰਬਖਸ਼ ਸਿੰਘ ਟਿਵਾਣਾ, ਪ੍ਰਗਟ ਸਿੰਘ ਮਸੀਂਗਨ, ਮੁਖਤਿਆਰ ਸਿੰਘ ਮੌਹਲਗੜ੍ਹ, ਜਸਵਿੰਦਰ ਸਿੰਘ ਬ੍ਰਹਮਪੁਰ, ਸੁਖਵਿੰਦਰ ਸਿੰਘ ਭੰਗੂ, ਮਲਕੀਤ ਸਿੰਘ, ਗੁਰਮੁੱਖ ਸਿੰਘ ਪੀ.ਏ. ਆਦਿ ਮੌਜੂਦ ਸਨ।



ਪੰਜਾਬ ਰੋਡਵੇਜ਼ ਪਨਬੱਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਵੱਲੋਂ ਡਿਪੂਆਂ 'ਤੇ ਗੇਟ ਰੈਲੀਆਂ

ਲੁਧਿਆਣਾ, (ਰੈਕਟਰ ਕਥੂਰੀਆ)-ਪੰਜਾਬ ਰੋਡਵੇਜ਼ ਪਨਬੱਸ/ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ 25/11 ਜਥੇਬੰਦੀ ਵੱਲੋਂ ਪੂਰੇ ਪੰਜਾਬ ਵਿੱਚ ਡਿੱਪੂਆਂ ਦੇ ਗੇਟਾਂ ਉਪਰ ਗੇਟ ਰੈਲੀਆਂ ਕਰਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।ਲੁਧਿਆਣਾ ਡਿਪੂ ਦੇ

ਟਰਾਂਸਪੋਰਟ ਦੇ ਕੱਚੇ ਮੁਲਾਜ਼ਮਾਂ ਵੱਲੋਂ 16 ਤੋਂ ਹੜਤਾਲ ਦਾ ਐਲਾਨ


ਗੇਟ ਤੇ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ ਬੱਬੂ ਨੇ ਬੋਲਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨਾਲ ਹੁਣ ਤੱਕ 65 ਤੋਂ 70 ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਅਫ਼ਸੋਸ ਦੀ ਗੱਲ ਹੈ ਕਿ ਬਹੁਤ ਮੀਟਿੰਗਾਂ ਤੇ ਵਾਰ-ਵਾਰ ਦਿੱਤੇ ਭਰੋਸਿਆਂ ਅਤੇ ਸਰਕਾਰ ਦੀ ਬਿਆਨਬਾਜ਼ੀ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੀਤਾ ਗਿਆ।ਪਨਬੱਸ ਵਿੱਚ ਪਿਛਲੇ 12 ਸਾਲਾਂ ਤੋਂ ਕੰਟਰੈਕਟ ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਵਾਰ ਵਾਰ ਸਰਕਾਰ ਵੱਲੋਂ ਅੜਚਨਾਂ ਪੈਦਾ ਕਰਕੇ ਬਹਾਨੇ ਬਣਾਉਣ ਪ੍ਰਸੋਨਲ, ਵਿੱਤ ਵਿਭਾਗ ਵੱਲੋਂ 3 ਵਾਰ ਭੇਜੀਆਂ ਫਾਇਲਾਂ ਵਿੱਚ ਪੰਜਾਬ ਰੋਡਵੇਜ਼ ਨੂੰ ਘਾਟੇ ਵਿੱਚ ਕਲੀਅਰ ਕਰਨ ਤੋਂ ਬਾਅਦ ਪਨਬੱਸ ਦੇ ਮੁਲਾਜ਼ਮਾਂ ਨੂੰ ਸਰਵਿਸ ਰੂਲਾਂ ਤਹਿਤ ਪੱਕੇ ਕਰਨ ਦੀ ਮੰਗ ਤੇ ਟਰਾਂਸਪੋਰਟ ਮੰਤਰੀ ਪੰਜਾਬ ਅਤੇ ਪ੍ਰਸੋਨਲ ਵਿਭਾਗ ਵਿੱਤ ਵਿਭਾਗ ਵੱਲੋਂ ਮਨਜ਼ੂਰੀ ਤੋਂ ਬਾਅਦ ਬਣਾਏ ਗਏ ਰੂਲਾਂ ਨੂੰ ਪੰਜਾਬ ਕੈਬਨਿਟ ਵਿੱਚ ਪਾਸ ਕਰਕੇ ਲਾਗੂ ਕਰਨ ਤੋਂ ਟਾਲਮਟੋਲ ਕੀਤਾ ਜਾ ਰਿਹਾ ਹੈ ਅਤੇ ਪਨਬੱਸ, ਪੀ ਆਰ ਟੀ ਸੀ ਦੇ ਆਊਟ ਸੋਰਸ ਮੁਲਾਜ਼ਮਾਂ ਨੂੰ 14 ਅਗਸਤ 2026 ਦੇ ਐਕਟ ਨੰਬਰ 10 ਅਨੁਸਾਰ ਵਿਭਾਗ ਅਧੀਨ ਕੰਟਰੈਕਟ 'ਤੇ ਕਰਨ ਦੀ ਪ੍ਰਕਿਰਿਆ ਵਿੱਚ ਜਾਣਬੁੱਝ ਕੇ ਦੇਰੀ ਕੀਤੀ ਜਾ ਰਹੀ ਹੈ।ਟਰਾਂਸਪੋਰਟ ਮੰਤਰੀ ਦੇ ਕਹਿਣ ਤੇ ਟਰਾਂਸਪੋਰਟ ਸੈਕਟਰੀ ਨੂੰ ਦਿੱਤੇ ਨਿਰਦੇਸ਼ਾਂ ਦੇ ਬਾਵਜੂਦ ਸਬੰਧਤ ਅਧਿਕਾਰੀਆਂ ਵੱਲੋਂ ਫਾਈਲਾਂ ਪਰਸੋਨਲ ਵਿਭਾਗ ਨੂੰ ਨਹੀਂ ਭੇਜੀਆਂ ਜਾਂ ਰਹੀਆਂ, ਜਿਸ ਕਾਰਨ 2026 ਦਾ ਐਕਟ ਮੁਲਾਜ਼ਮਾਂ 'ਤੇ ਲਾਗੂ ਨਹੀਂ ਹੋ ਰਿਹਾ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਤੇ ਠੇਕੇਦਾਰ ਵਿਚੋਲੀਏ ਵਿੱਚ ਸਾਂਝ ਕਿੰਨੀ ਗੂੜ੍ਹੀ ਹੈ। ਮੁੱਖ ਮੰਤਰੀ ਪੰਜਾਬ ਨੇ ਠੇਕੇਦਾਰ ਵਿਚੋਲੀਏ ਬਾਹਰ ਕੱਢਣ ਦਾ ਵਾਅਦਾ ਕੀਤਾ ਸੀ, ਪਟਿਆਲਾ ਵਿਖੇ ਪੀ ਆਰ ਟੀ ਸੀ ਦੇ ਮੁਲਾਜ਼ਮਾਂ ਨੂੰ ਮੁੱਖ ਮੰਤਰੀ ਪੰਜਾਬ ਵੱਲੋਂ 26 ਅਕਤੂਬਰ ਨੂੰ ਕੰਟਰੈਕਟ 'ਤੇ ਕਰਨ ਦੇ ਆਫਰ ਲੈਟਰ ਵੀ ਦਿੱਤੇ, ਪਰ ਕੋਈ ਵੀ ਮੁਲਾਜ਼ਮ ਨੂੰ ਹੁਣ ਤੱਕ ਕੰਟਰੈਕਟ 'ਤੇ ਨਹੀਂ ਕੀਤਾ ਗਿਆ। ਪੀ ਆਰ ਟੀ ਸੀ ਡਿੱਪੂ ਪ੍ਰਧਾਨ ਦਲਜੀਤ ਸਿੰਘ, ਹਰਸ਼ਰਨ ਸਿੰਘ ਨੇ ਦੱਸਿਆ ਕਿ 29 ਅਕਤੂਬਰ ਦੀ ਮੀਟਿੰਗ ਦੌਰਾਨ ਟਰਾਂਸਪੋਰਟ ਮੰਤਰੀ ਤੇ ਪਰਸੋਨਲ ਵਿਭਾਗ ਵੱਲੋਂ ਦੋ ਦਿਨਾਂ ਦੇ ਅੰਦਰ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ ਤੇ ਟਰਾਂਸਪੋਰਟ ਮੰਤਰੀ ਵੱਲੋਂ 31 ਅਕਤੂਬਰ ਦੀ ਕੈਬਨਿਟ ਵਿੱਚ ਰੂਲ ਪਾਸ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅੱਜ ਤੱਕ ਉਸ ਭਰੋਸੇ ਨੂੰ ਅਮਲੀ ਰੂਪ ਨਹੀਂ ਦਿੱਤਾ ਗਿਆ। ਇਸ ਤੋਂ ਇਲਾਵਾ ਮੁੱਖ ਮੰਤਰੀ ਪੰਜਾਬ ਵੱਲੋਂ ਆਊਟ ਸੋਰਸ ਮੁਲਾਜ਼ਮਾਂ ਨੂੰ ਦਿੱਤੇ ਗਏ ਆਫਰ ਲੈਟਰ ਵੀ ਹੁਣ ਤੱਕ ਸਿਰਫ਼ ਇੱਕ ਗਿੱਦੜ ਚਿੱਠੀ ਵਾਂਗ ਖਾਲੀ ਕਾਗਜ਼ ਸਾਬਿਤ ਹੋਏ ਹਨ।ਸਤਿਗੁਰੂ ਸਿੰਘ, ਗੁਰਵਿੰਦਰ ਸਿੰਘ, ਅਮਰੀਕ ਸਿੰਘ ਨੇ ਆਪਣੀਆਂ ਮੁੱਖ ਮੰਗਾਂ ਦੁਹਰਾਉਂਦਿਆਂ ਕਿਹਾ ਕਿ ਆਊਟਸੋਰਸ ਮੁਲਾਜ਼ਮਾਂ ਨੂੰ 14 ਅਗਸਤ 2026 ਦੇ ਐਕਟ ਨੰਬਰ 10 ਅਨੁਸਾਰ ਸਿੱਧਾ ਵਿਭਾਗ ਅਧੀਨ ਕੰਟਰੈਕਟ 'ਤੇ ਕੀਤਾ ਜਾਵੇ, ਪਿਛਲੇ 11 ਸਾਲਾਂ ਤੋਂ ਕੰਮ ਕਰਦੇ ਪਨਬੱਸ ਦੇ ਕੰਟਰੈਕਟ ਮੁਲਾਜ਼ਮਾਂ ਨੂੰ ਪੀ ਆਰ ਟੀ ਸੀ ਦੀ ਤਰਜ਼ 'ਤੇ ਬਣਾਏ ਗਏ ਸਰਵਿਸ ਰੂਲਾਂ ਅਨੁਸਾਰ ਤੁਰੰਤ ਪੱਕਾ ਕੀਤਾ ਜਾਵੇ, ਸੰਘਰਸ਼ ਦੌਰਾਨ ਮੁਲਾਜ਼ਮਾਂ ਉੱਪਰ ਦਰਜ ਕੀਤੇ ਨਾਜਾਇਜ਼ ਪਰਚੇ ਤੇ ਪੁਲਸ ਕੇਸ ਰੱਦ ਕੀਤੇ ਜਾਣ, ਵਿਭਾਗੀ ਪਰਚਿਆਂ ਨੂੰ ਵਿਭਾਗ ਪੁਲਸ ਵੈਰੀਫਿਕੇਸ਼ਨ ਵਿੱਚ ਨਾ ਮੰਨਦਿਆਂ ਕਲੀਅਰ ਮੰਨਿਆ ਜਾਵੇ, ਨਵੇਂ ਭਰਤੀ ਹੋਏ ਮੁਲਾਜ਼ਮਾਂ ਤੇ ਐਕਟ ਤੋਂ ਬਾਹਰ ਰਹਿੰਦੇ ਮੁਲਾਜ਼ਮਾਂ ਨੂੰ 2026 ਦੇ ਐਕਟ ਨੰਬਰ 10 ਵਿੱਚ ਸ਼ਾਮਲ ਕਰਕੇ ਉਨ੍ਹਾਂ ਨੂੰ ਕੰਟਰੈਕਟ 'ਤੇ ਕਰਦਿਆਂ ਰੁਜ਼ਗਾਰ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਨਜਾਇਜ਼ ਕਡੀਸ਼ਨਾਂ ਤਹਿਤ ਕੱਢੇ ਮੁਲਾਜ਼ਮਾਂ ਨੂੰ ਬਹਾਲ ਕੀਤਾ ਜਾਵੇ।ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਹੁਣ ਮੁਲਾਜ਼ਮ ਸਰਕਾਰ ਦੇ ਝੂਠੇ ਭਰੋਸਿਆਂ ਵਿੱਚ ਆਉਣ ਵਾਲੇ ਨਹੀਂ ਹਨ, ਜੇਕਰ ਸਰਕਾਰ ਨੇ ਤੁਰੰਤ ਮੰਗਾਂ ਦਾ ਹੱਲ ਨਾ ਕੀਤਾ ਤਾਂ 16 ਨਵੰਬਰ ਤੋਂ ਹੜਤਾਲ ਕੀਤੀ ਜਾਵੇਗੀ ਅਤੇ ਮੁੱਖ ਮੰਤਰੀ ਪੰਜਾਬ ਸਮੇਤ ਟਰਾਂਸਪੋਰਟ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਦੀ ਹੋਵੇਗੀ।



ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) : ਪਿੰਡ ਜਲਾਲਪੁਰ ਨਜ਼ਦੀਕ ਵਾਪਰੇ ਸੜਕ ਹਾਦਸੇ ਵਿੱਚ ਇੱਕ ਮੋਟਰਸਾਈਕਲ ਸਵਾਰ ਪ੍ਰਵਾਸੀ ਵਿਅਕਤੀ ਦੀ ਮੌਤ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਚੰਦਨ ਕੁਮਾਰ ਨਾਮਕ ਵਿਅਕਤੀ ਸਵੇਰੇ ਕਰੀਬ 7 ਵਜੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਕੁੰਭ ਤੋਂ ਸ਼ਾਹਪੁਰ ਨੂੰ ਜਾ ਰਿਹਾ ਸੀ।ਉਹ ਜਦੋਂ ਪਿੰਡ ਜਲਾਲਪੁਰ ਨੇੜਲੀ ਪੀਰ ਦੀ ਸਮਾਧ ਕੋਲ ਪੁੱਜਾ ਤਾਂ ਤੇਜ਼ ਰਫ਼ਤਾਰ ਨਾਲ ਆ ਰਹੀ ਇੱਕ ਚਿੱਟੇ ਰੰਗ ਦੀ ਸਵਿਫਟ ਕਾਰ ਨੇ ਉਸ ਨੂੰ ਟੱਕਰ ਮਾਰ ਦਿੱਤੀ।ਇਸ ਟੱਕਰ ਕਾਰਨ ਚੰਦਨ ਕੁਮਾਰ ਦਾ ਸੰਤੁਲਨ ਵਿਗੜਨ 'ਤੇ ਉਸ ਦਾ ਮੋਟਰਸਾਈਕਲ ਕੰਧ ਵਿੱਚ ਜਾ ਵੱਜਿਆ ਤੇ ਸਿਰ ਵਿੱਚ ਗੰਭੀਰ ਸੱਟ ਲੱਗਣ ਕਾਰਨ ਚੰਦਨ ਕੁਮਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ। ਥਾਣਾ ਅਮਲੋਹ ਦੀ ਪੁਲਸ ਨੇ ਕਾਰ ਦੇ ਨਾਮਾਲੂਮ ਚਾਲਕ ਵਿਰੁੱਧ ਕੇਸ ਦਰਜ ਕਰਕੇ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

ਹਡਾਣਾ ਵੱਲੋਂ ਸ਼ਿਵ ਮੰਦਰ ਤੋਂ ਸ਼ਾਸਤਰੀ ਦੇ ਘਰ ਤੱਕ ਸੜਕ ਦਾ ਨੀਂਹ ਪੱਥਰ



ਦੇਵੀਗੜ੍ਹ, /ਸਨੌਰ (ਰਾਜਿੰਦਰ ਸਿੰਘ ਥਿੰਦ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪਿੰਡਾਂ ਦੇ ਉੱਚ ਵਿਕਾਸ ਦੇ ਵਿਸ਼ੇਸ਼ ਉਪਰਾਲਿਆਂ ਸਦਕਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਨਗਰ ਪੰਚਾਇਤ ਦੇਵੀਗੜ੍ਹ ਵਿਖੇ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਤੋਰਦਿਆਂ ਸ਼ਿਵ ਮੰਦਰ ਤੋਂ ਸ਼ਾਸਤਰੀ ਦੇ ਘਰ ਤੱਕ ਓ.ਡੀ.ਐਫ. ਫੰਡ ਅਧੀਨ ਬਣਨ ਵਾਲੀ ਅਹਿਮ ਸੜਕ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ, ਨਗਰ ਕੌਂਸਲ ਦੇਵੀਗੜ੍ਹ ਦੀ ਪ੍ਰਧਾਨ ਸ਼ਵਿੰਦਰ ਕੌਰ ਧੰਜੂ, ਕਾਰਜ ਸਾਧਕ ਅਫ਼ਸਰ (ਈ.ਓ.) ਲਖਬੀਰ ਸਿੰਘ, ਰਣਜੀਤ ਸਿੰਘ ਸੰਧੂ ਅਤੇ ਹੋਰ ਆਪ ਆਗੂ ਮੌਜੂਦ ਸਨ । ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਮੁੱਢਲੀਆਂ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਦੇਵੀਗੜ੍ਹ ਦੇ ਨਿਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਇਸ ਸੜਕ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ ਹੈ, ਜਿਸ ਨਾਲ ਰਾਹਗੀਰਾਂ ਅਤੇ ਸਥਾਨਕ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸੁਵਿਧਾ ਮਿਲੇਗੀ । ਸ਼੍ਰੀਮਤੀ ਸ਼ਵਿੰਦਰ ਕੌਰ ਧੰਜੂ ਅਤੇ ਸ਼੍ਰੀ ਬਲਦੇਵ ਸਿੰਘ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਹਡਾਣਾ ਵੱਲੋਂ ਹਲਕੇ ਸਨੌਰ ਵਿੱਚ ਕਰਵਾਏ ਜਾ ਰਹੇ ਵਿਕਾਸ ਸ਼ਲਾਘਾਯੋਗ ਹਨ।

ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ ਦੇ ਮੰਡਲ ਯੂਨਿਟ ਧਾਰੀਵਾਲ ਵੱਲੋਂ ਮੀਟਿੰਗ

ਧਾਰੀਵਾਲ, (ਮਨਦੀਪ ਵਿੱਕੀ)-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਏਟਕ ਦੇ ਮੰਡਲ ਯੂਨਿਟ ਧਾਰੀਵਾਲ ਦੀ ਮਹੀਨਾਵਾਰ ਮੀਟਿੰਗ ਸਾਥੀ ਹਰਕਿਰਪਾਲ ਸਿੰਘ ਸੋਹਲ ਦੀ ਅਗਵਾਈ ਵਿੱਚ 132 ਕੇਵੀ ਸਬ ਸਟੇਸ਼ਨ ਧਾਰੀਵਾਲ ਵਿਖੇ ਹੋਈ।ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਆਗੂ ਹਜਾਰਾ ਸਿੰਘ ਗਿੱਲ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।



ਮੀਟਿੰਗ ਦੌਰਾਨ ਸੂਬਾ ਆਗੂ ਹਜਾਰਾ ਸਿੰਘ ਗਿੱਲ ਅਤੇ ਸਕੱਤਰ ਮਹਿੰਦਰ ਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਦੀ ਮੌਜੂਦਾ ਸਰਕਾਰ ਦਾ ਰਿਮੋਟ ਕੰਟਰੋਲ ਦਿੱਲੀ ਦੇ ਲੋਕਾਂ ਵੱਲੋ ਠੁਕਰਾਏ ਸ਼ਰਾਬ ਮਾਫੀਆ ਦੇ ਹੱਥਾਂ ਵਿੱਚ ਹੈ।ਇਹ ਆਪ ਪਾਰਟੀ ਦੀ ਸਰਕਾਰ ਪੰਜਾਬ ਦੀ ਜਨਤਾ, ਮੁਲਾਜਮਾਂ ਅਤੇ ਪੈਨਸ਼ਨਰਾਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਬਜਾਏ ਦਿੱਲੀ ਦੇ ਚੰਦ ਲੋਕਾਂ ਵਾਸਤੇ ਪੰਜਾਬ ਦਾ ਖਜਾਨਾ ਧੜਾ-ਧੜ ਲੁੱਟਾ ਰਹੀ ਹੈ ਤੇ ਪੰਜਾਬ ਨੂੰ ਕਰਜ਼ਾਈ ਕਰੀ ਜਾ ਰਹੀ ਹੈ, ਜਿਸਨੂੰ ਪੰਜਾਬ ਦੀ ਸੂਝਵਾਨ ਪਬਲਿਕ ਕਦੇ ਮਾਫ ਨਹੀਂ ਕਰੇਗੀ ਤੇ ਮੁਫਤ ਦੀਆਂ ਸਹੂਲਤਾਂ ਦੇ ਸਹਾਰੇ ਰਪੀਟ ਕਰਨ ਦੇ ਸੁਪਨੇ ਲੈ ਰਹੀ ਆਮ ਆਦਮੀ ਪਾਰਟੀ ਨੂੰ 2027 ਦੀਆਂ ਚੋਣਾਂ ਵਿੱਚ ਮੂੰਹ ਤੋੜ ਜਵਾਬ ਦੇਵੇਗੀ।

ਪੰਜਾਬ ਦੀ ਆਪ ਸਰਕਾਰ ਮੁਲਾਜਮਾਂ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਕੋਰਟਾਂ ਦੇ ਫ਼ੈਸਲਿਆਂ ਨੂੰ ਲਾਗੂ ਨਾ ਕਰਕੇ 7,50,000 ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਤੇ ਉਹਨਾਂ ਦੇ ਪਰਿਵਾਰਾਂ ਦੀਆਂ ਵੋਟਾਂ ਦੇ ਵਿਰੋਧ ਦਾ ਸਾਹਮਣਾ ਕਰੇਗੀ ਜੋ 2027 ਚੋਣਾਂ ਵਿੱਚ ਆਪ ਦੀ ਸਰਕਾਰ ਦੀ ਹਾਰ ਦਾ ਮੁੱਖ ਕਾਰਨ ਬਣੇਗੀ। ਵੱਖ-ਵੱਖ ਬੁਲਾਰਿਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਮੁਲਾਜ਼ਮਾਂ/ ਪੈਨਸ਼ਨਰਾਂ ਦੇ ਬਣਦੇ ਹੱਕ ਤੇ ਹੋਰ ਮੰਗਾਂ ਤੁਰੰਤ ਲਾਗੂ ਕਰਕੇ ਮੁਲਾਜ਼ਮਾਂ ਦੇ ਰੋਹ ਨੂੰ ਘੱਟ ਕਰੇ ਤੇ ਕੋਰਟਾਂ ਦੇ ਫ਼ੈਸਲਿਆਂ ਨੂੰ ਤੁਰੰਤ ਲਾਗੂ ਕਰੇ।

ਇਸ ਮੌਕੇ ਆਗੂਆਂ ਦੱਸਿਆ ਕਿ 13 ਤੋਂ 19 ਨਵੰਬਰ ਤੱਕ ਲੱਗਣ ਵਾਲੇ ਪੱਕੇ ਮੋਰਚੇ ਵਿੱਚ 17 ਨਵੰਬਰ ਨੂੰ ਗੁਰਦਾਸਪੁਰ ਸਰਕਲ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਸਾਮਲ ਹੋਣਗੇ।

ਮੀਟਿੰਗ ਵਿੱਚ ਹਰਦੀਪ ਸਿੰਘ ਖਹਿਰਾ, ਜੋਗਿੰਦਰ ਸਿੰਘ, ਦਰਸਨ ਸਿੰਘ, ਪਰਮਜੀਤ ਸਿੰਘ ਜਸਬੀਰ ਸਿੰਘ, ਵਜੀਰ ਸਿੰਘ ਵਰਿੰਦਰ ਸਿੰਘ ਅਸ਼ੋਕ ਕੁਮਾਰ, ਸਰੂਪ ਸਿੰਘ, ਨਜੀਰ ਮਸੀਹ, ਸਵਰਨ ਮਸੀਹ, ਜਸਬੀਰ ਸਿੰਘ,ਤਰਸੇਮ ਸਿੰਘ, ਸੱਤਪਾਲ ਸਿੰਘ, ਹਰਪਾਲ ਸਿੰਘ, ਗੁਰਮੀਤ ਸਿੰਘ, ਦਵਿੰਦਰ ਸਿੰਘ, ਸੁਖਵਿੰਦਰ ਸਿੰਘ, ਵਰਿੰਦਰ ਕੁਮਾਰ, ਅਜੀਤ ਸਿੰਘ, ਕੁਲਵੰਤ ਸਿੰਘ ਸੱਗੂ, ਬਲਵਿੰਦਰ ਸਿੰਘ ਚੌਧਰਪੁਰ, ਸਾਥੀ ਨਰੇਸ਼ ਕੁਮਾਰ, ਸਾਥੀ ਸੁਖਦੇਵ ਸਿੰਘ ਗੋਸਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

ਰਸਤਾ ਖੁੱਲ੍ਹਣ ਮਗਰੋਂ ਅੱਡਾ ਡੱਡੂਆਣਾ ਵਿਖੇ ਅੱਜ ਲੱਗਣ ਵਾਲਾ ਰੋਸ ਧਰਨਾ ਰੱਦ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਅੰਮ੍ਰਿਤਸਰ ਮਹਿਤਾ ਰੋਡ ਜੋ ਕਿ ਨੈਸ਼ਨਲ ਹਾਈਵੇਜ ਵੱਲੋਂ ਬਣਾਇਆ ਜਾ ਰਿਹਾ ਹੈ ਅਤੇ ਥਾਂ ਥਾਂ ਤੇ ਲੋਕਾਂ ਨੂੰ ਅਨੇਕਾਂ ਹੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕੰਮ ਇੰਨੀ ਢਿੱਲੀ ਰਫਤਾਰ ਨਾਲ ਚੱਲ ਰਿਹਾ ਹੈ ਕਿ ਕਰੀਬ ਤਿੰਨ ਸਾਲ ਹੋ ਗਏ ਹਨ ਅਜੇ ਤੱਕ ਇਹ ਕੰਮ ਤੇਜ਼ ਨਹੀਂ ਹੋਇਆ। ਇਸੇ ਹੀ ਤਰ੍ਹਾਂ ਅੱਡਾ ਡੱਡੂਆਣਾ ਵਿੱਚ ਜੰਡਿਆਲਾ ਕੱਥੂਨੰਗਲ ਰਸੂਲਪੁਰ ਕਲਾਂ ਨੂੰ ਜਾਂਦਾ ਰਸਤਾ ਨੈਸ਼ਨਲ ਹਾਈਵੇ ਵੱਲੋਂ ਬੰਦ ਕਰ ਦਿੱਤਾ ਗਿਆ ਸੀ ਜਿਸ ਕਾਰਨ ਲੋਕਾਂ ਨੂੰ ਆਪਣੇ ਵਹੀਕਲ ਲੈ ਕੇ ਰੌਂਗ ਸਾਈਡ ਦੀ ਜਾਣਾ ਪੈਂਦਾ ਸੀ, ਇਸ ਕਾਰਨ ਕਈ ਸੜਕ ਹਾਦਸੇ ਵਾਪਰ ਚੁੱਕੇ ਹਨ ਜਿਸ ਨੂੰ ਖਲਵਾਉਣ ਵਾਸਤੇ ਸੁਖਨੰਦਨ ਸਿੰਘ ਮੈਹਣੀਆਂ ਵੱਲੋਂ ਇਲਾਕੇ ਲੋਕਾਂ ਇਲਾਕੇ ਦੇ ਲੋਕਾਂ ਨੂੰ ਨਾਲ ਲੈ ਕੇ 12 ਨਵੰਬਰ ਨੂੰ ਰੋਡ ਜਾਮ ਕੀਤੇ ਜਾਣ ਦਾ ਸੱਦਾ ਦਿੱਤਾ ਗਿਆ ਸੀ ਜਿਸ ਤੋਂ ਬਾਅਦ ਨੈਸ਼ਨਲ ਹਾਈਵੇ ਦੀਆਂ ਅੱਖਾਂ ਖੁੱਲੀਆਂ ਅਤੇ ਉਨ੍ਹਾਂ ਵੱਲੋਂ ਡੱਡੂਆਣਾ ਪਹੁੰਚ ਕੇ ਸੁਖਨੰਦਨ ਸਿੰਘ ਮੈਹਣੀਆ ਤੇ ਹੋਰ ਇਲਾਕੇ ਦੇ ਪਤਵੰਤਿਆਂ ਦੇ ਨਾਲ ਮੀਟਿੰਗ ਕਰਨ ਮਗਰੋਂ ਇਹ ਰਸਤਾ ਖੋਲ੍ਹ ਦਿੱਤਾ ਗਿਆ ਜਿਸ ਦੇ ਮੱਦੇਨਜ਼ਰ ਅੱਜ ਦਾ ਜੋ ਰੋਸ ਧਰਨਾ ਦਿੱਤਾ ਜਾਣਾ ਸੀ ਉਹ ਰੱਦ ਕਰ ਦਿੱਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਵਾਟਰ ਸਪਲਾਈ ਐਂਡ ਸੈਨੀਟੇਸ਼ਨ ਦੇ ਸੂਬਾ ਆਗੂ ਸੁਖਨੰਦਨ ਸਿੰਘ ਮੈਹਣੀਆ ਨੇ ਦੱਸਿਆ ਕਿ ਨੈਸ਼ਨਲ ਹਾਈਵੇ 503ਏ ਤੇ ਜਿਹੜਾ ਧਰਨਾ ਲਾਇਆ ਜਾਣਾ ਸੀ ਉਹ ਮੁਲਤਵੀ ਕਰ ਦਿੱਤਾ ਹੈ, ਕਿਉਂਕਿ ਹਾਈਵੇ ਪ੍ਰਸ਼ਾਸਨ ਨੇ ਅੱਜ ਮੀਟਿੰਗ ਕਰਕੇ ਕੱਥੂਨੰਗਲ ਜੰਡਿਆਲਾ ਰੋਡ ਖੋਲ੍ਹ ਦਿੱਤਾ ਹੈ।ਨਾਲ ਹੀ ਸੁਖਨੰਦਨ ਸਿੰਘ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਹਾਈਵੇ 'ਤੇ ਚੜ੍ਹਨ ਲੱਗਿਆਂ ਪੂਰੀ ਸਾਵਧਾਨੀ ਵਰਤੀ ਜਾਵੇ ਤਾਂ ਜੋ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ। ਉਨ੍ਹਾਂ ਨੇ ਇਸ ਸਹਿਯੋਗ ਦੇ ਵਾਸਤੇ ਇਲਾਕੇ ਦੇ ਲੋਕਾਂ ਦਾ ਧੰਨਵਾਦ ਕੀਤਾ।



ਇਸ ਮੌਕੇ ਹੋਰਨਾ ਤੋਂ ਇਲਾਵਾ ਦਲਜੀਤ ਸਿੰਘ ਧਰਮੀ ਫੌਜੀ, ਸਰਵਣ ਸਿੰਘ ਮੈਹਣੀਆਂ, ਸੋਨਾ ਰਸੂਲਪੁਰ, ਮਨਜੀਤ ਸਿੰਘ ਰਾਏਪੁਰ, ਸਰਬਜੀਤ ਤਲਾਵਾਂ, ਸਾਬਾ ਰਸੂਲਪੁਰ, ਹੰਸਾ ਸਿੰਘ ਫੌਜੀ, ਅਮਰੀਕ, ਤਲਵੰਡੀ, ਗੁਰਸ਼ਾਨ ਚਾਹਲ, ਸਤਨਾਮ ਸੱਤਾ, ਫੌਜੀ ਮਾਂਗਾ ਸਰਾਏ ਆਦਿ ਇਲਾਕੇ ਦੇ ਆਗੂ ਹਾਜ਼ਰ ਸਨ ।

ਓ ਸੀ ਐੱਮ ਮਿੱਲ ਦੇ ਗੇਟ ਅੱਗੇ ਕੱਚੇ ਕਾਮਿਆਂ ਨੇ ਆਰੰਭਿਆ ਅਨਿਸ਼ਚਿਤ ਸਮੇਂ ਲਈ ਧਰਨਾ

ਅੰਮ੍ਰਿਤਸਰ (ਅਰੋੜਾ):-ਗਰਮ ਕੱਪੜਾ ਬਣਾਉਣ ਵਾਲੀ ਮਿੱਲ ਓ ਸੀ ਐੱਮ ਪ੍ਰਾਈਵੇਟ ਲਿਮਟਿਡ ਦੇ ਅਸਥਾਈ ਵਰਕਰਾਂ ਵੱਲੋਂ ਆਪਣੀਆਂ ਲੰਬਿਤ ਮੰਗਾਂ ਨੂੰ ਲੈ ਕੇ ਗੇਟ ਦੇ ਸਾਹਮਣੇ ਅਨਿਸ਼ਚਿਤ ਸਮੇਂ ਧਰਨਾ ਦਿੱਤਾ ਗਿਆ।ਉਨ੍ਹਾਂ ਨੇ ਆਪਣੀਆਂ ਮੰਗਾਂ ਮੈਨੇਜਮੈਂਟ ਦੇ ਸਾਹਮਣੇ ਰੱਖੀਆਂ, ਜਿਨ੍ਹਾਂ ਵਿੱਚ ਵਰਕਰਜ਼ ਕਮੇਟੀ ਨੂੰ ਭੰਗ ਕਰਨ ਦੀ ਮੰਗ ਅਤੇ ਨਵੀਂ ਵਰਕਰਜ਼ ਕਮੇਟੀ ਦੀ ਚੋਣ ਦੀ ਮੰਗ ਸ਼ਾਮਲ ਸੀ।ਇਸ ਤੋਂ ਇਲਾਵਾ ਲੰਬੇ ਸਮੇਂ ਤੋਂ ਕੰਮ ਕਰਨ ਵਾਲੇ ਕੱਚੇ ਵਰਕਰਾਂ ਨੂੰ ਪੱਕਾ ਕਰਨਾ ਅਤੇ ਕੁਝ ਵਰਕਰ ਜਿਨ੍ਹਾਂ ਨੂੰ ਕੰਮ ਤੋਂ ਕੱਢ ਦਿੱਤਾ ਗਿਆ ਸੀ, ਉਨ੍ਹਾਂ ਨੂੰ ਵਾਪਸ ਲਿਆਉਣਾ ਅਤੇ ਜਿਨ੍ਹਾਂ ਵਰਕਰਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਗਈ ਹੈ ਉਸ ਨੂੰ ਖ਼ਤਮ ਕਰਨਾ, ਸਾਰੇ ਕੱਚੇ ਵਰਕਰਾਂ ਨੂੰ ਚਾਰ ਵੀਕਲੀ ਸੰਡੇ ਦਿੱਤੇ ਜਾਣ ਦੀ ਮੰਗ, ਸਰਕਾਰ ਵੱਲੋਂ ਜੋ 15 ਪ੍ਰਤੀਸ਼ਤ ਦਾ ਐਲਾਨ ਕੀਤਾ ਗਿਆ ਹੈ ਉਸ ਨੂੰ ਲਾਗੂ ਕਰਨਾ, ਆਦਿ ਮੰਗਾਂ ਨੂੰ ਲੈ ਕੇ ਗੇਟ ਦੇ ਸਾਹਮਣੇ ਭਾਰੀ ਰੋਸ ਧਰਨਾ ਦਿੱਤਾ ਗਿਆ।ਇਸ ਸਬੰਧ ਵਿੱਚ ਜਦੋਂ ਮੈਨੇਜਮੈਂਟ ਦੇ ਅਧਿਕਾਰੀਆਂ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਲਿਖਤੀ ਰੂਪ ਵਿੱਚ ਦੱਸਿਆ ਕਿ ਕੁਝ ਠੇਕਾ ਮਜ਼ਦੂਰਾਂ ਵੱਲੋਂ ਮਿੱਲ ਗੇਟ ਦੇ ਸਾਹਮਣੇ ਪ੍ਰਦਰਸ਼ਨ ਕੀਤਾ ਗਿਆ ਅਤੇ ਡਿਊਟੀ ਤੇ ਆਉਣ ਵਾਲੇ ਕਰਮਚਾਰੀਆਂ ਨੂੰ ਮਿੱਲ ਵਿੱਚ ਦਾਖ਼ਲ ਹੋਣ ਤੋਂ ਵੀ ਰੋਕਿਆ ਗਿਆ, ਜਿਸ ਨਾਲ ਮਿੱਲ ਦੇ ਸੰਚਾਲਨ ਵਿੱਚ ਰੋਕ ਪਾਉਣ ਦੀ ਕੋਸ਼ਿਸ਼ ਕੀਤੀ ਗਈ।ਸੁਰੱਖਿਆ ਅਧਿਕਾਰੀਆਂ ਨਾਲ ਤਣਾਅਪੂਰਨ ਸਥਿਤੀ ਪੈਦਾ ਹੋਈ।ਮੈਨੇਜਮੈਂਟ ਨੇ ਦੱਸਿਆ ਕਿ ਪ੍ਰਦਰਸ਼ਨ ਵਿੱਚ ਸ਼ਾਮਲ ਕੁਝ ਮਜ਼ਦੂਰਾਂ ਵਿਰੁੱਧ ਪਹਿਲਾਂ ਵੀ ਅਨੁਸ਼ਾਸਨਹੀਣਤਾ ਅਤੇ ਲੜਾਈ-ਝਗੜਿਆਂ ਦੇ ਮਾਮਲਿਆਂ ਵਿੱਚ ਕਾਰਨ ਦੱਸੋ ਨੋਟਿਸ ਅਤੇ ਚਾਰਜਸ਼ੀਟ ਜਾਰੀ ਕੀਤੀ ਜਾ ਚੁੱਕੀ ਹੈ।ਇਸ ਦੇ ਨਾਲ ਹੀ ਮਿੱਲ ਨਾਲ ਸਬੰਧਤ ਵਾਦ-ਵਿਵਾਦ ਵਿੱਚ ਮਾਨਯੋਗ ਅਦਾਲਤ ਦੇ ਨੋਟਿਸ ਅਤੇ ਸਥਾਈ ਹੁਕਮਾਂ ਦੇ ਨਿਰਦੇਸ਼ ਵੀ ਜਾਰੀ ਹਨ। ਮੈਨੇਜਮੈਂਟ ਦੇ ਮੈਂਬਰਾਂ ਨੇ ਦੱਸਿਆ ਕਿ ਦੀਵਾਲੀ ਤੋਂ ਪਹਿਲਾਂ ਕਰਮਚਾਰੀਆਂ ਨੂੰ ਬੋਨਸ ਦਿੱਤਾ ਗਿਆ ਅਤੇ ਤਨਖ਼ਾਹ ਦਾ ਭੁਗਤਾਨ ਸਮੇਂ 'ਤੇ ਕੀਤਾ ਗਿਆ।ਉਨ੍ਹਾਂ ਕਿਹਾ ਕਿ ਓ ਸੀ ਐੱਮ ਮੁੱਖ ਟੈਕਸਟਾਈਲ ਮਿੱਲ ਹੈ, ਇੱਥੇ ਲਗਭਗ 1800 ਤੋਂ 2000 ਕਰਮਚਾਰੀ ਕੰਮ ਕਰ ਰਹੇ ਹਨ। ਮਿੱਲ ਦੇ ਪ੍ਰਬੰਧਕਾਂ ਨੇ ਸਾਰੇ ਮਜ਼ਦੂਰਾਂ ਅਤੇ ਯੂਨੀਅਨ ਪ੍ਰਤੀਨਿਧੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਾਂਤੀ ਬਣਾ ਕੇ ਰੱਖਣ, ਕਰਮਚਾਰੀਆਂ ਨੂੰ ਕੰਮ ਤੇ ਆਉਣ ਦੇਣ ਅਤੇ ਕਿਸੇ ਵੀ ਵਿਵਾਦ ਦਾ ਹੱਲ ਗੱਲਬਾਤ ਅਤੇ ਕਾਨੂੰਨੀ ਪ੍ਰਕਿਰਿਆ ਰਾਹੀਂ ਕਰਨ।

ਖ਼ਾਲਸਾ ਯੂਨੀਵਰਸਿਟੀ ਵੱਲੋਂ 'ਟੈਲੇਂਟ ਹੰਟ-2026' ਕਰਵਾਇਆ ਗਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖ਼ਾਲਸਾ ਯੂਨੀਵਰਸਿਟੀ ਦੀ ਭਾਸ਼ਾ ਫ਼ੈਕਲਟੀ ਅਤੇ ਧਰਮ ਅਧਿਐਨ ਫ਼ੈਕਲਟੀ ਵੱਲੋਂ ਟੈਲੇਂਟ ਹੰਟ-2026' ਪ੍ਰੋਗਰਾਮ ਕਰਵਾਇਆ ਗਿਆ।'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ, ਉਨ੍ਹਾਂ ਦੀਆਂ 'ਚੀਆਂ ਨੂੰ ਤਲਾਸ਼ਣ ਅਤੇ ਵੱਖ-ਵੱਖ ਸੱਭਿਆਚਾਰਕ ਤੇ ਸਾਹਿਤਕ ਗਤੀਵਿਧੀਆਂ ਰਾਹੀਂ ਆਤਮ-ਵਿਸ਼ਵਾਸ਼ ਪੈਦਾ ਕਰਨ ਲਈ ਇਕ ਪਲੇਟਫਾਰਮ ਪ੍ਰਦਾਨ ਕਰਨਾ ਸੀ। ਇਸ ਪ੍ਰੋਗਰਾਮ ਮੌਕੇ ਡੀਨ ਧਰਮ ਅਧਿਐਨ ਸਟੱਡੀਜ਼ ਮੁਖੀ ਡਾ. ਇੰਦਰਜੀਤ ਸਿੰਘ ਗੋਗੋਆਣੀ ਅਤੇ ਡੀਨ ਭਾਸ਼ਾਵਾਂ ਡਾ. ਰਮਿੰਦਰ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਗੋਗੋਆਣੀ ਨੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ ਦੇ ਨਾਲ-ਨਾਲ ਘੱਟੋ-ਘੱਟ ਇਕ ਕਲਾ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ ਉਨ੍ਹਾਂ ਵਿਦਿਆਰਥੀਆਂ ਦੀ ਛੁਪੀ ਹੋਈ ਪ੍ਰਤਿਭਾ ਨੂੰ ਨਿਖਾਰਨ, ਉਨ੍ਹਾਂ ਦੀ ਕਾਬਲੀਅਤ ਦੀ ਪਛਾਣ ਕਰਨ ਅਤੇ ਮਹੱਤਵਪੂਰਨ ਜੀਵਨ ਹੁਨਰ ਵਿਕਸਿਤ ਕਰਨ 'ਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਹਿ-ਪਾਠਕ੍ਰਮ ਗਤੀਵਿਧੀਆਂ 'ਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਯੂਨੀਵਰਸਿਟੀ ਵੱਲੋਂ ਪ੍ਰਦਾਨ ਕੀਤੇ ਜਾਂਦੇ ਮੌਕਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਵੱਲੋਂ ਪ੍ਰੋਗਰਾਮ 'ਚ ਸ਼ਬਦ ਗਾਇਨ, ਕਵਿਸ਼ਰੀ, ਲੋਕ ਗੀਤ, ਗ਼ਜ਼ਲ, ਫੈਂਸੀ ਡਰੈੱਸ ਮੁਕਾਬਲਾ, ਮੁਹਾਵਰੇਦਾਰ ਵਾਰਤਾਲਾਪ, ਕਵਿਤਾ ਉਚਾਰਨ, ਬਹਿਸ, ਭਾਸ਼ਣ ਅਤੇ ਗਿੱਧਾ ਕਈ ਤਰ੍ਹਾਂ ਦੀਆਂ ਸੱਭਿਆਚਾਰਕ ਅਤੇ ਸਾਹਿਤਕ ਪੇਸ਼ਕਾਰੀਆਂ ਕੀਤੀਆਂ ਗਈਆਂ। ਇਸ ਦੌਰਾਨ ਵਿਦਿਆਰਥੀਆਂ ਨੇ ਇਨ੍ਹਾਂ ਵੱਖ-ਵੱਖ ਗਤੀਵਿਧੀਆਂ 'ਚ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੀ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਕਲਾਤਮਕ ਕਾਬਲੀਅਤ ਦਾ ਪ੍ਰਦਰਸ਼ਨ ਕੀਤਾ। ਇਸ ਪ੍ਰੋਗਰਾਮ ਦੀ ਸਮਾਪਤੀ ਡਾ. ਰਮਿੰਦਰ ਕੌਰ ਵੱਲੋਂ ਪੇਸ਼ ਕੀਤੇ ਗਏ ਧੰਨਵਾਦੀ ਸ਼ਬਦਾਂ ਨਾਲ ਹੋਈ, ਜਿਨ੍ਹਾਂ ਨੇ ਪ੍ਰੋਗਰਾਮ ਦੇ ਸਫ਼ਲ ਆਯੋਜਨ 'ਚ ਸਰਗਰਮ ਸ਼ਮੂਲੀਅਤ ਅਤੇ ਯੋਗਦਾਨ ਲਈ ਪ੍ਰਬੰਧਕ ਕਮੇਟੀ, ਫ਼ੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀ ਜੀਵਨ 'ਚ ਅਧਿਆਪਕ ਦੇ ਮਹੱਤਵਪੂਰਨ ਰੋਲ ਦੀ ਗੱਲ ਕਰਦਿਆਂ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਡਾ. ਗੋਗੋਆਣੀ ਨੇ ਡਾ. ਰਮਿੰਦਰ ਕੌਰ ਨਾਲ ਮਿਲ ਕੇ ਵੱਖ-ਵੱਖ ਗਤੀਵਿਧੀਆਂ 'ਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮੈਡਲ ਪ੍ਰਦਾਨ ਕੀਤੇ। ਇਸ ਮੌਕੇ ਮੰਚ ਸੰਚਾਲਨ ਦਾ ਭੂਮਿਕਾ ਅੰਗਰੇਜ਼ੀ ਅਧਿਐਨ ਸਕੂਲ ਸਹਾਇਕ ਪ੍ਰੋਫ਼ੈਸਰ ਮੇਘਾ ਅਤੇ ਬੀ.ਏ. ਇੰਗਲਿਸ਼ ਆਨਰਜ਼ ਦੀ ਵਿਦਿਆਰਥਣ ਸੋਨਮ ਦੁਆਰਾ ਕੀਤਾ ਗਿਆ।



ਸੁਰਿੰਦਰ ਸਿੰਘ ਬਾਦਸ਼ਾਹ ਤੇ ਚਰਨਜੀਤ ਸਿੰਘ ਮਿੱਠੂ ਨੂੰ ਸਦਮਾ, ਪਿਤਾ ਦਾ ਦੇਹਾਂਤ

ਝਬਾਲ, (ਹਰਜਿੰਦਰ ਸਿੰਘ ਸੋਨੀ)-ਸੁਰਿੰਦਰ ਸਿੰਘ ਬਾਦਸ਼ਾਹ ਚਰਨਜੀਤ ਸਿੰਘ ਮਿੱਠੂ ਪਿਤਾ ਤੇ ਪ੍ਰਿੰਸਪਾਲ ਸਿੰਘ ਦੇ ਤਾਇਆ ਕੋਹਿਨੂਰ ਫਾਰਮ ਅੱਡਾ ਝਬਾਲ ਵਾਲਿਆਂ ਨੂੰ ਉਸ ਵੇਲੇ ਭਾਰੀ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਪਿਤਾ ਦਇਆ ਸਿੰਘ ਠੱਠਗੜ੍ਹ ਗੁਰੂ ਚਰਨਾਂ ਵਿੱਚ ਜਾ ਬਿਰਾਜੇ ।ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨਾਲ ਹਲਕਾ ਤਰਨਤਾਰਨ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਕਰਨਬੀਰ ਸਿੰਘ ਬੁਰਜ,ਜ਼ਿਲਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਚੇਅਰਮੈਨ ਰਮਨ ਕੁਮਾਰ ਝਬਾਲ, ਸੀਨੀਅਰ ਕਾਂਗਰਸੀ ਆਗੂ ਅਮਰੀਕ ਸਿੰਘ ਵਰਪਾਲ, ਕਾਂਗਰਸ ਪਾਰਟੀ ਪੰਜਾਬ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ, ਮਨਿੰਦਰਪਾਲ ਸਿੰਘ ਪਲਾਸੌਰ ,ਬੀਬਾ ਕੰਚਨਪ੍ਰੀਤ ਕੌਰ ਹਲਕਾ ਇੰਚਾਰਜ ਤਰਨਤਾਰਨ ਸ੍ਰੋਮਣੀ ਅਕਾਲੀ ਦਲ,ਬੀ ਸੀ ਸੈੱਲ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਲਾਲੀ,ਪ੍ਰਿੰਸਪਾਲ ਸਿੰਘ ਠੱਠਗੜ੍ਹ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ ਝਬਾਲ, ਸਰਪੰਚ ਸੋਨੂੰ ਦੋਦੇ ਬਰਾੜ, ਸਰਪੰਚ ਤਜਿੰਦਰ ਸਿੰਘ ਵਿੱਕੀ ਕੋਟ ਸਿਵਿਆਂ, ਸਰਪੰਚ ਗੁਰਪਾਲ ਸਿੰਘ ਜਗਤਪੁਰਾ,ਐੱਮ ਡੀ ਦਲਵਿੰਦਰ ਸਿੰਘ ਠੱਠਗੜ੍ਹ,ਬਾਬਾ ਭੋਲਾ ਸਿੰਘ ਬੀੜ ਸਾਹਿਬ, ਸਾਬਕਾ ਸਰਪੰਚ ਜੋਗਿੰਦਰ ਸਿੰਘ ਖੈਰਦੀ, ਚੇਅਰਮੈਨ ਹਰਵੰਤ ਸਿੰਘ ਝਬਾਲ, ਚੇਅਰਮੈਨ ਤਜਿੰਦਰ ਸਿੰਘ ਰਾਜੂ ਫਰੈਂਡਜ ਆਟੋ ਡੀਲਰ ਝਬਾਲ, ਹਰਦੇਵ ਸਿੰਘ ਛੀਨਾ, ਕੁਲਦੀਪ ਸਿੰਘ ਬੋਰਾ ਵਾਲੇ,ਰੇਸ਼ਮ ਸਿੰਘ ਪਟਵਾਰੀ,ਗੁਰਪ੍ਰਤਾਪ ਸਿੰਘ ਢਿੱਲੋਂ, ਪ੍ਰਧਾਨ ਨੌਨਿਹਾਲ ਸਿੰਘ ਕਸੇਲ, ਕਾਮਰੇਡ ਦਵਿੰਦਰ ਸੋਹਲ, ਪੂਰਨ ਸਿੰਘ ਅੱਡਾ ਝਬਾਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਕਾਮਰੇਡ ਸੁਰਿੰਦਰ ਸਿੰਘ ਬਿੱਲਾ ਖੂਹ ਵਾਲਾ, ਬਲਵਿੰਦਰ ਸਿੰਘ ਪੂੰਨਾ,ਪ੍ਰਗਟ ਸਿੰਘ ਠੱਠਗੜ੍ਹ, ਮਾਸਟਰ ਭੋਲਾ ਠੱਠਾ ਆਦਿ ਨੇ ਪਰਿਵਾਰ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।



ਪੰਜਾਬ 'ਚ ਪਿਛਲੇ ਪੰਜ ਸਾਲਾਂ ਦੌਰਾਨ ਨਸ਼ਿਆਂ ਨੇ ਲੱਖਾਂ ਲੋਕਾਂ ਦੀ ਜਾਨ ਲਈ : ਹਰਸਿਮਰਤ ਕੌਰ ਬਾਦਲ

ਅੰਮ੍ਰਿਤਸਰ/ਅਜਨਾਲਾ/ਡੇਰਾ ਬਾਬਾ ਨਾਨਕ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-'ਮਾਵਾਂ ਧੀਆਂ ਦੀ ਲਲਕਾਰ' ਰੈਲੀ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਬਠਿੰਡਾ ਦੇ ਐੱਮ ਪੀ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪਿਛਲੇ ਪੰਜ ਸਾਲਾਂ ਦੌਰਾਨ ਆਮ ਆਦਮੀ ਪਾਰਟੀ (ਆਪ) ਸਰਕਾਰ ਦੇ ਰਾਜ ਵਿਚ ਪੰਜ ਲੱਖ ਨੌਜਵਾਨ ਨਸ਼ਿਆਂ ਕਾਰਨ ਮੌਤ ਦੇ ਮੂੰਹ ਵਿਚ ਜਾ ਪਏ ਹਨ ਅਤੇ ਉਨ੍ਹਾਂ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਇਸ ਸੰਕਟ ਦੀ ਜ਼ਿੰਮੇਵਾਰੀ ਚੁੱਕਣ ਤੇ ਤੁਰੰਤ ਅਸਤੀਫਾ ਦੇਣ।ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਬਜਾਏ ਪੰਜਾਬ ਦੇ ਨਸ਼ਾ ਤਸਕਰੀ ਸੰਕਟ ਦੇ ਅਸਲ ਵੇਰਵੇ ਸਾਂਝੇ ਕਰਨ ਦੇ ਆਪ ਸਰਕਾਰ ਪਰਦੇ ਪਾਉਣ ਵਿਚ ਰੁੱਝੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਹੁੰਦੀਆਂ ਮੌਤਾਂ ਦੀ ਰਜਿਸਟਰੇਸ਼ਨ ਨਹੀਂ ਹੁੰਦੀ।

ਉਨ੍ਹਾਂ ਕਿਹਾ ਕਿ ਆਪ ਸਰਕਾਰ ਨੇ ਤਾਂ ਭੰਮੇ ਕਲਾਂ ਦੇ ਦਲਜੀਤ ਸਿੰਘ ਅਤੇ ਬਟਾਲਾ ਦੇ ਬਿਕਰਮਜੀਤ ਸਿੰਘ ਵਰਗੇ ਮਾਮਲਿਆਂ ਵਿਚ ਲਾਸ਼ਾਂ ਵੀ 'ਅਗਵਾ' ਕਰਕੇ ਜਬਰੀ ਅੰਤਿਮ ਸਸਕਾਰ ਕੀਤੇ ਹਨ। ਉਨ੍ਹਾਂ ਕਿਹਾ ਕਿ ਔਰਤਾਂ ਜੋ ਸਰਕਾਰ ਦੀ ਇਸ ਪਰਦਾ ਪਾਉਣ ਦੀ ਕਾਰਵਾਈ ਦਾ ਸਭ ਤੋਂ ਵੱਧ ਸ਼ਿਕਾਰ ਹੋਈਆਂ ਹਨ, ਜਵਾਬ ਮੰਗ ਰਹੀਆਂ ਹਨ।


ਉਨ੍ਹਾਂ ਕਿਹਾ ਕਿ ਔਰਤਾਂ ਗੁਰੂ ਦੋਖੀ ਮੁੱਖ ਮੰਤਰੀ ਭਗਵੰਤ ਮਾਨ ਤੋਂ ਪੁੱਛ ਰਹੀਆਂ ਹਨ ਕਿ ਹੁਣ ਤੱਕ ਉਸਨੇ ਕਿੰਨੇ ਨਸ਼ਾ ਤਸਕਰ ਫੜੇ ਹਨ? ਹੁਣ ਤੱਕ ਉਸਨੇ ਉਹ ਫੈਕਟਰੀਆਂ ਕਿਉਂ ਨਹੀਂ ਫੜੀਆਂ ਜਿਥੇ 'ਚਿੱਟਾ' ਬਣਦਾ ਹੈ? ਉਨ੍ਹਾਂ ਕਿਹਾ ਕਿ ਬਜਾਏ ਅਜਿਹਾ ਕਰਨ ਦੇ ਮੁੱਖ ਮੰਤਰੀ ਦੌਰਾਨ ਸ਼ੇਰੋਂ ਪਿੰਡ ਦੇ ਮੋਹਨਜੀਤ ਸਿੰਘ ਤੇ ਤੂਰ ਵਣਜਾਰਾ ਦੇ ਗੁਲਜ਼ਾਰ ਸਿੰਘ ਵਰਗਿਆਂ ਨੂੰ ਡਰਾਉਣ ਧਮਕਾਉਣ ਤੇ ਤਸੀਹੇ ਦੇਣ ਵਿਚ ਲੱਗਿਆ ਹੈ। ਡੇਰਾ ਬਾਬਾ ਨਾਨਕ ਵਿਖੇ ਮੀਡੀਆ ਦੇ ਸਵਾਲ ਦੇ ਜਵਾਬ ਵਿਚ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਸੋਨੀਆ ਗਾਂਧੀ ਵੱਲੋਂ ਆਪਣੀ ਪੁਸਤਕ ਵਿਚ 1984 ਵਿਚ ਦਿੱਲੀ ਤੇ ਦੇਸ਼ ਦੇ ਹੋਰ ਹਿੱਸਿਆਂ ਵਿਚ ਸਿੱਖ ਕਤਲੇਆਮ ਲਈ ਮੁਆਫੀ ਨਾ ਮੰਗਣ ਦੀ ਨਿਖੇਧੀ ਕੀਤੀ।



ਇਸ ਮੌਕੇ ਹੋਰਨਾਂ ਤੋਂ ਇਲਾਵਾ ਅਜਨਾਲਾ ਵਿਖੇ ਸੰਗਤਾਂ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਜੋਧ ਸਿੰਘ ਸਮਰਾ, ਬੀਬੀ ਰਵਜੀਤ ਕੌਰ ਸਮਰਾ, ਬੀਬੀ ਸਵਰਨ ਕੌਰ ਤੇੜਾ, ਬੀਬੀ ਰਜਨੀ ਬਾਲਾ ਸ਼ਹਿਰੀ ਪ੍ਰਧਾਨ, ਬੀਬੀ ਰਾਜਵਿੰਦਰ ਕੌਰ ਦਿਹਾਤੀ ਪ੍ਰਧਾਨ ਅਜਨਾਲਾ, ਬੀਬੀ ਸਤਵਿੰਦਰ ਕੌਰ, ਸ਼ਰਧਾ ਰਾਣੀ, ਸਟੇਜ ਸਕੱਤਰ ਬੀਬੀ ਅਮਨ ਕੌਰ ਭੂਰੇਗਿੱਲ ਹਾਜ਼ਰ ਸਨ। ਡੇਰਾ ਬਾਬਾ ਨਾਨਕ ਵਿੱਚ ਬੀਬੀ ਹਰਭਜਨ ਕੌਰ ਲੰਗਾਹ ਅਤੇ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਨੇ ਵੀ ਸੰਬੋਧਨ ਕੀਤਾ।

ਡਾ. ਇੰਦਰਪਾਲ ਮੇਲੇ 'ਚ ਨਤਮਸਤਕ ਹੋਏ

ਛੇਹਰਟਾ, (ਮਨੋਜ ਕੁਮਾਰ) : ਬਾਬਾ ਸ਼ਿੰਦੇ ਸ਼ਾਹ ਕਾਦਰੀ ਦਰਬਾਰ, ਗੁਰੂ ਕੀ ਵਡਾਲੀ ਵਿਖੇ ਬਾਬਾ ਜੀ ਦਾ ਮੇਲਾ ਹੀਰਾ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਏ ਅਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਰਾਕੇਸ਼ ਕੁਮਾਰ ਰਿੰਕੂ, ਰਮੇਸ਼ ਥਾਪਾ, ਕੌਂਸਲਰ ਕਸ਼ਮੀਰ ਸਿੰਘ, ਪ੍ਰਮਜੀਤ ਸਿੰਘ ਵਡਾਲੀ, ਜਗੀਰ ਸਿੰਘ ਵਡਾਲੀ, ਅਮਨਦੀਪ ਸਿੰਘ, ਹਜ਼ੂਰੀ ਪ੍ਰਧਾਨ, ਬੰਟੀ, ਲੱਡੂ ਪ੍ਰਧਾਨ, ਸੋਨੂੰ, ਰਾਜ, ਰੋਹਿਤ ਪਾਸੀਂ, ਲਖਵਿੰਦਰ ਸਿੰਘ ਲਾਟੀ ਤੇ ਇਲਾਕਾ ਵਾਸੀ ਹਾਜ਼ਰ ਸਨ।



ਉਵਰਲੋਡ ਡੰਪਰ ਨੇ ਪੰਜ ਵਾਹਨਾਂ ਨੂੰ ਮਾਰੀ ਟੱਕਰ

ਜ਼ੀਰਕਪੁਰ (ਜਤਿੰਦਰ ਕੁਮਾਰ)- ਜ਼ੀਰਕਪੁਰ-ਅੰਬਾਲਾ ਫਲਾਈਓਵਰ 'ਤੇ ਬੁੱਧਵਾਰ ਨੂੰ ਇੱਕ ਓਵਰਲੋਡ ਡੰਪਰ ਨੇ ਜ਼ਬਰਦਸਤ ਕਹਿਰ ਮਚਾ ਦਿੱਤਾ।ਤੇਜ਼ ਰਫ਼ਤਾਰ ਡੰਪਰ ਨੇ ਇੱਕ ਤੋਂ ਬਾਅਦ ਇੱਕ ਪੰਜ ਵਾਹਨਾਂ ਨੂੰ ਟੱਕਰ ਮਾਰ ਦਿੱਤੀ। ਹਾਦਸੇ ਤੋਂ ਬਾਅਦ ਫਲਾਈਓਵਰ 'ਤੇ ਹਫੜਾ-ਦਫੜੀ ਮਚ ਗਈ ਅਤੇ ਦੋਵਾਂ ਪਾਸਿਆਂ ਵਾਹਨਾਂ ਦੀਆਂ ਲੰਮੀਆਂ ਕਤਾਰਾਂ ਲੱਗ ਗਈਆਂ।ਗਨੀਮਤ ਰਹੀ ਕਿ ਇਸ ਘਟਨਾ ਵਿੱਚ ਕਿਸੇ ਵੱਡੇ ਜਾਨੀ ਨੁਕਸਾਨ ਦੀ ਸੂਚਨਾ ਸਾਹਮਣੇ ਨਹੀਂ ਆਈ।ਮਿਲੀ ਜਾਣਕਾਰੀ ਅਨੁਸਾਰ ਡੰਪਰ ਦੀ ਟੱਕਰ ਨਾਲ ਪੰਜ ਵਾਹਨ ਨੁਕਸਾਨੇ ਗਏ। ਟੱਕਰ ਇੰਨੀ ਜ਼ੋਰਦਾਰ ਸੀ ਕਿ ਮੌਕੇ 'ਤੇ ਮੌਜੂਦ ਲੋਕ ਵੀ ਸਹਿਮ ਗਏ। ਹਾਦਸੇ ਕਾਰਨ ਫਲਾਈਓਵਰ 'ਤੇ ਆਵਾਜਾਈ ਪ੍ਰਭਾਵਿਤ ਹੋ ਗਈ ਅਤੇ ਵਾਹਨ ਚਾਲਕਾਂ ਨੂੰ ਕਾਫ਼ੀ ਦੇਰ ਤੱਕ ਜਾਮ ਵਿੱਚ ਫਸੇ ਰਹਿਣਾ ਪਿਆ। ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ 'ਤੇ ਪਹੁੰਚੀ ਅਤੇ ਹਾਦਸਾਗ੍ਰਸਤ ਵਾਹਨਾਂ ਨੂੰ ਸੜਕ ਤੋਂ ਹਟਵਾ ਕੇ ਆਵਾਜਾਈ ਬਹਾਲ ਕਰਵਾਉਣ ਦੀ ਕੋਸ਼ਿਸ਼ ਕੀਤੀ। ਉਧਰ ਪੁਲਸ ਨੇ ਕਾਰਵਾਈ ਕਰਦਿਆਂ ਡੰਪਰ ਚਾਲਕ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ।ਡੰਪਰ ਚਾਲਕ ਨੇ ਦਾਅਵਾ ਕੀਤਾ ਕਿ ਵਾਹਨ ਦੇ ਬ੍ਰੇਕ ਫੇਲ੍ਹ ਹੋ ਗਏ ਸਨ, ਜਿਸ ਕਾਰਨ ਉਹ ਡੰਪਰ 'ਤੇ ਕਾਬੂ ਨਹੀਂ ਰੱਖ ਸਕਿਆ ਅਤੇ ਪੰਜ ਵਾਹਨ ਉਸ ਦੀ ਲਪੇਟ ਵਿੱਚ ਆ ਗਏ। ਹਾਲਾਂਕਿ ਬ੍ਰੇਕ ਫੇਲ੍ਹ ਹੋਣ ਦੇ ਇਸ ਦਾਅਵੇ ਦੀ ਪੁਸ਼ਟੀ ਜਾਂਚ ਤੋਂ ਬਾਅਦ ਹੀ ਹੋ ਸਕੇਗੀ। ਇਸ ਹਾਦਸੇ ਨੇ ਇੱਕ ਵਾਰ ਫਿਰ ਭਾਰੀ ਵਾਹਨਾਂ ਦੀ ਓਵਰਲੋਡਿੰਗ ਅਤੇ ਤਕਨੀਕੀ ਫਿਟਨੈੱਸ ਨੂੰ ਲੈ ਕੇ ਸਬੰਧਤ ਵਿਭਾਗਾਂ ਦੀ ਕਾਰਜਪ੍ਰਣਾਲੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਸਵਾਲ ਇਹ ਹੈ ਕਿ ਕੀ ਸੜਕਾਂ 'ਤੇ ਦੌੜ ਰਹੇ ਭਾਰੀ ਵਾਹਨਾਂ ਦੇ ਬ੍ਰੇਕਾਂ ਅਤੇ ਸੁਰੱਖਿਆ ਉਪਕਰਨਾਂ ਦੀ ਨਿਯਮਤ ਜਾਂਚ ਕੀਤੀ ਜਾਂਦੀ ਹੈ? ਜੇਕਰ ਕਿਸੇ ਵਾਹਨ ਦੇ ਬ੍ਰੇਕ ਅਚਾਨਕ ਫੇਲ੍ਹ ਹੋ ਜਾਣ ਤਾਂ ਸੜਕ 'ਤੇ ਚੱਲ ਰਹੇ ਹੋਰ ਲੋਕਾਂ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਕੌਣ ਲਵੇਗਾ?



ਸਾਥੀ ਜੋਗਿੰਦਰ ਸਿੰਘ ਢਪੱਈ ਨੂੰ ਭਰਪੂਰ ਸ਼ਰਧਾਂਜਲੀਆਂ


ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਭਾਰਤੀ ਕਿਸਾਨ ਯੂਨੀਅਨ ਕਰਾਂਤੀ ਕਾਰੀ ਪੰਜਾਬ ਬਲਾਕ ਸ੍ਰੀ ਹਰਗੋਬਿੰਦਪੁਰ ਕਾਦੀਆਂ ਵੱਲੋਂ ਜਥੇਬੰਦੀ ਦੇ ਵਿਛੜੇ ਆਗੂ ਜੋਗਿੰਦਰ ਸਿੰਘ ਢਪੱਈ ਨੂੰ ਭਰਪੂਰ ਸ਼ਰਧਾਂਜਲੀਆ ਭੇਟ ਕੀਤੀਆਂ ਗਈਆਂ । ਜੋਗਿੰਦਰ ਸਿੰਘ ਜਥੇਬੰਦੀ ਦੇ 2001 ਤੋਂ ਸਰਗਰਮ ਆਗੂ ਸਨ ਅਤੇ ਪਿਛਲੇ ਦਿਨੀਂ ਵਿਛੋੜਾ ਦੇ ਗਏ ਸਨ।ਬਲਾਕ ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ ਜ਼ਿਲ੍ਹਾ ਖਜਾਨਚੀ ਸਿਕੰਦਰ ਸਿੰਘ ਚੀਮਾ ਖੁੱਡੀ ਜਿਲਾ ਕਮੇਟੀ ਮੈਂਬਰ ਮਾਸਟਰ ਜਗੀਰ ਸਿੰਘ ਅਤੇਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੋਗਿੰਦਰ ਸਿੰਘ ਦੀ ਘਾਲਣਾ ਤੋਂ ਸਾਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ। ਪ੍ਰੈੱਸ ਸਕੱਤਰ ਡਾ. ਅਸ਼ੋਕ ਭਾਰਤੀ ਨੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਕਿ ਸਾਥੀ ਜੋਗਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੇ ਉਸ ਸਮੇਂ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਥੇਬੰਦ ਕੀਤਾ ਜਦੋਂ ਪੰਜਾਬ ਵਿੱਚ ਫਸਲਾਂ ਰੁਲਣ ਅਤੇ ਆੜਤੀਆਂ ਵਲੋ ਏਜੰਸੀਆਂ ਨਾਲ ਮਿਲ ਕੇ ਕਿਸਾਨਾਂ ਨੂੰ ਲੁੱਟਿਆ (200) ਜਾ ਰਿਹਾ ਸੀ। ਬਾਅਦ ਵਿੱਚ ਬਿਜਲੀ ਬਿੱਲ ਬਾਈਕਾਟ ਸੰਘਰਸ਼ ਅਤੇ ਜਬਰੀ ਜਮੀਨਾਂ ਅਕਵਾਇਰ ਕਰਨ ਖਿਲਾਫ ਚੱਲੇ ਸੰਘਰਸ਼ਾਂ ਵਿਚ ਜੋਗਿੰਦਰ ਸਿੰਘ ਨੇ ਵੱਡਾ ਯੋਗਦਾਨ ਪਾਇਆ।ਆਗੂਆਂ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਜਦੋਂ ਸਰਕਾਰਾਂ ਸਭ ਕੁਝ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਜਾ ਰਹੀਆਂ ਹਨ ਤਾਂ ਸਾਨੂੰ ਪਿੰਡ ਪਿੰਡ ਮਜ਼ਦੂਰਾਂ ਕਿਸਾਨਾਂ ਨੂੰ ਲਾਮਬੰਦ ਕਰਨਾ ਹੋਵੇਗਾ।



ਇਸ ਮੌਕੇ ਕਸ਼ਮੀਰ ਸਿੰਘ ਮਠੋਲਾ, ਕੁਲਵਿੰਦਰ ਸਿੰਘ ਬਸਰਾਵਾਂ, ਸਤਨਾਮ ਸਿੰਘ ਅਤੇਪੁਰ, ਸਤਨਾਮ ਸਿੰਘ, ਸਰਦੂਲ ਸਿੰਘ ਚੀਮਾ ਖੁੱਡੀ, ਮਹਿੰਦਰ ਸਿੰਘ ਚੀਮਾ ਖੁੱਡੀ, ਬਲਕਾਰ ਸਿੰਘ ਧਰਮੀ ਫੌਜੀ ਆਦਿ ਹਾਜ਼ਰ ਸਨ।

ਨੀਵਾਂ ਧਕਾਲਾ ਵਿਖੇ ਬਣੇ ਬੱਸ ਸ਼ੈੱਡ ਦੀ ਸਲੈਬ ਟੁੱਟਣ ਕਾਰਨ ਲੋਕ ਪ੍ਰੇਸ਼ਾਨ


ਗੁਰਦਾਸਪੁਰ, (ਜਨਕ ਮਹਾਜਨ)-ਦੀਨਾਨਗਰ ਤੋਂ ਗਾਹਲੜੀ ਵਿਚਕਾਰ ਪੈਂਦੇ ਪਿੰਡ ਨੀਵਾਂ ਧਕਾਲਾ ਵਿਖੇ ਸੜਕ ਕੰਢੇ ਬਣੇ ਬੱਸ ਸ਼ੈੱਡ ਦੀ ਹਾਲਤ ਖਸਤਾ ਹੋਣ ਕਾਰਨ ਇਲਾਕਾ ਵਾਸੀਆਂ ਵਿੱਚ ਸੰਬੰਧਿਤ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਸਰਕਾਰ ਨੇ ਸੜਕਾਂ ਕੰਢੇ ਲੋਕਾਂ ਦੀ ਸਹੂਲਤ ਵਾਸਤੇ ਬੱਸਾਂ ਦੇ ਇੰਤਜ਼ਾਰ ਕਰਨ ਲਈ ਗਰਮੀ, ਮੀਂਹ ਤੋਂ ਬਚਣ ਲਈ ਬੱਸ ਸ਼ੈੱਡ ਬਣਾਏ ਹਨ, ਜਿਨ੍ਹਾਂ ਵਿਚ ਲੋਕ ਬੈਠ ਕੇ ਬੱਸਾਂ ਦਾ ਇੰਤਜ਼ਾਰ ਕਰਦੇ ਹਨ।



ਪਿੰਡ ਨੀਵਾਂ ਧਕਾਲਾ ਵਿਖੇ ਸੜਕ ਕੰਢੇ ਬਣੇ ਬੱਸ ਸ਼ੈੱਡ ਦੇ ਅੰਦਰ ਬੈਠਣ ਵਾਲੀ ਸਲੈਬ ਟੁੱਟ ਭੱਜ ਗਈ ਹੈ, ਜਿਸ ਕਾਰਨ ਲੋਕਾਂ ਨੂੰ ਬੈਠਣ ਵਿਚ ਮੁਸ਼ਕਿਲ ਪੇਸ਼ ਆ ਰਹੀ ਹੈ ਅਤੇ ਬੱਸਾਂ ਦਾ ਇੰਤਜ਼ਾਰ ਕਾਫੀ ਸਮਾਂ ਸ਼ੈੱਡ ਵਿਚਕਾਰ ਖੜੇ ਹੋ ਕੇ ਕਰਨਾ ਪੈਂਦਾ ਹੈ ਜਿਸ ਕਾਰਨ ਬਜ਼ੁਰਗ ਔਰਤਾਂ, ਬੱਚਿਆਂ ਆਦਿ ਤੋਂ ਇਲਾਵਾ ਗਰਭਵਤੀ ਮਹਿਲਾਵਾਂ ਨੂੰ ਕਾਫੀ ਮੁਸ਼ਕਿਲ ਪੇਸ਼ ਆਉਂਦੀ ਹੈ। ਇਲਾਕਾ ਵਾਸੀਆਂ ਨੇ ਪੰਜਾਬ ਸਰਕਾਰ ਤੇ ਸੰਬੰਧਿਤ ਵਿਭਾਗ ਪਾਸੋਂ ਮੰਗ ਵੀ ਕੀਤੀ ਕਿ ਨੀਵਾਂ ਧਕਾਲਾ ਵਿਖੇ ਬਣੇ ਬੱਸ ਸ਼ੈੱਡ ਦੀ ਟੁੱਟੀ ਸਲੈਬ ਅਤੇ ਹੋਰ ਨੇੜੇ ਤੇੜੇ ਪਿੰਡਾਂ ਵਿਖੇ ਬਣੇ ਬੱਸ ਸ਼ੈੱਡਾਂ ਦੀ ਹਾਲਤ ਸੁਧਾਰੀ ਜਾਵੇ, ਤਾਂ ਜੋ ਲੋਕ ਇਸ ਦਾ ਫਾਇਦਾ ਲੈ ਸਕਣ।


ਗੁਰਦਾਸਪੁਰ ਤੇ ਸਬ-ਡਵੀਜ਼ਨ ਬਟਾਲਾ ਵਿਖੇ ਨੈਸ਼ਨਲ ਲੋਕ ਅਦਾਲਤ 12 ਦਸੰਬਰ ਨੂੰ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਦੀਪਕ ਸਿੱਬਲ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਅਤੇ ਹਰਬੰਸ ਸਿੰਘ ਲੇਖੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰਪ੍ਰੀਤ ਸਿੰਘ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜ਼ਨ, ਬਟਾਲਾ ਵਿਖੇ ਕੇਸਾਂ ਦੇ ਨਿਪਟਾਰੇ ਲਈ ਨੈਸ਼ਨਲ ਲੋਕ ਅਦਾਲਤ 12.12.2026 ਨੂੰ ਲਗਾਈ ਜਾ ਰਹੀ ਹੈ।ਸ੍ਰੀ ਹਰਬੰਸ ਸਿੰਘ ਲੇਖੀ, ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਅਤੇ ਪਰਵਾਰਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਣਗੇ।ਇਸ ਤੋਂ ਇਲਾਵਾ ਪ੍ਰੀ-ਲਿਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਣਗੇ।




ਭਗਤ ਵੱਲੋਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਦਾ ਉਦਘਾਟਨ

ਜਲੰਧਰ (ਸੁਰਿੰਦਰ ਕੁਮਾਰ)-ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਬੁੱਧਵਾਰ ਨੂੰ ਲਾਡੋਵਾਲੀ ਰੋਡ ਸਥਿਤ 'ਸਕੂਲ ਆਫ਼ ਐਮੀਨੈਂਸ' ਵਿਖੇ 70ਵੀਆਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ (2026-27) ਦਾ ਰਸਮੀ ਉਦਘਾਟਨ ਕੀਤਾ। ਸਕੂਲ ਸਿੱਖਿਆ ਵਿਭਾਗ ਅਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ, ਜਲੰਧਰ ਵੱਲੋਂ ਕਰਵਾਏ ਜਾ ਰਹੇ ਇਸ ਟੂਰਨਾਮੈਂਟ ਵਿੱਚ 11 ਨਵੰਬਰ ਤੋਂ 14 ਨਵੰਬਰ, 2026 ਤੱਕ ਕੁਰਾਸ਼ ਅਤੇ ਮਾਰਸ਼ਲ ਆਰਟਸ ਦੇ ਮੁਕਾਬਲੇ ਹੋਣਗੇ। ਇਨ੍ਹਾਂ ਮੁਕਾਬਲਿਆਂ ਵਿੱਚ ਖਿਡਾਰੀ ਅੰਡਰ-14, ਅੰਡਰ-17 ਅਤੇ ਅੰਡਰ-19 (ਲੜਕੇ) ਵਰਗਾਂ ਵਿੱਚ ਹਿੱਸਾ ਲੈ ਰਹੇ ਹਨ। ਕੈਬਨਿਟ ਮੰਤਰੀ ਨੇ ਹਾਕੀ ਪੰਜਾਬ ਦੇ ਪ੍ਰਧਾਨ ਤੇ 'ਆਪ' ਦੇ ਸੀਨੀਅਰ ਆਗੂ ਨਿਤਿਨ ਕੋਹਲੀ ਸਮੇਤ ਰਿਬਨ ਕੱਟ ਕੇ ਇਸ ਖੇਡ ਸਮਾਗਮ ਦੀ ਰਸਮੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨੌਜਵਾਨ ਭਾਗੀਦਾਰਾਂ ਨੂੰ ਮੁਕਾਬਲੇ ਦੀ ਭਾਵਨਾ ਵਿਕਸਿਤ ਕਰਨ ਅਤੇ ਇੱਕ ਜੇਤੂ (ਚੈਂਪੀਅਨ) ਵਰਗੀ ਸੋਚ ਅਪਣਾਉਣ ਲਈ ਉਤਸ਼ਾਹਿਤ ਕੀਤਾ।ਭਗਤ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਉਸ ਸੋਚ 'ਤੇ ਵੀ ਚਾਨਣਾ ਪਾਇਆ ਜਿਸ ਦਾ ਉਦੇਸ਼ 'ਖੇਡਾਂ ਵਤਨ ਪੰਜਾਬ ਦੀਆਂ' ਵਰਗੀਆਂ ਪ੍ਰਭਾਵਸ਼ਾਲੀ ਪਹਿਲਕਦਮੀਆਂ ਰਾਹੀਂ ਪੂਰੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨਾ ਹੈ। ਭਗਤ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੌਜਵਾਨਾਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ, ਸਰੀਰਕ ਤੌਰ 'ਤੇ ਤੰਦਰੁਸਤ ਰੱਖਣ ਅਤੇ ਆਪਣੀਆਂ ਸੱਭਿਆਚਾਰਕ ਕਦਰਾਂ-ਕੀਮਤਾਂ ਨਾਲ ਜੋੜੀ ਰੱਖਣ ਲਈ ਮੁਕਾਬਲੇ ਵਾਲੀਆਂ ਖੇਡਾਂ ਵਿੱਚ ਸ਼ਾਮਲ ਕਰਨਾ ਬਹੁਤ ਜ਼ਰੂਰੀ ਹੈ।ਇਸ ਦੌਰਾਨ ਹਾਕੀ ਪੰਜਾਬ ਦੇ ਪ੍ਰਧਾਨ ਨਿਤਿਨ ਕੋਹਲੀ ਨੇ ਇਨ੍ਹਾਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।



ਰਸੋਈ ਦੀ ਖਿੜਕੀ ਤੋੜ ਕੇ ਚੋਰਾਂ ਨੇ ਲੱਖਾਂ ਦੇ ਗਹਿਣੇ ਤੇ ਨਕਦੀ ਕੀਤੀ ਸਾਫ਼

ਡੇਰਾ ਬੱਸੀ (ਵਿਨੈ ਕੁਮਾਰ ਜੈਨ)-ਡੇਰਾ ਬੱਸੀ ਨੇੜਲੇ ਪਿੰਡ ਖੇੜੀ ਦੀ ਸ਼ਿਵ ਸ਼ਕਤੀ ਐਨਕਲੇਵ ਵਿੱਚ ਚੋਰ ਵੱਲੋਂ ਦਿਨ-ਦਿਹਾੜੇ ਇੱਕ ਘਰ ਦੀ ਰਸੋਈ ਦੀ ਖਿੜਕੀ ਤੋੜ ਕੇ ਲੱਖਾਂ ਰੁਪਏ ਦੇ ਗਹਿਣੇ ਅਤੇ ਨਕਦੀ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਸਮੇਂ ਘਰ ਦੇ ਮੈਂਬਰ ਰਿਸ਼ਤੇਦਾਰੀ ਵਿੱਚ ਗਏ ਹੋਏ ਸਨ।ਚੋਰ ਨੇ ਪਛਾਣ ਲੁਕਾਉਣ ਲਈ ਬਾਹਰ ਲੱਗੇ ਕੈਮਰਿਆਂ ਦਾ ਮੂੰਹ ਘੁਮਾ ਦਿੱਤਾ, ਪਰ ਅੰਦਰ ਲੱਗੇ ਕੈਮਰੇ ਨੇ ਉਸ ਦੀ ਸਾਰੀ ਕਰਤੂਤ ਕੈਦ ਕਰ ਲਈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਮਕਾਨ ਨੰਬਰ 216 ਦੇ ਵਸਨੀਕ ਅੰਕਿਤ ਪੁੱਤਰ ਰਾਮ ਸੁਮੇਰ ਨੇ ਦੱਸਿਆ ਕਿ 2 ਨਵੰਬਰ ਨੂੰ ਉਹ ਆਪਣੀ ਮਾਤਾ ਨਾਲ ਦੁਪਹਿਰ ਕਰੀਬ ਦੋ ਵਜੇ ਮੁਬਾਰਕਪੁਰ ਵਿਖੇ ਰਿਸ਼ਤੇਦਾਰਾਂ ਨੂੰ ਮਿਲਣ ਗਿਆ ਸੀ। ਜਦੋਂ ਉਹ ਸ਼ਾਮ ਕਰੀਬ ਚਾਰ ਵਜੇ ਘਰ ਪਰਤੇ ਤਾਂ ਕਮਰਿਆਂ ਵਿੱਚ ਸਾਮਾਨ ਖਿੱਲਰਿਆ ਪਿਆ ਸੀ। ਅਲਮਾਰੀਆਂ ਦੀ ਜਾਂਚ ਕਰਨ 'ਤੇ ਸੋਨੇ ਦਾ ਮੰਗਲਸੂਤਰ, ਹਾਰ, ਅੰਗੂਠੀਆਂ, ਚਾਂਦੀ ਦੀਆਂ ਪਾਜੇਬਾਂ, ਚੇਨਾਂ ਅਤੇ 20 ਹਜ਼ਾਰ ਰੁਪਏ ਦੀ ਨਕਦੀ ਗਾਇਬ ਮਿਲੀ। ਪਰਵਾਰ ਅਨੁਸਾਰ ਕਰੀਬ ਚਾਰ ਤੋਂ ਪੰਜ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਅੰਕਿਤ ਨੇ ਦੱਸਿਆ ਕਿ ਸੀ ਸੀ ਟੀ ਵੀ ਫੁਟੇਜ ਵਿੱਚ ਸ਼ੱਕੀ ਵਿਅਕਤੀ ਦੁਪਹਿਰ ਢਾਈ ਵਜੇ ਘਰ ਅੰਦਰ ਦਾਖ਼ਲ ਹੁੰਦਾ ਅਤੇ ਕਰੀਬ ਸਾਢੇ ਤਿੰਨ ਵਜੇ ਬਾਹਰ ਨਿਕਲਦਾ ਦਿਖਾਈ ਦਿੱਤਾ। ਅੰਦਰਲੇ ਕੈਮਰੇ 'ਤੇ ਨਜ਼ਰ ਪੈਂਦਿਆਂ ਹੀ ਉਸ ਨੇ ਚਿਹਰਾ ਢੱਕ ਲਿਆ। ਫੁਟੇਜ ਦੇ ਆਧਾਰ 'ਤੇ ਪਰਵਾਰ ਨੇ ਪਿੰਡ ਸੁੰਢਰਾ ਵਾਸੀ ਰਾਜਾ ਨਾਮਕ ਨੌਜਵਾਨ 'ਤੇ ਸ਼ੱਕ ਪ੍ਰਗਟਾਇਆ ਹੈ।ਮਾਮਲੇ ਦੇ ਤਫ਼ਤੀਸ਼ੀ ਅਧਿਕਾਰੀ ਏ ਐੱਸ ਆਈ ਅਵਤਾਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ। ਨਾਮਜ਼ਦ ਨੌਜਵਾਨ ਦੀ ਗ੍ਰਿਫ਼ਤਾਰੀ ਲਈ ਕਾਰਵਾਈ ਜਾਰੀ ਹੈ।



ਖ਼ਾਲਸਾ ਯੂਨੀਵਰਸਿਟੀ ਨੇ ਇਕਾਗਰਤਾ ਅਤੇ ਮਨ ਦੀ ਅਵਸਥਾ ਵਿਸ਼ੇ 'ਤੇ ਵਰਕਸ਼ਾਪ ਕਰਵਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖਾਲਸਾ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ, ਸਕੂਲ ਆਫ ਸੋਸ਼ਲ ਸਾਇੰਸਿਸ ਵੱਲੋਂ ਇਕਾਗਰਤਾ ਅਤੇ ਮਨ ਦੀ ਅਵਸਥਾ ਦੀ ਮਹੱਤਤਾ ਵਿਸ਼ੇ 'ਤੇ ਇਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਦੀ ਅਗਵਾਈ ਹੇਠ 'ਸਾਈਕੋਮੀਟੀਓਰੋਲੋਜੀ' ਵਿਸ਼ੇ 'ਤੇ ਅਧਾਰਿਤ ਉਕਤ ਵਰਕਸ਼ਾਪ ਅਧੀਨ ਮੌਸਮ ਦੀਆਂ ਸਥਿਤੀਆਂ ਅਤੇ ਮਨੁੱਖੀ ਵਿਹਾਰ ਤੇ ਮਨੋਵਿਗਿਆਨਕ ਪ੍ਰਕਿਰਿਆਵਾਂ 'ਤੇ ਪੈਣ ਵਾਲੇ ਉਨ੍ਹਾਂ ਦੇ ਪ੍ਰਭਾਵਾਂ ਦਾ ਅਧਿਐਨ ਕੀਤਾ ਗਿਆ। ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਉਕਤ ਪ੍ਰੋਗਰਾਮ ਦਾ ਮਕਸਦ ਸਾਡੇ ਆਲੇ-ਦੁਆਲੇ ਦਾ ਵਾਤਾਵਰਣ ਸਾਡੇ ਵਿਚਾਰਾਂ, ਭਾਵਨਾਵਾਂ ਅਤੇ ਮਾਨਸਿਕ ਤੰਦਰੁਸਤੀ ਨੂੰ ਕਿਵੇ ਪ੍ਰਭਾਵਿਤ ਕਰ ਸਕਦਾ ਹੈ, ਸਬੰਧੀ ਵਿਦਿਆਰਥੀਆਂ ਨੂੰ ਸਮਝਾਉਣਾ ਸੀ। ਉਨ੍ਹਾਂ ਕਿਹਾ ਕਿ ਇਸ ਦੌਰਾਨ ਸਕਾਰਾਤਮਕ ਸੋਚ, ਇਕਾਗਰਤਾ 'ਚ ਵਾਧਾ ਅਤੇ ਮਨ ਦੀ ਸਿਹਤਮੰਦ ਅਵਸਥਾ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਬੌਧਿਕ ਤਕਨੀਕਾਂ ਅਤੇ ਪ੍ਰੇਰਨਾਦਾਇਕ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਵਰਕਸ਼ਾਪ ਦਾ ਆਯੋਜਨ ਡਾ. ਪੁਨੀਤ ਕੌਰ, ਇੰਚਾਰਜ, ਕੋਪ ਕਲੱਬ ਅਤੇ ਮਨੋਵਿਗਿਆਨ ਕਲੱਬ, ਸਮਾਜਿਕ ਵਿਗਿਆਨ ਸਕੂਲ, 'ਵਰਸਿਟੀ ਦੀ ਦੇਖ-ਰੇਖ ਹੇਠ ਕੀਤਾ ਗਿਆ। ਇਸ ਵਰਕਸ਼ਾਪ ਦੇ ਬੁਲਾਰੇ ਸ: ਹਰਪਾਲ ਸਿੰਘ ਨੇ ਵਿਦਿਆਰਥੀਆਂ ਨਾਲ ਇਕ ਸੰਵਾਦਮਈ ਸੈਸ਼ਨ ਕੀਤਾ ਅਤੇ ਉਨ੍ਹਾਂ ਨੂੰ ਵਿਚਾਰਸ਼ੀਲ ਗਤੀਵਿਧੀਆਂ 'ਚ ਸ਼ਾਮਿਲ ਕਰਦਿਆਂ ਆਪਣੀਆਂ ਅੰਦਰੂਨੀ ਸ਼ਕਤੀਆਂ ਨੂੰ ਪਛਾਣਨ, ਸਕਾਰਾਤਮਕ ਰਵੱਈਆ ਵਿਕਸਿਤ ਕਰਨ ਅਤੇ ਜੀਵਨ ਦੀਆਂ ਚੁਣੌਤੀਆਂ ਦਾ ਆਤਮ-ਵਿਸ਼ਵਾਸ ਨਾਲ ਸਾਹਮਣਾ ਕਰਨ ਲਈ ਪ੍ਰੇਰਿਤ ਕੀਤਾ ਉਨ੍ਹਾਂ ਨੇ ਰੋਜ਼ਾਨਾ ਜੀਵਨ ਦੀਆਂ ਸਥਿਤੀਆਂ ਨਾਲ ਨਜਿੱਠਣ, ਬਿਹਤਰ ਫ਼ੈਸਲੇ ਲੈਣ ਅਤੇ ਭਾਵਨਾਤਮਕ ਸੰਤੁਲਨ ਬਣਾਈ ਰੱਖਣ 'ਚ ਜੀਵਨ-ਕੌਸ਼ਲਾਂ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ। ਇਸ ਮੌਕੇ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਉਕਤ ਵਰਕਸ਼ਾਪ ਵਿਦਿਆਰਥੀਆਂ 'ਚ ਸਕਾਰਾਤਮਕ, ਇਕਾਗਰ ਅਤੇ ਉਤਪਾਦਕ ਸੋਚ ਵਿਕਸਿਤ ਕਰਨ ਵੱਲ ਇਕ ਅਰਥਪੂਰਨ ਉਪਰਾਲਾ ਸਾਬਤ ਹੋਈ। ਉਨ੍ਹਾਂ ਕਿਹਾ ਕਿ ਇਸਨੇ ਵਿਦਿਆਰਥੀਆਂ ਨੂੰ ਆਪਣੀਆਂ ਮਾਨਸਿਕ ਪ੍ਰੀਕ੍ਰਿਆਵਾਂ ਨੂੰ ਸਮਝਣ ਦੇ ਨਾਲ-ਨਾਲ ਨਿੱਜੀ ਵਿਕਾਸ ਅਤੇ ਸਰਬਪੱਖੀ ਤੰਦਰੁਸਤੀ ਲਈ ਲੋੜੀਂਦੇ ਹੁਨਰ ਵਿਕਸਿਤ ਕਰਨ ਸਬੰਧੀ ਵਿਹਾਰਕ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਸਮਾਜਿਕ ਵਿਗਿਆਨ ਵਿਭਾਗ ਮੁਖੀ ਡਾ. ਜਸਵਿੰਦਰ ਸਿੰਘ ਅਤੇ ਪੰਜਾਬੀ ਵਿਭਾਗ ਮੁਖੀ ਸ੍ਰੀਮਤੀ ਰਵਿੰਦਰ ਕੌਰ ਤੋਂ ਇਲਾਵਾ ਹੋਰ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।



200ਵੀਂ ਬਟਾਲੀਅਨ ਬੀ ਐੱਸ ਐੱਫ਼ ਵੱਲੋਂ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਮੌਕੇ ਰਾਸ਼ਟਰੀ ਸਮਾਗਮ ਦਾ ਆਯੋਜਨ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਭਾਰਤ ਸਰਕਾਰ ਵੱਲੋਂ ਕੌਮੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਮਨਾਉਣ ਲਈ ਸ਼ੁਰੂ ਕੀਤਾ ਗਿਆ, ਸਾਲ ਭਰ ਦਾ ਦੇਸ਼ ਵਿਆਪੀ ਉਤਸਵ ਇੱਕ ਅਜ਼ੀਮ ਅਤੇ ਸ਼ਾਨਦਾਰ ਸਮਾਗਮ ਨਾਲ ਸੰਪੂਰਨ ਹੋਇਆ। ਇਸ ਇਤਿਹਾਸਕ ਮੀਲ ਪੱਥਰ ਨੂੰ ਯਾਦਗਾਰੀ ਬਣਾਉਣ ਲਈ ਸੀਮਾ ਸੁਰੱਖਿਆ ਬਲ ਬੀਐੱਸਐੱਫ ਦੀ 200ਵੀਂ ਬਟਾਲੀਅਨ ਵੱਲੋਂ ਪੰਜਾਬ ਦੇ ਸਰਹੱਦੀ ਖੇਤਰ ਡੇਰਾ ਬਾਬਾ ਨਾਨਕ ਦੇ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਲੜਕੇ) ਵਿਖੇ ਇੱਕ ਵਿਸ਼ੇਸ਼ ਅਤੇ ਸ਼ਾਨਦਾਰ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਆਸ਼ੀਸ਼ ਕੁਮਾਰ ਦਵੇਦੀ, ਡਿਪਟੀ ਕਮਾਂਡੈਂਟ, 200 ਬੀ.ਐਨ. ਬੀ.ਐੱਸ.ਐੱਫ., ਮੁੱਖ ਮਹਿਮਾਨ ਵਜੋਂ ਇਸ ਮੌਕੇ ਹਾਜ਼ਰ ਹੋਏ।ਇਸ ਸਮਾਗਮ ਵਿੱਚ ਕੰਪਨੀ ਕਮਾਂਡਰਾਂ, 50 ਬੀ.ਐੱਸ.ਐੱਫ. ਜਵਾਨਾਂ, ਸਕੂਲ ਦੇ ਪ੍ਰਿੰਸੀਪਲ ਪਰਮਿੰਦਰ ਸਿੰਘ ਬੇਦੀ, ਅਧਿਆਪਕਾਂ ਅਤੇ ਲਗਭਗ 100 ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ।ਇਸ ਮੌਕੇ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਅਤੇ ਮਾਰਗਦਰਸ਼ਨ ਕਰਨ ਲਈ ਬੀ. ਐੱਸ. ਐੱਫ. ਦੁਆਰਾ ਇੱਕ ਹਥਿਆਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਇਸ ਤੋਂ ਇਲਾਵਾ ਇੱਕ ਲੇਖ ਰਚਨਾ ਮੁਕਾਬਲਾ ਕਰਵਾਇਆ ਗਿਆ, ਅਖੀਰ ਵਿੱਚ ਦੇਸ਼ ਵਿਆਪੀ ਨਮਾਮਿ ਭਾਰਤਮ ਮੁਹਿੰਮ ਦੇ ਹਿੱਸੇ ਵਜੋਂ, ਬੀ.ਐੱਸ.ਐੱਫ. ਜਵਾਨਾਂ, ਅਧਿਆਪਕਾਂ, ਸਮੂਹ ਮੀਡੀਆ ਇੰਚਾਰਜਾਂ ਅਤੇ 100 ਤੋਂ ਵੱਧ ਵਿਦਿਆਰਥੀਆਂ ਨੇ ਇੱਕ ਸੁਰ ਵਿੱਚ ਰਾਸ਼ਟਰੀ ਗੀਤ ਗਾਇਆ, ਜਿਸ ਨਾਲ ਪੂਰਾ ਸਕੂਲ ਕੰਪਲੈਕਸ ਦੇਸ਼ ਭਗਤੀ ਦੇ ਰੰਗ ਵਿੱਚ ਬੰਨ੍ਹਿਆ।ਸਕੂਲ ਦੇ ਪ੍ਰਿੰਸੀਪਲ ਪਰਮਿੰਦਰ ਸਿੰਘ ਬੇਦੀ ਨੇ ਬੀ.ਐਸ.ਐਫ. ਦੀ ਇਸ ਸ਼ਲਾਘਾਯੋਗ ਪਹਿਲਕਦਮੀ ਦੀ ਭਰਪੂਰ ਪ੍ਰਸ਼ੰਸਾ ਕੀਤੀ।ਸਾਲ ਭਰ ਚੱਲਣ ਵਾਲੇ ਇਸ ਯਾਦਗਾਰੀ ਉਤਸਵ ਦਾ ਰਸਮੀ ਉਦਘਾਟਨ ਪਿਛਲੇ ਸਾਲ (7 ਨਵੰਬਰ, 2025) ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਕੀਤਾ ਗਿਆ ਸੀ, ਅਤੇ ਅੱਜ ਇਸ ਮਹੱਤਵਪੂਰਨ ਸਰਹੱਦੀ ਖੇਤਰ ਵਿੱਚ ਦੇਸ਼ ਭਗਤੀ ਦੇ ਜਜ਼ਬੇ ਨਾਲ ਇਸ ਦਾ ਸਮਾਪਨ ਹੋਇਆ।ਇਸ ਮੌਕੇ ਬੀ ਐੱਸ ਐੱਫ ਅਧਿਕਾਰੀਆਂ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ ।



ਜਨਰਲ ਇਜਲਾਸ ਦੌਰਾਨ ਜੂਨ 1984 ਦੇ ਫੌਜੀ ਹਮਲੇ ਕਾਰਨ ਹੋਏ ਨੁਕਸਾਨ ਸਬੰਧੀ ਨਿੰਦਾ ਮਤਾ ਪੇਸ਼ ਕੀਤਾ ਜਾਵੇ : ਬਲਦੇਵ ਸਿੰਘ

ਧਾਰੀਵਾਲ, (ਮਨਦੀਪ ਵਿੱਕੀ) ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਜਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਗੁਲਜਾਰ ਸਿੰਘ ਵੱਲੋਂ ਬਣੇ ਨਵੇਂ ਗ੍ਰਹਿ ਦੇ ਸੁਕਰਾਨੇ ਵੱਜੋਂ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਸਾਥੀਆਂ ਦੇ ਪਹੁੰਚੇ ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਨਤਮਸਤਕ ਹੋਣ ਉਪਰੰਤ ਗੁਲਜਾਰ ਸਿੰਘ ਦੇ ਸਮੁੱਚੇ ਪਰਿਵਾਰ ਨੂੰ ਵਧਾਈ ਦਿੱਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 20 ਨਵੰਬਰ ਨੂੰ ਕਰਵਾਏ ਜਾ ਰਹੇ ਸਾਲਾਨਾ ਇਜਲਾਸ ਦੌਰਾਨ ਸਭ ਤੋਂ ਪਹਿਲਾਂ ਜੂਨ 1984 ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਿੱਖ ਕੌਮ ਦੀ ਦੁਸ਼ਮਣ ਕਾਂਗਰਸ ਜਮਾਤ ਵੱਲੋਂ ਟੈਂਕਾਂ ਤੋਪਾਂ ਨਾਲ ਸ੍ਰੀ ਅਕਾਲ ਤੱਖਤ ਸਾਹਿਬ ਤੇ ਹੋਏ ਹਮਲਾ ਸਬੰਧੀ ਨਿੰਦਾ ਮਤਾ ਪੇਸ਼ ਕੀਤਾ ਜਾਵੇ ਅਤੇ ਸਿੰਘ ਸਾਹਿਬਾਨ ਦੋਸ਼ੀ ਕਾਂਗਰਸ ਜਮਾਤ ਨੂੰ ਸ੍ਰੀ ਅਕਾਲ ਤਖਤ ਤੇ ਤਲਬ ਕਰਨ।ਧਰਮੀ ਫੌਜੀਆਂ ਨੇ ਕਿਹਾ ਕਿ ਜੂਨ 1984 ਦੌਰਾਨ ਸਭ ਤੋਂ ਪਹਿਲਾਂ ਬੇਰਕਾਂ ਛੱਡਣ ਵਾਲੀ 9 ਸਿੱਖ ਰੈਜੀਮੈਂਟ ਨੂੰ ਦੁਬਾਰਾ ਬਹਾਲ ਕਰਵਾਉਣ ਸਬੰਧੀ ਸ੍ਰੀ ਅਕਾਲ ਤਖਤ ਸਾਹਿਬ ਦੇ ਜੱਥੇਦਾਰ ਕੁਲਦੀਪ ਸਿੰਘ ਗੜਗੱਜ ਭਾਰਤ ਸਰਕਾਰ ਨੂੰ ਸਿਫਾਰਸ ਪੱਤਰ ਲਿਖਣ ।ਇਥੇ ਇਹ ਵੀ ਦਸਣਯੋਗ ਹੈ ਕਿ 1971 ਦੀ ਪਾਕਿ-ਭਾਰਤ ਜੰਗ ਦੌਰਾਨ 9 ਸਿੱਖ ਰੈਜੀਮੈਂਟ ਦੇ ਪਾਕਿਸਤਾਨ ਦਾ 45 ਮੀਲ ਇਲਾਕੇ ਨੂੰ ਜਿੱਤ ਕੇ ਆਪਣੇ ਕਬਜੇ ਵਿੱਚ ਕੀਤਾ ਸੀ ਜੋ ਹੁਣ ਭਾਰਤ ਦਾ ਹਿੱਸਾ ਹੈ। ਧਰਮੀ ਫੌਜੀਆਂ ਨੇ ਮੰਗ ਕੀਤੀ ਕਿ 20 ਨਵੰਬਰ ਦੇ ਜਨਰਲ ਇਜਲਾਸ ਦੌਰਾਨ ਜੂਨ 1984 ਦੇ ਹਮਲੇ ਅਤੇ 9 ਸਿੱਖ ਰੈਜੀਮੈਂਟ ਬਹਾਲ ਕਰਨ ਸਬੰਧੀ ਅਲੱਗ ਅੱਲਗ ਮਤੇ ਪਾਸ ਕੀਤੇ ਜਾਣ ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਰਣਧੀਰ ਸਿੰਘ, ਜੋਗਾ ਸਿੰਘ, ਸੁਰਿੰਦਰ ਸਿੰਘ ਬਲਵਿੰਦਰ ਸਿੰਘ, ਜਰਨਲ ਸਿੰਘ ਆਦਿ ਸਮੇਤ ਹੋਰ ਵੀ ਧਰਮੀ ਫੌਜੀ ਹਾਜ਼ਿਰ ਸਨ।



ਸੇਂਟ ਕਬੀਰ ਸਕੂਲ 'ਚ ਦਿਵਾਲੀ ਦਾ ਤਿਉਹਾਰ ਬਹੁਤ ਹੀ ਚਾਅ ਤੇ ਉਤਸ਼ਾਹ ਨਾਲ ਮਨਾਇਆ

ਧਾਰੀਵਾਲ (ਮਨਦੀਪ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਰੰਗਾਂ ਤੇ ਉਮੰਗਾਂ ਨਾਲ ਭਰਿਆ ਖ਼ੁਸ਼ੀ ਪ੍ਰਗਟਾਉਂਦਾ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਪ੍ਰਧਾਨਗੀ ਹੇਠ ਰੰਗਾ-ਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਇਮਾਨੀ ਅਤੇ ਹਰਸ਼ਦੀਪ ਕੌਰ ਦੁਆਰਾ ਦਿਵਾਲੀ ਦੀ ਪਵਿੱਤਰਤਾ ਸੰਬੰਧੀ ਵਿਚਾਰ ਪੇਸ਼ ਕਰਦਿਆਂ ਕੀਤੀ।ਇਸ ਉਪਰੰਤ ਪ੍ਰੋਗਰਾਮ ਨੂੰ ਅੱਗੇ ਤੋਰਦਿਆਂ ਹੋਇਆਂ ਸਕੂਲ ਦੇ ਸੰਗੀਤ ਅਧਿਆਪਕ ਲਤਿਸ਼ ਜੋਸ਼ੀ ਅਤੇ ਲਖਵਿੰਦਰ ਸਿੰਘ ਦੀ ਮਦਦ ਨਾਲ ਸੱਤਵੀਂ ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਬੰਦੀ ਛੋੜ ਦਾਤਾ ਗੁਰੂ ਹਰਗੋਬਿੰਦ ਸਾਹਿਬ ਦੀ ਮਹਿਮਾ ਭਰੇ ਮਧੁਰ ਸ਼ਬਦ ਅਤੇ ਸ਼੍ਰੀ ਰਾਮ ਜੀ ਦੇ ਅਯੁੱਧਿਆ ਵਾਪਸੀ ਨੂੰ ਸਮਰਪਿਤ ਭਜਨ ਗਾਇਨ ਕੀਤੇ। ਐਲ.ਕੇ.ਜੀ ਅਤੇ ਯੂ. ਕੇ. ਜੀ. ਦੇ ਵਿਦਿਆਰਥੀਆਂ ਦੁਆਰਾ ਸੁੰਦਰ ਡਾਂਸ ਦੀ ਪੇਸ਼ਕਾਰੀ ਕੀਤੀ ਗਈ।ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਮਾਤਾ ਸੀਤਾ, ਸ਼੍ਰੀ ਰਾਮ ਜੀ, ਹਨੂੰਮਾਨ ਜੀ ਅਤੇ ਮਾਤਾ ਲਕਸ਼ਮੀ ਜੀ ਦਾ ਕਿਰਦਾਰ ਨਿਭਾ ਕੇ ਮਾਹੌਲ ਵਿੱਚ ਖੂਬ ਰੰਗ ਬੰਨਿਆ। ਦੂਸਰੀ ਜਮਾਤ ਦੀ ਵਿਦਿਆਰਥਣ ਲਵਨੀਤ ਕੌਰ ਨੇ ਕਵਿਤਾ ਦੀ ਪੇਸ਼ਕਾਰੀ ਕਰਕੇ ਦਿਵਾਲੀ ਦੇ ਤਿਉਹਾਰ ਦੀ ਖੂਬਸੂਰਤੀ ਨੂੰ ਲੈਅਬੱਧ ਕੀਤਾ।ਇਸ ਦੇ ਨਾਲ ਸਕੂਲ ਦੇ ਪਹਿਲੀ ਜਮਾਤ ਤੋਂ ਲੈ ਕੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਦੀਵਾ-ਥਾਲੀ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਸਾਰੇ ਵਿਦਿਆਰਥੀਆਂ ਨੇ ਆਪਣੀਆਂ ਸੁੰਦਰ ਕਲਾ ਕ੍ਰਿਤੀਆਂ ਦਾ ਪ੍ਰਦਰਸ਼ਨ ਕੀਤਾ।ਇਸ ਉਪਰੰਤ ਸਕੂਲ ਦੇ ਚਾਰ ਹਾਉਸਾਂ ਵਿੱਚ ਰੰਗੋਲੀ ਮੁਕਾਬਲਾ ਕਰਵਾਇਆ ਗਿਆ। ਜਿਸ ਦੌਰਾਨ ਵਿਦਿਆਰਥੀਆਂ ਨੇ ਮਨਮੋਹਕ ਨਮੂਨਿਆਂ ਰਾਹੀਂ ਆਪਣੇ ਹੁਨਰ ਨੂੰ ਸਾਹਮਣੇ ਲਿਆਂਦਾ।ਸਕੂਲ ਦੇ ਬਲਾਕ ਏ ਵਿੱਚ ਨੰਨੇ-ਮੁੰਨੇ ਵਿਦਿਆਰਥੀਆਂ ਦੁਆਰਾ ਦੀਵਿਆਂ ਨੂੰ ਸੁੰਦਰ ਸਜਾਇਆ ਗਿਆ ਅਤੇ ਰੰਗ ਬਿਰੰਗੇ ਕਾਰਡ ਬਣਾਏ ਗਏ। ਸਕੂਲ ਦੇ ਵਰਾਂਡਿਆਂ ਨੂੰ ਹੱਥ ਦੇ ਨਾਲ ਬਣਾਈਆਂ ਹੋਈਆਂ ਚੀਜ਼ਾਂ ਨਾਲ ਸਜਾਇਆ ਗਿਆ। ਪ੍ਰਿੰਸੀਪਲ ਦੁਆਰਾ ਪ੍ਰੋਗਰਾਮ ਦੇ ਅੰਤਮ ਪੜਾਅ ਵਿੱਚ ਦੀਵਾ-ਥਾਲੀ ਅਤੇ ਰੰਗੋਲੀ ਮੁਕਾਬਲਿਆ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਾਰੇ ਵਿਦਿਆਰਥੀਆਂ ਨੂੰ ਦਿਵਾਲੀ ਦੇ ਵਿਸ਼ੇਸ਼ ਤਿਓਹਾਰ ਤੇ ਘੱਟ ਤੋਂ ਘੱਟ ਪਟਾਕੇ ਚਲਾ ਕੇ ਵਾਤਾਵਰਨ ਨੂੰ ਸੰਭਾਲਣ ਤੇ ਹਮੇਸ਼ਾ ਆਪਣੇ ਧਰਮ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੱਤੀ ਗਈ।



ਇਸ ਪਵਿੱਤਰ ਮੌਕੇ ਸਕੂਲ ਵਿੱਚ ਬਣਾਈ ਗਈ ਇਕੋ ਕਲੱਬ ਸੁਸਾਇਟੀ ਵੱਲੋਂ ਰੁੱਖ ਲਗਾ ਕੇ ਹਰੀ ਦੀਵਾਲੀ ਮਨਾਉਣ ਦਾ ਵੀ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਅਤੇ ਮੈਨੇਜਮੈਂਟ ਮੈਂਬਰਾਂ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸਮੁੱਚੇ ਸਕੂਲ ਨੂੰ ਦਿਵਾਲੀ ਦੇ ਤਿਓਹਾਰ ਦੀਆਂ ਹਾਰਦਿਕ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦਾ ਵਫ਼ਦ ਡਿਪਟੀ ਕਮਿਸ਼ਨਰ ਨੂੰ ਮਿਲਿਆ

ਬੰਗਾ (ਅਵਤਾਰ ਕਲੇਰ) ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦਾ ਵਫ਼ਦ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨੂੰ ਮਿਲਿਆ। ਗੰਨੇ ਦੀ ਪਿੜਾਈ ਦਾ ਸੀਜ਼ਨ ਜਿਉਂ-



ਜਿਉਂ ਨਜ਼ਦੀਕ ਆ ਰਿਹਾ ਹੈ, ਗੰਨਾ ਕਾਸ਼ਤਕਾਰ ਮਿੱਲ ਦੇ ਚਾਲੂ ਹੋਣ ਪ੍ਰਤੀ ਫ਼ਿਕਰਮੰਦ ਹਨ ਕਿ ਗੰਨੇ ਦੀ ਪਿੜਾਈ ਕਦੋਂ ਸ਼ੁਰੂ ਹੋਵੇਗੀ । ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨੇ ਵਫ਼ਦ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਹਿਕਾਰੀ ਖੰਡ ਮਿੱਲ ਨਵਾਂਸ਼ਹਿਰ ਨੂੰ ਚਾਲੂ ਕਰਨ ਲਈ ਸਹਿਕਾਰੀ ਵਿਭਾਗ ਦੇ ਅਧਿਕਾਰੀਆਂ ਅਤੇ ਇਸ ਹਲਕੇ ਦੇ ਮੈਂਬਰ ਪਾਰਲੀਮੈਂਟ ਨਾਲ ਗੱਲਬਾਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇੱਕ ਦਸੰਬਰ ਨੂੰ ਮਿੱਲ ਚਾਲੂ ਹੋਣ ਦੀ ਸੰਭਾਵਨਾ ਹੈ। ਵਫ਼ਦ 'ਚ ਸ਼ਾਮਲ ਆਗੂਆਂ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਵਲੋਂ ਗੰਨਾ ਮਿੱਲ ਨੂੰ ਚਾਲੂ ਕਰਨ ਸਬੰਧੀ ਗੰਭੀਰਤਾ ਨਾਲ ਨਹੀਂ ਲਿਆ ਜਾ ਰਿਹਾ ਹੈ, ਕਿਉਂਕਿ ਗੱਲਬਾਤ ਦੌਰਾਨ ਕੋਈ ਠੋਸ ਅਤੇ ਫੈਸਲਾਕੁਨ ਕਾਰਵਾਈ ਦਾ ਵੇਰਵਾ ਨਹੀਂ ਸਾਂਝਾ ਕੀਤਾ ਗਿਆ। ਸੰਯੁਕਤ ਕਿਸਾਨ ਮੋਰਚੇ ਵੱਲੋਂ ਗੱਲਬਾਤ ਉਪਰੰਤ ਮੀਟਿੰਗ ਕਰਕੇ ਨਿਰਣਾ ਲਿਆ ਗਿਆ ਹੈ ਕਿ 16 ਨਵੰਬਰ ਨੂੰ ਠੀਕ 11 ਵਜੇ ਸਵੇਰੇ ਗੰਨਾ ਮਿੱਲ ਚ ਸਮੂਹ ਗੰਨਾ ਕਾਸ਼ਤਕਾਰਾਂ, ਮਿੱਲ ਵਰਕਰਾਂ ਅਤੇ ਕਿਸਾਨ ਹਿਤੈਸ਼ੀ ਜਥੇਬੰਦੀਆਂ ਦੀ ਮੀਟਿੰਗ ਕੀਤੀ ਜਾਵੇਗੀ ਤਾਂ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਗੈਰ ਗੰਭੀਰ ਹੋਣ ਪ੍ਰਤੀ ਵਿਚਾਰ ਚਰਚਾ ਕੀਤੀ ਜਾ ਸਕੇ ਅਤੇ ਬਾਂਡ ਕੀਤੇ ਗਏ ਪੂਰੇ ਗੰਨੇ ਦੀ ਪਿੜਾਈ ਦਾ ਸੀਜ਼ਨ ਬਿਨਾਂ ਦੇਰੀ ਤੋਂ ਸ਼ੁਰੂ ਕੀਤਾ ਜਾਵੇ। ਇਸ ਵਫ਼ਦ ਵਿੱਚ ਸੁਰਿੰਦਰ ਸਿੰਘ ਬੈਂਸ,ਜਸਵਿੰਦਰ ਭੰਗਲ, ਕੁਲਦੀਪ ਦੌੜਕਾ, ਸੁਖਵਿੰਦਰ ਸਿੰਘ ਬੱਲੋਵਾਲ, ਹਰਵਿੰਦਰ ਚਾਹਲ, ਹਰਪ੍ਰਭ ਮਹਿਲ ਸਿੰਘ, ਤਰਸੇਮ ਸਿੰਘ ਬੈਂਸ, ਰਾਮ ਜੀ ਦਾਸ, ਗੁਰਦੇਵ ਸਿੰਘ ਸੁੱਜੋ ਤੇ ਹੋਰ ਹਾਜ਼ਰ ਸਨ।

ਯੂਥ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੀ 21 ਮੈਂਬਰੀ ਪਹਿਲੀ ਜ਼ਿਲ੍ਹਾ ਜਥੇਬੰਦੀ ਦਾ ਐਲਾਨ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਯੂਥ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਅਮਰਿੰਦਰ ਸਿੰਘ ਹੁਸੈਨਪੁਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਦੇ



ਜ਼ਿਲ੍ਹਾ ਪ੍ਰਧਾਨ ਦਿਹਾਤੀ ਲਖਬੀਰ ਸਿੰਘ ਲੱਖੀ, ਹੁਸ਼ਿਆਰਪੁਰ ਸ਼ਹਿਰੀ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ, ਜ਼ਿਲ੍ਹੇ ਦੇ ਵੱਖ-ਵੱਖ ਹਲਕਿਆਂ ਦੇ ਇੰਚਾਰਜਾਂ ਅਤੇ ਸੀਨੀਅਰ ਲੀਡਰਸ਼ਿਪ ਨਾਲ ਸਲਾਹ-ਮਸ਼ਵਰਾ ਕਰਨ ਉਪਰੰਤ ਯੂਥ ਅਕਾਲੀ ਦਲ ਹੁਸ਼ਿਆਰਪੁਰ ਦਿਹਾਤੀ ਦੀ ਪਹਿਲੀ 21 ਮੈਂਬਰੀ ਜ਼ਿਲ੍ਹਾ ਜਥੇਬੰਦੀ ਦੀ ਸੂਚੀ ਜਾਰੀ ਕਰ ਦਿੱਤੀ ਗਈ ਹੈ। ਇਸ ਮੌਕੇ ਅਮਰਿੰਦਰ ਸਿੰਘ ਹੁਸੈਨਪੁਰ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੀ ਯੋਗ ਅਗਵਾਈ ਹੇਠ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਅਤੇ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇਹ ਨਿਯੁਕਤੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ ਅਤੇ ਨਵੀਂ ਜਥੇਬੰਦੀ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ।ਉਨ੍ਹਾਂ ਵੱਲੋਂ ਐਲਾਨੀ ਗਈ 21 ਮੈਂਬਰੀ ਨਵੀਂ ਜ਼ਿਲ੍ਹਾ ਜਥੇਬੰਦੀ ਦੇ ਅਹੁਦੇਦਾਰ ਦੀਆਂ ਨਿਯੁਕਤੀਆਂ ਵਿੱਚ ਵਿਸਾਖਾ ਸਿੰਘ ਗੀਗਨੋਵਾਲ ਸੀਨੀਅਰ ਮੀਤ ਪ੍ਰਧਾਨ, ਕਰਨਜੋਤ ਸਿੰਘ ਧਾਮੀ ਸੀਨੀਅਰ ਮੀਤ ਪ੍ਰਧਾਨ, ਯੁਵਰਾਜ ਧੁੱਗਾ ਜਨਰਲ ਸਕੱਤਰ, ਗੁਰਵੀਰ ਸਿੰਘ ਮੰਤਰੀ ਰੂਪੋਵਾਲ ਮੀਤ ਪ੍ਰਧਾਨ, ਟਿੰਮੀ ਹਰਦੋਪੱਟੀ ਸੀਨੀਅਰ ਮੀਤ ਪ੍ਰਧਾਨ, ਕਾਕਾ ਥਿਆੜਾ ਢਕੋਵਾਲ ਜਨਰਲ ਸਕੱਤਰ, ਮਨਜਿੰਦਰ ਸਿੰਘ ਬਾਹਗਾ ਸੀਨੀਅਰ ਮੀਤ ਪ੍ਰਧਾਨ, ਅਰਸ਼ ਬੱਧਣ ਧੁੱਗਾ ਕਲਾਂ ਸੀਨੀਅਰ ਮੀਤ ਪ੍ਰਧਾਨ, ਗੋਲਡੀ ਪੰਨਮਾ ਜਨਰਲ ਸਕੱਤਰ, ਗੁਰਦੀਪ ਸਿੰਘ ਭੂਲਪੁਰ ਮੀਤ ਪ੍ਰਧਾਨ, ਅਮਨ ਗਿੱਲ ਗੜ੍ਹਸ਼ੰਕਰ ਜਨਰਲ ਸਕੱਤਰ, ਭਵਨਦੀਪ ਸਿੰਘ ਖਾਲਸਾ ਸਰਾਈ ਸੀਨੀਅਰ ਮੀਤ ਪ੍ਰਧਾਨ, ਅਮਰਜੀਤ ਸਿੰਘ ਸਕਰਾਲਾ ਜਨਰਲ ਸਕੱਤਰ, ਜਗਦੀਪ ਸਿੰਘ ਜੱਗਾ ਪੰਡੋਰੀ ਮੱਲ੍ਹੀਆਂ ਮੀਤ ਪ੍ਰਧਾਨ, ਅੰਮ੍ਰਿਤ ਚੱਕ ਗੁੱਜਰਾਂ ਮੀਤ ਪ੍ਰਧਾਨ, ਜਸਦੀਪ ਸਿੰਘ ਰਾਮਦਾਸਪੁਰ ਸੀਨੀਅਰ ਮੀਤ ਪ੍ਰਧਾਨ, ਹਰਮਨ ਬਾਹਦ ਮੀਤ ਪ੍ਰਧਾਨ, ਜੋਤ ਸਿੰਘ ਚੱਬੇਵਾਲ ਸੀਨੀਅਰ ਮੀਤ ਪ੍ਰਧਾਨ, ਜ਼ੋਰਾਵਰ ਸਿੰਘ ਸ਼ੇਖੂਪੁਰ ਕਲਾਂ ਮੀਤ ਪ੍ਰਧਾਨ, ਅਮਨ ਚੱਗਰ ਜਨਰਲ ਸਕੱਤਰ, ਦੀਪਾ ਪੰਡੋਰੀ ਮੈਲ ਸਰਕਲ ਪ੍ਰਧਾਨ, ਬੁੱਲ੍ਹੋਵਾਲ।

ਇਸ ਮੌਕੇ ਸੰਜੀਵ ਤਲਵਾੜ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸ਼ਹਿਰੀ, ਸਤਵਿੰਦਰਪਾਲ ਸਿੰਘ ਢੱਟ, ਐਡਵੋਕੇਟ ਜਮਸ਼ੇਰ ਭਾਰਦਵਾਜ ਪ੍ਰਧਾਨ ਬਰਕੌਸਲ, ਸੰਮਤੀ ਮੈਂਬਰ ਅਮਨਦੀਪ ਸਿੰਘ ਹੁਸੈਨਪੁਰ, ਬੁਲਾਰਾ ਯੂਥ ਅਕਾਲੀ ਦਲ ਪੰਜਾਬ, ਕਰਨ ਧੁੱਗਾ ਜਨਰਲ ਸਕੱਤਰ, ਮਨਪ੍ਰੀਤ ਸਿੰਘ, ਲੱਕੀ ਧੁੱਗਾ ਹਲਕਾ ਯੂਥ ਪ੍ਰਧਾਨ ਹੁਸ਼ਿਆਰਪੁਰ, ਜਸ਼ਨ ਗੁਰਈਆਂ ਜ਼ਿਲ੍ਹਾ ਪ੍ਰਧਾਨ ਅਤੇ ਅੰਮ੍ਰਿਤ ਸੈਨਪੁਰ ਸਮੇਤ ਹੋਰ ਆਗੂ ਹਾਜ਼ਰ ਸਨ। ਅੰਤ ਵਿੱਚ ਅਮਰਿੰਦਰ ਸਿੰਘ ਹੁਸੈਨਪੁਰ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਮੀਦ ਜਤਾਈ ਕਿ ਸਮੂਹ ਨੌਜਵਾਨ ਆਗੂ ਪਾਰਟੀ ਦੀ ਮਜ਼ਬੂਤੀ, ਨੌਜਵਾਨਾਂ ਦੇ ਹੱਕਾਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਠਾਉਣ ਲਈ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣਗੇ।

ਮੇਹਰ ਚੰਦ ਪੌਲੀਟੈਕਨਿਕ ਕਾਲਜ 'ਚ ਬਾਬਾ ਵਿਸ਼ਵਕਰਮਾ ਦਿਵਸ ਮਨਾਇਆ



ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੋਲੀਟੈਕਨਿਕ ਕਾਲਜ ਦੇ ਵਰਕਸ਼ਾਪ ਵਿਭਾਗ ਵਿੱਚ ਸਮੂਹ ਸਟਾਫ਼ ਤੇ ਵਿਦਿਆਰਥੀਆਂ ਵਲੋਂ ਬਾਬਾ ਵਿਸ਼ਵਕਰਮਾ ਦੀ ਪੂਜਾ ਕੀਤੀ ਗਈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਬਾਬਾ ਜੀ ਦੀ ਫੋਟੋ ਤੇ ਫੁੱਲਾਂ ਦੀ ਮਾਲਾ ਭੇਟ ਕਰਕੇ ਅਤੇ ਨਾਰੀਅਲ ਤੋੜਨ ਦੀ ਰਸਮ ਅਦਾ ਕਰਕੇ ਪ੍ਰੋਗ੍ਰਾਮ ਦੀ ਸ਼ੁਰੂਆਤ ਕੀਤੀ। ਬਾਬਾ ਜੀ ਦੀ ਅਰਦਾਸ ਇੰਦਰਜੀਤ ਸਿੰਘ ਵਲੋਂ ਕੀਤੀ ਗਈ। ਬਾਬਾ ਜੀ ਦੇ ਬਾਰੇ ਅਧਿਆਤਮਕ ਤੌਰ ਤੇ ਦੁਰਗੇਸ਼ ਚੇਚੀ ਵਰਕਸ਼ਾਪ ਸੁਪਰਡੈਂਟ ਵਲੋਂ ਦੱਸਿਆ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਅਤੇ ਮੁੱਖੀ ਵਿਭਾਗਾਂ ਨੇ ਬਾਬਾ ਵਿਸ਼ਵਕਰਮਾ ਦੇ ਜੀਵਨ ਤੇ ਚਾਨਣਾ ਪਾਇਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਬਾਬਾ ਜੀ ਦੇ ਦਰਸਾਏ ਹੋਏ ਮਾਰਗ ਤੇ ਚੱਲਣ ਅਤੇ ਆਪਣੇ ਤਕਨੀਕੀ ਗਿਆਨ ਦੀ ਵਰਤੋਂ ਨਾਲ ਲੋਕ ਭਲਾਈ ਦੇ ਕੰਮ ਲੋੜਾਂ ਵਾਸਤੇ ਕਰਨ ਦੀ ਵਿਦਿਆਰਥੀਆਂ ਨੂੰ ਸੁੰਹ ਚੁਕਾਈ। ਇਸ ਮੌਕੇ ਐੱਲ ਈ ਡੀ ਦਾ ਉਦਘਾਟਨ ਵੀ ਕੀਤਾ ਗਿਆ। ਅੰਤ ਵਿੱਚ ਸਟਾਫ ਅਤੇ ਵਿਦਿਆਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ।ਇਸ ਸਮਾਗਮ ਵਿੱਚ ਡਾ. ਸੰਜੇ ਬਾਂਸਲ, ਡਾ. ਰਾਜੀਵ ਭਾਟੀਆ, ਕਸ਼ਮੀਰ ਕੁਮਾਰ, ਤ੍ਰਿਲੋਕ ਸਿੰਘ, ਨਰੇਸ਼, ਮੋਹਿਤ, ਗੌਰਵ ਸ਼ਰਮਾ, ਅਕੁਸ਼ ਸ਼ਰਮਾ, ਸੁਸ਼ੀਲ ਕੁਮਾਰ, ਪਰਮਿੰਦਰ ਕੁਮਾਰ, ਪ੍ਰਤਾਪ ਚੰਦ , ਮਿਸ ਨੇਹਾ ਤੇ ਹੋਰ ਸਟਾਫ਼ ਮੈਂਬਰ ਵੀ ਹਾਜ਼ਰ ਸਨ।

ਲਾਲੜੂ ਦੇ 17 ਵਾਰਡਾਂ 'ਚ ਸੀਵਰੇਜ ਦੀ ਸਮੱਸਿਆ ਦੇ ਹੱਲ ਲਈ 39.60 ਲੱਖ ਦੀ ਨਵੀਂ ਮਸ਼ੀਨ ਸ਼ੁਰੂ

ਵਿਧਾਇਕ ਰੰਧਾਵਾ ਨੇ ਹਰੀ ਝੰਡੀ ਦੇ ਕੇ ਕੀਤਾ ਰਵਾਨਾ

ਲਾਲੜੂ (ਵਿਨੈ ਕੁਮਾਰ ਜੈਨ)- ਨਗਰ ਕੌਂਸਲ ਲਾਲੜੂ ਦੇ ਸਫ਼ਾਈ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕਰਨ ਅਤੇ ਸ਼ਹਿਰ ਵਾਸੀਆਂ ਨੂੰ ਸੀਵਰੇਜ ਦੀ ਸਮੱਸਿਆ ਤੋਂ ਰਾਹਤ ਦਿਵਾਉਣ ਦੇ ਮਕਸਦ ਨਾਲ 39.60 ਲੱਖ ਰੁਪਏ ਦੀ ਲਾਗਤ ਨਾਲ ਖਰੀਦੀ ਗਈ ਆਧੁਨਿਕ ਸੀਵਰੇਜ ਸਫ਼ਾਈ ਮਸ਼ੀਨ ਨੂੰ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਹ 4000 ਲੀਟਰ ਸਮਰੱਥਾ ਵਾਲੀ ਸਕਸ਼ਨ-ਕਮ-ਜੈਟਿੰਗ ਮਸ਼ੀਨ ਹੈ, ਜੋ ਮਹਿੰਦਰਾ ਵਾਹਨ 'ਤੇ ਮਾਊਂਟ ਕੀਤੀ ਗਈ ਹੈ। ਇਸ ਮਸ਼ੀਨ ਦੀ ਮਦਦ ਨਾਲ ਨਗਰ ਕੌਂਸਲ ਲਾਲੜੂ ਦੇ ਸਾਰੇ 17 ਵਾਰਡਾਂ ਵਿੱਚ ਸੀਵਰੇਜ ਦੀ ਸਫ਼ਾਈ ਅਤੇ ਰੱਖ-ਰਖਾਅ ਦਾ ਕੰਮ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਕੀਤਾ ਜਾ ਸਕੇਗਾ।

ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ਼ਹਿਰੀ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਲਾਲੜੂ ਦੇ ਸਾਰੇ 17 ਵਾਰਡਾਂ ਲਈ ਇਹ ਮਸ਼ੀਨ ਮੁਹੱਈਆ ਕਰਵਾਉਣਾ ਸ਼ਹਿਰ ਦੇ ਸਫ਼ਾਈ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਜ਼ੋਰਾਵਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਮਦਾਨ ਸਮੇਤ ਹੋਰ ਕੌਂਸਲਰ, ਵਾਰਡ ਇੰਚਾਰਜ ਅਤੇ ਨਗਰ ਕੌਂਸਲ ਦੇ ਅਧਿਕਾਰੀ ਹਾਜ਼ਰ ਸਨ।

ਚੰਨੀ ਦੀ ਜਵਾਨੀ ਸੰਭਾਲ ਸਾਈਕਲ ਯਾਤਰਾ ਅੱਜ ਤੋਂ ਹੋਵੇਗੀ ਰਵਾਨਾ



ਚੰਡੀਗੜ੍ਹ (ਸੁਰਜੀਤ ਸੁਮਨ)- ਪੰਜਾਬ ਦੇ ਸਾਬਕਾ ਮੁੱਖ ਮੰਤਰੀ, ਕੰਪੇਨ ਕਮੇਟੀ ਦੇ ਚੇਅਰਮੈਨ ਅਤੇ ਸੀਨੀਅਰ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਵੱਲੋਂ ਜਵਾਨੀ ਸੰਭਾਲ਼ ਸਾਈਕਲ ਯਾਤਰਾ ਸ਼ੁਰੂ ਕੀਤੀ ਜਾ ਰਹੀ, ਜਿਸ ਦੇ ਭਵਿੱਖੀ ਤੇ ਦੂਰ-ਰਸੀ ਸਿੱਟੇ ਨਿਕਲਣੇ ਤੈਅ ਮੰਨੇ ਜਾ ਸਕਦੇ ਹਨ। ਰਾਜਨੀਤਿਕ ਮਾਹਰਾਂ ਅਨੁਸਾਰ ਕੀ ਇਸ ਜਵਾਨੀ ਸੰਭਾਲ਼ ਸਾਈਕਲ ਯਾਤਰਾ ਜ਼ਰੀਏ ਚੰਨੀ ਲੋਕ ਮਨਾਂ ਵਿੱਚ ਮੁੜ ਆਪਣੀ ਥਾਂ ਬਣਾਉਣ ਵਿੱਚ ਕਾਮਯਾਬ ਹੋਣ ਦੇ ਬਹੁਤ ਨੇੜੇ ਚਲੇ ਜਾਣ ਵਿੱਚ ਕਾਮਯਾਬੀ ਹਾਸਲ ਕਰਨ ਵਿੱਚ ਸਫਲ ਹੋਣਗੇ? ਉਂਝ ਇਸ ਦੇ ਨਤੀਜੇ ਭਵਿੱਖੀ ਗਰਭ ਵਿੱਚ ਹਨ। ਇਸ ਯਾਤਰਾ ਲਈ ਚਰਨਜੀਤ ਸਿੰਘ ਚੰਨੀ ਵੱਲੋਂ ਤੈਅ ਕੀਤੇ ਰੂਟ ਪਲਾਟ ਅਨੁਸਰ 12 ਨਵੰਬਰ ਤੋਂ ਸ੍ਰੀ ਚਮਕੌਰ ਸਾਹਿਬ ਤੋਂ ਸ਼ੁਰੂ ਹੋ ਕੇ ਇਹ ਯਾਤਰਾ ਖਮਾਣੋਂ, ਸਮਰਾਲ਼ਾ, ਸਾਹਨੇਵਾਲ਼, ਲੁਧਿਆਣਾ, ਨੂਰਮਹਿਲ, ਨਕੋਦਰ, ਸ਼ਾਹਕੋਟ, ਧਰਮਕੋਟ, ਮੋਗਾ, ਨਿਹਾਲ ਸਿੰਘ ਵਾਲ਼ਾ, ਫ਼ਰੀਦਕੋਟ, ਕੋਟਕਪੂਰਾ, ਬਰਗਾੜੀ, ਤਲਵੰਡੀ ਸਾਬੋ, ਸਰਦੂਲਗੜ੍ਹ, ਮਾਨਸਾ, ਰਾਮਪੁਰਾ ਫੂਲ, ਸ਼ਹਿਣਾ, ਬਰਨਾਲ਼ਾ, ਅਮਰਗੜ੍ਹ, ਪਾਇਲ ਤੋਂ ਹੁੰਦੀ ਹੋਈ ਖੰਨਾ ਵਿਖੇ 19 ਨਵੰਬਰ ਨੂੰ ਸਮਾਪਤ ਹੋਵੇਗੀ। ਇਸ ਮੌਕੇ ਉਨ੍ਹਾਂ ਦੇ ਰਾਜਨੀਤਿਕ ਵਿਰੋਧੀ ਤੇ ਸ੍ਰੀ ਚਮਕੌਰ ਸਾਹਿਬ ਦੇ ਮੌਜੂਦਾ ਵਿਧਾਇਕ ਡਾ. ਚਰਨਜੀਤ ਸਿੰਘ ਚੰਨੀ, ਹਲਕਾ ਇੰਚਾਰਜ ਤੇ ਸਾਬਕਾ ਚੇਅਰਮੈਨ ਜਸਬੀਰ ਸਿੰਘ ਗੜ੍ਹੀ ਨੇ ਟੈਂਟ ਲਾਉਣ, ਬੱਕਰੀਆਂ ਚੋਣ ਆਦਿ ਦਾ ਹਵਾਲਾ ਦੇ ਕੇ ਭਰਵੀਂ ਚੁਟਕੀ ਲਈ ਹੈ।

ਬਰਾਬਰੀ ਤੇ ਸਾਂਝੀਵਾਲਤਾ ਆਧਾਰਿਤ ਸਮਾਜ 'ਚ ਹੀ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ ਸੰਭਵ : ਬੈਂਸ

ਮਾਹਿਲਪੁਰ (ਸਫ਼ਰੀ)- ਰਾਜ ਤੇ ਸਮਾਜ ਦੇ ਮੌਜੂਦਾ ਢਾਂਚੇ ਨੇ ਆਮ ਨਾਗਰਿਕਾਂ ਦੇ ਮਨੁੱਖੀ ਅਧਿਕਾਰਾਂ ਦਾ ਹੱਦੋਂ ਵੱਧ ਘਾਣ ਕੀਤਾ ਹੈ।ਦੇਸ਼ ਦੀ ਤਰੱਕੀ ਤੇ ਮਨੁੱਖਤਾ ਦੇ ਭਲੇ ਲਈ ਬਰਾਬਰੀ ਤੇ ਸਾਂਝੀਵਾਲਤਾ ਆਧਾਰਿਤ ਸਮਾਜ ਸਿਰਜ ਕੇ ਹੀ ਮਨੁੱਖੀ ਅਧਿਕਾਰਾਂ ਨੂੰ ਸੁਰੱਖਿਅਤਾ ਪ੍ਰਦਾਨ ਕੀਤੀ ਜਾ ਸਕਦੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਮਨੁੱਖੀ ਹੱਕਾਂ ਦੇ ਰਖਵਾਲੇ ਸਵ: ਜਸਟਿਸ ਅਜੀਤ ਸਿੰਘ ਬੈਂਸ ਦੇ ਸਪੁੱਤਰ ਮਾਹਿਰ ਵਕੀਲ ਰਾਜਵਿੰਦਰ ਸਿੰਘ ਬੈਂਸ ਨੇ ਆਪਣੇਂ ਜੱਦੀ ਕਸਬੇ ਮਾਹਿਲਪੁਰ ਵਿੱਚ ਇੱਕ ਮਿਲਣੀ ਦੌਰਾਨ ਕੀਤਾ।ਉਹ ਆਪਣੇ ਸਾਥੀਆਂ ਸਮੇਤ ਇੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿਖੇ 13 ਦਸੰਬਰ ਦਿਨ ਐਤਵਾਰ ਨੂੰ ਸਵੇਰੇ 10:30 ਵਜੇ ਸ਼ੁਰੂ ਕਰਵਾਏ ਜਾਣ ਵਾਲੇ ਵਿਸ਼ੇਸ਼ ਪ੍ਰੋਗਰਾਮ ਸਬੰਧੀ ਮੀਟਿੰਗ ਕਰਨ ਲਈ ਆਏ ਸਨ।ਵਿਸ਼ਵ ਮਨੁੱਖੀ ਅਧਿਕਾਰ ਦਿਵਸ 10 ਦਸੰਬਰ ਦੇ ਸੰਦਰਭ 'ਚ ਉਨ੍ਹਾਂ ਦੀ ਸੰਸਥਾ ਵਲੋਂ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਚੰਡੀਗੜ੍ਹ ਵਿਖੇ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾਂਦੇ ਹਨ ਜਿਨ੍ਹਾਂ ਰਾਹੀਂ ਸਮਾਜ ਨੂੰ ਸੇਧ ਪ੍ਰਦਾਨ ਕੀਤੀ ਜਾਂਦੀ ਹੈ ਮਨੁੱਖੀ ਅਧਿਕਾਰਾਂ ਦੀ ਰਖਵਾਲੀ ਕੀਤੀ ਜਾਂਦੀ ਹੈ।ਇਸ ਵਾਰ ਇਲਾਕਾ ਮਾਹਿਲਪੁਰ ਦੇ ਵਾਸੀਆਂ ਲਈ ਇਹ ਬੜੇ ਫ਼ਖਰ ਤੇ ਫਾਇਦੇ ਵਾਲੀ ਗੱਲ ਹੈ ਕਿ ਬੈਂਸ ਸਾਹਿਬ ਦੇਸ਼ ਦੁਨੀਆਂ ਦੇ ਮਾਹਿਰ ਵਿਦਵਾਨਾਂ ਦੇ ਉੱਚ ਪੱਧਰੀ ਅਗਾਂਹਵਧੂ ਵਿਚਾਰਾਂ ਨਾਲ ਆਪਣੇ ਲੋਕਾਂ ਦੀ ਸਾਂਝ ਪਾ ਕੇ ਜਾਗਰੂਕ ਕਰਨ ਤੇ ਸਮਾਜ ਸੁਧਾਰ ਕਰਨ ਦੇ ਸਮਰੱਥ ਬਣਾਉਣ ਲਈ ਉੱਦਮ ਕਰਨਗੇ।ਖਾਲਸਾ ਕਾਲਜ ਦੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਬੈਂਸ ਤੇ ਉਨ੍ਹਾਂ ਦੇ ਨਾਲ ਆਏ ਸਾਥੀਆਂ ਨੂੰ 13 ਦਸੰਬਰ ਦੇ ਇਸ ਪ੍ਰੋਗਰਾਮ ਨੂੰ ਸਫ਼ਲ ਕਰਨ ਲਈ ਪ੍ਰਬੰਧਕੀ ਕਮੇਟੀ,ਸਟਾਫ਼ ਤੇ ਵਿਦਿਆਰਥੀਆਂ ਵਲੋਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਭਰੋਸਾ ਦਿੱਤਾ।



ਇਸ ਮੌਕੇ ਰਿਟਾ: ਇੰਜੀਨੀਅਰ ਤਰਜਿੰਦਰ ਸਿੰਘ ਢਿੱਲੋਂ,ਐਡਵੋਕੇਟ ਪਰਮਿੰਦਰ ਸਿੰਘ,ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ,ਸਰਪੰਚ ਕੁਲਦੀਪ ਸਿੰਘ ਸਿੱਧੂ, ਸਾਬਕਾ ਸਰਪੰਚ ਬਲਵਿੰਦਰ ਕੁਮਾਰ,ਮੁਲਾਜ਼ਮ ਆਗੂ ਮਲਕੀਤ ਸਿੰਘ ਬਾਹੋਵਾਲ ਤੇ ਪ੍ਰਵੀਨ ਕੁਮਾਰ ਮਹਿਤਾ ਸਮੇਤ ਇਲਾਕਾ ਨਿਵਾਸੀਆਂ ਨੇ ਮੀਟਿੰਗ ਵਿੱਚ ਹਿੱਸਾ ਲਿਆ।

ਅੰਡਰਏਜ ਵਿਦਿਆਰਥੀ ਨੂੰ 5 ਹਜ਼ਾਰ ਰੁਪਏ ਦਾ ਚਲਾਨ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)- 18 ਸਾਲ ਤੋਂ ਘੱਟ ਉਮਰ ਦੇ ਵਿਦਿਆਰਥੀਆਂ ਵੱਲੋਂ ਵਾਹਨ ਚਲਾਉਣ ਵਾਲਿਆਂ ਖ਼ਿਲਾਫ਼ ਪੁਲਸ ਸਖ਼ਤ ਨਜ਼ਰ ਆ ਰਹੀ ਹੈ ਜਿੱਥੇ ਕਿ ਨਾਬਾਲਗ ਵਿਦਿਆਰਥੀਆਂ ਵੱਲੋਂ ਮੋਟਰਸਾਈਕਲ ਚਲਾਉਣ ਦੇ ਮਾਮਲਿਆਂ ਨੂੰ ਲੈ ਕੇ ਪੁਲਿਸ ਵੱਲੋਂ ਸਖ਼ਤੀ ਵਰਤੀ ਜਾ ਰਹੀ ਹੈ। ਇਸੇ ਤਹਿਤ 112 ਨੰਬਰ ਗੱਡੀ ਵਿੱਚ ਤਾਇਨਾਤ ਏ.ਐੱਸ.ਆਈ. ਬਾਲੀ ਸਿੰਘ ਵੱਲੋਂ ਇੱਕ ਨਾਬਾਲਗ ਵਿਦਿਆਰਥੀ ਦਾ 5,000 ਰੁਪਏ ਦਾ ਚਲਾਨ ਕੱਟਿਆ ਗਿਆ। ਦੱਸਿਆ ਜਾ ਰਿਹਾ ਹੈ ਕਿ ਵਿਦਿਆਰਥੀ ਵੱਲੋਂ ਚਲਾਏ ਜਾ ਰਹੇ ਮੋਟਰਸਾਈਕਲ ਦੀ ਨੰਬਰ ਪਲੇਟ ਵੀ ਗਾਇਬ ਸੀ। ਅਤੇ ਮੋਟਰਸਾਈਕਲ ਮੋਡੀਫਾਈ ਕੀਤਾ ਹੋਇਆ ਸੀ। ਇਸ ਮੌਕੇ ਏ.ਐੱਸ.ਆਈ. ਬਾਲੀ ਸਿੰਘ ਨੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਬੱਚੇ 18 ਸਾਲ ਤੋਂ ਘੱਟ ਉਮਰ ਦੇ ਹਨ, ਉਨ੍ਹਾਂ ਨੂੰ ਮੋਟਰਸਾਈਕਲ ਜਾਂ ਕੋਈ ਹੋਰ ਵਾਹਨ ਚਲਾਉਣ ਲਈ ਨਾ ਦਿੱਤਾ ਜਾਵੇ। ਅਜਿਹੀ ਲਾਪਰਵਾਹੀ ਬੱਚਿਆਂ ਦੀ ਸੁਰੱਖਿਆ ਲਈ ਖ਼ਤਰਾ ਬਣ ਸਕਦੀ ਹੈ। ਉਨ੍ਹਾਂ ਕਿਹਾ ਕਿ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਸੁਰੱਖਿਆ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਏ ਐਸ ਆਈ ਬਾਲੀ ਸਮੇਤ ਸੰਜਨਾ, ਤਾਨੀਆਂ ਅਤੇ ਉਨ੍ਹਾਂ ਦੀ ਟੀਮ ਦੇ ਹੋਰ ਮੈਂਬਰ ਵੀ ਹਾਜ਼ਰ ਸਨ।



ਸਿੱਧੂ ਜਠੇਰੇ ਭੀਣ ਵਿਖੇ ਦੀਵਾਲੀ ਤੇ ਵਿਸ਼ਵਕਰਮਾ ਦਿਵਸ ਧੂਮਧਾਮ ਨਾਲ ਮਨਾਇਆ

ਪੋਜੇਵਾਲ (ਰਾਮ ਲਾਲ)- ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਦਰਬਾਰ ਦੇ ਸੇਵਾਦਾਰ ਸਤਨਾਮ ਸਿੰਘ ਕਮਲ ਸਿੱਧੂ ਨੇ ਦੱਸਿਆ ਕਿ ਸਮੂਹ ਐਨ ਆਰ ਵੀਰਾਂ ਦੇ ਸਹਿਯੋਗ ਨਾਲ ਸਿੱਧੂ ਜਠੇਰੇ ਪਿੰਡ ਭੀਣ ਵਿਖੇ ਦੀਵਾਲੀ ਤੇ ਵਿਸ਼ਵਕਰਮਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸੰਗਤਾਂ ਨੇ ਵੱਡੇ ਵਡੇਰਿਆਂ ਦਾ ਆਸ਼ੀਰਵਾਦ ਲਿਆ ਤੇ ਪਰਵਾਰ ਲਈ ਸੁਖ ਸ਼ਾਂਤੀ ਤੇ ਸਰਬਤ ਦੇ ਭਲੇ ਲਈ ਅਰਦਾਸ ਕਰਵਾਈ। ਸੰਗਤਾਂ ਲਈ ਲੰਗਰ ਤੇ ਚਾਹ ਪਕੌੜਿਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ । ਇਸ ਮੌਕੇ ਸਿੱਧੂ ਜਠੇਰੇ ਸੇਵਾ ਵੈਲਫੇਅਰ ਕਮੇਟੀ ਦੇ ਮੈਂਬਰ ਵੱਲੋਂ ਸਿਰੋਪੇ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੇਲੇ 'ਚ ਸਮੂਹ ਸੇਵਾਦਾਰ ਹਾਜ਼ਰ ਸਨ।



ਸੰਗਰੂਰ ਵਿਖੇ ਪੱਕੇ ਧਰਨੇ ਵਿੱਚ ਪੈਨਸ਼ਨਰ ਵੱਧ ਚੜ੍ਹ ਕੇ ਸ਼ਮੂਲੀਅਤ ਕਰਨਗੇ : ਧਨੋਆ



ਜਲੰਧਰ (ਰਾਜੇਸ਼ ਥਾਪਾ)- ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ(ਰਜਿ)ਦੇ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ, ਸਰਪ੍ਰਸਤ ਅਜੀਤ ਸਿੰਘ ਫ਼ਤਿਹ ਤੱਕ, ਵਰਕਿੰਗ ਪ੍ਰਧਾਨ ਪਿਆਰਾ ਸਿੰਘ, ਸਲਾਹਕਾਰ ਗੁਰਦੀਪ ਸਿੰਘ ਵਾਲੀਆ, ਮੁੱਖ ਬੁਲਾਰਾ ਰਾਜ ਕੁਮਾਰ ਅਰੋੜਾ, ਜਨਰਲ ਸਕੱਤਰ ਕੁਲਵਰਨ ਸਿੰਘ, ਵਿੱਤ ਸਕੱਤਰ ਮਦਨ ਲਾਲ ਮੰਨਣ ਅਤੇ ਸੂਬਾ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ 13 ਤੋਂ 19 ਨਵੰਬਰ ਤੱਕ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਜੱਦੀ ਸ਼ਹਿਰ ਸੰਗਰੂਰ ਵਿਖੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਸਾਂਝੀ ਤਾਲਮੇਲ ਕਮੇਟੀ ਪੰਜਾਬ ਵਲੋਂ ਲਗਾਏ ਜਾ ਰਹੇ ਪੱਕੇ ਧਰਨੇ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਕਨਫੈਡਰੇਸ਼ਨ ਵਲੋਂ ਪੰਜਾਬ ਭਰ ਵਿੱਚ ਪੂਰੀਆਂ ਤਿਆਰੀਆਂ ਕਰ ਲਈਆਂ ਹਨ। ਪੱਕੇ ਧਰਨੇ ਵਿੱਚ ਜ਼ਿਲ੍ਹਾ ਵਾਰ ਸ਼ਮੂਲੀਅਤ ਕਰਨ ਦੀਆਂ ਮਿਤੀਆਂ ਅਨੁਸਾਰ ਸੰਬੰਧਿਤ ਜ਼ਿਲਿਆਂ ਦੇ ਪ੍ਰਧਾਨ ਅਤੇ ਜਨਰਲਾਂ ਸਕੱਤਰ ਨੂੰ ਸ਼ਮੂਲੀਅਤ ਕਰਨ ਲਈ ਕੋਟੇ ਲਗਾਉਂਦੇ ਹੋਏ, ਸ਼ਮੂਲੀਅਤ ਨੂੰ ਵੱਧ ਤੋਂ ਵੱਧ ਯਕੀਨੀ ਬਣਾਉਣ ਲਈ ਅਪੀਲ ਕੀਤੀ ਗਈ ਹੈ।ਹਰ ਜ਼ਿਲ੍ਹੇ ਦੇ ਆਗੂ ਨੂੰ ਸ਼ਮੂਲੀਅਤ ਕਰਨ ਵਾਲੇ ਪੈਨਸ਼ਨਰ ਸਾਥੀਆਂ ਦੀ ਲਿਸਟ ਵੀ ਮੁੱਖ ਬੁਲਾਰੇ ਰਾਜ ਕੁਮਾਰ ਅਰੋੜਾ ਨੂੰ ਦੇਣ ਦੀ ਅਪੀਲ ਵੀ ਕੀਤੀ ਗਈ ਹੈ।

ਆਗੂਆਂ ਨੇ ਸਾਂਝੇ ਤੌਰ ਤੇ 253 ਅਧਿਆਪਕਾਂ ਨੂੰ ਟਰਮੀਨੇਟ ਕਰਕੇ, ਰੁਜ਼ਗਾਰ ਵਿਹੂਣੇ ਕਰਕੇ ਘਰਾਂ ਨੂੰ ਤੋਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਜ਼ੋਰਦਾਰ ਢੰਗ ਨਾਲ ਪੰਜਾਬ ਸਰਕਾਰ ਤੋਂ ਮੰਗ ਵੀ ਕੀਤੀ ਕਿ ਸਕੂਲਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖ਼ਾਲੀ ਪਈਆਂ ਪੋਸਟਾਂ ਤੇ ਟਰਮੀਨੇਟ ਕੀਤੇ 253 ਅਧਿਆਪਕਾਂ ਦੀ ਐਡਜਸਟਮੈਂਟ ਕਰਦੇ ਹੋਏ ਉਨ੍ਹਾਂ ਨੂੰ ਤੁਰੰਤ ਇਨਸਾਫ਼ ਦਿੱਤਾ ਜਾਵੇ।

ਪੰਜਾਬ ਰਾਜ ਪੈਨਸ਼ਨਰਜ਼ ਮਹਾਂਸੰਘ/ਸੀਨੀਅਰ ਸਿਟੀਜ਼ਨ ਇਕਾਈ ਮੋਰਿੰਡਾ ਦੀ ਮੀਟਿੰਗ

ਮੋਰਿੰਡਾ (ਨਿਹਾਲ ਸਿੰਘ ਕਲਸੀ)- ਪੰਜਾਬ ਰਾਜ ਪੈਨਸ਼ਨਰਜ਼ ਮਹਾਂ ਸੰਘ/ਸੀਨੀਅਰ ਸਿਟੀਜ਼ਨ (ਇਕਾਈ) ਮੋਰਿੰਡਾ ਦੀ ਮੀਟਿੰਗ ਹਿੰਦੂ ਧਰਮਸ਼ਾਲਾ ਵਿਖੇ ਰਾਜ ਕੁਮਾਰ ਮੈਂਗੀ ਦੀ ਪ੍ਰਧਾਨਗੀ ਹੇਠ ਹੋਈ। ਮਾਸਟਰ ਹਾਕਮ ਸਿੰਘ ਨੇ ਦੱਸਿਆ ਕਿ ਮੀਟਿੰਗ ਵਿਚ ਗੁਰਦੀਪ ਸਿੰਘ ਹੈੱਡਮਾਸਟਰ, ਧਰਮ ਸਿੰਘ, ਹਾਕਮ ਸਿੰਘ ਮੜੌਲੀ, ਅਜੈਬ ਸਿੰਘ, ਨਛੱਤਰ ਸਿੰਘ, ਰਾਜ ਕੁਮਾਰ ਮੈਂਗੀ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਸੰਬੰਧੀ ਵਿਚਾਰ ਸਾਂਝੇ ਕੀਤੇ ਗਏ।



ਸਰਕਾਰ ਵੱਲੋਂ ਪੈਨਸ਼ਨਰਾਂ ਦੇ ਡੀ.ਏ. ਸੰਬੰਧੀ ਅਤੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 2.59 ਦੇ ਫੈਕਟਰ ਨਾਲ ਮਿਤੀ 01/01/2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨਾਲ ਪੱਖਪਾਤ ਕਰਨ ਕਰਕੇ ਸਰਕਾਰ ਦੀ ਨਿੰਦਾ ਕੀਤੀ ਗਈ। ਪੈਨਸ਼ਨਰਾਂ/ਮੁਲਾਜ਼ਮਾਂ ਨੂੰ ਸਰਕਾਰ ਤੋਂ ਜੋ ਉਮੀਦ ਸੀ, ਉਹ ਪੂਰੀ ਨਹੀਂ ਕੀਤੀ ਗਈ।ਮਾਨਯੋਗ ਕੋਰਟਾਂ ਵੱਲੋਂ ਪੈਨਸ਼ਨਰਾਂ/ਮੁਲਾਜ਼ਮਾਂ ਦੇ ਪੱਖ ਵਿਚ ਦਿੱਤੇ ਗਏ ਫੈਸਲਿਆਂ ਨੂੰ ਲਾਗੂ ਤਾਂ ਕੀ ਕਰਨਾ ਸੀ, ਉਹਨਾਂ ਵਿਰੁੱਧ ਅਪੀਲਾਂ ਕਰਨੀਆਂ ਹੀ ਇਕ ਸਟੰਟ ਬਣਾ ਦਿੱਤਾ ਹੈ। ਇਸ ਕਰਕੇ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਵਲੋਂ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਡੀ.ਏ. ਸਬੰਧੀ ਮਾਨਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਰੀਜ਼ਨੇਬਲ ਤਜਵੀਜ਼ ਪੇਸ਼ ਕਰਕੇ ਡੀ.ਏ. ਸਬੰਧੀ ਜੋ ਬਕਾਏ ਰਹਿੰਦੇ ਹਨ, ਤੁਰੰਤ ਦਿੱਤੇ ਜਾਣ ਅਤੇ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਵੀ ਤੁਰੰਤ ਦਿੱਤੀਆਂ ਜਾਣ। ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 01/01/2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 2.59 ਦਾ ਫੈਕਟਰ ਦੇ ਕੇ ਪੈਨਸ਼ਨਾਂ ਨਿਰਧਾਰਤ ਕੀਤੀਆਂ ਜਾਣ। ਇਸ ਮੌਕੇ ਮੀਟਿੰਗ ਵਿਚ ਮਾ. ਹਾਕਮ ਸਿੰਘ ਕਾਂਝਲਾ, ਗੁਰਨਾਮ ਸਿੰਘ ਸਲਾਹਕਾਰ, ਜਰਨੈਲ ਸਿੰਘ, ਗੁਰਨਾਮ ਸਿੰਘ ਬਿਜਲੀ, ਅਮਰਜੀਤ ਸਿੰਘ, ਹਰਚੰਦ ਸਿੰਘ, ਗਿਆਨ ਚੰਦ, ਦਲਵਾਰਾ ਸਿੰਘ, ਨਸੀਬ ਸਿੰਘ, ਮੇਵਾ ਸਿੰਘ, ਪ੍ਰਿੰ. ਬਾਵਾ ਸਿੰਘ, ਸੁਖਬੀਰ ਸਿੰਘ, ਲਛਮਣ ਸਿੰਘ, ਪਰਮਜੀਤ ਸਿੰਘ, ਭੁਪਿੰਦਰ ਸਿੰਘ, ਸਾਧੂ ਸਿੰਘ ਪ੍ਰਦੀਪ ਕੁਮਾਰ, ਉਜਾਗਰ ਸਿੰਘ, ਸਰਵਨ ਸਿੰਘ, ਮਨਜੀਤ ਸਿੰਘ, ਬਲਜਿੰਦਰ ਸਿੰਘ, ਰਘਬੀਰ ਸਿੰਘ, ਜਰਨੈਲ ਸਿੰਘ, ਅਮਰਜੀਤ ਸਿੰਘ ਸੁਪਰਡੈਂਟ, ਹਰੀਸ਼ ਕੁਮਾਰ, ਬਲਦੇਵ ਸਿੰਘ, ਭਾਗ ਸਿੰਘ, ਕੁਲਵੀਰ ਸਿੰਘ, ਕੇਸਰ ਸਿੰਘ, ਸੇਵਾ ਸਿੰਘ, ਗੁਰਨਾਮ ਸਿੰਘ, ਚਮਨ ਲਾਲ ਆਦਿ ਹਾਜ਼ਰ ਸਨ।

ਦਿਲਜੋਤ ਕੌਰ ਨੇ ਸ਼ਾਟਪੁੱਟ ਮੁਕਾਬਲੇ 'ਚ ਪਹਿਲਾ ਸਥਾਨ ਕੀਤਾ ਹਾਸਲ

ਬਲਾਚੌਰ (ਜਸਵਿੰਦਰ ਬੈਂਸ)- ਪਿੰਡ ਰੈਲ ਮਾਜਰਾ ਲਈ ਇਹ ਬੇਹੱਦ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ ਕਿ ਪਿੰਡ ਦੀ ਹੋਣਹਾਰ ਵਿਦਿਆਰਥਣ ਦਿਲਜੋਤ ਕੌਰ ਨੇ ਜ਼ਿਲ੍ਹਾ ਪੱਧਰੀ ਸ਼ਾਟਪੁੱਟ (ਗੋਲਾ ਸੁੱਟਣ) ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਸਮੁੱਚੇ ਪਿੰਡ ਦਾ ਨਾਂਅ ਰੌਸ਼ਨ ਕੀਤਾ ਹੈ। ਦਿਲਜੋਤ ਕੌਰ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਪਿੰਡ ਵਿੱਚ ਖੁਸ਼ੀ ਅਤੇ ਮਾਣ ਦਾ ਮਾਹੌਲ ਹੈ।ਇਸ ਮੌਕੇ ਪਿੰਡ ਵਾਸੀਆਂ ਵੱਲੋਂ ਦਿਲਜੋਤ ਕੌਰ ਦੀ ਇਸ ਕਾਮਯਾਬੀ ਦੀ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਇਸ ਮੌਕੇ ਦਿਲਜੋਤ ਕੌਰ, ਉਸ ਦੇ ਮਾਪਿਆਂ ਅਤੇ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੰਦਿਆਂ ਕਾਮਨਾ ਕੀਤੀ ਗਈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਦੀ ਰਹੇ ਅਤੇ ਸੂਬਾ ਤੇ ਕੌਮੀ ਪੱਧਰ ਦੇ ਖੇਡ ਮੁਕਾਬਲਿਆਂ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਪਿੰਡ, ਜ਼ਿਲ੍ਹੇ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰੇ।



ਬਾਬਾ ਕਰੜਾ ਦੀ ਯਾਦ 'ਚ ਸਾਲਾਨਾ ਸਮਾਗਮ

ਮਾਹਿਲਪੁਰ (ਸਫ਼ਰੀ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਰੜਾ ਗੋਤ ਦੇ ਜਠੇਰਿਆਂ ਦਾ ਮੇਲਾ ਪਿੰਡ ਵਿੰਜੋ ਤਹਿਸੀਲ ਗੜ੍ਹਸ਼ੰਕਰ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ। ਪ੍ਰਬੰਧਕ ਕਮੇਟੀ ਪ੍ਰਧਾਨ ਹੁਸਨ ਲਾਲ ਸੇਵਾ ਮੁਕਤ ਡਿਪਟੀ ਰਜਿਸਟਰਾਰ ਪੰਜਾਬ ਹਰਿਆਣਾ ਚੰਡੀਗੜ੍ਹ ਹਾਈਕੋਰਟ, ਉਪ ਪ੍ਰਧਾਨ ਰਸ਼ਪਾਲ ਸੈਕਟਰੀ ਮਹਿੰਦਰ ਪਾਲ, ਕੈਸ਼ੀਅਰ ਰਾਜ ਕੁਮਾਰ, ਜਨਰਲ ਸੈਕਟਰੀ ਤਰਸੇਮ, ਗਿਆਨ ਸਿੰਘ ਅਪਰਾ, ਸੌਦਾਗਰ ਰਾਮ, ਕੁਲਦੀਪ, ਜਸਵੀਰ ਰਾਮ, ਧਰਮਪਾਲ, ਅਟਾਰੀ ਓਂਕਾਰ, ਮੁਕੰਦਰ ਕਰੜਾ, ਰਮੇਸ਼ ਮਜਾਰੀ, ਬਲਜੀਤ ਠਿੰਡਾ, ਗੁਰਮੀਤ, ਹਰਮੇਸ਼ ਵਿੰਜੋ, ਹਰਜਿੰਦਰ ਠੀਂਡਾ, ਲਸ਼ਮਣ ਸਿੰਘ ਨੇ ਦੱਸਿਆ ਕਿ ਕਰੜਾ ਗੋਤਰ ਸਮੂਹ ਸੰਗਤ ਵੱਲੋਂ ਦੀਵਾਲੀ ਨੂੰ ਇਸ ਦਿਨ ਸਭ ਤੋਂ ਪਹਿਲਾਂ ਰੋਸ਼ਨ ਚਿਰਾਗ ਕੀਤੇ ਗਏ ਫਿਰ ਅਰਦਾਸ ਰਚਨਾ ਬੇਨਤੀ ਕੀਤੀ ਗਈ ਤੇ ਗੁਰੂ ਕਾ ਅਟੁੱਟ ਚਾਹ ਪਕੌੜੇ ਦਾ ਲੰਗਰ ਵੀ ਉਸ ਦਿਨ ਚਲਾਇਆ ਗਿਆ।



ਮੇਜਰ (ਡਾ.) ਸੁਮਿਤ ਮੁੱਧ ਨੇ ਏ ਡੀ ਸੀ (ਜਨਰਲ) ਵਜੋਂ ਸੰਭਾਲਿਆ ਅਹੁਦਾ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)- ਪੀ ਸੀ ਐੱਸ ਅਧਿਕਾਰੀ ਮੇਜਰ (ਡਾ.) ਸੁਮਿਤ ਮੁੱਧ ਨੇ ਬੁੱਧਵਾਰ ਨੂੰ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਅਹੁਦਾ ਸੰਭਾਲਿਆ।ਪੰਜਾਬ ਸਿਵਲ ਸੇਵਾਵਾਂ ਦੇ 2016 ਬੈਚ ਦੇ ਅਧਿਕਾਰੀ ਮੇਜਰ (ਡਾ.) ਸੁਮਿਤ ਮੁੱਧ ਨੇ ਅਹੁਦਾ ਸੰਭਾਲਣ ਉਪਰੰਤ ਸੰਬੰਧਤ ਬਰਾਂਚਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਨਾਗਰਿਕ ਸੇਵਾਵਾਂ ਨਾਲ ਸੰਬੰਧਤ ਅਰਜ਼ੀਆਂ ਦੀ ਪੈਂਡੈਂਸੀ ਆਦਿ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਘੱਟ ਤੋਂ ਘੱਟ ਸਮੇਂ ਵਿੱਚ ਜਨਤਕ ਸਮੱਸਿਆਵਾਂ ਦਾ ਹੱਲ, ਨਾਗਰਿਕ ਸੇਵਾਵਾਂ ਦੀ ਸਮੇਂ ਸਿਰ ਮੁਹੱਈਆ ਕਰਵਾਉਣਾ ਅਤੇ ਜ਼ਿਲ੍ਹੇ ਵਿੱਚ ਹੋਰ ਵੀ ਬੇਹਤਰ ਢੰਗ ਨਾਲ ਪ੍ਰਸ਼ਾਸਕੀ ਕੰਮਾਂ ਨੂੰ ਨੇਪਰੇ ਚਾੜ੍ਹਨਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ।ਮੇਜਰ (ਡਾ.) ਸੁਮਿਤ ਮੁੱਧ ਇਸ ਤੋਂ ਪਹਿਲਾਂ ਕਪੂਰਥਲਾ, ਫਗਵਾੜਾ, ਬਾਬਾ ਬਕਾਲਾ ਤੇ ਪਠਾਨਕੋਟ ਵਿਖੇ ਐੱਸ ਡੀ ਐੱਮ ਤੋਂ ਇਲਾਵਾ ਲੁਧਿਆਣਾ ਵਿਖੇ ਜੁਆਇੰਟ ਕਮਿਸ਼ਨਰ ਤੇ ਹੁਸ਼ਿਆਰਪੁਰ ਵਿਖੇ ਸਹਾਇਕ ਕਮਿਸ਼ਨਰ (ਜਨਰਲ) ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ।



ਸੇਵਾ ਮੁਕਤ ਨਗਰ ਨਿਗਮ ਕਰਮਚਾਰੀ ਯੂਨੀਅਨ ਦੀ ਮਹੀਨਾਵਾਰ ਮੀਟਿੰਗ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਸੇਵਾ ਮੁਕਤ ਨਗਰ ਨਿਗਮ ਕਰਮਚਾਰੀ ਯੂਨੀਅਨ, ਨਗਰ ਨਿਗਮ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਸਰਪ੍ਰਸਤ ਸੰਜੀਵ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਕੀਤਾ ਗਿਆ।

ਪ੍ਰਧਾਨ ਲਾਲ ਸਿੰਘ, ਵਾਈਸ ਪ੍ਰਧਾਨ ਜੋਗਿੰਦਰ ਪਾਲ ਅਦੀਆ, ਅਸ਼ਵਨੀ ਸ਼ਰਮਾ, ਸੰਜੀਵ ਥਾਪਰ ਨੇ ਵਿਚਾਰ ਰੱਖੇ ਤੇ ਕੁਲਵੰਤ ਸਿੰਘ ਸੈਣੀ ਨੇ ਨਗਰ ਨਿਗਮ ਹੁਸ਼ਿਆਰਪੁਰ ਦੇ ਅਫਸਰਾਂ ਦਾ ਧੰਨਵਾਦ ਕੀਤਾ।

ਕੁਲਵੰਤ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਮੁੱਦਿਆਂ ਤੋਂ ਭਟਕ ਗਈ ਹੈ ਅਤੇ ਮਾਣਯੋਗ ਹਾਈ ਕੋਰਟ ਨੂੰ ਵੀ ਡੀ.ਏ ਦੇ ਮੁੱਦੇ ਵਿਚ ਗੁਮਰਾਹ ਕਰ ਰਹੀ ਹੈ। ਜੋ ਲੋਕ ਇਹਨਾਂ ਦੇ ਗੁਣ ਗਾ ਰਹੇ ਹਨ ਉਹਨਾਂ ਨੂੰ ਪਤਾ ਨਹੀਂ ਸਰਕਾਰ ਵੱਲੋਂ ਕੀ ਮਿਲ ਰਿਹਾ ਹੈ। ਕੁਲਵੰਤ ਸਿੰਘ ਸੈਣੀ ਚੇਅਰਮੈਨ ਵੱਲੋਂ ਸਰਕਾਰ ਨਾਲ ਹੋਈਆਂ ਮੀਟਿੰਗਾਂ ਬਾਰੇ ਅਤੇ ਸੇਵਾ ਮੁਕਤ ਹੋਏ ਕਰਮਚਾਰੀਆਂ ਨੂੰ ਸਰਕਾਰ ਦੇ ਖਿਲਾਫ ਜਾਗਦੇ ਰਹਿਣ ਦੀ ਅਪੀਲ ਕੀਤੀ।

ਇਸ ਮੀਟਿੰਗ ਵਿੱਚ ਸੁਰਜੀਤ ਬਹਿਲ, ਸੁਰਿੰਦਰ ਕੁਮਾਰ, ਅਸ਼ੋਕ ਕੁਮਾਰ, ਸੰਜੀਵ ਥਾਪਰ, ਅਵਤਾਰ ਸਿੰਘ ਏ.ਡੀ.ਐਫ.ਉ. ਨਰਿੰਦਰ ਸਿੰਘ ਸਬ ਫਾਇਰ ਅਫਸਰ, ਰਾਮ ਕੁਮਾਰ, ਸੁਰਿੰਦਰ ਕੁਮਾਰ ਸੈਨੇਟਰੀ ਇੰਸਪੈਕਟਰ, ਮਦਨ ਲਾਲ, ਮਹਿੰਦਰ ਸਿੰਘ, ਕੇਵਲ ਲਾਲ ਹੀਰ, ਤਰਸੇਮ ਲਾਲ, ਬਲਦੇਵ ਰਾਜ ਟਾਂਡਾ ਗੁਰਮੀਤ ਕੌਰ, ਰਵਿੰਦਰ ਦੱਤ, ਬੋਧ ਰਾਜ, ਨਰੇਸ਼ ਕੁਮਾਰ ਟੈਕਨੀਸ਼ੀਅਨ, ਦਰਸ਼ਨ ਸਿੰਘ, ਹਰੀਸ਼ ਕੁਮਾਰ ਜੇ.ਈ., ਸੁਰਜੀਤ ਕੁਮਾਰ ਜੇ.ਈ., ਅਸ਼ਵਨੀ ਕੁਮਾਰ ਜੇ.ਈ., ਰਮੇਸ਼ ਕੁਮਾਰ ਫਾਈਰਮੈਨ, ਮੋਹਨ ਸਿੰਘ ਟੈਕਨੀਸ਼ੀਅਨ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਤਰਲੋਚਨ ਸਿੰਘ, ਵਿਨੋਦ ਕੁਮਾਰ ਸਬ ਫਾਇਰ ਅਫਸਰ ਅਤੇ ਵਿਜੇ ਕੁਮਾਰ ਸਫਾਈ ਸੇਵਕ ਉਚੇਚੇ ਤੌਰ 'ਤੇ ਪਹੁੰਚੇ।

ਗੁਰੂ ਨਾਨਕ ਬਾਣੀ ਦਾ ਭਾਸ਼ਾਈ ਪ੍ਰਸੰਗ ਵਿਸ਼ੇ 'ਤੇ ਸਾਹਿਤਿਕ ਗੋਸ਼ਟੀ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)- ਪੰਜਾਬੀ ਮਾਂ-ਬੋਲੀ ਨੂੰ ਸਮਰਪਤ ਪੰਜਾਬ ਸਰਕਾਰ ਦੀ ਅਗਵਾਈ ਅਤੇ ਨਿਰਦੇਸ਼ਕ, ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਕਪੂਰਥਲਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੀ ਵਿਚਾਰਧਾਰਾ ਅਤੇ ਇਸ ਦੇ ਭਾਸ਼ਾਈ ਪੱਖਾਂ ਨੂੰ ਕੇਂਦਰ ਵਿੱਚ ਰੱਖਦਿਆਂ ਇੱਕ ਵਿਸ਼ੇਸ਼ ਸਾਹਿਤਿਕ ਗੋਸ਼ਟੀ ਕਰਵਾਈ ਜਾ ਰਹੀ ਹੈ।ਇਸ ਸਾਹਿਤਿਕ ਗੋਸ਼ਟੀ ਦਾ ਵਿਸ਼ਾ 'ਗੁਰੂ ਨਾਨਕ ਬਾਣੀ ਦਾ ਭਾਸ਼ਾਈ ਪ੍ਰਸੰਗ' ਹੋਵੇਗਾ। ਇਸ ਸਾਹਿਤਕ ਗੋਸ਼ਟੀ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਵਿੱਚ ਸਮੋਈ ਸਰਬਸਾਂਝੀਵਾਲਤਾ, ਮਾਨਵਤਾ, ਸਮਾਜਿਕ ਬਰਾਬਰੀ, ਲੋਕ-ਚੇਤਨਾ ਅਤੇ ਭਾਸ਼ਾਈ ਵਿਭਿੰਨਤਾ ਦੇ ਮਹੱਤਵਪੂਰਨ ਪਹਿਲੂਆਂ ਬਾਰੇ ਵਿਦਵਾਨਾਂ ਵੱਲੋਂ ਵਿਚਾਰ-ਚਰਚਾ ਕੀਤੀ ਜਾਵੇਗੀ।ਇਸ ਮੌਕੇ ਪ੍ਰਸਿੱਧ ਵਿਦਵਾਨ ਡਾ. ਆਸਾ ਸਿੰਘ ਘੁੰਮਣ ਅਤੇ ਪ੍ਰੋ. ਅਵਤਾਰ ਸਿੰਘ ਮੁੱਖ ਬੁਲਾਰਿਆਂ ਵਜੋਂ ਸ਼ਿਰਕਤ ਕਰਨਗੇ । ਸਮਾਗਮ ਦੀ ਪ੍ਰਧਾਨਗੀ ਡਾ. ਬਲਜੀਤ ਕੌਰ ਵੱਲੋਂ ਕੀਤੀ ਜਾਵੇਗੀ, ਜਦਕਿ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਸਾਹਿਤ ਸਭਾ, ਸੁਲਤਾਨਪੁਰ ਲੋਧੀ ਵੱਲੋਂ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।ਸਮਾਗਮ ਦਾ ਸਮੁੱਚਾ ਪ੍ਰਬੰਧ ਅਤੇ ਰੂਪ-ਰੇਖਾ ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਵੱਲੋਂ ਉਲੀਕੀ ਗਈ ਹੈ। ਮੰਚ ਸੰਚਾਲਨ ਦੀ ਭੂਮਿਕਾ ਮੁਖਤਿਆਰ ਸਿੰਘ ਚੰਦੀ ਵੱਲੋਂ ਨਿਭਾਈ ਜਾਵੇਗੀ।ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਹੋਵੇਗੀ।ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਵੱਲੋਂ ਸਮੂਹ ਸਾਹਿਤਕਾਰਾਂ, ਲੇਖਕਾਂ, ਵਿਦਵਾਨਾਂ, ਅਧਿਆਪਕਾਂ, ਵਿਦਿਆਰਥੀਆਂ, ਸਾਹਿਤ ਪ੍ਰੇਮੀਆਂ ਅਤੇ ਸ਼ਹਿਰ ਵਾਸੀਆਂ ਨੂੰ ਇਸ ਸਾਹਿਤਿਕ ਗੋਸ਼ਟੀ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਇਸ ਸਮਾਗਮ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਦੇ ਸਟਾਫ਼ ਵੱਲੋਂ ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਕਾਸ਼ਿਤ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਾਈ ਜਾਵੇਗੀ।



ਤਰਕਸ਼ੀਲ ਆਗੂ ਕੁਲਵਿੰਦਰ ਨਗਾਰੀ ਦਾ ਸ਼ੋਕ ਸਮਾਗਮ 15 ਨੂੰ ਨਗਾਰੀ ਵਿਖੇ

ਮੁਹਾਲੀ - ਤਰਕਸ਼ੀਲ ਸੁਸਾਇਟੀ ਪੰਜਾਬ ਨੇ ਤਰਕਸ਼ੀਲ ਲਹਿਰ ਦੇ ਅਣਥੱਕ ਆਗੂ ਅਤੇ ਖਰੜ ਇਕਾਈ ਦੇ ਮੁਖੀ ਕੁਲਵਿੰਦਰ ਨਗਾਰੀ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਕਰੀਬ ਛੇ ਮਹੀਨੇ ਪਹਿਲਾਂ ਵਾਪਰੇ ਇਕ ਸੜਕ ਹਾਦਸੇ ਦੌਰਾਨ ਉਨ੍ਹਾਂ ਦੇ ਸਿਰ ਉਤੇ ਗੰਭੀਰ ਸੱਟ ਲੱਗ ਗਈ ਸੀ ਅਤੇ ਓਪਰੇਸ਼ਨ ਹੋਣ ਉਪਰੰਤ ਉਹ ਕੋਮਾ ਦੀ ਸਥਿਤੀ ਵਿੱਚ ਪਿਛਲੇ ਛੇ ਮਹੀਨੇ ਤੋਂ ਜ਼ਿੰਦਗੀ ਲਈ ਸੰਘਰਸ਼ ਕਰ ਰਹੇ ਸਨ।



ਤਰਕਸ਼ੀਲ ਸੁਸਾਇਟੀ ਦੀ ਸਮੁੱਚੀ ਸੂਬਾ ਵਰਕਿੰਗ ਕਮੇਟੀ ਨੇ ਕੁਲਵਿੰਦਰ ਨਗਾਰੀ ਦੇ ਵਿਛੋੜੇ ਉਤੇ ਪੀੜਤ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਇਸ ਨੂੰ ਪਰਵਾਰ, ਤਰਕਸ਼ੀਲ ਸੁਸਾਇਟੀ ਅਤੇ ਲੋਕ ਪੱਖੀ ਜਨਤਕ ਜਮਹੂਰੀ ਲਹਿਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਹੈ। ਬਹੁਤ ਹੀ ਮਿਲਣਸਾਰ ਅਤੇ ਹਸਮੁੱਖ ਸੁਭਾਅ ਦੇ ਸਾਥੀ ਕੁਲਵਿੰਦਰ ਪਿਛਲੇ ਲੰਬੇ ਸਮੇਂ ਤੋਂ ਚੰਡੀਗੜ੍ਹ ਜ਼ੋਨ ਅਤੇ ਤਰਕਸ਼ੀਲ ਭਵਨ ਬਰਨਾਲਾ ਵਿਖੇ ਹੁੰਦੇ ਸੂਬਾਈ ਸਮਾਗਮਾਂ ਵਿੱਚ ਅਹਿਮ ਜ਼ਿੰਮੇਵਾਰੀ ਨਿਭਾ ਰਹੇ ਸਨ।

ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਜਸਵੰਤ ਮੁਹਾਲੀ, ਸੁਮੀਤ ਅੰਮ੍ਰਿਤਸਰ ਅਤੇ ਚੰਡੀਗੜ੍ਹ ਜ਼ੋਨ ਦੇ ਜਥੇਬੰਦਕ ਮੁਖੀ ਅਜੀਤ ਪ੍ਰਦੇਸੀ ਨੇ ਦੱਸਿਆ ਕਿ ਕੁਲਵਿੰਦਰ ਨਗਾਰੀ ਨਮਿਤ ਸ਼ੋਕ ਸਮਾਗਮ 15 ਨਵੰਬਰ ਨੂੰ ਪਿੰਡ ਨਗਾਰੀ, ਮੋਹਾਲੀ ਵਿਖੇ ਸਵੇਰੇ 11 ਵਜੇ ਹੋਵੇਗਾ ਜਿਸ ਵਿੱਚ ਉਨ੍ਹਾਂ ਵੱਲੋਂ ਤਰਕਸ਼ੀਲ ਸੁਸਾਇਟੀ, ਪਰਵਾਰ, ਸਮਾਜ ਅਤੇ ਵਿਗਿਆਨਕ ਚੇਤਨਾ ਦੇ ਪ੍ਰਚਾਰ ਤੇ ਪ੍ਰਸਾਰ ਦੇ ਖੇਤਰ ਵਿੱਚ ਪਾਏ ਗਏ ਅਹਿਮ ਯੋਗਦਾਨ ਨੂੰ ਤਰਕਸ਼ੀਲ ਸੁਸਾਇਟੀ ਅਤੇ ਵੱਖ ਵੱਖ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਸਿਜਦਾ ਕੀਤਾ ਜਾਵੇਗਾ।

ਕਾਂਗਰਸ ਦੀਆਂ ਨੀਤੀਆਂ ਘਰ-ਘਰ ਪਹੁੰਚਾਉਣ ਲਈ ਵਰਕਰ ਇਕਜੁੱਟ ਹੋਣ : ਨਰਵਾਲ



ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਪਿੰਡ ਮੁਰਾਦਪੁਰ ਨਰਿਆਲ ਵਿਖੇ ਐਡਵੋਕੇਟ ਦਮਨਦੀਪ ਸਿੰਘ ਨਰਵਾਲ ਵੱਲੋਂ ਕਾਂਗਰਸ ਪਾਰਟੀ ਦੇ ਹੱਕ ਵਿੱਚ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੌਕੇ ਪਿੰਡ ਦੇ ਮੋਹਤਬਰ ਵਿਅਕਤੀਆਂ ਅਤੇ ਨੌਜਵਾਨਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਕਾਂਗਰਸ ਦੀ ਵਿਚਾਰਧਾਰਾ ਅਤੇ ਨੀਤੀਆਂ ਨੂੰ ਮਜ਼ਬੂਤ ਕਰਨ ਲਈ ਆਪਣਾ ਸਮਰਥਨ ਪ੍ਰਗਟ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਦਮਨਦੀਪ ਸਿੰਘ ਨਰਵਾਲ ਨੇ ਕਿਹਾ ਕਿ ਕਾਂਗਰਸ ਦੀ ਵਿਚਾਰਧਾਰਾ ਹਮੇਸ਼ਾ ਆਮ ਲੋਕਾਂ ਦੇ ਹੱਕਾਂ ਦੀ ਰਾਖੀ, ਸੰਵਿਧਾਨ ਦੀ ਸੁਰੱਖਿਆ, ਸਮਾਜਿਕ ਬਰਾਬਰੀ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਸਮਰਪਿਤ ਰਹੀ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਸੋਚ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਅੱਗੇ ਲਿਆਉਣ ਦੇ ਨਾਲ-ਨਾਲ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਆਮ ਵਰਗ ਦੀ ਆਵਾਜ਼ ਬੁਲੰਦ ਕਰਨ ਅਤੇ ਦੇਸ਼ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦੀ ਹੈ। ਐਡਵੋਕੇਟ ਨਰਵਾਲ ਨੇ ਮੀਟਿੰਗ ਵਿੱਚ ਸ਼ਾਮਲ ਹੋਣ ਅਤੇ ਸਹਿਯੋਗ ਦੇਣ ਲਈ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਦਾ ਪਿਆਰ ਅਤੇ ਵਿਸ਼ਵਾਸ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ। ਇਸ ਮੌਕੇ ਪਵਨ ਨਰਿਆਲ, ਰਵੀ ਨਰਿਆਲ, ਹਰਮਿੰਦਰ ਸਿੰਘ, ਸਤਪਾਲ ਸਿੰਘ, ਅਮ੍ਰਿਤਪਾਲ ਸਿੰਘ, ਗੁਰਨਾਮ ਸਿੰਘ, ਰਮਨ, ਸੋਢੀ ਹੈਰੀ, ਸੁੱਖੀ ਅਤੇ ਮੋਨੂੰ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਚੌਧਰੀ ਤਿਲਕ ਰਾਜ ਓ ਬੀ ਸੀ ਮੋਰਚਾ ਨਵਾਂਸ਼ਹਿਰ ਦਾ ਪ੍ਰਭਾਰੀ ਨਿਯੁਕਤ



ਪੋਜੇਵਾਲ (ਰਾਮ ਲਾਲ)- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਅਤੇ ਸਤਿਕਾਰਯੋਗ ਆਗੂ ਚੌਧਰੀ ਤਿਲਕਰਾਜ ਨੂੰ ਓ.ਬੀ.ਸੀ. ਮੋਰਚਾ ਨਵਾਂਸ਼ਹਿਰ ਦਾ ਨਵਾਂ ਪ੍ਰਭਾਰੀ ਨਿਯੁਕਤ ਕੀਤੇ ਜਾਣ 'ਤੇ ਨਵਾਂਸ਼ਹਿਰ ਪਹੁੰਚਣ 'ਤੇ ਭਾਰਤੀ ਜਨਤਾ ਪਾਰਟੀ ਦੀ ਸਮੁੱਚੀ ਟੀਮ ਵੱਲੋਂ ਉਨ੍ਹਾਂ ਦਾ ਨਿੱਘਾ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਅਤੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ।ਇਸ ਮੌਕੇ ਵਿਜੇ ਭਾਟੀਆ ਅਤੇ ਅਸ਼ੋਕ ਨਾਨੋਵਾਲ ਨੇ ਚੌਧਰੀ ਤਿਲਕਰਾਜ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਨੀਤਿਕ ਪਾਰਟੀ ਦੀ ਮਜ਼ਬੂਤੀ ਉਸ ਦੇ ਸਮਰਪਤ ਆਗੂਆਂ ਅਤੇ ਮਿਹਨਤੀ ਵਰਕਰਾਂ 'ਤੇ ਨਿਰਭਰ ਕਰਦੀ ਹੈ। ਇਸ ਮੌਕੇ ਮੌਜੂਦ ਭਾਜਪਾ ਆਗੂਆਂ ਨੇ ਕਿਹਾ ਕਿ ਚੌਧਰੀ ਤਿਲਕਰਾਜ ਨੂੰ ਮਿਲੀ ਇਹ ਨਵੀਂ ਜ਼ਿੰਮੇਵਾਰੀ ਉਨ੍ਹਾਂ ਦੀ ਪਾਰਟੀ ਪ੍ਰਤੀ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਮਿਹਨਤ, ਲਗਨ ਅਤੇ ਸਮਰਪਣ ਦਾ ਸਨਮਾਨ ਹੈ।

ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਸੂਬਾ ਕਮੇਟੀ ਦੀ ਚੋਣ

ਚੰਡੀਗੜ੍ਹ (ਗੁਰਜੀਤ ਬਿੱਲਾ)- ਟੈਕਨੀਕਲ ਸਰਵਿਸਜ਼ ਯੂਨੀਅਨ ਰਜਿ. 49, ਪੰਜਾਬ ਦੀ ਸੂਬਾ ਕਮੇਟੀ ਦੀ ਚੋਣ ਨੋਟੀਫਿਕੇਸ਼ਨ ਟੀ.ਐਸ.ਯੂ./315 ਮਿਤੀ 30 ਅਕਤੂਬਰ, 2026 ਦੀ ਪਾਲਣਾ ਹਿੱਤ 10 ਨਵੰਬਰ ਨੂੰ ਟੈਕਨੀਕਲ ਸਰਵਿਸਜ਼ ਯੂਨੀਅਨ, ਸਰਕਲ ਮੁਹਾਲੀ ਦੀ ਚੋਣ ਸੂਬਾ ਕਮੇਟੀ ਵੱਲੋਂ ਨਿਯੁਕਤ ਦੋ ਮੈਂਬਰੀ ਕਮੇਟੀ ਜਿਸ ਵਿੱਚ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਅਤੇ ਸੂਬਾ ਕੈਸ਼ੀਅਰ ਸੰਤੋਖ ਸਿੰਘ ਦੀ ਨਿਗਰਾਨੀ ਹੇਠ ਮੁਕੰਮਲ ਕੀਤੀ ਗਈ ਜਿਸ ਵਿੱਚ ਸਬ ਡਵੀਜ਼ਨਾਂ ਅਤੇ ਡਵੀਜ਼ਨਾਂ ਦੇ ਲਗਭਗ 16 ਡੈਲੀਗੇਟਾਂ ਵੱਲੋਂ ਭਾਗ ਲਿਆ ਗਿਆ ਅਤੇ ਸਰਬ ਸੰਮਤੀ ਨਾਲ ਹੇਠ ਲਿਖੀ ਟੀਮ ਦੀ ਚੋਣ ਕੀਤੀ ਗਈ। ਸਰਕਲ ਕਮੇਟੀ ਟੀ.ਐਸ.ਯੂ. ਮੁਹਾਲੀ ਸਰਕਲ ਪ੍ਰਧਾਨ-ਗੁਰਬਖਸ਼ ਸਿੰਘ ਫੋਰਮੈਨ, ਮੀਤ ਪ੍ਰਧਾਨ -ਗੁਰਮੀਤ ਸਿੰਘ ਜੇ ਈ, ਜਨਰਲ ਸਕੱਤਰ-ਜਗਦੀਪ ਸਿੰਘ ਜੇ ਈ, ਸਹਾਇਕ ਸਕੱਤਰ-ਜਸਪਾਲ ਸਿੰਘ ਲਾਇਨਮੈਨ, ਕੈਸ਼ੀਅਰ-ਸਰਬਜੀਤ ਕੁਮਾਰ ਜੇ ਈ ਸਬ ਸਟੇਸ਼ਨ। ਉਪਰੋਕਤ ਅਹੁਦੇਦਾਰਾਂ ਦੀ ਚੋਣ ਸ਼ਾਂਤਮਈ ਢੰਗ ਅਤੇ ਸਰਬ ਸੰਮਤੀ ਨਾਲ ਸਮੂਹ ਮੈਂਬਰਾਨ ਦੀ ਹਾਜ਼ਰੀ ਵਿੱਚ ਕੀਤੀ ਗਈ ਜਿਸ ਨੂੰ ਸੂਬਾ ਕਮੇਟੀ ਵੱਲੋਂ ਮਾਨਤਾ ਦਿੱਤੀ ਗਈ।ਇਸ ਇਜਲਾਸ ਵਿੱਚ ਭਰਾਤਰੀ ਜਥੇਬੰਦੀਆਂ ਵੱਲੋਂ ਪੈਨਸ਼ਨਰਜ਼ ਐਸੋਸੀਏਸ਼ਨ ਮੁਹਾਲੀ, ਅਤੇ ਠੇਕਾ ਮੁਲਾਜ਼ਮ ਜਥੇਬੰਦੀ ਵੱਲੋਂ ਆਪਣੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ ਗਈ। ਚੋਣ ਉਪਰੰਤ ਚੁਣੀ ਗਈ ਕਮੇਟੀ ਨੂੰ ਵਧਾਈ ਦੇਣ ਲਈ ਸਮੂਹ ਸੂਬਾ ਕਮੇਟੀ, ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਵਿਜੇ ਕੁਮਾਰ ਸਰਕਲ ਪ੍ਰਧਾਨ, ਐੱਸ ਐੱਸ ਮੱਲੀ ਸਰਪ੍ਰਸਤ, ਸੀ ਐੱਚ ਬੀ. ਕਾਮਿਆਂ ਵੱਲੋਂ ਏਕਮ ਸਿੱਧੂ ਅਤੇ ਜੋਰਾਵਰ ਸਿੰਘ ਦੇ ਨਾਲ ਨਾਲ ਸਾਥੀ ਰਜਿੰਦਰ ਸਿੰਘ ਸਾਬਕਾ ਸੂਬਾ ਆਗੂ ਵੱਲੋਂ ਸੰਬੋਧਨ ਕੀਤਾ ਗਿਆ ਅਤੇ ਵਧਾਈ ਦਿੱਤੀ ਗਈ। ਅੰਤ ਵਿੱਚ ਲੱਖਾ ਸਿੰਘ ਵੱਲੋਂ ਸੂਬਾ ਕਮੇਟੀ ਅਤੇ ਸਾਰੇ ਚੋਣ ਪ੍ਰਕਿਆ ਵਿੱਚ ਸ਼ਾਮਿਲ ਸਾਰੇ ਹੀ ਅਹੁਦੇਦਾਰ ਅਤੇ ਮੁਲਾਜ਼ਮ ਪੈਨਸ਼ਨਰ ਤੇ ਸੀ ਐਚ ਬੀ ਕਾਮਿਆਂ ਦਾ ਧੰਨਵਾਦ ਕੀਤਾ ਗਿਆ।



ਬਾਬਾ ਵਿਸ਼ਵਕਰਮਾ ਦਾ ਪ੍ਰਕਾਸ਼ ਉਤਸਵ ਸ਼ਰਧਾ ਨਾਲ ਮਨਾਇਆ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)- ਦਸਤਕਾਰੀ ਅਤੇ ਸ਼ਿਲਪਕਾਰੀ ਦੇ ਸਿਰਜਣਹਾਰ ਧੰਨ ਧੰਨ ਬਾਬਾ ਵਿਸ਼ਵਕਰਮਾ ਦਾ ਪਵਿੱਤਰ ਪ੍ਰਕਾਸ਼ ਉਤਸਵ ਵਿਸ਼ਵਕਰਮਾ ਭਵਨ ਭੋਗਪੁਰ ਵਿਖੇ ਬਹੁਤ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਵਿਸ਼ਵਕਰਮਾ ਭਵਨ ਪ੍ਰਬੰਧਕ ਕਮੇਟੀ ਭੋਗਪੁਰ ਦੇ ਸੁਚੱਜੇ ਪ੍ਰਬੰਧਾਂ ਹੇਠ ਮਨਾਏ ਗਏ ਵਿਸ਼ਵਕਰਮਾ ਦਿਵਸ ਮੌਕੇ ਦੂਰ-ਦੁਰਾਡੇ ਤੋਂ ਸੰਗਤਾਂ ਨੇ ਭਾਰੀ ਗਿਣਤੀ ਵਿਚ ਹਾਜ਼ਰੀਆਂ ਲਗਵਾਈਆਂ। ਇਸ ਮੌਕੇ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਵੱਖ ਵੱਖ ਕਲਾਕਾਰਾਂ ਨੇ ਹਾਜਰੀ ਲਗਵਾਉਂਦੇ ਹੋਏ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਸਭ ਤੋ ਪਹਿਲਾ ਸ਼ਿਵ ਮੰਦਿਰ ਭੋਗਪੁਰ ਮਿੱਲ ਕਾਲੋਨੀ ਦੇ ਕੀਰਤਨੀ ਜਥੇ ਨੇ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਉਪਰੰਤ ਭਾਈ ਸੁਖਵਿੰਦਰ ਸਿੰਘ ਦੇ ਕਵੀਸ਼ਰੀ ਜਥੇ, ਕਵੀ ਮਲਕੀਤ ਸਿੰਘ ਪਾਪੀ, ਕਵੀ ਹਰਨੇਕ ਸਿੰਘ ਨੇਕੀ ਨੇ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਸਿੱਧ ਮੰਚ ਸੰਚਾਲਕ ਬਲਦੇਵ ਰਾਹੀ ਵੱਲੋਂ ਬਹੁਤ ਹੀ ਦਿਲਕਸ਼ ਅੰਦਾਜ਼ ਵਿਚ ਮੰਚ ਦਾ ਸੰਚਾਲਨ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ



ਸੁਖਵਿੰਦਰ ਸਿੰਘ ਕੋਟਲੀ, ਗੁਰਪ੍ਰੀਤ ਸਿੰਘ ਭੋਗਲ ਸੇਵਾਦਾਰ ਅਕਾਲੀ ਦਲ ਵਾਰਿਸ ਪੰਜਾਬ ਦੇ, ਜੀਤ ਲਾਲ ਭੱਟੀ ਨੇ ਬਾਬਾ ਜੀ ਅੱਗੇ ਨਤਮਸਤਕ ਹੁੰਦੀਆਂ ਸੰਗਤਾਂ ਨੂੰ ਬਾਬਾ ਵਿਸ਼ਵਕਰਮਾ ਦੇ ਪ੍ਰਕਾਸ਼ ਦਿਵਸ ਦੀਆਂ ਵਧਾਈਆਂ ਦਿੱਤੀਆਂ।

ਇਸ ਮੌਕੇ ਵਿਸ਼ਵਕਰਮਾ ਭਵਨ ਕਮੇਟੀ ਭੋਗਪੁਰ ਦੇ ਪ੍ਰਧਾਨ ਕੁੰਦਨ ਸਿੰਘ ਰਹਿਸੀ ਨੇ ਆਈਆਂ ਹੋਈਆਂ ਸੰਗਤਾ ਦਾ ਧੰਨਵਾਦ ਕੀਤਾ। ਇਸ ਮੌਕੇ ਮਹਿੰਦਰ ਸਿੰਘ ਸੈਂਹਬੀ, ਸਤਨਾਮ ਸਿੰਘ, ਬਖਸ਼ੀਸ਼ ਸਿੰਘ, ਜਸਵਿੰਦਰ ਸਿੰਘ ਰਹਿਸੀ, ਦਵਿੰਦਰ ਸਿੰਘ ਨਾਮਧਾਰੀ, ਸੁਰਜੀਤ ਸਿੰਘ ਮਾਨ, ਗੁਰਵਿੰਦਰ ਸਿੰਘ ਪੀ ਟੀ ਚੇਅਰਮੈਨ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਭੋਗਪੁਰ, ਚਰਨਪ੍ਰੀਤ ਸਿੰਘ ਮਾਨ, ਜਸਦੀਪ ਸਿੰਘ ਜੱਸੀ, ਭਾਈ ਗੁਰਦਿੱਤ ਸਿੰਘ ਜੀ ਯੂਥ ਪ੍ਰਧਾਨ ਜਲੰਧਰ ਅਕਾਲੀ ਦਲ ਵਾਰਿਸ ਪੰਜਾਬ ਦੇ, ਵਿਕਰਮਜੀਤ ਸਿੰਘ ਰੰਧਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਹਲਕਾ ਕਰਤਾਰਪੁਰ, ਸੀਤਲ ਸਿੰਘ, ਅੰਗਰੇਜ ਸਿੰਘ, ਹਰਕੀਰਤ ਸਿੰਘ ਸਮੂਹ ਮੈਂਬਰ ਅਕਾਲੀ ਦਲ ਵਾਰਿਸ ਪੰਜਾਬ ਦੇ ਅਤੇ ਕੌਂਸਲਰ ਸੁਖਜੀਤ ਸਿੰਘ ਸੈਣੀ, ਮਨਦੀਪ ਸਿੰਘ ਮੰਨਾ ਮਝੈਲ, ਤਰਲੋਕ ਸਿੰਘ ਜੰਡੀਰ, ਰਾਜਾ ਸਿੰਘ ਚੇਅਰਮੈਨ ਹਾਈ ਡਰੀਮ ਸਕੂਲ, ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਅਟੁੱਟ ਲੰਗਰ ਵੀ ਵਰਤਾਇਆ ਗਿਆ।

ਵਰ੍ਹੇਗੰਢ ਮੁਬਾਰਕ



ਸੰਦੀਪ ਅਤੇ ਸਿਮਰਨ ਵਾਸੀ ਰੂਪਨਗਰ ਨੇ ਵਿਆਹ ਦੀ 16ਵੀਂ ਵਰ੍ਹੇਗੰਢ ਮਨਾਈ।